3-AUG-PAGE-1.qxd 8/2/2023 10:27 PM Page 1

ਵੀਰਵਾਰ, 3 ਅਗਸਤ, 2023

19 ਸਾਉਣ { ਨਾਨਕਸ਼ਾਹੀ 555
ਬਿਕਰਮੀ 2080 }

ਜਿਲਦ/VOL. : 72
ਅੰਕ/NO. : 63

# ਨਵਾਂ ਜ਼ਮਾਨਾ

DAILY NAWAN ZAMANA • THURSDAY, 3 AUGUST, 2023

ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ | Regd. No : Pb/JL-123/2021-23, (R.N.I.)-00068/57 | E-mail : nawanzamana@gmail.com | www.nawanzamana.in | ਸਫ਼ੇ : 12

## ਇਕ ਹੋਰ ਚੀਤੇ ਦੀ ਮੌਤ



**ਨਵੀਂ ਦਿੱਲੀ** : ਮੱਧ ਪ੍ਰਦੇਸ਼ ਦੇ ਕੂਨੋ ਨੈਸ਼ਨਲ ਪਾਰਕ 'ਚ ਇੱਕ ਹੋਰ ਚੀਤੇ ਦੀ ਮੌਤ ਨਾਲ ਇਸ ਸਾਲ ਮਾਰਚ ਤੋਂ ਹੁਣ ਤੱਕ ਮਰਨ ਵਾਲਾ ਇਹ ਛੇਵਾਂ ਬਾਲਗ ਚੀਤਾ ਹੈ। ਮੱਧ ਪ੍ਰਦੇਸ਼ ਜੰਗਲਾਤ ਵਿਭਾਗ ਨੇ ਕਿਹਾ-ਬੁੱਧਵਾਰ ਸਵੇਰੇ ਮਾਦਾ ਚੀਤਾ ਧਾਤਰੀ (ਤਬਿਲੀਸੀ) ਮਰੀ ਹੋਈ ਮਿਲੀ। ਮੌਤ ਦੇ ਕਾਰਨਾਂ ਦਾ ਪਤਾ ਲਗਾਉਣ ਲਈ ਪੋਸਟਮਾਰਟਮ ਕਰਵਾਇਆ ਜਾ ਰਿਹਾ ਹੈ।

## ਫੈਸਲਾ ਰਾਖਵਾਂ



**ਨਵੀਂ ਦਿੱਲੀ** : ਵਿਸ਼ੇਸ਼ ਜੱਜ ਵਿਕਾਸ ਢੱਲ ਨੇ 1984 ਦੀ ਸਿੱਖ ਵਿਰੋਧੀ ਹਿੰਸਾ ਦੌਰਾਨ ਇੱਥੋਂ ਦੇ ਪੁਲ ਬੰਗਸ਼ ਇਲਾਕੇ 'ਚ ਤਿੰਨ ਸਿੱਖਾਂ ਦੀ ਹੱਤਿਆ ਦੇ ਮਾਮਲੇ 'ਚ ਕਾਂਗਰਸੀ ਆਗੂ ਜਗਦੀਸ਼ ਟਾਈਟਲਰ ਦੀ ਅਗਾਊਂ ਜ਼ਮਾਨਤ ਦੀ ਅਰਜ਼ੀ 'ਤੇ ਟਾਈਟਲਰ ਅਤੇ ਸੀ ਬੀ ਆਈ ਦੇ ਵਕੀਲਾਂ ਦੀਆਂ ਦਲੀਲਾਂ ਸੁਣਨ ਤੋਂ ਬਾਅਦ ਬੁੱਧਵਾਰ ਆਪਣਾ ਫੈਸਲਾ 4 ਅਗਸਤ ਤੱਕ ਲਈ ਰਾਖਵਾਂ ਰੱਖ ਲਿਆ।

## ਅਮਰੀਕਨ ਦਾ ਜਿਨਸੀ ਸ਼ੋਸ਼ਣ, ਦੋ ਗ੍ਰਿਫ਼ਤਾਰ

**ਕੋਲੱਮ** : ਕੇਰਲਾ ਦੇ ਕੋਲੱਮ 'ਚ ਅਮਰੀਕੀ ਔਰਤ ਦੇ ਕਥਿਤ ਜਿਨਸੀ ਸ਼ੋਸ਼ਣ ਦੇ ਮਾਮਲੇ 'ਚ ਦੋ ਵਿਅਕਤੀਆਂ ਨੂੰ ਹਿਰਾਸਤ 'ਚ ਲਿਆ ਗਿਆ ਹੈ। ਇਹ ਔਰਤ ਹਾਲ ਹੀ 'ਚ ਭਾਰਤ ਆਈ ਸੀ ਅਤੇ ਨੇੜੇ ਹੀ ਆਸ਼ਰਮ 'ਚ ਰਹਿ ਰਹੀ ਸੀ। ਕਰੁਣਾਗਪੱਲੀ ਥਾਣੇ ਦੇ ਅਧਿਕਾਰੀ ਨੇ ਦੱਸਿਆ ਕਿ ਘਟਨਾ 31 ਜੁਲਾਈ ਨੂੰ ਵਾਪਰੀ ਜਦੋਂ ਔਰਤ ਆਸ਼ਰਮ ਦੇ ਨੇੜੇ ਬੀਚ 'ਤੇ ਇਕੱਲੀ ਬੈਠੀ ਸੀ। ਸਥਾਨਕ ਰਿਪੋਰਟਾਂ ਅਨੁਸਾਰ ਕੋਲੱਮ ਦੇ ਦੋ ਵਿਅਕਤੀਆਂ ਨੇ ਔਰਤ ਨਾਲ ਦੋਸਤੀ ਕੀਤੀ ਅਤੇ ਕਿਸੇ ਬਹਾਨੇ ਉਸ ਨੂੰ ਖਾਲੀ ਘਰ ਲੈ ਗਏ, ਜਿੱਥੇ ਉਸ ਦਾ ਜਿਨਸੀ ਸ਼ੋਸ਼ਣ ਕੀਤਾ ਗਿਆ।

## ਵਧਦੇ ਇੰਟਰਨੈੱਟ ਯੂਜ਼ਰਜ਼

**ਨਵੀਂ ਦਿੱਲੀ** : ਇਲੈਕਟ੍ਰਾਨਿਕਸ ਅਤੇ ਸੂਚਨਾ ਤਕਨਾਲੋਜੀ ਰਾਜ ਮੰਤਰੀ ਰਾਜੀਵ ਚੰਦਰਸ਼ੇਖਰ ਨੇ ਬੁੱਧਵਾਰ ਕਿਹਾ ਕਿ ਭਾਰਤ 'ਚ 2026 ਤੱਕ 120 ਕਰੋੜ ਇੰਟਰਨੈੱਟ ਯੂਜ਼ਰਜ਼ ਹੋਣਗੇ। ਸੱਤਾਧਾਰੀ ਭਾਜਪਾ ਦੀ ਚੋਣ ਮੁਹਿੰਮ ਤਹਿਤ ਸਮਾਗਮ ਦੌਰਾਨ ਮੀਡੀਆ ਨਾਲ ਗੱਲ ਕਰਦਿਆਂ ਮੰਤਰੀ ਨੇ ਕਿਹਾ ਕਿ ਯੂ ਪੀ ਏ ਆਪਣੇ ਆਪ ਨੂੰ ਨਵਾਂ ਬ੍ਰਾਂਡ ਬਣਾ ਕੇ ਆਪਣੇ ਅਤੀਤ ਨੂੰ ਮਿਟਾਉਣ ਦੀ ਜਲਦਬਾਜ਼ੀ 'ਚ ਹੈ।

## ਭਾਰਤ-ਪਾਕਿ ਮੁਕਾਬਲਾ ਹੁਣ 14 ਅਕਤੂਬਰ ਨੂੰ

**ਕਰਾਚੀ** : ਭਾਰਤ ਅਤੇ ਪਾਕਿਸਤਾਨ ਵਿਚਾਲੇ ਵਿਸ਼ਵ ਕੱਪ ਦਾ ਬਹੁਚਰਚਿਤ ਮੁਕਾਬਲਾ 15 ਅਕਤੂਬਰ ਦੀ ਥਾਂ 14 ਅਕਤੂਬਰ ਨੂੰ ਅਹਿਮਦਾਬਾਦ 'ਚ ਹੋਵੇਗਾ ਪੀ ਸੀ ਬੀ ਨੇ ਆਪਣੇ ਦੋ ਮੈਚਾਂ ਦੀਆਂ ਤਰੀਕਾਂ ਬਦਲਣ ਦੇ ਆਈ ਸੀ ਸੀ ਅਤੇ ਬੀ ਸੀ ਸੀ ਆਈ ਦੇ ਪ੍ਰਸਤਾਵ ਨੂੰ ਸਵੀਕਾਰ ਕਰ ਲਿਆ ਹੈ। ਪਾਕਿਸਤਾਨ ਦੀ ਟੀਮ ਹੁਣ ਭਾਰਤ ਖਿਲਾਫ ਮੈਚ ਤੋਂ ਤਿੰਨ ਦਿਨ ਪਹਿਲਾਂ 12 ਅਕਤੂਬਰ ਦੀ ਥਾਂ 10 ਅਕਤੂਬਰ ਨੂੰ ਹੈਦਰਾਬਾਦ 'ਚ ਸ੍ਰੀਲੰਕਾ ਖਿਲਾਫ ਖੇਡੇਗੀ। ਨਵਰਾਤਰੀ ਦਾ ਪਹਿਲਾ ਦਿਨ ਹੋਣ ਕਾਰਨ ਭਾਰਤ-ਪਾਕਿਸਤਾਨ ਮੈਚ ਇੱਕ ਦਿਨ ਪਹਿਲਾਂ ਹੋ ਰਿਹਾ ਹੈ।

## ਕਰੂਜ਼ ਤੋਂ ਡਿੱਗਣ ਕਾਰਨ ਮੌਤ

**ਸਿੰਗਾਪੁਰ** : ਮਲੇਸ਼ੀਆ ਦੇ ਉੱਤਰੀ ਟਾਪੂ ਰਾਜ ਪੇਨਾਂਗ ਤੋਂ ਸਿੰਗਾਪੁਰ ਤੋਂ ਲੰਘਦੇ ਸਮੇਂ ਕਰੂਜ਼ ਜਹਾਜ਼ ਤੋਂ ਡਿੱਗਣ ਤੋਂ ਬਾਅਦ ਸੋਮਵਾਰ ਨੂੰ ਲਾਪਤਾ ਹੋਈ ਭਾਰਤੀ ਔਰਤ ਦੀ ਮੌਤ ਹੋ ਗਈ। ਔਰਤ ਦੇ ਬੇਟੇ ਵਿਵੇਕ ਸਾਹਨੀ ਨੇ 'ਸਪੈਕਟ੍ਰਮ ਆਫ ਦਿ ਸੀਜ਼' ਕਰੂਜ਼ ਦੀ ਸੀ ਸੀ ਟੀ ਵੀ ਫੁਟੇਜ਼ ਦੇਖਣ ਤੋਂ ਬਾਅਦ ਕਿਹਾ-ਫੁਟੇਜ਼ ਦੇਖਣ ਤੋਂ ਬਾਅਦ ਸਾਨੂੰ ਪਤਾ ਲੱਗਾ ਹੈ ਕਿ ਸਾਡੀ ਮਾਂ ਨਹੀਂ ਰਹੀ। ਵਿਵੇਕ ਦੀ ਮਾਂ ਰੀਟਾ ਸਾਹਨੀ ਅਤੇ ਪਿਤਾ ਜੈਕੇਸ ਸਾਹਨੀ 'ਸਪੈਕਟ੍ਰਮ ਆਫ ਦਿ ਸੀਜ਼' 'ਤੇ ਸਨ। ਰੀਟਾ ਨੂੰ ਤੈਰਨਾ ਨਹੀਂ ਸੀ ਆਉਂਦਾ।

## ਚੰਡੀਗੜ੍ਹ-ਸ਼ਿਮਲਾ ਰਾਹ ਬੰਦ



**ਪੰਚਕੂਲਾ** : ਚੰਡੀਗੜ੍ਹ-ਸ਼ਿਮਲਾ ਨੈਸ਼ਨਲ ਹਾਈਵੇ 'ਤੇ ਪਰਵਾਣੂ ਦੇ ਚੱਕੀ ਮੋੜ ਕੋਲ ਅਚਾਨਕ ਢਿੱਗਾਂ ਡਿੱਗਣ ਕਾਰਨ ਪੈਦਲ ਲੰਘਣਾ ਵੀ ਬੰਦ ਹੋ ਗਿਆ। 50 ਮੀਟਰ ਸੜਕ ਪੂਰੀ ਤਰ੍ਹਾਂ ਧੱਸ ਗਈ ਹੈ। ਸੜਕ ਦੇ ਦੋਵੇਂ ਪਾਸੇ ਵਾਹਨ ਫਸ ਗਏ। ਚੰਡੀਗੜ੍ਹ ਤੋਂ ਆਉਣ ਵਾਲੇ ਹਲਕੇ ਵਾਹਨਾਂ ਨੂੰ ਪਰਵਾਣੂ-ਕਸੌਲੀ-ਜੰਗਸੂ ਰੋਡ-ਕੁਮਾਰਹੱਟੀ ਰਾਹੀਂ ਭੇਜਿਆ ਜਾ ਰਿਹਾ ਸੀ, ਜਦਕਿ ਸੋਲਨ ਤੋਂ ਆਉਣ ਵਾਲੇ ਵਾਹਨਾਂ ਨੂੰ ਭੋਗਨਗਰ-ਬਨਾਸਰ-ਕਮਲੀ ਮਾਰਗ ਰਾਹੀਂ ਲੰਘਾਇਆ ਜਾ ਰਿਹਾ ਹੈ।

# ਪੁਲਸ ਹਰ ਵਿਅਕਤੀ ਦੀ ਸੁਰੱਖਿਆ ਨਹੀਂ ਕਰ ਸਕਦੀ : ਖੱਟਰ



**ਚੰਡੀਗੜ੍ਹ** : ਹਰਿਆਣਾ ਦੇ ਮੁੱਖ ਮੰਤਰੀ ਮਨੋਹਰ ਲਾਲ ਖੱਟਰ ਨੇ ਕਿਹਾ ਹੈ ਕਿ ਹਰ ਵਿਅਕਤੀ ਦੀ ਸੁਰੱਖਿਆ ਨਾ ਪੁਲਸ, ਨਾ ਫੌਜ ਤੇ ਨਾ ਸਮਾਜ ਕਰ ਸਕਦਾ ਹੈ। ਸੁਰੱਖਿਆ ਲਈ ਮਾਹੌਲ ਬਣਾਉਣਾ ਪੈਂਦਾ ਹੈ। ਇਸ ਲਈ ਅਮਨ ਕਮੇਟੀ ਤੇ ਪ੍ਰਸ਼ਾਸਨ ਦੇ ਲੋਕ ਲੱਗੇ ਹੋਏ ਹਨ। ਫਸਾਦੀਆਂ ਦੇ ਮਨਾਂ ਵਿਚ ਭੈਅ ਬਣਾਉਣਾ ਪੈਂਦਾ ਹੈ। ਪੁਲਸ ਨੇ ਫਲੈਗ ਮਾਰਚ ਵੀ ਕੀਤਾ ਹੈ।

ਉਨ੍ਹਾ ਕਿਹਾ ਕਿ ਨੂਹ ਜ਼ਿਲ੍ਹੇ ਵਿਚ ਹਿੰਸਾ ਕਰਨ ਵਾਲੇ ਲੋਕਾਂ ਤੋਂ ਹੀ ਜਾਇਦਾਦ ਦੇ ਨੁਕਸਾਨ ਦੀ ਭਰਪਾਈ ਕੀਤੀ ਜਾਵੇਗੀ। ਹਿੰਸਾ ਲਈ ਜ਼ਿੰਮੇਵਾਰ ਹਰ ਵਿਅਕਤੀ ਵਿਰੁੱਧ ਕਾਰਵਾਈ ਕੀਤੀ ਜਾਵੇਗੀ।

ਨੂਹ ਦੀ ਫਿਰਕੂ ਹਿੰਸਾ ਤੋਂ ਬਾਅਦ ਯੂ ਪੀ ਦੇ ਸਹਾਰਨਪੁਰ, ਸ਼ਾਮਲੀ ਤੇ ਮੁਜ਼ੱਫਰਨਗਰ ਜ਼ਿਲ੍ਹਿਆਂ ਵਿਚ ਅਲਰਟ ਜਾਰੀ ਕੀਤਾ ਗਿਆ ਹੈ।

ਸਮਾਜਵਾਦੀ ਪਾਰਟੀ ਦੇ ਕੌਮੀ ਜਨਰਲ ਸਕੱਤਰ ਸ਼ਿਵਪਾਲ ਸਿੰਘ ਯਾਦਵ ਨੇ ਹਰਿਆਣਾ ਅਤੇ ਮਨੀਪੁਰ 'ਚ ਹਿੰਸਾ ਦੀਆਂ ਘਟਨਾਵਾਂ ਲਈ ਭਾਜਪਾ 'ਤੇ ਨਿਸ਼ਾਨਾ ਸਾਧਦਿਆਂ ਦੋਸ਼ ਲਾਇਆ ਹੈ ਕਿ ਜਦੋਂ ਵੀ ਚੋਣਾਂ ਆਉਂਦੀਆਂ ਹਨ, ਉਹ ਸਾਜ਼ਿਸ਼ਾਂ ਘੜਦੀ ਹੈ ਤੇ ਦੰਗੇ ਕਰਵਾਉਂਦੀ ਹੈ। ਯਾਦਵ ਨੇ ਭਾਜਪਾ 'ਤੇ ਦੋਹਾਂ ਸੂਬਿਆਂ 'ਚ ਹੋਈ ਹਿੰਸਾ 'ਤੇ ਹੋਛੀ ਰਾਜਨੀਤੀ ਕਰਨ ਦਾ ਦੋਸ਼ ਲਾਇਆ। ਉਨ੍ਹਾ ਕਿਹਾ—ਭਾਜਪਾ ਦੇ ਲੋਕ ਸਿਰਫ ਹੋਛੀ ਸਿਆਸਤ ਕਰਦੇ ਹਨ, ਜਦ ਵੀ ਚੋਣਾਂ ਆਉਂਦੀਆਂ ਹਨ ਤਾਂ ਉਹ ਸਾਜ਼ਿਸ਼ ਕਰਕੇ ਦੰਗੇ ਕਰਵਾਉਂਦੇ ਹਨ।

ਵਿਸ਼ਵ ਹਿੰਦੂ ਪ੍ਰੀਸ਼ਦ (ਵੀ ਐੱਚ ਪੀ) ਅਤੇ ਬਜਰੰਗ ਦਲ ਦੇ ਕਾਰਕੁਨਾਂ ਨੇ ਹਰਿਆਣਾ ਦੇ ਨੂਹ ਅਤੇ ਗੁਰੂਗ੍ਰਾਮ 'ਚ ਫਿਰਕੂ ਹਿੰਸਾ ਖਿਲਾਫ ਬੁੱਧਵਾਰ ਕੌਮੀ ਰਾਜਧਾਨੀ 'ਚ ਕਈ ਥਾਵਾਂ 'ਤੇ ਪ੍ਰਦਰਸ਼ਨ ਕੀਤੇ, ਜਿਸ ਕਾਰਨ ਕਈ ਹਿੱਸਿਆਂ 'ਚ ਟ੍ਰੈਫਿਕ ਜਾਮ ਹੋ ਗਿਆ। ਸ਼ਹਿਰ ਦੇ ਗੁਆਂਢੀ ਸੂਬੇ ਹਰਿਆਣਾ 'ਚ ਹਿੰਸਾ ਦੇ ਮੱਦੇਨਜ਼ਰ ਪੁਲਸ ਨੇ ਦਿੱਲੀ ਦੀਆਂ ਕਈ ਥਾਵਾਂ 'ਤੇ ਸੁਰੱਖਿਆ ਵਧਾ ਦਿੱਤੀ ਹੈ। ਬਜਰੰਗ ਦਲ ਅਤੇ ਵੀ ਐੱਚ ਪੀ ਦੇ ਵਿਰੋਧ ਨੇ ਵਿਕਾਸ ਮਾਰਗ ਨੂੰ ਰੋਕ ਦਿੱਤਾ, ਜੋ ਪੂਰਬੀ ਦਿੱਲੀ ਨੂੰ ਸ਼ਹਿਰ ਦੇ ਕੇਂਦਰੀ ਹਿੱਸਿਆਂ ਨਾਲ ਜੋੜਦਾ ਹੈ।

ਵਿਸ਼ਵ ਹਿੰਦੂ ਪ੍ਰੀਸ਼ਦ ਨੇ ਕਿਹਾ ਕਿ ਬਜਰੰਗ ਦਲ ਦੇ ਕਾਰਕੁਨ ਦੀ ਦਿੱਲੀ ਦੇ ਹਸਪਤਾਲ 'ਚ ਇਲਾਜ ਦੌਰਾਨ ਮੌਤ ਹੋ ਗਈ, ਜਿਸ ਨਾਲ ਹਰਿਆਣਾ 'ਚ ਫਿਰਕੂ ਹਿੰਸਾ 'ਚ ਮਰਨ ਵਾਲਿਆਂ ਦੀ ਗਿਣਤੀ 6 ਹੋ ਗਈ। ਵਿਸ਼ਵ ਹਿੰਦੂ ਪ੍ਰੀਸ਼ਦ ਦੀ ਜ਼ਿਲ੍ਹਾ ਇਕਾਈ ਦੇ ਉਪ ਪ੍ਰਧਾਨ ਸੁਰਿੰਦਰ ਤੰਵਰ ਨੇ ਦੱਸਿਆ ਕਿ ਸੋਮਵਾਰ ਨੂੰ ਨੂਹ 'ਚ ਹਿੰਸਾ ਦੌਰਾਨ ਬਜਰੰਗ ਦਲ ਦੇ ਕਾਰਕੁਨ ਪ੍ਰਦੀਪ ਸ਼ਰਮਾ 'ਤੇ ਦੰਗਾਕਾਰੀਆਂ ਨੇ ਹਮਲਾ ਕਰ ਦਿੱਤਾ ਸੀ, ਜਿਸ ਨਾਲ ਉਹ ਗੰਭੀਰ ਜ਼ਖਮੀ ਹੋ ਗਿਆ। ਉਨ੍ਹਾਂ ਦੱਸਿਆ ਕਿ ਪ੍ਰਦੀਪ ਦਾ ਦਿੱਲੀ ਦੇ ਸਫਦਰਜੰਗ ਹਸਪਤਾਲ 'ਚ ਇਲਾਜ ਚੱਲ ਰਿਹਾ ਸੀ।

ਇਸੇ ਦੌਰਾਨ ਹਰਿਆਣਾ ਦੇ ਡੀ ਜੀ ਪੀ ਪੀ ਕੇ ਅਗਰਵਾਲ ਨੇ ਦਾਅਵਾ ਕੀਤਾ ਹੈ ਕਿ ਹਿੰਸਾ ਪ੍ਰਭਾਵਤ ਇਲਾਕਿਆਂ 'ਚ ਸਥਿਤੀ ਕਾਬੂ ਹੇਠ ਹੈ ਤੇ ਸਾਰੇ ਮਾਮਲਿਆਂ ਦੀ ਜਾਂਚ ਲਈ ਐੱਸ ਆਈ ਟੀ ਬਣਾਈ ਜਾਵੇਗੀ। ਉਨ੍ਹਾ ਕਿਹਾ ਕਿ ਇਸ ਮਾਮਲੇ 'ਚ ਮੋਨੂੰ ਮਾਨੇਸਰ ਦੀ ਭੂਮਿਕਾ ਦੀ ਜਾਂਚ ਕੀਤੀ ਜਾ ਰਹੀ ਹੈ ਤੇ ਹੁਣ ਤੱਕ ਹਿੰਸਾ ਸੰਬੰਧੀ ਨੂਹ 'ਚ 41 ਕੇਸ ਦਰਜ ਕੀਤੇ ਗਏ ਹਨ।

ਸੁਪਰੀਮ ਕੋਰਟ ਨੇ ਕੇਂਦਰ ਨੂੰ ਇਹ ਯਕੀਨੀ ਬਣਾਉਣ ਲਈ ਨਿਰਦੇਸ਼ ਦਿੱਤਾ ਹੈ ਕਿ ਦਿੱਲੀ ਤੇ ਕੌਮੀ ਰਾਜਧਾਨੀ ਖੇਤਰ 'ਚ ਕੋਈ ਵੀ ਨਫਰਤੀ ਭਾਸ਼ਣ ਜਾਂ ਹਿੰਸਾ ਨਾ ਹੋਵੇ। ਉਸ ਨੇ ਵਾਧੂ ਫੋਰਸ ਤਾਇਨਾਤ ਕਰਨ ਤੇ ਸੰਵੇਦਨਸ਼ੀਲ ਖੇਤਰਾਂ 'ਚ ਸੀ ਸੀ ਟੀ ਵੀ ਕੈਮਰੇ ਲਗਾਉਣ ਦੇ ਆਦੇਸ਼ ਦਿੱਤੇ ਹਨ।

# ਘਰਾਂ ਦੇ ਨਿਰਮਾਣ ਲਈ 101 ਕਰੋੜ ਦੇ ਚੈੱਕ ਸੌਂਪੇ




**ਲੁਧਿਆਣਾ**. ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਬੁੱਧਵਾਰ ਪ੍ਰਧਾਨ ਮੰਤਰੀ ਆਵਾਸ ਯੋਜਨਾ (ਸ਼ਹਿਰੀ) ਸਕੀਮ ਅਧੀਨ ਘਰਾਂ ਦੇ ਨਿਰਮਾਣ ਲਈ 25000 ਯੋਗ ਲਾਭਪਾਤਰੀਆਂ ਨੂੰ ਮਾਲੀ ਇਮਦਾਦ ਵਜੋਂ 101 ਕਰੋੜ ਰੁਪਏ ਦੇ ਚੈੱਕ ਸੌਂਪੇ। ਇਸ ਸਕੀਮ ਤਹਿਤ ਹਰੇਕ ਲਾਭਪਾਤਰੀ ਨੂੰ 1.75 ਲੱਖ ਰੁਪਏ ਦੀ ਵਿੱਤੀ ਸਹਾਇਤਾ ਦਿੱਤੀ ਗਈ ਹੈ।

ਇਨ੍ਹਾਂ ਲਾਭਪਾਤਰੀਆਂ ਨੂੰ ਚੈੱਕ ਸੌਂਪਣ ਲਈ ਕਰਵਾਏ ਰਾਜ ਪੱਧਰੀ ਸਮਾਗਮ ਦੌਰਾਨ ਆਪਣੇ ਸੰਬੋਧਨ ਵਿਚ ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਸਮਾਜ ਦੇ ਸਾਰੇ ਤਬਕਿਆਂ ਖਾਸ ਕਰਕੇ ਆਰਥਿਕ ਤੌਰ ਉਤੇ ਕਮਜ਼ੋਰ ਅਤੇ ਪੱਛੜੇ ਵਰਗਾਂ ਦੀ ਭਲਾਈ ਲਈ ਵਚਨਬੱਧ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਭਾਵੇਂ ਉਨ੍ਹਾਂ ਤੋਂ ਪਹਿਲਾਂ ਦੇ ਮੁੱਖ ਮੰਤਰੀ ਤੇ ਮੰਤਰੀ ਖਜ਼ਾਨਾ ਖਾਲੀ ਹੋਣ ਦਾ ਢੰਡੋਰਾ ਪਿੱਟਦੇ ਸਨ, ਪਰ ਉਨ੍ਹਾਂ ਦੀ ਸਰਕਾਰ ਸੂਬੇ ਦੇ ਖਜ਼ਾਨੇ ਦਾ ਇਕ-ਇਕ ਪੈਸਾ ਲੋਕਾਂ ਦੀ ਭਲਾਈ ਉਤੇ ਖਰਚ ਰਹੀ ਹੈ। ਪਿਛਲੀਆਂ ਸਰਕਾਰਾਂ ਸਮੇਂ ਇਹ ਫੰਡ ਭ੍ਰਿਸ਼ਟ ਨੇਤਾਵਾਂ ਦੀਆਂ ਜੇਬਾਂ ਵਿਚ ਜਾਂਦੇ ਸਨ, ਪਰ ਉਨ੍ਹਾਂ ਦੀ ਸਰਕਾਰ ਨੇ ਚੋਰ-ਮੋਰੀਆਂ ਨੂੰ ਸਖਤੀ ਨਾਲ ਬੰਦ ਕਰ ਦਿੱਤਾ, ਜਿਸ ਕਰਕੇ ਹੁਣ ਇਹ ਫੰਡ ਲੋਕਾਂ ਦੀ ਭਲਾਈ ਲਈ ਵਰਤੇ ਜਾਂਦੇ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਨੇ ਸ਼ਹਿਰ ਦੀ ਸਫਾਈ ਤੇ ਹੋਰ ਕਾਰਜਾਂ ਲਈ ਲੁਧਿਆਣਾ ਨਗਰ ਨਿਗਮ ਲਈ 50 ਟਰੈਕਟਰਾਂ ਨੂੰ ਝੰਡੀ ਵਿਖਾ ਕੇ ਰਵਾਨਾ ਕੀਤਾ। ਉਨ੍ਹਾ ਅੱਗੇ ਕਿਹਾ ਕਿ ਪਿੰਡਾਂ ਵਿਚ ਸਫਾਈ ਅਤੇ ਹੋਰ ਕੰਮਾਂ ਲਈ ਸੂਬਾ ਸਰਕਾਰ ਵੱਲੋਂ ਹਰੇਕ ਪੰਚਾਇਤ ਨੂੰ ਟਰੈਕਟਰ ਮੁਹੱਈਆ ਕਰਵਾਇਆ ਜਾਵੇਗਾ। ਉਨ੍ਹਾ ਕਿਹਾ ਕਿ ਪਹਿਲੇ ਪੜਾਅ ਵਿਚ ਵੱਡੇ ਪਿੰਡਾਂ ਨੂੰ ਟਰੈਕਟਰ ਦਿੱਤੇ ਜਾਣਗੇ ਤਾਂ ਕਿ ਇਨ੍ਹਾਂ ਪਿੰਡਾਂ ਦੇ ਵਿਕਾਸ ਨੂੰ ਹੁਲਾਰਾ ਦਿੱਤਾ ਜਾ ਸਕੇ। ਭਗਵੰਤ ਮਾਨ ਨੇ ਕਿਹਾ ਕਿ ਪਿੰਡਾਂ ਵਿਚ ਵਿਕਾਸ ਕੰਮਾਂ ਤੋਂ ਇਲਾਵਾ ਇਹ ਟਰੈਕਟਰ ਖੇਤੀਬਾੜੀ ਮੰਤਵ ਲਈ ਬਿਨਾਂ ਟਰੈਕਟਰ ਵਾਲੇ ਕਿਸਾਨਾਂ ਲਈ ਮਦਦਗਾਰ ਹੋਣਗੇ।

## ਲੁਧਿਆਣਾ ਵਾਸੀਆਂ ਨੂੰ ਚਾਰ ਕਰੋੜ ਰੁਪਏ ਦਾ ਤੋਹਫਾ

**ਲੁਧਿਆਣਾ** : ਲੁਧਿਆਣਾ ਸ਼ਹਿਰ ਨੂੰ ਸਾਫ-ਸੁਥਰਾ, ਹਰਿਆ-ਭਰਿਆ ਅਤੇ ਪ੍ਰਦੂਸ਼ਣ ਮੁਕਤ ਬਣਾਉਣ ਲਈ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਬੁੱਧਵਾਰ ਸ਼ਹਿਰ 'ਚ ਸੀਵਰੇਜ ਲਾਈਨਾਂ ਦੀ ਸਫਾਈ ਬਿਹਤਰ ਢੰਗ ਨਾਲ ਕਰਨ ਲਈ ਸੁਪਰ ਸੰਕਸ਼ਨ-ਕਮ-ਜੈਟਿੰਗ ਮਸ਼ੀਨ ਅਤੇ 50 ਟਰੈਕਟਰਾਂ ਨੂੰ ਝੰਡੀ ਵਿਖਾ ਕੇ ਰਵਾਨਾ ਕੀਤਾ। ਇਸ ਮੌਕੇ ਮੁੱਖ ਮੰਤਰੀ ਨੇ ਕਿਹਾ ਕਿ ਲੁਧਿਆਣਾ ਸ਼ਹਿਰ ਲਈ ਇਹ ਅਤਿ-ਆਧੁਨਿਕ ਸੁਪਰ ਸੰਕਸ਼ਨ-ਕਮ-ਜੈਟਿੰਗ ਮਸ਼ੀਨ 1.45 ਕਰੋੜ ਰੁਪਏ ਦੀ ਲਾਗਤ ਨਾਲ ਖਰੀਦੀ ਗਈ ਹੈ। ਉਨ੍ਹਾ ਕਿਹਾ ਕਿ ਇਹ ਮਸ਼ੀਨ ਸ਼ਹਿਰ 'ਚ ਲਗਭਗ 200 ਕਿਲੋਮੀਟਰ ਸੀਵਰੇਜ ਲਾਈਨਾਂ ਦੀ ਸਫਾਈ ਦਾ ਕੰਮ ਕਰਨ ਵਿਚ ਬਹੁਤ ਮਦਦਗਾਰ ਸਾਬਤ ਹੋਵੇਗੀ। ਮਾਨ ਨੇ ਕਿਹਾ ਕਿ ਇਹ ਮਸ਼ੀਨ ਸੀਵਰੇਜ ਦੀ ਸਮੱਸਿਆ ਦੂਰ ਕਰਨ ਵਿਚ ਸਹਾਈ ਹੋਵੇਗੀ, ਜਿਸ ਨਾਲ ਸ਼ਹਿਰ ਵਾਸੀਆਂ ਨੂੰ ਵੱਡੀ ਰਾਹਤ ਮਿਲੇਗੀ। ਇਸ ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ ਨਗਰ ਨਿਗਮ ਲੁਧਿਆਣਾ ਨੇ 2.22 ਕਰੋੜ ਰੁਪਏ ਦੀ ਲਾਗਤ ਨਾਲ 50 ਟਰੈਕਟਰ ਖਰੀਦੇ ਹਨ। ਉਨ੍ਹਾ ਕਿਹਾ ਕਿ ਇਹ ਟਰੈਕਟਰ ਨਗਰ ਨਿਗਮ ਦੀਆਂ ਵੱਖ-ਵੱਖ ਸ਼ਾਖਾਵਾਂ ਲਈ ਖਰੀਦੇ ਗਏ ਹਨ, ਜਿਨ੍ਹਾਂ ਵਿਚ ਬੀ ਐਂਡ ਆਰ ਸ਼ਾਖਾ, ਓ ਐਂਡ ਐੱਮ ਸ਼ਾਖਾ, ਸਿਹਤ ਸ਼ਾਖਾ, ਬਾਗਬਾਨੀ ਸ਼ਾਖਾ ਆਦਿ ਸ਼ਾਮਲ ਹਨ। ਇਹ ਟਰੈਕਟਰ ਮਲਬਾ ਚੁੱਕਣ, ਟੈਂਕਰਾਂ ਰਾਹੀਂ ਪਾਣੀ ਦੀ

● ਬਾਕੀ ਸਫ਼ਾ 2 'ਤੇ

## ਧਾਰਾ 370 ਸੰਬੰਧੀ ਸੁਣਵਾਈ ਸ਼ੁਰੂ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਜੰਮੂ-ਕਸ਼ਮੀਰ ਨੂੰ ਵਿਸ਼ੇਸ਼ ਦਰਜਾ ਦੇਣ ਵਾਲੀ ਸੰਵਿਧਾਨ ਦੀ ਧਾਰਾ 370 ਨੂੰ ਰੱਦ ਕਰਨ ਨੂੰ ਚੁਣੌਤੀ ਦੇਣ ਵਾਲੀਆਂ ਪਟੀਸ਼ਨਾਂ 'ਤੇ ਬੁੱਧਵਾਰ ਸੁਣਵਾਈ ਸ਼ੁਰੂ ਕਰ ਦਿੱਤੀ। ਚੀਫ ਜਸਟਿਸ ਡੀ ਵਾਈ ਚੰਦਰਚੂੜ ਦੀ ਅਗਵਾਈ ਵਾਲਾ ਪੰਜ ਜੱਜਾਂ ਦਾ ਸੰਵਿਧਾਨਕ ਬੈਂਚ ਇਸ ਮਾਮਲੇ ਦੀ ਰੋਜ਼ਾਨਾ ਸੁਣਵਾਈ ਕਰੇਗਾ। ਬੈਂਚ 'ਚ ਜਸਟਿਸ ਸੰਜੈ ਕਿਸ਼ਨ ਕੌਲ, ਜਸਟਿਸ ਸੰਜੀਵ ਖੰਨਾ, ਜਸਟਿਸ ਬੀ ਆਰ ਗਵਈ ਅਤੇ ਜਸਟਿਸ ਸੂਰੀਆ ਕਾਂਤ ਸ਼ਾਮਲ ਹਨ।

ਸੀਨੀਅਰ ਵਕੀਲ ਕਪਿਲ ਸਿੱਬਲ ਨੇ ਬਹਿਸ ਕਰਦਿਆਂ ਕਿਹਾ ਕਿ ਸੰਸਦ ਧਾਰਾ 370 ਨੂੰ ਖਤਮ ਕਰਨ ਲਈ ਖੁਦ ਨੂੰ ਜੰਮੂ-ਕਸ਼ਮੀਰ ਦੀ ਵਿਧਾਨ ਸਭਾ ਨਹੀਂ ਐਲਾਨ ਸਕਦੀ, ਕਿਉਂਕਿ ਸੰਵਿਧਾਨ ਦੀ ਧਾਰਾ 354 ਇਸ ਦਾ ਅਧਿਕਾਰ ਨਹੀਂ ਦਿੰਦੀ। ਉਨ੍ਹਾ ਕਿਹਾ ਕਿ ਰਾਜ ਲਈ ਨਿਵੇਕਲੇ ਸੰਵਿਧਾਨਕ ਢਾਂਚੇ ਨੂੰ ਗਵਰਨਰ ਤੇ ਸੰਸਦ ਨੇ ਜੰਮੂ-ਕਸ਼ਮੀਰ ਰਾਜ ਨਾਲ ਕੋਈ ਸਲਾਹ-ਮਸ਼ਵਰਾ ਕੀਤੇ ਬਿਨਾਂ ਅਚਾਨਕ ਖਤਮ ਕਰ ਦਿੱਤਾ। ਵੀਰਵਾਰ ਸਾਢੇ ਦੱਸ ਵਜੇ ਤੋਂ ਅੱਗੇ ਸੁਣਵਾਈ ਹੋਵੇਗੀ।

## ਸਕੂਲੀ ਬੱਸਾਂ ਹਾਦਸੇ ਦਾ ਸ਼ਿਕਾਰ , 26 ਬੱਚੇ ਜ਼ਖ਼ਮੀ



**ਮੋਗਾ, (ਅਮਰਜੀਤ ਬੱਬਰੀ)** -ਲੁਧਿਆਣਾ ਰੋਡ 'ਤੇ ਪਿੰਡ ਮਹਿਣਾ ਨੇੜੇ ਬੁੱਧਵਾਰ ਸਵੇਰੇ ਦੋ ਸਕੂਲੀ ਬੱਸਾਂ ਦੀ ਟਰੱਕ ਨਾਲ ਟੱਕਰ ਹੋਣ ਨਾਲ ਡਰਾਈਵਰ ਸਮੇਤ 26 ਬੱਚੇ ਜ਼ਖਮੀ ਹੋ ਗਏ, ਜਿਨ੍ਹਾਂ ਵਿਚੋਂ 3 ਦੀ ਹਾਲਤ ਗੰਭੀਰ ਸੀ। ਜ਼ਖਮੀ ਬੱਚਿਆਂ ਨੂੰ ਮੌਕੇ ਉੱਤੇ ਲੋਕਾਂ ਨੇ ਸਿਵਲ ਹਸਪਤਾਲ ਮੋਗਾ ਵਿਖੇ ਪਹੁੰਚਾਇਆ। ਸ੍ਰੀ ਚੇਤਨਿਆ ਟੈਕਨੋ ਸਕੂਲ ਅਤੇ ਗੁਰੂਕੁਲ ਸਕੂਲ ਮਹਿਣਾ ਦੀਆਂ ਬੱਸਾਂ ਪਿੰਡਾਂ ਤੋਂ ਬੱਚਿਆਂ ਨੂੰ ਸਕੂਲ ਲੈ ਕੇ ਜਾ ਰਹੀਆਂ ਸਨ ਕਿ ਤੇਜ਼ ਰਫਤਾਰ ਆ ਰਹੇ ਟਰੱਕ ਨੇ ਟੱਕਰ ਮਾਰ ਦਿੱਤੀ।

ਉਸ ਸਮੇਂ ਬੱਸਾਂ ਹਾਈਵੇ ਤੋਂ ਸਕੂਲ ਵੱਲ ਮੁੜਨ ਲੱਗੀਆਂ ਸਨ। ਪਿੱਛੋਂ ਆ ਰਹੇ ਟਰੱਕ ਨੇ ਬੱਸ ਨੂੰ ਟੱਕਰ ਮਾਰੀ ਤਾਂ ਉਹ ਅੱਗੇ ਜਾ ਰਹੀ ਬੱਸ ਨਾਲ ਟਕਰਾ ਗਈ ਤੇ ਬੱਸਾਂ ਪਲਟ ਗਈਆਂ।

# ਹੋਸਟਲ ਫੀਸ 'ਤੇ ਜੀ ਐੱਸ ਟੀ ਲਾਉਣ ਦੇ ਕੇਂਦਰ ਦੇ ਫੈਸਲੇ ਦਾ ਕਰੜਾ ਵਿਰੋਧ




**ਚੰਡੀਗੜ੍ਹ** : ਆਮ ਆਦਮੀ ਪਾਰਟੀ ਨੇ ਕੇਂਦਰੀ ਯੂਨੀਵਰਸਿਟੀਆਂ ਦੀ ਹੋਸਟਲ ਫੀਸ 'ਤੇ 12% ਜੀ ਐੱਸ ਟੀ ਲਗਾਉਣ ਦੇ ਕੇਂਦਰ ਸਰਕਾਰ ਦੇ ਫੈਸਲੇ ਦਾ ਸਖਤ ਵਿਰੋਧ ਕੀਤਾ ਹੈ। ਪਾਰਟੀ ਨੇ ਇਸ ਫੈਸਲੇ ਨੂੰ ਤਾਨਾਸ਼ਾਹੀ ਕਰਾਰ ਦਿੱਤਾ ਅਤੇ ਮੋਦੀ ਸਰਕਾਰ 'ਤੇ ਗਰੀਬ ਵਿਦਿਆਰਥੀਆਂ ਦੀ ਪੜ੍ਹਾਈ 'ਚ ਜਾਣਬੁੱਝ ਕੇ ਰੁਕਾਵਟ ਪਾਉਣ ਦਾ ਵੀ ਦੋਸ਼ ਲਾਇਆ।

ਆਮ ਆਦਮੀ ਪਾਰਟੀ ਪੰਜਾਬ ਯੂਥ ਵਿੰਗ ਦੇ ਪ੍ਰਧਾਨ ਅਤੇ ਧਰਮਕੋਟ ਤੋਂ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਅਤੇ ਪੰਜਾਬ ਯੂਥ ਡਿਵੈੱਲਪਮੈਂਟ ਬੋਰਡ ਦੇ ਚੇਅਰਮੈਨ ਪਰਮਿੰਦਰ ਗੋਲਡੀ ਨੇ ਬੁੱਧਵਾਰ ਚੰਡੀਗੜ੍ਹ ਸਥਿਤ ਪਾਰਟੀ ਹੈੱਡਕੁਆਰਟਰ ਵਿਖੇ ਪ੍ਰੈੱਸ ਕਾਨਫਰੰਸ ਕਰਕੇ ਇਸ ਫੈਸਲੇ ਦੀ ਨਿਖੇਧੀ ਕੀਤੀ।

ਲਾਡੀ ਢੋਸ ਨੇ ਇਸ ਫੈਸਲੇ ਨੂੰ ਕੇਂਦਰ ਸਰਕਾਰ ਦਾ ਤੁਗਲਕੀ ਫਰਮਾਨ ਕਰਾਰ ਦਿੰਦਿਆਂ ਕਿਹਾ ਕਿ ਮੋਦੀ ਸਰਕਾਰ ਗਰੀਬ ਵਿਦਿਆਰਥੀਆਂ ਨੂੰ ਪੜ੍ਹਾਈ ਤੋਂ ਦੂਰ ਰੱਖਣ ਲਈ ਜਾਣਬੁੱਝ ਕੇ ਉਨ੍ਹਾਂ 'ਤੇ ਆਰਥਕ ਬੋਝ ਪਾ ਰਹੀ ਹੈ। ਉਨ੍ਹਾ ਕਿਹਾ ਕਿ ਸਿੱਖਿਆ ਨੂੰ ਹਮੇਸ਼ਾ ਟੈਕਸ ਮੁਕਤ ਰੱਖਿਆ ਗਿਆ ਹੈ, ਪਰ ਮੋਦੀ ਸਰਕਾਰ ਵਿਦਿਆਰਥੀਆਂ ਤੋਂ ਪੈਸੇ ਵਸੂਲਣ ਲਈ ਨਵੇਂ-ਨਵੇਂ ਤਰੀਕੇ ਲੱਭ ਰਹੀ ਹੈ, ਜੋ ਕਿ ਬਹੁਤ ਮੰਦਭਾਗਾ ਹੈ।

ਉਨ੍ਹਾ ਕਿਹਾ ਕਿ ਆਮ ਆਦਮੀ ਪਾਰਟੀ ਸ਼ੁਰੂ ਤੋਂ ਹੀ ਟੈਕਸ ਮੁਕਤ ਸਿੱਖਿਆ ਦੀ ਵਕਾਲਤ ਕਰਦੀ ਆ ਰਹੀ ਹੈ। ਇਸ ਲਈ ਅਸੀਂ ਇਸ ਫੈਸਲੇ ਦੇ ਸਖਤ ਖਿਲਾਫ ਹਾਂ। ਸਾਡੀ ਪਾਰਟੀ ਦਾ ਵਿਦਿਆਰਥੀ ਵਿੰਗ 'ਛਾਤਰ ਯੁਵਾ ਸੰਘਰਸ਼ ਸਮਿਤੀ' (ਸੀ ਵਾਈ ਐੱਸ ਐੱਸ) ਇਸ ਫੈਸਲੇ ਖਿਲਾਫ ਪ੍ਰਦਰਸ਼ਨ ਕਰੇਗੀ ਅਤੇ ਇਸ ਨੂੰ ਕਿਸੇ ਵੀ ਕੀਮਤ 'ਤੇ ਪੰਜਾਬ ਯੂਨੀਵਰਸਿਟੀ ਵਿਚ ਲਾਗੂ ਨਹੀਂ ਹੋਣ ਦੇਵੇਗੀ। ਪਰਮਿੰਦਰ ਗੋਲਡੀ ਨੇ ਕਿਹਾ ਕਿ ਇੱਕ ਪਾਸੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਪੰਜਾਬ ਯੂਨੀਵਰਸਿਟੀ ਵਿੱਚ 50 ਕਰੋੜ ਦੀ ਲਾਗਤ ਨਾਲ ਦੋ ਹੋਸਟਲ ਬਣਵਾ ਰਹੇ ਹਨ, ਦੂਜੇ ਪਾਸੇ ਮੋਦੀ ਸਰਕਾਰ ਹੋਸਟਲ ਫੀਸਾਂ 'ਤੇ ਜੀ ਐੱਸ ਟੀ ਲਗਾ ਕੇ ਵਿਦਿਆਰਥੀਆਂ ਤੋਂ ਜ਼ਬਰਦਸਤੀ ਪੈਸੇ ਵਸੂਲ ਰਹੀ ਹੈ। ਉਨ੍ਹਾ ਪੰਜਾਬ ਯੂਨੀਵਰਸਿਟੀ ਦੇ ਵਿਦਿਆਰਥੀਆਂ ਨੂੰ ਇਸ ਮੁਹਿੰਮ ਵਿੱਚ ਸੀ ਵਾਈ ਐੱਸ ਐੱਸ ਦਾ ਸਾਥ ਦੇਣ ਦੀ ਅਪੀਲ ਕੀਤੀ। ਉਨ੍ਹਾ ਕਿਹਾ ਕਿ ਅਸੀਂ ਹਮੇਸ਼ਾ ਮੁੱਦਿਆਂ ਦੀ ਰਾਜਨੀਤੀ ਕਰਦੇ ਹਾਂ। ਜਿਸ ਤਰ੍ਹਾਂ ਦਿੱਲੀ ਅਤੇ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਇੱਕ ਬਿਹਤਰ ਸਿੱਖਿਆ ਮਾਡਲ ਪੇਸ਼ ਕੀਤਾ ਅਤੇ ਸਿੱਖਿਆ ਪ੍ਰਣਾਲੀ ਵਿੱਚ ਸੁਧਾਰ ਕੀਤਾ, ਉਸੇ ਤਰ੍ਹਾਂ ਅਸੀਂ ਪੰਜਾਬ ਯੂਨੀਵਰਸਿਟੀ ਦੀ ਸਿੱਖਿਆ ਪ੍ਰਣਾਲੀ ਨੂੰ ਹੋਰ ਬਿਹਤਰ ਬਣਾਉਣ ਦੀਆਂ ਕੋਸ਼ਿਸ਼ਾਂ ਕਰਾਂਗੇ।

## ਬਿਸ਼ਨੋਈ ਗੈਂਗ ਦੇ ਦੋ ਮੈਂਬਰ ਅਸਲੇ ਸਮੇਤ ਕਾਬੂ

**ਮੋਗਾ, (ਅਮਰਜੀਤ ਬੱਬਰੀ)** - ਪੁਲਸ ਨੇ ਲਾਰੈਂਸ ਬਿਸ਼ਨੋਈ ਗੈਂਗ ਦੇ ਦੋ ਮੈਂਬਰਾਂ ਨੂੰ ਹਥਿਆਰਾਂ ਸਮੇਤ ਫੜਿਆ ਹੈ। ਰਾਜਸਥਾਨ ਦੇ ਕਪਿਲ ਅਤੇ ਮਨੀਸ਼ ਠਾਕੁਰ ਕਿਸੇ ਵੱਡੀ ਵਾਰਦਾਤ ਨੂੰ ਅੰਜ਼ਾਮ ਦੇਣ ਆਏ ਸਨ। ਉਸ ਤੋਂ ਪਹਿਲਾਂ ਹੀ ਸੀ ਆਈ ਏ ਸਟਾਫ ਮਹਿਣਾ ਨੇ ਦੋਵਾਂ ਨੂੰ ਗ੍ਰਿਫਤਾਰ ਕਰ ਲਿਆ। ਉਹਨਾਂ ਤੋਂ 2 ਪਿਸਤੌਲ ਅਤੇ 9 ਐੱਮ ਐੱਮ ਦੇ 4 ਮੈਗਜ਼ੀਨ ਤੇ 40 ਜ਼ਿੰਦਾ ਕਾਰਤੂਸ 9 ਐੱਮ ਐੱਮ ਬਰਾਮਦ ਕੀਤੇ ਹਨ।

ਜੇਹਾ ਚੀਰੀ ਲਿਖਿਆ ਤੇਹਾ ਹੁਕਮੁ ਕਮਾਹਿ ॥ ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ ॥

**ਭੋਗ ਅਤੇ ਅੰਤਿਮ ਅਰਦਾਸ**



1951-2023

**ਸ. ਗੁਰਬਿੰਦਰ ਸਿੰਘ ਅਟਵਾਲ**
ਸਾਬਕਾ ਮੰਤਰੀ, ਪੰਜਾਬ

ਮਿਤੀ: ਵੀਰਵਾਰ, 03 ਅਗਸਤ 2023
ਸਮਾਂ: ਦੁਪਹਿਰ 12 ਵਜੇ ਤੋਂ 02 ਵਜੇ
ਸਥਾਨ: ਗੁਰਦੁਆਰਾ ਸ੍ਰੀ ਗੁਰੂ ਅਰਜੁਨ ਦੇਵ ਜੀ, ਪਿੰਡ ਮੋ-ਸਾਹਿਬ (ਫਿਲੌਰ ) ਜਲੰਧਰ

ਦੁਖੀ ਹਿਰਦੇ

ਸ਼੍ਰੀਮਤੀ ਜਸਕਮਲ ਕੌਰ ਅਟਵਾਲ (ਸੁਪਤਨੀ )
ਸ.ਸੁਖਵਿੰਦਰ ਸਿੰਘ ਅਟਵਾਲ (ਪੰਮਾ ) (ਭਰਾ )
ਸ. ਹਰਦੀਪ ਸਿੰਘ ਅਟਵਾਲ (ਸਪੁੱਤਰ ) \ ਸ਼੍ਰੀਮਤੀ ਮਨਜੀਤ ਕੌਰ ਅਟਵਾਲ (ਨੂੰਹ )
ਸ.ਰਾਜਪਾਲ ਅਟਵਾਲ (ਰਾਜਾ ) ਸਪੁੱਤਰ \ ਸ਼੍ਰੀਮਤੀ ਸੁਮਨਜੀਤ ਕੌਰ ਅਟਵਾਲ (ਨੂੰਹ )

**ਸਮੂਹ ਅਟਵਾਲ,ਮਾਹਲ, ਹੇਅਰ ਅਤੇ ਦੁਸਾਂਝ ਪਰਿਵਾਰ**

RSVP: +91-98140-82750, 98728-70663

## ਫ਼ਿਰਕੂ ਫਾਸ਼ੀ ਹਾਲਾਤ 'ਤੇ ਵਿਚਾਰ-ਚਰਚਾ 9 ਨੂੰ



**ਜਲੰਧਰ, (ਕੇਸਰ)**-ਮੁਲਕ ਦੀ ਆਜ਼ਾਦੀ ਲਈ ਲੜੇ ਸੰਗਰਾਮ ਅੰਦਰ ਵਿਲੱਖਣ ਇਨਕਲਾਬੀ ਪਹਿਚਾਣ ਰੱਖਦੀ ਗ਼ਦਰ ਪਾਰਟੀ ਦੇ ਅਨਮੋਲ ਹੀਰੇ, ਜੋ ਅਗਸਤ ਮਹੀਨੇ ਸ਼ਹਾਦਤ ਦਾ ਜਾਮ ਪੀ ਗਏ, ਉਹਨਾਂ ਅਤੇ ਅਮਰੀਕੀ ਹਕੂਮਤ ਵੱਲੋਂ 6 ਅਤੇ 9 ਅਗਸਤ 1945 ਨੂੰ ਜਾਪਾਨ ਦੇ ਦੋ ਸ਼ਹਿਰਾਂ ਹੀਰੋਸ਼ੀਮਾ ਅਤੇ ਨਾਗਾਸਾਕੀ ਉਪਰ ਪ੍ਰਮਾਣੂ ਬੰਬ ਧਮਾਕੇ ਕਰਕੇ ਲੱਖਾਂ ਲੋਕਾਂ ਨੂੰ ਪਲਾਂ ਛਿਣਾਂ ਵਿੱਚ ਮੌਤ ਦੀ ਗੋਦ ਵਿੱਚ ਸੁਲਾਉਣ ਅਤੇ ਅਪੰਗ ਕਰਨ ਦੇ ਘਿਨੌਣੇ ਹਮਲੇ ਦੇ ਸ਼ਿਕਾਰ ਲੋਕਾਂ ਨੂੰ ਸਿਜਦਾ ਕਰਦਿਆਂ 9 ਅਗਸਤ (ਬੁੱਧਵਾਰ) ਸਵੇਰੇ 10:30 ਵਜੇ ਸਥਾਨਕ ਦੇਸ਼ ਭਗਤ ਯਾਦਗਾਰ ਹਾਲ ਵਿਖੇ ਵਿਚਾਰ-ਚਰਚਾ ਕੀਤੀ ਜਾਏਗੀ, ਜੋ ਤਾਜ਼ਾ ਫ਼ਿਰਕੂ ਫਾਸ਼ੀ ਹੱਲਿਆਂ ਦੇ ਦੌਰ ਅੰਦਰ ਗ਼ਦਰੀ ਸ਼ਹੀਦਾਂ ਦੇ ਉਦੇਸ਼ਾਂ ਦੀ ਪ੍ਰਸੰਗਕਤਾ ਉੱਪਰ ਕੇਂਦਰਤ ਹੋਏਗੀ।

ਦੇਸ਼ ਭਗਤ ਯਾਦਗਾਰ ਕਮੇਟੀ ਦੇ ਪ੍ਰਧਾਨ ਅਜਮੇਰ ਸਿੰਘ, ਜਨਰਲ ਸਕੱਤਰ ਪ੍ਰਿਥੀਪਾਲ ਸਿੰਘ ਮਾੜੀਮੇਘਾ ਅਤੇ ਸੱਭਿਆਚਾਰਕ

● ਬਾਕੀ ਸਫ਼ਾ 2 'ਤੇ

## ਆਪੋਜ਼ੀਸ਼ਨ ਦੇ ਆਗੂ ਰਾਸ਼ਟਰਪਤੀ ਨੂੰ ਮਿਲੇ

**ਨਵੀਂ ਦਿੱਲੀ** : ਮਨੀਪੁਰ ਮਾਮਲੇ 'ਤੇ ਦਖਲ ਦੀ ਮੰਗ ਕਰਨ ਲਈ ਵਿਰੋਧੀ ਧਿਰ ਦੇ ਨੇਤਾਵਾਂ ਨੇ ਬੁੱਧਵਾਰ ਰਾਸ਼ਟਰਪਤੀ ਦਰੋਪਦੀ ਮੁਰਮੂ ਨਾਲ ਮੁਲਾਕਾਤ ਕੀਤੀ। ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਨੇ ਵਿਰੋਧੀ ਪਾਰਟੀਆਂ ਦੀ ਤਰਫੋਂ ਰਾਸ਼ਟਰਪਤੀ ਮੁਰਮੂ ਤੋਂ ਸਮਾਂ ਮੰਗਿਆ ਸੀ। ਵਿਰੋਧੀ ਪਾਰਟੀਆਂ ਨੇ ਰਾਸ਼ਟਰਪਤੀ ਦੇ ਦਖਲ ਦੀ ਮੰਗ ਕਰਦਿਆਂ ਕਿਹਾ ਕਿ ਭਾਜਪਾ ਸ਼ਾਸਤ ਉੱਤਰ-ਪੂਰਬੀ ਰਾਜ 'ਚ ਹਿੰਸਾ ਜਾਰੀ ਹੈ। ਵਿਰੋਧੀ ਗੱਠਜੋੜ 'ਇੰਡੀਆ' ਦੇ ਕੁਝ ਸੰਸਦ ਮੈਂਬਰ, ਜੋ 29-30 ਜੁਲਾਈ ਨੂੰ ਮਨੀਪੁਰ ਗਏ ਸਨ, ਰਾਸ਼ਟਰਪਤੀ ਨੂੰ ਮਿਲਣ ਵਾਲੇ ਵਫਦ ਦਾ ਹਿੱਸਾ ਸਨ। ਰਾਸ਼ਟਰਪਤੀ ਨਾਲ ਮੁਲਾਕਾਤ ਤੋਂ ਬਾਅਦ ਪੱਤਰਕਾਰਾਂ ਨਾਲ ਗੱਲ ਕਰਦਿਆਂ ਖੜਗੇ ਨੇ ਕਿਹਾ ਕਿ ਵਿਰੋਧੀ ਪਾਰਟੀਆਂ ਦੇ ਨੇਤਾਵਾਂ ਨੇ ਹਰਿਆਣਾ 'ਚ ਹੋਏ ਦੰਗਿਆਂ ਬਾਰੇ ਵੀ ਰਾਸ਼ਟਰਪਤੀ ਨੂੰ ਜਾਣੂ ਕਰਵਾਇਆ। ਉਨ੍ਹਾਂ ਇਹ ਵੀ ਕਿਹਾ ਕਿ ਮਨੀਪੁਰ 'ਚ ਸ਼ਾਂਤੀ ਬਹਾਲੀ ਲਈ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਮਨੀਪੁਰ ਦਾ ਦੌਰਾ ਕਰਨ ਦੇ ਨਾਲ-ਨਾਲ ਲੋੜੀਂਦੇ ਕਦਮ ਚੁੱਕਣੇ ਚਾਹੀਦੇ ਹਨ।

## ਅੱਜ-ਨਾਮਾ

ਮਨੀਪੁਰ ਵਾਲੜਾ ਪਹਿਲਾਂ ਸੀ ਕੇਸ ਲੱਗਾ,
ਕਰ ਰਹੇ ਜੱਜ ਸੀ ਉਹੀ ਸੁਣਵਾਈ ਬੇਲੀ।
ਮਾਮਲਾ ਗਿਆ ਹਰਿਆਣੇ ਦਾ ਪੁੱਜ ਓਧਰ,
ਜਿਸ ਥਾਂ ਦੰਗਿਆਂ ਦੀ ਨੌਬਤ ਆਈ ਬੇਲੀ।
ਮਸਲਾ ਲਟਕਦਾ ਦਿੱਲੀ ਸਰਕਾਰ ਦਾ ਵੀ,
ਸਿਰੇ ਨੂੰ ਗੱਲ ਨਹੀਂ ਗਈ ਪੁਚਾਈ ਬੇਲੀ।
ਕਸ਼ਮੀਰ ਮੁੱਦਾ ਵੀ ਮਗਰ ਹੀ ਆਣ ਲੱਗਾ,
ਤਿੰਨ ਸੌ ਸੱਤਰ ਸੀ ਜਿਹੜੀ ਹਟਾਈ ਬੇਲੀ।
ਮੁੱਦਾ ਅਮਨ-ਕਾਨੂੰਨ ਦਾ ਬਹੁਤ ਭਖਿਆ,
ਰਾਜਸੀ ਮਾਮਲਾ ਬੜਾ ਕੋਈ ਗਰਮ ਬੇਲੀ।
ਅਦਾਲਤ ਇਹੋ ਨਿਬੇੜਨ ਜਦ ਰਹੇ ਲੱਗੀ,
ਰਹਿੰਦਾ ਕੀ ਹੈ ਸਰਕਾਰ ਦਾ ਧਰਮ ਬੇਲੀ।

-ਤੀਸ ਮਾਰ ਖਾਂ

# ਕੁਛ ਤੋ ਮਜਬੂਰੀਆਂ ਰਹੀ ਹੋਂਗੀ...



**ਨਵੀਂ ਦਿੱਲੀ**. 'ਆਪ' ਦੇ ਸੀਨੀਅਰ ਨੇਤਾ ਅਤੇ ਰਾਜ ਸਭਾ ਮੈਂਬਰ ਰਾਘਵ ਚੱਢਾ ਨੇ ਭਾਜਪਾ 'ਤੇ ਸਿਆਸੀ ਨੇਤਾਵਾਂ ਨੂੰ ਡਰਾਉਣ ਅਤੇ ਆਪਣੇ ਹਿੱਤਾਂ ਦੀ ਪੂਰਤੀ ਲਈ ਦੂਜੀਆਂ ਪਾਰਟੀਆਂ ਨਾਲ ਛੇੜਛਾੜ ਕਰਨ ਦਾ ਦੋਸ਼ ਲਾਇਆ ਹੈ। ਉਨ੍ਹਾਂ ਇਸ਼ਾਰਾ ਕੀਤਾ ਕਿ ਆਂਧਰਾ ਪ੍ਰਦੇਸ਼ ਅਤੇ ਉੜੀਸਾ ਵਰਗੇ ਮਹੱਤਵਪੂਰਨ ਰਾਜਾਂ ਵਿੱਚ ਰਾਜ ਸਰਕਾਰਾਂ ਵਾਲੀਆਂ ਪ੍ਰਮੁੱਖ ਪਾਰਟੀਆਂ ਹੋਣ ਦੇ ਬਾਵਜੂਦ, ਵਾਈ ਐੱਸ ਆਰ ਸੀ ਪੀ ਅਤੇ ਬੀ ਜੇ ਡੀ ਭਾਜਪਾ ਵੱਲੋਂ ਪ੍ਰਸਤਾਵਿਤ ਇੱਕ ਗੈਰ-ਜਮਹੂਰੀ ਅਤੇ ਗੈਰ-ਸੰਵਿਧਾਨਕ ਬਿੱਲ ਦਾ ਸਮਰਥਨ ਕਰ ਰਹੇ ਹਨ।

ਰਾਘਵ ਚੱਢਾ ਨੇ ਕਿਹਾ, ਕੁਛ ਤੋ ਮਜਬੂਰੀਆਂ ਰਹੀ ਹੋਂਗੀ, ਯੂੰ ਹੀ ਕੋਈ ਬੇਵਫਾ ਨਹੀਂ ਹੋਤਾ। ਉਨ੍ਹਾਂ ਕਿਹਾ ਕਿ ਦਿੱਲੀ ਆਰਡੀਨੈਂਸ ਬਿੱਲ ਦਾ ਉਦੇਸ਼ ਸ਼ਕਤੀਆਂ ਦਾ ਕੇਂਦਰੀਕਰਨ ਕਰਨਾ ਅਤੇ ਰਾਜ ਸਰਕਾਰਾਂ ਦੀ ਖੁਦਮੁਖਤਿਆਰੀ ਨੂੰ ਕਮਜ਼ੋਰ ਕਰਨਾ ਹੈ, ਜਿਸ ਨਾਲ ਦੇਸ਼ ਦੇ ਸੰਘੀ ਢਾਂਚੇ ਲਈ ਗੰਭੀਰ ਖਤਰਾ ਹੈ। ਉਨ੍ਹਾ ਉਜਾਗਰ ਕੀਤਾ ਕਿ ਅਜਿਹੇ ਬਿੱਲ ਦਾ ਸਮਰਥਨ ਕਰਨ ਲਈ ਵਾਈ ਐੱਸ ਆਰ ਸੀ ਪੀ ਅਤੇ ਬੀ ਜੇ ਡੀ ਦੀਆਂ ਆਪਣੀਆਂ ਮਜਬੂਰੀਆਂ ਹੋ ਸਕਦੀਆਂ ਹਨ, ਪਰ ਉਨ੍ਹਾਂ ਦਾ ਮੰਨਣਾ ਹੈ ਕਿ ਇਹ ਸਹੀ ਦੇ ਵਿਰੁੱਧ ਹੈ ਅਤੇ ਲੋਕਤੰਤਰੀ ਸਿਧਾਂਤਾਂ ਦੀ ਉਲੰਘਣਾ ਹੈ।

ਰਾਘਵ ਚੱਢਾ ਦੇ ਅਨੁਸਾਰ, ਇਸ ਬਿੱਲ ਦਾ ਦਿੱਲੀ ਵਿੱਚ ਲਾਗੂ ਹੋਣਾ ਇੱਕ ਖਤਰਨਾਕ ਮਿਸਾਲ ਕਾਇਮ ਕਰੇਗਾ ਅਤੇ ਭਵਿੱਖ ਵਿੱਚ ਸਾਰੇ ਗੈਰ-ਭਾਜਪਾ ਰਾਜਾਂ ਵਿੱਚ ਏਸੇ ਤਰ੍ਹਾਂ ਦੇ ਹਾਲਾਤ ਹੋਣਗੇ।

'ਆਪ' ਲਈ ਦਿੱਲੀ ਦੀ ਅਹਿਮੀਅਤ 'ਤੇ ਜ਼ੋਰ ਦਿੰਦਿਆਂ ਉਨ੍ਹਾ ਕਿਹਾ ਕਿ ਪਾਰਟੀ ਨੂੰ ਲੋਕਾਂ ਦਾ ਪਿਆਰ ਤੇ ਸਮੱਰਥਨ ਮਿਲਿਆ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ 25 ਸਾਲਾਂ ਤੋਂ ਦਿੱਲੀ ਵਿੱਚ ਚੋਣਾਂ ਜਿੱਤਣ ਵਿੱਚ ਅਸਮਰੱਥ ਹੋਣ 'ਤੇ ਭਾਜਪਾ ਦੀ ਨਿਰਾਸ਼ਾ ਵੱਖ-ਵੱਖ ਆਰਡੀਨੈਂਸਾਂ, ਬਿੱਲਾਂ ਅਤੇ ਨੋਟੀਫਿਕੇਸ਼ਨਾਂ ਰਾਹੀਂ ਰਾਜ ਸਰਕਾਰ ਦੀਆਂ ਸ਼ਕਤੀਆਂ ਨੂੰ ਘਟਾਉਣ ਦੀਆਂ ਕੋਸ਼ਿਸ਼ਾਂ ਤੋਂ ਸਪੱਸ਼ਟ ਹੈ। ਉਨ੍ਹਾ ਕਿਹਾ ਕਿ 'ਆਪ' ਦੀ ਅਸਲ ਤਾਕਤ ਇਸ ਨੂੰ ਦਿੱਲੀ ਦੇ ਲੋਕਾਂ ਤੋਂ ਮਿਲੇ ਪਿਆਰ ਅਤੇ ਆਸ਼ੀਰਵਾਦ ਵਿੱਚ ਹੈ।

ਸੰਸਦ ਮੈਂਬਰ ਨੇ ਬਿੱਲ ਦੀ ਸਖਤ ਆਲੋਚਨਾ ਕਰਦਿਆਂ ਇਸ ਨੂੰ ਰਾਸ਼ਟਰ ਵਿਰੋਧੀ ਕਰਾਰ ਦਿੱਤਾ। ਉਨ੍ਹਾ ਦਾ ਮੰਨਣਾ ਸੀ ਕਿ ਅਜਿਹੇ ਕਾਨੂੰਨ ਦੀ ਹਮਾਇਤ ਕਰਨ ਵਾਲਿਆਂ ਨੂੰ ਇਤਿਹਾਸ ਵਿੱਚ ਦੇਸ਼-ਵਿਰੋਧੀ ਵਜੋਂ ਯਾਦ ਕੀਤਾ ਜਾਵੇਗਾ, ਜਦਕਿ ਇਸ ਦਾ ਵਿਰੋਧ ਕਰਨ ਵਾਲਿਆਂ ਨੂੰ ਦੇਸ਼ ਭਗਤ ਵਜੋਂ ਦੇਖਿਆ ਜਾਵੇਗਾ। ਲੋਕ ਸਭਾ ਵਿੱਚ ਸੰਖਿਆਤਮਕ ਨੁਕਸਾਨ ਦਾ ਸਾਹਮਣਾ ਕਰਨ ਦੇ ਬਾਵਜੂਦ ਰਾਘਵ ਚੱਢਾ ਨੇ ਰਾਜ ਸਭਾ ਵਿੱਚ ਬਿੱਲ ਦੇ ਵਿਰੁੱਧ ਲੜਨ ਲਈ 'ਆਪ' ਅਤੇ ਇੰਡੀਆ ਸਮੂਹ ਦੇ ਦ੍ਰਿੜ੍ਹ ਇਰਾਦੇ ਦਾ ਪ੍ਰਗਟਾਵਾ ਕੀਤਾ।

ਮਨੀਪੁਰ ਵੱਲ ਧਿਆਨ ਕੇਂਦਰਤ ਕਰਦੇ ਹੋਏ ਉਨ੍ਹਾਂ ਰਾਜ ਵਿੱਚ 90 ਦਿਨਾਂ ਤੋਂ ਵੱਧ ਸਮੇਂ ਤੋਂ ਚੱਲ ਰਹੀ ਅਸ਼ਾਂਤੀ 'ਤੇ ਡੂੰਘੀ ਚਿੰਤਾ ਪ੍ਰਗਟ ਕੀਤੀ। ਉਨ੍ਹਾ ਇਸ ਔਖੇ ਸਮੇਂ ਵਿੱਚ ਮਨੀਪੁਰ ਦੇ ਲੋਕਾਂ ਲਈ ਕੇਂਦਰ ਸਰਕਾਰ ਦੀ ਕਾਰਵਾਈ ਅਤੇ ਸਮੱਰਥਨ ਦੀ ਘਾਟ ਦੀ ਆਲੋਚਨਾ ਕੀਤੀ। ਉਨ੍ਹਾ ਦੱਸਿਆ ਕਿ ਇੰਡੀਆ ਸਮੂਹ ਦੇ 21 ਮੈਂਬਰੀ ਵਫਦ ਨੇ ਸਥਿਤੀ ਨੂੰ ਸਮਝਣ ਲਈ ਮਨੀਪੁਰ ਦਾ ਦੌਰਾ ਕੀਤਾ ਸੀ ਅਤੇ ਉਨ੍ਹਾਂ ਨੇ ਰਾਸ਼ਟਰਪਤੀ ਨੂੰ

● ਬਾਕੀ ਸਫ਼ਾ 2 'ਤੇ

ਜੇਹਾ ਚੀਰੀ ਲਿਖਿਆ ਤੇਹਾ ਹੁਕਮੁ ਕਮਾਹਿ ॥ ਘਲੈ ਆਵਹਿ ਨਾਨਕਾ ਸਦੇ ਉਠੀ ਜਾਹਿ ॥

**ਭੋਗ ਅਤੇ ਅੰਤਿਮ ਅਰਦਾਸ**

ਵੀਰਵਾਰ, 03 ਅਗਸਤ 2023

ਸਮਾਂ : ਦੁਪਹਿਰ 12 ਤੋਂ 02 ਵਜੇ

ਸਥਾਨ : ਗੁਰਦੁਆਰਾ ਸ੍ਰੀ ਗੁਰੂ ਅਰਜਨ ਦੇਵ ਜੀ, ਪਿੰਡ ਮੌਂ ਸਾਹਿਬ, ਤਹਿ. ਫਿਲੌਰ ਜ਼ਿਲ੍ਹਾ ਜਲੰਧਰ



ਸ. ਗੁਰਬਿੰਦਰ ਸਿੰਘ ਅਟਵਾਲ
ਸਾਬਕਾ ਮੰਤਰੀ, ਪੰਜਾਬ

ਦੁਖੀ ਹਿਰਦੇ

**ਸਤਪਾਲ ਪਟਵਾਰੀ, ਹਰਵਿੰਦਰ ਕੁਮਾਰ ਹਾਲੈਂਡ, ਪਵਨ ਕੁਮਾਰ ਹਾਲੈਂਡ, ਸੋਮਪਾਲ ਮੈਗੜਾ ਕਾਂਗਰਸੀ ਆਗੂ**

**ਮੋਬਾ. 98140-60796**

CMYK

3-AUG-PAGE-1.qxd 8/2/2023 10:28 PM Page 2



## ਗੀਤਕਾਰ ਕੁਲਵਿੰਦਰ ਸਿੱਧੂ ਕਾਮੇਕਾ ਨਾਲ ਸਾਹਿਤਕ ਮਿਲਣੀ 6 ਨੂੰ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ)**- ਪੰਜਾਬੀ ਸਾਹਿਤ ਸਭਾ ਸ੍ਰੀ ਮੁਕਤਸਰ ਸਾਹਿਬ ਵੱਲੋਂ ਨੌਜਵਾਨ ਪੰਜਾਬੀ ਗੀਤਕਾਰ ਕੁਲਵਿੰਦਰ ਸਿੱਧੂ ਕਾਮੇ ਕਾ ਨਾਲ ਸਾਹਿਤਕ ਮਿਲਣੀ 6 ਅਗਸਤ ਨੂੰ ਸਵੇਰੇ 10 ਵਜੇ ਸਥਾਨਕ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਵਿਖੇ ਕੀਤੀ ਜਾਵੇਗੀ। ਇਹ ਜਾਣਕਾਰੀ ਦਿੰਦਿਆਂ ਪੰਜਾਬੀ ਸਾਹਿਤ ਸਭਾ ਦੇ ਪ੍ਰਧਾਨ ਬਲਦੇਵ ਸਿੰਘ ਇਕਵੰਨ ਨੇ ਦੱਸਿਆ ਕਿ ਇਸ ਮੌਕੇ ਹਾਜ਼ਰ ਲੇਖਕਾਂ ਵੱਲੋਂ ਆਪਣੀਆਂ ਰਚਨਾਵਾਂ ਦੀ ਪੇਸ਼ਕਾਰੀ ਵੀ ਕੀਤੀ ਜਾਵੇਗੀ । ਉਨ੍ਹਾਂ ਦੱਸਿਆ ਕਿ ਇਸ ਮੌਕੇ ਤੇ ਸਾਫ ਸੁਥਰੀ ਗੀਤਕਾਰੀ ਕਰਕੇ ਕੁਲਵਿੰਦਰ ਸਿੱਧੂ ਕਾਮੇ ਕਾ ਨੂੰ ਸਨਮਾਨਤ ਵੀ ਕੀਤਾ ਜਾਵੇਗਾ ।

## ਹੜ੍ਹ ਪੀੜਤਾਂ ਲਈ 400 ਰਾਸ਼ਨ ਕਿੱਟਾਂ, 2 ਟਰਾਲੀ ਪਸ਼ੂਆਂ ਲਈ ਹਰਾ ਚਾਰਾ ਤੇ 4500 ਪਾਣੀ ਦੀਆਂ ਬੋਤਲਾਂ ਦੀ ਸੇਵਾ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਫਾਜ਼ਿਲਕਾ ਦੇ ਹੜ੍ਹ ਪ੍ਰਭਾਵਿਤ ਖੇਤਰਾਂ ਦੇ ਲੋਕਾਂ ਲਈ ਵੱਖ ਵੱਖ ਸਮਾਜ ਸੇਵੀ ਸੰਸਥਾਵਾਂ ਵੱਲੋਂ ਰਾਹਤ ਸਮੱਗਰੀ ਭੇਜੀ ਗਈ ਹੈ। ਇਸੇ ਤਹਿਤ ਹੀ ਭਾਰਤੀ ਕਿਸਾਨ ਯੂਨੀਅਨ ਖੋਸਾ ਫਾਜ਼ਿਲਕਾ ਵੀ ਹੜ੍ਹ ਪੀੜਤ ਲੋਕਾਂ ਦੀ ਮਦਦ ਲਈ ਅੱਗੇ ਆਈ ਹੈ। ਭਾਰਤੀ ਕਿਸਾਨ ਯੂਨੀਅਨ ਦੇ ਜਨਰਲ ਸਕੱਤਰ ਗੁਣਵੰਤ ਸਿੰਘ ਪੰਜਾਵਾ ਨੇ ਦੱਸਿਆ ਕਿ ਭਾਰਤੀ ਕਿਸਾਨ ਯੂਨੀਅਨ ਵੱਲੋਂ ਹੜ੍ਹ ਪੀੜਤਾਂ ਲਈ 400 ਰਾਸ਼ਨ ਕਿੱਟਾਂ, 2 ਟਰਾਲੀ ਪਸ਼ੂਆਂ ਲਈ ਹਰਾ ਚਾਰਾ ਅਤੇ 4500 ਪਾਣੀ ਦੀਆਂ ਬੋਤਲਾਂ ਭੇਜੀਆਂ ਗਈਆਂ ਹਨ। ਉਨ੍ਹਾ ਕਿਹਾ ਕਿ ਵੱਖ ਵੱਖ ਪਿੰਡਾਂ ਦੇ ਲੋਕਾਂ ਨੂੰ ਸਮੇਂ ਸਮੇਂ 'ਤੇ ਯੂਨੀਅਨ ਵੱਲੋਂ ਰਾਹਤ ਸਮੱਗਰੀ ਭੇਜੀ ਗਈ। ਉਨ੍ਹਾਂ ਕਿਹਾ ਕਿ ਇਨ੍ਹਾਂ ਲੋਕਾਂ ਲਈ ਸਾਡੀ ਸਮੁੱਚੀ ਟੀਮ ਵੱਲੋਂ ਹੜ੍ਹ ਪੀੜਤਾਂ ਨੂੰ ਜੋ ਰਾਹਤ ਸਮੱਗਰੀ ਦਿੱਤੀ ਗਈ ਹੈ ਇਹ ਅਗਾਂਹ ਵੀ ਜਾਰੀ ਰਹੇਗੀ। ਉਨ੍ਹਾਂ ਕਿਹਾ ਕਿ ਸੰਕਟ ਦੀ ਇਸ ਔਖੀ ਘੜੀ ਵਿਚ ਲੋਕਾਂ ਦੀ ਮਦਦ ਕਰਨਾ ਸਾਡਾ ਫਰਜ਼ ਬਣਦਾ ਹੈ। ਉਨ੍ਹਾਂ ਕਿਹਾ ਕਿ ਹੜ੍ਹ ਪੀੜ੍ਹਤ ਲੋਕਾਂ ਦੀ ਮਦਦ ਲਈ ਹੋਰਨਾਂ ਸਮਾਜ ਸੇਵੀ ਸੰਸਥਾਵਾਂ ਨੂੰ ਵੀ ਅੱਗੇ ਆਉਣਾ ਚਾਹੀਦਾ ਹੈ ਤੇ ਸਰਹੱਦੀ ਪਿੰਡਾਂ ਦੇ ਲੋਕਾਂ ਦੀ ਭਲਾਈ ਲਈ ਯਤਨ ਕਰਨੇ ਚਾਹੀਦੇ ਹਨ।

## ਐੱਨ ਐੱਸ ਐੱਸ ਵਲੰਟੀਅਰਜ਼ ਦਾ ਬਲੱਡ ਗਰੁੱਪਿੰਗ ਕੈਂਪ ਲਗਾਇਆ

**ਲਹਿਰਾ ਮੁਹੱਬਤ, (ਭੀਮ ਸੈਨ ਹਦਵਾਰੀਆ)**- ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਰਘਵੀਰ ਸਿੰਘ ਮਾਨ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਅਤੇ ਸਕੂਲ ਪ੍ਰਿੰਸੀਪਲ ਗੀਤਾ ਅਰੋੜਾ ਦੀ ਅਗਵਾਈ ਹੇਠ ਅਤੇ ਐਨ ਐਸ ਐਸ ਯੂਨਿਟ ਵੱਲੋਂ ਪ੍ਰੋਗਰਾਮ ਅਫਸਰ ਮੋਹਿਤ ਭੰਡਾਰੀ ਦੇ ਯਤਨਾਂ ਸਦਕਾ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਮਹਿਰਾਜ ਵਿਖੇ ਸਕੂਲ ਦੇ ਐਨ ਐਸ ਐਸ ਦੇ ਵਲੰਟੀਅਰਜ਼ ਦਾ ਬਲੱਡ ਗਰੁੱਪਿੰਗ ਕੈਂਪ ਸੀ. ਐਚ. ਸੀ. ਮਹਿਰਾਜ ਦੇ ਡਾ. ਅਮਨਦੀਪ ਕੌਰ ਦੇ ਸਹਿਯੋਗ ਨਾਲ ਲਗਾਇਆ ਗਿਆ। ਪ੍ਰਿੰਸੀਪਲ ਗੀਤਾ ਅਰੋੜਾ ਨੇ ਸੀ. ਐਚ. ਸੀ. ਮਹਿਰਾਜ ਦੀ ਸਮੁੱਚੀ ਟੀਮ ਦਾ ਧੰਨਵਾਦ ਕੀਤਾ। ਪ੍ਰੋਗਰਾਮ ਅਫਸਰ ਮੋਹਿਤ ਭੰਡਾਰੀ ਨੇ ਬੱਚਿਆਂ ਨੂੰ ਖੂਨਦਾਨ ਕਰਨ ਲਈ ਪ੍ਰੇਰਿਤ ਕਰਦਿਆਂ ਖੂਨ ਦੇ ਵੱਖ-ਵੱਖ ਗਰੁੱਪਾਂ ਬਾਰੇ ਜਾਣਕਾਰੀ ਦਿੱਤੀ। ਡਾ. ਅਮਨਦੀਪ ਕੌਰ ਨੇ ਬੱਚਿਆਂ ਨੂੰ ਵੱਖ-ਵੱਖ ਬਿਮਾਰੀਆਂ ਤੋਂ ਬਚਾਅ ਸੰਬੰਧੀ ਜਾਣਕਾਰੀ ਦਿੱਤੀ। ਇਸ ਮੌਕੇ ਸਕੂਲ ਦੇ ਹੈਲਥ ਕੇਅਰ ਦੇ ਵੋਕੇਸ਼ਨਲ ਟ੍ਰੇਨਰ ਪ੍ਰਦੀਪ ਕੌਰ, ਸਹਾਇਕ ਪ੍ਰੋਗਰਾਮ ਅਫਸਰ ਸੁਖਵੀਰ ਕੌਰ, ਲੈਬ ਟੈਕਨੀਸ਼ੀਅਨ ਜਸਵਿੰਦਰ ਸਿੰਘ, ਸਟਾਫ ਨਰਸ ਸੁਸ਼ੀਲ, ਸੰਜੀਵ ਕੁਮਾਰ, ਹਰਦੀਪ ਸਿੰਘ ਆਦਿ ਸਟਾਫ ਮੈਂਬਰ ਹਾਜ਼ਰ ਸਨ ।

## ਕੈਪਟਨ ਲੀਗ 2023 ਦਾ ਫਾਈਨਲ ਮੁਕਾਬਲਾ 6 ਨੂੰ

**ਬਾਘਾ ਪੁਰਾਣਾ (ਮਨੀ ਸਿੰਗਲਾ)**- ਸਟਾਰ ਕ੍ਰਿਕਟ ਕਲੱਬ ਜੋ ਕ੍ਰਿਕਟ ਦੀ ਦੁਨੀਆ ਵਿਚ ਇਕ ਵੱਖਰੀ ਪਛਾਣ ਬਣਾ ਚੁੱਕੀ ਹੈ। ਸਟਾਰ ਕ੍ਰਿਕਟ ਕਲੱਬ ਵੱਲੋਂ ਸਥਾਨਕ ਸ਼ਹਿਰ ਦੇ ਰੋਡੇ ਰੋਡ ਉਪਰ ਸਥਿਤ ਤੀਰਥ ਸਟੇਡੀਅਮ ਵਿਖੇ ਕ੍ਰਿਕਟ ਟੂਰਨਾਮੈਂਟ ਦਾ ਆਯੋਜਨ ਕੀਤਾ ਗਿਆ, ਜਿਸ ਦਾ ਫਾਈਨਲ ਮੁਕਾਬਲਾ 6 ਅਗਸਤ ਨੂੰ ਖੇਡਿਆ ਜਾਵੇਗਾ। ਇਸ ਟੂਰਨਾਮੈਂਟ ਵਿਚ ਮੁੱਖ ਮਹਿਮਾਨ ਦੇ ਤੌਰ 'ਤੇ ਰਮਨਦੀਪ ਅਗਰਵਾਲ ਐਕਸਪਰਟ ਇਮੀਗ੍ਰੇਸ਼ਨ ਵਾਲੇ ਅਤੇ ਮਨਦੀਪ ਕੁਮਾਰ ਸ਼ੰਕਰ ਜਿਊਲਰਜ਼ ਵਾਲੇ ਸ਼ਿਰਕਤ ਕਰਨਗੇ। ਕਲੱਬ ਪ੍ਰਧਾਨ ਰਾਹੁਲ ਗਰਗ ਨੇ ਕਿਹਾ ਕਿ ਇਸ ਵਾਰ ਫਾਈਨਲ ਮੁਕਾਬਲਾ ਚੰਦਰ ਚਾਰਜਰ ਅਤੇ ਟਾਇਟਨਸ ਦੇ ਵਿਚਕਾਰ 6 ਅਗਸਤ ਨੂੰ ਹੋਵੇਗਾ। ਕ੍ਰਿਕਟ ਦੇ ਫਾਈਨਲ ਮੁਕਾਬਲੇ ਦੀ ਰਸਮ ਮਨਦੀਪ ਕੁਮਾਰ ਵੱਲੋਂ ਰੀਬਨ ਕੱਟ ਕੇ ਕੀਤੀ ਜਾਵੇਗੀ ਅਤੇ ਜੇਤੂ ਟੀਮ ਨੂੰ ਇਨਾਮ ਵੰਡਣ ਦੀ ਰਸਮ ਰਮਨਦੀਪ ਅਗਰਵਾਲ ਕਰਨਗੇ। ਇਸ ਮੌਕੇ ਕਲੱਬ ਦੇ ਸੀਨੀਅਰ ਅਧਿਕਾਰੀ ਜੁੱਗੂ ਸ਼ਰਮਾ, ਪੰਕਜ ਬਾਂਸਲ (ਇੰਗਲਸ਼ ਸਟੂਡੀਓ ਵਾਲੇ), ਡਾ. ਰਾਹੁਲ, ਰਿੰਕੂ ਮੰਗਲਾ, ਜੱਗੀ ਜਿਊਲਰਜ਼ ਵਾਲੇ ਅਤੇ ਪੰਕਜ ਬਾਂਸਲ ਕਰਿਆਨੇ ਵਾਲੇ ਨੇ ਕਿਹਾ ਕਿ ਉਨ੍ਹਾਂ ਦਾ ਕ੍ਰਿਕਟ ਟੂਰਨਾਮੈਂਟ ਕਰਵਾਉਣ ਦਾ ਇੱਕੋ ਇਕ ਮਨੋਰਥ ਹੈ ਕਿ ਨੌਜਵਾਨ ਪੀੜ੍ਹੀ ਨੂੰ ਖੇਡਾਂ ਵੱਲ ਪ੍ਰੇਰਿਤ ਕਰਨਾ। ਕਿਉਂਕਿ ਜੇਕਰ ਨੌਜਵਾਨ ਪੀੜ੍ਹੀ ਖੇਡਾਂ ਵੱਲ ਖਿੱਚੀ ਜਾਵੇਗੀ ਤਾਂ ਉਹ ਨਸ਼ਿਆਂ ਅਤੇ ਗਲਤ ਕੰਮਾਂ ਵਿਚ ਘੱਟ ਪੈਣਗੇ ।

## ਸੀਨੀਅਰ ਸੈਕੰਡਰੀ ਸਕੂਲ ਵਲੂਰ 'ਚ ਟ੍ਰੈਫਿਕ ਜਾਗਰੂਕਤਾ ਸੈਮੀਨਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)** : ਸੜਕ ਸੁਰੱਖਿਆ ਨਿਯਮਾਂ ਦੀ ਪਾਲਣਾ ਕਰਨ ਦੇ ਫਾਇਦਿਆਂ ਬਾਰੇ ਵਿਦਿਆਰਥੀਆਂ ਵਿਚ ਜਾਗਰੂਕਤਾ ਪੈਦਾ ਕਰਨ ਦੇ ਉਦੇਸ਼ ਨਾਲ ਪ੍ਰਿੰਸੀਪਲ ਪੂਨਮ ਕਾਲੜਾ ਦੀ ਦੇਖ ਰੇਖ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਲੂਰ ਵਿਖੇ ਟ੍ਰੈਫਿਕ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ। ਪ੍ਰਿੰਸੀਪਲ ਪੂਨਮ ਕਾਲੜਾ ਨੇ ਕਿਹਾ ਕਿ ਸੜਕ-ਟ੍ਰੈਫਿਕ ਸੱਟਾਂ ਦੁਨੀਆ ਭਰ ਵਿੱਚ ਮੌਤ ਅਤੇ ਅਪਾਹਜਤਾ ਦਾ ਇੱਕ ਵੱਡਾ ਕਾਰਨ ਹਨ, ਹਰ ਸਾਲ ਲਗਭਗ 1.3 ਮਿਲੀਅਨ ਮੌਤਾਂ ਅਤੇ ਲਗਭਗ 50 ਮਿਲੀਅਨ ਸੜਕ ਹਾਦਸਿਆਂ ਦੇ ਨਾਲ ਹੁੰਦੀਆਂ ਹਨ। ਵਿਸ਼ਵ ਪੱਧਰ 'ਤੇ 4 ਵਿੱਚੋਂ 1 ਮੌਤ ਪੈਦਲ ਚੱਲਣ ਵਾਲਿਆਂ ਅਤੇ ਸਾਈਕਲ ਸਵਾਰਾਂ ਵਿੱਚ ਹੁੰਦੀ ਹੈ। ਟਰੈਫਿਕ ਸੈੱਲ ਫਿਰੋਜ਼ਪੁਰ ਦੇ ਇੰਚਾਰਜ ਲਖਬੀਰ ਸਿੰਘ ਅਤੇ ਉਨ੍ਹਾਂ ਦੀ ਟੀਮ ਨੇ ਸੜਕ ਹਾਦਸਿਆਂ ਵਿੱਚ ਹੋਣ ਵਾਲੀਆਂ ਮੌਤਾਂ ਦੇ ਚਿੰਤਾਜਨਕ ਅੰਕੜਿਆਂ ਨੂੰ ਉਜਾਗਰ ਕਰਦਿਆਂ ਉਨ੍ਹਾਂ ਵਿਦਿਆਰਥੀਆਂ ਨੂੰ ਸੜਕ ਸੁਰੱਖਿਆ ਨਿਯਮਾਂ ਦੀ ਸਖ਼ਤੀ ਨਾਲ ਪਾਲਣਾ ਕਰਨ ਦੀ ਸਲਾਹ ਵੀ ਦਿੱਤੀ। ਉਨ੍ਹਾਂ ਕਿਹਾ ਵਾਹਨ ਨੂੰ ਓਵਰਟੇਕ ਕਰਦੇ ਸਮੇਂ ਸੜਕ 'ਤੇ ਕੁਝ ਸਕਿੰਟਾਂ ਦਾ ਫੈਸਲਾ ਹੁੰਦਾ ਹੈ, ਜਿਸ ਨਾਲ ਨਾ ਸਿਰਫ ਤੁਹਾਡੀ ਜਾਨ ਬਚਾਈ ਜਾ ਸਕਦੀ ਹੈ ਬਲਕਿ ਪਰਵਾਰ ਦੇ ਮੈਂਬਰਾਂ ਨੂੰ ਵੀ ਖੁਸ਼ ਰੱਖਿਆ ਜਾ ਸਕਦਾ ਹੈ। ਟਰਾਂਸਪੋਰਟ ਦਫ਼ਤਰ ਦੇ ਅਧਿਕਾਰੀ ਰਵਿੰਦਰ ਭੱਟੀ ਨੇ ਵਿਦਿਆਰਥੀਆਂ ਅਤੇ ਆਮ ਲੋਕਾਂ ਨੂੰ ਪੁਲਸ ਵੱਲੋਂ ਚਲਾਨ ਕੱਟਣ ਤੋਂ ਬਚਣ ਅਤੇ ਡਰਾਈਵਿੰਗ ਦੌਰਾਨ ਤਣਾਅ ਮੁਕਤ ਮਹਿਸੂਸ ਕਰਨ ਲਈ ਆਰਸੀ, ਡਰਾਈਵਿੰਗ ਲਾਇਸੰਸ ਬੀਮੇ ਅਤੇ ਪ੍ਰਦੂਸ਼ਣ ਸੰਬੰਧੀ ਜ਼ਰੂਰੀ ਦਸਤਾਵੇਜ਼ ਆਪਣੇ ਕੋਲ ਰੱਖਣ ਲਈ ਕਿਹਾ। ਇਸ ਮੌਕੇ ਸਮੂਹ ਸਟਾਫ਼ ਹਾਜ਼ਰ ਸੀ।

## ਬਾਦਲ 'ਚ ਅੰਤਰ ਸਕੂਲ ਮਾਈਮ ਮੁਕਾਬਲਾ

**ਲੰਬੀ/ਮਲੋਟ, (ਗੁਰਮੀਤ ਸਿੰਘ ਮੱਕੜ)**:-ਪਿੰਡ ਬਾਦਲ ਵਿਚ ਪ੍ਰਕਾਸ਼ ਸਿੰਘ ਬਾਦਲ ਅੰਤਰ ਸਕੂਲ ਮਾਈਮ ਮੁਕਾਬਲੇ ਦੇ ਕੇਂਦਰ ਵਿਚ ਹੋਣ ਕਾਰਨ ਹਵਾ ਉਤਸ਼ਾਹ ਨਾਲ ਭਰ ਗਈ। ਮਾਤਾ ਜਸਵੰਤ ਕੌਰ ਮੈਮੋਰੀਅਲ ਸਕੂਲ ਵੱਲੋਂ ਮੇਜ਼ਬਾਨੀ ਕੀਤੀ ਗਈ। ਇਹ ਸਮਾਗਮ ਕਲਾ ਅਤੇ ਪ੍ਰਗਟਾਵੇ ਦਾ ਜਸ਼ਨ ਸਾਬਤ ਹੋਇਆ, ਜਿਸ ਵਿਚ ਖੇਤਰ ਦੇ ਵੱਖ-ਵੱਖ ਸਕੂਲਾਂ ਨੇ ਮਾਈਮ ਦੇ ਮਨਮੋਹਕ ਕਲਾ ਰੂਪ ਵਿਚ ਆਪਣੀ ਬੇਮਿਸਾਲ ਪ੍ਰਤਿਭਾ ਦਾ ਪ੍ਰਦਰਸ਼ਨ ਕਰਨ ਲਈ ਇਕੱਠੇ ਹੋਏ। ਦਸ਼ਮੇਸ਼ ਗਰਲਜ਼ ਸਕੂਲ ਬਾਦਲ ਨੇ ਆਪਣੀ ਕਾਬਲੀਅਤ ਦਾ ਸਬੂਤ ਦਿੰਦੇ ਹੋਏ ਆਪਣੇ ਸ਼ਾਨਦਾਰ ਪ੍ਰਦਰਸ਼ਨ ਨਾਲ ਜੇਤੂ ਟਰਾਫੀ ਜਿੱਤੀ। ਰਨਰਅੱਪ ਟਰਾਫੀ ਸਿੰਘੇਵਾਲਾ ਦੇ ਆਕਸਫੋਰਡ ਇੰਟਰਨੈਸ਼ਨਲ ਸਕੂਲ ਵੱਲੋਂ ਪ੍ਰਾਪਤ ਕੀਤੀ ਗਈ। ਮੰਡੀ ਡੱਬਵਾਲੀ ਦੇ ਕਿਡਜ਼ ਕਿੰਗਡਮ ਕਾਨਵੈਂਟ ਸਕੂਲ ਨੇ ਆਪਣੇ ਦਿਲਕਸ਼ ਪ੍ਰਦਰਸ਼ਨ ਨਾਲ ਦੂਜੀ ਰਨਰਅੱਪ ਟਰਾਫੀ ਹਾਸਲ ਕੀਤੀ। ਮਾਤਾ ਜਸਵੰਤ ਕੌਰ ਮੈਮੋਰੀਅਲ ਸਕੂਲ, ਬਾਦਲ ਨੂੰ ਸਰਵੋਤਮ ਪ੍ਰਦਰਸ਼ਨਕਾਰ ਵਜੋਂ ਮਾਨਤਾ ਦਿੱਤੀ ਗਈ। ਪਿੰਡ ਬਾਦਲ ਦੇ ਦਸ਼ਮੇਸ਼ ਗਰਲਜ਼ ਕਾਲਜ ਦੇ ਪ੍ਰਿੰਸੀਪਲ ਡਾ. ਐਸ.ਐਸ.ਸਾਂਘਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਤੋਂ ਇਲਾਵਾ ਹੋਰਨਾਂ ਮਹਿਮਾਨਾਂ ਵਿਚ ਮਾਲਵਾ ਸਕੂਲ ਦੇ ਪ੍ਰਿੰਸੀਪਲ ਕਰਨਲ ਸੁਧਾਂਸ਼ੂ ਆਰੀਆ, ਕਿਡਜ਼ ਕਿੰਗਡਮ ਕਾਨਵੈਂਟ ਸਕੂਲ ਦੇ ਪ੍ਰਿੰਸੀਪਲ ਡਾ. ਪਵਨ ਕੁਮਾਰ, ਆਕਸਫੋਰਡ ਇੰਟਰਨੈਸ਼ਨਲ ਸਕੂਲ ਦੇ ਪ੍ਰਿੰਸੀਪਲ ਗੁਰਜੋਤ ਸਿੰਘ ਅਤੇ ਗੁਰਚਰਨ ਸਿੰਘ ਨੇ ਸਹਿਯੋਗ ਦਿੱਤਾ। ਸਮਾਪਤ 'ਤੇ ਮਾਤਾ ਜਸਵੰਤ ਕੌਰ ਮੈਮੋਰੀਅਲ ਸਕੂਲ ਦੇ ਪ੍ਰਿੰਸੀਪਲ ਪੁਸ਼ਪਿੰਦਰ ਕੁਮਾਰ ਰਾਣਾ ਨੇ ਤਹਿ ਦਿਲੋਂ ਧੰਨਵਾਦ ਕੀਤਾ।

## 'ਜੀਵਨ ਵਿਗਿਆਨ' ਕਾਰਜਸ਼ਾਲਾ ਦਾ ਆਯੋਜਨ

**ਜਗਰਾਉਂ (ਅਮਿਤ ਖੰਨਾ)** ਮਹਾਪ੍ਰਗਯ ਸਕੂਲ ਵਿਖੇ ਡਾਇਰੈਕਟਰ ਸ੍ਰੀ ਵਿਸ਼ਾਲ ਜੈਨ ਜੀ ਦੀ ਵਿਦਿਆਰਥੀਆਂ ਨੂੰ ਸੁਸੰਸਕ੍ਰਿਤ ਬਣਾਉਣ ਦੀ ਸੋਚ ਦੇ ਮੱਦੇਨਜ਼ਰ ਜੀਵਨ ਵਿਗਿਆਨ ਕਾਰਜਸ਼ਾਲਾ ਦਾ ਆਯੋਜਨ ਕੀਤਾ ਗਿਆ। ਸਕੂਲ ਵਿਦਿਆਰਥੀਆਂ ਵੱਲੋਂ 'ਸੰਯਮ ਜੀਵਨ ਹੋ' ਪ੍ਰਾਰਥਨਾ ਗੀਤ ਮਿੱਠੀ ਅਵਾਜ਼ ਵਿੱਚ ਗਾ ਕੇ ਸਮਾਗਮ ਦੀ ਸ਼ੁਰੂਆਤ ਕੀਤੀ ਗਈ, ਜਿਸ ਵਿੱਚ ਸ੍ਰੀ ਓਮ ਪ੍ਰਕਾਸ਼ ਜੈਨ ਜੀ (ਅਨੁਵਰਤ ਸਮਿਤੀ ਟਿਟਲਾਗੜ੍ਹ, ਉੜੀਸਾ) ਨੇ ਵਿਦਿਆਰਥੀਆਂ ਨੂੰ ਨੈਤਿਕ, ਸਦਾਚਾਰੀ ਤੇ ਅਨੁਸ਼ਾਸਤ ਜੀਵਨ ਜਿਊਣ ਲਈ ਪ੍ਰੇਰਤ ਕੀਤਾ।

ਉਨ੍ਹਾਂ ਵਿਦਿਆਰਥੀਆਂ ਨੂੰ ਸਰਲ ਤੇ ਮਹੱਤਵਪੂਰਨ ਯੋਗ ਆਸਨ ਸਿਖਾਏ, ਜੋ ਯਾਦਦਾਸ਼ਤ ਨੂੰ ਵਧਾਉਣ, ਖੁਦ ਨੂੰ ਸੰਜਮ 'ਚ ਰੱਖਣ, ਸੁਚੇਤ ਰਹਿਣ ਅਤੇ ਤੰਦਰੁਸਤ ਰਹਿਣ ਲਈ ਸਹਾਇਕ ਹਨ। ਇਸ ਤੋਂ ਇਲਾਵਾ ਉਨ੍ਹਾਂ ਨੇ ਅਨੁਵਰਤ ਲੈ ਕੇ ਖੁਦ 'ਤੇ ਕਾਬੂ ਪਾਉਣ ਦਾ ਢੰਗ ਤਰੀਕਾ, ਗੁੱਸਾ ਦਾ ਤਿਆਗ ਕਰਕੇ ਅਮਨ ਤੇ ਸ਼ਾਂਤੀ ਦੇ ਰਾਹ 'ਤੇ ਚੱਲਣ ਲਈ ਪ੍ਰੇਰਿਆ। ਇਸ ਮੌਕੇ ਸਕੂਲ ਪ੍ਰਿੰਸੀਪਲ ਪ੍ਰਭਜੀਤ ਕੌਰ, ਮੈਨੇਜਰ ਮਨਜੀਤ ਇੰਦਰ ਕੁਮਾਰ, ਵਾਈਸ ਪ੍ਰਿੰਸੀਪਲ ਅਮਰਜੀਤ ਕੌਰ ਤੇ ਅਧਿਆਪਕ ਮੌਜੂਦ ਸਨ।

## ਸਰਵਹਿੱਤਕਾਰੀ ਵਿੱਦਿਆ ਮੰਦਰ 'ਚ ਲੱਗਾ ਵਿਗਿਆਨ ਮੇਲਾ

**ਮੁਕਤਸਰ (ਸ਼ਮਿੰਦਰਪਾਲ/ਪੂਜਾ)** ਸ੍ਰੀ ਮੁਕਤਸਰ ਸਾਹਿਬ ਦੇ ਬੂੜਾ ਗੁੱਜਰ ਰੋਡ ਸਥਿਤ ਸਰਵਹਿੱਤਕਾਰੀ ਵਿਦਿਆ ਮੰਦਿਰ ਸੀਨੀਅਰ ਸੈਕੰਡਰੀ ਸਕੂਲ ਵਿਖੇ ਇਕਰੋਜ਼ਾ ਵਿਗਿਆਨ ਮੇਲੇ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਪਹਿਲੀ ਜਮਾਤ ਤੋਂ ਦਸਵੀਂ ਜਮਾਤ ਤੱਕ ਦੇ 56 ਵਿਦਿਆਰਥੀਆਂ ਨੇ ਵੱਖ-ਵੱਖ ਵਿਸ਼ਿਆਂ 'ਤੇ ਮਾਡਲ ਤਿਆਰ ਕੀਤੇ ਅਤੇ ਆਏ ਮਹਿਮਾਨਾਂ ਨੂੰ ਐਕਸਪੈਰੀਮੈਂਟ ਕਰਕੇ ਦਿਖਾਇਆ। ਪ੍ਰਬੰਧਕਾਂ ਤੇ ਆਏ ਮਹਿਮਾਨਾਂ ਵੱਲੋਂ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ। ਸਕੂਲ ਪ੍ਰਿੰਸੀਪਲ ਬਿੰਦਰਪਾਲ ਕੌਰ ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ। ਇਸ ਮੌਕੇ ਪ੍ਰਧਾਨ ਅਸ਼ੋਕ ਕਮਰਾ, ਮੈਨੇਜਰ ਡਾਕਟਰ ਅਜੇ ਛਾਬੜਾ, ਵਿਭਾਗ ਸਚਿਵ ਪੂਰਨ ਚੰਦ, ਵੀਨਾ ਸਚਦੇਵਾ, ਹੇਮੰਤ ਧਵਨ, ਬੀਰਬਲ ਸ਼ਰਮਾ, ਸਾਇੰਸ ਅਧਿਆਪਕ ਮੀਨਾਕਸੀ, ਮੇਨਕਾ, ਵੀਰਜੋਤ, ਸ਼ਿਸ਼ੂ ਵਾਟਿਕਾ ਇੰਚਾਰਜ ਆਸ਼ਾ ਰਾਣੀ ਤੇ ਸਮੂਹ ਸਟਾਫ ਹਾਜ਼ਰ ਸੀ।

## ਐਡੀਸਨ ਇੰਸਟੀਚਿਊਟ ਨੇ ਕੈਨੇਡਾ ਦਾ ਸਟੱਡੀ ਵੀਜ਼ਾ ਸਿਰਫ ਨੌਂ ਦਿਨਾਂ 'ਚ ਲਗਵਾ ਕੇ ਦਿੱਤਾ

**ਬਾਘਾਪੁਰਾਣਾ (ਮਨੀ ਸਿੰਗਲਾ)**-ਸਥਾਨਕ ਕੋਟਕਪੂਰਾ ਸੜਕ ਉੱਪਰ ਸਥਿਤ ਇਲਾਕੇ ਦੀ ਨਾਮਵਰ ਸੰਸਥਾ ਐਡੀਸਨ ਇੰਸਟੀਚਿਊਟ ਜੋ ਕਿ ਆਈਲਟਸ ਦੇ ਖੇਤਰ ਵਿੱਚ ਮੁਹਾਰਤ ਹਾਸਲ ਕਰਨ ਦੇ ਨਾਲ-ਨਾਲ ਇਮੀਗ੍ਰੇਸ਼ਨ ਸਰਵਿਸਿਜ਼ ਵੀ ਬਹੁਤ ਹੀ ਸੁਚੱਜੇ ਢੰਗ ਨਾਲ ਨਿਭਾਅ ਰਿਹਾ ਹੈ। ਡਾਇਰੈਕਟਰ ਹਰਿੰਦਰ ਸਿੰਘ ਬਰਾੜ ਰੋਡੇ ਨੇ ਦੱਸਿਆ ਕਿ ਸਿਮਰਨਜੀਤ ਕੌਰ ਗਿੱਲ ਸਪੁੱਤਰੀ ਬਲਦੇਵ ਸਿੰਘ ਵਾਸੀ ਰਾਮੂੰਵਾਲਾ ਨਵਾਂ ਦਾ ਕੈਨੇਡਾ ਦਾ ਸਟੱਡੀ ਵੀਜ਼ਾ ਸਿਰਫ ਨੌਂ ਦਿਨਾਂ ਅੰਦਰ ਲਗਵਾ ਕੇ ਦਿੱਤਾ ਹੈ। ਉਨ੍ਹਾ ਦੱਸਿਆ ਕਿ ਸੰਸਥਾ ਵੱਲੋਂ ਸਟੱਡੀ, ਨੈਨੀ, ਓਪਨ ਵਰਕ ਪਰਮਿਟ ਵੀਜ਼ਾ ਦੇ ਨਾਲ-ਨਾਲ ਪੀ ਆਰ ਕੇਸਾਂ ਬਾਰੇ ਵੀ ਵਧੀਆ ਸਰਵਿਸ ਦਿੱਤੀ ਜਾ ਰਹੀ ਹੈ। ਡਾਇਰੈਕਟਰ ਹਰਿੰਦਰ ਸਿੰਘ ਬਰਾੜ ਰੋਡੇ ਨੇ ਵਿਦਿਆਰਥਣ ਨੂੰ ਵੀਜ਼ੇ ਦੀ ਕਾਪੀ ਸੌਂਪਦਿਆਂ ਵਧਾਈ ਦਿੱਤੀ।

# ਪੱਤਰਕਾਰਾਂ ਲਈ ਆਨਲਾਈਨ ਐਕਰੀਡੇਸ਼ਨ ਪੋਰਟਲ ਜਾਰੀ



**ਚੰਡੀਗੜ੍ਹ, (ਕ੍ਰਿਸ਼ਨ ਗਰਗ)**-ਸੁਖਾਲੀ ਅਤੇ ਪਾਰਦਰਸ਼ੀ ਪ੍ਰਕਿਰਿਆ ਦੀ ਦਿਸ਼ਾ ਵਿੱਚ ਇੱਕ ਕਦਮ ਹੋਰ ਵਧਾਉਂਦਿਆਂ ਪੰਜਾਬ ਦੇ ਸੂਚਨਾ ਅਤੇ ਲੋਕ ਸੰਪਰਕ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਵੱਲੋਂ ਇੱਥੇ ਪੰਜਾਬ ਸਿਵਲ ਸਕੱਤਰੇਤ-1 ਸਥਿਤ ਆਪਣੇ ਦਫ਼ਤਰ ਵਿਖੇ ਪੱਤਰਕਾਰਾਂ ਲਈ ਆਨਲਾਈਨ ਪੋਰਟਲ ਜਾਰੀ ਕੀਤਾ ਗਿਆ। ਇਹ ਪੋਰਟਲ ਪੱਤਰਕਾਰਾਂ ਨੂੰ ਮਾਨਤਾ ਹਾਸਲ ਕਰਨ ਸੰਬੰਧੀ ਪ੍ਰਕਿਰਿਆ ਨੂੰ ਸੁਖਾਲਾ ਬਣਾਏਗਾ। ਸੂਚਨਾ ਤੇ ਲੋਕ ਸੰਪਰਕ ਵਿਭਾਗ ਦੇ ਇਸ ਪੋਰਟਲ ਨੂੰ ਐੱਨ ਆਈ ਸੀ ਪੰਜਾਬ ਵੱਲੋਂ ਤਿਆਰ ਕੀਤਾ ਗਿਆ ਹੈ। ਪੋਰਟਲ ਨੂੰ ਲਾਂਚ ਕਰਨ ਉਪਰੰਤ ਕੈਬਨਿਟ ਮੰਤਰੀ ਜੌੜਾਮਾਜਰਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਅਪਣਾਈ ਗਈ ਪਾਰਦਰਸ਼ਤਾ ਦੀ ਨੀਤੀ ਨੂੰ ਪੱਤਰਕਾਰਾਂ ਨੂੰ ਦਿੱਤੀਆਂ ਜਾਣ ਵਾਲੀਆਂ ਸਰਕਾਰੀ ਸੇਵਾਵਾਂ ਵਿੱਚ ਵੀ ਲਾਗੂ ਕਰਨ ਦੀ ਦਿਸ਼ਾ ਵਿੱਚ ਇਹ ਕਦਮ ਪੁੱਟਿਆ ਗਿਆ ਹੈ ਤਾਂ ਜੋ ਪੱਤਰਕਾਰਾਂ ਨੂੰ ਸੂਚਨਾ ਤੇ ਲੋਕ ਸੰਪਰਕ ਵਿਭਾਗ ਨੂੰ ਸੇਵਾਵਾਂ ਹਾਸਲ ਕਰਨ ਸਮੇਂ ਪਾਰਦਰਸ਼ਤਾ, ਜਵਾਬਦੇਹੀ ਅਤੇ ਪਹੁੰਚ ਨੂੰ ਆਸਾਨ ਬਣਾਇਆ ਜਾ ਸਕੇ। ਉਨ੍ਹਾ ਕਿਹਾ ਕਿ ਇਹ ਪੋਰਟਲ ਸੁਚਾਰੂ ਢੰਗ ਨਾਲ ਤਕਨਾਲੋਜੀ ਦੇ ਇਸਤੇਮਾਲ ਜ਼ਰੀਏ ਪੱਤਰਕਾਰਾਂ ਨੂੰ ਮਾਨਤਾ ਜਾਰੀ ਕਰਨ ਦੀ ਪ੍ਰਕਿਰਿਆ ਨੂੰ ਵਧੇਰੇ ਸਰਲ ਬਣਾਉਣ ਤੋਂ ਇਲਾਵਾ ਯਕੀਨੀ ਬਣਾਏਗਾ ਕਿ ਪੱਤਰਕਾਰਾਂ ਨੂੰ ਕੋਈ ਗ਼ੈਰ-ਜ਼ਰੂਰੀ ਪ੍ਰਸ਼ਾਸਕੀ ਅੜਚਣ ਨਾ ਆਵੇ ਅਤੇ ਉਹ ਪੂਰੀ ਤਰ੍ਹਾਂ ਸੁਤੰਤਰ ਹੋ ਕੇ ਆਪਣੇ ਕੰਮ 'ਤੇ ਧਿਆਨ ਕੇਂਦਰਤ ਕਰ ਸਕਣ। ਸੂਚਨਾ ਤੇ ਲੋਕ ਸੰਪਰਕ ਵਿਭਾਗ ਦੇ ਸਕੱਤਰ ਮਾਲਵਿੰਦਰ ਸਿੰਘ ਜੱਗੀ ਨੇ ਦੱਸਿਆ ਕਿ ਇਹ ਆਨਲਾਈਨ ਐਕਰੀਡੇਸ਼ਨ ਪਲੇਟਫਾਰਮ ਪੱਤਰਕਾਰਾਂ ਨੂੰ ਮਾਨਤਾ ਲੈਣ ਸੰਬੰਧੀ ਆਪਣੀਆਂ ਅਰਜ਼ੀਆਂ ਆਨਲਾਈਨ ਜਮ੍ਹਾਂ ਕਰਾਉਣ ਦੀ ਸਹੂਲਤ ਪ੍ਰਦਾਨ ਕਰੇਗਾ, ਜਿਸ ਨਾਲ ਮਾਨਤਾ ਲੈਣ ਸੰਬੰਧੀ ਲੰਮੀ ਕਾਗ਼ਜ਼ੀ ਕਾਰਵਾਈ ਅਤੇ ਦੇਰੀ ਦੀ ਪ੍ਰਕਿਰਿਆ ਹੁਣ ਬੀਤੇ ਦੀ ਗੱਲ ਹੋ ਜਾਵੇਗੀ। ਹੁਣ ਸਿਰਫ਼ ਕੁਝ ਕਲਿੱਕਾਂ ਨਾਲ ਪੱਤਰਕਾਰ, ਮਾਨਤਾ ਹਾਸਲ ਕਰਨ ਸੰਬੰਧੀ ਆਪਣੀ ਨਿੱਜੀ ਜਾਣਕਾਰੀ, ਮੀਡੀਆ ਅਦਾਰੇ ਦੇ ਵੇਰਵੇ ਅਤੇ ਸਬੰਧਤ ਦਸਤਾਵੇਜ਼ ਜਮ੍ਹਾਂ ਕਰਵਾ ਸਕਣਗੇ। ਵਿਭਾਗ ਦੇ ਡਾਇਰੈਕਟਰ ਭੁਪਿੰਦਰ ਸਿੰਘ ਨੇ ਕਿਹਾ ਕਿ ਪੱਤਰਕਾਰਾਂ ਨੂੰ ਹੁਣ ਮਾਨਤਾ ਲੈਣ ਲਈ ਦਫ਼ਤਰਾਂ ਦੇ ਗੇੜੇ ਲਾਉਣ ਦੀ ਲੋੜ ਨਹੀਂ ਪਵੇਗੀ ਅਤੇ ਉਹ ਕਿਸੇ ਵੀ ਥਾਂ ਤੋਂ ਆਪਣੀ ਅਰਜ਼ੀ ਜਮ੍ਹਾਂ ਕਰਵਾ ਸਕਣਗੇ।

## ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨੇ ਸੂਬਾ ਪ੍ਰਧਾਨ ਨੂੰ ਕੱਢੇ ਨੋਟਿਸ 'ਤੇ ਮੁੱਖ ਮੰਤਰੀ ਦਾ ਫੂਕਿਆ ਪੁਤਲਾ



**ਫਾਜਿਲਕਾ (ਨਿਸ਼ਾ ਸ਼ਰਮਾ)**- ਅੱਜ ਅਰਨੀਵਾਲਾ ਸਰਕਲ ਦੀਆਂ ਹੈਲਪਰ ਅਤੇ ਵਰਕਰਾਂ ਨੇ ਅਤੇ ਡੱਬਵਾਲਾ ਕਲਾਂ ਦੀਆਂ ਵਰਕਰ ਹੈਲਪਰਾਂ ਨੇ ਡੱਬਵਾਲਾ ਕਲਾਂ ਰੋਡ ਅਰਨੀਵਾਲਾ ਵਿੱਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਪੁਤਲਾ ਫੂਕਿਆ ਅਤੇ ਪਿੱਟ ਸਿਆਪਾ ਕਰਦੇ ਸਰਕਾਰ ਵਿਰੁੱਧ ਜੰਮ ਕੇ ਨਾਅਰੇਬਾਜ਼ੀ ਕੀਤੀ। ਇਸ ਪ੍ਰਦਰਸ਼ਨ ਦੀ ਅਗਵਾਈ ਸਰਕਲ ਪ੍ਰਧਾਨ ਭਜਨ ਕੌਰ ਅਰਨੀ ਵਾਲਾ, ਸਤਵੀਰ ਕੌਰ ਡੱਬਵਾਲਾ ਕਲਾਂ ਨੇ ਕੀਤੀ ਅਤੇ ਸੋਸ਼ਲ ਮੀਡੀਆ ਕਰਮਜੀਤ ਕੌਰ ਅਤੇ ਸੰਦੀਪ ਕੌਰ ਨੇ ਕਿਹਾ ਕਿ ਸੂਬਾ ਪ੍ਰਧਾਨ ਦੇ ਵਿਰੁੱਧ ਜਿਹੜਾ ਪੰਜਾਬ ਸਰਕਾਰ ਨੇ ਕਾਰਵਾਈ ਲਈ ਨੋਟਿਸ ਜਾਰੀ ਕੀਤਾ ਹੈ ਗਲਤ ਹੈ। ਸਰਕਾਰ ਨੂੰ ਚਾਹੀਦਾ ਹੈ ਕਿ ਬਦਲਾਖੋਰੀ ਦੀ ਭਾਵਨਾ ਛੱਡ ਕੇ ਆਂਗਣਵਾੜੀ ਵਰਕਰਾਂ ਦੀਆਂ ਮੁਸ਼ਕਲਾਂ ਦਾ ਹੱਲ ਕਰੇ। ਰਜਿੰਦਰ ਕੌਰ ਅਤੇ ਹੋਰ ਜਥੇਬੰਦੀ ਸਾਥਣਾਂ ਨੇ ਕਿਹਾ ਕਿ ਪੰਜਾਬ ਸਰਕਾਰ ਸਾਨੂੰ ਆਪਣਾ ਮੁਲਾਜ਼ਮ ਮੰਨੇ ਅਤੇ ਸਾਨੂੰ ਅਧਿਆਪਕਾਂ ਦਾ ਦਰਜਾ ਦੇਵੇ। ਰੇਸ਼ਮਾ ਰਾਣੀ ਜ਼ਿਲ੍ਹਾ ਪ੍ਰਧਾਨ ਫਾਜ਼ਿਲਕਾ ਨੇ ਕਿਹਾ ਕਿ ਨੋਟਿਸ ਕੱਢਣ ਦੀ ਥਾਂ ਬਿਹਤਰ ਹੈ ਸਰਕਾਰ ਸਾਨੂੰ ਪੱਕਾ ਕਰੇ। ਸੂਬਾ ਪ੍ਰਧਾਨ ਹਰਗੋਬਿੰਦ ਕੌਰ ਦਾ ਅਕਾਲੀ ਦਲ ਦੇ ਇਸਤਰੀ ਵਿੰਗ ਪ੍ਰਧਾਨ ਬਣਨਾ ਉਸ ਦੀ ਪਰਸਨਲ ਜ਼ਿੰਦਗੀ ਹੈ। ਆਂਗਣਵਾੜੀ ਵਰਕਰ ਅਤੇ ਹੈਲਪਰ ਨੌਕਰੀ ਤੋਂ ਬਾਅਦ ਕੋਈ ਵੀ ਕੰਮ ਕਰ ਸਕਦੀਆਂ ਹਨ ਅਤੇ ਕਿਸੇ ਵੀ ਪਾਰਟੀ ਵਿੱਚ ਸ਼ਾਮਲ ਹੋਣਾ ਕੋਈ ਜੁਰਮ ਨਹੀਂ। ਸਰਕਾਰ ਆਪਣਾ ਵਾਪਸ ਲਵੇ ਅਤੇ ਸਾਨੂੰ ਆਪਣਾ ਹੱਕ ਦਿੱਤਾ ਜਾਵੇ। ਇਸ ਮੌਕੇ ਹਰਜਿੰਦਰ ਕੌਰ, ਮਨਜੀਤ ਕੌਰ, ਰਜਨੀ ਬਾਲਾ, ਪ੍ਰਵੀਨ ਰਾਣੀ, ਪਰਮਜੀਤ ਕੌਰ ਹਾਜ਼ਰ ਸਨ।

## ਗਰੀਬ ਤੇ ਦਲਿਤ ਵਰਗ 'ਤੇ ਹੋ ਰਿਹੈ ਤਸ਼ੱਦਦ : ਪੱਲੀਝਿੱਕੀ



**ਬਹਿਰਾਮ (ਅਵਤਾਰ ਕਲੇਰ)** ਜਦੋਂ ਦੀ ਮਾਨ ਸਰਕਾਰ ਹੋਂਦ ਵਿੱਚ ਆਈ ਹੈ ਗਰੀਬ ਅਤੇ ਦਲਿਤ ਵਰਗ ਤੇ ਤਸ਼ੱਦਦ ਕਰ ਰਹੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਐਸ ਸੀ ਬੀ ਸੀ ਅਧਿਆਪਕ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਮਾਸਟਰ ਰਾਮ ਕ੍ਰਿਸ਼ਨ ਪੱਲੀਝਿੱਕੀ ਨੇ ਕਰਦੇ ਹੋਏ ਕਿਹਾ ਕਿ ਦਲਿਤ ਲੜਕੀਆਂ, ਗਰੀਬਾਂ, ਮਜਦੂਰਾਂ 'ਤੇ ਬੇਜਮੀਨਿਆਂ 'ਤੇ ਤਸ਼ੱਦਦ ਹੋ ਰਹੇ ਹਨ। ਮੋਰਾਂਵਾਲੀ ਕਾਂਡ, ਪਥਰਾਲਾ ਕਾਂਡ ਇਸ ਦੀਆਂ ਜਿਉਂਦੀਆਂ ਜਾਗਦੀਆਂ ਮਿਸਾਲਾਂ ਹਨ। ਜ਼ਿਲ੍ਹਾ ਉਪ ਪ੍ਰਧਾਨ ਮਾਸਟਰ ਸਤਪਾਲ ਰਟੈਂਡਾ ਨੇ ਕਿਹਾ ਕਿ ਮਾਨ ਸਰਕਾਰ ਨੇ ਐਸ ਸੀ ਕਮਿਸ਼ਨ ਦੇ ਮੈਂਬਰਾਂ ਦੀ ਗਿਣਤੀ ਦਸ ਤੋਂ ਘਟਾ ਕੇ ਪੰਜ ਕਰਨਾ ਅਤੇ ਜਨਰਲ ਵਰਗ ਵਿੱਚੋਂ ਚੇਅਰਮੈਨ ਦੀ ਨਿਯੁਕਤੀ ਕਰਨਾ ਦਲਿਤ ਵਰਗ ਨਾਲ ਸਰਾਸਰ ਧੱਕਾ ਹੈ ਜੋ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਸੀਨੀਅਰ ਮੀਤ ਪ੍ਰਧਾਨ ਦੇਸ ਰਾਜ ਨੌਰਦ ਨੇ ਕਿਹਾ ਕਿ ਉੱਚ ਜਾਤੀ ਰਿਜਰਵੇਸ਼ਨ ਚੋਰਾਂ ਖਿਲਾਫ ਅਜੇ ਤੱਕ ਕੋਈ ਵੀ ਕਾਰਵਾਈ ਨਹੀਂ ਕੀਤੀ ਗਈ। ਇਸ ਸੰਬੰਧੀ ਡਾ. ਜਤਿੰਦਰ ਮੱਟੂ ਦੀ ਅਗਵਾਈ ਵਿੱਚ ਇਨਾਂ ਅੱਤਿਆਚਾਰਾਂ ਖਿਲਾਫ ਅਵਾਜ ਉਠਾਉਣ ਲਈ ਐਸ ਸੀ ਬੀ ਸੀ ਅਧਿਆਪਕ ਯੂਨੀਅਨ ਭਰਾਤਰੀ ਜਥੇਬੰਦੀਆਂ ਨਾਲ ਮਿਤੀ 4 ਅਗਸਤ ਨੂੰ ਡਿਪਟੀ ਕਮਿਸ਼ਨਰ ਨਵਾਂਸ਼ਹਿਰ ਨੂੰ ਮੰਗ ਪੱਤਰ ਦਿੱਤਾ ਜਾਵੇਗਾ। ਇਸ ਮੌਕੇ ਲੈਕ ਸੁਰਜੀਤ ਸੈਂਪਲੇ, ਧਰਮਪਾਲ ਸੇਵਾ ਮੁਕਤ ਪ੍ਰਿੰਸੀਪਲ , ਪਰਮਿੰਦਰ ਭੰਗਲ, ਮੱਖਣ ਬਖਲੌਰ, ਭਗਵਾਨ ਦਾਸ, ਮਨਜਿੰਦਰ ਸਿੰਘ, ਵਿਜੇ ਕੰਗਰੋੜ, ਰਾਮ ਲਾਲ ਭੂਤ, ਰਮੇਸ਼ ਪੀਟੀਆਈ ਆਦਿ ਹਾਜ਼ਰ ਸਨ।।

## ਅਨੀਮੀਆ ਤੋਂ ਬਚਾਅ ਤੇ ਸਤਨਪਾਨ ਦੇ ਮਹੱਤਵ ਬਾਰੇ ਕੀਤਾ ਜਾਗਰੂਕ

**ਮੁਕਤਸਰ (ਸ਼ਮਿੰਦਰਪਾਲ /ਪੂਜਾ )**- ਸਿਹਤ ਮੰਤਰੀ ਪੰਜਾਬ ਡਾ. ਬਲਬੀਰ ਸਿੰਘ ਅਤੇ ਸਿਵਲ ਸਰਜਨ ਸ੍ਰੀ ਮੁਕਤਸਰ ਸਾਹਿਬ ਡਾ. ਰੀਟਾ ਬਾਲਾ ਸੀਨੀਅਰ ਮੈਡੀਕਲ ਅਫਸਰ ਡਾ. ਕੁਲਤਾਰ ਸਿੰਘ ਦੀ ਅਗਵਾਈ ਹੇਠ ਬਲਾਕ ਦੇ ਸਮੂਹ ਸਿਹਤ ਕੇਂਦਰਾਂ ਅਤੇ ਵੱਖ-ਵੱਖ ਥਾਵਾਂ 'ਤੇ ਅੱਜ ਮਮਤਾ ਦਿਵਸ ਮਨਾਇਆ ਗਿਆ। ਇਸ ਦੌਰਾਨ ਮੌਜੂਦ ਗਰਭਵਤੀ ਔਰਤਾਂ, ਦੁੱਧ ਪਿਲਾਉਣ ਵਾਲੀ ਮਾਵਾਂ ਅਤੇ ਲੋਕਾਂ ਨੂੰ ਅਨੀਮੀਆ ਦੀ ਰੋਕਥਾਮ ਅਤੇ ਮਾਂ ਦੇ ਦੁੱਧ ਦੀ ਮਹੱਤਤਾ ਬਾਰੇ ਜਾਗਰੂਕ ਕੀਤਾ ਗਿਆ। ਇਸ ਬਾਰੇ ਜਾਣਕਾਰੀ ਦਿੰਦੇ ਹੋਏ ਬੀ.ਈ.ਈ ਮਨਬੀਰ ਸਿੰਘ ਨੇ ਦੱਸਿਆ ਕਿ ਸਿਹਤ ਵਿਭਾਗ ਵੱਲੋਂ ਇਕ ਪਾਸੇ ਜਿਥੇ ਅਨੀਮੀਆ ਮੁਕਤ ਪੰਜਾਬ ਮੁਹਿੰਮ ਚਲਾਈ ਜਾ ਰਹੀ ਹੈ ਓਥੇ ਦੂਜੇ ਪਾਸੇ ਵਿਸ਼ਵ ਸਤਨਪਾਨ ਜਾਗਰੂਕਤਾ ਹਫਤਾ ਮਨਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਅੱਜ ਦੇ ਸਮੇਂ ਵਿਚ ਇਹ ਦੋਵੇਂ ਹੀ ਵਿਸ਼ੇ ਚਰਚਾ ਦਾ ਵਿਸ਼ਾ ਹਨ ਅਤੇ ਇਨ੍ਹਾਂ ਬਾਰੇ ਜਾਗਰੂਕ ਕਰਨ ਦੀ ਲੋੜ ਹੈ। ਇਸ ਮੌਕੇ ਵੱਖ-ਵੱਖ ਕੈਂਪ ਦੌਰਾਨ ਸਿਹਤ ਕਰਮੀਆਂ ਨੇ ਦੱਸਿਆ ਕਿ ਬੱਚਿਆਂ ਦੀ ਸਿਹਤ, ਪੋਸ਼ਣ ਅਤੇ ਵਿਕਾਸ ਲਈ ਮਾਂ ਦਾ ਦੁੱਧ ਲਾਜ਼ਮੀ ਹੈ। ਉਨ੍ਹਾਂ ਨੇ ਕਿਹਾ ਕਿ ਬੱਚੇ ਦੇ ਜਨਮ ਤੋਂ 1 ਘੰਟੇ ਦੇ ਅੰਦਰ ਮਾਂ ਦਾ ਦੁੱਧ ਸ਼ੁਰੂ ਕਰਵਾਉਣਾ ਅਤੇ ਪਹਿਲਾਂ 6 ਮਹੀਨੇ ਤੱਕ ਬੱਚੇ ਨੂੰ ਸਿਰਫ ਮਾਂ ਦਾ ਦੁੱਧ ਹੀ ਦਿੱਤਾ ਜਾਣਾ ਚਾਹੀਦਾ ਹੈ। ਇਸ ਦੇ ਬਾਅਦ ਪੂਰਕ ਖੁਰਾਕ ਦੇ ਨਾਲ - ਨਾਲ ਘੱਟੋ ਘੱਟ 2 ਸਾਲ ਤੱਕ ਮਾਂ ਦਾ ਦੁੱਧ ਜਾਰੀ ਰੱਖਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਮਾਂ ਦੇ ਦੁੱਧ ਨੂੰ ਉਚਿਤ ਸਮੇਂ ਤੱਕ ਜਾਰੀ ਨਾ ਰੱਖਣ ਦੇ ਕਾਰਨ ਬੱਚਿਆਂ ਵਿੱਚ ਨਿਮੋਨੀਆ ਅਤੇ ਡਾਇਰਿਆ ਦਾ ਖ਼ਤਰਾ ਵਧ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਦੁੱਧ ਨਾ ਪਿਲਾਉਣ ਵਾਲੀਆਂ ਔਰਤਾਂ ਵਿੱਚ ਟਾਈਪ-2 ਸ਼ੂਗਰ ਪਾਈ ਜਾਂਦੀ ਹੈ। ਇਸ ਦੇ ਨਾਲ ਹੀ ਕਿਸ਼ੋਰ ਅਵਸਥਾ ਅਤੇ ਗਰਭ ਅਵਸਥਾ ਦੌਰਾਨ ਖੂਨ ਦੀ ਕਮੀ ਆਮ ਸਮੱਸਿਆ ਹੈ। ਅਨੀਮੀਆ ਦੀ ਰੋਕਥਾਮ ਲਈ ਜਰੂਰੀ ਹੈ ਕਿ ਪੌਸ਼ਟਿਕ ਖੁਰਾਕ ਵੱਲ ਧਿਆਨ ਦਿੱਤਾ ਜਾਵੇ।

**PUBLIC NOTICE**

Under the instruction of IDFC FIRST BANK LTD, I hereby informed the general public that Harminder Pal Singh S/o Avtar Singh is absolute owners of Property measuring 1 Marlas 4.5 Sarsahi bearing Khasra no.69//7/2/1/2(4-12). bounded as East: Ownership of others, West : Gali, North : House of Harminder Pal Singh & South : Service Road, which is situated at Village Budha Theh, Tehsil Baba Bakala Sahib District Amritsar. That as per documents Dhanpat Rai slo Lachman Mal sold 3 marlas to Atma Singh S/o Gujar Singh vide sale deed regd dated 10.10.1967 as doc no.6344. Then after death of Atma Singh slo Gujar Singh his property was inherited by Avtar Singh slo Atma Singh. Then Avtar Singh slo Atma Singh transferred his 3 Marlas to Harminder Pal Singh, Navit Singh sons of Avtar Singh vide transfer deed regd dated 22.04.2021 as doc no. 2021-22/191/1/34. Then Navjit Singh S/o Avtar Singh transferred his 1 Marla 4.5 Sarsahi to Harminder Pal Singh S/o Avtar Singh vide transfer deed regd dated 20.06.2023 as doc no 2023-24/191/1/137. It is certified that after death of Atma Singh S/o Gujar Singh his property was inherited by Avtar Singh S/o Atma Singh and apart from Avtar Singh S/o Atma Singh there is not other legal heir of Atma Singh s/o Gujar Singh. Anybody having claim or claiming any prior rights or interest in any manner in this property or has raised loan by depositing the aforesaid sale deed to any person/bank/corporation/financial institution may approach the undersigned and may submit objection in writing 7 days from the date of this public notice. After the expiry of the period of this notice, no claim shall be entertained and such claim shall be deemed to be false, fake, frivolous, fraudulent and baseless claim and shall have no value in the eyes of law. It shall also be deemed that nobody has any objection for mortgaging the aforesaid property with IDFC FIRST BANK LTD.

ADV. VIKAS VERMA,
Branch Office cum R/o 264, Basant Avenue, Amritsar., Mobile : 9815156302

**Capital Small Finance Bank Ltd.**
MIDAS Corporate Park, 3rd Floor, 37, G.T. Road, Jalandhar-144001, Punjab, India

ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ, 2002 ਦੇ ਸੈਕਸ਼ਨ 13 (2) ਅਧੀਨ ਨੋਟਿਸ

ਹੇਠਾਂ ਦਰਸਾਏ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ, 2002 ਦੇ ਸੈਕਸ਼ਨ 13 (2) ਅਧੀਨ ਮਿਤੀ 18.7.2023 ਨੂੰ ਨੋਟਿਸ ਭੇਜਿਆ ਗਿਆ ਸੀ, ਜੋ ਡਾਕ ਵਿਭਾਗ ਵੱਲੋਂ ਵਾਪਸ ਕਰ ਦਿੱਤਾ ਗਿਆ ਸੀ ਅਤੇ ਅਧਿਕਾਰਤ ਅਫਸਰ ਨੂੰ ਯਕੀਨ ਹੋ ਗਿਆ ਹੈ ਕਿ ਕਰਜ਼ਦਾਰ/ਗਰੰਟਰ ਨੋਟਿਸ ਦੀ ਤਾਮੀਲ ਤੋਂ ਕੰਨੀ ਕਤਰਾ ਰਹੇ ਹਨ। ਇਸ ਲਈ ਉਨ੍ਹਾਂ ਨੂੰ ਇਸ ਜਨਤਕ ਨੋਟਿਸ ਰਾਹੀਂ ਉਹੀ ਜਾਣਕਾਰੀ ਦਿੱਤੀ ਜਾ ਰਹੀ ਹੈ।

1. ਕਰਜ਼ਦਾਰ : ਸ੍ਰੀ ਹਰਦੀਪ ਸਿੰਘ ਪੁੱਤਰ ਸ੍ਰੀ ਟਹਿਲ ਸਿੰਘ ਵਾਸੀ ਨੇੜੇ ਗੁਰਦੁਆਰਾ ਚੜ੍ਹਦੀ ਪੱਟੀ, ਗਹਿਰੀ ਮੰਡੀ, ਗਹਿਰੀ, ਅੰਮ੍ਰਿਤਸਰ, ਪੰਜਾਬ-143149
2. ਗਰੰਟਰ : ਸ੍ਰੀ ਰਣਜੀਤ ਸਿੰਘ ਚਾਹਲ ਪੁੱਤਰ ਸ੍ਰੀ ਤਰਲੋਚਨ ਸਿੰਘ ਵਾਸੀ ਮਕਾਨ ਨੰ: 30, ਧੂਲਕਾ, ਅੰਮ੍ਰਿਤਸਰ, ਪੰਜਾਬ-143111
3. ਜਨਰਲ ਮੈਨੇਜਰ, ਮੈਸਰਜ਼ ਪੈਪਸੂ ਰੋਡ ਟਰਾਂਸਪੋਰਟ ਕਾਰਪੋਰੇਸ਼ਨ, ਪਟਿਆਲਾ।

| ਮਨਜ਼ੂਰ ਸਹੂਲਤ ਦੀ ਕਿਸਮ/ਕਰਜ਼ਾ ਨੰਬਰ | ਰਕਮ ਮਨਜ਼ੂਰ | ਡਿਮਾਂਡ ਨੋਟਿਸ ਦੀ ਮਿਤੀ ਨੂੰ ਕੁੱਲ ਬਕਾਇਆ ਰਕਮ (1.07.2023 ਤੋਂ ਬਿਨਾਂ ਵਿਆਜ) |
|---|---|---|
| ਟਰਾਂਸਪੋਰਟ ਲੋਨ /007608000011 | Rs. 70,50,000/- | Rs. 61,71,980/- |
| ਡਬਲਯੂ ਸੀ ਟੀ ਐੱਲ (ਈ ਸੀ ਐੱਲ ਜੀ ਐੱਸ) /007612000067 | Rs. 12,45,000/- | Rs. 9,39,710/- |

ਪ੍ਰਾਇਮਰੀ ਸਕਿਉਰਿਟੀ : ਸਕਿਉਰਡ ਐੱਸਟ ਦਾ ਵੇਰਵਾ :
ਏ) ਅਸ਼ੋਕ ਲੇ ਲੈਂਡ 4/251 ਡੀਲਕਸ ਏ/ਸੀ 45 ਸੀਟਰ ਬੱਸ, ਰਜਿਸਟਰੇਸ਼ਨ ਨੰਬਰ ਪੀ ਬੀ 02 ਡੀ ਆਰ 9895 ਇੰਜਨ ਨੰਬਰ ਜੇ ਬੀ ਈ ਜ਼ੈੱਡ 422254, ਚੈਸੀ ਨੰਬਰ ਐੱਮ ਬੀ 1 ਪੀ ਆਰ ਈ ਐੱਚ ਡੀ 4 ਜੇ ਏ ਏ ਜੇ 3348 ਬੀ) ਅਸ਼ੋਕ ਲੇ ਲੈਂਡ 4/251 ਡੀਲਕਸ ਏ/ਸੀ 45 ਸੀਟਰ ਬੱਸ, ਰਜਿਸਟਰੇਸ਼ਨ ਨੰਬਰ ਪੀ ਬੀ 02 ਡੀ ਆਰ 9695, ਇੰਜਨ ਨੰਬਰ ਜੇ ਬੀ ਈ ਜ਼ੈੱਡ 422251, ਚੈਸੀ ਨੰਬਰ ਐੱਮ ਬੀ 1 ਪੀ ਆਰ ਈ ਐੱਚ ਡੀ 0 ਜੇ ਏ ਏ ਜੇ 3346
ਸਕਿਉਰਟਾਈਜੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਦੇ ਸੈਕਸ਼ਨ 13 ਤਹਿਤ ਬੈਂਕ ਇਸ ਜਨਤਕ ਨੋਟਿਸ ਰਾਹੀਂ ਤੁਹਾਨੂੰ ਬੈਂਕ ਦੇ ਵਹੀ ਖਾਤਿਆਂ 'ਚ ਤੁਹਾਡੇ ਵਿਰੁੱਧ ਸਾਰੀਆਂ ਬਕਾਇਆ ਰਕਮਾਂ ਇਸ ਦੀ ਬਰਾਂਚ ਕਪੂਰਥਲਾ 'ਚ, ਸਮੇਤ ਇਸ ਉਪਰ ਭਵਿੱਖੀ ਵਿਆਜ, ਸਮੇਂ-ਸਮੇਂ 'ਤੇ ਬੈਂਕ ਵੱਲੋਂ ਕੀਤੇ ਗਏ ਹੋਰ ਖਰਚਿਆਂ ਅਤੇ ਲਾਗਤਾਂ ਨਾਲ ਸਾਰੀਆਂ ਮੁਕੰਮਲ ਦੇਣਦਾਰੀਆਂ, ਇਸ ਨੋਟਿਸ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਜਮ੍ਹਾਂ ਕਰਵਾਉਣ ਦਾ ਸੱਦਾ ਦਿੰਦਾ ਹੈ, ਅਸਫਲ ਰਹਿਣ 'ਤੇ ਤੁਹਾਡੇ ਜੋਖਮ ਅਤੇ ਲਾਗਤਾਂ 'ਤੇ ਬੈਂਕ ਐਕਟ (ਸੁਪਰਾ) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਏ ਸਾਰੇ ਜਾਂ ਕਿਸੇ ਇੱਕ ਢੰਗ ਨਾਲ ਸਕਿਉਰਡ ਕਰਜ਼ਾ ਵਸੂਲਣ ਲਈ ਕਾਰਵਾਈ ਕਰੇਗਾ: -(ਏ) ਸਕਿਉਰਡ ਐੱਸਟਸ ਦੀ ਵਸੂਲੀ ਲਈ ਵਿਕਰੀ (ਬੀ) ਸਕਿਉਰਡ ਐੱਸਟਸ ਦੇ ਪ੍ਰਬੰਧ ਨੂੰ ਆਪਣੇ ਹੱਥਾਂ ਵਿੱਚ ਲੈਣ ਸਮੇਤ ਸਕਿਉਰਡ ਐੱਸਟਸ ਦਾ ਕਬਜ਼ਾ ਲੈ ਕੇ ਤਬਦੀਲ ਕਰਨ ਦਾ ਅਧਿਕਾਰ ਸਮੇਤ ਸਕਿਉਰਡ ਐੱਸਟਸ ਦੀ ਵਸੂਲੀ ਲਈ ਵਿਕਰੀ ਰਾਹੀਂ ਤਬਦੀਲ ਕਰਨ ਦਾ ਅਧਿਕਾਰ (ਸੀ) ਸਕਿਉਰਡ ਐੱਸਟਸ ਦੇ ਪ੍ਰਬੰਧ ਲਈ ਕਿਸੇ ਵਿਅਕਤੀ ਦੀ ਨਿਯੁਕਤੀ (ਡੀ) ਕਿਸੇ ਸਮੇਂ ਵੀ ਲਿਖਤੀ ਨੋਟਿਸ ਰਾਹੀਂ, ਕਿਸੇ ਵਿਅਕਤੀ ਜਿਸ ਨੇ ਤੁਹਾਡੇ ਕੋਲੋਂ ਕੋਈ ਵੀ ਸਕਿਉਰਡ ਐੱਸਟਸ ਪ੍ਰਾਪਤ ਕੀਤਾ ਹੋਵੇ, ਬੈਂਕ ਨੂੰ ਅਦਾਇਗੀ ਲਈ ਸੱਦਣਾ।
ਅੱਗੇ ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਜੇਕਰ ਕਰਜ਼ਦਾਰ/ਗਰੰਟਰ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਸਾਰੀਆਂ ਮੁਕੰਮਲ ਦੇਣਦਾਰੀਆਂ ਅਦਾ ਕਰਨ 'ਚ ਅਸਫਲ ਰਹਿੰਦੇ ਹਨ ਅਤੇ ਬੈਂਕ (ਸੁਪਰਾ) ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ 4 ਅਧੀਨ ਕੋਈ ਕਾਰਵਾਈ ਕਰਦਾ ਹੈ ਤਾਂ ਕਰਜ਼ਦਾਰ/ਗਰੰਟਰਾਂ ਨੂੰ ਬੈਂਕ ਵੱਲੋਂ ਸਹਿਣ ਕੀਤੀਆਂ ਜਾਣ ਵਾਲੀਆਂ ਸਾਰੀਆਂ ਲਾਗਤਾਂ, ਚਾਰਜਿਜ਼, ਖਰਚੇ ਅਦਾ ਕਰਨੇ ਪੈਣਗੇ। ਜੇਕਰ ਸਕਿਉਰਡ ਐੱਸਟਸ ਦੀ ਵਿਕਰੀ ਦੀ ਕਾਰਵਾਈ ਨਾਲ ਬੈਂਕ ਦੇ ਸਾਰੇ ਬਕਾਏ ਮੁਕੰਮਲ ਤੌਰ 'ਤੇ ਵਸੂਲ ਨਹੀਂ ਹੁੰਦੇ ਤਾਂ ਬੈਂਕ ਬਕਾਇਆ ਰਕਮ ਤੁਹਾਡੇ ਅਤੇ ਗਰੰਟਰਾਂ ਅਤੇ ਹੋਰ ਜ਼ਿੰਮੇਵਾਰ ਵਿਅਕਤੀਆਂ ਕੋਲੋਂ ਨਿੱਜੀ ਤੌਰ 'ਤੇ ਵਸੂਲੀ ਕਰਨ ਲਈ ਕਾਰਵਾਈ ਕਰੇਗਾ। ਇਹ ਨੋਟਿਸ ਬੈਂਕ ਨੂੰ ਪ੍ਰਾਪਤ ਅਧਿਕਾਰਾਂ, ਉਪਲਬਧ ਹੱਲ ਅਤੇ ਕਾਨੂੰਨੀ ਰੀਕੋਰਸ ਅਨੁਸਾਰ ਬਿਨਾਂ ਕਿਸੇ ਪੱਖਪਾਤ ਦੇ ਹੈ।

ਮਿਤੀ : 3.8.2023 | ਸਥਾਨ : ਜਲੰਧਰ | (ਅਧਿਕਾਰਤ ਅਫਸਰ)

# ਸਰਕਾਰ 15 ਤੱਕ ਸਪੈਸ਼ਲ ਗਿਰਦਾਵਰੀਆਂ ਕਰਵਾ ਕੇ ਦੇਵੇਗੀ ਮੁਆਵਜ਼ਾ : ਜੌੜੇਮਾਜਰਾ



**ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** -ਪੰਜਾਬ ਦੇ ਸੂਚਨਾ ਤੇ ਲੋਕ ਸੰਪਰਕ ਮੰਤਰੀ ਚੇਤਨ ਸਿੰਘ ਜੋੜੇਮਾਜਰਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਹੜ੍ਹਾਂ ਨਾਲ ਹੋਏ ਨੁਕਸਾਨ ਦਾ ਜਾਇਜ਼ਾ ਲੈਣ ਲਈ ਸਪੈਸ਼ਲ ਗਿਰਦਾਵਰੀਆਂ ਕਰਵਾਉਣ ਦਾ ਫੈਸਲਾ ਕੀਤਾ ਹੈ ਤਾਂ ਜੋ 15 ਅਗਸਤ ਤੱਕ ਮੁਆਵਜ਼ਾ ਦੇਣ ਲਈ ਪ੍ਰਕਿਰਿਆ ਸ਼ੁਰੂ ਕੀਤੀ ਜਾ ਸਕੇ। ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋਂ ਸਮੂਹ ਡਿਪਟੀ ਕਮਿਸ਼ਨਰਾਂ ਨੂੰ ਆਦੇਸ਼ ਦਿੱਤੇ ਗਏ ਹਨ ਕਿ 15 ਅਗਸਤ ਤੱਕ ਸਪੈਸ਼ਲ ਗਿਰਦਾਵਰੀਆਂ ਕਰਵਾ ਕੇ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ। ਕੈਬਨਿਟ ਮੰਤਰੀ ਜੋੜੇਮਾਜਰਾ ਅੱਜ ਬਾਬਾ ਰਾਮ ਸਿੰਘ ਗੰਢੂਆਂ ਡੇਰਾ ਦੁਫੇੜਾ ਸਾਹਿਬ ਵਿਖੇ ਨਤਮਸਤਕ ਹੋਣ ਲਈ ਆਏ ਸਨ। ਜੋੜੇਮਾਜਰਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਪੰਜਾਬ ਸਰਕਾਰ ਨੇ ਹੜ੍ਹਾਂ ਤੋਂ ਪ੍ਰਭਾਵਿਤ ਕਿਸਾਨਾਂ ਨੂੰ ਹਰ ਸੰਭਵ ਮਦਦ ਕੀਤੀ ਹੈ ਅਤੇ ਹੁਣ ਵੀ ਮੁੱਖ ਮੰਤਰੀ ਨੇ ਕਿਹਾ ਹੈ ਕਿ ਉਹ ਕਿਸਾਨਾਂ ਨੂੰ ਕਿਸੇ ਕਿਸਮ ਦੀ ਮੁਸ਼ਕਲ ਨਹੀਂ ਆਉਣ ਦੇਣਗੇ। ਵਿਰੋਧੀ ਪਾਰਟੀਆਂ ਵੱਲੋਂ ਘੱਟ ਮੁਆਵਜ਼ਾ ਦੇਣ ਸੰਬੰਧੀ ਕੀਤੀ ਜਾ ਰਹੀ ਬਿਆਨਬਾਜ਼ੀ 'ਤੇ ਕੈਬਨਿਟ ਮੰਤਰੀ ਨੇ ਕਿਹਾ ਕਿ ਸਾਡੀ ਸਰਕਾਰ ਨੇ ਜਦੋਂ ਤੋਂ ਸੱਤਾ ਸੰਭਾਲੀ ਹੈ ਕਿਸਾਨਾਂ ਨੂੰ ਹਰ ਸੰਭਵ ਸਹਾਇਤਾ ਦਿੱਤੀ ਹੈ ਜਦੋਂ ਕਿ ਵਿਰੋਧੀਆਂ ਵੱਲੋਂ ਤਾਂ ਮੁਆਵਜ਼ਾ ਦਿੱਤਾ ਹੀ ਨਹੀਂ ਸੀ ਜਾਂਦਾ। ਜੋੜੇਮਾਜਰਾ ਨੇ ਕਿਹਾ ਕਿ ਉਹ ਬਾਬਾ ਰਾਮ ਸਿੰਘ ਜੀ ਗੰਢੂਆਂ ਡੇਰਾ ਦੁਫੇੜਾ ਸਾਹਿਬ ਵਿਖੇ ਪਹਿਲੀ ਵਾਰ ਆਏ ਹਨ ਜਿੱਥੇ ਆ ਕੇ ਉਨ੍ਹਾਂ ਨੂੰ ਬਹੁਤ ਸਕੂਨ ਮਿਲਿਆ ਹੈ ਤੇ ਭਵਿੱਖ ਵਿੱਚ ਵੀ ਆਉਂਦੇ ਰਹਿਣਗੇ। ਇਸ ਮੌਕੇ ਉਨ੍ਹਾਂ ਨਾਲ ਸਨੀ ਚੋਪੜਾ ਤੇ ਹੋਰ ਆਮ ਆਦਮੀ ਪਾਰਟੀ ਦੇ ਆਗੂ ਮੌਜੂਦ ਸਨ।

## ਗਊਸ਼ਾਲਾ 'ਚ 48 ਲੱਖ ਦੀ ਲਾਗਤ ਨਾਲ ਲੱਗੇਗਾ ਪਾਵਰ ਜਨਰੇਸ਼ਨ ਬਾਇਓ ਗੈਸ ਪਲਾਂਟ

**ਮਹਿਲ ਕਲਾਂ, (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ )**-ਡਿਪਟੀ ਕਮਿਸ਼ਨਰ ਬਰਨਾਲਾ ਪੂਨਮਦੀਪ ਕੌਰ ਵੱਲੋਂ ਜ਼ਿਲਾ ਪੱਧਰੀ ਸਰਕਾਰੀ ਗਊਸ਼ਾਲਾ ਮਨਾਲ ਵਿਖੇ 48 ਲੱਖ ਦੀ ਲਾਗਤ ਨਾਲ ਪਾਵਰ ਜਨਰੇਸ਼ਨ ਬਾਇਓਗੈਸ ਪਲਾਂਟ ਲਾਉਣ ਦੀ ਟੱਕ ਲਾ ਕੇ ਸ਼ੁਰੂਆਤ ਕੀਤੀ ਗਈ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸਵੱਛ ਭਾਰਤ ਮਿਸ਼ਨ (ਗ੍ਰਾਮੀਣ) ਤਹਿਤ ਇਸ ਗਊਸ਼ਾਲਾ ਵਿੱਚ 10 ਕਿਲੋਵਾਟ ਸਮਰੱਥਾ ਵਾਲਾ ਪਾਵਰ ਜਨਰੇਸ਼ਨ ਪਲਾਂਟ ਪੇਡਾ (ਪੰਜਾਬ ਐਨਰਜੀ ਡਿਵੈਲਪਮੈਂਟ ਏਜੰਸੀ) ਰਾਹੀਂ ਲਾਇਆ ਜਾ ਰਿਹਾ ਹੈ। ਤਕਰੀਬਨ 48 ਲੱਖ ਦੀ ਲਾਗਤ ਵਾਲਾ ਇਹ ਬਾਇਓਗੈਸ ਪਲਾਂਟ ਲਗਭਗ ਦੋ ਮਹੀਨਿਆਂ ਵਿੱਚ ਬਣ ਕੇ ਤਿਆਰ ਹੋ ਜਾਵੇਗਾ, ਜਿਸ ਨਾਲ ਗਊਸ਼ਾਲਾ ਦੇ ਪੱਖਿਆਂ ਅਤੇ ਹੋਰ ਬਿਜਲੀ ਉਪਕਰਨਾਂ ਦੀ 10 ਕਿਲੋਵਾਟ ਦੀ ਮੰਗ ਪੂਰੀ ਹੋਵੇਗੀ। ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਗਊਸ਼ਾਲਾ ਵਿੱਚ ਹੋਰ ਵੀ ਕਰੋੜਾਂ ਰੁਪਏ ਦੇ ਕੰਮ ਕਰਵਾਏ ਗਏ ਹਨ, ਜਿਨ੍ਹਾਂ ਵਿੱਚ ਸ਼ੈੱਡ, ਇੰਟਰਲਾਕਿੰਗ, ਪਾਣੀ ਦੀਆਂ ਖੇਲਾਂ ਆਦਿ ਸ਼ਾਮਲ ਹਨ। ਇਸ ਮੌਕੇ ਹੋਰਨਾਂ ਤੋਂ ਇਲਾਵਾ ਵਧੀਕ ਡਿਪਟੀ ਕਮਿਸ਼ਨਰ ਵਿਕਾਸ ਡਾ. ਨਰਿੰਦਰ ਸਿੰਘ ਧਾਲੀਵਾਲ, ਡਿਪਟੀ ਡਾਇਰੈਕਟਰ ਪਸ਼ੂ ਪਾਲਣ ਲਖਬੀਰ ਸਿੰਘ, ਜ਼ਿਲ੍ਹਾ ਮੈਨੇਜਰ ਪੇਡਾ ਗੁਰਮੀਤ ਸਿੰਘ ਤੇ ਪਿੰਡ ਦੇ ਪਤਵੰਤੇ ਹਾਜ਼ਰ ਸਨ।

## ਕਾਹਨਪੁਰਾ 'ਚ ਮਨਾਇਆ ਤੀਆਂ ਦਾ ਤਿਉਹਾਰ

**ਅਮਲੋਹ, (ਲਖਵੀਰ ਸਿੰਘ, ਹਰਚਰਨ ਉਪਲ)**- ਨਜ਼ਦੀਕ ਪਿੰਡ ਕਾਹਨਪੁਰਾ ਵਿਖੇ ਪੰਚਾਇਤ ਅਤੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਤੀਆਂ ਦਾ ਤਿਉਹਾਰ ਮਨਾਇਆ ਗਿਆ। ਇਸ ਮੌਕੇ ਵੱਡੀ ਗਿਣਤੀ ਪਿੰਡ ਦੀਆਂ ਲੜਕੀਆਂ, ਮਹਿਲਾਵਾਂ ਅਤੇ ਛੋਟੀਆਂ ਬੱਚੀਆਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਪੰਜਾਬ ਦੇ ਸੱਭਿਆਚਾਰ ਨਾਲ ਸੰਬੰਧਤ ਗੀਤਾਂ ਅਤੇ ਬੋਲੀਆਂ ਦੀ ਪੇਸ਼ਕਾਰੀ ਕੀਤੀ ਗਈ। ਇਸ ਮੌਕੇ ਹਰਪ੍ਰੀਤ ਕੌਰ, ਜਸਵੀਰ ਕੌਰ ਪੰਚ, ਚਰਨਜੀਤ ਕੌਰ ਪੰਚ ਨੇ ਕਿਹਾ ਕਿ ਸਾਡੀ ਜਵਾਨੀ ਪੰਜਾਬ ਦੇ ਸੱਭਿਆਚਾਰ ਤੋਂ ਦੂਰ ਹੁੰਦੀ ਜਾ ਰਹੀ ਹੈ ਅਤੇ ਉਨ੍ਹਾਂ ਨੂੰ ਨਾਲ ਜੋੜੀ ਰੱਖਣ ਲਈ ਅਜਿਹੇ ਪ੍ਰੋਗਰਾਮ ਕਰਵਾਉਣਾ ਸਮੇਂ ਦੀ ਮੁੱਖ ਲੋੜ ਹੈ। ਇਸ ਮੌਕੇ ਪੇਸ਼ਕਾਰੀ ਕਰਨ 'ਤੇ ਗਿਫਟ ਦਿੱਤੇ ਗਏ।

**PUBLIC NOTICE**

Under the Instructions of HDFC Bank Ltd., I hereby informed the general public that Heena Soni w/o Kanish Ram & Ruchika Soni w/o Aseem Soni are availing loan from HDFC Bank on Property Plot Private No. 138 Total Area 280 Square Yards bearing Khasra No. 2341 min and As per Jamabandi Khasra No. 3925/2341 (11-9) min, bounded as East : Ownership of Rajit Vohra, West : House No. 137 owned by Rajiv Gandhi, North : Road, South : Ownership of others, situated at Amritsar Urban Circle No. 110 Abadi Race Course Road, Tehsil & District Amritsar. That in the Jamabandi for the year 2005-06. 2010/11, 2015/16 Ashok Kumar and Sham Sunder sons of Chooni Lal are shown as owners for 52 marlas of property. Then Ashok Kumar s/o Chooni Lal sold 2m-180 ft of property to Rama Vohra w/o Subash Vohra of which mutation no. 36300 has been sanctioned by the revenue authorities. Also Ashok Kumar s/o Chooni Lal sold 2m-180 ft of property to Subash Vohra s/o Dhanpat Ram of which mutation no. 36374 has been sanctioned by the revenue authorities. Also Ashok Kumar s/o Chooni Lal sold 2m-180 ft of property to Kuljit Vohra s/o Dhanpat Ram of which mutation no. 36380 has been sanctioned by the revenue authorities. Also Ashok Kumar s/o Chooni Lal sold 2m-180 ft of property to Veena Vohra w/o Kuljit Vohra of which mutation no. 36384 has been sanctioned by the revenue authorities. Then Rama Vohra s/o Subash Vohra died and after her death her share of property was inherited by Subash Vohra s/o Dhanpat Ram, Ritu and Sheetal daughters of Subash Vohra of which mutation no. 36394 has been sanctioned by the revenue authorities. Then Subash Vohra s/o Dhanpat Ram died and after his death his share of property was inherited by Ritu Sikka w/o Rajeev Sikka of which mutation no. 36395 has been sanctioned by the revenue authorities. Then Ritu Sikka w/o Rajiv Sikka self and GPA holder of Veena Vohra w/o Kuljit Kumar Vohra, Kuljit Vohra s/o Dhanpat Ram & Sheetal d/o Subash Vohra sold 280 sq Yds to Heena Soni w/o Kanish Soni & Ruchika Soni w/o Aseem Soni vide sale deed regd dated 29.04.2023 as doc no. 2023-24/89/1/1073 of which mutation no. 40249 has been entered in the revenue records. Heena Soni w/o Knaish Soni has lost previous documents i.e. 1. Original Sale Deed executed by Ashok Kumar Nayyar s/o Chunni Lal in favour of Subash Vohra s/o Dhanpat Ram vide sale deed regd dated 02.07.1981 as doc no. 8978. 2. Original Sale Deed executed by Ashok Kumar Nayyar s/o Chunni Lal in favour of Rama Vohra w/o Subash Vohra vide sale deed regd dated 02.07.1981 as doc no. 8977. 3. Original Sale Deed executed by Ashok Kumar Nayyar s/o Chunni Lal in favour of Kuljit Vohra s/o Dhanpat Ram vide sale deed regd dated 02.07.1981 as doc no. 8980. 4. Original Sale Deed executed by Ashok Kumar Nayyar s/o Chunni Lal in favour of Veena Vohra w/o Kuljit Vohra vide sale deed regd dated 02.07.1981 as doc no. 8979. A LOST Information Report has also been got registered in this respect having details Sr. No. 370108/dt. 2.8.2023. Anybody having claim or claiming any prior rights or interest in any manner in this property or has raised loan by depositing the aforesaid Sale Deed to any person/bank/corporation/financial institution may approach the undersigned and may submit objections within 14 days from the date of this public notice. After the expiry of the period of this notice, no claim shall be entertained and such claim shall be deemed to be false, fake, frivolous, fraudulent and baseless claim and shall have no value in the eyes of law. It shall also be deemed that nobody has any objection for mortgaging the aforesaid property with HDFC Bank Ltd.

**Vikas Verma (Advocate)**
House No. 264 Basant Avenue,
Near I.M.A. House, Amritsar. Ph. : 9815156302

**SMFG INDIA CREDIT COMPANY LIMITED**
SMFG IndiaCredit
**(formerly Fullerton India Credit Company Limited)**
**Corporate Office:** 10th Floor, Office No. 101,102 & 103, 2 North Avenue, Maker Maxity, Bandra Kurla Complex, Bandra (E), Mumbai - 400051.

**ਡਿਮਾਂਡ ਨੋਟਿਸ**

ਦਾ ਸਕਿਊਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਊਰਿਟੀ ਇੰਟਰੈੱਸਟ ਐਕਟ, 2002 ('ਦਾ ਐਕਟ') ਅਤੇ ਸਕਿਊਰਿਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼, 2002 ('ਦਾ ਰੂਲਜ਼') ਦੀਆਂ ਵਿਵਸਥਾਵਾਂ ਤਹਿਤ

ਨਿਮਨਹਸਤਾਖਰੀ ਨੇ ਐੱਸ ਐੱਮ ਐੱਫ ਜੀ ਇੰਡੀਆ ਕ੍ਰੈਡਿਟ ਕੰਪਨੀ ਲਿਮ: (ਪਹਿਲਾਂ ਫੁਲਰਟੋਨ ਇੰਡੀਆ ਕਰੈਡਿਟ ਕੰਪਨੀ ਲਿਮ:) ਦੇ ਅਧਿਕਾਰਤ ਅਫਸਰ ਵਜੋਂ ਐਕਟ ਅਧੀਨ ਅਤੇ ਐਕਟ ਦੇ ਨਿਯਮ 3 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਏ ਕਰਜ਼ਦਾਰਾਂ ਨੂੰ ਸੰਬੰਧਤ ਨੋਟਿਸਾਂ 'ਚ ਦਰਸਾਈ ਗਈ ਰਕਮ ਨੋਟਿਸ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਵਾਪਸ ਮੋੜਨ ਲਈ ਸੈਕਸ਼ਨ, 13 (2) ਤਹਿਤ ਡਿਮਾਂਡ ਨੋਟਿਸ ਜਾਰੀ ਕੀਤਾ ਸੀ। ਨਿਮਨਹਸਤਾਖਰੀ ਨੂੰ ਵਾਜਬ ਯਕੀਨ ਹੋ ਗਿਆ ਹੈ ਕਿ ਕਰਜ਼ਦਾਰ ਡਿਮਾਂਡ ਨੋਟਿਸਾਂ ਦੀ ਤਾਮੀਲ ਟਾਲ ਰਹੇ ਹਨ, ਇਸ ਲਈ ਨਿਯਮਾਂ ਅਨੁਸਾਰ ਨੋਟਿਸ ਚਿਪਕਾ ਕੇ ਅਤੇ ਪ੍ਰਕਾਸ਼ਤ ਕਰਕੇ ਤਾਮੀਲ ਕਰਵਾਈ ਜਾ ਰਹੀ ਹੈ। ਡਿਮਾਂਡ ਨੋਟਿਸ ਦੀ ਵਿਸ਼ਾ ਸੂਚੀ ਹੇਠਾਂ ਦਰਸਾਈ ਜਾ ਰਹੀ ਹੈ :

| ਕਰਜ਼ਦਾਰਾਂ ਦੇ ਨਾਂਅ | ਡਿਮਾਂਡ ਨੋਟਿਸ ਦੀ ਮਿਤੀ ਰਕਮ |
|---|---|
| 1. ਐੱਮ ਆਰ ਸਰਵਿਸ ਪੁਆਇੰਟ 2. ਸੀਮਾ 3. ਮਮਤਾ 4. ਰਜਿੰਦਰ 5. ਮੋਹਿਸ਼ ਚੱਢਾ ਖਾਤਾ ਨੰ: 197601310573523 | 27.07.2023 ਰੁਪਏ 51,27,272.48/- 15.07.2023 ਨੂੰ |

ਅਚੱਲ ਜਾਇਦਾਦ/ਗਹਿਣੇ ਰੱਖੀਆਂ ਜਾਇਦਾਦਾਂ ਦਾ ਵੇਰਵਾ

ਜ਼ਮੀਨ ਪਲਾਟ ਨੰ: **BXXX-IV-3573** ਰਕਬਾ 190.65 ਵਰਗ ਗਜ਼, ਖਸਰਾ ਨੰ: 29//16/8/18, 16/8/19, ਖੇਵਟ ਨੰ: 682, ਖਤੌਨੀ ਨੰ: 755, ਜਮ੍ਹਾਂਬੰਦੀ ਸਾਲ 2011-12, ਹੈਬੋਵਾਲ ਕਲਾਂ, ਹਦਬਸਤ ਨੰ: 102, ਦੁਰਗਾਪੁਰੀ ਵਜੋਂ ਜਾਣੀ ਜਾਂਦੀ ਅਬਾਦੀ, ਜ਼ਿਲ੍ਹਾ ਲੁਧਿਆਣਾ ਨਾਲ ਸੰਬੰਧਤ ਸਭ ਕੁਝ। ਹੱਦਾਂ : ਪੂਰਬ : ਗਲੀ 20' ਚੌੜੀ ਸਾਈਡ 32', ਪੱਛਮ : ਪਲਾਟ ਨੰ: 1120-1125 ਸਾਈਡ 32', ਉੱਤਰ : ਗੁਆਂਢੀ (ਸੁਧੀਰ ਨਾਰੰਗ) ਸਾਈਡ 52', ਦੱਖਣ : ਗੁਆਂਢੀ (ਕਿਰਨ ਚੱਢਾ) ਸਾਈਡ 52'

ਕਰਜ਼ਦਾਰਾਂ ਨੂੰ ਨੋਟਿਸਾਂ ਦੀ ਪਾਲਣਾ ਅਤੇ ਉਹਨਾਂ 'ਚ ਅਤੇ ਇੱਥੇ ਉੱਪਰ ਦਰਸਾਈ ਰਕਮ ਸਮੇਤ ਮੁਕੰਮਲ ਰਕਮ ਦੀ ਅਦਾਇਗੀ ਦੀ ਮਿਤੀ ਤੱਕ ਲਾਗੂ ਵਿਆਜ, ਵਾਧੂ ਵਿਆਜ, ਬਾਊਂਸ ਚਾਰਜਿਜ, ਲਾਗਤ ਅਤੇ ਖਰਚੇ ਦੇ ਇਸ ਪ੍ਰਕਾਸ਼ਨਾ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਅਦਾਇਗੀ ਕਰਨ ਦੀ ਹਦਾਇਤ ਕੀਤੀ ਜਾਂਦੀ ਹੈ। ਕਰਜ਼ਦਾਰ ਧਿਆਨ ਦੇਣ ਕਿ ਐੱਸ ਐੱਮ ਐੱਫ ਜੀ ਇੰਡੀਆ ਕ੍ਰੈਡਿਟ ਇੱਕ ਸਕਿਉਰਡ ਕ੍ਰੈਡਿਟਰ ਹੈ ਅਤੇ ਕਰਜ਼ਦਾਰ ਵੱਲੋਂ ਪ੍ਰਾਪਤ ਕੀਤੀ ਗਈ ਕਰਜ਼ਾ ਸਹੂਲਤ ਕਰਜ਼ਦਾਰ ਵੱਲੋਂ ਗਹਿਣੇ ਰੱਖੀਆਂ ਜਾਇਦਾਦਾਂ ਜੋ ਸਕਿਉਰਡ ਐੱਸਟ ਹੈ, ਵਿਰੁੱਧ ਸਕਿਉਰਡ ਕ੍ਰੈਡਿਟ ਹੈ। ਜੇਕਰ ਕਰਜ਼ਦਾਰ ਨਿਰਧਾਰਤ ਸਮੇਂ ਅੰਦਰ ਸਾਰੀਆਂ ਦੇਣਦਾਰੀਆਂ ਦਾ ਨਿਪਟਾਰਾ ਕਰਨ 'ਚ ਅਸਫਲ ਰਹਿੰਦਾ ਹੈ, ਐੱਸ ਐੱਮ ਐੱਫ ਜੀ ਇੰਡੀਆ ਕ੍ਰੈਡਿਟ ਐਕਟ ਦੇ ਸੈਕਸ਼ਨ 13 (4) ਤਹਿਤ ਮਿਲੇ ਅਧਿਕਾਰਾਂ ਦੀ ਸਕਿਉਰਡ ਐੱਸਟਸ ਦਾ ਕਬਜ਼ਾ ਲੈਣ ਸਮੇਤ ਇਸ ਨੂੰ ਵਿੱਕਰੀ ਰਾਹੀਂ ਤਬਾਦਲਾ ਜਾਂ ਐਕਟ ਅਤੇ ਨਿਯਮਾਂ ਤਹਿਤ ਉਪਲੱਬਧ ਹੋਰ ਉਪਾਅ ਰਕਮ ਦੀ ਵਸੂਲੀ ਲਈ ਵਰਤੋਂ ਕਰਨ ਦਾ ਹੱਕਦਾਰ ਹੋਵੇਗਾ। ਐੱਸ ਐੱਮ ਐੱਫ ਜੀ ਇੰਡੀਆ ਕ੍ਰੈਡਿਟ ਵਿਕਰੀ ਜਾਂ ਤਬਾਦਲਾ ਅਧਿਕਾਰ ਲਾਗੂ ਕਰਨ ਤੋਂ ਪਹਿਲਾਂ ਸਕਿਉਰਡ ਐੱਸਟਸ ਨੂੰ ਅਟੈਚ/ਜਾਂ ਸੀਲ ਕਰਨ ਦਾ ਵੀ ਹੱਕਦਾਰ ਹੈ। ਐੱਸ ਐੱਮ ਐੱਫ ਜੀ ਇੰਡੀਆ ਕ੍ਰੈਡਿਟ ਨੂੰ ਗਹਿਣੇ ਰੱਖੀਆਂ ਜਾਇਦਾਦਾਂ ਦੀ ਵਿਕਰੀ ਕਰਨ 'ਤੇ ਬਕਾਇਆ ਅਦਾਇਗੀ ਮੁਕੰਮਲ ਪ੍ਰਾਪਤ ਨਹੀਂ ਹੁੰਦੀ ਤਾਂ ਐੱਸ ਐੱਮ ਐੱਫ ਜੀ ਇੰਡੀਆ ਕ੍ਰੈਡਿਟ ਬਕਾਇਆ ਵਸੂਲਣ ਲਈ ਵੱਖਰੀ ਕਾਨੂੰਨੀ ਕਾਰਵਾਈ ਕਰਨ ਦਾ ਵੀ ਅਧਿਕਾਰ ਰੱਖਦਾ ਹੈ। ਇਹ ਉਪਾਅ ਐੱਸ ਐੱਮ ਐੱਫ ਜੀ ਇੰਡੀਆ ਕਰੈਡਿਟ ਨੂੰ ਕਿਸੇ ਹੋਰ ਕਾਨੂੰਨ ਅਧੀਨ ਪ੍ਰਾਪਤ ਹੋਰ ਉਪਾਵਾਂ ਤੋਂ ਵਾਧੂ ਅਤੇ ਅਜ਼ਾਦਾਨਾ ਹੈ। ਉਪਲੱਬਧ ਸਮੇਂ 'ਚ ਕਰਜ਼ਦਾਰਾਂ ਦਾ ਧਿਆਨ ਐਕਟ ਦੇ ਸੈਕਸ਼ਨ 13 (8) ਸਕਿਉਰਡ ਐੱਸਟਸ ਦੇ ਪੁਨਰ ਗ੍ਰਹਿਣ ਲਈ ਅਤੇ ਅੱਗੇ ਐਕਟ ਦੇ ਸੈਕਸ਼ਨ 13 (13), ਜਿਸ ਰਾਹੀਂ ਕਰਜ਼ਦਾਰਾਂ 'ਤੇ ਕਿਸੇ ਵੀ ਸਕਿਉਰਡ ਐੱਸਟਸ ਦੀ ਸੌਦੇਬਾਜ਼ੀ, ਵਿਕਰੀ ਰਾਹੀਂ ਤਬਾਦਲਾ ਕਰਨ, ਲੀਜ਼ ਜਾਂ ਕਿਸੇ ਹੋਰ ਢੰਗ ਨਾਲ (ਕਾਰੋਬਾਰ ਦੇ ਆਮ ਤਰੀਕੇ ਤੋਂ ਇਲਾਵਾ), ਐੱਸ ਐੱਮ ਐੱਫ ਜੀ ਇੰਡੀਆ ਕ੍ਰੈਡਿਟ ਦੀ ਅਗਾਊਂ ਲਿਖਤੀ ਮਨਜ਼ੂਰੀ ਤੋਂ ਨਿਪਟਾਰਾ ਕਰਨ 'ਤੇ ਪਾਬੰਦੀ/ਬੰਦਿਸ਼ ਹੈ ਅਤੇ ਉਪਰੋਕਤ ਦੀ ਪਾਲਣਾ ਨਾ ਕਰਨਾ ਐਕਟ ਦੇ ਸੈਕਸ਼ਨ 29 ਤਹਿਤ ਦੰਡਯੋਗ ਜੁਰਮ ਹੈ। ਡਿਮਾਂਡ ਨੋਟਿਸ ਦੀ ਨਕਲ ਨਿਮਨਹਸਤਾਖਰੀ ਕੋਲ ਉਪਲੱਬਧ ਹੈ ਅਤੇ ਕਰਜ਼ਦਾਰ, ਜੇਕਰ ਚਾਹੁਣ ਤਾਂ ਇਹ ਨਿਮਨਹਸਤਾਖਰੀ ਤੋਂ ਕਿਸੇ ਵੀ ਕੰਮਕਾਜ ਵਾਲੇ ਦਿਨ ਦਫਤਰ ਦੇ ਨੀਯਤ ਸਮੇਂ ਅੰਦਰ ਪ੍ਰਾਪਤ ਕਰ ਸਕਦੇ ਹਨ।

ਸਥਾਨ : ਲੁਧਿਆਣਾ ਮਿਤੀ : 3.8.2023 | ਸਹੀ/- ਅਧਿਕਾਰਤ ਅਫਸਰ
ਐੱਸ ਐੱਮ ਐੱਫ ਜੀ ਇੰਡੀਆ ਕ੍ਰੈਡਿਟ ਕੰਪਨੀ ਲਿਮ: (ਪਹਿਲਾਂ ਫੁਲਰਟੋਨ ਇੰਡੀਆ ਕ੍ਰੈਡਿਟ ਕੰਪਨੀ ਲਿਮ:)

## ...ਸ.ਫਾ 1 ਦੇ ਬਾਕੀ

### ਲੁਧਿਆਣਾ ਵਾਸੀਆਂ ਨੂੰ ...



ਸਪਲਾਈ ਕਰਨ, ਕੂੜਾ-ਕਰਕਟ ਚੁੱਕਣ ਅਤੇ ਹੋਰ ਕਾਰਜਾਂ ਲਈ ਵਰਤੇ ਜਾਣਗੇ। ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਸ਼ਹਿਰਾਂ ਦੇ ਵਿਆਪਕ ਵਿਕਾਸ ਲਈ ਪੂਰਨ ਤੌਰ ਉਤੇ ਵਚਨਬੱਧ ਹੈ ਅਤੇ ਇਸ ਵਿਚ ਕੋਈ ਕਸਰ ਬਾਕੀ ਨਹੀਂ ਛੱਡੇਗੀ। ਉਨ੍ਹਾ ਕਿਹਾ ਕਿ ਸੂਬੇ ਦੇ ਲੋਕਾਂ ਦੀ ਭਲਾਈ ਲਈ ਸੂਬਾ ਸਰਕਾਰ ਕੋਲ ਫੰਡਾਂ ਦੀ ਕੋਈ ਕਮੀ ਨਹੀਂ। ਸ਼ਹਿਰਾਂ ਦੇ ਸਰਬਪੱਖੀ ਵਿਕਾਸ ਲਈ ਖੁੱਲ੍ਹੇ ਦਿਲ ਨਾਲ ਫੰਡ ਦੇਣ ਤੋਂ ਇਲਾਵਾ ਇਨ੍ਹਾਂ ਦੇ ਵਿਕਾਸ ਕਾਰਜਾਂ ਲਈ ਬੁਨਿਆਦੀ ਢਾਂਚੇ ਦੀ ਮਜ਼ਬੂਤੀ ਉਤੇ ਵੀ ਜ਼ੋਰ ਦਿੱਤਾ ਜਾ ਰਿਹਾ ਹੈ। ਇਸ ਮੌਕੇ ਸਥਾਨਕ ਸਰਕਾਰਾਂ ਬਾਰੇ ਮੰਤਰੀ ਬਲਕਾਰ ਸਿੰਘ ਅਤੇ ਹੋਰ ਵੀ ਹਾਜ਼ਰ ਸਨ।

### ਕੁਛ ਤੋ ਮਜਬੂਰੀਆਂ ...

ਭਾਰਤੀ ਸੰਵਿਧਾਨ ਦੀ ਧਾਰਾ 356 ਦੇ ਤਹਿਤ ਰਾਜ ਵਿੱਚ ਰਾਸ਼ਟਰਪਤੀ ਰਾਜ ਲਾਗੂ ਕਰਨ ਦੀ ਬੇਨਤੀ ਕੀਤੀ ਸੀ ਤਾਂ ਜੋ ਭਾਜਪਾ ਦੀ ਅਗਵਾਈ ਵਾਲੀ ਬੀਰੇਨ ਸਿੰਘ ਸਰਕਾਰ ਨੂੰ ਬਰਖਾਸਤ ਕੀਤਾ ਜਾ ਸਕੇ।

ਮਨੀਪੁਰ ਤੋਂ ਇਲਾਵਾ ਰਾਘਵ ਚੱਢਾ ਨੇ ਹਰਿਆਣਾ ਵਿੱਚ ਫਿਰਕੂ ਹਿੰਸਾ ਦੇ ਹਾਲ ਹੀ ਦੇ ਦ੍ਰਿਸ਼ਾਂ ਬਾਰੇ ਚਿੰਤਾ ਪ੍ਰਗਟ ਕੀਤੀ। ਉਨ੍ਹਾ ਭਾਜਪਾ ਸਰਕਾਰਾਂ ਦੀ ਕਾਨੂੰਨ ਵਿਵਸਥਾ ਬਣਾਈ ਰੱਖਣ ਦੀ ਯੋਗਤਾ 'ਤੇ ਸਵਾਲ ਉਠਾਏ ਅਤੇ ਕਿਹਾ ਕਿ ਮਨੀਪੁਰ ਅਤੇ ਹਰਿਆਣਾ ਵਿੱਚ ਕਾਨੂੰਨ ਅਤੇ ਵਿਵਸਥਾ ਨੂੰ ਸੰਭਾਲਣ ਵਿੱਚ ਭਾਜਪਾ ਦੁਆਰਾ ਦਿਖਾਈ ਗਈ ਅਕੁਸ਼ਲਤਾ ਜਾਂ ਤਾਂ ਹਿੰਸਾ ਨੂੰ ਰੋਕਣ ਵਿੱਚ ਉਨ੍ਹਾਂ ਦੀ ਅਸਮਰੱਥਾ ਜਾਂ ਰਾਜਨੀਤਕ ਲਾਭ ਲਈ ਇਸ ਨੂੰ ਜਾਰੀ ਰੱਖਣ ਵਿੱਚ ਉਨ੍ਹਾਂ ਦੀ ਸ਼ਮੂਲੀਅਤ ਦਾ ਸੰਕੇਤ ਹੈ।

### ਫ਼ਿਰਕੂ ਫਾਸ਼ੀ ਹਾਲਾਤ ...

ਵਿੰਗ ਦੇ ਕਨਵੀਨਰ ਅਮੋਲਕ ਸਿੰਘ ਨੇ ਦੱਸਿਆ ਕਿ 9 ਅਗਸਤ 1915 ਨੂੰ ਅੰਮ੍ਰਿਤਸਰ ਜ਼ਿਲ੍ਹੇ ਨਾਲ ਸੰਬੰਧਤ ਆਤਮਾ ਸਿੰਘ ਠੱਠੀਖਾਰਾ, ਕਾਲਾ ਸਿੰਘ ਜਗਤਪੁਰ, ਚੰਨਣ ਸਿੰਘ ਬੂੜਚੰਦ ਅਤੇ ਹਰਨਾਮ ਸਿੰਘ ਠੱਠੀਖਾਰਾ ਨੂੰ ਵੱਲਾ ਪੁਲ ਸਾਜ਼ਿਸ਼ ਕੇਸ, 12 ਅਗਸਤ 1915 ਨੂੰ ਗ਼ਦਰੀ ਬੰਤਾ ਸਿੰਘ ਸੰਘਵਾਲ (ਜਲੰਧਰ), ਬੂਟਾ ਸਿੰਘ ਅਕਾਲਗੜ੍ਹ (ਲੁਧਿਆਣਾ) ਨੂੰ ਕੇਂਦਰੀ ਜੇਲ੍ਹ ਲਾਹੌਰ ਵਿੱਚ ਫਾਂਸੀ ਲਾਏ ਜਾਣ, ਅਜ਼ਾਦੀ ਵਾਲੇ ਦਿਨ ਤੋਂ ਪਹਿਲਾਂ ਚਾਚਾ ਅਜੀਤ ਸਿੰਘ ਦਾ ਵਿਛੋੜਾ, 17 ਅਗਸਤ 1909 ਨੂੰ ਲੰਡਨ 'ਚ ਫਾਂਸੀ ਲਗਾਏ ਮਦਨ ਲਾਲ ਢੀਂਗਰਾ, ਰਾਮ ਕ੍ਰਿਸ਼ਨ ਵਿਸ਼ਵਾਸ਼ ਨੂੰ 4 ਅਗਸਤ 1931 ਨੂੰ ਅਲੀਪੁਰ ਜੇਲ੍ਹ (ਬੰਗਾਲ), ਪਿੰਡ ਪਿੱਥੋ ਬਠਿੰਡਾ ਦੇ ਕੂਕਾ ਲਹਿਰ ਦੇ ਯੋਧਿਆਂ ਨੂੰ 5 ਅਗਸਤ 1871 ਨੂੰ ਰਾਏਕੋਟ (ਲੁਧਿਆਣਾ) ਦੀ ਜੇਲ੍ਹ ਵਿੱਚ, ਬੱਬਰ ਕਰਤਾਰ ਸਿੰਘ ਕਿਰਤੀ ਚੱਕ ਕਲਾਂ (ਜਲੰਧਰ), ਬੱਬਰ ਅਕਾਲੀ ਦਲੇਰ ਸਿੰਘ ਮੰਢਾਲੀ (ਜਲੰਧਰ) ਨੂੰ ਫਾਂਸੀ, ਖੁਦੀ ਰਾਮ ਬੋਸ ਨੂੰ 11 ਅਗਸਤ 1908 ਨੂੰ ਫਾਂਸੀ, ਕਰਨੈਲ ਸਿੰਘ ਈਸੜੂ 15 ਅਗਸਤ 1955 ਨੂੰ ਸ਼ਹੀਦੀ, 21 ਅਗਸਤ 1922 ਨੂੰ ਗੁਰੂ ਕੇ ਬਾਗ਼ ਦਾ ਮੋਰਚਾ, 23 ਅਗਸਤ 2002 ਨੂੰ ਦੇਸ਼ ਭਗਤ ਯਾਦਗਾਰ ਕਮੇਟੀ ਦੇ ਸੀਨੀਅਰ ਟਰੱਸਟੀ ਜਗੀਰ ਸਿੰਘ ਜੋਗਾ ਦਾ ਵਿਛੋੜਾ, ਇਹਨਾਂ ਇਤਿਹਾਸਕ ਘਟਨਾਵਾਂ, ਸ਼ਹਾਦਤਾਂ ਅਤੇ ਵਿਛੜੀਆਂ ਸ਼ਖਸ਼ੀਅਤਾਂ ਦੀ ਭੂਮਿਕਾ ਤੋਂ ਸਬਕ ਗ੍ਰਹਿਣ ਕਰਨ ਅਤੇ ਮੁਲਕ ਅੰਦਰ ਤਿੱਖੇ ਹੋਏ ਫ਼ਿਰਕੂ ਫਾਸ਼ੀ ਹੱਲਿਆਂ ਉਪਰ ਗੰਭੀਰਤਾ ਨਾਲ ਚਰਚਾ ਕਰੇਗੀ ਵਿਚਾਰ-ਗੋਸ਼ਟੀ।

ਦੇਸ਼ ਭਗਤ ਯਾਦਗਾਰ ਕਮੇਟੀ ਨੇ ਸਮੂਹ ਲੋਕ ਪੱਖੀ ਸੰਸਥਾਵਾਂ ਅਤੇ ਇਨਸਾਫ਼ਪਸੰਦ ਵਿਅਕਤੀਆਂ ਨੂੰ ਇਸ ਵਿਚਾਰ-ਚਰਚਾ 'ਚ ਸ਼ਾਮਲ ਹੋਣ ਦੀ ਜ਼ੋਰਦਾਰ ਅਪੀਲ ਕੀਤੀ ਹੈ।

**ਉਤਰ ਰੇਲਵੇ**
G20 | ਆਜ਼ਾਦੀ ਕਾ ਅੰਮ੍ਰਿਤ ਮਹੋਤਸਵ

**ਈ-ਨਿਵਿਦਾ ਸੂਚਨਾ**

ਸੀਨੀ. ਮੰਡਲ ਬਿਜਲੀ ਇੰਜੀਨੀਅਰ/ਸਾਧਾਰਨ, ਉਤਰ ਰੇਲਵੇ, ਫਿਰੋਜ਼ਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵੱਲੋਂ ਤੋਂ ਈ-ਟੈਂਡਰਾਂ (www.ireps.gov.in) ਦੀ ਮੰਗ ਕੀਤੀ ਜਾਂਦੀ ਹੈ। ਟੈਂਡਰਕਾਰਕ ਆਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ।

| ਟੈਂਡਰ ਨੰਬਰ | ਕੰਮਾਂ ਦਾ ਵੇਰਵਾ | ਅੰਦਾਜਨ ਲਾਗਤ ਰੁ. | ਬਿਆਨਾ ਰਾਸ਼ੀ (ਰੁ.) | ਕੰਮ ਦਾ ਸਮਾਂ | ਟੈਂਡਰ ਖੁਲਣ ਦੀ ਮਿਤੀ ਅਤੇ ਸਮਾਂ | ਵੈਬਸਾਈਟ |
|---|---|---|---|---|---|---|
| 251-ਬਿਜਲੀ T-17-2023-24 | ਫਿਰੋਜ਼ਪੁਰ ਡਵੀਜਨ ਵਿਚ ਐਲਐਚਬੀ ਨਾਨ-ਏਸੀ ਈਓਜੀ/ਐਚਓਜੀ ਕੋਚਾਂ ਦੇ ਲਈ ਪਾਣੀ ਦੇ ਪੰਪਾਂ ਦੇ ਲਈ ਅਲਗ ਐਮਪੀਸੀਬੀ ਦੇ ਪੈਨਲਾਂ ਦੇ ਸੇਟ ਵਿਚ ਪ੍ਰਾਵਧਾਨ ਅਤੇ ਇਸ ਦੇ ਕੰਟ੍ਰੋਲਰ ਨੂੰ ਟਰਾਂਸਫਰ ਕਰਨ ਲਈ। | 23,98,875.60 | 48,000.00 | 04 ਮਹੀਨੇ | 28.08.2023 15:00 ਵਜੇ ਦੇ ਬਾਅਦ | www.ireps.gov.in |

ਨੰ. 251-ਬਿਜਲੀ ਟੈਂਡਰ ਨੋਟਿਸ ਨੰ. 11/ਬਿਜਲੀ-2023-24 ਮਿਤੀ 02.08.2023 | 2385/23

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by **Gurmit Singh Shugli** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: **Chand Fatehpuri**

ਸੰਪਾਦਕ : **ਚੰਦ ਫਤਿਹਪੁਰੀ** * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ **ਗੁਰਮੀਤ ਸਿੰਘ ਸ਼ੁਗਲੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

**ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in**

CMYK

# ਕੌਂਸਲਰਾਂ ਨੇ ਨਗਰ ਪੰਚਾਇਤ ਅਜਨਾਲਾ ਦੇ ਪ੍ਰਧਾਨ 'ਤੇ ਅਧਿਕਾਰਾਂ ਦੀ ਦੁਰਵਰਤੋਂ ਕਰਨ ਦੇ ਲਾਏ ਦੋਸ਼

**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**-ਨਗਰ ਪੰਚਾਇਤ ਅਜਨਾਲਾ ਦੇ ਕਾਂਗਰਸ ਤੇ ਭਾਜਪਾ ਨਾਲ ਸੰਬੰਧਿਤ 8 ਕੌਂਸਲਰਾਂ ਵੱਲੋਂ ਕੌਂਸਲਰ ਗੀਤਾ ਔਲ ਦੇ ਪਤੀ ਤੇ ਕਾਨੂੰਨੀ ਸਲਾਹਕਾਰ ਐਡਵੋਕੇਟ ਬ੍ਰਿਜ ਮੋਹਨ ਔਲ, ਕੌਂਸਲਰ ਗੁਰਦੇਵ ਸਿੰਘ ਨਿੱਝਰ, ਕੌਂਸਲਰ ਵਿਕਰਮ ਬੇਦੀ ਦੀ ਵਿਸ਼ੇਸ਼ ਹਾਜ਼ਰੀ ਅਤੇ ਕਾਂਗਰਸ ਦੇ ਨਗਰ ਪੰਚਾਇਤ ਅਜਨਾਲਾ ਦੇ ਸਾਬਕਾ ਪ੍ਰਧਾਨ ਦੀਪਕ ਅਰੋੜਾ ਦੀ ਅਗਵਾਈ ਹੇਠ ਕੌਂਸਲਰ ਪ੍ਰਮਿੰਦਰ ਸਿੰਘ ਭੱਖਾ ਦੇ ਗ੍ਰਹਿ ਵਿਖੇ ਸਾਂਝੇ ਤੌਰ 'ਤੇ ਕੀਤੀ ਪ੍ਰੈਸ ਕਾਨਫਰੰਸ ਦੌਰਾਨ ਸੱਤਾਧਾਰੀ ਪਾਰਟੀ ਦੇ ਨਗਰ ਪੰਚਾਇਤ ਅਜਨਾਲਾ ਦੇ ਪ੍ਰਧਾਨ ਜਸਪਾਲ ਸਿੰਘ ਢਿੱਲੋਂ ਦੁਆਰਾ ਆਪਣੇ ਅਧਿਕਾਰਾਂ ਦੀ ਦੁਰਵਰਤੋਂ ਕਰਦੇ ਹੋਏ ਵਿਕਾਸ ਕਾਰਜਾਂ ਲਈ ਆਏ ਫੰਡਾਂ ਦੀ ਮਿਲੀ ਭੁਗਤ ਕਰਕੇ ਨਜਾਇਜ਼ ਵਰਤੋਂ ਕਰਨ ਅਤੇ ਆਪਣੇ ਚਹੇਤਿਆਂ ਨੂੰ ਲਾਹ ਦੇਣ ਲਈ ਨਗਰ ਪੰਚਾਇਤ ਦੀ ਵਾਹੀਯੋਗ ਜ਼ਮੀਨ ਦੀ ਬੋਲੀ ਅੰਦਰਖਾਤੇ ਘੱਟ ਰੇਟਾਂ 'ਤੇ ਦੇ ਕੇ ਨਗਰ ਪੰਚਾਇਤ ਨੂੰ ਮਿਲਣ ਵਾਲੇ ਵੱਧ ਮਾਲੀਏ ਦੇ ਫਾਇਦੇ ਤੋਂ ਵਾਂਝਿਆਂ ਕਰਨ ਦੇ ਕਥਿਤ ਤੌਰ 'ਤੇ ਦੋਸ਼ ਲਾਏ ਜਾਣ ਦਾ ਮਾਮਲਾ ਸਾਹਮਣੇ ਆਇਆ। ਇਸ ਮੌਕੇ ਨਗਰ ਪੰਚਾਇਤ ਅਜਨਾਲਾ ਦੇ ਸਾਬਕਾ ਪ੍ਰਧਾਨ ਦੀਪਕ ਅਰੋੜਾ ਨੇ ਭਾਜਪਾ ਤੇ ਕਾਂਗਰਸ ਨਾਲ ਸੰਬੰਧਿਤ 8 ਕੌਂਸਲਰਾਂ ਦੇ ਦਸਤਖਤਾਂ ਹੇਠ ਜਾਰੀ ਕੀਤੇ ਪ੍ਰੈਸ ਨੋਟ ਦੇ ਹਵਾਲੇ ਨਾਲ ਕਥਿਤ ਤੌਰ 'ਤੇ ਸੱਤਾਧਾਰੀ ਪਾਰਟੀ ਦੇ ਨਗਰ ਪੰਚਾਇਤ ਅਜਨਾਲਾ ਦੇ ਪ੍ਰਧਾਨ ਜਸਪਾਲ ਸਿੰਘ ਢਿੱਲੋ 'ਤੇ ਦੋਸ਼ ਲਾਉਂਦੇ ਦੱਸਿਆ ਕਿ ਅਜਨਾਲਾ ਵਾਸੀਆਂ ਦੇ ਬਣਦੇ ਹੱਕਾਂ ਨੂੰ ਅੱਖੋਂ-ਪਰੋਖੇ ਕਰਦੇ ਹੋਏ ਪੰਚਾਇਤੀ ਜ਼ਮੀਨ ਦੀ ਬੋਲੀ ਦੇਣ ਸਮੇਂ ਬਿਨਾਂ ਕਿਸੇ ਨੂੰ ਦੱਸੇ ਅੰਦਰਖਾਤੇ ਆਪਣੇ ਚਾਹੇਤੇ ਅਤੇ ਕੁਝ ਕੌਂਸਲਰਾਂ ਦੇ ਪਰਿਵਾਰਿਕ ਮੈਂਬਰਾਂ ਨੂੰ ਮਾਰਕੀਟ ਰੇਟ ਨਾਲੋਂ ਵੀ ਘੱਟ ਰੇਟ 'ਤੇ ਪ੍ਰਤੀ ਏਕੜ ਮਾਤਰ 22-23 ਹਜ਼ਾਰ ਰੁਪਏ 'ਚ ਜ਼ਮੀਨ ਦੇ ਦਿੱਤੀ ਗਈ। ਜਦੋਂ ਇਸ ਪੰਚਾਇਤੀ ਜ਼ਮੀਨ ਦੇ ਬੋਲੀ ਦੀ ਹੇਰਾ-ਫੇਰੀ ਬਾਰੇ ਡੀਸੀ ਅੰਮ੍ਰਿਤਸਰ ਤੇ ਡਿਪਟੀ ਡਾਇਰੈਕਟਰ ਦੇ ਧਿਆਨ 'ਚ ਲਿਆ ਕੇ ਦੂਜੇ ਬੋਲੀਕਾਰਾਂ ਨੇ ਇਸ ਜ਼ਮੀਨ ਲਈ 40 ਹਜ਼ਾਰ ਰੁਪਏ ਪ੍ਰਤੀ ਏਕੜ ਦੇ ਹਿਸਾਬ ਨਾਲ ਡਰਾਫਟ ਬਣਾ ਕੇ ਦਿੱਤੇ ਤਾਂ ਉੱਚ ਅਧਿਕਾਰੀਆਂ ਨੇ ਉਕਤ ਬੋਲੀ ਰੱਦ ਕਰ ਦਿਤੀ। ਉਨ੍ਹਾਂ ਅੱਗੇ ਕਿਹਾ ਕਿ ਮੌਜੂਦਾ ਪ੍ਰਧਾਨ ਅਤੇ ਉਕਤ ਬੋਲੀ ਦੇਣ ਵਾਲਿਆਂ ਵੱਲੋਂ ਮਾਣਯੋਗ ਹਾਈਕੋਰਟ ਵਿੱਚ ਕੇਸ ਦਾਇਰ ਕੀਤਾ ਤਾਂ ਉਕਤ ਕੋਰਟ ਵੱਲੋਂ ਦਿੱਤੇ ਸਟੇਟਸ ਕੋ ਦੇ ਬਾਵਜੂਦ ਪ੍ਰਧਾਨ ਨੇ ਆਪਣੇ ਚਾਹੇਤਿਆਂ ਨੂੰ ਲਾਹ ਦੇਣ ਦੀ ਖਾਤਿਰ ਇਸ ਜ਼ਮੀਨ ਦੇ ਕੁਝ ਰਕਬੇ 'ਤੇ ਕਬਜ਼ਾ ਕਰਵਾਉਣ ਦੀ ਕੋਸ਼ਿਸ਼ ਕੀਤੀ। ਉੱਧਰ ਜਦੋਂ ਦੂਜੀ ਧਿਰ ਨੇ ਆਰ.ਟੀ.ਆਈ. ਰਾਹੀਂ ਨਗਰ ਪੰਚਾਇਤ ਅਜਨਾਲਾ ਤੋਂ ਜ਼ਮੀਨ 'ਤੇ ਕਬਜ਼ਾ ਕਰਨ ਬਾਰੇ ਜਾਣਕਾਰੀ ਮੰਗੀ ਤਾਂ ਉਸ ਦੇ ਉੱਤਰ 'ਚ ਮਾਣਯੋਗ ਅਦਾਲਤ ਦੇ ਸਟੇਟਸ ਕੋ ਨੂੰ ਸਟੇਅ ਕਹਿ ਕੇ ਗਲਤ ਜਾਣਕਾਰੀ ਦਿੱਤੀ ਗਈ। ਇਸ ਮੌਕੇ ਉਪਰੋਕਤ ਕੌਂਸਲਰਾਂ ਨੇ ਕਿਹਾ ਕਿ ਪਿਛਲੇ ਕਰੀਬ 4 ਮਹੀਨਿਆਂ ਤੋਂ ਨਗਰ ਪੰਚਾਇਤ ਅਜਨਾਲਾ ਦੀ ਕੋਈ ਮੀਟਿੰਗ ਨਹੀਂ ਹੋਈ ਪਰ ਮੌਜੂਦਾ ਨਗਰ ਪੰਚਾਇਤ ਅਜਨਾਲਾ ਦੇ ਪ੍ਰਧਾਨ ਨੇ ਆਪਣੇ ਅਧਿਕਾਰਾਂ ਦੀ ਦੁਰਵਰਤੋਂ ਕਰਕੇ ਬਿਨਾਂ ਕੋਈ ਮੀਟਿੰਗ ਸੱਦੇ ਟੈਂਡਰ ਕੱਢੇ, ਜਿਸ 'ਚ ਕਰੀਬ 3.50 ਕਰੋੜ ਰੁਪਏ ਦੀ ਰਾਸ਼ੀ ਦੇ 4 ਟੈਂਡਰ ਲਾਏ ਗਏ ਹਨ ਪਰ ਇਹਨਾਂ ਟੈਂਡਰਾਂ ਦੀ ਵੀ ਕੋਈ ਨਿਰਧਾਰਨ ਸੀਮਾ (ਸਪੈਸੀਫਿਕੇਸ਼ਨ) ਨਹੀਂ ਰੱਖੀ ਗਈ ਤਾਂ ਕਿ ਇਸ ਵਿੱਚ ਵੀ ਮਿਲੀਭੁਗਤ ਕਰਕੇ ਵੰਡ ਦੀ ਦੁਰਵਰਤੋਂ ਕੀਤੀ ਜਾ ਸਕੇ। ਇਸ ਮੌਕੇ ਉਨ੍ਹਾਂ ਕਿਹਾ ਕਿ ਪਿਛਲੇ ਕਰੀਬ 8 ਮਹੀਨਿਆਂ ਤੋਂ ਮੌਜੂਦਾ ਪ੍ਰਧਾਨ ਵੱਲੋਂ ਸਵੱਛ ਭਾਰਤ ਯੋਜਨਾ ਦੇ ਫੰਡਾਂ ਦਾ ਵੀ ਦੁਰਉਪਯੋਗ ਕਰਦੇ ਹੋਏ ਸਹਿਰ 'ਚ ਵੱਖ-ਵੱਖ ਸੜਕੀ ਥਾਵਾਂ 'ਤੇ ਨਜਾਇਜ਼ ਕਬਜ਼ੇ ਕਰਕੇ ਲੋੜੋਂ ਵੱਡੇ-ਵੱਡੇ ਜਨਤਕ ਪਖਾਨੇ ਬਣਾਏ ਜਾ ਰਹੇ ਹਨ ਜੋ ਅਜੇ ਤੱਕ ਅਧੂਰੇ ਪਏ ਹੋਏ। ਇਸ ਮੌਕੇ ਉਨ੍ਹਾਂ ਦੱਸਿਆ ਕਿ ਸੱਤਾਧਾਰੀ ਧਿਰ ਦੇ ਪ੍ਰਧਾਨ ਵੱਲੋਂ ਸਹਿਰ ਦੇ ਬਰਸਾਤੀ ਨਾਲੇ-ਨਾਲੀਆਂ ਦੀ ਸਮੇਂ ਸਿਰ ਸਫਾਈ ਨਾ ਕਰਵਾਏ ਜਾਣ ਕਾਰਨ ਲੋਕਾਂ ਦੇ ਘਰਾਂ ਤੇ ਦੁਕਾਨਾਂ ਦੀਆਂ ਨੀਂਹਾਂ 'ਚ ਪਾਣੀ ਪੈਣ ਕਾਰਨ ਉਨ੍ਹਾਂ ਦਾ ਭਾਰੀ ਨੁਕਸਾਨ ਹੋ ਗਿਆ ਹੈ। ਹੋਰ ਤਾਂ ਹੋਰ ਅਜਨਾਲਾ ਸਹਿਰ 'ਚ ਸਟਰੀਟ ਲਾਈਟਾਂ ਦੇ ਵੀ ਕੋਈ ਪੁਖਤਾ ਪ੍ਰਬੰਧ ਨਹੀਂ ਹਨ, ਜਦੋਂ ਕਿ ਸ਼ਹਿਰ 'ਚ ਬੀਤੇ ਕੁਝ ਦਿਨਾਂ ਤੋਂ ਵਾਪਰੀਆਂ ਕਤਲਾਂ ਦੀ ਖੌਫਨਾਕ ਘਟਨਾਵਾਂ ਤੋਂ ਬਾਅਦ ਨਗਰ ਪੰਚਾਇਤ ਅਜਨਾਲਾ ਵੱਲੋਂ ਸੀ.ਸੀ.ਟੀ.ਵੀ. ਕੈਮਰੇ ਲਾਉਣ ਦੇ ਦਾਅਵੇ ਕਰਨੇ ਸ਼ੁਰੂ ਕਰ ਦਿੱਤੇ ਹਨ। ਇਸ ਮੌਕੇ ਉਕਤ ਕੌਂਸਲਰਾਂ ਨੇ ਸਰਕਾਰ ਤੋਂ ਨਿਰਪੱਖ ਜਾਂਚ ਏਜੰਸੀ ਤੋਂ ਨਗਰ ਪੰਚਾਇਤ ਅਜਨਾਲਾ ਦੇ ਆਡਿਟ ਦੀ ਉੱਚ ਪੱਧਰੀ ਜਾਂਚ ਕੀਤੇ ਜਾਣ ਦੀ ਮੰਗ ਕੀਤੀ। ਇਸ ਸੰਬੰਧੀ ਜਦੋਂ ਨਗਰ ਪੰਚਾਇਤ ਅਜਨਾਲਾ ਦੇ ਪ੍ਰਧਾਨ ਜਸਪਾਲ ਸਿੰਘ ਢਿੱਲੋਂ ਨੂੰ ਫੋਨ 'ਤੇ ਪੁੱਛਿਆ ਗਿਆ ਤਾਂ ਉਨ੍ਹਾਂ ਕਿਹਾ ਕਿ ਉਨ੍ਹਾਂ ਤੇ ਉਕਤ ਭਾਜਪਾ ਤੇ ਕਾਂਗਰਸ ਪੱਖੀ ਕੌਂਸਲਰਾਂ ਵੱਲੋਂ ਲਾਏ ਜਾ ਰਹੇ ਦੋਸ਼ ਝੂਠੇ ਤੇ ਬੇਬੁਨਿਆਦ ਹਨ। ਉਨ੍ਹਾਂ ਕਿਹਾ ਕਿ ਮੈਂ ਕਾਂਗਰਸ ਦੀ ਸਾਬਕਾ ਸੂਬਾ ਸਰਕਾਰ ਸਮੇਂ ਤੋਂ ਨਗਰ ਪੰਚਾਇਤ ਦੀ ਬੰਜਰ ਪਈ ਜ਼ਮੀਨ ਨੂੰ ਵਾਹੀਯੋਗ ਬਣਾ ਕੇ ਨਗਰ ਪੰਚਾਇਤ ਅਜਨਾਲਾ ਲਈ ਕਮਾਈ ਸਾਧਨ ਬਣਾਇਆ ਜਦੋਂ ਕਿ ਵਿਕਾਸ ਕਾਰਜਾਂ ਲਈ ਲਾਏ ਟੈਂਡਰਾਂ ਲਈ ਸਾਰੇ ਕੌਂਸਲਰਾਂ ਦੀ ਹੋਈ ਮੀਟਿੰਗ 'ਚ ਉਕਤ ਕੌਂਸਲਰਾਂ ਨੇ ਸਾਇਨ ਕਰਕੇ ਸਹਿਮਤੀ ਦਿੱਤੀ ਸੀ। ਇਸ ਤੋਂ ਇਲਾਵਾ ਉਨ੍ਹਾਂ ਵੱਲੋਂ ਬਾਕੀ ਵਿਕਾਸ ਕੰਮ ਵੀ ਪਾਰਦਰਸ਼ੀ ਤੇ ਕਾਨੂੰਨੀ ਨਿਯਮਾਂ ਅਨੁਸਾਰ ਨੇਪਰੇ ਚਾੜ੍ਹੇ ਜਾ ਰਹੇ ਹਨ।



# ਨਿਊਯਾਰਕ ਪੁਲਸ 'ਚ ਸਿੱਖ ਸਿਪਾਹੀਆਂ ਨੂੰ ਦਾੜ੍ਹੀ ਰੱਖਣ ਤੋਂ ਰੋਕਣਾ ਧਾਰਮਿਕ ਆਜ਼ਾਦੀ ਦਾ ਉਲੰਘਣ: ਧਾਮੀ

## * ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਅਮਰੀਕਾ 'ਚ ਭਾਰਤੀ ਰਾਜਦੂਤ ਤਰਨਜੀਤ ਸਿੰਘ ਸੰਧੂ ਨੂੰ ਲਿਖਿਆ ਪੱਤਰ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਅਮਰੀਕਾ ਦੀ ਨਿਊਯਾਰਕ ਪੁਲਿਸ 'ਚ ਸਿੱਖਾਂ ਨੂੰ ਦਾੜ੍ਹੀ ਰੱਖਣ ਤੋਂ ਰੋਕਣ ਵਾਲੇ ਨਿਯਮ ਵਿਰੁੱਧ ਕਰੜਾ ਇਤਰਾਜ਼ ਪ੍ਰਗਟ ਕੀਤਾ ਹੈ। ਇਸ ਨੂੰ ਲੈ ਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਅਮਰੀਕਾ ਅੰਦਰ ਭਾਰਤ ਦੇ ਰਾਜਦੂਤ ਤਰਨਜੀਤ ਸਿੰਘ ਸੰਧੂ ਨੂੰ ਇਕ ਪੱਤਰ ਲਿਖਿਆ ਹੈ। ਇਸ ਬਾਰੇ ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਭਾਰਤ ਦੇ ਵਿਦੇਸ਼ ਮੰਤਰੀ ਡਾ. ਐਸ. ਜੈਸ਼ੰਕਰ ਪਾਸੋਂ ਵੀ ਦਖ਼ਲ ਮੰਗਿਆ ਹੈ। ਅਮਰੀਕਾ 'ਚ ਭਾਰਤੀ ਰਾਜਦੂਤ ਤਰਨਜੀਤ ਸਿੰਘ ਸੰਧੂ ਨੂੰ ਲਿਖੇ ਆਪਣੇ ਪੱਤਰ ਵਿਚ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸੁਰੱਖਿਆ ਦੇ ਨਾਂ ਹੇਠ ਅਮਰੀਕਾ ਪੁਲਸ ਵੱਲੋਂ ਸਿੱਖਾਂ ਨੂੰ ਦਾੜ੍ਹੀ ਰੱਖਣ ਤੋਂ ਰੋਕਣ ਦਾ ਨਿਯਮ ਤਰਕਸੰਗਤ ਨਹੀਂ ਹੈ। ਗੈਸ ਮਾਸਕ ਦੇ ਹਵਾਲੇ ਨਾਲ ਦਾੜ੍ਹੀ ਰੱਖਣ 'ਤੇ ਪਾਬੰਦੀ ਗਲਤ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਦਾੜ੍ਹੀ ਬੰਨ੍ਹ ਕੇ ਗੈਸ ਮਾਸਕ ਆਸਾਨੀ ਨਾਲ ਪਹਿਨਿਆ ਜਾ ਸਕਦਾ ਹੈ, ਇਸ ਦੀ ਉਦਾਹਰਣ ਭਾਰਤੀ ਫ਼ੌਜ ਵਿਚ ਸੇਵਾ ਕਰ ਰਹੇ ਸਿੱਖ ਸਿਪਾਹੀ ਹਨ ਜੋ ਵਿਸ਼ਵ ਦੀਆਂ ਸਿਖਰਲੀਆਂ ਫ਼ੌਜਾਂ ਵਿਚ ਇਕ ਹੈ।

ਐਡਵੋਕੇਟ ਧਾਮੀ ਨੇ ਕਿਹਾ ਕਿ ਸਿੱਖਾਂ ਵੱਲੋਂ ਆਪਣੇ ਕੇਸ ਨਾ ਕੱਟਣੇ ਆਪਣੇ ਗੁਰੂ ਸਾਹਿਬਾਨ ਅਤੇ ਧਰਮ ਪ੍ਰਤੀ ਵਚਨਬੱਧਤਾ ਹੈ ਅਤੇ ਨਿਊਯਾਰਕ ਪੁਲਿਸ ਵੱਲੋਂ ਸਿੱਖ ਸਿਪਾਹੀਆਂ ਨੂੰ ਦਾੜ੍ਹੀ ਰੱਖਣ ਤੋਂ ਰੋਕਣ ਦਾ ਕਾਨੂੰਨ ਸਿੱਖਾਂ ਦੀ ਧਾਰਮਿਕ ਆਜ਼ਾਦੀ 'ਤੇ ਹਮਲਾ ਹੈ। ਅਮਰੀਕਾ ਵਰਗੇ ਲੋਕਤੰਤਰੀ ਦੇਸ਼ ਵਿਚ ਸਿੱਖ ਭਾਈਚਾਰੇ ਨਾਲ ਅਜਿਹਾ ਵਿਤਕਰਾ ਠੀਕ ਨਹੀਂ ਹੈ। ਉਨ੍ਹਾਂ ਇਹ ਵੀ ਆਖਿਆ ਕਿ ਅਮਰੀਕਾ ਦੇ ਸਰਬਪੱਖੀ ਵਿਕਾਸ ਵਿਚ ਸਿੱਖਾਂ ਦੇ ਯੋਗਦਾਨ ਨੂੰ ਨਜ਼ਰਅੰਦਾਜ਼ ਨਹੀਂ ਕੀਤਾ ਜਾ ਸਕਦਾ। ਸਿੱਖਾਂ ਨੇ ਉਥੇ ਰਹਿੰਦਿਆਂ ਬੇਹੱਦ ਸਖ਼ਤ ਮਿਹਨਤ ਕਰਕੇ ਦੇਸ਼ ਦੀ ਖੁਸ਼ਹਾਲੀ ਲਈ ਕੰਮ ਕੀਤਾ ਹੈ। ਉਨ੍ਹਾਂ ਕਿਹਾ ਕਿ ਸਿੱਖ ਕੌਮ ਦੀ ਰੀਤੀ ਰਿਵਾਜ ਦੁਨੀਆਂ ਦੇ ਕਿਸੇ ਹਿੱਸੇ ਵਿਚ ਵੀ ਜਾਣ-ਪਛਾਣ ਦੇ ਮੁਥਾਜ ਨਹੀਂ ਹਨ, ਕਿਉਂਕਿ ਪੂਰੀ ਦੁਨੀਆਂ ਵਿਚ ਸਿੱਖਾਂ ਨੇ ਆਪਣੀ ਪਛਾਣ ਸਥਾਪਤ ਕੀਤੀ ਹੋਈ ਹੈ। ਅਮਰੀਕਾ ਦੇਸ਼ ਜਿਹੜਾ ਕਿ ਸਿੱਖਾਂ ਦੇ ਰਹਿਣ-ਸਹਿਣ, ਪਛਾਣ ਅਤੇ ਮਰਯਾਦਾ ਨੂੰ ਨੇੜਿਓਂ ਸਮਝਦਾ ਹੈ, ਉਥੇ ਸਿੱਖਾਂ ਦੀ ਧਾਰਮਿਕ ਆਜ਼ਾਦੀ ਨੂੰ ਸੱਟ ਮਾਰਨੀ ਠੀਕ ਨਹੀਂ ਹੈ। ਉਨ੍ਹਾਂ ਰਾਜਦੂਤ ਤਰਨਜੀਤ ਸਿੰਘ ਸੰਧੂ ਨੂੰ ਕਿਹਾ ਕਿ ਉਹ ਇਸ ਮਾਮਲੇ ਵਿਚ ਦਖ਼ਲ ਦੇਣ ਅਤੇ ਨਿਊਯਾਰਕ ਪੁਲਸ ਦੀ ਸਿੱਖ ਵਿਰੋਧੀ ਨੀਤੀ 'ਤੇ ਸਖ਼ਤ ਇਤਰਾਜ਼ ਪ੍ਰਗਟ ਕਰਨ।

# ਵਿਦਿਆਰਥਣਾਂ ਨੂੰ ਸਿਲਾਈ ਮਸ਼ੀਨਾਂ ਬਾਰੇ ਦਿੱਤੀ ਜਾਣਕਾਰੀ

**ਅੰਮ੍ਰਿਤਸ (ਜਸਬੀਰ ਸਿੰਘ ਪੱਟੀ)**—ਖ਼ਾਲਸਾ ਕਾਲਜ ਫ਼ਾਰ ਵੂਮੈਨ ਦੇ ਫ਼ੈਸ਼ਨ ਡਿਜ਼ਾਈਨਿੰਗ ਦੇ ਪੋਸਟ ਗ੍ਰੈਜੂਏਟ ਵਿਭਾਗ ਵੱਲੋਂ ਊਸ਼ਾ ਕੰਪਨੀ ਦੇ ਸਹਿਯੋਗ ਨਾਲ ਵਰਕਸ਼ਾਪ ਕਰਵਾਈ ਗਈ। ਕਾਲਜ ਪ੍ਰਿੰਸੀਪਲ ਡਾ. ਸੁਰਿੰਦਰ ਕੌਰ ਦੇ ਦਿਸ਼ਾ-ਨਿਰਦੇਸ਼ਾਂ 'ਤੇ ਕਰਵਾਈ ਗਈ ਵਰਕਸ਼ਾਪ 'ਚ ਕੰਪਨੀ ਮਾਹਿਰਾਂ ਵੱਲੋਂ ਨਵੀਂਆਂ ਉਤਪਾਦ ਕੀਤੀਆਂ ਗਈਆਂ ਸਵੈ-ਚਾਲਕ ਸਿਲਾਈ ਮਸ਼ੀਨਾਂ ਦੀਆਂ ਵਿਸ਼ੇਸ਼ਤਾਵਾਂ ਬਾਰੇ ਜਾਣਕਾਰੀ ਪ੍ਰਦਾਨ ਕੀਤੀ ਗਈ। ਇਸ ਮੌਕੇ ਉਨ੍ਹਾਂ ਨੇ ਵਿਦਿਆਰਥਣਾਂ ਨੂੰ ਉਕਤ ਮਸ਼ੀਨਾਂ ਨੂੰ ਚਲਾਉਣ ਸਬੰਧੀ ਸਿਖਲਾਈ ਵੀ ਦਿੱਤੀ। ਇਸ ਦੌਰਾਨ ਪ੍ਰਿੰ: ਡਾ. ਸੁਰਿੰਦਰ ਕੌਰ ਨੇ ਕਿਹਾ ਕਿ ਉਕਤ ਵਰਕਸ਼ਾਪ ਨਾਲ ਵਿਦਿਆਰਥਣਾਂ ਦੇ ਗਿਆਨ 'ਚ ਵਾਧਾ ਹੋਇਆ ਹੈ ਅਤੇ ਮਾਹਿਰਾਂ ਦੁਆਰਾ ਵਿਦਿਆਰਥਣਾਂ ਵੱਲੋਂ ਹਾਸਲ ਕੀਤਾ ਗਿਆ ਤਜਰਬਾ ਭਵਿੱਖ 'ਚ ਬਹੁਤ ਹੀ ਪ੍ਰਭਾਵਦਾਇਕ ਅਤੇ ਪ੍ਰਯੋਗੀ ਸਾਬਿਤ ਹੋਵੇਗਾ। ਇਸ ਮੌਕੇ ਉਨ੍ਹਾਂ ਵਿਦਿਆਰਥਣਾਂ ਨੂੰ ਪ੍ਰਯੋਗੀ ਗਿਆਨ ਦੇਣ 'ਤੇ ਮਾਹਿਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਭਵਿੱਖ 'ਚ ਵੀ ਅਜਿਹੀਆਂ ਵਰਕਸ਼ਾਪਾਂ ਦਾ ਆਯੋਜਨ ਸਮੇਂ-ਸਮੇਂ 'ਤੇ ਜਾਰੀ ਰਹੇਗਾ।

# ਵਿਧਾਇਕ ਸ਼ੈਰੀ ਕਲਸੀ ਵੱਲੋਂ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨਾਲ ਮੁਲਾਕਾਤ



**ਬਟਾਲਾ, (ਡਾ. ਮਲਵਿੰਦਰ ਸਿੰਘ)**-ਬਟਾਲਾ ਦੇ ਨੌਜਵਾਨ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਵਲੋਂ ਹਲਕੇ ਦੇ ਵਿਕਾਸ ਕੰਮਾਂ ਨੂੰ ਲੈ ਕੇ ਮੁੱਖ ਮੰਤਰੀ ਪੰਜਾਬ ਤੇ ਕੈਬਨਿਟ ਮੰਤਰੀਆਂ ਨਾਲ ਲਗਾਤਾਰ ਮੀਟਿੰਗਾਂ ਕਰਕੇ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ ਜਿਸ ਦੇ ਚੱਲਦਿਆਂ ਵਿਧਾਇਕ ਸ਼ੈਰੀ ਕਲਸੀ ਵਲੋਂ ਹਲਕੇ ਅੰਦਰ ਹੋਰ ਬਿਹਤਰ ਸਹੂਲਤਾਂ ਦੇ ਸਬੰਧ ਵਿੱਚ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨਾਲ ਮੁਲਾਕਾਤ ਕੀਤੀ ਗਈ ਤੇ ਵਿਸਥਾਰ ਵਿੱਚ ਸਿਹਤ ਸਹੂਲਤਾਂ ਦੇ ਬਾਬਤ ਵਿਚਾਰ ਵਟਾਂਦਰਾ ਕੀਤਾ ਗਿਆ। ਸਿਹਤ ਮੰਡਰੀ ਡਾ. ਬਲਬੀਰ ਸਿੰਘ ਨੇ ਭਰੋਸਾ ਦਿੱਤਾ ਕਿ ਲੋਕਾਂ ਨੂੰ ਹੋਰ ਬਿਹਤਰ ਸਿਹਤ ਸੇਵਾਵਾਂ ਦੇਣ ਵਿੱਚ ਕੋਈ ਕਸਰ ਬਾਕੀ ਨਹੀਂ ਰਹਿਣ ਦਿੱਤੀ ਜਾਵੇਗੀ।

ਵਿਧਾਇਕ ਕਲਸੀ ਨੇ ਅੱਗੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਸੋਚ ਅਨੁਸਾਰ ਪੰਜਾਬ ਨੂੰ ਮੁੜ ਤੋਂ 'ਰੰਗਲਾ ਪੰਜਾਬ' ਬਣਾਉਣ ਦੇ ਮੱਦੇਨਜ਼ਰ ਖਾਸ ਯਤਨ ਕੀਤੇ ਜਾ ਰਹੇ ਹਨ। ਕੈਬਨਿਟ ਮੰਤਰੀ ਡਾ. ਬਲਬੀਰ ਸਿੰਘ ਵਲੋਂ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਹੋਰ ਜ਼ੋਰਦਾਰ ਢੰਗ ਨਾਲ ਕੰਮ ਕਰਨ ਅਤੇ ਵੱਖ-ਵੱਖ ਵਿਭਾਗਾਂ ਨਾਲ ਸਹਿਯੋਗ ਕਰਨ ਦੀ ਸਲਾਹ ਦਿੱਤੀ ਹੈ ਤਾਂ ਜੋ ਵੱਡੇ ਪੱਧਰ 'ਤੇ ਸਮਾਜ ਤੱਕ ਪਹੁੰਚ ਕੀਤੀ ਜਾ ਸਕੇ ਅਤੇ ਲੋਕਾਂ ਨੂੰ ਹੋਰ ਬਿਹਤਰ ਸਿਹਤ ਸਹੂਲਤਾਂ ਪੁਜਦਾ ਕੀਤੀਆਂ ਜਾ ਸਕਣ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਲੋਕਾਂ ਨੂੰ ਬਿਹਤਰ ਸਿਹਤ ਸੇਵਾਵਾਂ ਦੇਣ ਦੇ ਮੰਤਵ ਨਾਲ 'ਆਮ ਆਦਮੀ ਕਲੀਨਿਕ' ਖੋਲ੍ਹੇ ਗਏ ਹਨ, ਜੋ ਲੋਕਾਂ ਨੂੰ ਸ਼ਾਨਦਾਰ ਸਿਹਤ ਸੇਵਾਵਾਂ ਮੁਹੱਈਆ ਕਰਵਾ ਰਹੇ ਹਨ। ਉਨ੍ਹਾਂ ਕਿਹਾ ਕਿ ਮਰੀਜ਼ਾਂ ਨੂੰ ਹੁਣ ਘਰੋਂ ਦੂਰ ਦੁਰਾਡੇ ਦਵਾਈ ਲੈ ਕੇ ਆਉਣ ਤੋਂ ਨਿਜਾਤ ਮਿਲੀ ਹੈ ਅਤੇ ਲੋਕ ਸਰਕਾਰ ਦੀ ਇਸ ਪਹਿਲਕਦਮੀ ਤੋਂ ਸੰਤੁਸ਼ਟ ਹਨ।

# ਨਾਇਬ ਤਹਿਸੀਲਦਾਰ ਰਾਜਪ੍ਰਿਤਪਾਲ ਸਿੰਘ ਝਾਵਰ ਨੇ ਅਹੁਦਾ ਸੰਭਾਲਿਆ



**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)**-ਵਿਧਾਨਸਭਾ ਹਲਕਾ ਦੀਨਾਨਗਰ ਅਧੀਨ ਆਉਂਦੀ ਸਬ ਤਹਿਸੀਲ ਦੋਰਾਂਗਲਾ ਵਿਖੇ ਖਾਲ੍ਹੀ ਪਏ ਅਹੁਦੇ 'ਤੇ ਨਾਇਬ ਤਸੀਲਦਾਰ ਰਾਜਪ੍ਰਿਤਪਾਲ ਸਿੰਘ ਝਾਵਰ ਨੇ ਅਹੁਦਾ ਸੰਭਾਲਣ ਉਪਰੰਤ ਬਕਾਇਦਾ ਕੰਮਕਾਜ ਸ਼ੁਰੂ ਕਰ ਦਿੱਤਾ ਹੈ। ਇਸ ਮੌਕੇ ਦੋਰਾਂਗਲਾ ਬਲਾਕ ਦੇ ਆਮ ਆਦਮੀ ਪਾਰਟੀ ਦੇ ਜੁਝਾਰੂ ਵਰਕਰਾਂ ਵੱਲੋਂ ਨਾਇਬ ਤਹਿਸੀਲਦਾਰ ਦਾ ਨਿੱਘਾ ਸੁਆਗਤ ਕੀਤਾ ਗਿਆ। ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਨਾਇਬ ਤਸੀਲਦਾਰ ਰਾਜਪ੍ਰਿਤਪਾਲ ਨੇ ਕਿਹਾ ਕਿ ਤਹਿਸੀਲ ਦਫ਼ਤਰ ਆਉਣ ਵਾਲੇ ਹਰ ਵਿਅਕਤੀ ਨੂੰ ਪੂਰਾ ਮਾਣ ਸਤਿਕਾਰ ਦਿੱਤਾ ਜਾਵੇਗਾ ਅਤੇ ਲੋਕਾਂ ਦੇ ਰੁਕੇ ਹੋਏ ਕੰਮ ਪਹਿਲ ਦੇ ਆਧਾਰ ਤੇ ਕੀਤੇ ਜਾਣਗੇ। ਨਾਇਬ ਤਸੀਲਦਾਰ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀਆਂ ਹਦਾਇਤਾਂ ਮੁਤਾਬਕ ਆਮ ਲੋਕਾਂ ਦੇ ਕੰਮ ਮੁਕੰਮਲ ਕੀਤੇ ਜਾਣਗੇ ਅਤੇ ਉਨ੍ਹਾਂ ਨੂੰ ਕਿਸੇ ਤਰ੍ਹਾਂ ਦੀ ਕੋਈ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਹਲਕੇ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਕਿਸੇ ਵੀ ਤਰ੍ਹਾਂ ਦੀ ਕੋਈ ਵੀ ਮੁਸ਼ਕਲ ਦੇ ਸਬੰਧ ਵਿਚ ਉਨ੍ਹਾਂ ਨਾਲ ਸਿੱਧਾ ਸੰਪਰਕ ਕਰਨ ਤਾਂ ਜੋ ਉਨ੍ਹਾਂ ਦੀ ਸਮੱਸਿਆ ਦਾ ਹੱਲ ਕੀਤਾ ਜਾ ਸਕੇ। ਉਨ੍ਹਾਂ ਆਪਣੇ ਦਫਤਰੀ ਸਟਾਫ਼ ਨਾਲ ਸਬੰਧਤ ਕਾਰਜਾਂ ਬਾਰੇ ਵਿਸਥਾਰ ਨਾਲ ਚਰਚਾ ਵੀ ਕੀਤੀ। ਇਸ ਮੌਕੇ ਤੇ ਜਸਬੀਰ ਸਿੰਘ ਕਠਿਆਲੀ, ਗੁਰਨਾਮ ਸਿੰਘ, ਐਸ ਪੀ ਮਗਰਮੂਦੀਆ, ਚੇਅਰਮੈਨ ਰਣਜੀਤ ਸਿੰਘ ਰਾਣਾ ਕਠਿਆਲੀ, ਸਰਪੰਚ ਸੁਖਬੀਰ ਸਿੰਘ ਖੁੱਥਾ, ਸਾਬਕਾ ਸਰਪੰਚ ਰਣਜੀਤ ਸਿੰਘ ਜੀਵਨਚੱਕ, ਜਰਨੈਲ ਸਿੰਘ ਡੁੱਗਰੀ, ਸਿਮਰਨ ਸਿੰਘ ਸੇਖਾ ਆਦਿ ਹਾਜ਼ਰ ਸਨ।

# ਸਿੱਖ ਮਿਸ਼ਨਰੀ ਕਾਲਜ 'ਚ ਬੱਚਿਆਂ ਦੇ ਧਾਰਮਿਕ ਮੁਕਾਬਲੇ ਕਰਵਾਏ



**ਬੁਤਾਲਾ (ਨਿਰਮਲ ਸਿੰਘ ਸੰਘਾ)**-ਸਿੱਖ ਮਿਸ਼ਨਰੀ ਕਾਲਜ ਸਰਕਲ ਬਾਬਾ ਬਕਾਲਾ ਸਾਹਿਬ ਵੱਲੋਂ ਬੱਚਿਆਂ ਵਿੱਚ ਧਾਰਮਿਕ ਰੁਚੀ ਪੈਦਾ ਕਰਨ ਲਈ ਬੱਚਿਆਂ ਦੇ ਧਾਰਮਿਕ ਮੁਕਾਬਲੇ ਕਰਵਾਏ ਗਏ ਜਿਸ ਵਿੱਚ ਕਵਿਤਾ, ਕਵਿਜ, ਕੀਰਤਨ, ਵਾਰਤਾਲਾਪ, ਲੈਕਚਰ ਆਦਿ ਮੁਕਾਬਲੇ ਕਰਵਾਏ ਗਏ।

ਗੁਰਦੁਆਰਾ ਬਾਬਾ ਪੱਲ੍ਹਾ ਜੀ ਬੁਤਾਲਾ ਵਿਖੇ ਇਹ ਮੁਕਾਬਲੇ ਕਰਵਾਏ ਗਏ ਜਿਸ ਵਿੱਚ ਪੰਦਰਾਂ ਸਕੂਲਾਂ ਦੇ ਤਿੰਨ ਸੌ ਬੱਚਿਆਂ ਨੇ ਭਾਗ ਲਿਆ। ਪਹਿਲੇ, ਦੂਜੇ ਅਤੇ ਤੀਜੇ ਸਥਾਨ ਤੇ ਆਉਣ ਵਾਲੇ ਬੱਚਿਆਂ ਨੂੰ ਟਰਾਫੀ ਦੇ ਕੇ ਸਨਮਾਨਿਤ ਕੀਤਾ ਗਿਆ। ਸਾਰੇ ਸਕੂਲਾਂ ਦੇ ਇੰਚਾਰਜ ਅਤੇ ਜੱਜਾਂ ਨੂੰ ਵੀ ਸਨਮਾਨਿਤ ਕੀਤਾ ਗਿਆ। ਇਸ ਮੌਕੇ ਡਾਕਟਰ ਇੰਦਰਜੀਤ ਸਿੰਘ, ਰਾਮ ਸਿੰਘ ਜੋਧੇ, ਦਿਲਬਾਗ ਸਿੰਘ, ਜਗਜੀਤ ਸਿੰਘ, ਸਤਨਾਮ ਸਿੰਘ ਜੋਧੇ, ਨਵਜੋਤ ਸਿੰਘ ਸ਼ੇਰੋ, ਸੁਖਵਿੰਦਰ ਸਿੰਘ ਬੁਤਾਲਾ, ਸਤਨਾਮ ਸਿੰਘ ਜੋਧੇ, ਹਰਪਾਲ ਸਿੰਘ, ਬਲਵਿੰਦਰ ਸਿੰਘ, ਮਾ. ਰਣਜੀਤ ਸਿੰਘ ਰਈਆ, ਮਾਰਘਬੀਰ ਸਿੰਘ, ਡੇਅਰੀਵਾਲ, ਭੁਪਿੰਦਰ ਸਿੰਘ ਕਾਲੇਕੇ, ਸੁਰਜੀਤ ਸਿੰਘ ਮੁਛਲ, ਗੁਰਪ੍ਰੀਤ ਸਿੰਘ ਦੇਵੀਦਾਸਪੁਰ, ਸੁਚਪਾਲ ਸਿੰਘ ਖਾਨਪੁਰ, ਸੁਖਜਿੰਦਰ ਸਿੰਘ ਰਾਗੀ, ਮਾਸਟਰ ਗੁਰਮੀਤ ਸਿੰਘ ਸਠਿਆਲਾ, ਜਸਪਾਲ ਸਿੰਘ ਬਲਸਰਾਂ, ਹਰਪ੍ਰੀਤ ਸਿੰਘ ਜੰਡਿਆਲਾ, ਜਤਿੰਦਰ ਕੌਰ ਬੁਤਾਲਾ, ਅਤੇ ਹੈੱਡ ਗ੍ਰੰਥੀ ਭਾਈ ਬਲਜੀਤ ਸਿੰਘ ਵਡਾਲਾ ਆਦਿ ਹਾਜ਼ਰ ਸਨ।

# ਡੀਸੀ ਵੱਲੋਂ ਬਾਲ ਭਵਨ ਗੁਰਦਾਸਪੁਰ ਵਿਖੇ ਬਿਊਟੀਸ਼ੀਅਨ ਸੈਂਟਰ ਦਾ ਉਦਘਾਟਨ



**ਗੁਰਦਾਸਪੁਰ, (ਜਨਕ ਮਹਾਜਨ)**-ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਦੀ ਅਗਵਾਈ ਹੇਠ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਇੱਕ ਹੋਰ ਨਿਵੇਕਲੀ ਪਹਿਲ ਕਰਦਿਆਂ ਬਾਲ ਭਵਨ ਗੁਰਦਾਸਪੁਰ ਵਿਖੇ ਲੜਕੀਆਂ ਦੇ ਬਿਊਟੀਸ਼ੀਅਨ ਸੈਂਟਰ ਦੀ ਸ਼ੁਰੂਆਤ ਕੀਤੀ ਗਈ ਹੈ। ਬਾਲ ਭਵਨ ਦੇ ਸੰਚਾਲਕ ਅਤੇ ਉੱਘੇ ਸਮਾਜ ਸੇਵੀ ਰੋਮੇਸ਼ ਮਹਾਜਨ ਦੇ ਯਤਨਾਂ ਸਦਕਾ ਬਾਲ ਭਵਨ ਵਿਖੇ ਸ਼ੁਰੂ ਹੋਏ ਇਸ ਬਿਊਟੀਸ਼ੀਅਨ ਸੈਂਟਰ ਵਿੱਚ ਇੱਕ ਸਾਲ ਅਤੇ 6 ਮਹੀਨੇ ਦੇ ਬਿਊਟੀ ਪਾਰਲਰ ਦੇ ਕੋਰਸ ਕਰਵਾਏ ਜਾਣਗੇ। ਇਸ ਬਿਊਟੀਸ਼ੀਅਨ ਸੈਂਟਰ ਦਾ ਉਦਘਾਟਨ ਕਰਦਿਆਂ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਦਾ ਇਹ ਉਪਰਾਲਾ ਇਥੋਂ ਟਰੇਨਿੰਗ ਹਾਸਲ ਕਰਨ ਵਾਲੀਆਂ ਲੜਕੀਆਂ ਨੂੰ ਆਤਮ ਨਿਰਭਰ ਹੋਣ ਵਿੱਚ ਸਹਾਈ ਹੋਵੇਗਾ। ਉਨ੍ਹਾਂ ਕਿਹਾ ਕਿ ਇਸ ਸੈਂਟਰ ਵਿੱਚ ਬਿਊਟੀਸ਼ੀਅਨ ਦੇ ਛੇ ਮਹੀਨੇ ਤੇ ਇੱਕ ਸਾਲ ਕੋਰਸ ਚੱਲਣਗੇ ਅਤੇ ਦਿਨ ਵਿੱਚ ਤਿੰਨ ਬੈਚ ਚਲਾਏ ਜਾਣਗੇ। ਉਨ੍ਹਾਂ ਕਿਹਾ ਕਿ ਸੈਂਟਰ ਵਿੱਚ ਅਤੇ ਬਿਊਟੀਸ਼ੀਅਨ ਦੀਆਂ ਮਾਹਿਰਾਂ ਵੱਲੋਂ ਲੜਕੀਆਂ ਨੂੰ ਸਿਖਲਾਈ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਪਹਿਲੇ ਬੈਚ ਵਿੱਚ 20 ਲੜਕੀਆਂ ਨੇ ਆਪਣਾ ਨਾਮ ਦਰਜ ਕਰਵਾਇਆ ਹੈ। ਉਨ੍ਹਾਂ ਕਿਹਾ ਕਿ ਇਸ ਸੈਂਟਰ ਵਿੱਚ ਟਰੇਨਿੰਗ ਹਾਸਲ ਕਰਨ ਲਈ ਬੜੀ ਵਾਜਬ ਫੀਸ ਰੱਖੀ ਗਈ ਹੈ ਅਤੇ ਇਸ ਤੋਂ ਇਲਾਵਾ ਗਰੀਬ ਤੇ ਲੋੜਵੰਦ ਪਰਿਵਾਰਾਂ ਦੀਆਂ ਲੜਕੀਆਂ ਨੂੰ ਮੁਫ਼ਤ ਸਿਖਲਾਈ ਵੀ ਦਿੱਤੀ ਜਾਵੇਗੀ। ਉਨ੍ਹਾ ਕਿਹਾ ਕਿ ਪ੍ਰਸ਼ਾਸਨ ਵਲੋਂ ਨੌਜਵਾਨ ਲੜਕੇ/ਲੜਕੀਆਂ ਨੂੰ ਹੁਨਰਮੰਦ ਬਣਾਉਣ ਲਈ ਵੱਖ-ਵੱਖ ਸਕਿੱਲ ਡਿਵੈਲਪਮੈਂਟ ਦੇ ਕੋਰਸ ਕਰਵਾਏ ਜਾ ਰਹੇ ਹਨ ਅਤੇ ਅੱਜ ਦਾ ਇਹ ਉਪਰਾਲਾ ਵੀ ਇਸੇ ਕੜੀ ਦਾ ਹਿੱਸਾ ਹੈ। ਉਨ੍ਹਾਂ ਲੜਕੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਜਿਹੜੀਆਂ ਵੀ ਲੜਕੀਆਂ ਬਿਊਟੀਸ਼ੀਅਨ ਦਾ ਕੋਰਸ ਕਰਨ ਦੀਆਂ ਚਾਹਵਾਨ ਹਨ ਉਹ ਬਾਲ ਭਵਨ ਗੁਰਦਾਸਪੁਰ ਵਿਖੇ ਇਸ ਸੈਂਟਰ ਵਿਖੇ ਸੰਪਰਕ ਕਰ ਸਕਦੀਆਂ ਹਨ। ਇਸ ਮੌਕੇ ਸਮਾਜ ਸੇਵੀ ਰੋਮੇਸ਼ ਮਹਾਜਨ, ਨੀਲਮ ਮਹਾਜਨ, ਬਲਜੀਤ ਸਿੰਘ, ਗਗਨਦੀਪ ਸਿੰਘ, ਡਾ. ਕੇ. ਿ. ਸਿੰਘ, ਪਰਮਿੰਦਰ ਸਿੰਘ, ਕੰਵਰ ਵਿੱਕੀ ਤੋਂ ਇਲਾਵਾ ਬਾਲ ਭਵਨ ਦਾ ਸਟਾਫ਼ ਵੀ ਹਾਜ਼ਰ ਸੀ।

# ਕਿਸਾਨ-ਮਜ਼ਦੂਰ ਸੰਘਰਸ਼ ਕਮੇਟੀ ਵੱਲੋਂ ਰਾਮਪੁਰ ਤਲਵਾੜਾ 'ਚ 21 ਮੈਂਬਰੀ ਮਹਿਲਾ ਇਕਾਈ ਦਾ ਗਠਨ

**ਕਾਦੀਆਂ(ਯਾਦਵਿੰਦਰ ਸਿੰਘ ਮਲਹੋਤਰਾ)**-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜ਼ਿਲਾ ਗੁਰਦਾਸਪੁਰ ਪ੍ਰਧਾਨ ਹਰਦੀਪ ਸਿੰਘ ਫੌਜੀ ਦੀ ਅਗਵਾਈ ਹੇਠ ਪਿੰਡ ਰਾਮਪੁਰ ਤਲਵਾੜਾ ਵਿਚ ਬੀਬੀਆਂ ਦੀ 21 ਮੈਂਬਰੀ ਇਕਾਈ ਦਾ ਗਠਨ ਕੀਤਾ ਗਿਆ। ਇਸ ਮੌਕੇ ਇਕਾਈ ਪ੍ਰਧਾਨ ਮਨਜੀਤ ਕੌਰ, ਸਕੱਤਰ ਪੂਜਾ, ਸੀਨੀਅਰ ਮੀਤ ਪ੍ਰਧਾਨ ਮਨਜੀਤ ਕੌਰ, ਮੀਤ ਪ੍ਰਧਾਨ ਸੁਰਿੰਦਰ ਕੌਰ, ਪ੍ਰੈਸ ਸਕੱਤਰ ਅਮਨਦੀਪ ਕੌਰ, ਰਾਜਵਿੰਦਰ ਕੌਰ, ਸੁਖਵਿੰਦਰ ਕੌਰ, ਪਰਮਜੀਤ ਕੌਰ, ਮਨਪ੍ਰੀਤ ਕੌਰ ਨੂੰ ਸਰਬਸਮਤੀ ਨਾਲ ਚੁਣਿਆ ਗਿਆ। ਇਸ ਦੌਰਾਨ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਸਾਨ ਆਗੂਆਂ ਕਿਹਾ ਕਿ ਸੂਬਾ ਕਮੇਟੀ ਦੇ ਹੁਕਮਾਂ ਅਨੁਸਾਰ ਜ਼ਿਲਾ ਗੁਰਦਾਸਪੁਰ ਵਿੱਚ ਹਰੇਕ ਪਿੰਡ ਵਿੱਚ ਬੀਬੀਆਂ ਦੀਆਂ ਇਕਾਈਆਂ ਦੇ ਗਠਨ ਕੀਤੇ ਜਾ ਰਹੇ ਹਨ। 22 ਅਗਸਤ ਨੂੰ ਉੱਤਰ ਭਾਰਤ ਦੀਆਂ ਜਥੇਬੰਦੀਆਂ ਵੱਲੋਂ ਚੰਡੀਗੜ੍ਹ ਕੂਚ ਦੇ ਐਲਾਨ ਦੇ ਚਲਦੇ ਜਥੇਬੰਦੀ ਦੀਆਂ ਤਿਆਰੀਆਂ ਦੇ ਪ੍ਰੋਗਰਾਮ ਉਲੀਕੇ ਗਏ ਹਨ। ਇਸ ਸਮੇਂ ਸਰਕਾਰ ਨੇ ਸਿਰਫ ਸੋਸ਼ਲ ਮੀਡੀਆ ਤੇ ਟੀਆਰਪੀ ਬਟੋਰੀ ਹੈ ਜਦਕਿ ਹੜ੍ਹ ਪੀੜਤਾਂ ਦੀ ਸਰਕਾਰ ਵਲੋਂ ਅਜੇ ਤਕ ਕੋਈ ਮੱਦਦ ਨਹੀਂ ਕੀਤੀ ਗਈ, ਅਸਲੀ ਰਾਹਤ ਕਾਰਜ ਲੋਕ ਖੁਦ ਕਰ ਰਹੇ ਹਨ। ਉਨ੍ਹਾਂ ਮੰਗ ਕੀਤੀ ਕਿ ਸਰਕਾਰਾਂ ਲੋਕਾਂ ਦੇ ਬਰਬਾਦ ਹੋਏ ਘਰਾਂ ਦੀ ਮੁਰੰਮਤ ਲਈ 500,000 ਰਾਹਤ ਰਾਸ਼ੀ, ਮਰਨ ਵਾਲੇ ਪਸ਼ੂਆਂ ਦੇ ਮਾਲਕਾਂ ਨੂੰ 1 ਲੱਖ ਰੁਪਏ, ਜਿਨ੍ਹਾਂ ਦੇ ਖੇਤ ਦਰਿਆਵਾਂ ਦੇ ਵਹਾਅ ਵਿੱਚ ਰੁੜ੍ਹ ਗਏ ਹਨ ਉਨ੍ਹਾਂ ਲਈ ਵੱਖਰਾ ਰਾਹਤ ਪੈਕੇਜ ਅਤੇ ਜਿਨ੍ਹਾਂ ਦੇ ਖੇਤਾਂ ਵਿੱਚ ਦਰਿਆਈ ਪਾਣੀ ਕਾਰਨ ਇੱਕਠੀ ਰੇਤ ਚੁੱਕਣ ਦੀ ਖੁੱਲ੍ਹ, ਫਸਲਾਂ ਦੇ ਖਰਾਬੇ ਲਈ 50,000 ਰੁਪਏ ਪ੍ਰਤੀ ਏਕੜ, ਜਾਨਾਂ ਗੁਆਉਣ ਵਾਲਿਆਂ ਦੇ ਪਰਿਵਾਰਾਂ ਨੂੰ 10 ਲੱਖ ਦਾ ਮੁਆਵਜ਼ਾ, ਹੜ੍ਹ ਪ੍ਰਭਾਵਿਤ ਖੇਤਰਾਂ ਦੇ ਸਾਰੇ ਕਿਸਾਨਾਂ ਤੇ ਮਜ਼ਦੂਰਾਂ ਦੇ ਘਰਾਂ ਦੇ ਬਿਜਲੀ ਬਿੱਲ ਮੁਆਫ ਕਰਨ, ਮਜ਼ਦੂਰਾਂ ਲਈ ਮਨਰੇਗਾ ਦਾ ਕੰਮ ਸ਼ੁਰੂ ਕਰਕੇ ਮਜ਼ਦੂਰਾਂ ਨੂੰ ਰੁਜ਼ਗਾਰ ਦੇਣ ਦੀ ਵਿਵਸਥਾ ਕੀਤੀ ਜਾਵੇ, ਜ਼ਿਲਾ ਗੁਰਦਾਸਪੁਰ ਵਿੱਚੋ ਲੰਘ ਰਹੇ ਐਕਸਪ੍ਰੈਸ ਵੇਅ ਅਧੀਨ ਆ ਰਹੀਆਂ ਜ਼ਮੀਨਾਂ ਦਾ ਯੋਗ ਮੁਆਵਜ਼ਾ ਦੇ ਕੇ ਫੇਰ ਜ਼ਮੀਨਾਂ ਇਕਵਾਇਰ ਕੀਤੀਆਂ ਜਾਣ। ਚੁਣੀਆਂ ਹੋਈਆਂ ਬੀਬੀਆਂ ਵਲੋਂ ਵਿਸ਼ਵਾਸ ਦਿਵਾਇਆ ਗਿਆ ਕਿ ਜਥੇਬੰਦੀ ਦੇ ਹਰੇਕ ਪ੍ਰੋਗਰਾਮ ਵਿਚ ਬੀਬੀਆਂ ਸਭ ਤੋਂ ਅੱਗੇ ਹੋਕੇ ਸੰਘਰਸ਼ ਕਰਨਗੀਆਂ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕੁਲਵਿੰਦਰ ਸਿੰਘ, ਪਲਵਿੰਦਰ ਸਿੰਘ, ਰਵਿੰਦਰ ਸਿੰਘ ਰੋਮੀ, ਜੁਗਰਾਜ ਸਿੰਘ, ਸਤਨਾਮ ਸਿੰਘ ਕਾਹਲੋਂ, ਗੁਲਜ਼ਾਰ ਸਿੰਘ, ਗੁਰਨਾਮ ਸਿੰਘ, ਗੁਰਜਿੰਦਰ ਸਿੰਘ ਅਤੇ ਕਿਸਾਨ ਆਗੂ ਹਾਜ਼ਰ ਸਨ।



# ਮਿਆਰੀ ਬਾਸਮਤੀ ਲਈ ਗੈਰ-ਸਿਫਾਰਸ਼ੀ ਜ਼ਹਿਰਾਂ ਨਾ ਵਰਤੀਆਂ ਜਾਣ : ਖੇਤੀਬਾੜੀ ਅਫਸਰ



**ਪੱਟੀ, (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)**-ਮੁੱਖ ਖੇਤੀਬਾੜੀ ਅਫਸਰ ਤਰਨਤਾਰਨ ਡਾ. ਹਰਪਾਲ ਸਿੰਘ ਪੰਨੂੰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਕਿਸਾਨਾਂ ਨੂੰ ਝੋਨੇ, ਬਾਸਮਤੀ ਦੀ ਸਿੱਧੀ ਬਿਜਾਈ ਅਤੇ ਫਸਲੀ ਰਹਿੰਦ-ਖੂੰਹਦ ਪ੍ਰਬੰਧਨ ਸਬੰਧੀ ਤਕਨੀਕੀ ਜਾਣਕਾਰੀ ਦੇਣ ਹਿੱਤ ਬਲਾਕ ਪੱਟੀ ਦੇ ਪਿੰਡ ਲੋਹਕਾ ਵਿਖੇ ਕਿਸਾਨ ਸਿਖਲਾਈ ਕੈਂਪ ਲਗਾਇਆ ਗਿਆ। ਇਸ ਮੌਕੇ ਡਾ. ਭੁਪਿੰਦਰ ਸਿੰਘ ਏਓ ਨੇ ਕਿਸਾਨਾਂ ਨੂੰ ਤਕਨੀਕੀ ਜਾਣਕਾਰੀ ਦਿੰਦਿਆਂ ਕਿਹਾ ਕਿ ਖੇਤਾਂ ਵਿੱਚ ਹਾਨੀਕਾਰਕ ਕੀੜਿਆਂ ਦੇ ਨਾਲ ਨਾਲ ਮਿੱਤਰ ਕੀੜਿਆਂ ਨੂੰ ਵੀ ਧਿਆਨ ਵਿੱਚ ਰੱਖਦਿਆਂ ਹੋਇਆਂ ਫਸਲ ਵਿੱਚ ਜ਼ਹਿਰਾਂ ਦੇ ਛਿੜਕਾਅ ਦੀ ਚੋਣ ਕੀਤੀ ਜਾਵੇ। ਇਸ ਨਾਲ ਜਿੱਥੇ ਖੇਤੀ ਖਰਚਾ ਘਟੇਗਾ ਉੱਥੇ ਫਸਲ ਦਾ ਉਤਪਾਦਨ ਵੀ ਮਿਆਰੀ ਹੋਵੇਗਾ ਜਿਸ ਦਾ ਅੰਤਰਰਾਸ਼ਟਰੀ ਮੰਡੀ ਵਿੱਚ ਚੰਗਾ ਰੇਟ ਮਿਲਣ ਦੀ ਸੰਭਾਵਨਾ ਬਣੀ ਰਹੇਗੀ। ਇਸ ਦੌਰਾਨ ਡਾ. ਗੁਰਬਰਿੰਦਰ ਸਿੰਘ ਏਡੀਓ ਨੇ ਕਿਹਾ ਕਿ ਸਰਕਾਰ ਵੱਲੋਂ ਬਾਸਮਤੀ ਦੇ ਮਿਆਰੀ ਉਤਪਾਦਨ ਲਈ 10 ਜ਼ਹਿਰਾਂ ਤੇ ਪੂਰਨ ਤੌਰ 'ਤੇ ਪਾਬੰਦੀ ਲਗਾਈ ਗਈ ਹੈ। ਇਸ ਲਈ ਐਸੀਫੇਟ, ਬੁਪਰੋਫੈਜਿਨ, ਕਲੋਰਪੈਰੀਫਾਸ, ਹੈਕਸਾਕੋਨਾਜੋਲ, ਪ੍ਰੋਪੀਕੋਨਾਜੋਲ, ਥਾਇਆਮਿਥੋਕਸਮ, ਪਰਫੀਨੋਫਾਸ, ਇਮਿਡਾਕਲੋਪ੍ਰਿਡ, ਕਾਰਬੈਂਡਾਜਿਮ ਅਤੇ ਟ੍ਰਾਈਸਾਇਕਲਾਜੋਲ ਦੀ ਵਰਤੋਂ ਬਾਸਮਤੀ ਦੀ ਫਸਲ 'ਤੇ ਬਿਲਕੁਲ ਨਾ ਕੀਤੀ ਜਾਵੇ। ਇਸ ਮੌਕੇ ਕਿਸਾਨਾਂ ਨੂੰ ਜਾਣਕਾਰੀ ਦਿੱਤੀ ਗਈ ਕਿ ਜਿਨ੍ਹਾਂ ਕਿਸਾਨਾਂ ਨੇ ਝੋਨੇ ਬਾਸਮਤੀ ਦੀ ਸਿੱਧੀ ਬਿਜਾਈ ਕੀਤੀ ਹੈ ਉਸਦੀ ਪਹਿਲੀ ਵੈਰੀਫਿਕੇਸ਼ਨ ਸੱਤ ਅਗਸਤ ਤੱਕ ਵਧਾ ਦਿੱਤੀ ਗਈ ਹੈ। ਇਸੇ ਤਰ੍ਹਾਂ ਮਸ਼ੀਨਰੀ ਲਈ ਅਪਲਾਈ ਕਰਨ ਦਾ ਵਾਧਾ ਵੀ ਪੰਦਰਾਂ ਅਗਸਤ ਤਕ ਕਰ ਦਿੱਤਾ ਗਿਆ ਹੈ। ਇਸ ਲਈ ਜੋ ਕਿਸਾਨ ਸਮੂਹ ਜਾਂ ਪੰਚਾਇਤਾਂ ਮਸ਼ੀਨਰੀ ਲੈਣਾ ਚਾਹੁੰਦੀਆਂ ਹਨ ਉਹ ਪੋਰਟਲ ਤੇ 15 ਅਗਸਤ ਤੱਕ ਅਪਲਾਈ ਕਰ ਸਕਦੇ ਹਨ। ਇਸ ਮੌਕੇ ਖੇਤੀਬਾੜੀ ਵਿਸਥਾਰ ਅਫਸਰ ਦਇਆਪ੍ਰੀਤ ਸਿੰਘ, ਜਸਵਿੰਦਰ ਸਿੰਘ, ਸੁਖਬੀਰ ਸਿੰਘ, ਬਲਕਾਰ ਸਿੰਘ, ਨਿਰਮਲ ਸਿੰਘ, ਗੁਰਦੇਵ ਸਿੰਘ, ਸੁੱਖ ਦਿਆਲ ਸਿੰਘ, ਗੁਰਬਚਨ ਸਿੰਘ, ਨਿਸ਼ਾਨ ਸਿੰਘ ਖੇਤੀ ਉਪ ਨਿਰੀਖਕ, ਤਲਵਿੰਦਰ ਸਿੰਘ ਖੇਤੀਬਾੜੀ ਉਪ ਨਿਰੀਖਕ ਅਤੇ ਇਲਾਕੇ ਦੇ ਕਿਸਾਨਾਂ ਨੇ ਸਹਿਯੋਗ ਅਤੇ ਜਾਣਕਾਰੀ ਸਾਂਝੀ ਕੀਤੀ।

# ਸ਼ਹੀਦ ਊਧਮ ਸਿੰਘ ਵੱਲੋਂ ਦੇਸ਼ ਲਈ ਕੀਤੀ ਕੁਰਬਾਨੀ ਨੂੰ ਸਲਾਮ



**ਗੁਰਦਾਸਪੁਰ, (ਜਨਕ ਮਹਾਜਨ)**-ਨਟਾਲੀ ਰੰਗਮੰਚ ਗੁਰਦਾਸਪੁਰ ਤੇ ਸਾਹਿਤ ਸਭਾ ਗੁਰਦਾਸਪੁਰ ਦੀ ਵਿਸ਼ੇਸ਼ ਮੀਟਿੰਗ ਨਟਾਲੀ ਰੰਗਮੰਚ ਦੇ ਪ੍ਰਧਾਨ ਗੁਰਮੀਤ ਸਿੰਘ ਪਾਹੜਾ ਤੇ ਸਾਹਿਤ ਸਭਾ ਦੇ ਪ੍ਰਧਾਨ ਜੇ. ਪੀ. ਸਿੰਘ ਖਰਲਾਂ ਵਾਲਾ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਕੌਮੀ ਸ਼ਹੀਦ ਊਧਮ ਸਿੰਘ ਨੂੰ ਉਨ੍ਹਾਂ ਦੇ 83ਵੇਂ ਸ਼ਹੀਦੀ ਦਿਹਾੜੇ ਉਪਰ ਹਰ ਸਾਲ ਦੀ ਤਰ੍ਹਾਂ ਉਨ੍ਹਾਂ ਦੀ ਦੇਸ਼ ਪ੍ਰਤੀ ਕੀਤੀ ਕੁਰਬਾਨੀ ਨੂੰ ਯਾਦ ਕੀਤਾ ਗਿਆ ਤੇ ਸ਼ਰਧਾਂਜਲੀਆਂ ਭੇਟ ਕੀਤੀਆਂ ਗਈਆਂ।

ਦੋਹਾਂ ਸੰਸਥਾਵਾਂ ਵਲੋਂ ਸਾਲ ਭਰ ਦੀਆਂ ਰੰਗਮੰਚੀ, ਸਭਿਆਚਾਰਕ ਤੇ ਸਾਹਿਤਕ ਗਤੀਵਿਧੀਆਂ ਦਾ ਲੇਖਾ ਜੋਖਾ ਕੀਤਾ ਗਿਆ ਤੇ ਭਵਿੱਖ ਵਿੱਚ ਕਰਨ ਵਾਲੇ ਕਾਰਜਾਂ ਲਈ ਨਿਰਨੇ ਲਏ ਗਏ। ਇਸ ਮੌਕੇ ਨਵੀਂ ਪੀੜ੍ਹੀ ਦੇ ਭਵਿੱਖ ਦੀ ਚਿੰਤਾ ਪ੍ਰਗਟ ਕਰਦਿਆਂ ਫ਼ੈਸਲਾ ਕੀਤਾ ਗਿਆ ਕਿ ਸ਼ਹੀਦਾਂ ਨੂੰ ਸੱਚੀ ਸ਼ਰਧਾਂਜਲੀ ਇਹ ਹੋਵੇਗੀ ਕਿ ਨਵੀਂ ਜਨਰੇਸ਼ਨ ਜੋ ਬੇਰੋਜ਼ਗਾਰੀ ਕਰਕੇ ਦੇਸ਼ ਵਿੱਚ ਰਹਿਣਾ ਨਹੀਂ ਚਾਹੁੰਦੀ ਉਸ ਨੂੰ ਆਪਣੇ ਦੇਸ਼ ਵਿੱਚ ਰੋਟੀ ਰੋਜ਼ੀ ਲਈ ਆਪਣਾ ਸਵੈ-ਰੋਜ਼ਗਾਰ ਪੈਦਾ ਕਰਨ ਲਈ ਵਿੱਦਿਅਕ ਸੰਸਥਾਵਾਂ ਵਿੱਚ ਸੈਮੀਨਾਰ ਕਰਵਾਏ ਜਾਣ, ਜਿਸ ਵਿੱਚ ਉਨ੍ਹਾਂ ਨੂੰ ਹੱਕਾਂ ਪ੍ਰਤੀ ਜਾਗਰੂਕ ਕਰਨ ਤੇ ਉਨ੍ਹਾਂ ਦੀ ਰਾਖੀ ਲਈ ਪ੍ਰੇਰਿਤ ਕੀਤਾ ਜਾਵੇਗਾ। ਇਸ ਮੀਟਿੰਗ ਵਿੱਚ ਨਟਾਲੀ ਰੰਗਮੰਚ ਦੇ ਜਨਰਲ ਸਕੱਤਰ ਰਛਪਾਲ ਸਿੰਘ ਘੁੰਮਣ, ਅਮਰੀਕ ਸਿੰਘ ਮਾਨ ਵਿੱਤ ਸਕੱਤਰ, ਸਾਹਿਤਕਾਰ ਜਨਕ ਰਾਜ ਰਠੌਰ, ਅਧਿਆਪਕ ਪ੍ਰਦੀਪ ਸਿੰਘ ਸੈਣੀ, ਬਾਬਾ ਸੁਖਜਿੰਦਰ ਸਿੰਘ ਰਾਣਾ, ਅਜੀਤ ਸਿੰਘ ਪਾਹੜਾ, ਸੋਨੂੰ ਸਾਗਰ ਪਠਾਨਕੋਟ ਤੇ ਮਿਸਟਰ ਯੁਵਰਾਜ ਖੰਨਾ ਤੋਂ ਆਯੁਰਵੈਦਿਕ ਮਾਹਿਰ ਅਤੇ ਸੁਖਵਿੰਦਰ ਰਾਣਾ ਉਚੇਚੇ ਤੌਰ 'ਤੇ ਹਾਜ਼ਰ ਹੋਏ।

# ਸ਼੍ਰੋਮਣੀ ਕਮੇਟੀ ਨੂੰ ਜਾਨਾ ਸਮਾਲ ਫਾਈਨਾਂਸ ਬੈਂਕ ਵੱਲੋਂ ਐਂਬੂਲੈਂਸ ਭੇਟ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਮਾਨਵ ਭਲਾਈ ਲਈ ਨਿਭਾਈਆਂ ਜਾ ਰਹੀਆਂ ਸੇਵਾਵਾਂ ਨੂੰ ਮੁੱਖ ਰੱਖਦਿਆਂ ਜਾਨਾ ਸਮਾਲ ਫਾਈਨਾਂਸ ਬੈਂਕ ਵੱਲੋਂ ਇਕ ਐਂਬੂਲੈਂਸ ਭੇਟ ਕੀਤੀ ਗਈ ਹੈ। ਜਾਨਾ ਸਮਾਲ ਫਾਈਨਾਂਸ ਬੈਂਕ ਦੇ ਹੈੱਡ ਨਿਵਾਸ਼ ਮੂਰਤੀ ਅਤੇ ਹੋਰ ਅਧਿਕਾਰੀਆਂ ਨੇ ਇਸ ਐਂਬੂਲੈਂਸ ਦੀਆਂ ਚਾਬੀਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੂੰ ਸੌਂਪੀਆਂ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਬਲਦੇਵ ਸਿੰਘ ਕਾਇਮਪੁਰ, ਜਨਰਲ ਸਕੱਤਰ ਭਾਈ ਗੁਰਚਰਨ ਸਿੰਘ ਗਰੇਵਾਲ, ਮੈਂਬਰ ਕੇਵਲ ਸਿੰਘ ਬਾਦਲ, ਰਣਜੀਤ ਸਿੰਘ ਕਾਹਲੋਂ, ਰਘਬੀਰ ਸਿੰਘ ਸਹਾਰਨਮਾਜਰਾ, ਬੀਬੀ ਗੁਰਪ੍ਰੀਤ ਕੌਰ, ਸਕੱਤਰ ਪ੍ਰਤਾਪ ਸਿੰਘ, ਓਐਸਡੀ ਸਤਬੀਰ ਸਿੰਘ ਧਾਮੀ ਵੀ ਮੌਜੂਦ ਸਨ। ਇਸ ਮੌਕੇ ਐਡਵੋਕੇਟ ਧਾਮੀ ਨੇ ਬੈਂਕ ਅਧਿਕਾਰੀਆਂ ਦਾ ਮਾਨਵ ਭਲਾਈ ਦੇ ਕਾਰਜਾਂ ਵਿਚ ਇਸ ਯੋਗਦਾਨ ਲਈ ਧੰਨਵਾਦ ਵੀ ਕੀਤਾ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਜਰਨਲ ਸਕੱਤਰ ਭਾਈ ਗੁਰਚਰਨ ਸਿੰਘ ਗਰੇਵਾਲ ਨੇ ਕਿਹਾ ਕਿ ਸਿੱਖ ਕੌਮ ਦੀ ਸਿਰਮੌਰ ਧਾਰਮਿਕ ਸੰਸਥਾ ਗੁਰਦੁਆਰਾ ਸਾਹਿਬਾਨ ਦੇ ਪ੍ਰਬੰਧਾਂ ਦੇ ਨਾਲ-ਨਾਲ ਲੋਕ ਭਲਾਈ ਦੇ ਅਨੇਕਾਂ ਕਾਰਜ ਕਰਦੀ ਹੈ। ਸ਼੍ਰੋਮਣੀ ਕਮੇਟੀ ਵੱਲੋਂ ਹੋਰ ਕਾਰਜਾਂ ਦੇ ਨਾਲ-ਨਾਲ ਸੰਗਤਾਂ ਲਈ ਮੈਡੀਕਲ ਸੇਵਾਵਾਂ ਦੇ ਵੀ ਵਿਸ਼ੇਸ਼ ਪ੍ਰਬੰਧ ਹਨ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਮਾਨਵਤਾ ਦੀ ਸੇਵਾ ਲਈ ਪਾਏ ਜਾ ਰਹੇ ਯੋਗਦਾਨ ਨੂੰ ਧਿਆਨ ਵਿਚ ਰੱਖਦਿਆਂ ਜਾਨਾ ਸਲਾਮ ਫਾਈਨਾਂਸ ਬੈਂਕ ਵੱਲੋਂ ਸੰਗਤਾਂ ਲਈ ਐਂਬੂਲੈਂਸ ਭੇਟ ਕਰਕੇ ਸੇਵਾ ਕਾਰਜਾਂ ਵਿਚ ਯੋਗਦਾਨ ਪਾਇਆ ਗਿਆ ਹੈ। ਬੈਂਕ ਵੱਲੋਂ ਪੁੱਜੇ ਜ਼ੋਨਲ ਹੈੱਡ ਨੀਰਜ ਕੁਮਾਰ ਨੇ ਕਿਹਾ ਕਿ ਅਸੀਂ ਵਡਭਾਗੇ ਹਾਂ ਕਿ ਸਾਨੂੰ ਸੰਗਤਾਂ ਦੀ ਸੇਵਾ ਵਿਚ ਹਿੱਸਾ ਪਾਉਣ ਦਾ ਸੁਭਾਗ ਪ੍ਰਾਪਤ ਹੋਇਆ ਹੈ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਬਲਦੇਵ ਸਿੰਘ ਕਾਇਮਪੁਰ, ਜਨਰਲ ਸਕੱਤਰ ਭਾਈ ਗੁਰਚਰਨ ਸਿੰਘ ਗਰੇਵਾਲ, ਮੈਂਬਰ ਕੇਵਲ ਸਿੰਘ ਬਾਦਲ, ਰਣਜੀਤ ਸਿੰਘ ਕਾਹਲੋਂ, ਰਘਬੀਰ ਸਿੰਘ ਸਹਾਰਨਮਾਜਰਾ, ਬੀਬੀ ਗੁਰਪ੍ਰੀਤ ਕੌਰ, ਸਕੱਤਰ ਸ. ਪ੍ਰਤਾਪ ਸਿੰਘ, ਓਐਸਡੀ ਸਤਬੀਰ ਸਿੰਘ ਧਾਮੀ, ਵਧੀਕ ਸਕੱਤਰ ਕੁਲਵਿੰਦਰ ਸਿੰਘ ਰਮਦਾਸ, ਸ. ਬਿਜੈ ਸਿੰਘ, ਗੁਰਿੰਦਰ ਸਿੰਘ ਮਥਰੇਵਾਲ, ਗੁਰਮੀਤ ਸਿੰਘ ਬੁੱਟਰ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਭਗਵੰਤ ਸਿੰਘ ਧੰਗੇੜਾ, ਮੀਤ ਸਕੱਤਰ ਜਸਵਿੰਦਰ ਸਿੰਘ ਜੱਸੀ, ਸ਼ਾਹਬਾਜ਼ ਸਿੰਘ, ਪਰਮਜੀਤ ਸਿੰਘ, ਸੁਪਰਡੰਟ ਮਲਕੀਤ ਸਿੰਘ ਬਹਿੜਵਾਲ, ਬੈਂਕ ਅਧਿਕਾਰੀ ਸ੍ਰੀ ਨਰੇਸ਼ ਕੁਮਾਰ, ਸੌਰਵ ਕੁਮਾਰ, ਅਨਿਲ ਖੁਰਾਣਾ ਤੇ ਸਰਦਾਰ ਬੇਦੀ ਟਾਟਾ ਮੋਟਰਜ਼ ਆਦਿ ਮੌਜੂਦ ਸਨ।

# ਪਠਾਨਕੋਟ ਕਾਲਜ ਆਫ ਐਜੂਕੇਸ਼ਨ ਪਠਾਨਕੋਟ ਦਾ ਬੀ ਐੱਡ ਦਾ ਨਤੀਜਾ ਸ਼ਾਨਦਾਰ



**ਗੁਰਦਾਸਪੁਰ,(ਜਨਕ ਮਹਾਜਨ)**-ਪਠਾਨਕੋਟ ਕਾਲਜ ਆਫ ਐਜੂਕੇਸ਼ਨ ਪਠਾਨਕੋਟ ਦੇ ਬੀ.ਐਡ ਸਮੈਸਟਰ ਚੌਥੇ ਦਾ ਨਤੀਜਾ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਵਲੋਂ ਐਲਾਨ ਕੀਤਾ ਗਿਆ।

ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਕਾਲਜ ਪ੍ਰਿੰਸੀਪਲ ਡਾ. ਰੁਪਿੰਦਰ ਕੌਰ ਨੇ ਦੱਸਿਆ ਕਿ ਉਨ੍ਹਾਂ ਦੇ ਕਾਲਜ ਦਾ ਨਤੀਜਾ ਸੌ ਫ਼ੀਸਦੀ ਰਿਹਾ ਹੈ ਜਿਸ ਵਿਚ ਸਾਕਸ਼ੀ ਨੇ 78.5 ਫ਼ੀਸਦੀ ਅੰਕ ਲੈ ਕੇ ਕਾਲਜ ਵਿਚੋਂ ਪਹਿਲਾ ਸਥਾਨ, ਹੀਨਾ ਨੇ 78.4 ਫ਼ੀਸਦੀ ਅੰਕ ਲੈ ਕੇ ਦੂਜਾ ਸਥਾਨ ਅਤੇ ਸਿਮਰਪ੍ਰੀਤ ਕੌਰ ਨੇ 77.5 ਫ਼ੀਸਦੀ ਅੰਕ ਲੈ ਕੇ ਤੀਜਾ ਸਥਾਨ ਪ੍ਰਾਪਤ ਕੀਤਾ ਹੈ। ਪ੍ਰਿੰਸੀਪਲ ਡਾ. ਰੁਪਿੰਦਰ ਕੌਰ ਨੇ ਦੱਸਿਆ ਕਿ ਕਾਲਜ ਦੇ ਬਾਕੀ ਵਿਦਿਆਰਥੀਆਂ ਨੇ ਵੀ ਪਹਿਲੇ ਦਰਜੇ 'ਚ ਪਾਸ ਹੋ ਕੇ ਕਾਲਜ ਦਾ ਨਾਂਅ ਰੌਸ਼ਨ ਕੀਤਾ ਹੈ। ਉਨ੍ਹਾਂ ਕਿਹਾ ਇਸ ਨਤੀਜ਼ੇ ਦਾ ਸਿਹਰਾ ਵਿਦਿਆਰਥੀਆਂ ਅਤੇ ਮਿਹਨਤੀ ਸਟਾਫ਼ ਦੇ ਸਿਰ ਜਾਂਦਾ ਹੈ। ਪ੍ਰਿੰਸੀਪਲ ਨੇ ਅਗਾਂਹ ਤੋਂ ਵੀ ਵਿਦਿਆਰਥੀਆਂ ਨੂੰ ਕੜੀ ਮਿਹਨਤ ਅਤੇ ਲਗਨ ਨਾਲ ਪੜ੍ਹਾਈ ਕਰਨ ਲਈ ਪ੍ਰੇਰਿਤ ਕੀਤਾ। ਕਾਲਜ ਮੈਨੇਜਮੈਂਟ ਕਮੇਟੀ ਮੈਂਬਰ ਡਾ. ਵਿਨੋਦ ਮਹਾਜਨ ਨੇ ਸ਼ਾਨਦਾਰ ਨਤੀਜਾ ਆਉਣ 'ਤੇ ਕਾਲਜ ਪ੍ਰਿੰਸੀਪਲ ਡਾ. ਰੁਪਿੰਦਰ ਕੌਰ, ਸਟਾਫ਼ ਮੈਂਬਰਜ਼ ਅਤੇ ਵਿਦਿਆਰਥੀਆਂ ਨੂੰ ਸ਼ਾਬਾਸ਼ ਦਿੱਤੀ। ਉਨ੍ਹਾਂ ਨੇ ਚੰਗਾ ਨਤੀਜਾ ਆਉਣ 'ਤੇ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ ਨਾਲ ਖੇਡਾਂ ਵੱਲ ਵੀ ਵਿਸ਼ੇਸ਼ ਧਿਆਨ ਦੇਣ ਲਈ ਪ੍ਰੇਰਿਤ ਕੀਤਾ ਤਾਂ ਜੋ ਇਸ ਨਾਲ ਸ਼ਰੀਰਕ ਅਤੇ ਭੌਤਿਕ ਵਿਕਾਸ ਹੋ ਸਕੇ। ਇਸ ਮੌਕੇ ਪ੍ਰੋਫੈਸਰ ਊਮਾ ਸ਼ਰਮਾ, ਰਜਨੀਸ਼ ਬਾਲਾ, ਅਤੁਲ ਅਗਰਵਾਲ, ਅਨੂ ਸੈਣੀ, ਨਿਧੀ, ਪੂਜਾ, ਜਯੋਤੀ ਅਤੇ ਸੁਮਨ ਆਦਿ ਹਾਜ਼ਰ ਸਨ।

# ਆਜ਼ਾਦੀ ਦਿਹਾੜੇ ਸਬੰਧੀ ਤਹਿਸੀਲਦਾਰ ਖੁੱਲਰ ਨੇ ਅਧਿਕਾਰੀਆਂ ਨਾਲ ਕੀਤੀ ਮੀਟਿੰਗ



**ਮਜੀਠਾ (ਸੋਇਮ ਆਨੰਦ)**-ਦਾਣਾ ਮੰਡੀ ਮਜੀਠਾ ਵਿਖੇ 76ਵਾਂ ਆਜ਼ਾਦੀ ਦਿਵਸ ਦੇ ਵਿਸ਼ਾਲ ਅਤੇ ਪ੍ਰਭਾਵਸ਼ਾਲੀ ਸਮਾਗਮ ਦਾ ਆਯੋਜਨ ਕਰਨ ਲਈ ਤਹਿਸੀਲ ਕੰਪਲੈਕਸ ਮਜੀਠਾ ਵਿਖੇ ਐੱਸਡੀਐੱਮ ਮਜੀਠਾ ਡਾ. ਹਰਨੂਰ ਕੌਰ ਢਿੱਲੋਂ ਦੀ ਪ੍ਰੇਰਨਾ ਤੇ ਤਹਿਸੀਲਦਾਰ ਰਤਨਜੀਤ ਖੁੱਲਰ ਦੀ ਅਗਵਾਈ ਹੇਠ ਵੱਖ-ਵੱਖ ਮਹਿਕਮਿਆਂ ਦੇ ਅਧਿਕਾਰੀਆਂ, ਕਰਮਚਾਰੀਆਂ ਅਤੇ ਸਰਕਾਰੀ ਤੇ ਪ੍ਰਾਈਵੇਟ ਸਕੂਲਾਂ ਦੇ ਨੁਮਾਇੰਦਿਆਂ ਨਾਲ ਆਜ਼ਾਦੀ ਦਿਵਸ ਸਬੰਧੀ ਮੀਟਿੰਗ ਕੀਤੀ ਗਈ। ਇਸ ਮੌਕੇ ਸਮਾਗਮ ਸਬੰਧੀ ਵਧੇਰੇ ਜਾਣਕਾਰੀ ਦਿੰਦੇ ਹੋਏ ਤਹਿਸੀਲਦਾਰ ਰਤਨਜੀਤ ਖੁੱਲਰ ਨੇ ਦੱਸਿਆ ਕਿ 15 ਅਗਸਤ ਨੂੰ ਦਾਣਾ ਮੰਡੀ ਮਜੀਠਾ ਵਿਖੇ ਆਜ਼ਾਦੀ ਦਿਵਸ ਬੜੇ ਜੋਸ਼ ਤੇ ਉਤਸ਼ਾਹ ਨਾਲ ਮਨਾਇਆ ਜਾਵੇਗਾ। ਇਸ ਸਬੰਧੀ ਸਮੂਹ ਸਕੂਲਾਂ ਤੇ ਸਰਕਾਰੀ ਅਦਾਰਿਆਂ ਨੂੰ 76ਵੇਂ ਆਜ਼ਾਦੀ ਦਿਵਸ ਨੂੰ ਮਨਾਉਣ ਲਈ ਰਿਹਰਸਲਾਂ ਕਰਨ ਲਈ ਕਿਹਾ ਗਿਆ। ਇਸ ਮੌਕੇ ਸਮੂਹ ਸਰਕਾਰੀ ਅਧਿਕਾਰੀਆਂ ਦੀਆਂ ਡਿਊਟੀਆਂ ਲਗਾਈਆਂ ਗਈਆਂ। ਉਨ੍ਹਾ ਅੱਗੇ ਦੱਸਿਆ ਕਿ ਇਸ ਸਮਾਗਮ 'ਚ ਇਲਾਕੇ ਦੇ ਵੱਖ-ਵੱਖ ਸਕੂਲਾਂ ਦੇ ਬੱਚੇ ਸੁੰਦਰ ਪੁਸ਼ਾਕਾਂ ਵਿੱਚ ਦੇਸ਼ ਭਗਤੀ ਦੇ ਗੀਤ, ਸਕਿੱਟਾਂ ਅਤੇ ਕੋਰੀਓਗਰਾਫੀ ਕਰਕੇ ਲੋਕਾਂ ਦਾ ਮਨੋਰੰਜਨ ਕਰਨਗੇ ਅਤੇ ਪੰਜਾਬ ਪੁਲਸ ਦੇ ਜਵਾਨ ਤਿਰੰਗੇ ਝੰਡੇ ਨੂੰ ਸਲਾਮੀ ਦੇਣਗੇ। ਇਸ ਮੌਕੇ ਤਹਿਸੀਲਦਾਰ ਰਤਨਜੀਤ ਖੁੱਲਰ ਨਾਲ ਮਾਰਕੀਟ ਕਮੇਟੀ ਸਕੱਤਰ ਜਤਿੰਦਰ ਸਿੰਘ ਸ਼ਿੰਗਾਰੀ, ਐੱਸਐੱਮਓ ਥਰੀਏਵਾਲ ਹਰਕਵਲਜੀਤ ਸਿੰਘ, ਬੀਈਈਓ ਮਜੀਠਾ ਜਤਿੰਦਰ ਸਿੰਘ ਵੇਰਕਾ, ਬੀਡੀਪੀਓ ਦਫਤਰ ਸੁਪਰਡੈਂਟ ਪਲਵਿੰਦਰ ਸਿੰਘ ਲੱਧੜ, ਸੀਡੀਪੀਓ ਦਫਤਰ ਤੋਂ ਮੈਡਮ ਬਲਵਿੰਦਰ ਕੌਰ, ਗੋਡਰ ਵਰਿੰਦਰ ਭਾਟੀਆ, ਦੀਪਕ ਭੱਟੀ, ਪ੍ਰਿੰਸੀਪਲ ਵਿਨੋਦ ਸ਼ਰਮਾ, ਪ੍ਰਿੰਸੀਪਲ ਸਿਸਟਰ ਬੈਸਟੀ, ਮਾਰਕੀਟ ਕਮੇਟੀ ਤੋਂ ਕੁਲਦੀਪ ਸਿੰਘ ਕਾਹਲੋਂ, ਕਾਨੂੰਗੋ ਨਰਿੰਦਰ ਕੁਮਾਰ, ਇੰਸਪੈਕਟਰ ਗੁਰਵਿੰਦਰ ਸਿੰਘ ਮਾਰਕਫੈਡ, ਪ੍ਰਿੰਸੀਪਲ ਦੀਪਵਿੰਦਰ ਸਿੰਘ, ਪ੍ਰਿੰਸੀਪਲ ਜੋਗਾ ਸਿੰਘ ਅਠਵਾਲ, ਹਰਪਰੀਤ ਸਿੰਘ ਤੋਂ ਇਲਾਵਾ ਸਮੂਹ ਮਹਿਕਮਿਆਂ ਦੇ ਅਧਿਕਾਰੀ ਹਾਜ਼ਰ ਸਨ।

# ਸੀਪੀਆਈ ਐੱਮ ਐੱਲ ਲਿਬਰੇਸ਼ਨ ਦੇ ਸਰਗਰਮ ਵਰਕਰਾਂ ਦੀ ਅਹਿਮ ਮੀਟਿੰਗ



**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਪਿੰਡ ਸੋਹਲ ਵਿਖੇ ਸੀਪੀਆਈ ਐੱਮਐੱਲ ਲਿਬਰੇਸ਼ਨ ਦੇ ਸਰਗਰਮ ਵਰਕਰਾਂ ਦੀ ਮੀਟਿੰਗ ਵਿਜੇ ਸੋਹਲ ਅਤੇ ਸੁਖਦੇਵ ਸਿੰਘ ਭਾਗੋਕਾਵਾਂ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਵਿਸ਼ੇਸ਼ ਤੌਰ ਤੇ ਪਹੁੰਚੇ ਅਸ਼ਵਨੀ ਕੁਮਾਰ ਲੱਖਣਕਲਾਂ ਅਤੇ ਲਿਬਰੇਸ਼ਨ ਦੇ ਸੂਬਾ ਸਕੱਤਰ ਕਾਮਰੇਡ ਗੁਰਮੀਤ ਸਿੰਘ ਬੱਖਤਪੁਰਾ ਨੇ ਮੌਜੂਦਾ ਰਾਜਸੀ ਹਾਲਾਤ 'ਤੇ ਬੋਲਦਿਆਂ ਕਿਹਾ ਕਿ ਮੋਦੀ ਸਰਕਾਰ 2024 ਦੀਆਂ ਚੋਣਾਂ ਵਿੱਚ ਆਪਣੀ ਸੰਭਾਵਿਤ ਹਾਰ ਅਤੇ ਵਿਰੋਧੀ ਪਾਰਟੀਆਂ ਦੇ ਬਣ ਰਹੇ ਮੋਰਚੇ ਨੂੰ ਦੇਖਦਿਆਂ ਭੜਕਾਹਟ ਵਿੱਚ ਆ ਕੇ ਦੇਸ ਵਿੱਚ ਫਿਰਕਾਪ੍ਰਸਤੀ ਦੇ ਲਾਂਬੂ ਲਾ ਰਹੀ ਹੈ। ਉਨ੍ਹਾਂ ਕਿਹਾ ਕਿ ਮਨੀਪੁਰ ਦੀ ਭਿਆਨਕ ਸਥਿਤੀ ਉਪਰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਤਿੰਨ ਮਹੀਨਿਆਂ ਤੱਕ ਵੀ ਨਾ ਬੋਲਣਾ ਸਾਬਤ ਕਰਦਾ ਹੈ ਕਿ ਭਾਜਪਾ ਸਰਕਾਰ ਦੇਸ਼ ਦੀਆਂ ਘੱਟ ਗਿਣਤੀਆਂ ਨੂੰ ਆਪਣੇ ਨਿਸ਼ਾਨੇ ਤੇ ਲੈ ਰਹੀ ਹੈ। ਪਰ ਸੁਪਰੀਮ ਕੋਰਟ ਦਾ ਮਨੀਪੁਰ ਦੀਆਂ ਘਟਨਾਵਾਂ ਉਪਰ ਸੂ ਮੋਟੋ ਲੈਣਾ ਅਤੇ ਮਨੀਪੁਰ ਅਤੇ ਕੇਂਦਰ ਸਰਕਾਰ ਨੂੰ ਕਟਹਿਰੇ ਵਿੱਚ ਖੜਾ ਕਰਨਾ ਦੇਸ਼ ਦੀ ਜਮਹੂਰੀਅਤ ਅਤੇ ਧਰਮਨਿਰਪੱਖਤਾ ਦੇ ਹਿੱਤ ਵਿੱਚ ਹੈ। ਬੱਖਤਪੁਰਾ ਨੇ ਪੰਜਾਬ ਸਰਕਾਰ ਦੀ ਨੀਤੀ ਉਪਰ ਚਰਚਾ ਕਰਦਿਆਂ ਕਿਹਾ ਕਿ ਮਾਨ ਸਰਕਾਰ ਝੂਠੇ ਨਾਹਰਿਆਂ ਦੀ ਰਾਜਨੀਤੀ ਕਰ ਰਹੀ ਹੈ। ਪੰਜਾਬ ਵਿੱਚ ਨਸ਼ਿਆਂ ਨਾਲ ਜਿਸ ਤਰ੍ਹਾਂ ਨੌਜਵਾਨਾਂ ਦੀਆਂ ਮੌਤਾਂ ਦੀ ਗਿਣਤੀ ਵੱਧ ਰਹੀ ਹੈ, ਸਰਕਾਰ ਨਸ਼ਿਆਂ ਨੂੰ ਰੋਕਣ ਦੀ ਆਪਣੀ ਗਰੰਟੀ ਪੂਰੀ ਕਰਨ ਦੀ ਬਜਾਏ ਨਸ਼ਿਆਂ ਨੂੰ ਰੋਕਣ ਦੀ ਮੁਹਿੰਮ ਚਲਾਉਣ ਵਾਲਿਆਂ ਨੂੰ ਜ਼ੇਲ੍ਹਾਂ ਵਿੱਚ ਡੱਕ ਰਹੀ ਹੈ। ਇਸ ਦੀ ਮਿਸਾਲ ਮਾਨਸਾ ਵਿੱਚ ਪਰਮਿੰਦਰ ਝੋਟੇ ਦੀ ਗ੍ਰਿਫਤਾਰੀ ਕਹੀ ਜਾ ਸਕਦੀ ਹੈ। ਜਿਸ ਨੂੰ ਰਿਹਾ ਕਰਨ ਲਈ ਨਸ਼ਿਆਂ ਵਿਰੋਧੀ ਐਕਸ਼ਨ ਕਮੇਟੀ ਨੇ ਐਸਐਸਪੀ ਦਫਤਰ ਮਾਨਸਾ ਵਿਰੁੱਧ ਰਾਤ ਦਿਨ ਦਾ ਪੱਕਾ ਮੋਰਚਾ ਲਾਏ ਹੋਣ ਦੇ ਬਾਵਜੂਦ ਨੌਜਵਾਨ ਪਰਮਿੰਦਰ ਝੋਟੇ ਨੂੰ ਰਿਹਾ ਨਹੀਂ ਕੀਤਾ ਜਾ ਰਿਹਾ। ਮਾਨ ਸਰਕਾਰ ਵਲੋਂ ਭ੍ਰਿਸਟਾਚਾਰ ਸਬੰਧੀ ਜ਼ੀਰੋ ਟੌਲਰੈਂਸ ਦੇ ਦਾਅਵਿਆਂ ਦੀ ਵੀ ਫੂਕ ਨਿਕਲ ਚੁੱਕੀ ਹੈ। ਜਦੋਂ ਪੰਜਾਬ ਦੇ ਕਈ ਮਾਲ ਅਫਸਰਾਂ,ਪੀਸੀਐਸ ਅਤੇ ਆਈਏਐਸ ਅਫਸਰਾਂ ਦਾ ਭ੍ਰਿਸ਼ਟਾਚਾਰ ਨੰਗਾ ਹੋਣ ਦੇ ਬਾਵਜੂਦ ਸਰਕਾਰ ਕੋਈ ਕਾਰਵਾਈ ਕਰਨ ਦੀ ਬਜਾਏ ਗੋਡੇ ਟੇਕ ਚੁੱਕੀ ਹੈ। ਸਰਕਾਰ ਬਿਜਲੀ ਮੁਆਫੀ ਦੀ ਗਰੰਟੀ ਪੂਰੀ ਕਰਨ ਤੋਂ ਬਿਨਾ ਔਰਤਾਂ ਨੂੰ 1000 ਰੁਪਏ ਦੇਣ, ਰੇਤੇ ਨੂੰ ਸਸਤੀਆਂ ਦਰਾਂ ਤੇ ਸਪਲਾਈ ਕਰਨ, ਬੁਢਾਪਾ ਵਿਧਵਾ ਪੈਨਸ਼ਨ 2500 ਰੁਪਏ ਕਰਨ, ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਨ ਅਤੇ ਬੇਰੁਜ਼ਗਾਰ ਨੌਜਵਾਨਾਂ ਨੂੰ ਬੇਰੁਜ਼ਗਾਰੀ ਭੱਤਾ ਦੇਣ ਵਰਗੀਆਂ ਗਰੰਟੀਆਂ ਹਵਾ ਵਿੱਚ ਲਟਕੀਆਂ ਪਈਆਂ ਹਨ। ਅਮਨ ਕਾਨੂੰਨ ਦੀ ਸਥਿਤੀ ਲਗਾਤਾਰ ਬਦਤਰ ਹੋ ਰਹੀ ਹੈ। ਮੀਟਿੰਗ ਵਿੱਚ ਜੋਗਿੰਦਰ ਪਾਲ ਲੋਹਲ, ਰਣਜੀਤ ਕੌਰ ਡੱਡਵਾਂ, ਗੁਰਦੀਪ ਸਿੰਘ ਕਾਮਲਪੁਰਾ, ਕੁਲਦੀਪ ਰਾਜੂ, ਗੁਰਿੰਦਰ ਸਿੰਘ, ਬਲਬੀਰ ਸਿੰਘ ਉੱਚਾਧਕਾਲਾ, ਪ੍ਰੀਤਮ ਸਿੰਘ ਉੱਚਾਧਕਾਲਾ ਅਤੇ ਸਿਕੰਦਰ ਸਾਬੀ ਆਦਿ ਸ਼ਾਮਲ ਸਨ।

ਨਵਾਂ ਜ਼ਮਾਨਾ
ਵੀਰਵਾਰ, 3 ਅਗਸਤ 2023

# ਚੋਣਾਂ ਬਣੀਆਂ ਕਰੋੜਪਤੀਆਂ ਦੀ ਗੇਮ

*ਚੋਣਾਂ 'ਤੇ ਨਜ਼ਰ ਰੱਖਣ ਵਾਲੀਆਂ ਜਥੇਬੰਦੀਆਂ ਐਸੋਸੀਏਸ਼ਨ ਫਾਰ ਡੈਮੋਕਰੇਟਿਕ ਰਿਫਾਰਮਜ਼ (ਏ ਡੀ ਆਰ) ਅਤੇ ਨੈਸ਼ਨਲ ਇਲੈਕਸ਼ਨ ਵਾਚ (ਐੱਨ ਈ ਡਬਲਿਊ) ਨੇ ਵਿਧਾਇਕਾਂ ਵੱਲੋਂ ਜਮ੍ਹਾਂ ਕਰਾਏ ਹਲਫਨਾਮਿਆਂ ਦਾ ਅਧਿਐਨ ਕਰਕੇ ਹੈਰਾਨ ਕਰ ਦੇਣ ਵਾਲਾ ਖੁਲਾਸਾ ਕੀਤਾ ਹੈ। ਇਸ ਮੁਤਾਬਕ ਦੇਸ਼ ਦੇ ਕੁੱਲ 4033 ਵਿਧਾਇਕਾਂ ਵਿੱਚੋਂ 4001 ਵਿਧਾਇਕਾਂ ਦੀ ਸੰਪਤੀ 54545 ਕਰੋੜ ਬਣਦੀ ਹੈ। ਇਹ ਨਾਗਾਲੈਂਡ, ਮਿਜ਼ੋਰਮ ਤੇ ਸਿੱਕਮ ਦੇ ਕੁੱਲ ਸਾਲਾਨਾ ਬਜਟ 48806 ਕਰੋੜ ਨਾਲੋਂ ਵੀ ਵੱਧ ਹੈ। 2023-24 ਲਈ ਨਾਗਾਲੈਂਡ ਦਾ ਬਜਟ 23086 ਕਰੋੜ, ਮਿਜ਼ੋਰਮ ਦਾ 14210 ਕਰੋੜ ਤੇ ਸਿੱਕਮ ਦਾ 11510 ਕਰੋੜ ਦਾ ਹੈ। ਅਧਿਐਨ ਵਿਚ ਇਹ ਗੱਲ ਵੀ ਸਾਹਮਣੇ ਆਈ ਹੈ ਕਿ ਦੇਸ਼ ਦੇ ਹਰ ਵਿਧਾਇਕ ਕੋਲ ਔਸਤਨ ਸੰਪਤੀ 13 ਕਰੋੜ 63 ਲੱਖ ਰੁਪਏ ਹੈ। ਭਾਜਪਾ ਦੇ 1356 ਵਿਧਾਇਕਾਂ ਕੋਲ ਔਸਤਨ 11 ਕਰੋੜ 97 ਲੱਖ, ਕਾਂਗਰਸ ਦੇ 719 ਵਿਧਾਇਕਾਂ ਕੋਲ 21 ਕਰੋੜ 97 ਲੱਖ, ਤ੍ਰਿਣਮੂਲ ਕਾਂਗਰਸ ਦੇ 227 ਵਿਧਾਇਕ ਕੋਲ 3 ਕਰੋੜ 51 ਲੱਖ, ਆਮ ਆਦਮੀ ਪਾਰਟੀ ਦੇ 161 ਵਿਧਾਇਕ ਕੋਲ 10 ਕਰੋੜ 20 ਲੱਖ, ਆਂਧਰਾ ਪ੍ਰਦੇਸ਼ ਦੀ ਪਾਰਟੀ ਵਾਈ ਐੱਸ ਆਰ ਸੀ ਪੀ ਦੇ 146 ਵਿਧਾਇਕਾਂ ਕੋਲ 23 ਕਰੋੜ 14 ਲੱਖ ਦੀ ਸੰਪਤੀ ਹੈ। ਵਾਈ ਐੱਸ ਆਰ ਸੀ ਪੀ ਦੇ ਵਿਧਾਇਕਾਂ ਸਭ ਤੋਂ ਵੱਧ ਮਾਲਾਮਾਲ ਹਨ। ਪਾਰਟੀ ਦੇ ਹਿਸਾਬ ਨਾਲ ਭਾਜਪਾ ਦੇ ਵਿਧਾਇਕਾਂ ਦੀ ਕੁੱਲ ਸੰਪਤੀ 16234 ਕਰੋੜ, ਕਾਂਗਰਸ ਦੇ ਵਿਧਾਇਕਾਂ ਦੀ 15798 ਕਰੋੜ, ਵਾਈ ਐੱਸ ਆਰ ਸੀ ਪੀ ਦੇ ਵਿਧਾਇਕਾਂ ਦੀ 3379 ਕਰੋੜ, ਡੀ ਐੱਮ ਕੇ ਦੇ ਵਿਧਾਇਕਾਂ ਦੀ 1663 ਕਰੋੜ ਅਤੇ ਆਮ ਆਦਮੀ ਪਾਰਟੀ ਦੇ ਵਿਧਾਇਕਾਂ ਦੀ ਕੁੱਲ ਸੰਪਤੀ 1642 ਕਰੋੜ ਬਣਦੀ ਹੈ। ਕਰਨਾਟਕ ਦੇ ਵਿਧਾਇਕਾਂ ਕੋਲ ਸਭ ਤੋਂ ਵੱਧ ਸੰਪਤੀ ਹੈ। ਇਹ 21 ਰਾਜਾਂ ਦੇ ਵਿਧਾਇਕਾਂ ਦੀ ਕੁੱਲ ਸੰਪਤੀ ਨਾਲੋਂ ਵੀ ਵੱਧ ਹੈ। 21 ਰਾਜਾਂ ਦੇ ਵਿਧਾਇਕਾਂ ਦੀ ਸੰਪਤੀ 13976 ਕਰੋੜ ਬਣਦੀ ਹੈ, ਜਦਕਿ ਕਰਨਾਟਕ ਦੇ ਵਿਧਾਇਕਾਂ ਦੀ 14359 ਕਰੋੜ ਹੈ। ਰਾਜਾਂ ਮੁਤਾਬਕ ਮਹਾਰਾਸ਼ਟਰ ਦੇ 288 ਵਿੱਚੋਂ 284 ਵਿਧਾਇਕਾਂ ਕੋਲ 6679 ਕਰੋੜ ਰੁਪਏ ਦੀ ਸੰਪਤੀ ਹੈ। ਆਂਧਰਾ ਦੇ 175 ਵਿਧਾਇਕਾਂ ਵਿੱਚੋਂ 174 ਕੋਲ 4914 ਕਰੋੜ ਰੁਪਏ ਦੀ ਸੰਪਤੀ ਹੈ। ਯੂ ਪੀ ਦੇ ਕੁੱਲ 403 ਵਿਧਾਇਕਾਂ ਦੀ ਸੰਪਤੀ 3255 ਕਰੋੜ, ਗੁਜਰਾਤ ਦੇ 182 ਵਿਧਾਇਕਾਂ ਦੀ 2987 ਕਰੋੜ, ਤਾਮਿਲਨਾਡੂ ਦੇ 224 ਵਿਧਾਇਕਾਂ ਦੀ 2767 ਕਰੋੜ ਅਤੇ ਮੱਧ ਪ੍ਰਦੇਸ਼ ਦੇ 230 ਵਿਧਾਇਕਾਂ ਦੀ ਸੰਪਤੀ 2476 ਕਰੋੜ ਰੁਪਏ ਹੈ। ਵਿਧਾਇਕਾਂ ਦੇ ਇਹ ਹਲਫਨਾਮੇ ਦਰਸਾਉਂਦੇ ਹਨ ਕਿ ਚੋਣਾਂ ਕਰੋੜਪਤੀਆਂ ਦੀ ਹੀ ਗੇਮ ਬਣ ਕੇ ਰਹਿ ਗਈਆਂ ਹਨ।*

# ਔਰਤਾਂ ਵਿਰੁੱਧ ਵਧ ਰਹੀ ਹਿੰਸਾ ਅਤੇ ਸੁਰੱਖਿਆ ਦਾ ਮੁੱਦਾ



ਗੁਰਮੀਤ ਸਿੰਘ ਪਲਾਹੀ

ਦੁਨੀਆ ਭਰ ਵਿੱਚ ਔਰਤਾਂ ਨੂੰ ਦਿੱਤੇ ਹੱਕਾਂ 'ਚ ਲੱਗਭੱਗ ਸਮਾਨਤਾ ਹੈ। ਬਹੁਗਿਣਤੀ ਦੇਸ਼ਾਂ ਵਿੱਚ ਔਰਤਾਂ ਨੂੰ ਗੁਲਾਮੀ ਅਤੇ ਹਿੰਸਾ ਮੁਕਤੀ, ਸਿੱਖਿਆ, ਮਰਦਾਂ ਬਰੋਬਰ ਤਨਖ਼ਾਹ, ਮਾਲਕੀ ਦੇ ਹੱਕ, ਆਜ਼ਾਦੀ ਨਾਲ ਖਿਆਲ ਪ੍ਰਗਟ ਕਰਨ ਅਤੇ ਵੋਟ ਜਿਹੇ ਹੱਕ ਪ੍ਰਾਪਤ ਹਨ। ਭਾਰਤ ਵਿੱਚ ਵੀ ਔਰਤ ਨੂੰ ਸੰਵਿਧਾਨ ਦੀ ਧਾਰਾ 14 ਅਧੀਨ ਬਰਾਬਰੀ, ਧਾਰਾ 15(1) ਅਧੀਨ ਵਿਤਕਰੇ ਵਿਰੁੱਧ, ਧਾਰਾ 16 ਅਧੀਨ ਬਰਾਬਰ ਦੇ ਮੌਕੇ ਅਤੇ ਆਰਟੀਕਲ 39 (ਡੀ) ਅਤੇ ਧਾਰਾ 42 ਅਧੀਨ ਮਰਦਾਂ ਬਰਾਬਰ ਤਨਖ਼ਾਹ ਜਿਹੇ ਅਧਿਕਾਰ ਹਨ।

ਐਡੇ ਵੱਡੇ ਅਧਿਕਾਰ ਸੰਵਿਧਾਨ ਵਿੱਚ ਲਿਖੇ ਹੋਣ ਦੇ ਬਾਵਜੂਦ ਭਾਰਤ ਦੀਆਂ ਲੱਗਭੱਗ 70 ਫੀਸਦੀ ਔਰਤਾਂ, ਬੀਬੀਆਂ ਘਰੇਲੂ ਹਿੰਸਾ ਦੀ ਮਾਰ ਹੇਠ ਹਨ ਜਾਂ ਸ਼ਿਕਾਰ ਹਨ, ਜਿਸ ਨਾਲ ਉਹ ਡਿਪਰੈਸ਼ਨ (ਮਾਨਸਿਕ ਤਣਾਅ) ਅਤੇ ਆਤਮ ਹੱਤਿਆ ਵੱਲ ਵਧਦੀਆਂ ਹਨ। ਇਹ ਸਿੱਧੇ ਤੌਰ 'ਤੇ ਔਰਤਾਂ ਦਾ ਕਤਲ ਨਹੀਂ, ਪਰ ਸਵੈ-ਕਤਲ ਦਾ ਇੱਕ ਵੱਡਾ ਕਾਰਨ ਹੈ।

ਇਹੋ ਗੱਲ ਔਰਤਾਂ ਦੀ ਸਮਾਜ ਵਿੱਚ ਸੁਰੱਖਿਆ ਦੇ ਮਾਮਲੇ 'ਤੇ ਹੈ, ਜਿੱਥੇ ਘਰ ਵਿੱਚ ਅਤੇ ਘਰੋਂ ਬਾਹਰ ਨਿਕਲਦਿਆਂ ਉਹ ਡਰ, ਅਸੁਰੱਖਿਆ ਨਾਲ ਸੜਕ 'ਤੇ, ਕੰਮ ਵਾਲੀਆਂ ਥਾਵਾਂ 'ਤੇ, ਕਾਲਜਾਂ, ਸਕੂਲਾਂ, ਯੂਨੀਵਰਸਿਟੀਆਂ ਅਤੇ ਹੋਰ ਸਿੱਖਿਆ ਸੰਸਥਾਵਾਂ 'ਚ ਵਿਚਰਦੀਆਂ ਹਨ ਅਤੇ ਆਜ਼ਾਦ ਵਿਚਰਨ ਦੀ ਥਾਂ ਕਿਸੇ ਆਸਰੇ ਦੀ ਭਾਲ 'ਚ ਰਹਿੰਦੀਆਂ ਹਨ ਅਤੇ ਕਈ ਹਾਲਤਾਂ 'ਚ ਇਹੋ 'ਆਸਰੇ' ਉਹਨਾ ਦੀ ਅਸੁਰੱਖਿਆ ਅਤੇ ਤਬਾਹੀ ਦਾ ਕਾਰਨ ਬਣ ਜਾਂਦੇ ਹਨ।

ਕੀ ਘਰੋਂ ਦੁਕਾਨ 'ਤੇ ਇਕੱਲੀ ਨਿਕਲੀ ਔਰਤ ਲੜਕੀ, ਖਰੀਦਦਾਰੀ ਕਰਨ ਵੇਲੇ ਸੁਰੱਖਿਅਤ ਹੈ? ਕੀ ਕਦੇ ਰਾਤ-ਬਰਾਤੇ ਉਸ ਨੂੰ ਇਕੱਲਿਆਂ ਸਫ਼ਰ ਕਰਨਾ ਪੈ ਜਾਵੇ ਤਾਂ ਉਹ ਸੁਰੱਖਿਅਤ ਹੈ? ਕੀ ਘਰ ਵਿੱਚ ਲੜਕੀ ਇਕੱਲੀ ਸੁਰੱਖਿਅਤ ਹੈ, ਭਾਵੇਂ ਉਹਦੇ ਆਲੇ-ਦੁਆਲੇ ਭਰਵੀਂ ਅਬਾਦੀ ਹੋਵੇ, ਆਪਣੇ ਰਿਸ਼ਤੇਦਾਰ ਹੋਣ। ਇਹੋ ਜਿਹੇ ਭਰਵੇਂ ਮਾਹੌਲ ਵਿੱਚ ਵੀ ਲੜਕੀ ਅਸੁਰੱਖਿਅਤ ਹੋ ਜਾਂਦੀ ਹੈ। ਕੀ ਬੱਸ, ਗੱਡੀ 'ਚ ਸਫ਼ਰ ਵੇਲੇ ਉਹ ਸੁਰੱਖਿਅਤ ਹੈ?

ਅਸਲ ਵਿੱਚ ਭਾਰਤ ਵਿੱਚ ਘਰ ਤੋਂ ਲੈ ਕੇ ਦਫ਼ਤਰ ਤੱਕ, ਪਬਲਿਕ ਥਾਵਾਂ ਉਤੇ, ਬੇਗਾਨਿਆਂ ਅਤੇ ਆਪਣਿਆਂ ਵਿੱਚ ਵੀ ਕਈ ਵੇਰ ਔਰਤ, ਲੜਕੀ ਸੁਰੱਖਿਅਤ ਨਹੀਂ। ਡਰ ਅਤੇ ਅਸੁਰੱਖਿਆ ਦੀ ਇਹ ਭਾਵਨਾ ਔਰਤ ਦੀ ਨਿੱਜੀ ਮਾਨਸਿਕ ਕਮਜ਼ੋਰੀ ਦਾ ਕਾਰਨ ਬਣਦੀ ਹੈ ਅਤੇ ਸਮਾਜ 'ਚ ਕਈ ਹਾਲਤਾਂ ਵਿੱਚ ਉਹਦੀ ਹੋਂਦ ਖੇਰੂੰ-ਖੇਰੂੰ ਹੁੰਦੀ ਜਾਪਦੀ ਹੈ।

ਭਾਰਤ 'ਚ ਔਰਤਾਂ ਵਿਰੁੱਧ ਪੰਜ ਅਪਰਾਧ, ਇੰਡੀਅਨ ਪੀਨਲ ਕੋਡ 'ਚ ਦਰਜ ਹਨ, ਜਿਹਨਾ 'ਚ ਬਲਾਤਕਾਰ ਸਭ ਤੋਂ ਵੱਡਾ ਹੈ। ਅਗਵਾ, ਦਾਜ ਪ੍ਰਤੀ ਜ਼ਬਰਦਸਤੀ, ਘਰੇਲੂ ਹਿੰਸਾ ਅਤੇ ਤਸ਼ੱਦਦ ਆਦਿ ਹੋਰ ਅਪਰਾਧ ਹਨ। ਇਹ ਅਪਰਾਧ ਵਧਦੇ ਜਾ ਰਹੇ ਹਨ ਅਤੇ ਔਰਤਾਂ 'ਚ ਅਸੁਰੱਖਿਆ ਦੀ ਭਾਵਨਾ ਪੈਦਾ ਕਰਦੇ ਹਨ। ਇਸ ਦਾ ਮੁੱਖ ਕਾਰਨ ਔਰਤਾਂ ਦੀ ਸੁਰੱਖਿਆ ਲਈ ਬਣੇ ਹੋਏ ਕਾਨੂੰਨ ਲਾਗੂ ਨਾ ਕਰਨਾ ਵੀ ਹੈ।

ਦਾਜ-ਦਹੇਜ ਵਿਰੁੱਧ ਕਾਨੂੰਨ ਬਣੇ ਹੋਏ ਹਨ, ਪਰ ਉਹ ਕਿੰਨੇ ਕੁ ਲਾਗੂ ਹੋ ਰਹੇ ਹਨ? ਬਲਾਤਕਾਰੀਆਂ ਨੂੰ ਕਿੰਨੀਆਂ ਕੁ ਸਜ਼ਾਵਾਂ ਹੋ ਰਹੀਆਂ ਹਨ? ਘਰੇਲੂ ਹਿੰਸਾ ਵਿਰੁੱਧ ਬਣੇ ਕਾਨੂੰਨ ਕਿੱਥੇ ਤੇ ਕਦੋਂ ਲਾਗੂ ਹੁੰਦੇ ਹਨ? ਭਾਰਤੀ ਸਮਾਜ 'ਚ ਬਣਤਰ ਹੀ ਕੁਝ ਇਹੋ ਜਿਹੀ ਹੈ ਕਿ ਮਰਦ ਦਾ ਹੈਂਕੜਪੁਣਾ, ਰੰਘਰਊਪੁਣਾ ਅਤੇ ਸਮਾਜ ਵਿਚਲਾ ਔਰਤ ਵਿਰੋਧੀ ਵਰਤਾਰਾ ਔਰਤਾਂ ਨੂੰ ਜੀਣ-ਥੀਣ ਲਈ ਸੌਖਿਆ ਸਾਹ ਹੀ ਨਹੀਂ ਲੈਣ ਦੇ ਰਿਹਾ। ਉਹਨਾ ਲਈ ਨਿੱਤ ਨਵੀਆਂ ਸਮੱਸਿਆਵਾਂ ਪੈਦਾ ਕਰ ਰਿਹਾ ਹੈ। ਇਹ ਸਭ ਕੁਝ ਔਰਤਾਂ ਵਿਰੁੱਧ ਅਪਰਾਧਾਂ 'ਚ ਲਗਾਤਾਰ ਵੱਡਾ ਵਾਧਾ ਕਰ ਰਿਹਾ ਹੈ, ਬਾਵਜੂਦ ਇਸ ਗੱਲ ਦੇ ਵੀ ਕਿ ਲੜਕੀਆਂ ਸਿੱਖਿਆ ਪ੍ਰਾਪਤ ਕਰ ਰਹੀਆਂ ਹਨ, ਹਰ ਖੇਤਰ 'ਚ ਮੋਹਰੀ ਰੋਲ ਅਦਾ ਕਰਨ ਲੱਗੀਆਂ ਹਨ।

ਸਾਲ 2016 ਤੋਂ 2021 ਤੱਕ ਲੱਗਭੱਗ 22.8 ਲੱਖ ਔਰਤਾਂ ਵਿਰੁੱਧ ਅਪਰਾਧ ਭਾਰਤ ਵਿੱਚ ਸਰਕਾਰੀ ਰਿਕਾਰਡ 'ਚ ਦਰਜ ਹਨ। ਇਹਨਾਂ ਵਿੱਚੋਂ 7 ਲੱਖ, ਧਾਰਾ 498 ਏ ਆਫ, ਆਈ ਪੀ ਸੀ ਅਧੀਨ ਹਨ। ਇਹ ਧਾਰਾ ਔਰਤ ਵੱਲੋਂ ਆਪਣੇ ਮਰਦ ਅਤੇ ਰਿਸ਼ਤੇਦਾਰਾਂ ਵੱਲੋਂ ਕੀਤੀ ਹਿੰਸਾ ਅਤੇ ਕੁੱਟਮਾਰ, ਨਫਰਤੀ ਵਰਤਾਰੇ ਸਬੰਧੀ ਹੈ।

ਰਾਸ਼ਟਰੀ ਕਰਾਈਮ ਰਿਕਾਰਡ ਬਿਊਰੋ ਅਨੁਸਾਰ 2021 ਵਿੱਚ ਦੇਸ਼ ਭਰ 'ਚ 6589 ਕੇਸ ਦਾਜ-ਦਹੇਜ ਸਬੰਧੀ, ਕਤਲ ਦੇ ਰਿਕਾਰਡ ਹੋਏ। ਨੈਸ਼ਨਲ ਕਮਿਸ਼ਨ ਫਾਰ ਵੂਮੈਨ ਅਨੁਸਾਰ 2021 ਨਾਲੋਂ 2022 'ਚ ਔਰਤਾਂ ਉਤੇ ਅੱਤਿਆਚਾਰ ਦੀਆਂ ਘਟਨਾਵਾਂ 'ਚ 30 ਫੀਸਦੀ ਵਾਧਾ ਦਰਜ ਕੀਤਾ ਗਿਆ।

ਨੈਸ਼ਨਲ ਕਰਾਈਮ ਰਿਕਾਰਡ ਬਿਊਰੋ ਅਨੁਸਾਰ ਔਰਤਾਂ ਉਤੇ ਅੱਤਿਆਚਾਰ, ਹਿੰਸਾ ਆਦਿ ਦੇ 2021 ਵਿੱਚ 4,28,278 ਕੇਸ ਦਰਜ ਹੋਏ, ਜੋ 2020 ਨਾਲੋਂ 56,775 ਵੱਧ ਸਨ। ਇਹਨਾਂ ਵਿੱਚ ਔਰਤਾਂ ਨੂੰ ਅਗਵਾ ਕਰਨ ਅਤੇ ਬਲਾਤਕਾਰ ਦੇ ਕੇਸ 20.8 ਫੀਸਦੀ ਸਨ ਅਤੇ ਮਰਦਾਂ ਵੱਲੋਂ ਔਰਤਾਂ ਉਤੇ ਘਰੇਲੂ ਹਿੰਸਾ ਦੇ 31.8 ਫੀਸਦੀ ਅਤੇ ਔਰਤਾਂ ਵਿਰੁੱਧ ਅਪਰਾਧ ਵਿਸ਼ਵ-ਵਿਆਪੀ ਹਨ।

ਔਰਤਾਂ ਵਿਰੁੱਧ ਅਪਰਾਧ, ਹਿੰਸਾ ਅਤੇ ਅਸੁਰੱਖਿਆ ਦੀ ਭਾਵਨਾ ਵਧਦੀ ਹੀ ਜਾ ਰਹੀ ਹੈ। ਭਾਰਤ ਸਹਿਤ ਦੱਖਣੀ ਏਸ਼ੀਆ ਦੇ ਤਿੰਨ ਮੁਲਕਾਂ ਵਿੱਚ 1,95,000 ਪੁਰਸ਼ਾਂ ਨਾਲ ਰਹਿਣ ਵਾਲੀਆਂ ਔਰਤਾਂ 'ਤੇ ਕੀਤੇ ਇੱਕ ਸਰਵੇਖਣ ਅਨੁਸਾਰ ਹਿੰਸਾ ਦੀਆਂ ਘਟਨਾਵਾਂ 'ਚ ਵਾਧਾ ਹੋ ਰਿਹਾ ਹੈ। ਇਸ ਸਰਵੇਖਣ 'ਚ ਘਰੇਲੂ ਹਿੰਸਾ 'ਚ ਵਾਧੇ ਦਾ ਇੱਕ ਕਾਰਨ ਵਾਤਾਵਰਨ ਵਿੱਚ ਵਧ ਰਿਹਾ ਤਾਪਮਾਨ ਹੈ। ਜਿਸ ਅਨੁਸਾਰ ਇਕ ਡਿਗਰੀ ਤਾਪਮਾਨ ਦੇ ਵਧਣ ਨਾਲ 4.5 ਫੀਸਦੀ ਹਿੰਸਾ 'ਚ ਵਾਧਾ ਹੁੰਦਾ ਹੈ। ਅਨੁਮਾਨ ਇਹ ਵੀ ਇਸ ਸਰਵੇਖਣ ਵਿੱਚ ਲਗਾਇਆ ਗਿਆ ਹੈ ਕਿ ਭਾਰਤ, ਨੇਪਾਲ, ਪਾਕਿਸਤਾਨ 'ਚ ਪਰਵਾਰਕ ਹਿੰਸਾ 'ਚ ਇਸ ਸਦੀ ਦੇ ਅੰਤ ਤੱਕ 21.5 ਫੀਸਦੀ ਵਾਧਾ ਹੋਏਗਾ ਅਤੇ ਇਸ ਦਾ ਸ਼ਿਕਾਰ ਮਹਿਲਾਵਾਂ ਹੋਣਗੀਆਂ। ਪਰਵਾਰਕ ਹਿੰਸਾ ਵਿੱਚ ਸਰੀਰਕ ਹਿੰਸਾ, ਭਾਵਨਾਤਮਕ ਹਿੰਸਾ, ਯੌਨ ਹਿੰਸਾ ਸ਼ਾਮਲ ਹੈ। ਸਰਵੇ ਮੁਤਾਬਕ ਭਾਰਤ ਅਤੇ ਨੇਪਾਲ ਦੇਸ਼ਾਂ ਦੇ ਮੁਕਾਬਲੇ 2 ਫੀਸਦੀ ਵਾਧਾ ਔਰਤਾਂ ਵਿਰੁੱਧ ਅਪਰਾਧ 'ਚ ਹੋਏਗਾ।

ਸਰਕਾਰਾਂ ਵੱਲੋਂ ਦਾਅਵੇ ਕੀਤੇ ਜਾ ਰਹੇ ਹਨ ਕਿ ਲੜਕੀਆਂ ਅਤੇ ਮਹਿਲਾਵਾਂ ਦੇ ਨਾਲ ਹੋ ਰਹੇ ਅਪਰਾਧ ਘੱਟ ਕੀਤੇ ਜਾਣਗੇ, ਪਰੰਤੂ ਹਾਲਾਤ ਇਹ ਹਨ ਕਿ ਹਰ ਦਿਨ ਕਈ-ਕਈ ਬੱਚੀਆਂ ਅਤੇ ਮਹਿਲਾਵਾਂ ਗਾਇਬ ਹੋ ਰਹੀਆਂ ਹਨ। ਔਰਤਾਂ ਨਾਲ ਗਲਤ ਵਿਵਹਾਰ, ਬਲਾਤਕਾਰ ਆਦਿ ਦੀਆਂ ਮਨੀਪੁਰ ਵਿੱਚ ਜਿਸ ਕਿਸਮ ਦੀਆਂ ਘਟਨਾਵਾਂ ਦੀਆਂ ਖ਼ਬਰਾਂ ਆ ਰਹੀਆਂ ਹਨ, ਉਹ ਤਾਂ ਸ਼ਰਮਨਾਕ ਹਨ ਹੀ, ਪਰ ਦੇਸ਼ ਦੇ ਹੋਰ ਭਾਗਾਂ ਵਿੱਚ ਇਸ ਤੋਂ ਵੱਖਰੀ ਕਿਸਮ ਦੇ ਮਹਿਲਾਵਾਂ ਨਾਲ ਅਪਰਾਧ ਦਿਲ ਟੁੰਬਣ ਵਾਲੇ ਅਤੇ ਦਿਲ ਕੰਬਾਊ ਹਨ।

ਪਿਛਲੇ ਦਿਨੀਂ ਰਾਜ ਸਭਾ ਵਿੱਚ ਮਨਿਸਟਰ ਆਫ ਸਟੇਟ ਫਾਰ ਹੋਮ ਅਫੇਅਰ ਅਜੈ ਕੁਮਾਰ ਮਿਸ਼ਰਾ ਨੇ ਪੂਰੇ ਦੇਸ਼ ਵਿੱਚ ਗਾਇਬ ਲੜਕੀਆਂ ਅਤੇ ਔਰਤਾਂ ਸਬੰਧੀ ਇਹ ਰਿਪੋਰਟ ਸਦਨ ਵਿੱਚ ਰੱਖੀ ਹੈ।

2019 ਤੋਂ 2021 ਦੌਰਾਨ ਹੋਈਆਂ ਅਪਰਾਧਿਕ ਘਟਨਾਵਾਂ ਦੇ ਮਾਮਲੇ ਇਸ ਵਿੱਚ ਦਰਜ ਹਨ। ਦਿੱਲੀ, ਜੰਮੂ ਕਸ਼ਮੀਰ, ਚੰਡੀਗੜ੍ਹ ਵਿੱਚ ਗਾਇਬ ਔਰਤਾਂ ਦੇ ਕੇਸ ਸਭ ਤੋਂ ਵੱਧ ਹਨ। 2019 ਤੋਂ 2021 ਤੱਕ ਤਿੰਨ ਸਾਲਾਂ ਵਿੱਚ 18 ਸਾਲਾਂ ਤੋਂ ਘੱਟ ਉਮਰ ਦੀਆਂ 22,919 ਬੱਚੀਆਂ ਅਤੇ 18 ਸਾਲ ਤੋਂ ਜ਼ਿਆਦਾ ਉਮਰ ਦੀਆਂ 61,050 ਔਰਤਾਂ ਗਾਇਬ ਹੋਈਆਂ, ਜਦਕਿ ਜੰਮੂ ਕਸ਼ਮੀਰ 'ਚ ਇਹ ਗਿਣਤੀ 18 ਸਾਲ ਤੋਂ ਘੱਟ ਲੜਕੀਆਂ ਦੀ 1,148 ਅਤੇ 18 ਸਾਲ ਤੋਂ ਵੱਧ ਦੀ 8,617 ਸੀ। ਚੰਡੀਗੜ੍ਹ 'ਚ ਗਾਇਬ ਹੋਣ ਵਾਲੀਆਂ 18 ਸਾਲ ਤੋਂ ਘੱਟ ਬੱਚੀਆਂ 921 ਸਨ ਅਤੇ ਜਦਕਿ 18 ਸਾਲ ਤੋਂ ਵੱਧ ਉਮਰ ਦੀਆਂ ਮਹਿਲਾਵਾਂ 3,669 ਸਨ। ਪੰਜਾਬ ਵਾਲੀ ਰਿਪੋਰਟ ਵੀ ਚਿੰਤਾਜਨਕ ਹੈ, ਜਿੱਥੇ ਹਰ ਰੋਜ਼ 2019 ਤੋਂ 2021 ਦੌਰਾਨ 11 ਤੋਂ 15 ਔਰਤਾਂ ਗਾਇਬ ਹੋਈਆਂ, ਭਾਵ 18,908 ਔਰਤਾਂ ਗਾਇਬ ਹੋਈਆਂ ਹਨ।

ਰਿਪੋਰਟ ਵੇਖਣ 'ਤੇ ਇਹ ਗੱਲ ਸਾਹਮਣੇ ਆਈ ਹੈ ਕਿ ਭਾਰਤ ਦੇ ਰੂੜੀਵਾਦੀ ਸਮਾਜ ਵਿੱਚ ਮਹਿਲਾਵਾਂ ਨਾਲ ਨਾ ਬਰਾਬਰ ਦਾ ਸਲੂਕ ਹੁੰਦਾ ਹੈ ਅਤੇ ਨਾ ਹੀ ਉਨ੍ਹਾਂ ਨੂੰ ਬਣਦੇ ਹੱਕ ਦਿੱਤੇ ਜਾਂਦੇ ਹਨ। ਘਰਾਂ ਵਿੱਚ ਮਹਿਲਾਵਾਂ ਉਤੇ ਕੁੱਟਮਾਰ ਦੀਆਂ ਘਟਨਾਵਾਂ ਆਮ ਵੇਖਣ ਨੂੰ ਮਿਲਦੀਆਂ ਹਨ ਅਤੇ ਉਹ ਮਰਦਾਂ ਦੀ ਰੰਘਰਊ ਸੋਚ ਦਾ ਸ਼ਿਕਾਰ ਹੁੰਦੀਆਂ ਹਨ।

ਮਹਿਲਾਵਾਂ ਦੇ ਦੇਹ ਵਪਾਰ ਦੀਆਂ ਘਟਨਾਵਾਂ ਸੁਰਖੀਆਂ 'ਚ ਰਹਿੰਦੀਆਂ ਹਨ। ਵੱਡੇ ਸ਼ਹਿਰਾਂ ਦੇ ਹੋਟਲਾਂ ਅਤੇ ਕੁਝ ਇੱਕ ਵਿਸ਼ੇਸ਼ ਥਾਵਾਂ ਉਤੇ ਉਹਨਾ ਦੀ ਦੇਹ ਵੇਚਣ ਦਾ ਧੰਦਾ ਸ਼ਰੇਆਮ ਹੁੰਦਾ ਹੈ। ਇਵੇਂ ਜਾਪਦਾ ਹੈ, ਜਿਵੇਂ ਔਰਤਾਂ ਦੇ ਸਰੀਰ ਨੂੰ ਇੱਕ ਵਸਤੂ ਸਮਝ ਕੇ ਸਮਾਜ ਦੇ ਭੈੜੀ ਸੋਚ ਵਾਲੇ ਦਰਿੰਦੇ ਵਪਾਰ ਕਰਦੇ ਹਨ, ਕਾਲੀ ਕਮਾਈ ਕਰਦੇ ਹਨ। ਇਸੇ ਤਹਿਤ ਹੀ ਵੱਡੇ ਸ਼ਹਿਰਾਂ 'ਚ ਕੰਮ ਕਰਨ ਵਾਲੇ ਦੇਹ ਵਪਾਰੀ ਪਿੰਡਾਂ, ਛੋਟੇ ਸ਼ਹਿਰਾਂ 'ਚੋਂ ਬੱਚੀਆਂ ਨੂੰ ਵਰਗਲਾ ਕੇ ਲੈ ਜਾਂਦੇ ਹਨ ਅਤੇ ਇਹਨਾਂ ਸ਼ਹਿਰਾਂ 'ਚ ਚੱਲ ਰਹੇ 'ਕੋਠਿਆਂ' 'ਚ ਉਹਨਾ ਨੂੰ ਵੇਚਦੇ ਹਨ।

ਦੇਸ਼ ਵਿੱਚ ਔਰਤਾਂ ਨਾਲ ਹੁੰਦੇ ਵਿਭਚਾਰ, ਬਲਾਤਕਾਰ, ਅਪਰਾਧਾਂ ਸਬੰਧੀ ਰਿਪੋਰਟ ਤਾਂ ਦਰਦਨਾਕ ਹੈ ਹੀ, ਪਰ ਗੁਰੂਆਂ, ਪੀਰਾਂ, ਫਕੀਰਾਂ ਦੀ ਧਰਤੀ ਉਤੇ ਉਹਨਾ ਨਾਲ ਹੋ ਰਹੇ ਦੁਪਰਿਆਰੇ ਸਲੂਕ ਅਤੇ ਅਪਰਾਧਾਂ ਦੀ ਰਿਪੋਰਟ ਬਹੁਤ ਸ਼ਰਮਨਾਕ ਹੈ। ਔਰਤਾਂ, ਬੱਚੀਆਂ ਨੂੰ ਜਿਸ ਸਤਿਕਾਰ ਨਾਲ ਪੰਜਾਬ ਵਿੱਚ ਵੇਖਿਆ ਜਾਂਦਾ ਹੈ ਅਤੇ ਗੁਰੂ ਸਾਹਿਬਾਨ ਵੱਲੋਂ "ਸੋ ਕਿਉਂ ਮੰਦਾ ਆਖੀਐ, ਜਿਤੁ ਜੰਮੇ ਰਾਜਾਨ" ਦਾ ਫੁਰਮਾਨ ਹੈ, ਉਥੇ ਔਰਤਾਂ ਦੀ ਇਹ ਦਸ਼ਾ ਦਰਦਨਾਕ ਹੈ। ਕੀ ਨਿੱਤ 15-18 ਮਹਿਲਾਵਾਂ ਦਾ ਪੰਜਾਬ 'ਚੋਂ ਗਾਇਬ ਹੋਣਾ ਸ਼ਰਮਨਾਕ ਨਹੀਂ? ਚੰਡੀਗੜ੍ਹ ਵਰਗੇ ਸ਼ਹਿਰ ਵਿੱਚ ਜਿੱਥੇ ਲੋਕਾਂ ਤੋਂ ਵਧੇਰੇ ਨੈਤਿਕ ਕਦਰਾਂ-ਕੀਮਤਾਂ ਦੀ ਤਵੱਕੋਂ ਕੀਤੀ ਜਾਂਦੀ ਹੈ, ਉਥੇ ਔਰਤਾਂ ਦੀ ਵੱਡੀ ਗਿਣਤੀ ਦਾ ਅਗਵਾ ਤੇ ਗਾਇਬ ਹੋਣਾ ਕੀ ਸੱਭਿਅਕ ਸ਼ਹਿਰ ਦੇ ਮੱਥੇ ਉਤੇ ਕਲੰਕ ਨਹੀਂ ਹੈ?

ਵੈਸੇ ਤਾਂ ਦੇਸ਼ ਭਾਰਤ ਸਭਿਅਕ ਹੋਣ ਦਾ ਦਾਅਵਾ ਕਰਦਾ ਹੈ, ਵਿਸ਼ਵ ਗੁਰੂ ਬਨਣ ਦੇ ਸੁਪਨੇ ਲੈਂਦਾ ਹੈ, ਪਰ ਭਾਰਤੀ ਸਮਾਜ ਵਿੱਚ ਛੂਆ- ਛੂਤ ਸਿਰੇ ਦੀ ਹੈ। ਅਛੂਤ ਸਮਝ ਕੇ ਕੁਝ ਮੰਦਰਾਂ 'ਚ ਉਹਨਾ ਦਾ ਦਾਖ਼ਲਾ ਨਹੀਂ ਹੋਣ ਦਿੱਤਾ ਜਾਂਦਾ। ਔਰਤਾਂ ਨੂੰ ਤਾਂ ਕੁਝ ਧਾਰਮਿਕ ਸਥਾਨਾਂ ਉਤੇ ਅੰਦਰ ਜਾ ਕੇ ਦਰਸ਼ਨ ਕਰਨ ਦੀ ਮਨਾਹੀ ਹੈ।

ਔਰਤ ਨੂੰ "ਪੈਰ ਦੀ ਜੁਤੀ" ਸਮਝਣ ਦਾ ਵਰਤਾਰਾ ਦੇਸ਼ ਦੇ ਕਈ ਭਾਗਾਂ 'ਚ ਹੈ। ਇਸ ਵਰਤਾਰੇ ਵਿੱਚੋਂ ਹੀ ਔਰਤਾਂ ਉਤੇ ਤਸ਼ੱਦਦ ਦੀ ਦਾਸਤਾਨ ਸ਼ੁਰੂ ਹੁੰਦੀ ਹੈ। ਉਹਨਾ ਉਤੇ ਜ਼ੁਲਮ ਹੁੰਦੇ ਹਨ। ਵੈਸੇ ਵੀ ਧਰਮ ਦੇ ਨਾਂਅ ਉਤੇ, ਦੇਸ਼ਾਂ ਦੇ ਨਾਅ ਉਤੇ ਜਦੋਂ ਜੰਗਾਂ ਹੁੰਦੀਆਂ ਹਨ, ਨਫ਼ਰਤੀ ਅੱਗ ਫੈਲਦੀ ਹੈ, ਉਦੋਂ ਵੀ ਔਰਤਾਂ ਸਭ ਤੋਂ ਪਹਿਲਾਂ ਅਤੇ ਸਭ ਤੋਂ ਵਧ ਨਿਸ਼ਾਨਾ ਬਣਦੀਆਂ ਹਨ। ਉਹਨਾ ਉੱਤੇ ਹੁੰਦੇ ਜਾਂ ਕੀਤੇ ਜਾਂਦੇ ਜ਼ੁਲਮਾਂ ਦਾ ਚਿੱਠਾ ਐਡਾ ਵੱਡਾ ਹੈ ਕਿ ਸ਼ਬਦਾਂ 'ਚ ਬਿਆਨ ਨਹੀਂ ਕੀਤਾ ਜਾ ਸਕਦਾ।

ਰਹੀ ਔਰਤਾਂ ਅਤੇ ਲੜਕੀਆਂ ਦੀ ਸੁਰੱਖਿਆ ਦੀ ਗੱਲ, ਅੱਜ ਵੀ ਉਹ ਸੜਕਾਂ ਉਤੇ ਬੇਖੌਫ ਨਹੀਂ ਘੁੰਮ ਸਕਦੀਆਂ। ਕਾਲਜਾਂ, ਸਕੂਲਾਂ ਬਾਹਰ ਖੜ੍ਹੇ ਮਨਚਲੇ ਤਨਜ਼ ਕੱਸਦੇ ਹਨ। ਕਈ ਘਟਨਾਵਾਂ ਇਹੋ ਜਿਹੀਆਂ ਵਾਪਰਦੀਆਂ ਹਨ ਕਿ ਆਪਣੀਆਂ ਲੜਕੀਆਂ ਨੂੰ ਸੜਕਾਂ ਤੋਂ ਛੇੜਖਾਨੀਆਂ ਤੋਂ ਬਚਾਉਣ ਲਈ ਭਰਾਵਾਂ ਜਾਂ ਪਿਓ ਨੂੰ ਮੌਤ ਦੇ ਮੂੰਹ ਜਾਣਾ ਪਿਆ ਹੈ। ਇਸ ਕਿਸਮ ਦੀਆਂ ਵਾਪਰ ਰਹੀਆਂ ਘਟਨਾਵਾਂ ਸਾਡੇ ਲਾਅ ਐਂਡ ਆਰਡਰ ਦੀ ਸਥਿਤੀ ਉਤੇ ਸਵਾਲ ਚੁੱਕਦੀਆਂ ਹਨ।

ਸਰਕਾਰਾਂ ਨੂੰ ਔਰਤਾਂ ਦੀ ਸੁਰੱਖਿਆ ਪ੍ਰਤੀ ਵਧੇਰੇ ਚੇਤੰਨ ਹੋਣ ਦੀ ਲੋੜ ਹੈ ਤਾਂ ਕਿ ਉਹ ਬੇਝਿਜਕ ਹੋ ਕੇ ਸਮਾਜ 'ਚ ਵਿਚਰ ਸਕਣ।

**# ਸੰਪਰਕ : 98158-02070**

# ਅਧਿਆਪਕ ਦਾ ਥਾਪੜਾ ਹੀ ਸਦੀਵੀ ਤਮਗਾ

ਕਮਲ ਬਠਿੰਡਾ

ਹਰ ਵਿਅਕਤੀ ਦਾ ਵਿਅਕਤੀਤਵ ਨਿਖਾਰਨ 'ਚ ਅਧਿਆਪਕ ਦਾ ਬਹੁਤ ਵੱਡਾ ਯੋਗਦਾਨ ਹੁੰਦਾ ਹੈ, ਖਾਸ ਕਰਕੇ ਮੁੱਢਲੇ ਅਧਿਆਪਕ ਦਾ। ਭਾਵੇਂ ਕਾਲਜ, ਯੂਨੀਵਰਸਿਟੀ ਅਤੇ ਦੇਸਾਂ-ਵਿਦੇਸ਼ਾਂ 'ਚ ਵੀ ਪੜ੍ਹਾਈ ਕਰਦਿਆਂ ਬਹੁਤ ਸਾਰੇ ਅਧਿਆਪਕ ਸਾਡਾ ਰਾਹ ਰੁਸ਼ਨਾਉਂਦੇ ਹਨ, ਪਰ ਮੁੱਢਲੇ ਅਧਿਆਪਕ ਦੀ ਛਾਪ ਕਦੇ ਵੀ ਮੱਠੀ ਨਹੀਂ ਪੈਂਦੀ, ਕਿਉਂਕਿ ਮਾਂ ਦੀ ਗੋਦੀ 'ਚੋਂ ਬੱਚਾ ਸਿੱਧਾ ਮੁੱਢਲੇ ਅਧਿਆਪਕ ਦੀ ਗੋਦੀ 'ਚ ਹੀ ਆਉਂਦਾ ਹੈ ਅਤੇ ਅਧਿਆਪਕ ਮਾਂ ਵਾਂਗੂ ਬੱਚੇ ਦੀਆਂ ਸਭ ਰਮਜਾਂ ਨੂੰ ਸਮਝਦਾ ਹੈ। ਮੁੱਢਲਾ ਅਧਿਆਪਕ ਸਹਿਣਸ਼ੀਲ, ਮੋਹ-ਪਿਆਰ ਅਤੇ ਤਿਆਗ ਦਾ ਪੁੰਜ ਹੁੰਦਾ ਹੈ। ਜੇ ਮੇਰਾ ਵੱਸ ਚੱਲੇ ਤਾਂ ਮੈਂ ਪ੍ਰਾਇਮਰੀ ਅਧਿਆਪਕ ਨੂੰ ਸਭ ਤੋਂ ਵੱਧ ਤਨਖਾਹ ਅਤੇ ਮਾਣ-ਸਨਮਾਨ ਦੀ ਕੈਟਾਗਿਰੀ 'ਚ ਰੱਖਾਂ, ਕਿਉਂਕਿ ਬੱਚੇ ਦੀ ਸ਼ਖ਼ਸੀਅਤ ਨਿਖਾਰਨ 'ਚ ਸਭ ਤੋਂ ਵੱਡੀ ਦੇਣ ਉਹਨਾਂ ਦੀ ਹੀ ਹੁੰਦੀ ਹੈ। ਬੱਚਾ ਉਨ੍ਹਾਂ ਦੇ ਹੱਥਾਂ 'ਚ ਗੋਈ ਹੋਈ ਮਿੱਟੀ ਵਰਗਾ ਆਉਂਦਾ ਹੈ, ਉਹੀ ਉਸ ਨੂੰ ਬੁਲੰਦੀਆਂ 'ਤੇ ਪਹੁੰਚਾਉਣ ਦੀ ਨੀਂਹ ਰੱਖਦੇ ਹਨ, ਬੱਚੇ ਨੂੰ ਪੜ੍ਹਾਈ-ਲਿਖਾਈ ਦੇ ਨਾਲ-ਨਾਲ ਸਾਫ-ਸਫਾਈ, ਇਮਾਨਦਾਰੀ, ਆਗਿਆਕਾਰੀ ਵਰਗੇ ਗੁਣਾਂ ਦੀ ਗੁੜ੍ਹਤੀ ਇਹਨਾਂ ਦੇ ਹੱਥੀਂ ਹੀ ਹੁੰਦੀ ਹੈ, ਮਤਲਬ ਜ਼ਿੰਦਗੀ ਜਿਊਣ ਦੇ ਤੌਰ-ਤਰੀਕੇ, ਚੱਜ ਆਚਾਰ ਸਿੱਖਣ ਦਾ ਮੁੱਢ ਇਹੀ ਬੰਨ੍ਹਦੇ ਹਨ।

ਇਸੇ ਕਰਕੇ ਭਾਵੇਂ ਵਿਅਕਤੀ ਆਵਦੇ ਕਿਸੇ ਵੀ ਅਧਿਆਪਕ ਨੂੰ ਕਦੇ ਨਹੀਂ ਭੁੱਲਦਾ, ਪਰ ਪ੍ਰਾਇਮਰੀ ਅਧਿਆਪਕ ਤਾਂ ਮਾਂ ਵਾਂਗੂ ਯਾਦ ਰਹਿੰਦੇ ਹਨ, ਇਸੇ ਕਰਕੇ ਮੈਨੂੰ ਵੀ ਹਮੇਸ਼ਾ ਯਾਦ ਰਹਿੰਦੇ ਹਨ, ਮੇਰੇ ਮੁੱਢਲੇ ਅਧਿਆਪਕ, ਉਦੋਂ ਅਸੀਂ ਸਾਡੀ ਅਧਿਆਪਕਾ ਨੂੰ ਭੈਣ ਜੀ ਕਹਿੰਦੇ ਹੁੰਦੇ ਸੀ। ਸਾਡੇ ਭੈਣ ਜੀ ਜਗਦੀਸ਼ ਕੌਰ ਸਾਨੂੰ ਬਹੁਤ ਪਿਆਰ ਕਰਦੇ ਸੀ, ਉਹ ਸਾਨੂੰ ਲਿੱਬੜਿਆਂ-ਤਿੱਬੜਿਆਂ ਨੂੰ ਬਗੈਰ ਆਵਦੇ ਸੋਹਣੇ ਕੱਪੜਿਆਂ ਦੀ ਪ੍ਰਵਾਹ ਕੀਤੇ ਗੋਦੀ ਚੁੱਕ-ਚੁੱਕ ਕੇ ਰੋਂਦਿਆਂ ਨੂੰ ਵਰਾਉਂਦੇ ਰਹਿੰਦੇ ਅਤੇ ਸਾਡੀ ਹੌਸਲਾ ਅਫਜ਼ਾਈ ਕਰਨ ਦਾ ਕੋਈ ਵੀ ਮੌਕਾ ਨਾ ਖੁੰਝਾਉਂਦੇ। ਜ਼ੁਬਾਨੀ ਹੀ ਨਹੀਂ, ਸਾਡੀਆਂ ਕਾਪੀਆਂ 'ਤੇ ਵੀ ਸ਼ਾਬਾਸ਼ ਲਿਖਦੇ, ਜਿਹਨੂੰ ਦੇਖ-ਦੇਖ ਅਸੀਂ ਦੂਣਸਵਾਏ ਹੋਏ ਰਹਿੰਦੇ ਅਤੇ ਪੜ੍ਹਨਾ-ਲਿਖਣਾ ਬੜਾ ਚੰਗਾ-ਚੰਗਾ ਲੱਗਦਾ।

ਉਹ ਪੜ੍ਹਾਈ ਦੇ ਨਾਲ-ਨਾਲ ਹੋਰ ਸੱਭਿਆਚਾਰਕ ਗਤੀਵਿਧੀਆਂ ਵਿੱਚ ਵੀ ਸਾਡੀ ਪੂਰੀ ਦਿਲਚਸਪੀ ਬਣਾਈ ਰੱਖਦੇ। ਮੈਂ ਉਦੋਂ ਸ਼ਾਇਦ ਦੂਸਰੀ ਜਮਾਤ ਵਿੱਚ ਪੜ੍ਹਦੀ ਸੀ ਕਿ ਇੱਕ ਵਾਰੀ ਸਾਡੇ ਸਕੂਲ ਦੀ ਬਾਲ ਸਭਾ ਸੀ, ਉਦੋਂ ਸ਼ਾਇਦ ਪ੍ਰਾਇਮਰੀ ਅਤੇ ਹਾਈ ਦੋਨਾਂ ਸਕੂਲਾਂ ਦੀ ਬਾਲ ਸਭਾ ਇਕੱਠੀ ਹੀ ਹੁੰਦੀ ਸੀ, ਕਿਉਂਕਿ ਇਕੱਠ ਕਾਫੀ ਸੀ। ਸ਼ਾਇਦ ਪਹਿਲਾਂ ਮੇਰਾ ਨਾਂਅ ਗੀਤ ਗਾਉਣ ਲਈ ਦਰਜ ਨਹੀਂ ਕਰਵਾਇਆ ਸੀ, ਇਸੇ ਕਰਕੇ ਹੀ ਭੈਣ ਜੀ ਨੇ ਮੈਨੂੰ ਆਵਦੇ ਕੋਲ ਬੁਲਾ ਕੇ ਅਤੇ ਸਟੇਜ ਤੋਂ ਨਾਂਅ ਬੋਲਣ ਵਾਲੇ ਅਧਿਆਪਕ (ਸਟੇਜ ਸੈਕਟਰੀ) ਨੂੰ ਕਹਿਣ ਲੱਗੇ,"ਵੀਰ ਜੀ, ਆਹ ਮੇਰੀ ਕੁੜੀ ਦਾ ਵੀ ਇੱਕ ਗੀਤ ਗਵਾ ਦਿਓ।" ਸਟੇਜ ਸੈਕਟਰੀ ਨੇ ਹਾਮੀ ਭਰੀ ਅਤੇ ਥੋੜ੍ਹੀ ਦੇਰ ਬਾਅਦ ਉਨ੍ਹਾਂ ਨੇ ਮੇਰਾ ਨਾਂਅ ਗੀਤ ਗਾਉਣ ਲਈ ਬੋਲ ਦਿੱਤਾ ਅਤੇ ਮੈਂ ਐਨਾ ਇਕੱਠ ਦੇਖ ਕੇ ਘਬਰਾਹਟ ਜਿਹੀ 'ਚ ਹੀ ਗੀਤ ਗਾਉਣਾ ਸ਼ੁਰੂ ਕਰ ਦਿੱਤਾ, ਪਰ ਹਰ ਲਾਇਨ ਤੋਂ ਬਾਅਦ ਭੈਣ ਜੀ ਵੱਲੋਂ ਕਿਹਾ ਜਾਂਦਾ ਸ਼ਬਦ ਸਾਬਾਸ! ਸ਼ਾਬਾਸ਼! ਮੇਰਾ ਹੌਸਲਾ ਵਧਾਉਂਦਾ ਗਿਆ ਅਤੇ ਮੈਂ ਸਫਲਤਾ-ਪੂਰਵਕ ਪੂਰਾ ਗੀਤ ਗਾਉਣ 'ਚ ਕਾਮਯਾਬ ਹੋ ਗਈ। ਮੈਨੂੰ ਆਵਦੀ ਜ਼ਿੰਦਗੀ 'ਚ ਸਕੂਲਾਂ, ਕਾਲਜਾਂ 'ਚ ਪੜ੍ਹਦਿਆਂ-ਪੜ੍ਹਾਉਂਦਿਆਂ, ਨੌਕਰੀ ਕਰਦਿਆਂ ਅਤੇ ਹੋਰ ਸਮਾਜਿਕ ਭੂਮਿਕਾ ਨਿਭਾਉਂਦਿਆਂ ਬਹੁਤ ਵਾਰ ਸਟੇਜ 'ਤੇ ਚੜ੍ਹਨ ਦਾ ਮੌਕਾ ਮਿਲਿਆ ਹੈ, ਮੈਨੂੰ ਹਮੇਸ਼ਾ ਇਉਂ ਲੱਗਦੈ, ਇਹ ਉਸੇ ਸ਼ਾਬਾਸ਼ ਦਾ ਹੀ ਪ੍ਰਤਾਪ ਹੈ, ਨਹੀਂ ਤਾਂ ਸ਼ਾਇਦ ਸਾਰੀ ਉਮਰ ਹੀ ਸਟੇਜ ਮੇਰੇ ਲਈ ਹਊਆ ਬਣੀ ਰਹਿੰਦੀ।

ਇਸੇ ਤਰ੍ਹਾਂ ਇੱਕ ਵਾਰੀ ਸਾਡੇ ਭੈਣ ਜੀ ਨੇ ਲੰਬੀ ਛੁੱਟੀ 'ਤੇ ਜਾਣਾ ਸੀ। ਜਦੋਂ ਮੈਨੂੰ ਇਸ ਗੱਲ ਦਾ ਪਤਾ ਲੱਗਿਆ ਤਾਂ ਮੈਂ ਰੋਣਾ ਸ਼ੁਰੂ ਕਰ ਦਿੱਤਾ, ਭੈਣ ਜੀ ਨੇ ਬਹੁਤ ਚੁੱਪ ਕਰਾਇਆ, ਪਰ ਰੋਣਾ ਤਾਂ ਰੁਕਣ ਦਾ ਨਾਂਅ ਨਾ ਲਵੇ, ਉਹ ਮੈਨੂੰ ਚੁੱਪ ਕਰਾਉਂਦੇ- ਕਰਾਉਂਦੇ ਸ. ਗੁਰਦੀਪ ਸਿੰਘ ਮਾਸਟਰ ਜੀ ਕੋਲ ਲੈ ਗਏ, ਜਿਹਨਾਂ ਨੇ ਭੈਣ ਜੀ ਦੀ ਗੈਰ ਮੌਜੂਦਗੀ 'ਚ ਸਾਨੂੰ ਪੜ੍ਹਾਇਆ ਕਰਨਾ ਸੀ, ਪਰ ਉਹਨਾਂ ਦੇ ਰੋਹਬ-ਦਾਅਬ ਕਰਕੇ ਮੈਨੂੰ ਉਹਨਾਂ ਤੋਂ ਬਹੁਤ ਡਰ ਲੱਗਦਾ ਸੀ, ਭੈਣ ਜੀ ਨੇ ਕਿਹਾ, "ਵੀਰ ਜੀ, ਮੇਰੀ ਇਸ ਬੱਚੀ ਦਾ ਧਿਆਨ ਰੱਖਣਾ" ਅਤੇ ਮੇਰੇ ਡਰਨ ਵਾਲੀ ਗੱਲ ਵੀ ਉਹਨਾਂ ਮਾਸਟਰ ਜੀ ਨੂੰ ਦੱਸ ਦਿੱਤੀ ਸੀ, ਪਰ ਮਾਸਟਰ ਜੀ ਨੇ ਮੈਨੂੰ ਬੜੇ ਪਿਆਰ ਨਾਲ ਦੁਲਾਰਦੇ ਹੋਏ ਕਿਹਾ, "ਬੇਟਾ! ਤੂੰ ਮੈਥੋਂ ਡਰਦੀ ਕਿਉਂ ਹੈਂ, ਤੂੰ ਤਾਂ ਸਿਆਣੀ ਕੁੜੀ ਹੈਂ, ਵਧੀਆ ਪੜ੍ਹਦੀ ਹੈਂ, ਪੜ੍ਹਨ ਵਾਲੇ ਬੱਚਿਆਂ ਨੂੰ ਤਾਂ ਸਾਰੇ ਅਧਿਆਪਕ ਹੀ ਬਹੁਤ ਪਿਆਰ ਕਰਦੇ ਹੁੰਦੇ ਐ, ਨਾਲੇ ਤੇਰੇ ਭੈਣ ਜੀ ਜਲਦੀ ਆ ਜਾਣਗੇ, ਚੱਲ ਬੱਸ ਹੁਣ ਚੁੱਪ ਕਰ, ਸਿਆਣਾ ਬੱਚਾ ਬਣ ਕੇ।" ਇਹ ਸਭ ਕੁੱਝ ਸੁਣ ਕੇ ਮੈਨੂੰ ਬੜੀ ਰਾਹਤ ਮਿਲੀ।

ਸੋ ਭੈਣ ਜੀ ਦੇ ਛੁੱਟੀ ਜਾਣ ਤੋਂ ਬਾਅਦ ਸਾਡੀ ਕਲਾਸ ਮਾਸਟਰ ਜੀ ਦੀ ਕਲਾਸ ਦੇ ਨਾਲ ਹੀ ਬੈਠਣ ਲੱਗ ਪਈ, ਇੱਕ ਦਿਨ ਕਲਾਸ ਵਿੱਚੋਂ ਮੈਨੂੰ 25 ਪੈਸੇ ਡਿੱਗੇ ਪਏ ਮਿਲੇ (ਉਦੋਂ ਤਾਂ 25 ਪੈਸੇ ਬਹੁਤ ਹੁੰਦੇ ਸੀ)। ਮਾਂ ਦੀਆਂ ਨਸੀਹਤਾਂ ਤੇ ਅਧਿਆਪਕਾਂ ਦੇ ਇਮਾਨਦਾਰੀ ਦੇ ਪੜ੍ਹਾਏ ਪਾਠ ਕਰਕੇ ਮੈਂ ਉਹ ਪੱਚੀ ਪੈਸੇ ਲੈ ਕੇ ਮਾਸਟਰ ਜੀ ਨੂੰ ਪਕੜਾਉਣ ਚਲੀ ਗਈ, ਮਾਸਟਰ ਜੀ ਨੇ ਮੈਥੋਂ ਪੈਸੇ ਫੜਨ ਸਾਰ ਮੈਨੂੰ ਚੁੱਕ ਕੇ ਮੇਜ 'ਤੇ ਖੜ੍ਹਾ ਕਰ ਦਿੱਤਾ ਅਤੇ ਸਾਰੀ ਕਲਾਸ ਨੂੰ ਸੰਬੋਧਨ ਕਰਦੇ ਹੋਏ ਕਿਹਾ, "ਦੇਖੋ ਬੱਚਿਓ! ਕਿੰਨੀ ਚੰਗੀ ਗੱਲ ਹੈ ਕਿ ਇਸ ਬੱਚੀ ਨੂੰ ਪੈਸੇ ਲੱਭੇ, ਇਹ ਪੈਸੇ ਮੈਨੂੰ ਫੜਾਉਣ ਆ ਗਈ, ਭੋਰਾ ਲਾਲਚ ਨਹੀਂ ਕੀਤਾ, ਜੇ ਇਹ ਚਾਹੁੰਦੀ ਤਾਂ ਖਰਚ ਵੀ ਸਕਦੀ ਸੀ, ਜਿਸ ਦੇ ਪੈਸੇ ਗੁਆਚੇ ਹਨ, ਉਹ ਉਰ੍ਹਾਂ ਆ ਕੇ ਲੈ ਲਵੇ, ਨਾਲ ਹੀ ਮੇਰੇ ਮੋਢੇ 'ਤੇ ਥਾਪੀ ਦਿੱਤੀ ਤੇ ਕਿਹਾ ਸ਼ਾਬਾਸ਼! ਬੇਟਾ! ਸਦਾ ਇਸੇ ਤਰ੍ਹਾਂ ਇਮਾਨਦਾਰ ਰਹਿਣਾ ਹੈ।" ਉਹਨਾਂ ਦਾ ਦਿੱਤਾ ਥਾਪੜਾ ਤਾਂ ਉਦੋਂ ਮੈਨੂੰ ਇਉਂ ਲੱਗਿਆ ਜਿਵੇਂ ਮੋਢੇ 'ਤੇ ਕੋਈ ਤਮਗਾ ਲੱਗ ਗਿਆ ਹੋਵੇ, ਮੈਨੂੰ ਉਹ ਤਮਗਾ ਹੁਣ ਤੱਕ ਵੀ ਹਮੇਸ਼ਾ ਆਵਦੇ ਮੋਢੇ 'ਤੇ ਲੱਗਿਆ ਮਹਿਸੂਸ ਹੁੰਦਾ ਰਹਿੰਦਾ ਹੈ।

ਸੱਚਮੁੱਚ ਅਧਿਆਪਕ ਦੀ ਦਿੱਤੀ ਹੱਲਾਸ਼ੇਰੀ ਸਾਨੂੰ ਕਿਤੇ ਦਾ ਕਿਤੇ ਪਹੁੰਚਾ ਦਿੰਦੀ ਹੈ, ਉਹਨਾਂ ਦੇ ਥਾਪੜੇ ਸਾਡੇ ਲਈ ਸਦੀਵੀਂ ਤਮਗੇ ਸਾਬਿਤ ਹੁੰਦੇ ਹਨ, ਜੋ ਸਾਨੂੰ ਹਮੇਸ਼ਾ ਕੁੱਝ ਨਾ ਕੁੱਝ ਚੰਗਾ ਕਰਨ ਲਈ ਪ੍ਰੇਰਦੇ ਰਹਿੰਦੇ ਹਨ ਅਤੇ ਸਮਾਜਿਕ ਅਲਾਮਤਾਂ ਤੋਂ ਪਰ੍ਹੇ ਰੱਖਦੇ ਹਨ।

ਪਰ ਸਮੇਂ ਦੀਆਂ ਸਰਕਾਰਾਂ ਦੀਆਂ ਨੀਤੀਆਂ ਨੇ ਤਾਂ ਅਧਿਆਪਕ ਨੂੰ ਅਧਿਆਪਕ ਰਹਿਣ ਹੀ ਨਹੀਂ ਦਿੱਤਾ, ਉਸ ਨੂੰ ਐਨਾ ਉਲਝਾਇਆ ਹੋਇਆ ਹੈ ਕਿ ਕਦੋਂ ਉਹ ਵਿਦਿਆਰਥੀ ਦੀ ਕਾਬਲੀਅਤ ਨੂੰ ਸਮਝਣ ਅਤੇ ਕਿਵੇਂ ਉਸ ਨੂੰ ਬੁਲੰਦੀਆਂ 'ਤੇ ਪਹੁੰਚਾਣ ਲਈ ਸਹਾਈ ਸਿੱਧ ਹੋਣ।

ਪਰ ਫਿਰ ਵੀ ਐਨੇ ਮਾੜੇ ਪ੍ਰਬੰਧਾਂ ਦੇ ਬਾਵਜੂਦ ਜਿਹੜੇ ਅਧਿਆਪਕ ਸਕੂਲਾਂ ਵਿੱਚ ਵਿਦਿਆਰਥੀਆਂ ਦੇ ਸਮੁੱਚੇ ਵਿਕਾਸ ਲਈ ਹੁਣ ਵੀ ਅੱਡੀ-ਚੋਟੀ ਦਾ ਜ਼ੋਰ ਲਗਾਉਂਦੇ ਹਨ, ਵਧੀਆ ਨਾਗਰਿਕ ਬਣਾਉਣ 'ਚ ਆਵਦਾ ਪੂਰਾ ਤਾਣ ਲਾਉਂਦੇ ਹਨ, ਉਹਨਾਂ ਅਧਿਆਪਕਾਂ ਨੂੰ ਮੇਰਾ ਦਿਲੋਂ ਸਲਾਮ ਹੈ।

***# ਸੰਪਰਕ : 94630-23100***

# ਇੰਝ ਹੋਵੇ ਬੱਚੇ ਦਾ ਸਰਬਪੱਖੀ ਵਿਕਾਸ



ਨਰਿੰਦਰ ਸਿੰਘ

ਬੱਚੇ ਦਾ ਮਨ ਕੋਰੀ ਸਲੇਟ ਵਾਂਗ ਹੁੰਦਾ ਹੈ, ਜਿਸ ਉਪਰ ਜਿਹੜੇ ਅੱਖਰ ਲਿਖੇ ਜਾਣਗੇ, ਉਹ ਪੱਕੇ ਹੁੰਦੇ ਜਾਣਗੇ। ਸਿੱਖਣ ਦੀ ਸ਼ੁਰੂਆਤ ਬੱਚੇ ਦੇ ਜਨਮ ਤੋਂ ਹੀ ਜਾਂਦੀ ਹੈ। ਸਭ ਤੋਂ ਪਹਿਲਾਂ ਬੱਚਾ ਆਪਣੇ ਮਾਤਾ-ਪਿਤਾ ਕੋਲੋਂ ਸਿੱਖਦਾ ਹੈ ਤੇ ਬੱਚੇ ਦਾ ਪਹਿਲਾ ਗੁਰੂ ਉਸ ਦੀ ਮਾਂ ਹੁੰਦੀ ਹੈ। ਬੱਚਿਆਂ ਉਪਰ ਪਰਵਾਰਕ ਮਾਹੌਲ ਤੇ ਆਲੇ-ਦੁਆਲੇ ਦੇ ਮਹੌਲ ਦਾ ਬਹੁਤ ਅਸਰ ਹੁੰਦਾ ਹੈ। ਬੱਚੇ ਦੇ ਸਰਬਪੱਖੀ ਵਿਕਾਸ ਲਈ ਮਾਤਾ-ਪਿਤਾ ਨੂੰ ਬਚਪਨ ਤੋਂ ਹੀ ਧਿਆਨ ਦੇਣ ਦੀ ਲੋੜ ਹੈ। ਬੱਚੇ ਦੀ ਸੰਤੁਲਿਤ ਸ਼ਖ਼ਸੀਅਤ ਦੇ ਵਿਕਾਸ ਲਈ ਸਰੀਰਕ, ਮਾਨਸਕ, ਸਮਾਜਕ ਤੇ ਬੌਧਿਕ ਵਿਕਾਸ ਦਾ ਸੁਮੇਲ ਹੋਣਾ ਬੇਹੱਦ ਜ਼ਰੂਰੀ ਹੈ। ਬੱਚਿਆਂ ਨੂੰ ਨਿਡਰ ਤੇ ਬਹਾਦਰ ਬਣਾਉਣ ਲਈ ਦੇਸ਼ ਭਗਤਾਂ ਤੇ ਸੂਰਬੀਰਾਂ ਦੀਆਂ ਜੀਵਨੀਆਂ ਬਾਰੇ ਪਾਠਕ੍ਰਮ 'ਚ ਸ਼ਾਮਲ ਪੁਸਤਕਾਂ ਰਾਹੀਂ ਜਾਣਕਾਰੀ ਦੇਣ ਦੀ ਜ਼ਰੂਰਤ ਹੈ।

ਬੱਚਿਆ ਨੂੰ ਸਵੇਰੇ ਸਕੂਲ ਜਾਣ ਤੋਂ ਪਹਿਲਾਂ ਨਾਸ਼ਤਾ ਜ਼ਰੂਰ ਕਰਾਉਣਾ ਚਾਹੀਦਾ ਹੈ। ਨਾਸ਼ਤੇ ਨਾਲ ਦਿਮਾਗ ਦੀ ਸ਼ਕਤੀ ਵਧਦੀ ਹੈ। ਮਾਹਰਾਂ ਅਨੁਸਾਰ ਨਾਸ਼ਤਾ ਕਰਨਾ ਬਹੁਤ ਜ਼ਰੂਰੀ ਹੁੰਦਾ ਹੈ। ਨਾਸ਼ਤੇ ਨੂੰ ਬਰੇਨ ਫੂਡ ਮੰਨਿਆ ਜਾਂਦਾ ਹੈ, ਕਿਉਂਕਿ ਇਹ ਵਿਅਕਤੀ ਨੂੰ ਸਾਰਾ ਦਿਨ ਚੁਸਤ ਰੱਖਦਾ ਹੈ। ਖੋਜਾਂ ਤੋਂ ਇਹ ਵੀ ਪਤਾ ਲੱਗਿਆ ਹੈ ਕਿ ਜੋ ਬੱਚੇ ਨਾਸ਼ਤਾ ਨਹੀਂ ਕਰਦੇ, ਨਾਸ਼ਤਾ ਕਰਨ ਵਾਲੇ ਬੱਚਿਆਂ ਦੇ ਮੁਕਾਬਲੇ ਉਨ੍ਹਾਂ 'ਚ ਵਿਟਾਮਿਨਾਂ ਅਤੇ ਮਿਨਰਲ ਦੀ ਘਾਟ ਹੁੰਦੀ ਹੈ, ਜਿਸ ਕਾਰਨ ਉਹ ਚੰਗੇ ਨਤੀਜੇ ਨਹੀਂ ਦੇ ਪਾਉਂਦੇ।

ਦੁੱਧ ਨੂੰ ਸੰਪੂਰਨ ਖੁਰਾਕ ਕਿਹਾ ਗਿਆ ਹੈ। ਬੱਚੇ ਹੋਣ ਜਾਂ ਬਜ਼ੁਰਗ ਸਾਰਿਆਂ ਲਈ ਦੁੱਧ ਦੀ ਵਰਤੋਂ ਜ਼ਰੂਰੀ ਹੈ। ਅਮਰੀਕੀ ਮਾਹਰਾਂ ਅਨੁਸਾਰ 4 ਤੋਂ 8 ਸਾਲ ਦੀ ਉਮਰ ਤੱਕ ਦੇ ਬੱਚਿਆਂ ਨੂੰ ਕੈਲਸ਼ੀਅਮ ਦੀ 800 ਮਿਲੀਗ੍ਰਾਮ ਮਾਤਰਾ ਦੀ ਜ਼ਰੂਰਤ ਹੁੰਦੀ ਹੈ। ਅੱਲੜ੍ਹ ਬੱਚਿਆਂ ਨੂੰ 1300 ਮਿਲੀਗ੍ਰਾਮ ਕੈਲਸ਼ੀਅਮ ਦੀ ਜ਼ਰੂਰਤ ਹੁੰਦੀ ਹੈ। 19 ਤੋਂ 50 ਸਾਲ ਦੀ ਉਮਰ ਦੇ ਵਿਅਕਤੀਆਂ ਨੂੰ 1000 ਮਿਲੀਗ੍ਰਾਮ ਕੈਲਸ਼ੀਅਮ ਦੀ ਹਰ ਰੋਜ਼ ਜ਼ਰੂਰਤ ਹੁੰਦੀ ਹੈ। ਬਿਨਾਂ ਦੁੱਧ ਤੋਂ ਆਪਣੀ ਖੁਰਾਕ ਵਿੱਚ ਸ਼ਾਮਲ ਕੀਤਿਆਂ ਕੈਲਸ਼ੀਅਮ ਦੀ ਇਸ ਜ਼ਰੂਰਤ ਨੂੰ ਪੂਰਾ ਕਰਨਾ ਮੁਸ਼ਕਲ ਹੈ। ਹਰੇਕ ਲਈ ਦੁੱਧ ਪੀਣਾ ਬਹੁਤ ਜ਼ਰੂਰੀ ਹੈ।

ਬੱਚਿਆਂ ਨੂੰ ਚੰਗੀ ਤਰ੍ਹਾਂ ਖਾਣਾ ਚਬਾ ਕੇ ਖਾਣ ਦੀ ਆਦਤ ਪਾਉਣੀ ਚਾਹੀਦੀ ਹੈ। ਖਾਣਾ ਚਬਾ ਕੇ ਖਾਣ ਨਾਲ ਪਾਚਣ ਤੰਤਰ ਮਜ਼ਬੂਤ ਹੁੰਦਾ ਹੈ। ਬੱਚਾ ਚੌਕਸ ਹੋ ਕੇ ਚਿੱਬ ਕੇ ਖਾਂਦਾ ਹੈ ਅਤੇ ਖਾਣੇ ਦਾ ਭਰਪੂਰ ਸੁਆਦ ਮਾਣਦਾ ਹੋਇਆ ਖਾਣੇ ਦੇ ਪੌਸ਼ਟਿਕ ਤੱਤਾਂ ਨੂੰ ਹਜ਼ਮ ਕਰਦਾ ਹੈ। ਚਬਾ ਕੇ ਖਾਣ ਵਿੱਚ ਬੱਚਾ ਘੱਟ ਖਾਣ ਵਿੱਚ ਰੁਚਿਤ ਰਹਿੰਦਾ ਹੈ। ਇੰਜ ਕਰਨ ਨਾਲ ਬੱਚੇ ਵਿੱਚ ਵਾਧੂ ਦਾ ਮੋਟਾਪਾ ਨਹੀਂ ਆਉਂਦਾ।

ਬੱਚਿਆਂ ਲਈ ਖੇਡ ਵੀ ਬਹੁਤ ਜ਼ਰੂਰੀ ਹੈ, ਕਿਉਂਕਿ ਖੇਡ ਬੱਚਿਆਂ ਦਾ ਮਾਨਸਕ ਵਿਕਾਸ ਕਰਦੀ ਹੈ। ਜਰਮਨੀ ਵਿੱਚ ਕੋਲੋਨ ਦੇ ਸਪੋਰਟਸ ਥੈਰੇਪਿਸਟ ਤੇ ਸਾਈਕੋਲੋਜਿਸਟਸ ਅਨੁਸਾਰ ਬੱਚਿਆਂ ਦੇ ਸਰੀਰਕ ਤੇ ਮਾਨਸਕ ਵਿਕਾਸ ਲਈ ਖੇਡ ਇੱਕ ਮਹੱਤਵਪੂਰਨ ਭੂਮਿਕਾ ਨਿਭਾਉਂਦੀ ਹੈ, ਚਾਹੇ ਉਹ ਬੱਚੇ ਦਿਲ ਦੇ ਰੋਗੀ ਹੀ ਕਿਉਂ ਨਾ ਹੋਣ। ਜ਼ਿਆਦਾਤਰ ਮਾਤਾ-ਪਿਤਾ ਦਿਲ ਦੇ ਰੋਗੀ ਬੱਚੇ ਨੂੰ ਖੇਡਣ ਤੋਂ ਮਨ੍ਹਾ ਕਰਦੇ ਹਨ, ਕਿਉਂਕਿ ਉਨ੍ਹਾਂ ਨੂੰ ਲੱਗਦਾ ਹੈ ਇਸ ਨਾਲ ਬੱਚੇ ਦੀ ਹਾਲਤ ਵਿਗੜ ਸਕਦੀ ਹੈ, ਪਰ ਇਨ੍ਹਾਂ ਬੱਚਿਆਂ ਦੇ ਸਰੀਰਕ ਅਤੇ ਮਾਨਸਕ ਵਿਕਾਸ ਲਈ ਖੇਡਾਂ ਦੀ ਜ਼ਰੂਰਤ ਹੁੰਦੀ ਹੈ। ਮਾਪਿਆਂ ਨੂੰ ਡਾਕਟਰ ਤੋਂ ਰਾਏ ਲੈ ਕੇ ਕਿਹੜੀ ਖੇਡ ਬੱਚੇ ਲਈ ਠੀਕ ਹੈ, ਵਾਸਤੇ ਬੱਚੇ ਨੂੰ ਖੇਡਣ ਲਈ ਉਤਸ਼ਾਹਤ ਕਰਨਾ ਚਾਹੀਦਾ ਹੈ।

ਨਰੋਏ ਸਰੀਰ ਵਿੱਚ ਨਰੋਏ ਮਨ ਦਾ ਵਿਕਾਸ ਹੁੰਦਾ ਹੈ। ਬੱਚਿਆਂ ਦੀ ਸਰੀਰਕ ਅਤੇ ਮਾਨਸਕ ਤੰਦਰੁਸਤੀ ਸੁਧਾਰਨ ਵਿੱਚ ਮਾਤਾ-ਪਿਤਾ ਅਤੇ ਅਧਿਆਪਕਾਂ ਦੀ ਅਹਿਮ ਭੂਮਿਕਾ ਹੁੰਦੀ ਹੈ। ਬੱਚਿਆਂ ਨੂੰ ਹਮੇਸ਼ਾ ਸਰੀਰਕ ਅਤੇ ਮਾਨਸਕ ਤੌਰ 'ਤੇ ਕਾਰਜਸ਼ੀਲ, ਸਰਗਮ ਰੱਖਣਾ ਚਾਹੀਦਾ ਹੈ। ਇਸ ਨਾਲ ਬੱਚਿਆਂ ਦੀ ਸਰੀਰਕ ਤੰਦਰੁਸਤੀ ਦੇ ਨਾਲ-ਨਾਲ ਮਾਨਸਕ ਅਤੇ ਭਾਵਨਾਤਮਿਕ ਵਿਕਾਸ ਵੀ ਹੁੰਦਾ ਹੈ ਅਤੇ ਉਨ੍ਹਾਂ ਦੀ ਯਾਦ ਸ਼ਕਤੀ ਵਿੱਚ ਸੁਧਾਰ ਵੀ ਹੁੰਦਾ ਹੈ।

ਸਕੂਲਾਂ ਵਿੱਚ ਅਧਿਆਪਕਾਂ ਨੂੰ ਬੱਚਿਆਂ 'ਤੇ ਚੰਗੀ ਤਰ੍ਹਾਂ ਨਾਲ ਧਿਆਨ ਕੇਂਦਰਤ ਕਰਨਾ ਚਾਹੀਦਾ ਹੈ, ਕਿਉਂਕਿ ਸਕੂਲਾਂ ਵਿੱਚ ਕੇਵਲ ਬੱਚੇ ਪੜ੍ਹਦੇ ਹੀ ਨਹੀਂ, ਸਗੋਂ ਹੋਰ ਅਨੇਕਾਂ ਗਤੀਵਿਧੀਆਂ ਵਿੱਚ ਭਾਗ ਲੈਂਦੇ ਹਨ। ਸਮਾਜਕ ਜੀਵਨ ਜਿਊਣ ਦੀ ਸਿੱਖਿਆ ਬੱਚਿਆਂ ਨੂੰ ਸਕੂਲਾਂ ਵਿੱਚੋਂ ਹੀ ਮਿਲਦੀ ਹੈ। ਬੱਚੇ ਦੇ ਮਾਨਸਕ ਵਿਕਾਸ ਵਿੱਚ ਅਧਿਆਪਕ ਵੱਡਮੁੱਲਾ ਯੋਗਦਾਨ ਪਾ ਸਕਦੇ ਹਨ, ਕਿਉਂਕਿ ਅਧਿਆਪਕ ਆਪਣੀ ਜ਼ਿੰਦਗੀ ਦੇ ਤਜਰਬਿਆਂ ਦੀ ਵਰਤੋਂ ਕਰਦਾ ਹੋਇਆ ਬੱਚੇ ਦੀ ਮਾਨਸਕ ਤਕਲੀਫ ਸਮਝ ਕੇ ਉਸ ਨੂੰ ਕਿਸੇ ਦਿਮਾਗੀ ਸਦਮੇ ਜਾਂ ਭਾਵਨਾਤਮਿਕ ਸੰਵੇਦਨਾ ਤੋਂ ਬਾਹਰ ਕੱਢ ਸਕਦਾ ਹੈ। ਸਮੇਂ ਦੀ ਮਹੱਤਤਾ ਬਾਰੇ ਵੀ ਬੱਚੇ ਨੂੰ ਜਾਣੂ ਕਰਾਉਣਾ ਚਾਹੀਦਾ ਹੈ। ਸਮੇਂ ਦੀ ਪਾਬੰਦੀ ਵਿਦਿਆਰਥੀ ਅੰਦਰ ਆਤਮ-ਵਿਸ਼ਵਾਸ, ਸਕਾਰਾਤਮਿਕ ਰਵੱਈਆ ਤੇ ਸਬਰ ਪੈਦਾ ਕਰਦੀ ਹੈ। ਬੱਚੇ ਦੇ ਸਵੇਰੇ ਸਮੇਂ ਸਿਰ ਉਠਣ ਅਤੇ ਹਰ ਕੰਮ ਬਿਨ੍ਹਾਂ ਦੇਰੀ ਤੋਂ ਨਿਰਧਾਰਤ ਸਮੇਂ 'ਤੇ ਸ਼ੁਰੂ ਕਰਨ ਨਾਲ ਮਿਥੇ ਸਮੇਂ ਵਿੱਚ ਉਸ ਦਾ ਸਾਰਾ ਕੰਮ ਪ੍ਰਾਥਮਿਕਤਾ ਮੁਤਾਬਕ ਹੋ ਜਾਂਦਾ ਹੈ। ਸਮੇਂ ਦੀ ਤੇਜ਼ ਰਫਤਾਰ ਨਾਲ ਤਾਲ ਮਿਲਾਉਣ ਨਾਲ ਮੰਜ਼ਲ ਸਰ ਕਰਨੀ ਅਤੇ ਚੁਣੌਤੀਆਂ ਦਾ ਸਾਹਮਣਾ ਕਰਨਾ ਆਸਾਨ ਹੋ ਜਾਂਦਾ ਹੈ। ਆਪਣੇ ਸਮੇਂ ਦੀ ਤੇ ਬਾਕੀਆਂ ਦੇ ਸਮੇਂ ਦੀ ਸਾਨੂੰ ਕਦਰ ਜ਼ਰੂਰ ਕਰਨੀ ਚਾਹੀਦੀ ਹੈ।

ਅਨੁਸ਼ਾਸਨ ਜੀਵਨ ਦੇ ਹਰ ਪੜਾਅ ਵਿੱਚ ਜ਼ਰੂਰੀ ਹੈ। ਅਨੁਸ਼ਾਸਨ ਦੀ ਸ਼ੁਰੂਆਤ ਘਰ ਤੋਂ ਹੀ ਹੁੰਦੀ ਹੈ। ਘਰ ਪਰਵਾਰ ਵਿੱਚ ਵੀ ਅਨੁਸ਼ਾਸਨ ਨੂੰ ਰੀੜ੍ਹ ਦੀ ਹੱਡੀ ਕਹਿਣਾ ਬਣਦਾ ਹੈ। ਘਰ ਵਿੱਚ ਅਨੁਸ਼ਾਸਨ ਦੀ ਬਦੌਲਤ ਬੱਚੇ ਦੀ ਪੜ੍ਹਾਈ ਵੱਲ ਧਿਆਨ ਦਿੱਤਾ ਜਾਂਦਾ ਹੈ। ਘਰ ਵਿੱਚ ਬੱਚਿਆਂ ਨੂੰ ਸਮੇਂ ਸਿਰ ਉੱਠਣ, ਖਾਣ-ਪੀਣ ਦੀ ਸਿੱਖਿਆ ਦਿੱਤੀ ਜਾਂਦੀ ਹੈ। ਵਿਦਿਆਰਥੀ ਜੀਵਨ ਵਿੱਚ ਅਨੁਸ਼ਾਸਨ ਦੀ ਖਾਸ ਮਹੱਤਤਾ ਹੁੰਦੀ ਹੈ। ਜਿਵੇਂ ਕੱਚੀ ਮਿੱਟੀ ਨੂੰ ਪਿਆਰ ਨਾਲ ਗੁੰਨ ਕੇ ਅਤੇ ਥੋੜ੍ਹਾ ਟਕੋਰ ਕਰਕੇ ਇਕ ਸੁੰਦਰ ਬੁੱਤ ਘੜਿਆ ਜਾ ਸਕਦਾ ਹੈ, ਉਵੇਂ ਹੀ ਅੱਲੜ੍ਹ ਉਮਰ ਦੇ ਸਕੂਲੀ ਬੱਚਿਆਂ ਨੂੰ ਲਾਡ ਪਿਆਰ ਦੇ ਕੇ, ਪ੍ਰੇਰਨਾ ਜਾਂ ਥੋੜ੍ਹਾ ਝਿੜਕ ਕੇ ਇੱਕ ਸੁਲਝਿਆ ਆਦਮੀ ਬਣਾਇਆ ਜਾ ਸਕਦਾ ਹੈ, ਪ੍ਰੰਤੂ ਅਜੋਕੇ ਸਮੇਂ ਸਕੂਲੀ ਬੱਚਿਆਂ ਵਿੱਚ ਅਨੁਸ਼ਾਸਨਹੀਣਤਾ ਦਿਨੋ-ਦਿਨ ਵਧਦੀ ਜਾ ਰਹੀ ਹੈ, ਇਸ ਦਾ ਕਾਰਨ ਸਿੱਖਿਆ ਪ੍ਰਣਾਲੀ ਵਿਚਲੀਆਂ ਕਮੀਆਂ, ਪੱਛਮੀ ਸਭਿਅਤਾ ਦਾ ਪ੍ਰਭਾਵ ਜਾਂ ਮੋਬਾਇਲਾਂ ਨਾਲ ਵਧਦੀ ਨੇੜਤਾ ਜਾਂ ਕਾਰਨ ਕੋਈ ਵੀ ਹੋਵੇ, ਪਰ ਇਸ ਦਾ ਅਸਰ ਘਰ, ਸਕੂਲ ਜਾਂ ਸਾਰੇ ਆਲੇ-ਦੁਆਲੇ ਵਿੱਚ ਵੇਖਿਆ ਜਾ ਸਕਦਾ ਹੈ। ਸਫਲਤਾ ਲਈ ਅਭਿਆਸ ਦੀ ਲੋੜ ਪੈਂਦੀ ਹੈ। ਵੱਡੇ ਤੋਂ ਵੱਡੇ ਮਿਸ਼ਨ ਵੀ ਅਭਿਆਸ ਸਕਦਾ ਹੀ ਸਿਰੇ ਚੜ੍ਹਦੇ ਹਨ। ਮਿਸਾਲ ਵਜੋਂ ਅਕਸਰ ਦੇਖਿਆ ਜਾਂਦਾ ਹੈ ਕਿ ਵਿਦਿਆਰਥੀਆਂ ਨੂੰ ਗਣਿਤ ਦਾ ਵਿਸ਼ਾ ਬਹੁਤ ਔਖਾ ਲੱਗਦਾ ਹੈ, ਪਰ ਗਣਿਤ ਦਾ ਵਾਰ-ਵਾਰ ਅਭਿਆਸ ਕਰਨ ਨਾਲ ਇਸ ਨੂੰ ਰੌਚਿਕ ਬਣਾਇਆ ਜਾ ਸਕਦਾ ਹੈ। ਅਭਿਆਸ ਨਾਲ ਜਿੱਥੇ ਗਣਿਤ ਪ੍ਰਤੀ ਡਰ ਖਤਮ ਹੋ ਜਾਂਦਾ ਹੈ, ਉਥੇ ਸਵਾਲ ਕੱਢਣਾ ਵੀ ਵਿਦਿਆਰਥੀਆਂ ਲਈ ਇਕ ਖੇਡ ਬਣ ਜਾਂਦਾ ਹੈ। ਇਤਿਹਾਸ ਅਤੇ ਭੂਗੋਲ ਦੇ ਭਾਰਤ ਅਤੇ ਦੁਨੀਆ ਦੇ ਨਕਸ਼ਿਆਂ ਨੂੰ ਵਾਰ-ਵਾਰ ਅਭਿਆਸ ਕਰਨ ਨਾਲ ਗਲਤੀ ਦੀ ਗੁੰਜ਼ਾਇਸ਼ ਨਹੀਂ ਰਹਿੰਦੀ। ਇਸੇ ਤਰ੍ਹਾਂ ਅੰਗਰੇਜ਼ੀ ਦੀ ਗਰਾਮਰ ਕਦੇ ਵੀ ਰੱਟੇ ਲਾ ਕੇ ਨਹੀਂ ਆ ਸਕਦੀ, ਸਗੋਂ ਇਸ ਲਈ ਵੀ ਅਭਿਆਸ ਦੀ ਲੋੜ ਪੈਂਦੀ ਹੈ।

ਸਫਲਤਾ ਲਈ ਵਿਦਿਆਰਥੀਆਂ ਨੂੰ ਆਪਣੀ ਪ੍ਰਤਿਭਾ ਨੂੰ ਜ਼ਰੂਰ ਪਰਖਣਾ ਚਾਹੀਦਾ ਹੈ। ਕੈਰੀਅਰ ਸੰਬੰਧੀ ਫੈਸਲਾ ਸਭ ਤੋਂ ਪਹਿਲਾਂ ਆਪਣੇ ਆਪ ਵਿੱਚ ਕਰਨਾ ਚਾਹੀਦਾ ਹੈ ਕਿ ਅਸੀਂ ਕਿਸ ਖੇਤਰ ਵਿੱਚ ਜਾਣਾ ਹੈ, ਜਿਸ ਖੇਤਰ ਵਿੱਚ ਤੁਸੀ ਜਾਣ ਦਾ ਦ੍ਰਿੜ ਨਿਸ਼ਚਾ ਕਰ ਲਿਆ ਤਾਂ ਉਸ ਖੇਤਰ ਦੇ ਮਾਹਰ ਦਾ ਮਸ਼ਵਰਾ ਜ਼ਰੂਰ ਲੈਣਾ ਚਾਹੀਦਾ ਹੈ। ਜ਼ਿਆਦਾਤਰ ਵਿਦਿਆਰਥੀਆਂ ਨੂੰ ਸਮਝ ਨਹੀਂ ਆਉਂਦੀ ਕਿ ਉਹ ਕਿਸ ਤਰ੍ਹਾਂ ਦੀ ਪੜ੍ਹਾਈ ਕਰਨ। ਪ੍ਰਤਿਭਾ ਪਛਾਣੇ ਬਗੈਰ ਅਤੇ ਮਾਰਗ-ਦਰਸ਼ਨ ਦੀ ਅਣਹੋਂਦ ਕਰਕੇ ਉਹ ਗਲਤ ਰਾਹ ਚੁਣ ਕੇ ਆਪਣੇ ਮੂਲ ਦੀ ਪਛਾਣ ਨਹੀਂ ਕਰ ਪਾਉਂਦੇ। ਆਪਣੀ ਪ੍ਰਭਿਤਾ ਦੀ ਪਛਾਣ ਕਰਨੀ, ਸਖ਼ਤ ਮਿਹਨਤ, ਲਗਨ, ਟੀਚਾ, ਅਭਿਆਸ, ਅਨੁਸ਼ਾਸਨ, ਸਮੇਂ ਦੀ ਕਦਰ, ਯੋਜਨਾਬੰਦੀ, ਸਵੈ-ਵਿਸ਼ਵਾਸ, ਆਤਮ ਵਿਸ਼ਵਾਸ ਤੇ ਸਕਾਰਾਤਮਕ ਨਜ਼ਰੀਆ ਸਫਲਤਾ ਦੇ ਮੂਲ ਮੰਤਰ ਹਨ।

ਬੱਚਿਆਂ ਨੂੰ ਮੋਬਾਇਲ ਫੋਨ ਤੋਂ ਦੂਰ ਰੱਖਣ ਦੀ ਲੋੜ ਹੈ। ਵੇਖਣ ਵਿੱਚ ਆਇਆ ਹੈ ਕਿ ਛੋਟੇ ਬੱਚੇ ਸਮਾਂ ਮਿਲਣ 'ਤੇ ਮੋਬਾਇਲ ਫੋਨ 'ਤੇ ਗੇਮ ਹੀ ਖੇਡਦੇ ਰਹਿੰਦੇ ਹਨ ਜਾਂ ਕਾਰਟੂਨ ਵੇਖਦੇ ਰਹਿੰਦੇ ਹਨ। ਮੋਬਾਇਲ ਦੀ ਜ਼ਿਆਦਾ ਵਰਤੋਂ ਨਾਲ ਬੱਚਿਆਂ ਦੀ ਸਿਹਤ 'ਤੇ ਵੀ ਬੁਰਾ ਅਸਰ ਪੈਂਦਾ ਹੈ। ਆਨਲਾਈਨ ਪੜ੍ਹਾਈ ਜਾਂ ਜ਼ਰੂਰਤ ਅਨੁਸਾਰ ਸਿੱਖਿਆ ਨਾਲ ਸੰਬੰਧਤ ਗਿਆਨ ਦੇ ਪੱਧਰ ਨੂੰ ਉੱਚਾ ਚੁੱਕਣ ਲਈ ਜ਼ਰੂਰਤ ਅਨੁਸਾਰ ਹੀ ਬੱਚਿਆਂ ਨੂੰ ਮੋਬਾਇਲ ਫੋਨ ਦੀ ਵਰਤੋਂ ਕਰਨ ਲਈ ਮੋਬਾਇਲ ਦੇਣਾ ਚਾਹੀਦਾ ਹੈ। ਪੜ੍ਹਦੇ ਸਮੇਂ ਜਾਂ ਪੇਪਰ ਦੀ ਤਿਆਰੀ ਕਰਦੇ ਸਮੇਂ ਮੋਬਾਇਲ ਫੋਨ ਬੱਚਿਆਂ ਨੂੰ ਨਹੀਂ ਦੇਣਾ ਚਾਹੀਦਾ, ਤਾਂ ਜੋ ਬੱਚੇ ਧਿਆਨ ਕੇਂਦਰਤ ਕਰਕੇ ਪੜ੍ਹ ਸਕਣ ਤੇ ਅੱਛੇ ਨਤੀਜੇ ਮਿਲ ਸਕਣ।

ਕਿਹਾ ਜਾਂਦਾ ਹੈ ਕਿ ਪਿਆਰ ਤਾਂ ਘੁਰ ਨਾਲੋਂ ਵੀ ਵੱਡਾ ਹਥਿਆਰ ਹੁੰਦਾ ਹੈ। ਮਾਪਿਆਂ ਦੇ ਹੱਥ ਵਿੱਚ ਬੱਚੇ ਦੇ ਜੀਵਨ ਦੀ ਡੋਰ ਹੁੰਦੀ ਹੈ। ਉਹ ਉਸ ਡੋਰ ਨੂੰ ਤੁਣਕੇ ਏਨੇ ਪਿਆਰ ਨਾਲ ਮਾਰਨ ਕਿ ਜਵਾਨ ਹੋ ਰਹੇ ਬੱਚੇ ਅੰਬਰੀਂ ਉਡਾਰੀਆਂ ਮਾਰਨ ਦੀ ਕੋਸ਼ਿਸ਼ ਵਿੱਚ ਜੁਟ ਜਾਣ। 14 ਜਾਂ 15 ਸਾਲ ਦੀ ਉਮਰ ਵਿੱਚ ਬੱਚਿਆਂ ਵਿੱਚ ਜ਼ਿਆਦਾ ਤਬਦੀਲੀਆਂ ਆਉਂਦੀਆਂ ਹਨ। ਇਸ ਉਮਰ ਵਿੱਚ ਕਾਫੀ ਸੰਭਲਣ ਦੀ ਜ਼ਰੂਰਤ ਪੈਂਦੀ ਹੈ। ਇਸ ਉਮਰ ਵਿੱਚ ਮਾਪੇ ਜੇਕਰ ਬੱਚਿਆਂ ਦੀ ਜੀਵਨ ਯਾਤਰਾ ਸ਼ੁਰੂ ਕਰਨ ਵਿੱਚ ਮਦਦ ਕਰਨ ਤਾਂ ਉਹ ਇੱਕ ਦਿਨ ਜ਼ਰੂਰ ਉੱਚੀਆਂ ਮੰਜ਼ਲਾਂ ਦਾ ਸਫ਼ਰ ਤੈਅ ਕਰ ਸਕਣਗੇ। ਵੈਸੇ ਇਹ ਸਮਾਂ ਬੱਚਿਆਂ ਲਈ ਬੇਹੱਦ ਨਾਜ਼ੁਕ ਹੁੰਦਾ ਹੈ।

ਮਾਤਾ-ਪਿਤਾ ਨੂੰ ਬਚਪਨ ਤੋਂ ਹੀ ਬੱਚਿਆਂ ਅੰਦਰ ਚੰਗੀਆਂ ਆਦਤਾਂ ਉਤਪਨ ਕਰਨੀਆਂ ਚਾਹੀਦੀਆ ਹਨ। ਸਵੇਰੇ ਜਲਦੀ ਉੱਠਣਾ, ਸਮੇਂ ਸਿਰ ਸਕੂਲ ਜਾਣਾ, ਵੱਡਿਆਂ ਦਾ ਸਤਿਕਾਰ ਕਰਨਾ, ਮਾੜੀ ਸੰਗਤ ਤੋਂ ਬਚਣਾ, ਪੌਸ਼ਟਿਕ ਭੋਜਨ ਖਾਣਾ, ਚੰਗੀਆਂ ਕਿਤਾਬਾਂ ਪੜ੍ਹਨਾ, ਰਾਤ ਨੂੰ ਜਲਦੀ ਸੌਣਾ, ਨੈਤਿਕ ਕਦਰਾਂ-ਕੀਮਤਾਂ 'ਤੇ ਪਹਿਰਾ ਦੇਣਾ ਆਦਿ ਚੰਗੀਆਂ ਆਦਤਾਂ ਹਨ। ਮਾਪਿਆਂ ਨੂੰ ਆਪਣੇ ਬੱਚਿਆਂ ਨੂੰ ਸਮਝਣ ਲਈ ਦੋਸਤਾਨਾ ਰਿਸ਼ਤਾ, ਬਿਨਾਂ ਅਲੋਚਨਾ ਦੇ ਸੁਣਨਾ, ਉਨ੍ਹਾਂ ਨਾਲ ਸਮਾਂ ਬਿਤਾਉਣਾ, ਉਨ੍ਹਾਂ ਵੱਲੋਂ ਕੀਤੇ ਜਾਂਦੇ ਕੰਮਾਂ ਵਿੱਚ ਭਾਗ ਲੈਣਾ, ਸਤਿਕਾਰ ਦੇਣਾ, ਕਦੇ ਵੀ ਵਾਅਦਾ ਨਾ ਤੋੜਨਾ ਆਦਿ ਬਹੁਤ ਹੀ ਵਧੀਆ ਸਿਹਤਮੰਦ ਰਿਸ਼ਤਾ ਕਾਇਮ ਰਹਿੰਦਾ ਹੈ। ਇਸ ਤਰ੍ਹਾਂ ਬੱਚੇ ਦਾ ਸਰਬਪੱਖੀ ਵਿਕਾਸ ਹੋ ਕੇ ਜੀਵਨ ਬਦਲ ਸਕਦਾ ਹੈ ਤੇ ਉਹ ਆਪਣੀ ਮੰਜ਼ਲ ਪ੍ਰਾਪਤ ਕਰ ਸਕਦਾ ਹੈ।

***#ਸੰਪਰਕ : 98146-62260***

3-AUG-PAGE-5.qxd 8/2/2023 10:31 PM Page 1



# ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨੇ ਪੰਜਾਬ ਸਰਕਾਰ ਦਾ ਪੁਤਲਾ ਫੂਕਿਆ



**ਮਮਦੋਟ , ( ਜਸਬੀਰ ਸਿੰਘ ਕੰਬੋਜ )**-ਆਲ ਪੰਜਾਬ ਆਂਗਣਵਾੜੀ ਮੁਲਾਜ਼ਮ ਯੂਨੀਅਨ ਦੀ ਸੂਬਾ ਕਮੇਟੀ ਦੇ ਸੱਦੇ 'ਤੇ ਅੱਜ ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਨੇ ਵੱਡੀ ਗਿਣਤੀ ਵਿੱਚ ਇਕੱਠੀਆਂ ਹੋ ਕੇ ਪੰਜਾਬ ਸਰਕਾਰ ਦਾ ਪੁਤਲਾ ਫੂਕਿਆ ਅਤੇ ਪੰਜਾਬ ਸਰਕਾਰ ਖਿਲਾਫ ਜ਼ੋਰਦਾਰ ਨਾਅਰੇਬਾਜ਼ੀ ਕੀਤੀ। ਇਸ ਮੌਕੇ ਯੂਨੀਅਨ ਦੀ ਬਲਾਕ ਮਮਦੋਟ ਦੀ ਪ੍ਰਧਾਨ ਪ੍ਰਕਾਸ਼ ਕੌਰ ਚਪਾਤੀ ਨੇ ਕਿਹਾ ਕਿ ਯੂਨੀਅਨ ਦੇ ਸੂਬਾ ਪ੍ਰਧਾਨ ਹਰਗੋਬਿੰਦ ਕੌਰ ਨੇ ਪਿਛਲੇ 10 ਮਹੀਨਿਆਂ ਤੋਂ ਵਰਕਰਾਂ ਤੇ ਹੈਲਪਰਾਂ ਨੂੰ ਤਨਖਾਹਾਂ ਨਾ ਮਿਲਣ ਕਰਕੇ ਅਤੇ ਹੋਰ ਮੰਗਾਂ ਮਨਵਾਉਣ ਲਈ ਪੰਜਾਬ ਸਰਕਾਰ ਨੂੰ ਨੋਟਿਸ ਭੇਜਿਆ ਸੀ ਕਿ ਜੇਕਰ ਉਨ੍ਹਾਂ ਦੀਆਂ ਮੰਗਾਂ ਨਾ ਮੰਨੀਆਂ ਗਈਆਂ ਤਾਂ ਉਹ 6 ਅਗਸਤ ਨੂੰ ਸਮਾਜਕ ਸੁਰੱਖਿਆ ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ ਦੀ ਮੰਤਰੀ ਡਾਕਟਰ ਬਲਜੀਤ ਕੌਰ ਦੇ ਘਰ ਅੱਗੇ ਫਰੀਦਕੋਟ ਵਿਖੇ ਰੋਸ ਪ੍ਰਦਰਸ਼ਨ ਕਰਨਗੀਆਂ । ਜਿਸ ਦੀ ਬੁਖਲਾਹਟ ਵਿੱਚ ਆ ਕੇ ਮੰਤਰੀ ਨੇ ਹਰਗੋਬਿੰਦ ਕੌਰ ਅਤੇ ਹੋਰਨਾਂ ਵਰਕਰਾਂ ਨੂੰ ਨੌਕਰੀ ਤੋਂ ਕੱਢਣ ਲਈ ਨੋਟਿਸ ਭੇਜ ਦਿੱਤੇ ਹਨ । ਜਿਸ ਦਾ ਜਥੇਬੰਦੀ ਸਖਤ ਵਿਰੋਧ ਕਰਦੀ ਹੈ ਤੇ ਉਹ ਚਟਾਨ ਵਾਂਗ ਸੂਬਾ ਪ੍ਰਧਾਨ ਦੇ ਨਾਲ ਖੜ੍ਹੀਆਂ ਹਨ। ਆਗੂਆਂ ਦਾ ਕਹਿਣਾ ਹੈ ਕਿ ਹਰਗੋਬਿੰਦ ਕੌਰ ਨੇ ਸਰਕਾਰ ਨੂੰ ਵਰਕਰਾਂ ਤੇ ਹੈਲਪਰਾਂ ਦੀਆਂ ਮੰਗਾਂ ਸੰਬੰਧੀ ਨੋਟਿਸ ਪਹਿਲੀ ਵਾਰ ਨਹੀਂ ਭੇਜਿਆ । ਸਗੋਂ ਪਿਛਲੇ 30 ਸਾਲਾਂ ਤੋਂ ਅਜਿਹੇ ਨੋਟਿਸ ਉਨ੍ਹਾਂ ਦੇ ਦਸਤਖਤਾਂ ਹੇਠ ਭੇਜੇ ਜਾ ਰਹੇ ਹਨ । ਪਰ ਹੁਣ ਜੇਕਰ ਹਰਗੋਬਿੰਦ ਕੌਰ ਨੇ ਸਿਆਸੀ ਖੇਤਰ ਵਿੱਚ ਪੈਰ ਰੱਖਿਆ ਹੈ ਤਾਂ ਸਰਕਾਰ ਦੇ ਭਾਅ ਦੀ ਬਣ ਗਈ। ਇਸ ਮੌਕੇ ਪੁਸ਼ਪਿੰਦਰ ਕੌਰ, ਰਾਜ ਰਾਣੀ, ਮਹਿੰਦਰ ਕੌਰ, ਪ੍ਰੇਮ ਕੌਰ, ਰਜਿੰਦਰ ਕੌਰ, ਅੱਛਰਾ, ਪਰਮਜੀਤ ਕੌਰ, ਤਜਿੰਦਰ ਕੌਰ , ਕੁਲਵੰਤ ਕੌਰ, ਅੰਜਲੀ, ਪਵਨਦੀਪ ਕੌਰ, ਬਲਵਿੰਦਰ ਕੌਰ ਸਮੇਤ ਵੱਡੀ ਗਿਣਤੀ ਵਿੱਚ ਆਂਗਣਵਾੜੀ ਵਰਕਰਾਂ ਮੌਜੂਦ ਸਨ ।

# ਪੁਲਸ ਨੇ ਚੋਰੀਆਂ ਕਰਨ ਵਾਲੇ ਚਾਰ ਦਬੋਚੇ



**ਧਰਮਕੋਟ ( ਗੁਰਦੀਪ ਸਿੰਘ ਭੁੱਲਰ )**- 29 ਜੁਲਾਈ ਨੂੰ ਦੌਰਾਨੇ ਗਸ਼ਤ ਸਹਾਇਕ ਥਾਣੇਦਾਰ ਰਘਵਿੰਦਰ ਪ੍ਰਸਾਦ ਚੌਕੀ ਇੰਚਾਰਜ ਕਿਸ਼ਨਪੁਰਾ ਕਲਾਂ ਪਿੰਡ ਇੰਦਰਗੜ੍ਹ ਤੋਂ ਪਿੰਡ ਕੋਟ ਮਹੁੰਮਦ ਖਾਂ ਨੂੰ ਜਾਂਦੇ ਕੱਚੇ ਰਸਤੇ 'ਤੇ ਸੂਏ ਕੋਲ ਜਰਨੈਲ ਸਿੰਘ ਉਰਫ ਜੇ ਬੀ ਪੁੱਤਰ ਅਜੈਬ ਸਿੰਘ, ਮਿੱਟੂ ਪੁੱਤਰ ਸੁਖਦੇਵ ਸਿੰਘ, ਬਲਵੰਤ ਸਿੰਘ ਉਰਫ ਬਿੱਟੂ ਪੁੱਤਰ ਕੇਵਲ ਸਿੰਘ, ਪਵਨ ਕੁਮਾਰ ਉਰਫ ਕਾਲਾ ਪੁੱਤਰ ਤਰਸੇਮ ਸਿੰਘ ਵਾਸੀਆਨ ਇੰਦਰਗੜ੍ਹ ਨੂੰ ਗ੍ਰਿਫਤਾਰ ਕਰਕੇ ਇਨ੍ਹਾਂ ਪਾਸੋਂ ਪੁੱਛਗਿੱਛ ਕੀਤੀ ਗਈ ਤਾਂ ਪੁੱਛਗਿੱਛ ਦੌਰਾਨ ਦੋਸ਼ੀਆ ਪਾਸੋਂ 1 ਕੁਇੰਟਲ 35 ਕਿਲੋਗ੍ਰਾਮ ਮੋਟਰਾਂ ਤੋਂ ਚੋਰੀ ਕੀਤੀਆਂ ਤਾਰਾਂ, 5 ਕਿਲੋਗ੍ਰਾਮ ਤਾਂਬਾ, 2 ਸਿਲਾਈ ਮਸ਼ੀਨਾਂ ਜੋ ਇਨ੍ਹਾਂ ਨੇ ਅਲੱਗ-ਅਲੱਗ ਸਕੂਲਾਂ ਵਿੱਚੋਂ ਚੋਰੀ ਕੀਤੀਆਂ ਸਨ ਬਰਾਮਦ ਕੀਤੀਆਂ। ਉਪਰੋਕਤ ਦੋਸ਼ੀਆਨ ਨੇ ਮੰਨਿਆ ਕਿ ਉਹ ਇਹ ਚੋਰੀਆਂ ਨਸ਼ੇ ਦੀ ਪੂਰਤੀ ਲਈ ਕਰਦੇ ਆ ਰਹੇ ਸੀ। ਇਨ੍ਹਾਂ ਦਾ ਇੱਕ ਸਾਥੀ ਹਰਪ੍ਰੀਤ ਸਿੰਘ ਉਰਫ ਹੈਪੀ ਪੁੱਤਰ ਮੋਹਕਮ ਸਿੰਘ ਵਾਸੀ ਕਿਸ਼ਨਪੁਰਾ ਕਲਾਂ ਜੋ ਅਜੇ ਫਰਾਰ ਹੈ ਅਤੇ ਇਨ੍ਹਾਂ ਨੇ ਚੋਰੀ ਕੀਤੀਆਂ ਸਿਲਾਈ ਮਸ਼ੀਨਾਂ ਅਵਤਾਰ ਸਿੰਘ ਉਰਫ ਤਾਰੀ ਕਬਾੜੀਆ ਪੁੱਤਰ ਬਾਬੂ ਰਾਮ ਵਾਸੀ ਧਰਮਕੋਟ ਨੂੰ ਵੇਚੀਆਂ ਸਨ ਜਿਸ ਨੂੰ ਮੁਕੱਦਮਾ 'ਚ ਨਾਮਜ਼ਦ ਕੀਤਾ ਗਿਆ ਹੈ, ਜਿਸ ਦੀ ਗ੍ਰਿਫਤਾਰੀ ਬਾਕੀ ਹੈ।

# ਕੱਚੇ ਅਧਿਆਪਕਾਂ ਨੂੰ ਪੱਕੇ ਕਰਨ 'ਤੇ ਪੰਜਾਬ ਸਰਕਾਰ ਦਾ ਧੰਨਵਾਦ

**ਲਹਿਰਾ ਮੁਹੱਬਤ, ਭੀਮ ਸੈਨ ਹਦਵਾਰੀਆ)**- ਕੱਚੇ ਅਧਿਆਪਕਾਂ ਨੂੰ ਰੈਗੂਲਰ ਕਰਨ ਦੀ ਨੀਤੀ ਤਹਿਤ ਸਰਕਾਰੀ ਐਲੀਮੈਂਟਰੀ ਸਕੂਲ ਲਹਿਰਾ ਮੁਹੱਬਤ ਵਿਖੇ ਆਪਣੀਆਂ ਸੇਵਾਵਾਂ ਨਿਭਾ ਰਹੇ ਕੱਚੇ ਅਧਿਆਪਕਾਂ ਰਾਣੀ ਕੌਰ, ਜਸਵਿੰਦਰ ਕੌਰ ਅਤੇ ਮਿਸ ਕੁਲਵਿੰਦਰ ਕੌਰ ਨੂੰ ਸਪੈਸ਼ਲ ਕੇਡਰ ਤਹਿਤ ਪੰਜਾਬ ਸਰਕਾਰ ਦੁਆਰਾ ਇਨ੍ਹਾਂ ਦੀਆਂ ਸੇਵਾਵਾਂ ਨੂੰ ਰੈਗੂਲਰ ਕੀਤੇ ਜਾਣ ਦੀ ਸਕੂਲ ਸਟਾਫ ਅਤੇ ਬੱਚਿਆਂ ਦੁਆਰਾ ਖੁਸ਼ੀ ਮਨਾਈ ਗਈ ਅਤੇ ਸੇਵਾਵਾਂ ਰੈਗੂਲਰ ਕਰਨ 'ਤੇ ਪੰਜਾਬ ਸਰਕਾਰ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ। ਇਸ ਮੌਕੇ ਸੈਂਟਰ ਹੈਡ ਟੀਚਰ ਗੁਰਵਿੰਦਰ ਸਿੰਘ ਨੇ ਤਿੰਨੋਂ ਅਧਿਆਪਕਾਂ ਨੂੰ ਰੈਗੂਲਰ ਆਰਡਰ ਅਤੇ ਸਨਮਾਨ ਵਜੋਂ ਬੁੱਕੇ ਦੇ ਕੇ ਸਨਮਾਨਤ ਕੀਤਾ। ਇਸ ਮੌਕੇ ਸਟਾਫ ਮੈਂਬਰਜ਼ ਵੀਰਪਾਲ ਕੌਰ, ਵਰਿੰਦਰਪਾਲ ਕੌਰ, ਗੁਰਿੰਦਰ ਕੌਰ, ਜਸਵੀਰ ਕੌਰ, ਹਰਵਿੰਦਰ ਸਿੰਘ ਅਤੇ ਵਿਕਾਸ ਹਾਜ਼ਰ ਸਨ।

# ਐਕਸੀਅਨ ਦੇ ਹੈਂਕੜਬਾਜ਼ ਰਵੱਈਏ ਵਿਰੁੱਧ ਕੀਤਾ ਅਰਥੀ ਫੂਕ ਰੋਸ ਮੁਜ਼ਾਹਰਾ



**ਸੰਗਰੂਰ** : ਅੱਜ ਇੱਥੇ ਦੀ ਕਲਾਸ ਫੋਰ ਗੌਰਮਿੰਟ ਇੰਪਲਾਈਜ਼ ਯੂਨੀਅਨ ਪੰਜਾਬ ਬਰਾਂਚ ਜ਼ਿਲਾ ਸੰਗਰੂਰ ਦੇ ਸੱਦੇ 'ਤੇ ਐਕਸੀਅਨ ਜਲ ਸਪਲਾਈ ਤੇ ਸੀਵਰੇਜ ਬੋਰਡ ਸੰਗਰੂਰ ਵੱਲੋਂ ਕਰਮਚਾਰੀਆਂ ਦੀਆਂ ਮੰਗਾਂ ਨੂੰ ਅਣਗੌਲਿਆਂ ਕਰਨ, ਕਿਰਤ ਕਾਨੂੰਨ ਲਾਗੂ ਨਾ ਕਰਨ, ਅੜੀਅਲ ਵਤੀਰੇ ਵਿਰੁੱਧ ਰੋਸ ਵਜੋਂ ਦਫਤਰ ਅੱਗੇ ਵਿਸ਼ਾਲ ਰੋਸ ਧਰਨਾ ਦੇਣ ਉਪਰੰਤ ਬਜ਼ਾਰਾਂ ਵਿੱਚ ਰੋਸ ਮੁਜ਼ਾਹਰਾ ਕਰਨ ਉਪਰੰਤ ਅੰਤਾਂ ਦੀ ਗਰਮੀ ਦੇ ਬਾਵਜੂਦ ਡੀ ਸੀ ਕੰਪਲੈਕਸ ਅੱਗੇ ਅਰਥੀ ਫੂਕ ਕੇ ਐਕਸੀਅਨ ਵਿਰੁੱਧ ਨਾਅਰੇਬਾਜ਼ੀ ਕੀਤੀ ਗਈ। ਰੈਲੀ ਨੂੰ ਸੰਬੋਧਨ ਕਰਦਿਆਂ ਸੂਬਾਈ ਟਰੇਡ ਯੂਨੀਅਨ ਆਗੂ ਸੁਖਦੇਵ ਸ਼ਰਮਾ, ਸੂਬਾਈ ਮੁਲਾਜ਼ਮ ਆਗੂ ਰਣਜੀਤ ਸਿੰਘ ਰਾਣਵਾਂ, ਮੇਲਾ ਸਿੰਘ ਪੁੰਨਾਂਵਾਲ, ਸੀਤਾ ਰਾਮ ਸ਼ਰਮਾ, ਪੈਨਸ਼ਨਰ ਆਗੂ ਜਗਦੀਸ਼ ਸ਼ਰਮਾ, ਬਿੱਕਰ ਸਿੰਘ ਸਿਬੀਆ, ਚਮਕੌਰ ਸਿੰਘ ਮਹਿਲਾਂ, ਹਰਦੀਪ ਕੁਮਾਰ ਨੇ ਕਿਹਾ ਕਿ ਐਕਸੀਅਨ ਵੱਲੋਂ ਕਿਰਤ ਕਾਨੂੰਨਾਂ ਨੂੰ ਲਾਗੂ ਨਾ ਕਰਨ, ਆਊਟਸੋਰਸ ਕਰਮਚਾਰੀਆਂ ਦੀਆਂ ਤਨਖਾਹਾਂ ਸਮੇਂ ਸਿਰ ਦੇਣ, ਠੇਕੇਦਾਰਾਂ ਵੱਲੋਂ ਕਰਮਚਾਰੀਆਂ ਨੂੰ ਕਿਰਤ ਕਾਨੂੰਨਾਂ ਅਨੁਸਾਰ ਬਣਦੀਆਂ ਸਹੂਲਤਾਂ ਨਾ ਦੇਣ, ਸੀਵਰਮੈਨ, ਪੰਪ ਉਪਟਰੇਰ ਦੀ ਰੂਲਾਂ ਅਨੁਸਾਰ ਭਰਤੀ ਕਰਕੇ ਕਰਮਚਾਰੀਆਂ 'ਤੇ ਕੰਮ ਬੋਝ ਘੱਟ ਕਰਨ ਆਦਿ ਮੰਗਾਂ ਬਾਰੇ ਕਾਰਜਕਾਰੀ ਇੰਜੀਨੀਅਰ ਵੱਲੋਂ ਹੈਕੜਵਾਜ਼ ਰਵੱਈਆ ਅਖਤਿਆਰ ਕੀਤਾ ਜਾ ਰਿਹਾ ਹੈ। ਕਰਮਚਾਰੀਆਂ ਦੀਆਂ ਹੱਕੀ ਮੰਗਾਂ ਵੱਲ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ,ਜਿਸ ਕਾਰਨ ਕਰਮਚਾਰੀਆਂ ਵਿੱਚ ਸਖਤ ਰੋਸ ਪਾਇਆ ਜਾ ਰਿਹਾ ਹੈ। ਰੈਲੀ ਨੂੰ ਹੋਰਨਾਂ ਤੋਂ ਇਲਾਵਾ, ਇੰਦਰ ਸ਼ਰਮਾ, ਜੀਤ ਬੰਗਾ, ਹੰਸ ਰਾਜ ਦੀਦਾਰਗੜ੍ਹ, ਰਮੇਸ਼ ਕੁਮਾਰ, ਸਿਸਨ ਦਾਸ, ਅਮਰਜੀਤ ਸਿੰਘ, ਗੁਰਮੀਤ ਮਿੱਡਾ, ਸ੍ਰੀ ਨਿਵਾਸ, ਗੁਰਜੰਟ ਉਗਰਾਹਾਂ, ਨਾਜਰ ਈਸੜਾ, ਕੇਵਲ ਗੁੱਜਰਾਂ, ਤੋਤਾ ਖਾਂ, ਸ਼ਰੀਫ ਮੁਹੰਮਦ, ਗੁਰਜੰਟ ਬੁਗਰਾ, ਕਸ਼ਮੀਰ ਸਿੰਘ, ਗੁਰਤੇਜ ਸ਼ਰਮਾ ਨੇ ਕਿਹਾ ਕਿ ਜੇਕਰ 7 ਅਗਸਤ ਤੱਕ ਮੰਗਾਂ ਦਾ ਨਿਪਟਾਰਾ ਨਾ ਕੀਤਾ ਗਿਆ ਤਾਂ 8 ਅਗਸਤ ਨੂੰ ਮੁੜ ਐਕਸੀਅਨ ਦੇ ਦਫਤਰ ਅੱਗੇ ਰੋਸ ਧਰਨਾ ਅਤੇ ਰੈਲੀ ਕਰਨ ਉਪਰੰਤ ਰੋਸ ਮੁਜ਼ਾਹਰਾ ਕੀਤਾ ਜਾਵੇਗਾ।

## ਕਾਤਰਾਂ

### ਲਾਲੇਆਣਾ 'ਚ ਬੂਟੇ ਲਾਏ

**ਕੋਟਕਪੂਰਾ(ਰਛਪਾਲ ਭੁੱਲਰ)**- ਮਿਸ਼ਨ ਇੱਕ ਕਦਮ ਕੁਦਰਤ ਵੱਲ ਸੰਸਥਾ ਦੇ ਸੇਵਾਦਾਰ ਕੁਦਰਤ ਸੰਭਾਲ ਲਈ ਯਤਨਸ਼ੀਲ ਹਨ। ਜਿੱਥੇ ਸਵਾਰਥੀ ਮਨੁੱਖਾਂ ਵੱਲੋਂ ਆਪਣੇ ਸਵਾਰਥ ਲਈ ਲਗਾਤਾਰ ਕੁਦਰਤ ਨੂੰ ਲੁੱਟਿਆ ਜਾ ਰਿਹਾ ਹੈ, ਉੱਥੇ ਹੀ ਕੁਦਰਤ ਦੀ ਸੰਭਾਲ ਲਈ ਲਗਾਤਾਰ ਯਤਨਸ਼ੀਲ ਸੰਸਥਾ ਮਿਸ਼ਨ ਇੱਕ ਕਦਮ ਕੁਦਰਤ ਵੱਲ ਵੱਲੋਂ ਕਈ ਵੱਖ ਵੱਖ ਪਿੰਡਾਂ ਵਿੱਚ ਬੂਟੇ ਲਗਾਏ ਜਾ ਰਹੇ ਹਨ। ਇਸੇ ਲੜੀ ਤਹਿਤ ਪਿੰਡ ਲਾਲੇਆਣਾ ਵਿਖੇ ਸੇਵਾਦਾਰ ਸੁਖਮੰਦਰ ਸਿੰਘ ਤੇ ਜਸਵਿੰਦਰ ਸਿੰਘ ਖਾਲਸਾ ਵੱਲੋਂ ਵੱਖ ਵੱਖ ਪ੍ਰਕਾਰ ਦੇ ਬੂਟੇ ਲਗਾਏ ਗਏ। ਸੰਸਥਾ ਬਾਰੇ ਹੋਰ ਜਾਣਕਾਰੀ ਦਿੰਦਿਆਂ ਸੰਸਥਾ ਮੁਖੀ ਧਰਮਪ੍ਰੀਤ ਸਿੰਘ ਧਾਮੀ ਨੇ ਦੱਸਿਆ ਕਿ ਸੰਸਥਾਂ ਵੱਲੋਂ ਅੱਖਾਂ ਦੇ ਕੈਂਪ ਵੀ ਲਗਾਏ ਗਏ ਹਨ। ਸੰਸਥਾ ਨੂੰ ਪਿੰਡਾਂ ਵਿੱਚ ਪੂਰਾ ਸਹਿਯੋਗ ਮਿਲ ਰਿਹਾ ਹੈ, ਜਿਸ ਕਾਰਨ ਸੰਸਥਾ ਹੋਰ ਵੀ ਤਨਦੇਹੀ ਨਾਲ ਆਪਣੀ ਜ਼ਿੰਮੇਵਾਰੀ ਨਿਭਾਏਗੀ। ਨਾਲ ਹੀ ਲੋਕਾਂ ਨੂੰ ਵਾਤਾਵਰਣ ਸੁਰੱਖਿਆ ਲਈ ਲਗਾਤਾਰ ਪ੍ਰੇਰਿਤ ਕੀਤਾ ਜਾਵੇਗਾ।

### ਜਾਖੜ ਦੀ ਅਗਵਾਈ 'ਚ ਭਾਜਪਾ ਮਜ਼ਬੂਤ ਹੋ ਰਹੀ : ਡਾ. ਦੀਪਕ ਜੋਤੀ

**ਅਮਲੋਹ, ਮੰਡੀ ਗੋਬਿੰਦਗੜ੍ਹ (ਲਖਵੀਰ ਸਿੰਘ, ਹਰਚਰਨ ਉਪਲ)**-ਭਾਰਤੀ ਜਨਤਾ ਪਾਰਟੀ ਦੀ ਸੀਨੀਅਰ ਆਗੂ ਡਾ. ਦੀਪਕ ਜੋਤੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਭਾਜਪਾ ਪੰਜਾਬ ਦੇ ਪ੍ਰਧਾਨ ਸੁਨੀਲ ਜਾਖੜ ਦੀ ਅਗਵਾਈ ਵਿੱਚ ਭਾਰਤੀ ਜਨਤਾ ਪਾਰਟੀ ਬਹੁਤ ਜ਼ਿਆਦਾ ਮਜ਼ਬੂਤ ਹੋਣ ਲੱਗੀ ਹੈ ਅਤੇ ਸੁਨੀਲ ਜਾਖੜ ਦੀ ਅਗਵਾਈ ਵਿੱਚ ਹੋਰਨਾਂ ਪਾਰਟੀਆਂ ਦੇ ਵੱਡੇ ਆਗੂ ਵੀ ਭਾਜਪਾ ਵਿੱਚ ਸ਼ਾਮਲ ਹੋਣ ਲੱਗੇ ਹਨ। ਉਨ੍ਹਾ ਅੱਗੇ ਕਿਹਾ ਕਿ ਪਾਰਟੀ ਨੂੰ ਆਉਣ ਵਾਲੇ ਦਿਨਾਂ ਵਿਚ ਹੋਰ ਮਜ਼ਬੂਤ ਕਰਨ ਲਈ ਪਾਰਟੀ ਦੀਆਂ ਨੀਤੀਆਂ ਨੂੰ ਹਰ ਘਰ ਪਹੁੰਚਾਇਆ ਜਾਵੇਗਾ ਅਤੇ ਮਹਿਲਾਵਾਂ ਨੂੰ ਨਾਲ ਜੋੜਿਆ ਜਾਵੇਗਾ। ਉਨ੍ਹਾ ਅੱਗੇ ਕਿਹਾ ਕਿ 2024 ਦੀਆਂ ਲੋਕ ਸਭਾ ਚੋਣਾਂ ਵਿੱਚ ਮੁੜ ਦੇਸ਼ ਅੰਦਰ ਭਾਜਪਾ ਦੀ ਸਰਕਾਰ ਬਣੇਗੀ। ਉਹਨਾਂ ਅੱਗੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਿੱਚ ਦੇਸ਼ ਮਜ਼ਬੂਤ ਹੋਇਆ ਹੈ ਅਤੇ ਭਾਰਤ ਦਾ ਵੱਡੀ ਪੱਧਰ ਉੱਤੇ ਵਿਕਾਸ ਹੋਇਆ ਹੈ।

### ਹੀਰਾ ਐਨੀਮਲਜ ਹਸਪਤਾਲ ਸੁਸਾਇਟੀ ਨੂੰ ਟਰੈਕਟਰ ਗੁਪਤ ਰੂਪ 'ਚ ਦਾਨ

**ਜਗਰਾਉਂ (ਅਮਿਤ ਖੰਨਾ)** ਨਾਨਕਸਰ ਜਗਰਾਉਂ ਨੇੜੇ ਹੀਰਾ ਐਨੀਮਲਜ ਹਸਪਤਾਲ ਸੁਸਾਇਟੀ ਜਿੱਥੇ ਜ਼ਖ਼ਮੀ ਗਊਆਂ ਅਤੇ ਹੋਰ ਪਸ਼ੂਆਂ ਦਾ 24 ਘੰਟੇ ਇਲਾਜ ਕੀਤਾ ਜਾਂਦਾ ਹੈ, ਉਥੇ ਹੀਰਾ ਐਨੀਮਲਜ ਹਸਪਤਾਲ ਸੁਸਾਇਟੀ ਦੇ ਮੁੱਖ ਸੇਵਾਦਾਰ ਕੁਲਵਿੰਦਰ ਸਿੰਘ ਨੇ ਦੱਸਿਆ ਕਿ ਹਸਪਤਾਲ ਦੇ ਸੰਚਾਲਨ ਨੂੰ ਅੱਗੇ ਵਧਾਉਣ ਲਈ ਮੈਸੀ ਕੰਪਨੀ ਵੱਲੋਂ ਟਰੈਕਟਰ ਗੁਪਤ ਦਾਨ ਵਜੋਂ ਦਿੱਤਾ ਗਿਆ। ਹੀਰਾ ਐਨੀਮਲਜ ਜ਼ਖ਼ਮੀ ਗਊਆਂ ਅਤੇ ਪਸ਼ੂਆਂ ਦੇ ਇਲਾਜ ਲਈ ਅਤੇ ਹਰੇ ਚਾਰੇ ਦਾ ਪ੍ਰਬੰਧ ਕਰਨ ਲਈ ਹਸਪਤਾਲ ਨੂੰ ਟਰੈਕਟਰ ਦੀ ਬਹੁਤ ਲੋੜ ਸੀ। ਉਨ੍ਹਾਂ ਕਿਹਾ ਕਿ ਹੁਣ ਟਰੈਕਟਰ ਦੀ ਮਦਦ ਨਾਲ ਹਰੇ ਚਾਰੇ ਤੇ ਤੂੜੀ ਆਦਿ ਨੂੰ ਇਕੱਠਾ ਕਰਨ ਵਿੱਚ ਮਦਦ ਮਿਲੇਗੀ। ਇਸ ਦੌਰਾਨ ਉਨ੍ਹਾਂ ਨੇ ਟਰੈਕਟਰ ਦਾਨ ਕਰਨ ਵਾਲੇ ਸਮੂਹ ਦਾਨੀ ਪਰਵਾਰਾਂ ਦਾ ਧੰਨਵਾਦ ਕੀਤਾ। ਇਸ ਮੌਕੇ ਸਤਪਾਲ ਸਿੰਘ ਗਰੇਵਾਲ, ਬਰਿੰਦਰ ਸਿੰਘ, ਮਨਜੀਤ ਇੰਦਰਪਾਲ ਸਿੰਘ ਢਿੱਲੋਂ, ਐੱਸ.ਪੀ. ਢਿੱਲੋਂ, ਪ੍ਰੀਤਮ ਸਿੰਘ ਗੀਹਲ, ਕੁਲਦੀਪ ਸਿੰਘ ਰੰਧਾਵਾ ਤੇ ਧਰਮਵੀਰ ਹਾਜ਼ਰ ਸਨ।

# ਯੂਰੋ ਕਿਡਜ਼ ਸਕੂਲ 'ਚ ਨੰਨ੍ਹੇ-ਮੁੰਨੇ ਬੱਚਿਆਂ ਦੇ ਡਾਂਸ ਮੁਕਾਬਲੇ

**ਜਗਰਾਉਂ (ਸੰਜੀਵ ਅਰੋੜਾ)**-ਯੂਰੋ ਕਿਡਜ਼ ਸਕੂਲ ਵਿਖੇ ਹੋਏ ਡਾਂਸ ਮੁਕਾਬਲਿਆਂ 'ਚ ਨੰਨ੍ਹੇ-ਮੁੰਨੇ ਕਲਾਕਾਰਾਂ ਨੇ ਖੂਬ ਰੰਗ ਬੰਨ੍ਹਿਆ। ਸਕੂਲ 'ਚ ਵਿਦਿਆਰਥੀਆਂ ਦੇ ਸੁਲੇਖ 'ਤੇ ਕਰਵਾਏ ਡਾਂਸ ਮੁਕਾਬਲਿਆਂ 'ਚ ਭਾਗ ਲੈਣ ਵਾਲੇ ਨੰਨ੍ਹੇ ਵਿਦਿਆਰਥੀ ਕਲਾਕਾਰ ਸਜ ਧਜ ਕੇ ਪਹੁੰਚੇ। ਉਨ੍ਹਾਂ ਆਪਣੇ ਨਿੱਕੇ ਹੱਥਾਂ ਨਾਲ ਕਾਗਜ਼ਾਂ 'ਤੇ ਵਿਸ਼ਾਲ ਸੁੰਦਰ ਸ਼ਬਦ ਸਜਾਉਂਦਿਆਂ ਆਪਣੇ ਅੰਦਰ ਲੁਕੇ ਹੁਨਰ ਨੂੰ ਉਜਾਗਰ ਕੀਤਾ।

ਮੁਕਾਬਲਿਆਂ 'ਚ ਅੰਗਦਵੀਰ ਜੇਤੂ ਰਿਹਾ। ਪਿਊਸ਼, ਰਿਆਸ਼ੂ, ਹੇਜ਼ਲ ਤੇ ਲਵਨਿਆ ਦੂਸਰਾ, ਮੌਲਿਕ ਸਿਡਾਨਾ ਤੇ ਦਿਵਯਾਸ਼ਾ ਜੈਨ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਤੋਂ ਇਲਾਵਾ ਅਮਾਇਰਾ, ਫਤਹਿਵੀਰ ਤੇ ਸੀਵਾਂਸ਼ ਗੁਪਤਾ ਨੂੰ ਵਿਸ਼ੇਸ਼ ਐਵਾਰਡ ਨਾਲ ਨਿਵਾਜਿਆ ਗਿਆ। ਡਾਂਸ ਮੁਕਾਬਲੇ 'ਚ ਅਮਾਇਰਾ ਜੇਤੂ ਰਿਹਾ। ਲਾਇਸ਼ਾ ਬਾਂਸਲ ਤੇ ਸੀਵਾਂਸ ਗੁਪਤਾ ਦੂਜੇ ਸਥਾਨ 'ਤੇ ਰਹੇ, ਜਦਕਿ ਹੇਜਲ, ਰੇਆਸ਼ ਤੇ ਵਾਰਿਸ ਤੀਸਰੇ ਸਥਾਨ 'ਤੇ ਰਹੇ। ਵਧੀਆ ਪੇਸ਼ਕਾਰੀ 'ਤੇ ਦਿਵਿਆਸ਼ਾ ਜੈਨ ਤੇ ਐਰਿਕਾ ਜੈਨ ਨੂੰ ਵਿਸ਼ੇਸ਼ ਐਵਾਰਡਾਂ ਨਾਲ ਨਿਵਾਜਿਆ ਗਿਆ। ਜੇਤੂ ਵਿਦਿਆਰਥੀਆਂ ਨੂੰ ਸਨਮਾਨਤ ਕਰਦਿਆਂ ਡਾਇਰੈਕਟਰ ਸਵਨੀਤ ਸਿੰਘ, ਪ੍ਰਿੰਸੀਪਲ ਗੁਰਜੀਤ ਕੌਰ ਨੇ ਕਿਹਾ ਕਿ ਅਜਿਹੇ ਛੋਟੇ-ਛੋਟੇ ਮੁਕਾਬਲੇ ਬੱਚਿਆਂ 'ਚ ਵੱਡੀਆਂ ਪ੍ਰਾਪਤੀਆਂ ਕਰਨ ਦਾ ਬਲ ਭਰਦੇ ਹਨ। ਇਸ ਮੌਕੇ ਜਸਮੀਤ ਕੌਰ, ਸ਼ਿਵਾਂਗੀ, ਅਰਸ਼ਦੀਪ ਕੌਰ, ਗਰਿਮਾ, ਰੂਬਲ, ਰੋਜ਼ੀ ਤੇ ਰਵਿੰਦਰ ਕੌਰ ਆਦਿ ਹਾਜ਼ਰ ਸਨ।

# ਬਾਬਾ ਫ਼ਰੀਦ ਸਕੂਲ ਆਫ਼ ਇੰਟਰਪ੍ਰੀਨਿਓਰਸ਼ਿਪ ਦੇ ਸਟਾਰਟਅਪ ਨੇ ਨਕਦ ਇਨਾਮ ਜਿੱਤਿਆ




**ਬਠਿੰਡਾ, (ਪਰਵਿੰਦਰ ਜੀਤ ਸਿੰਘ)** ਬਾਬਾ ਫ਼ਰੀਦ ਸਕੂਲ ਆਫ਼ ਇੰਟਰਪ੍ਰੀਨਿਓਰਸ਼ਿਪ ਵਿਖੇ ਤਨਿਸ਼ਕ, ਉਪਮਾਨੂ ਤੇ ਸਮੀਰ ਯਾਸੀਨ ਦੁਆਰਾ ਸ਼ੁਰੂ ਕੀਤੇ ਗਏ ਸਟਾਰਟਅੱਪ ਕੈਜ਼ਲ ਇੰਡਸਟਰੀਜ਼ ਪ੍ਰਾ. ਲਿਮ. ਨੂੰ ਨਵਿਸ਼ਕਾਰ-2023 ਵਿੱਚ 25000 ਰੁਪਏ ਦੀ ਇਨਾਮੀ ਰਾਸ਼ੀ ਪ੍ਰਾਪਤ ਹੋਈ ਹੈ। ਜ਼ਿਕਰਯੋਗ ਹੈ ਕਿ ਨਵਿਸ਼ਕਾਰ-2023 ਇੱਕ ਸਟਾਰਟਅਪ ਪਿੱਚ ਮੁਕਾਬਲਾ ਹੈ, ਜੋ ਝਾਰਖੰਡ ਸਟਾਰਟਅੱਪ ਸਮਿਟ 2023 ਦੇ ਤਹਿਤ ਨਵਚਾਰ ਰਿਸਰਚ ਇਨਕਿਊਬੇਸ਼ਨ ਐਂਡ ਇਨੋਵੇਸ਼ਨ ਕਾਉਂਸਿਲ ਦੁਆਰਾ ਆਯੋਜਿਤ ਕੀਤਾ ਗਿਆ ਸੀ। ਨਵਿਸ਼ਕਾਰ ਪ੍ਰੋਗਰਾਮ ਵਿੱਚ ਵਿਦਿਆਰਥੀਆਂ ਨੂੰ ਵਿਅਕਤੀਗਤ ਕੋਚਿੰਗ ਪ੍ਰਦਾਨ ਕਰਨਾ ਅਤੇ ਤਿਆਰ ਕਰਨਾ, ਬੂਟ ਕੈਂਪਾਂ ਨਾਲ ਸਮੱਸਿਆਵਾਂ ਦੀ ਪਛਾਣ ਕਰਨਾ ਅਤੇ ਸ਼ਾਰਟ ਲਿਸਟ ਕੀਤੇ ਉਮੀਦਵਾਰਾਂ ਲਈ ਅੰਤਰਰਾਸ਼ਟਰੀ ਸਿਖਲਾਈ ਪ੍ਰਾਪਤ ਉੱਦਮੀ ਕੋਚਾਂ ਦੁਆਰਾ ਕੋਚਿੰਗ ਸੈਸ਼ਨ ਲਗਾਉਣਾ ਆਦਿ ਸ਼ਾਮਲ ਹੈ।

ਇਸ ਈਵੈਂਟ ਦੀ ਸ਼ੁਰੂਆਤ ਵਿੱਚ ਜਮਾਂ ਕੀਤੀਆਂ ਅਰਜ਼ੀਆਂ ਨੂੰ ਸ਼ਾਰਟ ਲਿਸਟ ਕਰ ਕੇ ਵਿਚਾਰਾਂ ਦੀ ਸਮੀਖਿਆ ਲਈ ਪੇਸ਼ਕਾਰੀਆਂ ਅਤੇ ਚੁਣੇ ਗਏ ਉਮੀਦਵਾਰਾਂ ਲਈ ਬੂਟ ਕੈਂਪ ਆਯੋਜਿਤ ਕੀਤੇ ਗਏ। ਇਸ ਤੋਂ ਬਾਅਦ ਗਰੈਂਡ ਫਿਨਾਲੇ ਵਿੱਚ ਚੁਣੀਆਂ 8 ਟੀਮਾਂ ਨੇ ਦਰਸ਼ਕਾਂ ਅਤੇ ਮਾਹਿਰਾਂ ਦੇ ਸਾਹਮਣੇ ਆਪਣੇ ਸਟਾਰਟ ਅੱਪ ਬਾਰੇ ਵਿਚਾਰ ਪੇਸ਼ ਕੀਤੇ। ਮਾਹਿਰਾਂ ਨੇ ਸਟਾਰਟਅੱਪ ਕੈਜ਼ਲ ਇੰਡਸਟਰੀਜ਼ ਪ੍ਰਾ. ਲਿਮ. ਦੀ ਬਹੁਤ ਸ਼ਲਾਘਾ ਕੀਤੀ ਅਤੇ 25000 ਰੁਪਏ ਦੇ ਇਨਾਮ ਲਈ ਚੁਣ ਲਿਆ। ਜੱਜਮੈਂਟ ਪੈਨਲ ਵਿੱਚ ਸ਼੍ਰੇਯਾਨ ਡਾਗਾ, ਸਹਿ-ਸੰਸਥਾਪਕ, ਓ.ਐਲ.ਐਲ; ਮਹਾਵੀਰ ਪ੍ਰਤਾਪ ਸ਼ਰਮਾ, ਚੇਅਰ, ਟੀ.ਆਈ.ਈ. ਇੰਡੀਆ ਏਂਜਲਸ ਐਂਡ ਰੇਨ; ਪ੍ਰੀਤੀ ਚੌਧਰੀ, ਸੰਸਥਾਪਕ, ਮੱਧ ਭਾਰਤ ਏਂਜਲਸ; ਚਿੰਤਨ ਓਜ਼ਾ, ਕੌਂਸਲ ਮੈਂਬਰ ਐਸ 20 ਸੰਸਥਾਪਕ ਅਨੰਤਮ; ਅਤੀਤ ਕੁਮਾਰ, ਏ.ਜੀ.ਐਮ., ਪੇਟੀਐਮ ਪੇਮੈਂਟ ਬੈਂਕ; ਰਾਜੇਸ਼ ਐਡਲਾ, ਸੀ.ਈ.ਓ., ਏ.ਆਈ.ਸੀ.-ਟੀ ਹੱਬ ਅਤੇ ਨਦੀਮ ਅਹਿਮਦ, ਮੁਖੀ, ਵੀ.ਬੀ. ਐਂਡ ਇਨਵੈਸਟਮੈਂਟਸ ਫਰੀਫਲੋ ਆਦਿ ਸ਼ਾਮਲ ਸਨ। ਬੀ.ਐਫ.ਜੀ.ਆਈ. ਦੇ ਚੇਅਰਮੈਨ ਡਾ. ਗੁਰਮੀਤ ਸਿੰਘ ਧਾਲੀਵਾਲ ਨੇ ਸਟਾਰਟਅੱਪ ਅਤੇ ਇਨਕਿਊਬੇਟਰ ਟੀਮ ਨੂੰ ਵਧਾਈ ਦਿੱਤੀ।

# ਨਸ਼ੇ ਦੀਆਂ ਗੋਲੀਆਂ, ਹੈਰੋਇਨ ਤੇ ਡਰੱਗ ਮਨੀ ਸਮੇਤ 4 ਕਾਬੂ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** -ਦੋ ਵੱਖ-ਵੱਖ ਥਾਣਿਆਂ ਦੀ ਪੁਲਸ ਵੱਲੋਂ ਵੱਖ-ਵੱਖ ਮਾਮਲਿਆਂ 'ਚ 180 ਨਸ਼ੇ ਦੀਆਂ ਗੋਲੀਆਂ, 30 ਗ੍ਰਾਮ ਹੈਰੋਇਨ ਅਤੇ 2,41,000 ਰੁਪਏ ਦੀ ਡਰੱਗ ਮਨੀ ਸਮੇਤ ਚਾਰ ਵਿਅਕਤੀਆਂ ਨੂੰ ਗ੍ਰਿਫਤਾਰ ਕੀਤੇ ਜਾਣ ਦਾ ਸਮਾਚਾਰ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਥਾਣਾ ਮੰਡੀ ਗੋਬਿੰਦਗੜ੍ਹ ਦੀ ਪੁਲਸ ਪਾਰਟੀ ਵੱਲੋਂ ਮੰਡੀ ਗੋਬਿੰਦਗੜ੍ਹ ਦੀ ਮਾਸਟਰ ਕਲੋਨੀ ਨਜ਼ਦੀਕ ਕੀਤੀ ਗਈ ਨਾਕਾਬੰਦੀ ਦੌਰਾਨ ਪੈਦਲ ਆ ਰਹੇ ਕਮਲੇਸ਼ ਵਾਸੀ ਮਾਸਟਰ ਕਲੋਨੀ ਨੂੰ ਸ਼ੱਕ ਦੇ ਆਧਾਰ 'ਤੇ ਰੋਕਿਆ ਗਿਆ ਜਿਸ ਉਪਰੰਤ ਸਹਾਇਕ ਥਾਣੇਦਾਰ ਜਸਪਾਲ ਸਿੰਘ ਵੱਲੋਂ ਲਈ ਗਈ ਤਲਾਸ਼ੀ ਦੌਰਾਨ ਕਮਲੇਸ਼ ਦੇ ਕਬਜ਼ੇ 'ਚੋਂ 180 ਨਸ਼ੀਲੀਆਂ ਗੋਲੀਆਂ ਐਲਪ੍ਰਾਜ਼ੋਲਮ ਅਤੇ 2,41,000 ਦੀ ਡਰੱਗ ਮਨੀ ਬਰਾਮਦ ਹੋਈ ਜਿਸ 'ਤੇ ਉਸ ਨੂੰ ਗ੍ਰਿਫਤਾਰ ਕਰ ਲਿਆ ਗਿਆ। ਇੱਕ ਵੱਖਰੇ ਮਾਮਲੇ 'ਚ ਲੁਧਿਆਣਾ-ਚੰਡੀਗੜ੍ਹ ਹਾਈਵੇ 'ਤੇ ਯਾਦਗਾਰੀ ਗੇਟ ਨਜ਼ਦੀਕ ਗਸ਼ਤ ਕਰ ਰਹੀ ਥਾਣਾ ਖਮਾਣੋਂ ਦੀ ਪੁਲਸ ਪਾਰਟੀ ਵੱਲੋਂ ਪਲਵਿੰਦਰ ਸਿੰਘ ਉਰਫ ਭਿੰਦਾ, ਦਲਵੀਰ ਸਿੰਘ ਉਰਫ ਦੱਲੀ ਅਤੇ ਬੂਟਾ ਸਿੰਘ ਵਾਸੀਆਨ ਪਿੰਡ ਲਖਣਪੁਰ ਦੀ ਲਈ ਗਈ ਤਲਾਸ਼ੀ ਦੌਰਾਨ ਉਨ੍ਹਾਂ ਦੇ ਕਬਜ਼ੇ 'ਚੋਂ 30 ਗ੍ਰਾਮ ਹੈਰੋਇਨ ਬਰਾਮਦ ਹੋਣ 'ਤੇ ਤਿੰਨਾਂ ਨੂੰ ਐਨ.ਡੀ.ਪੀ.ਐਸ. ਐਕਟ ਤਹਿਤ ਗ੍ਰਿਫਤਾਰ ਕਰ ਲਿਆ ਗਿਆ।

# ਸਰਕਾਰ ਬਣਾਏਗੀ ਪੰਜਾਬ ਨੂੰ ਰੰਗਲਾ ਪੰਜਾਬ : ਇਸ਼ੂ ਪਾਸੀ

**ਹਠੂਰ/ਰਾਏਕੋਟ (ਨਛੱਤਰ ਸੰਧੂ)** ਜਦੋਂ ਦੀ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਆਈ ਹੈ, ਉਦੋਂ ਤੋਂ ਹੀ ਲੋਕਾਂ ਨੂੰ ਸਹੂਲਤਾਂ ਮਿਲਣੀਆਂ ਸ਼ੁਰੂ ਹੋ ਚੁੱਕੀਆਂ ਹਨ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਸੀਨੀਅਰ ਯੂਥ ਆਗੂ ਇਸ਼ੂ ਪਾਸੀ (ਰਾਏਕੋਟੀ) ਨੇ ਕੀਤਾ।

ਉਨ੍ਹਾਂ ਕਿਹਾ ਕਿ ਮਾਨ ਸਰਕਾਰ ਨੇ ਪਹਿਲੇ ਸਾਲ ਵਿੱਚ ਲੋਕਾਂ ਨੂੰ ਸਹੂਲਤਾਂ ਦੇਣ ਵਿੱਚ ਹਨੇਰੀ ਲਿਆ ਕੇ ਰੱਖ ਦਿੱਤੀ ਹੈ। ਮਾਨ ਸਰਕਾਰ ਨੇ ਵੋਟਾਂ ਸਮੇਂ ਜੋ ਵਾਅਦੇ ਕੀਤੇ ਸਨ, ਉਸ ਨੂੰ ਇੱਕ-ਇੱਕ ਕਰਕੇ ਪੂਰਾ ਕਰ ਰਹੀ ਹੈ। ਯੂਥ ਆਗੂ ਇਸ਼ੂ ਪਾਸੀ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਪੰਜਾਬ ਦੇ 12719 ਕੱਚੇ ਅਧਿਆਪਕਾਂ ਨੂੰ ਪੱਕਾ ਕਰਕੇ ਪੰਜਾਬ ਵਾਸੀਆਂ ਨੂੰ ਵੱਡਾ ਤੋਹਫ਼ਾ ਦਿੱਤਾ ਹੈ ਤੇ ਅਧਿਆਪਕਾਂ ਦੇ ਘਰਾਂ ਵਿੱਚ ਇੱਕ ਖੁਸ਼ੀ ਦਾ ਮਾਹੌਲ ਹੈ।

ਉਨ੍ਹਾਂ ਕਿਹਾ ਕਿ ਅੱਜ ਹੜ੍ਹਾਂ ਵਰਗੇ ਹਾਲਾਤ ਵਿੱਚ ਪੰਜਾਬ ਦੀ ਮਾਨ ਸਰਕਾਰ ਵੱਲੋ ਪਿੰਡ ਪਿੰਡ ਪੱਧਰ ਤੇ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕਰਕੇ ਲੋਕਾਂ ਨੂੰ ਹਰ ਸਹੂਲਤ ਦੇ ਕੇ ਉਨ੍ਹਾਂ ਨੂੰ ਵੱਡੀ ਰਾਹਤ ਦਿੱਤੀ ਜਾ ਰਹੀ ਹੈ। ਇਹ ਮਾਨ ਸਰਕਾਰ ਦੀ ਬਹੁਤ ਵੱਡੀ ਪ੍ਰਾਪਤੀ ਹੈ ਤੇ ਪੰਜਾਬ ਦੇ ਲੋਕ ਮਾਨ ਸਰਕਾਰ ਦੀ ਸ਼ਲਾਘਾ ਕਰ ਰਹੇ ਹਨ।

# ਨਜਾਇਜ਼ ਸੰਬੰਧ ਬਣਾਉਣ ਕਾਰਨ ਹੋਏ ਕਤਲ ਦੇ ਦੋਵੇਂ ਕਥਿਤ ਦੋਸ਼ੀ ਕਾਬੂ



**ਫ਼ਤਹਿਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ)**-ਪਿੰਡ ਬੁੱਚੜਾਂ ਨੇੜੇ ਬਣ ਰਹੇ ਬ੍ਰਿਧ ਆਸ਼ਰਮ ਕੋਲ ਹੋਏ ਇੱਕ ਕਤਲ ਦੇ ਦੋਵੇਂ ਕਥਿਤ ਦੋਸ਼ੀਆਂ ਨੂੰ ਪੁਲਸ ਵੱਲੋਂ ਗ੍ਰਿਫਤਾਰ ਕਰ ਲਿਆ ਗਿਆ। ਕਾਬੂ ਕੀਤੇ ਗਏ ਕਥਿਤ ਦੋਸ਼ੀਆਂ ਪਾਸੋਂ ਇੱਕ ਕਾਲੇ ਰੰਗ ਦਾ ਸਪਲੈਂਡਰ ਮੋਟਰਸਾਈਕਲ ਅਤੇ ਤੇਜ਼ਧਾਰ ਚਾਕੂ ਵੀ ਬਰਾਮਦ ਕੀਤਾ ਗਿਆ ਹੈ। ਇਹ ਜਾਣਕਾਰੀ ਜ਼ਿਲ੍ਹਾ ਪੁਲਸ ਮੁਖੀ ਡਾ. ਰਵਜੋਤ ਗਰੇਵਾਲ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਦਿੱਤੀ। ਉਨ੍ਹਾ ਦੱਸਿਆ ਕਿ ਬੀਤੀ 29 ਜੁਲਾਈ ਨੂੰ ਥਾਣਾ ਸਰਹਿੰਦ ਦੇ ਮੁੱਖ ਥਾਣਾ ਅਫਸਰ ਇਸਪੈਕਟਰ ਗੁਰਦੀਪ ਸਿੰਘ ਕੋਲ ਜਸਵੀਰ ਕੌਰ ਪਤਨੀ ਸੁਰਿੰਦਰ ਸਿੰਘ ਉਰਫ ਸ਼ਿੰਦਾ ਪੁੱਤਰ ਕਰਨੈਲ ਸਿੰਘ ਵਾਸੀ ਪਿੰਡ ਮੇਦਪੁਰਾ ਥਾਣਾ ਸਰਹਿੰਦ ਨੇ ਬਿਆਨ ਦਰਜ ਕਰਵਾਇਆ ਸੀ ਕਿ 28 ਜੁਲਾਈ ਨੂੰ ਜਸਵੀਰ ਕੌਰ ਆਪਣੇ ਪਤੀ ਸੁਰਿੰਦਰ ਸਿੰਘ ਨਾਲ ਮੋਟਰਸਾਈਕਲ ਉਪਰ ਅਤੇ ਜਸਵੀਰ ਕੌਰ ਦਾ ਭਤੀਜਾ ਗੁਰਜੀਤ ਸਿੰਘ ਤੇ ਉਸ ਦਾ ਦੋਸਤ ਸੁਖਵੀਰ ਸਿੰਘ ਉਰਫ ਸੁੱਖ ਆਪਣੇ ਮੋਟਰਸਾਈਕਲਾਂ 'ਤੇ ਸਵਾਰ ਹੋ ਕੇ ਪਿੰਡ ਬੁੱਚੜਾਂ ਨੇੜੇ ਬਣ ਰਹੇ ਬ੍ਰਿਧ ਆਸ਼ਰਮ ਵਿਖੇ ਖਾਣ-ਪੀਣ ਲਈ ਗਏ ਸਨ। ਜਦੋਂ ਸੁਰਿੰਦਰ ਸਿੰਘ ਕਾਫੀ ਦੇਰ ਤੱਕ ਵਾਪਸ ਨਾ ਆਇਆ ਤਾਂ ਜਸਵੀਰ ਕੌਰ ਵੀ ਬ੍ਰਿਧ ਆਸ਼ਰਮ ਚਲੀ ਗਈ। ਜਸਵੀਰ ਕੌਰ ਨੇ ਦੱਸਿਆ ਕਿ ਉਸ ਨੇ ਵੇਖਿਆ ਕਿ ਗੁਰਜੀਤ ਸਿੰਘ ਅਤੇ ਸੁਖਵੀਰ ਸਿੰਘ ਉਰਫ ਸੁੱਖੂ ਨੇ ਉਸ ਦੇ ਘਰਵਾਲੇ ਸੁਰਿੰਦਰ ਸਿੰਘ ਨੂੰ ਜ਼ਮੀਨ 'ਤੇ ਸੁੱਟਿਆ ਹੋਇਆ ਸੀ ਅਤੇ ਸੁਖਵੀਰ ਸਿੰਘ ਨੇ ਸੁਰਿੰਦਰ ਸਿੰਘ ਦੀਆਂ ਦੋਵੇਂ ਬਾਹਵਾਂ ਫੜੀਆਂ ਹੋਈਆਂ ਸਨ। ਜਸਵੀਰ ਕੌਰ ਦੇ ਵੇਖਦੇ-ਵੇਖਦੇ ਗੁਰਜੀਤ ਸਿੰਘ ਨੇ ਆਪਣੇ ਸੱਜੇ ਹੱਥ ਵਿੱਚ ਫੜੇ ਚਾਕੂ ਨਾਲ ਸੁਰਿੰਦਰ ਸਿੰਘ ਦੇ ਗਲੇ 'ਤੇ ਕਾਫੀ ਵਾਰ ਕੀਤੇ ਜਿਸ ਨਾਲ ਸੁਰਿੰਦਰ ਸਿੰਘ ਖੂਨ ਨਾਲ ਲੱਥਪੱਥ ਹੋ ਗਿਆ। ਵਾਹਨ ਦਾ ਇੰਤਜ਼ਾਮ ਕਰਕੇ ਸੁਰਿੰਦਰ ਸਿੰਘ ਨੂੰ ਸਿਵਲ ਹਸਪਤਾਲ ਫ਼ਤਹਿਗੜ੍ਹ ਸਾਹਿਬ ਵਿਖੇ ਦਾਖਲ ਕਰਵਾਇਆ ਗਿਆ ਜਿਥੇ ਡਾਕਟਰ ਵੱਲੋਂ ਉਸ ਨੂੰ ਮ੍ਰਿਤਕ ਕਰਾਰ ਦਿੱਤਾ ਗਿਆ। ਜਸਵੀਰ ਕੌਰ ਦੇ ਬਿਆਨ ਦੇ ਅਧਾਰ 'ਤੇ ਪੁਲਸ ਨੇ ਦੋਵੇਂ ਕਥਿਤ ਦੋਸ਼ੀਆਂ ਵਿਰੁੱਧ ਧਾਰਾ 302 ਤੇ 34 ਅਧੀਨ ਥਾਣਾ ਸਰਹਿੰਦ ਵਿਖੇ 29 ਜੁਲਾਈ ਨੂੰ ਮੁਕੱਦਮਾ ਦਰਜ ਕੀਤਾ ਸੀ। ਜ਼ਿਲ੍ਹਾ ਪੁਲਸ ਮੁਖੀ ਨੇ ਦੱਸਿਆ ਕਿ ਪੁਲਸ ਤਫਤੀਸ਼ ਦੌਰਾਨ ਇਹ ਰੰਜਿਸ਼ ਦੀ ਇਹ ਵਜ੍ਹਾ ਸਾਹਮਣੇ ਆਈ ਕਿ ਮ੍ਰਿਤਕ ਸੁਰਿੰਦਰ ਸਿੰਘ ਕਥਿਤ ਦੋਸ਼ੀ ਗੁਰਜੀਤ ਸਿੰਘ ਦਾ ਸ਼ਰੀਕੇ ਵਿੱਚੋਂ ਫੁੱਫੜ ਲਗਦਾ ਸੀ, ਜੋ ਕਥਿਤ ਦੋਸ਼ੀ ਗੁਰਜੀਤ ਸਿੰਘ ਦੀ ਪਤਨੀ 'ਤੇ ਗਲਤ ਨਿਗ੍ਹਾ ਰੱਖਦਾ ਸੀ। 29 ਜੁਲਾਈ 2023 ਨੂੰ ਮ੍ਰਿਤਕ ਸੁਰਿੰਦਰ ਸਿੰਘ ਕਥਿਤ ਦੋਸ਼ੀ ਗੁਰਜੀਤ ਸਿੰਘ ਅਤੇ ਸੁਖਵੀਰ ਸਿੰਘ ਨੇ ਪਹਿਲਾਂ ਤਾਂ ਇਕੱਠੇ ਸ਼ਰਾਬ ਪੀਤੀ ਅਤੇ ਇਸੇ ਦੌਰਾਨ ਗੁਰਜੀਤ ਸਿੰਘ ਨੇ ਸੁਰਿੰਦਰ ਸਿੰਘ ਪਾਸੋਂ ਉਧਾਰ ਪੈਸਿਆਂ ਦੀ ਮੰਗ ਕੀਤੀ ਤਾਂ ਸੁਰਿੰਦਰ ਸਿੰਘ ਨੇ ਉਸ ਪਾਸੋਂ ਉਸ ਦੀ ਪਤਨੀ ਨਾਲ ਰਹਿਣ ਸੰਬੰਧੀ ਗਲਤ ਮੰਗ ਕੀਤੀ ਤਾਂ ਕਥਿਤ ਦੋਸ਼ੀ ਗੁਰਜੀਤ ਸਿੰਘ ਗੁੱਸੇ ਵਿੱਚ ਆ ਗਿਆ ਅਤੇ ਤਿੰਨੇ ਜਾਣੇ ਆਪਸ ਵਿੱਚ ਹੱਥੋਪਾਈ ਹੋ ਗਏ। ਗੁਰਜੀਤ ਸਿੰਘ ਅਤੇ ਸੁਖਵੀਰ ਸਿੰਘ ਨੇ ਮਿਲ ਕੇ ਸੁਰਿੰਦਰ ਸਿੰਘ ਦੇ ਗਲ 'ਤੇ ਚਾਕੂ ਦਾ ਵਾਰ ਕੀਤੇ ਜਿਸ ਦੌਰਾਨ ਉਸ ਦੀ ਮੌਤ ਹੋ ਗਈ। ਡਾ. ਗਰੇਵਾਲ ਨੇ ਦੱਸਿਆ ਕਿ ਪੁਲਸ ਨੇ ਜਸਵੀਰ ਕੌਰ ਦੀ ਸ਼ਨਾਖਤ 'ਤੇ ਕਥਿਤ ਦੋਸ਼ੀ ਗੁਰਜੀਤ ਸਿੰਘ ਪੁੱਤਰ ਸੁਖਦੇਵ ਸਿੰਘ ਵਾਸੀ ਪਿੰਡ ਹਰਪਾਲਪੁਰ, ਥਾਣਾ ਖੇੜੀ ਗੰਢਿਆਂ, ਜ਼ਿਲ੍ਹਾ ਪਟਿਆਲਾ ਨੂੰ 29 ਜੁਲਾਈ ਨੂੰ ਸਰਹਿੰਦ ਨਜ਼ਦੀਕ ਨਵੇਂ ਬੱਸ ਸਟੈਂਡ ਤੋਂ ਗ੍ਰਿਫਤਾਰ ਕਰ ਲਿਆ ਅਤੇ 30 ਜੁਲਾਈ ਨੂੰ ਦੂਸਰੇ ਕਥਿਤ ਦੋਸ਼ੀ ਸੁਖਵੀਰ ਸਿੰਘ ਉਰਫ ਸੁੱਖੂ ਪੁੱਤਰ ਜਗਤਾਰ ਸਿੰਘ ਵਾਸੀ ਪਿੰਡ ਬਵਾਨੀ ਕਲਾਂ, ਥਾਣਾ ਪੁਖਰਾਲੀ ਜ਼ਿਲ੍ਹਾ ਰੂਪਨਗਰ ਨੂੰ ਵਾਰਦਾਤ ਸਮੇਂ ਵਰਤੇ ਗਏ ਕਾਲੇ ਰੰਗ ਦੇ ਸਪਲੈਂਡਰ ਮੋਟਰਸਾਈਕਲ ਨੰ: ਪੀ.ਬੀ.-39-ਬੀ-0966 ਸਮੇਤ ਪਿੰਡ ਫਾਟਕ ਮਾਜਰੀ ਤੋਂ ਗ੍ਰਿਫਤਾਰ ਕੀਤਾ ਗਿਆ ਜਿਸ ਪਾਸੋਂ ਮ੍ਰਿਤਕ ਸੁਰਿੰਦਰ ਸਿੰਘ ਦਾ ਪਰਸ ਨਬੀਪੁਰ ਨਹਿਰ ਦੇ ਨਜ਼ਦੀਕ ਝਾੜੀਆਂ ਵਿੱਚੋਂ ਬਰਾਮਦ ਕਰਵਾਇਆ ਗਿਆ। ਕਥਿਤ ਦੋਸ਼ੀਆਂ ਗੁਰਜੀਤ ਸਿੰਘ ਅਤੇ ਸੁਖਵੀਰ ਸਿੰਘ ਉਰਫ ਸੁੱਖੂ ਵੱਲੋਂ ਵਾਰਦਾਤ ਵਿੱਚ ਵਰਤਿਆ ਗਿਆ ਤੇਜ਼ਧਾਰ ਚਾਕੂ ਜੋ ਕਿ ਇਨ੍ਹਾਂ ਨੇ ਪਿੰਡ ਸੈਦਪੁਰ ਨੇੜੇ ਪੀਰ ਬਾਬੇ ਦੀ ਜਗ੍ਹਾ ਝਾੜੀਆਂ ਵਿੱਚ ਛੁਪਾਇਆ ਹੋਇਆ ਸੀ ਅਤੇ ਵਾਰਦਾਤ ਸਮੇਂ ਕਥਿਤ ਦੋਸ਼ੀ ਗੁਰਜੀਤ ਸਿੰਘ ਦੇ ਪਹਿਨੇ ਕੱਪੜੇ ਵੀ ਬਰਾਮਦ ਕਰ ਲਏ ਗਏ ਹਨ। ਉਨ੍ਹਾਂ ਦੱਸਿਆ ਕਿ ਦੋਵੇਂ ਕਥਿਤ ਦੋਸ਼ੀ ਪੁਲਿਸ ਰਿਮਾਂਡ 'ਤੇ ਹਨ ਅਤੇ ਮਾਮਲੇ ਦੀ ਤਫਤੀਸ਼ ਜਾਰੀ ਹੈ।

# ਰਮਨਦੀਪ ਸਿੰਘ ਭੰਗਾਚੜ੍ਹੀ ਹੋਏ ਭਾਜਪਾ 'ਚ ਸ਼ਾਮਲ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)** ਪੰਥਕ ਸਫ਼ਾਂ 'ਚ ਭਾਰਤੀ ਜਨਤਾ ਪਾਰਟੀ ਨੇ ਧਮਾਕੇਦਾਰ ਦਾਖਲਾ ਲੈਂਦਿਆਂ ਉੱਘੇ ਪੰਥਕ ਅਤੇ ਧਾਰਮਿਕ ਆਗੂਆਂ ਰਮਨਦੀਪ ਸਿੰਘ ਭੰਗਚੜ੍ਹੀ ਅਤੇ ਉਨ੍ਹਾਂ ਦੇ ਵੱਡੇ ਕਾਫਲੇ ਨੂੰ ਭਾਜਪਾ ਦਾ ਹਿੱਸਾ ਬਣਾਉਂਦਿਆਂ ਸਾਰ ਹੀ ਪੰਜਾਬ ਭਾਜਪਾ ਦਾ ਅਹਿਮ ਅੰਗ ਐਲਾਨਿਆ ਹੈ। ਦੱਸਣਯੋਗ ਹੈ ਕਿ ਪਿੰਡ ਭੰਗਚੜ੍ਹੀ ਨਾਲ ਸਬੰਧਤ ਪੁਨੀਆਂ ਪਰਵਾਰ ਦਾ ਇਹ ਫਰਜੰਦ ਪਹਿਲਾਂ ਤੋਂ ਹੀ ਗੈਰ-ਸਮਾਜੀ ਅਨਸਰਾਂ ਦੀਆਂ ਅੱਖਾਂ 'ਚ ਰੜਕਦਾ ਹੋਣ ਕਰਕੇ ਉਕਤ ਆਗੂ 'ਤੇ ਬੰਬਾਂ ਨਾਲ ਹਮਲੇ ਵੀ ਹੋ ਚੁੱਕੇ ਹਨ। ਭਾਈ ਰਮਨਦੀਪ ਸਿੰਘ ਭੰਗਚੜ੍ਹੀ ਦੀ ਇਹ ਪੰਥਪ੍ਰਸਤੀ, ਇਹਨਾਂ ਦੇ ਮਜਬੂਤ ਲੋਕ ਅਧਾਰ ਦਾ ਮੁੱਢ ਬੰਨ੍ਹ ਚੁੱਕੀ ਹੈ, ਜਿਸ ਕਰਕੇ ਅੱਜ ਪੰਜਾਬ ਭਾਜਪਾ 'ਚ ਭਾਈ ਰਮਨਦੀਪ ਸਿੰਘ ਭੰਗਚੜ੍ਹੀ ਦੀ ਅਧਿਕਾਰਿਕ ਸ਼ਮੂਲੀਅਤ ਹੋ ਗਈ। ਮਾਝਾ ਖੇਤਰ ਦੇ ਹਲਕਾ ਖੇਮਕਰਨ ਤੋਂ ਪੰਜਾਬ ਭਾਜਪਾ ਦੀ ਕਾਰਜਕਰਨੀ ਦੇ ਮੈਂਬਰ ਅਨੂਪ ਸਿੰਘ ਭੁੱਲਰ ਨੇ ਇਸ ਗਠਜੋੜ ਵਾਸਤੇ ਇੱਕ 'ਹੁੱਕ' ਦਾ ਕਾਰਜ ਕੀਤਾ। ਭਾਜਪਾ ਦੇ ਕੇਂਦਰੀ ਆਗੂ ਜੋ ਬੀਤੇ ਲੰਮੇ ਸਮੇਂ ਤੋਂ ਭਾਈ ਰਮਨਦੀਪ ਸਿੰਘ ਭੰਗਚੜ੍ਹੀ ਦੇ ਸੰਪਰਕ 'ਚ ਰਹਿ ਕੇ ਇਨ੍ਹਾਂ ਤੱਕ ਆਸਵੰਦ ਸਨ, ਦੀਆਂ ਆਸਾਂ ਨੂੰ ਬੂਰ ਪਵਾਉਣ ਦਾ ਕਾਰਜ ਅਨੂਪ ਸਿੰਘ ਭੁੱਲਰ ਸਦਕਾ ਕੋਟਕਪੂਰਾ ਵਿਖੇ ਹੋਏ ਇੱਕ ਪ੍ਰਭਾਵਸ਼ਾਲੀ ਸਮਾਗਮ ਵਿੱਚ ਮੁਕੰਮਲ ਹੋਇਆ। ਇਸ ਸਮਾਗਮ 'ਚ ਪੰਜਾਬ ਦੇ ਧਾਕੜ ਸਿਆਸੀ ਚਿਹਰੇ ਜਿਸ 'ਚ ਪੰਜਾਬ ਭਾਜਪਾ ਦੇ ਸੁਨੀਲ ਜਾਖੜ ਦੇ ਨਾਲ ਭਾਜਪਾ ਦੇ ਸੰਗਠਨ ਮਹਾਂ-ਮੰਤਰੀ ਸ੍ਰੀਨਿਵਾਸਲੂ, ਗੁਰਪ੍ਰੀਤ ਸਿੰਘ ਕਾਂਗੜ, ਬੀਬੀ ਦਮਨ ਥਿੰਦ ਬਾਜਵਾ, ਦਿਆਲ ਸਿੰਘ ਸੋਢੀ, ਮੋਗਾ ਤੋਂ ਵਿਧਾਇਕ ਰਹਿ ਚੁੱਕੇ ਹਰਜੋਤ ਕਮਲ ਸਮੇਤ ਸੈਂਕੜਿਆਂ ਦੀ ਗਿਣਤੀ 'ਚ ਭਾਜਪਾ ਆਗੂ ਅਤੇ ਵਰਕਰ ਸਾਮਲ ਹੋਏ।

# ਐੱਸ ਸੀ ਕਮਿਸ਼ਨ ਦੇ ਸਾਬਕਾ ਚੇਅਰਮੈਨ ਵਿਜੈ ਸਾਂਪਲਾ ਮਲੋਟ ਪਹੁੰਚੇ



**ਮਲੋਟ (ਗੁਰਮੀਤ ਸਿੰਘ ਮੱਕੜ)** ਐਸ.ਸੀ ਕਮਿਸ਼ਨ ਦੇ ਸਾਬਕਾ ਚੇਅਰਮੈਨ ਤੇ ਭਾਜਪਾ ਆਗੂ ਵਿਜੈ ਸਾਂਪਲਾ ਨੇ ਮਲੋਟ ਪਹੁੰਚ ਕੇ ਵਰਕਰਾਂ ਨਾਲ ਮੀਟਿੰਗ ਕੀਤੀ।

ਉਨ੍ਹਾਂ ਕਿਹਾ ਕਿ 2024 ਦੀਆਂ ਚੋਣਾਂ ਭਾਜਪਾ ਪਾਰਟੀ ਨਾਲ ਸਮਝੌਤਾ ਕਰਨ ਲਈ ਹੋਰ ਵੀ ਕਈ ਪਾਰਟੀਆਂ ਆ ਰਹੀਆਂ ਹਨ। ਉਨ੍ਹਾਂ ਕਿਹਾ ਕਿ ਪੂਰੇ ਦੇਸ਼ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵਰਗਾ ਲੀਡਰ ਨਹੀਂ ਮਿਲ ਸਕਦਾ। ਪੁੱਛੇ ਜਾਣ 'ਤੇ ਉਨ੍ਹਾਂ ਕਿਹਾ ਕਿ ਭਾਜਪਾ ਦੀ ਕੇਂਦਰ ਸਰਕਾਰ ਦੀਆਂ ਬਹੁਤ ਹੀ ਜ਼ਿਆਦਾ ਪ੍ਰਾਪਤੀਆਂ ਹਨ ਅਤੇ ਲੋਕ ਇਸ ਤੋਂ ਚੰਗੀ ਤਰ੍ਹਾਂ ਜਾਣੂੰ ਹਨ।ਇਸ ਮੌਕੇ ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਜੋ ਬਿਆਨ ਦਿੱਤਾ ਹੈ ਕਿ ਸਾਨੂੰ ਕੇਂਦਰ ਕੋਲੋਂ ਪੈਸੇ ਮੰਗਣ ਦੀ ਲੋੜ ਨਹੀਂ ਹੈ, ਇਹ ਬਿਆਨ ਵਿਚ ਪਤਾ ਲੱਗਦਾ ਹੈ ਕਿ ਉਨ੍ਹਾਂ ਦੀ ਕੇਦਰ ਸਰਕਾਰ ਨਾਲ ਨਿੱਜੀ ਲੜਾਈ ਹੈ। ਨਾਲ ਹੀ ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਦਾ ਕੰਮ ਹੁੰਦਾ ਹੈ ਕਿ ਉਹ ਪੰਜਾਬ ਦੇ ਹਿੱਤਾਂ ਦੀ ਗੱਲ ਕਰਨ ਨਾ ਕਿ ਕਿਸੇ ਨਾਲ ਆਪਸੀ ਰੰਜਿਸ਼ ਰੱਖਣ ਦੀ।

ਉਨ੍ਹਾਂ ਕਿਹਾ ਕਿ ਇੱਕ ਪਾਸੇ ਪੰਜਾਬ ਸਰਕਾਰ ਇਹ ਕਹਿ ਰਹੀ ਹੈ ਕਿ ਸਾਨੂੰ ਪੈਸੇ ਦੀ ਜ਼ਰੂਰਤ ਨਹੀਂ ਹੈ ਅਤੇ ਦੂਜੇ ਪਾਸੇ ਇਹ ਬਿਆਨ ਦੇਣਾ ਕਿ ਸਾਨੂੰ ਕੇਂਦਰ ਸਰਕਾਰ ਪੈਸੇ ਨਹੀਂ ਦੇ ਰਹੀ ।

ਜਦੋਂ ਪੰਜਾਬ ਸਰਕਾਰ ਨੂੰ ਪੈਸਿਆਂ ਦੀ ਜ਼ਰੂਰਤ ਹੀ ਨਹੀਂ ਹੈ ਤਾਂ ਫਿਰ ਕੇਂਦਰ ਸਰਕਾਰ ਨੂੰ ਉਲਾਭਾ ਕਿਸ ਗੱਲ ਦਾ ਦਿੱਤਾ ਜਾ ਰਿਹਾ ਹੈ।ਐਨ.ਆਈ.ਏ ਦੀਆਂ ਪੰਜਾਬ ਵਿਚ ਹੋ ਰਹੀਆਂ ਰੇਡਾਂ 'ਤੇ ਬੋਲਦਿਆਂ ਕਿਹਾ ਕਿ ਉਹ ਆਪਣਾ ਕੰਮ ਬਹੁਤ ਚੰਗੀ ਤਰ੍ਹਾਂ ਕਰ ਰਹੇ ਹਨ ਤੇ ਜਦੋਂ ਪੰਜਾਬ ਦੀ ਜਵਾਨੀ ਦੀ ਵੱਲ ਦੇਖਦੇ ਹਾਂ ਤਾਂ ਪੰਜਾਬ ਦੀ ਜਵਾਨੀ ਲਗਾਤਾਰ ਨਸ਼ਿਆਂ ਵਿਚ ਗਲਤਾਨ ਹੋ ਚੁੱਕੀ ਹੈ ਅਤੇ ਨਸ਼ਾ ਤਸਕਰਾਂ ਤੇ ਲਗਾਤਾਰ ਸ਼ਿਕੰਜਾ ਕੱਸਣਾ ਚਾਹੀਦਾ ਹੈ।

# 'ਸਰਕਾਰ ਤੁਹਾਡੇ ਦੁਆਰ' ਪ੍ਰੋਗਰਾਮ ਤਹਿਤ ਲੋਕਾਂ ਦੀਆਂ ਸਮੱਸਿਆਵਾਂ ਦਾ ਮੌਕੇ 'ਤੇ ਹੀ ਕੀਤਾ ਹੱਲ : ਸੰਧਵਾਂ



**ਕੋਟਕਪੂਰਾ, (ਰਛਪਾਲ ਭੁੱਲਰ)** ਕੁਲਤਾਰ ਸਿੰਘ ਸੰਧਵਾਂ ਪੰਜਾਬ ਵਿਧਾਨ ਸਭਾ ਨੇ ਆਪਣੇ ਗ੍ਰਹਿ ਪਿੰਡ ਸੰਧਵਾਂ ਵਿਖੇ ਜ਼ਿਲ੍ਹੇ ਭਰ ਦੇ ਪਿੰਡਾਂ, ਸ਼ਹਿਰਾਂ ਅਤੇ ਕਸਬਿਆਂ ਤੋਂ ਆਪੋ ਆਪਣੇ ਕੰਮ ਲੈ ਕੇ ਆਏ ਲੋਕਾਂ ਦੀਆਂ ਸ਼ਿਕਾਇਤਾਂ ਸੁਣਨ ਮੌਕੇ ਆਖਿਆ ਕਿ ਅੱਗੇ ਮਾਮੂਲੀ ਕੰਮਾਂ ਪਿੱਛੇ ਲੋਕਾਂ ਨੂੰ ਸਰਕਾਰੀ ਦਫਤਰਾਂ ਵਿੱਚ ਜਿੱਥੇ ਸਮਾਂ ਵਿਅਰਥ ਗੁਆਉਣਾ ਪੈਂਦਾ ਸੀ, ਉੱਥੇ ਕਈ ਕਈ ਘੰਟੇ ਸਮਾਂ ਵਿਅਰਥ ਗਵਾਉਣ ਦੇ ਬਾਵਜੂਦ ਕਈ ਵਾਰ ਵਿਅਕਤੀ ਜ਼ਲੀਲ ਹੋ ਕੇ ਵਾਪਸ ਘਰ ਪਰਤਦਾ ਸੀ ਪਰ ਹੁਣ ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਦੀਆਂ ਹਦਾਇਤਾਂ ਮੁਤਾਬਿਕ ਪੰਜਾਬ ਭਰ ਦੇ ਮੰਤਰੀਆਂ ਤੇ ਵਿਧਾਇਕਾਂ ਵੱਲੋਂ ਜੋ 'ਸਰਕਾਰ ਤੁਹਾਡੇ ਦੁਆਰ' ਪ੍ਰੋਗਰਾਮ ਸ਼ੁਰੂ ਕੀਤਾ ਗਿਆ ਹੈ, ਉਸ ਨਾਲ ਜਿੱਥੇ ਲੋਕਾਂ ਦੇ ਸਮੇਂ ਦੀ ਬੱਚਤ ਹੋ ਰਹੀ ਹੈ, ਉੱਥੇ ਲੀਡਰਾਂ ਅਤੇ ਅਫਸਰਾਂ ਨਾਲ ਆਮ ਲੋਕਾਂ ਦੀ ਬਣੀ ਦੂਰੀ ਘਟਣ ਨਾਲ ਉਨ੍ਹਾਂ ਦੀਆਂ ਮੁਸ਼ਕਲਾਂ ਤੇ ਸਮੱਸਿਆਵਾਂ ਦੇ ਬਿਨਾਂ ਰਿਸ਼ਵਤ ਦਿੱਤੇ ਅਤੇ ਬਿਨਾਂ ਸਮਾਂ ਵਿਅਰਥ ਗਵਾਏ ਹੱਲ ਦੀ ਸੰਭਾਵਨਾ ਬਣਨ ਲੱਗ ਪਈ ਹੈ। ਜ਼ਿਆਦਾਤਰ ਲੋਕਾਂ ਨੇ ਪਾਣੀ ਨਿਕਾਸੀ ਦੀ ਸਮੱਸਿਆ ਅਤੇ ਸੀਵਰੇਜ ਠੱਪ ਰਹਿਣ ਦੀਆਂ ਸ਼ਿਕਾਇਤਾਂ ਦੱਸੀਆਂ ਪਰ ਉਨ੍ਹਾਂ ਸੀਵਰੇਜ ਬੋਰਡ ਦੇ ਉੱਚ ਅਧਿਕਾਰੀਆਂ ਨੂੰ ਦੋ ਟੁੱਕ ਫੈਸਲਾ ਸੁਣਾਉਂਦਿਆਂ ਆਖ ਦਿੱਤਾ ਸੀ ਕਿ ਪਾਣੀ ਨਿਕਾਸੀ ਅਤੇ ਸੀਵਰੇਜ ਦੇ ਸੁਚੱਜੇ ਪ੍ਰਬੰਧ ਯਕੀਨੀ ਬਣਾਏ ਜਾਣ। ਉਨ੍ਹਾ ਆਖਿਆ ਕਿ ਜੇਕਰ ਸ਼ਹਿਰ ਵਾਸੀ ਆਪਣਾ ਕੂੜਾ ਕਰਕਟ ਅਤੇ ਹੋਰ ਫਾਲਤੂ ਸਮਾਨ ਨਾਲੀ-ਨਾਲਿਆਂ 'ਚ ਸੁੱਟਣ ਤੋਂ ਪ੍ਰਹੇਜ਼ ਕਰਨ, ਆਪੋ ਆਪਣੇ ਘਰਾਂ ਵਿੱਚ ਡਬਟਬਿਨ ਲਵਾਉਣ, ਸਫਾਈ ਕਰਮਚਾਰੀਆਂ ਦੀਆਂ ਰੇਹੜੀਆਂ ਵਿੱਚ ਗਿੱਲਾ-ਸੁੱਕਾ ਕੂੜਾ ਵੱਖੋ ਵੱਖਰੇ ਢੰਗ ਨਾਲ ਪਾਉਣਾ ਯਕੀਨੀ ਬਣਾਉਣ, ਹਰ ਘਰ ਦੀਆਂ ਨਾਲੀਆਂ ਵਿੱਚ ਲੋਹੇ ਦੀਆਂ ਜਾਲੀਆਂ ਲਵਾਉਣ ਤਾਂ ਪਾਣੀ ਨਿਕਾਸੀ ਅਤੇ ਸੀਵਰੇਜ ਦੀ ਸਮੱਸਿਆ ਕਦੇ ਵੀ ਨਹੀਂ ਆਵੇਗੀ।

# ਸ਼ਹੀਦ ਕਿਰਨਜੀਤ ਕੌਰ ਦਾ 26ਵਾਂ ਯਾਦਗਾਰੀ ਸਮਾਗਮ 12 ਨੂੰ ਅਨਾਜ ਮੰਡੀ ਵਿਖੇ



**ਮਹਿਲ ਕਲਾਂ, (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਸ਼ਹੀਦ ਕਿਰਨਜੀਤ ਕੌਰ ਯਾਦਗਾਰ ਕਮੇਟੀ ਮਹਿਲ ਕਲਾਂ ਵੱਲੋਂ ਇਨਕਲਾਬੀ ਜਮਹੂਰੀ ਜਨਤਕ ਜਥੇਬੰਦੀਆਂ ਦੀ ਮੀਟਿੰਗ ਮਹਿਲ ਕਲਾਂ ਵਿਖੇ ਹੋਈ। ਮੀਟਿੰਗ ਦੌਰਾਨ ਯਾਦਗਾਰ ਕਮੇਟੀ ਮਹਿਲ ਕਲਾਂ ਵੱਲੋਂ 12 ਅਗਸਤ ਯਾਦਗਾਰ ਸਮਾਗਮ ਦਾ ਰੰਗਦਾਰ ਪੋਸਟਰ ਯਾਦਗਾਰ ਕਮੇਟੀ ਦੇ ਆਗੂ ਨਰਾਇਣ ਦੱਤ, ਮਨਜੀਤ ਧਨੇਰ, ਪ੍ਰੇਮ ਕੁਮਾਰ, ਗੁਰਮੀਤ ਸੁਖਪੁਰਾ, ਮਲਕੀਤ ਵਜੀਦਕੇ, ਅਮਰਜੀਤ ਕੁੱਕੂ, ਗੁਰਦੇਵ ਮਹਿਲ ਖੁਰਦ, ਜਰਨੈਲ ਚੰਨਣਵਾਲ ਆਦਿ ਆਗੂਆਂ ਨੇ ਜਨਤਕ ਜਮਹੂਰੀ ਜਥੇਬੰਦੀਆਂ ਦੀ ਹਾਜ਼ਰੀ ਵਿੱਚ ਜਾਰੀ ਕੀਤਾ।

ਸ਼ਹੀਦ ਕਿਰਨਜੀਤ ਕੌਰ ਦਾ 26 ਵਾਂ ਯਾਦਗਾਰੀ ਸਮਾਗਮ ਔਰਤਾਂ ਉੱਪਰ ਹੁੰਦੇ ਜ਼ੁਲਮਾਂ ਦੀ ਅਸਲ ਜੜ੍ਹ ਇਸ ਲੁਟੇਰੇ ਜਾਬਰ ਪ੍ਰਬੰਧ ਨੂੰ ਸਮਝਦਿਆਂ "ਯਾਦਗਾਰੀ ਸਮਾਗਮ" ਔਰਤ ਮੁਕਤੀ ਦੇ ਚਿੰਨ੍ਹ ਦੇ ਰੂਪ 'ਚ ਦਾਣਾ ਮੰਡੀ ਮਹਿਲ ਕਲਾਂ ਵਿਖੇ ਮਨਾਇਆ ਜਾਵੇਗਾ । ਦਸ ਰੋਜ਼ਾ ਮੁਹਿੰਮ ਦੀ ਤਿਆਰੀ ਵਜੋਂ ਹਰ ਪਿੰਡ ਵਿੱਚ ਮਰਦ-ਔਰਤਾਂ ਦੀਆਂ ਸਾਂਝੀਆਂ ਵੱਡੀਆਂ ਮੀਟਿੰਗਾਂ ਕੀਤੀਆਂ ਜਾਣਗੀਆਂ। ਮਹਿਲ ਕਲਾਂ ਇਲਾਕੇ ਦੀ ਠੋਸ ਵਿਉਂਤਬੰਦੀ ਤਹਿਤ 1 ਅਗਸਤ ਤੋਂ 10 ਅਗਸਤ ਤੱਕ ਮੁਹਿੰਮ ਜਾਰੀ ਰਹੇਗੀ। ਇਸ ਸਮੇਂ ਕੁਲਵੰਤ ਸਿੰਘ ਭਦੌੜ, ਸਾਹਿਬ ਸਿੰਘ ਬਡਬਰ, ਗੁਰਦੇਵ ਮਾਂਗੇਵਾਲ, ਨਾਨਕ ਸਿੰਘ, ਅਮਨਦੀਪ ਰਾਏਸਰ, ਸੁਖਵਿੰਦਰ ਕੌਰ ਧਨੇਰ, ਪਰਮਜੀਤ ਕੌਰ, ਦਰਸਨ ਸਿੰਘ, ਕੁਲਵੀਰ ਸਿੰਘ ਔਲਖ, ਰਜਿੰਦਰ ਖਿਆਲੀ, ਡਾ. ਬਲਦੇਵ ਸਿੰਘ ਧਨੇਰ, ਡਾ. ਮੇਜਰ ਸਿੰਘ ਛਾਪਾ, ਪਰਮਜੀਤ ਸਿੰਘ ਗਾਂਧੀ, ਗੁਰਚਰਨ ਸਿੰਘ ਪ੍ਰੀਤ, ਨਿਰਪਾਲ ਪਾਲੀ, ਜੱਗਾ ਸਿੰਘ ਮਹਿਲ ਕਲਾਂ, ਆਦਿ ਹਾਜ਼ਰ ਸਨ।

# ਜ਼ਿਲ੍ਹਾ ਪੱਧਰੀ 'ਤੀਆਂ ਤੀਜ ਦੀਆਂ' ਆਮ ਖਾਸ ਬਾਗ ਵਿਖੇ 18 ਨੂੰ ਮਨਾਈਆਂ ਜਾਣਗੀਆਂ : ਸ਼ੇਰਗਿੱਲ




**ਫਤਹਿਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ)**- ਪੰਜਾਬ ਦੇ ਅਮੀਰ ਸੱਭਿਆਚਾਰ ਨਾਲ ਜੁੜੀਆਂ 'ਤੀਆਂ ਤੀਜ ਦੀਆਂ' 18 ਅਗਸਤ ਨੂੰ ਆਮ ਖਾਸ ਬਾਗ ਸਰਹਿੰਦ ਵਿਖੇ ਮਨਾਈਆਂ ਜਾਣਗੀਆਂ, ਜਿਨ੍ਹਾਂ ਵਿੱਚ ਵੱਖ-ਵੱਖ ਉਮਰ ਵਰਗ ਦੇ ਪੰਜਾਬੀ ਸੱਭਿਆਚਾਰ ਦੀਆਂ ਵੱਖ-ਵੱਖ ਵੰਨਗੀਆਂ ਦੇ ਮੁਕਾਬਲੇ ਕਰਵਾਏ ਜਾਣਗੇ। ਇਸੇ ਤਰ੍ਹਾਂ ਬਲਾਕ ਪੱਧਰ ਅਤੇ ਪਿੰਡਾਂ ਵਿੱਚ ਵੀ ਤੀਆਂ ਸੰਬੰਧੀ ਸਮਾਗਮ ਕਰਵਾਏ ਜਾਣਗੇ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਪਰਨੀਤ ਸ਼ੇਰਗਿੱਲ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਤੀਆਂ ਤੀਜ ਦੀਆਂ ਮਨਾਉਣ ਸੰਬੰਧੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਦਿੱਤੀ। ਉਨ੍ਹਾ ਕਿਹਾ ਕਿ ਇਸ ਦੌਰਾਨ ਆਮ ਖਾਸ ਬਾਗ ਵਿਖੇ ਅਮੀਰ ਪੰਜਾਬੀ ਵਿਰਸੇ ਨਾਲ ਜੁੜੀਆਂ ਖਾਣ ਪੀਣ ਦੀਆਂ ਵਸਤਾਂ ਦੇ ਸਟਾਲ ਲਗਾਏ ਜਾਣਗੇ ਅਤੇ ਸਕੂਲਾਂ ਦੀਆਂ ਵਿਦਿਅਰਥਣਾਂ ਦੇ ਮੁਕਾਬਲੇ ਵੀ ਕਰਵਾਏ ਜਾਣਗੇ। ਲੋਕ ਨਾਚ, ਸੋਲੋ ਡਾਂਸ, ਤੀਜ ਬੇਬੇ ਤੇ ਮਿਸ ਤੀਜ ਮੁਕਾਬਲੇ, ਘੜਾ ਰੇਸ, ਮਹਿੰਦੀ ਮੁਕਾਬਲੇ ਤੇ ਪੀਂਘਾਂ ਦਾ ਖਾਸ ਪ੍ਰਬੰਧ ਕੀਤਾ ਜਾਵੇਗਾ। ਸ਼ੇਰਗਿੱਲ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਤੀਆਂ ਦੇ ਜ਼ਿਲ੍ਹਾ ਪੱਧਰੀ ਸਮਾਗਮ ਨੂੰ ਵੇਖਣ ਲਈ ਆਉਣ ਵਾਲਿਆਂ ਲਈ ਮਿਆਰੀ ਖਾਣ ਪੀਣ ਦੀਆਂ ਵਸਤਾਂ ਦੇ ਸਟਾਲ ਲਗਵਾਏ ਜਾਣ। ਉਨ੍ਹਾਂ ਨੇ ਤੀਆਂ ਦੇ ਸਮਾਗਮ ਦੌਰਾਨ ਰੰਗੋਲੀ ਆਦਿ ਦੇ ਪ੍ਰਬੰਧ ਕਰਨ ਲਈ ਵੀ ਕਿਹਾ। ਉਨ੍ਹਾਂ ਸਿੱਖਿਆ ਵਿਭਾਗ ਦੇ ਅਧਿਕਾਰੀਆਂ ਨੂੰ ਕਿਹਾ ਕਿ ਸਮਾਗਮ ਦੌਰਾਨ ਸਕੂਲੀ ਵਿਦਿਆਰਥੀਆਂ ਦੇ ਕਰਵਾਏ ਜਾਣ ਵਾਲੇ ਮੁਕਾਬਲਿਆਂ ਸੰਬੰਧੀ ਲੋੜੀਂਦੇ ਪ੍ਰਬੰਧ ਕੀਤੇ ਜਾਣ। ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਇਹ ਵੀ ਹਦਾਇਤ ਕੀਤੀ ਕਿ ਤੀਆਂ ਦੇ ਸਮਾਗਮ ਦੌਰਾਨ ਵਾਤਾਵਰਣ ਦੀ ਸੰਭਾਲ ਲਈ ਜਾਗਰੂਕ ਕਰਨ ਵਾਸਤੇ ਲੋੜੀਂਦੇ ਇੰਤਜ਼ਾਮ ਕੀਤੇ ਜਾਣ ਤਾਂ ਜੋ ਇਸ ਸਮਾਗਮ ਰਾਹੀਂ ਲੋਕਾਂ ਨੂੰ ਪਲਾਸਟਿਕ ਦੀ ਵਰਤੋਂ ਨਾ ਕਰਨ ਸੰਬੰਧੀ ਵੱਧ ਤੋਂ ਵੱਧ ਜਾਗਰੂਕ ਕੀਤਾ ਜਾ ਸਕੇ। ਮੀਟਿੰਗ ਦੌਰਾਨ ਵਧੀਕ ਡਿਪਟੀ ਕਮਿਸ਼ਨਰ (ਜ) ਹਰਜੋਤ ਕੌਰ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸੁਰਿੰਦਰ ਸਿੰਘ ਸਮੇਤ ਵੱਖੋ ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।

# ਮਨੀਪੁਰ ਤੇ ਹਰਿਆਣਾ 'ਚ ਘੱਟ ਗਿਣਤੀਆਂ ਖ਼ਿਲਾਫ਼ ਜਥੇਬੰਦ ਫਿਰਕੂ ਹਿੰਸਾ ਭਾਜਪਾ ਦੀ ਚੋਣ ਮੁਹਿੰਮ ਦੀ ਸ਼ੁਰੂਆਤ : ਲਿਬਰੇਸ਼ਨ

**ਮਾਨਸਾ, (ਆਤਮਾ ਸਿੰਘ ਪਮਾਰ)**-ਦਲਿਤਾਂ ਔਰਤਾਂ ਉਤੇ ਜਬਰ ਤੇ ਹਮਲਿਆਂ ਦੀਆਂ ਵਧ ਰਹੀਆਂ ਵਾਰਦਾਤਾਂ ਅਤੇ ਦੇਸ ਦੇ ਕਈ ਹਿੱਸਿਆਂ ਵਿੱਚ ਤਿੱਖੇ ਹੋ ਰਹੇ ਸਮਾਜਿਕ ਟਕਰਾਅ ਤੇ ਦੰਗਿਆਂ ਤੋਂ ਜਾਹਰ ਹੈ ਕਿ ਬੀਜੇਪੀ ਨੇ ਲੋਕ ਸਭਾ ਚੋਣਾਂ ਲਈ ਅਪਣੀ ਮੁਹਿੰਮ ਦੀ ਸ਼ੁਰੂਆਤ ਕਰ ਦਿੱਤੀ ਹੈ। ਇਨ੍ਹਾ ਗੱਲਾਂ ਦਾ ਪ੍ਰਗਟਾਵਾ ਸੀਪੀਆਈ (ਐਮ ਐਲ) ਲਿਬਰੇਸ਼ਨ ਵੱਲੋਂ ਸੂਬਾ ਕਮੇਟੀ ਦੀ ਮੀਟਿੰਗ ਤੋਂ ਬਾਅਦ ਜਾਰੀ ਇੱਕ ਬਿਆਨ ਵਿੱਚ ਕੀਤਾ ਗਿਆ। ਮੀਟਿੰਗ ਤੋਂ ਪਹਿਲਾਂ ਪਾਰਟੀ ਦੇ ਮੋਢੀ ਇਨਕਲਾਬੀ ਆਗੂਆਂ ਕਾਮਰੇਡ ਚਾਰੂ ਮੌਜੂਮਦਾਰ ਤੇ ਬਾਬਾ ਬੂਝਾ ਸਿੰਘ ਦੇ ਸ਼ਹਾਦਤ ਦਿਵਸ 28 ਜੁਲਾਈ ਤੋਂ ਮਾਨਸਾ ਵਿਖੇ ਹੀ ਪਾਰਟੀ ਦੇ ਨੀਤੀ ਦਸਤਾਵੇਜ਼ਾਂ ਬਾਰੇ ਇਕ ਤਿੰਨ ਰੋਜ਼ਾ ਸੂਬਾ ਪੱਧਰੀ ਵਰਕਸ਼ਾਪ ਵੀ ਜਥੇਬੰਦ ਕੀਤੀ ਗਈ ।



ਰੁਲਦੂ ਸਿੰਘ ਮਾਨਸਾ ਦੀ ਪ੍ਰਧਾਨਗੀ ਹੇਠ ਪਾਰਟੀ ਦੇ ਸੂਬਾ ਦਫ਼ਤਰ ਬਾਬਾ ਬੂਝਾ ਸਿੰਘ ਭਵਨ ਵਿਖੇ ਹੋਈ। ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਪਾਰਟੀ ਦੀ ਪੰਜਾਬ ਇਕਾਈ ਦੇ ਸਕੱਤਰ ਕਾਮਰੇਡ ਗੁਰਮੀਤ ਸਿੰਘ ਬਖਤਪੁਰ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਨੇ ਹੜ੍ਹਾਂ ਤੋਂ ਸੂਬੇ ਦੇ ਬਚਾਅ ਦੇ ਕੋਈ ਅਗਾਊਂ ਪ੍ਰਬੰਧ ਨਹੀਂ ਕੀਤੇ, ਜਿਸ ਕਾਰਨ ਫ਼ਸਲਾਂ, ਜ਼ਮੀਨ, ਮਕਾਨਾਂ ਤੇ ਪਸ਼ੂਆਂ ਦਾ ਵੱਡਾ ਨੁਕਸਾਨ ਹੋਇਆ ਹੈ। ਹੁਣ ਸਰਕਾਰ ਨੂੰ 50,000/ ਪ੍ਰਤੀ ਏਕੜ ਤਬਾਹ ਹੋਈ ਫ਼ਸਲ ਲਈ, ਹੜ੍ਹਾਂ ਦੀ ਮਾਰ ਹੇਠ ਆਏ ਪਿੰਡਾਂ ਦੇ ਬੇਜ਼ਮੀਨੇ ਮਜ਼ਦੂਰਾਂ ਨੂੰ ਪੱਚੀ ਹਜ਼ਾਰ ਪ੍ਰਤੀ ਪਰਵਾਰ ਅਤੇ ਮਕਾਨਾਂ ਤੇ ਪਸ਼ੂਆਂ ਦੇ ਨੁਕਸਾਨ ਦਾ ਢੁੱਕਵਾਂ ਮੁਆਵਜ਼ਾ ਜਲਦੀ ਦੇਣਾ ਚਾਹੀਦਾ ਹੈ, ਤਾਂ ਜੁ ਉਹ ਲੋਕ ਮੁੜ ਪੈਰਾਂ ਸਿਰ ਹੋ ਸਕਣ। ਉਨ੍ਹਾਂ ਮਾਨਸਾ ਤੋਂ ਮਾਰੂ ਨਸ਼ਿਆਂ ਦੇ ਖਿਲਾਫ਼ ਸ਼ੁਰੂ ਹੋਏ ਨਸ਼ਾ ਵਿਰੋਧੀ ਅੰਦੋਲਨ ਦਾ ਡਟਵਾਂ ਸਮਰਥਨ ਕਰਨ ਦਾ ਐਲਾਨ ਵੀ ਕੀਤਾ, ਉਥੇ ਇਸ ਮੁੱਦੇ 'ਤੇ ਆਮ ਆਦਮੀ ਪਾਰਟੀ ਅਤੇ ਮਾਨ ਸਰਕਾਰ ਦੀ ਭੇਤਭਰੀ ਖਾਮੋਸ਼ੀ ਅਤੇ ਪੰਜਾਬ ਪੁਲਸ ਵੱਲੋਂ ਇਹ ਮੁਹਿੰਮ ਚਲਾ ਰਹੇ ਨੌਜਵਾਨਾਂ ਖਿਲਾਫ਼ ਝੂਠੇ ਕੇਸ ਪਾਉਣ, ਜੇਲ੍ਹ ਭੇਜਣ ਅਤੇ ਨਸ਼ਾ ਤਸਕਰਾਂ ਨੂੰ ਸਰਪ੍ਰਸਤੀ ਦੇਣ ਦੀ ਸਖ਼ਤ ਆਲੋਚਨਾ ਕੀਤੀ। ਪਾਰਟੀ ਦੇ ਕੇਂਦਰੀ ਕਮੇਟੀ ਮੈਂਬਰ ਕਾਮਰੇਡ ਰਾਜਵਿੰਦਰ ਸਿੰਘ ਰਾਣਾ ਨੇ ਕਿਹਾ ਕਿ ਅਪਣੇ ਚੋਣ ਵਾਅਦਿਆਂ ਮੁਤਾਬਕ ਆਪ ਸਰਕਾਰ ਕਰੀਬ ਡੇਢ ਸਾਲ ਬੀਤਣ ਦੇ ਬਾਵਜੂਦ ਵੀ ਔਰਤਾਂ ਨੂੰ ਇੱਕ ਹਜ਼ਾਰ ਰੁਪਏ ਮਹੀਨਾ ਦੇਣ ਬਾਰੇ ਬਿਲਕੁਲ ਖਾਮੋਸ਼ ਹੈ।

ਪਿੰਡ ਮੰਤੌੜ ਵਿਖੇ ਅਪਣੇ ਹਿੱਸੇ ਦੀ ਪੰਚਾਇਤੀ ਜ਼ਮੀਨ ਲੈਣ ਲਈ ਸੰਘਰਸ਼ ਕਰ ਰਹੇ 17 ਦਲਿਤ ਮਜ਼ਦੂਰਾਂ ਨੂੰ ਝੂਠੇ ਕੇਸ ਵਿੱਚ ਜੇਲ੍ਹ ਬੰਦ ਕੀਤਾ ਹੋਇਆ ਹੈ, ਪਹਿਲਾਂ ਅੰਦੋਲਨਕਾਰੀ ਮਜ਼ਦੂਰ ਮਰਦ ਔਰਤਾਂ ਉਤੇ ਅਣਮਨੁੱਖੀ ਜਬਰ ਵੀ ਕੀਤਾ ਗਿਆ। ਮੁੱਖ ਮੰਤਰੀ ਕੋਲ ਬਿਆਨਬਾਜੀ ਲਈ ਤਾਂ ਖੁੱਲ੍ਹਾ ਸਮਾਂ ਹੈ, ਪਰ ਸਾਂਝੇ ਮਜ਼ਦੂਰ ਮੋਰਚੇ ਦੀਆਂ ਮੰਗਾਂ ਸਬੰਧੀ ਮੀਟਿੰਗ ਲਈ ਕੋਈ ਸਮਾਂ ਨਹੀਂ। ਕੇਂਦਰ ਸਰਕਾਰ ਰਾਜਧਾਨੀ ਚੰਡੀਗੜ੍ਹ ਉਤੇ ਪੰਜਾਬ ਦੇ ਹੱਕ ਨੂੰ ਨਜ਼ਰਅੰਦਾਜ਼ ਕਰਕੇ ਉਥੇ ਹਰਿਆਣਾ ਨੂੰ ਅਪਣੀ ਸਕੱਤਰੇਤ ਉਸਾਰਨ ਲਈ ਜਗ੍ਹਾ ਅਲਾਟ ਕਰ ਰਹੀ ਹੈ, ਚੰਡੀਗੜ੍ਹ ਪ੍ਰਸ਼ਾਸਨ ਬਾਹਰੋਂ ਜਾਣ ਵਾਲੇ ਸਾਰੇ ਵਹੀਕਲਾਂ ਤੋਂ ਦੁੱਗਣੀ ਪਾਰਕਿੰਗ ਫੀਸ ਵਸੂਲਣ ਲੱਗਾ ਹੈ, ਪਰ ਇਨ੍ਹਾਂ ਮਨਮਾਨੀਆਂ ਖਿਲਾਫ਼ ਮਾਨ ਸਰਕਾਰ ਸੂਬੇ ਦੀਆਂ ਸਾਰੀਆਂ ਪਾਰਟੀਆਂ ਨੂੰ ਨਾਲ ਲੈ ਕੇ ਕੋਈ ਕਾਰਗਰ ਜਵਾਬੀ ਐਕਸ਼ਨ ਕਰਨ ਵਿੱਚ ਨਾਕਾਮ ਸਾਬਤ ਹੋਈ ਹੈ।

ਹਾਲਾਂਕਿ ਸੀਪੀਆਈ (ਐਮ ਐਲ) ਨੇ ਬਾਕੀ ਖੱਬੀਆਂ ਪਾਰਟੀਆਂ ਨਾਲ ਮਿਲ ਕੇ ਆਵਾਜ਼ ਉਠਾਈ ਹੈ ਤੇ ਜਲੰਧਰ ਵਿਖੇ ਇੱਕ ਸੂਬਾ ਪੱਧਰੀ ਸਾਂਝੀ ਕਨਵੈਨਸ਼ਨ ਵੀ ਜਥੇਬੰਦ ਕੀਤੀ ਹੈ। ਜਨਤਾ ਦੇ ਭਖਦੇ ਮੁੱਦਿਆਂ ਬਾਰੇ ਸਾਡੀ ਪਾਰਟੀ ਜ਼ਮੀਨੀ ਪੱਧਰ ਉਤੇ ਲਗਾਤਾਰ ਲਾਮਬੰਦੀ ਕਰ ਰਹੀ ਹੈ। ਮੀਟਿੰਗ ਵਿੱਚ ਕੇਂਦਰ ਵਲੋਂ ਸੂਬੇ ਦੇ ਇੰਚਾਰਜ ਕਾਮਰੇਡ ਪਰਸੋਤਮ ਸ਼ਰਮਾ ਵੀ ਹਾਜ਼ਰ ਸਨ।

ਮੀਟਿੰਗ ਵਲੋਂ ਪਾਸ ਕੀਤੇ ਮਤੇ ਵਿੱਚ ਕਿਹਾ ਗਿਆ ਕਿ ਬੀਤੇ ਤਿੰਨ ਮਹੀਨਿਆਂ ਤੋਂ ਮਨੀਪੁਰ ਵਿਚ ਫਿਰਕੂ ਧਰੁਵੀਕਰਨ ਦੇ ਜਰੀਏ ਬਹੁਗਿਣਤੀ ਦੀਆਂ ਵੋਟਾਂ ਹਾਸਲ ਕਰਨ ਦੀ ਬੀਜੇਪੀ ਦੀ ਫਾਸਿਸਟ ਪਹੁੰਚ ਦੇ ਤਹਿਤ ਹੀ ਸੂਬਾਈ ਹਕੂਮਤ ਦੀ ਸਰਪ੍ਰਸਤੀ ਹੇਠ ਘੱਟਗਿਣਤੀ ਕੁਕੀ ਜੋਅ ਆਦਿਵਾਸੀ ਭਾਈਚਾਰੇ ਦੇ ਨਸਲੀ ਘਾਣ ਦੀ ਜਥੇਬੰਦ ਮੁਹਿੰਮ ਚੱਲ ਰਹੀ ਹੈ। ਥਾਣਿਆਂ ਵਿਚੋਂ ਮੈਤੇਈ ਦੰਗਾਕਾਰੀਆਂ ਨੂੰ ਭਾਰੀ ਗਿਣਤੀ ਵਿਚ ਆਧੁਨਿਕ ਬਾਰੂਦੀ ਹਥਿਆਰ ਲੁਟਵਾ ਦਿੱਤੇ ਗਏ। ਨਤੀਜਨ ਕੁਕੀ ਬੱਚੇ ਤੇ ਨੌਜਵਾਨ ਮਾਰੇ ਜਾ ਰਹੇ ਹਨ, ਔਰਤਾਂ ਨਾਲ ਸਮੂਹਿਕ ਬਲਾਤਕਾਰ ਹੋ ਰਹੇ ਹਨ, ਉਨ੍ਹਾਂ ਨੂੰ ਨਿਰਵਸਤਰ ਕਰਕੇ ਖੁੱਲ੍ਹੇਆਮ ਜ਼ਲੀਲ ਕੀਤਾ ਜਾ ਰਿਹਾ ਹੈ, ਉਨ੍ਹਾਂ ਦੇ ਘਰ ਦੁਕਾਨਾਂ ਤੇ ਪਿੰਡ ਸਾੜੇ ਜਾ ਰਹੇ ਹਨ। ਮਨੀਪੁਰ ਸਰਕਾਰ ਨੇ ਇਸ ਤਬਾਹੀ ਤੇ ਸਚਾਈ ਨੂੰ ਦੇਸ ਦੁਨੀਆ ਤੱਕ ਪਹੁੰਚਣਾ ਰੋਕਣ ਲਈ ਇੰਟਰਨੈਟ ਬੰਦ ਕਰ ਰੱਖਿਆ ਹੈ ਤੇ ਪ੍ਰਧਾਨ ਮੰਤਰੀ ਨੇ ਇਸ ਬਾਰੇ ਸੰਸਦ ਦੇ ਅੰਦਰ ਜਾਂ ਬਾਹਰ ਕੁਝ ਬੋਲਣ ਦੀ ਥਾਂ ਜ਼ੁਬਾਨ ਨੂੰ ਤਾਲਾ ਲਾਇਆ ਹੋਇਆ ਹੈ। ਇਹ ਵਰਤਾਰਾ ਮਨੀਪੁਰ ਤੱਕ ਸੀਮਤ ਨਹੀਂ, ਕੱਲ੍ਹ ਇੱਕ ਬਦਮਾਸ਼ ਤੇ ਭਗੌੜੇ ਕਾਤਲ ਬਜਰੰਗ ਦਲੀਏ ਮੋਨੂੰ ਮਾਨੇਸਰ ਨੂੰ ਮੂਹਰੇ ਲਾ ਕੇ ਹਰਿਆਣਾ ਵਿਚ ਵੀ ਸੰਘਣੀ ਮੁਸਲਿਮ ਵਸੋਂ ਵਾਲੇ ਮੇਵਾਤ ਤੇ ਗੁੜਗਾਉਂ ਜ਼ਿਲ੍ਹਿਆਂ ਨੂੰ ਵੀ ਦੰਗੇ ਤੇ ਭਾਰੀ ਸਾੜ ਫੂਕ ਦਾ ਸ਼ਿਕਾਰ ਬਣਾ ਦਿੱਤਾ ਗਿਆ ਹੈ।

## ਮੈਡਲ ਜੇਤੂ ਤਰੁਨ ਸ਼ਰਮਾ ਨੂੰ ਦੁਕਾਨਦਾਰਾਂ ਨੇ ਕੀਤਾ ਸਨਮਾਨਤ



**ਖੰਨਾ, (ਸੁਖਵਿੰਦਰ ਸਿੰਘ ਭਾਦਲਾ, ਪਰਮਿੰਦਰ ਸਿੰਘ ਮੋਨੂੰ)** ਖੰਨੇ ਸ਼ਹਿਰ ਦੇ ਜੰਮਪਲ ਤੇ ਕਰਾਟੇ ਖਿਡਾਰੀ ਤਰੁਨ ਸ਼ਰਮਾ ਨੂੰ ਸ਼ਹਿਰ ਦੀ ਗੁਰੂ ਅਮਰਦਾਸ ਮਾਰਕੀਟ ਵਿਖੇ ਸ਼ਾਪ ਕੀਪਰਜ਼ ਐਸੋਸੀਏਸ਼ਨ ਦੇ ਜਨਰਲ ਸਕੱਤਰ ਅਸ਼ਵਨੀ ਸ਼ਰਮਾ ਦੀ ਅਗਵਾਈ 'ਚ ਸ਼ਹਿਰ ਵਾਸੀਆਂ ਨੇ ਸਨਮਾਨਤ ਕੀਤਾ। ਪ੍ਰਧਾਨ ਅਸ਼ਵਨੀ ਸ਼ਰਮਾ ਨੇ ਕਿਹਾ ਕਿ ਕਰਾਟੇ ਖਿਡਾਰੀ ਤਰੁਨ ਸ਼ਰਮਾ ਨੇ ਅਨੇਕਾਂ ਮੁਕਾਬਲਿਆਂ 'ਚ ਚੰਗੀ ਖੇਡ ਦਾ ਪ੍ਰਦਰਸ਼ਨ ਕਰਦੇ ਹੋਏ ਅਨੇਕਾਂ ਮੈਡਲ ਜਿੱਤ ਕੇ ਖੰਨਾ ਸ਼ਹਿਰ, ਪੰਜਾਬ ਤੇ ਦੇਸ਼ ਦਾ ਨਾਂਅ ਉੱਚਾ ਚੁੱਕਿਆ ਹੈ, ਪਰ ਅਫ਼ਸੋਸ ਦੀ ਗੱਲ ਹੈ ਕਿ ਅਜਿਹੇ ਕਾਬਿਲ ਖਿਡਾਰੀ ਦੀ ਹੌਸਲਾ ਅਫ਼ਜ਼ਾਈ ਕਰਨ ਦੀ ਬਜਾਏ ਅਣਦੇਖਿਆ ਕੀਤਾ ਗਿਆ ਹੈ।

ਉਨ੍ਹਾਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਤਰੁਨ ਸ਼ਰਮਾ ਨੂੰ ਦੂਜੇ ਖਿਡਾਰੀਆਂ ਵਾਂਗ ਨਕਦ ਰਾਸ਼ੀ ਦੇ ਕੇ ਮਾਣ ਸਤਿਕਾਰ ਦਿੱਤਾ ਜਾਵੇ ਅਤੇ ਉਸਦੀ ਬਿਹਤਰੀਨ ਕਾਰਗੁਜ਼ਾਰੀ ਨੂੰ ਦੇਖਦੇ ਹੋਏ ਨੌਕਰੀ ਵੀ ਦਿੱਤੀ ਜਾਵੇ। ਇਸ ਮੌਕੇ ਹਾਜ਼ਰ ਪਤਵੰਤਿਆਂ ਕੈਸ਼ੀਅਰ ਵਿਜੇ ਜੱਸਲ, ਸੁਰਿੰਦਰ ਸਿੰਘ ਪਿੰਕੀ, ਦਰਸ਼ਨ ਸਿੰਘ, ਅਮਰੀਕ ਸਿੰਘ, ਹਨੀ, ਰੌਕੀ, ਗੌਰਵ ਵਰਮਾ, ਮੁਕੇਸ਼ ਕੁਮਾਰ, ਜਸਵਿੰਦਰ ਸਿੰਘ ਗਿੱਲ ਆਦਿ ਨੇ ਹਾਰ ਪਾ ਕੇ ਤਰੁਨ ਸ਼ਰਮਾ ਨੂੰ ਸਨਮਾਨਤ ਕਰਕੇ ਹੌਸਲਾ ਅਫ਼ਜ਼ਾਈ ਕੀਤੀ।

## ਮੁੱਖ ਅਧਿਆਪਕ ਜਥੇਬੰਦੀ ਦਾ ਵਫ਼ਦ ਜ਼ਿਲ੍ਹਾ ਸਿੱਖਿਆ ਅਫਸਰ ਨੂੰ ਮਿਲਿਆ



**ਮਾਨਸਾ (ਪਮਾਰ)**- ਮੁੱਖ ਅਧਿਆਪਕ ਅਤੇ ਕੇਂਦਰ ਮੁੱਖ ਅਧਿਆਪਕ ਜਥੇਬੰਦੀ ਦਾ ਵਫ਼ਦ ਜ਼ਿਲ੍ਹਾ ਸਿੱਖਿਆ ਅਫ਼ਸਰ ਪ੍ਰਾਇਮਰੀ ਨੂੰ ਮਿਲਿਆ। ਜਥੇਬੰਦੀ ਦੇ ਸੂਬਾ ਪ੍ਰਧਾਨ ਅਮਨਦੀਪ ਸ਼ਰਮਾ ਨੇ ਕਿਹਾ ਕਿ ਪ੍ਰਾਇਮਰੀ ਸਕੂਲਾਂ ਵਿੱਚ ਖਾਲੀ ਪਈਆਂ ਹੈੱਡ ਟੀਚਰ, ਸੈਂਟਰ ਹੈੱਡ ਟੀਚਰਜ ਦੀਆਂ ਖਾਲੀ ਅਸਾਮੀਆਂ ਤੇ ਤਰੱਕੀਆਂ ਤੁਰੰਤ ਕਰਨ, ਸਾਖਰਤਾ ਮਿਸ਼ਨ ਬੇਰੁਜ਼ਗਾਰਾਂ ਨੂੰ ਦੇਣ, ਮਿਡ ਡੇਅ ਮੀਲ ਦੇ ਭਾਂਡਿਆਂ ਦੀ ਗ੍ਰਾਂਟ ਜਾਰੀ ਕਰਨ, ਲੋੜਵੰਦ ਸਕੂਲਾਂ ਨੂੰ ਗ੍ਰਾਂਟ ਜਾਰੀ ਕਰਨ, ਮੈਡੀਕਲ ਰੀਇੰਬਰਸਮੈਂਟ ਬਜਟ ਜਾਰੀ ਕਰਨ, ਬੀ ਐਲ ਓ ਡਿਊਟੀਆਂ ਕੱਟਣ, ਸਕੂਲਾਂ ਨੂੰ ਟ੍ਰਾਂਸਪੋਰਟ ਦੀ ਗ੍ਰਾਂਟ ਜਾਰੀ ਕਰਨ ਮੰਗਾਂ ਅਧਿਕਾਰੀਆਂ ਅੱਗੇ ਰੱਖੀਆਂ। ਇਸ ਮੌਕੇ ਜ਼ਿਲ੍ਹਾ ਸਿੱਖਿਆ ਅਫ਼ਸਰ ਪ੍ਰਾਇਮਰੀ ਮਾਨਸਾ ਰੂਬੀ ਬਾਂਸਲ ਨੇ ਕਿਹਾ ਕਿ 14 ਹੈੱਡ ਟੀਚਰ ਅਤੇ 2 ਸੈਂਟਰ ਹੈਡ ਟੀਚਰਜ ਦੀਆਂ ਤਰੱਕੀਆਂ ਇਸੇ ਹਫਤੇ ਕਰ ਦਿੱਤੀਆਂ ਜਾਣਗੀਆਂ। ਸਾਖਰਤਾ ਮਿਸ਼ਨ ਸੰਬੰਧੀ ਉੱਚ ਅਧਿਕਾਰੀਆਂ ਨਾਲ ਮਸਲਾ ਵਿਚਾਰਿਆ ਜਾਵੇਗਾ। ਲੋੜਵੰਦ ਸਕੂਲਾਂ ਨੂੰ ਗ੍ਰਾਂਟ ਜਾਰੀ ਕੀਤੀ ਜਾਵੇਗੀ ਅਤੇ ਮੈਡੀਕਲ ਬਜਟ ਜਾਰੀ ਕਰਨ ਸਬੰਧੀ ਪੱਤਰ ਲਿਖਿਆ ਜਾਵੇਗਾ, ਅਧਿਆਪਕਾਂ ਦੇ ਬਾਕੀ ਮਸਲਿਆਂ ਦਾ ਹੱਲ ਵੀ ਜਲਦੀ ਕੀਤਾ ਜਾਵੇਗਾ। ਇਸ ਤੋਂ ਇਲਾਵਾ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਹਰਿੰਦਰ ਸਿੰਘ ਭੁੱਲਰ ਨਾਲ ਵੀ ਸਾਖਰਤਾ ਮਿਸ਼ਨ ਸਮੇਤ ਅਧਿਆਪਕਾਂ ਦੇ ਹੋਰ ਮਸਲਿਆਂ ਸੰਬੰਧੀ ਵੀ ਵਿਸਥਾਰ ਵਿੱਚ ਗੱਲਬਾਤ ਕੀਤੀ ਗਈ। ਸਟੇਟ ਆਗੂ ਜਸਨਦੀਪ ਸਿੰਘ, ਗੁਰਮੇਲ ਸਿੰਘ ਬਰੇ, ਜ਼ਿਲ੍ਹਾ ਪ੍ਰਧਾਨ ਬਲਵਿੰਦਰ ਸਿੰਘ ਹਾਕਮਵਾਲਾ, ਗੁਰਜੰਟ ਸਿੰਘ ਬੱਛੋਆਣਾ, ਬਲਵੀਰ ਸਿੰਘ, ਪ੍ਰਵੀਨ ਕੁਮਾਰ ਬੋਹਾ, ਹਰਭਜਨ ਸਿੰਘ ਤੇ ਅਸ਼ੋਕ ਫਫੜੇ ਆਦਿ ਸਾਥੀ ਵੀ ਹਾਜ਼ਰ ਸਨ।

## ਮਲਟੀਪਰਪਜ਼ ਹੈੱਲਥ ਇੰਪਲਾਈਜ ਯੂਨੀਅਨ ਵੱਲੋਂ ਡਾਇਰੈਕਟਰ ਸਿਹਤ ਵਿਭਾਗ ਅੱਗੇ ਰੋਸ ਰੈਲੀ ਦਾ ਐਲਾਨ

**ਮੋਗਾ (ਅਮਰਜੀਤ ਬੱਬਰੀ)** - ਮਲਟੀਪਰਪਜ਼ ਹੈਲਥ ਇੰਪਲਾਈਜ ਯੂਨੀਅਨ ਪੰਜਾਬ ਵੱਲੋਂ ਮਲਟੀਪਰਪਜ਼ ਕੇਡਰ ਦੀਆਂ ਭਖਦੀਆਂ ਮੰਗਾਂ ਸੰਬੰਧੀ ਸਰਕਾਰ ਵੱਲੋਂ ਅਪਣਾਈ ਜਾ ਰਹੀ ਟਾਲ ਮਟੋਲ ਦੀ ਨੀਤੀ ਤੋਂ ਤੰਗ ਆ ਕੇ 24 ਅਗਸਤ ਨੂੰ ਡਾਇਰੈਕਟਰ ਸਿਹਤ ਤੇ ਪਰਵਾਰ ਭਲਾਈ ਵਿਭਾਗ ਪੰਜਾਬ ਦੇ ਚੰਡੀਗੜ੍ਹ ਦਫ਼ਤਰ ਅੱਗੇ ਰੋਸ ਰੈਲੀ ਦਾ ਐਲਾਨ ਕਰ ਦਿੱਤਾ ਗਿਆ ਹੈ। ਜਥੇਬੰਦੀ ਦੇ ਸੂਬਾ ਪ੍ਰਧਾਨ ਕੁਲਬੀਰ ਸਿੰਘ ਮੋਗਾ ਨੇ ਦੱਸਿਆ ਕੇ ਇਸੇ ਦਿਨ ਰੋਸ ਰੈਲੀ ਉਪਰੰਤ ਸਿਹਤ ਮੰਤਰੀ ਡਾ. ਬਲਵੀਰ ਸਿੰਘ ਦੀ ਕੋਠੀ ਵੱਲ ਰੋਸ ਮਾਰਚ ਵੀ ਕੀਤਾ ਜਾਵੇਗਾ, ਜਿਸ ਵਿੱਚ ਸੂਬੇ ਭਰ ਦੇ ਸਿਹਤ ਕਾਮੇ ਸ਼ਮੂਲੀਅਤ ਕਰਨਗੇ। ਉਨ੍ਹਾਂ ਅੱਗੇ ਦੱਸਿਆ ਕੇ ਜਥੇਬੰਦੀ ਵੱਲੋਂ ਪਿਛਲੇ ਸਮੇਂ ਤੋਂ ਹੀ ਮਲਟੀਪਰਪਜ਼ ਕੇਡਰ ਦਾ ਨਾਂਅ ਬਦਲੀ ਕਰਨ, ਨਜਾਇਜ਼ ਕੀਤੀਆਂ ਬਦਲੀਆਂ ਨੂੰ ਰੱਦ ਕਰਨ, ਕੱਟੇ ਗਏ ਭੱਤੇ ਬਹਾਲ ਕਰਨ, ਮਲਟੀਪਰਪਜ਼ ਦੇ ਬੰਦ ਪਏ ਟ੍ਰੇਨਿੰਗ ਸਕੂਲ ਚਾਲੂ ਕਰਨ, ਵਰਦੀ ਭੱਤਾ, ਐਫ.ਟੀ.ਏ ਭੱਤਾ ਚਾਲੂ ਕਰਨ, ਸੀਨੀਆਰਤਾ ਸੂਚੀਆਂ ਸੋਧ ਕੇ ਤਰੱਕੀਆਂ ਕਰਨ, ਕੱਚੇ ਸਿਹਤ ਕਾਮੇ ਪੱਕੇ ਕਰਨ, ਸਮੇਤ ਕਈ ਮੰਗਾਂ ਤੇ ਮੰਗ ਪੱਤਰ ਦਿੱਤੇ ਗਏ ਅਤੇ ਲਗਾਤਾਰ ਆਵਾਜ਼ ਉਠਾਈ ਜਾ ਰਹੀ ਹੈ ਅਤੇ ਇਨ੍ਹਾਂ ਮੰਗਾਂ 'ਤੇ ਹੀ ਸਿਹਤ ਮੰਤਰੀ ਵੱਲੋਂ ਜਥੇਬੰਦੀ ਨਾਲ ਮੀਟਿੰਗ ਕਰਕੇ ਜਲਦੀ ਹੀ ਮੰਗਾਂ ਪੂਰੀਆਂ ਕਰਨ ਦਾ ਭਰੋਸਾ ਦਿੱਤਾ ਗਿਆ ਸੀ, ਪਰ ਅਜੇ ਤੱਕ ਇਨ੍ਹਾਂ ਮੰਗਾਂ ਨੂੰ ਗੰਭੀਰਤਾ ਨਾਲ ਨਹੀਂ ਲਿਆ ਜਾ ਰਿਹਾ, ਇਸ ਕਰਕੇ ਜਥੇਬੰਦੀ ਦੀ ਸੂਬਾ ਕਮੇਟੀ ਨੇ ਸਿਹਤ ਡਾਇਰੈਕਟਰ ਦੇ ਖਿਲਾਫ਼ ਨਾਅਰੇਬਾਜ਼ੀ ਕਰਦੇ ਹੋਏ 24 ਦੇ ਰੋਸ ਧਰਨੇ ਦਾ ਫ਼ੈਸਲਾ ਲਿਆ ਹੈ। ਇਸ ਮੌਕੇ ਸੂਬਾ ਜਨਰਲ ਸਕੱਤਰ ਜਸਵਿੰਦਰ ਸਿੰਘ ਅੰਮ੍ਰਿਤਸਰ, ਗੁਲਜ਼ਾਰ ਖਾਨ, ਗਗਨਦੀਪ ਸਿੰਘ ਬਠਿੰਡਾ, ਟਹਿਲ ਸਿੰਘ ਫ਼ਾਜ਼ਿਲਕਾ, ਕੁਲਪ੍ਰੀਤ ਸਿੰਘ ਲੁਧਿਆਣਾ, ਸੁਖਵਿੰਦਰ ਸਿੰਘ ਦੋਦਾ, ਜਰਨੈਲ ਸਿੰਘ, ਰਣਧੀਰ ਸਿੰਘ, ਹਰਭਜਨ ਸਿੰਘ ਸੰਗਰੂਰ, ਹਰਮਿੰਦਰਪਾਲ ਫ਼ਤਿਹਗੜ੍ਹ ਸਾਹਿਬ, ਰਜਿੰਦਰ ਬੱਲੂਆਣਾ, ਭੁਪਿੰਦਰ ਸਿੰਘ, ਮਨੀਸ਼ ਕੁਮਾਰ ਬਠਿੰਡਾ, ਜਗਮੀਤ ਸਿੰਘ ਮੁਕਤਸਰ ਸਾਹਿਬ, ਦਲਜੀਤ ਸਿੰਘ ਨਵਾਂਸ਼ਹਿਰ, ਮੁਖਤਿਆਰ ਸਿੰਘ ਲੁਧਿਆਣਾ, ਅਮਨਦੀਪ ਬਠਿੰਡਾ, ਅਮਰਦੀਪ ਸਿੰਘ ਤੇ ਰਮਨਜੀਤ ਸਿੰਘ ਮੋਗਾ ਸਮੇਤ ਕਈ ਆਗੂ ਹਾਜ਼ਰ ਸਨ।

## ਪੁਲਸ ਦੀ ਵੱਡੀ ਕਾਰਵਾਈ, 30 ਦਿਨਾਂ 'ਚ 40 ਮਾਮਲੇ ਦਰਜ




**ਮਾਛੀਵਾੜਾ ਸਾਹਿਬ (ਜਗਦੀਸ਼ ਰਾਏ, ਸ਼ੈਂਕੀ ਸ਼ਰਮਾ)** ਪੁਲਸ ਥਾਣਾ ਦੇ ਇਤਿਹਾਸ ਵਿਚ ਇਹ ਪਹਿਲੀ ਵਾਰ ਹੋਇਆ ਕਿ 30 ਦਿਨਾਂ 'ਚ 40 ਅਪਰਾਧਕ ਮਾਮਲੇ ਦਰਜ ਹੋਏ, ਜਿਸ 'ਚੋਂ ਪੁਲਸ ਨੇ 37 ਸੁਲਝਾ ਲਏ। ਅੰਕੜਿਆਂ ਅਨੁਸਾਰ 1 ਜੁਲਾਈ ਤੋਂ ਲੈ ਕੇ 31 ਜੁਲਾਈ ਤੱਕ ਪੁਲਸ ਥਾਣਾ ਵਿਚ 40 ਰਿਕਾਰਡਤੋੜ ਮਾਮਲੇ ਦਰਜ ਹੋਏ ਅਤੇ ਹੁਣ ਤੱਕ 7 ਮਹੀਨਿਆਂ 'ਚ ਕੁੱਲ 154 ਮਾਮਲੇ ਦਰਜ ਹੋ ਚੁੱਕੇ ਹਨ, ਜੋ ਵੱਡੀ ਕਾਰਵਾਈ ਹੈ। ਪਿਛਲੇ ਸਾਲ 2022 ਦੌਰਾਨ 12 ਮਹੀਨਿਆਂ 'ਚ 166 ਮਾਮਲੇ ਦਰਜ ਹੋਏ ਸਨ, ਜਦਕਿ ਹੁਣ 7 ਮਹੀਨਿਆਂ 'ਚ 154 ਮਾਮਲੇ ਦਰਜ ਹੋਣ 'ਤੇ ਇਹ ਸੰਕੇਤ ਜਾਂਦਾ ਹੈ ਕਿ ਜਿੱਥੇ ਇਲਾਕੇ 'ਚ ਅਪਰਾਧਿਕ ਮਾਮਲੇ ਵਧੇ ਹਨ, ਉੱਥੇ ਹੀ ਪੁਲਸ ਨੇ ਵੀ ਮੁਸ਼ਤੈਦੀ ਦਿਖਾਈ। ਮਾਛੀਵਾੜਾ ਪੁਲਸ ਥਾਣਾ ਵਿਚ ਜੁਲਾਈ ਮਹੀਨੇ ਅੰਦਰ ਜੋ 40 ਮਾਮਲੇ ਦਰਜ ਹੋਏ ਹਨ, ਉਸ 'ਚੋਂ 10 ਮਾਮਲੇ ਚੋਰੀ ਦੇ ਹਨ, ਜਿਨ੍ਹਾਂ 'ਚੋਂ ਪੁਲਸ ਨੇ 8 ਮਾਮਲੇ ਸੁਲਝਾ ਲਏ, ਜਦਕਿ 2 ਮਾਮਲਿਆਂ 'ਚ ਕਥਿਤ ਦੋਸ਼ੀ ਕਾਬੂ ਨਹੀਂ ਆਏ।

ਇਸ ਤੋਂ ਇਲਾਵਾ 6 ਮਾਮਲੇ ਨਸ਼ਾ ਤਸਕਰੀ ਦੇ ਦਰਜ ਹੋਏ, ਜਿਸ ਵਿੱਚ ਪੁਲਸ ਨੇ ਕਥਿਤ ਦੋਸ਼ੀਆਂ ਤੋਂ ਭੁੱਕੀ, ਸਮੈਕ, ਹੈਰੋਇਨ ਬਰਾਮਦ ਕੀਤੀ, ਜਦਕਿ 2 ਮਾਮਲੇ ਸ਼ਰਾਬ ਤਸਕਰੀ ਦੇ ਵੀ ਹਨ। ਪੁਲਸ ਨੇ ਇਸ ਮਹੀਨੇ 2 ਆਰਮਜ਼ ਐਕਟ ਤੇ 2 ਮਰਨ ਲਈ ਮਜਬੂਰ ਕਰਨ ਦੇ ਮਾਮਲੇ ਦਰਜ ਕੀਤੇ। ਇਸ ਮਹੀਨੇ ਦਾ ਸਭ ਤੋਂ ਚਰਚਿਤ ਮਾਮਲਾ ਮਾਛੀਵਾੜਾ ਪੁਲਸ ਥਾਣਾ ਦੇ ਅਧਿਕਾਰੀਆਂ ਤੇ ਕ੍ਰਮਚਾਰੀਆਂ 'ਤੇ ਨਜਾਇਜ਼ ਮਾਈਨਿੰਗ ਕਰਨ ਵਾਲਿਆਂ ਵੱਲੋਂ ਹਮਲੇ ਦਾ ਸੀ, ਜਿਸ 'ਤੇ ਪੁਲਸ ਨੇ ਕੁਝ ਹੀ ਘੰਟਿਆਂ 'ਚ 10 ਕਥਿਤ ਦੋਸ਼ੀ ਕਾਬੂ ਕਰਕੇ ਸਲਾਖ਼ਾਂ ਪਿੱਛੇ ਡੱਕ ਦਿੱਤੇ। ਮਾਛੀਵਾੜਾ ਪੁਲਸ ਥਾਣਾ ਵਿੱਚ 3 ਮਾਮਲੇ ਧੋਖਾਧੜੀ ਦੇ ਵੀ ਦਰਜ ਹੋਏ।

## ਜੱਸੀ ਸੋਹੀਆਂਵਾਲਾ ਨੇ ਗਲਵੱਟੀ ਦੇ ਹਾਈ ਸਕੂਲ ਦਾ ਕੀਤਾ ਦੌਰਾ

**ਨਾਭਾ, (ਵਰਿੰਦਰ ਵਰਮਾ)** ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਜਸਵੀਰ ਸਿੰਘ ਜੱਸੀ ਸੋਹੀਆਂ ਵਾਲਾ ਨੇ ਸਰਕਾਰੀ ਹਾਈ ਸਮਾਰਟ ਸਕੂਲ ਪਿੰਡ ਗਲਵੱਟੀ ਦਾ ਦੌਰਾ ਕੀਤਾ ਅਤੇ ਵਿਦਿਆਰਥੀਆ ਅਤੇ ਅਧਿਆਪਕਾਂ ਨਾਲ ਗੱਲਬਾਤ ਕੀਤੀ।

ਜੱਸੀ ਸੋਹੀਆਂ ਵਾਲਾ ਨੇ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਸਿੱਖਿਆ ਨੂੰ ਪ੍ਰਫੁੱਲਤ ਕਰਨ ਲਈ ਵਚਨਬੱਧ ਹੈ, ਜਿਸ ਕਰਕੇ ਸਰਕਾਰੀ ਸਕੂਲਾਂ ਵਿੱਚ ਪ੍ਰਾਈਵੇਟ ਸਕੂਲਾਂ ਮੁਕਾਬਲੇ ਬੱਚਿਆਂ ਨੂੰ ਵਧੀਆ ਸਿੱਖਿਆ ਮੁਹੱਈਆ ਕਰਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਜਿੱਥੇ ਪੰਜਾਬ ਸਰਕਾਰ ਵੱਲੋਂ ਐਮੀਨੈਸ ਸਕੂਲ ਬਣਾਏ ਜਾ ਰਹੇ ਹਨ, ਉੱਥੇ ਬੱਚਿਆਂ ਦੇ ਖੇਡਣ ਲਈ ਸਕੂਲਾਂ ਅੰਦਰ ਗਰਾਊਂਡ ਵੀ ਉਪਲਬਧ ਕਰਾਏ ਜਾ ਰਹੇ ਹਨ ਤਾਂ ਜੁ ਬੱਚੇ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਵੀ ਵਧੀਆ ਮੁਕਾਮ ਹਾਸਲ ਕਰਕੇ ਸਕੂਲ ਅਤੇ ਸੂਬੇ ਦਾ ਨਾਂਅ ਰੌਸ਼ਨ ਕਰ ਸਕਣ। ਚੇਅਰਮੈਨ ਨੇ ਕਿਹਾ ਕਿ ਜੋ ਬੱਚੇ ਪੜ੍ਹਾਈ ਵਿੱਚ ਪਹਿਲਿਆਂ ਪੁਜ਼ੀਸ਼ਨਾਂ ਹਾਸਲ ਕਰ ਰਹੇ ਹਨ, ਉਨ੍ਹਾਂ ਨੂੰ ਵੱਡੀ ਪੱਧਰ 'ਤੇ ਨਕਦ ਇਨਾਮ ਦੇ ਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਜਾ ਰਿਹਾ ਹੈ।

ਚੇਅਰਮੈਨ ਜੱਸੀ ਸੋਹੀਆਂਵਾਲਾ ਨੇ ਕਿਹਾ ਕਿ ਨਾਭਾ ਹਲਕੇ ਦੇ ਸਕੂਲਾਂ ਵਿੱਚ ਜੋ ਅਧਿਆਪਕਾਂ ਦੀ ਘਾਟ ਹੈ, ਉਸ ਸਬੰਧੀ ਜਲਦੀ ਹੀ ਉਹ ਭਗਵੰਤ ਮਾਨ ਮੁੱਖ ਮੰਤਰੀ ਪੰਜਾਬ ਤੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨਾਲ ਗੱਲ ਕਰਨਗੇ ਤਾਂ ਜੁ ਅਧਿਆਪਕਾਂ ਦੀ ਕਮੀ ਪੂਰੀ ਕੀਤੀ ਜਾ ਸਕੇ।

## ਗੁਰਦੁਆਰਾ ਸਿੰਘ ਸਭਾ ਵੱਲੋਂ ਬੈਂਕ ਦੇ ਬਾਹਰ ਧਰਨਾ



**ਬਰੇਟਾ (ਰੀਤਵਾਲ)** ਗੁਰਦੁਆਰਾ ਸਿੰਘ ਸਭਾ ਵੱਲੋਂ ਕੋਆਪ੍ਰੇਟਿਵ ਬੈਂਕ ਨੂੰ ਦਿੱਤੇ ਇਕਰਾਰਨਾਮੇ ਤਹਿਤ ਬਿਲਡਿੰਗ ਖਾਲੀ ਨਾ ਕਰਨ ਕਾਰਨ ਸਿੱਖ ਸੰਗਤਾਂ ਵਿੱਚ ਕਾਫੀ ਰੋਸ ਪਾਇਆ ਜਾ ਰਿਹਾ ਹੈ, ਜਿਸ ਕਾਰਨ ਬੈਂਕ ਦੇ ਬਾਹਰ ਕਮੇਟੀ ਵੱਲੋਂ ਬੈਂਕ ਦੇ ਪ੍ਰਬੰਧਕਾਂ ਖਿਲਾਫ਼ ਧਰਨਾ ਦੇ ਕੇ ਨਾਅਰੇਬਾਜ਼ੀ ਕੀਤੀ ਗਈ। ਕਮੇਟੀ ਦੇ ਪ੍ਰਧਾਨ ਅਜੀਤ ਸਿੰਘ ਕਾਹਨਗੜ੍ਹ ਨੇ ਬੋਲਦਿਆਂ ਕਿਹਾ ਕਿ ਬੈਂਕ ਨਾਲ ਕੀਤੇ ਇਕਰਾਰਨਾਮੇ ਮੁਤਾਬਕ 2019 ਵਿੱਚ ਕਿਰਾਇਆਨਾਮਾ ਖਤਮ ਹੋ ਗਿਆ ਸੀ। ਇਸ ਤੋਂ ਬਾਅਦ ਨਾ ਹੀ ਬੈਂਕ ਇਮਾਰਤ ਖਾਲੀ ਕਰ ਰਿਹਾ ਹੈ, ਨਾ ਹੀ ਇਸ ਸੰਬੰਧੀ ਕੋਈ ਸਹਿਮਤੀ ਪ੍ਰਗਟ ਕਰ ਰਿਹਾ ਹੈ। ਪ੍ਰਬੰਧਕ ਕਮੇਟੀ ਵੱਲੋਂ ਵਾਰ-ਵਾਰ ਬੈਂਕ ਅਧਿਕਾਰੀਆਂ ਨੂੰ ਖਾਲੀ ਕਰਨ ਸੰਬੰਧੀ ਸੂਚਿਤ ਵੀ ਕੀਤਾ ਗਿਆ ਤੇ ਕਾਨੂੰਨੀ ਨੋਟਿਸ ਵੀ ਭੇਜਿਆ ਗਿਆ, ਪ੍ਰੰਤੂ ਫਿਰ ਵੀ ਬੈਂਕ ਪ੍ਰਬੰਧਕ ਕਮੇਟੀ ਟੱਸ ਤੋਂ ਮੱਸ ਨਾ ਹੋਈ, ਜਿਸ ਦੇ ਰੋਸ ਵਜੋਂ ਸਾਨੂੰ ਬੈਂਕ ਦੇ ਬਾਹਰ ਧਰਨਾ ਦੇਣਾ ਪਿਆ। ਉਨ੍ਹਾਂ ਪ੍ਰਬੰਧਕ ਕਮੇਟੀ ਨੂੰ ਤਾੜਨਾ ਕਰਦਿਆਂ ਕਿਹਾ ਕਿ 31 ਅਗਸਤ ਤੱਕ ਬੈਂਕ ਦਾ ਕਿਰਾਇਆ ਵਧਾਇਆ ਜਾਵੇ ਤੇ ਨਵਾਂ ਐਗਰੀਮੈਂਟ ਕੀਤਾ ਜਾਵੇ, ਨਹੀਂ ਤਾਂ ਬੈਂਕ ਦੇ ਖਿਲਾਫ ਕਮੇਟੀ ਤਿੱਖਾ ਸੰਘਰਸ਼ ਉਲੀਕੇਗੀ। ਬੈਂਕ ਨੂੰ ਸੰਬੋਧਨ ਕਰਦਿਆਂ ਗੁਰਦੀਪ ਸਿੰਘ ਟੋਡਰਪੁਰ, ਤੇਜਾ ਸਿੰਘ ਬਰੇਟਾ, ਗੁਰਮੇਲ ਸਿੰਘ ਖੁਡਾਲ, ਮਾ. ਰਾਜਦੀਪ ਸਿੰਘ, ਛੱਜੂ ਸਿੰਘ ਦਿਆਲਪੁਰਾ, ਜਰਨੈਲ ਸਿੰਘ, ਹਰਚਰਨ ਸਿੰਘ ਕੈਂਥ, ਬਾਬਾ ਜਗਸੀਰ ਸਿੰਘ, ਮਲਕੀਤ ਸਿੰਘ ਸਮਾਉਂ, ਦਰਸ਼ਨ ਸਿੰਘ ਬਖਸ਼ੀਵਾਲਾ, ਸੁਖਜਿੰਦਰ ਸਿੰਘ ਨਿੱਕਾ, ਦਰਸ਼ਨ ਸਿੰਘ, ਹਰਬੰਸ ਸਿੰਘ ਬਰੇਟਾ, ਮਾ. ਗੁਲਜ਼ਾਰ ਸਿੰਘ, ਜਸਦੇਵ ਸਿੰਘ ਜੱਸਲ, ਬਾਬਾ ਦਰਸ਼ਨ ਸਿੰਘ ਤੇ ਸੁਖਦੇਵ ਸਿੰਘ ਜਲਵੇੜਾ ਆਦਿ ਨੇ ਵੀ ਵਿਚਾਰ ਪੇਸ਼ ਕੀਤੇ।

## ਹੜ੍ਹ ਪ੍ਰਭਾਵਤ ਲੋਕਾਂ ਦੀ ਮਦਦ ਲਈ ਅੱਗੇ ਆਏ ਡਾ. ਜਗਦੀਸ਼

**ਫ਼ਾਜ਼ਿਲਕਾ (ਕ੍ਰਿਸ਼ਨ ਸਿੰਘ)**-ਸਰਹੱਦੀ ਪਿੰਡਾਂ 'ਚ ਹੜ੍ਹ ਕਾਰਨ ਲੋਕਾਂ ਨੂੰ ਕਾਫੀ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਹੜ੍ਹ ਕਾਰਨ ਕੁਝ ਲੋਕ ਬਿਮਾਰ ਵੀ ਹੋ ਰਹੇ ਹਨ। ਪ੍ਰਸ਼ਾਸਨ ਵੱਲੋਂ ਇਨ੍ਹਾਂ ਹੜ੍ਹ ਪ੍ਰਭਾਵਤ ਲੋਕਾਂ ਦੇ ਇਲਾਜ ਲਈ ਦਵਾਈਆਂ ਵੰਡੀਆਂ ਜਾ ਰਹੀਆਂ ਹਨ। ਦੂਜੇ ਪਾਸੇ ਕੁਝ ਸਮਾਜ ਸੇਵੀ ਵੀ ਆਪਣੇ ਪੱਧਰ 'ਤੇ ਮਦਦ ਲਈ ਅੱਗੇ ਆ ਰਹੇ ਹਨ। ਇਸੇ ਤਰ੍ਹਾਂ ਇਕ ਨਿੱਜੀ ਹਸਪਤਾਲ ਦੇ ਡਾਕਟਰ ਜਗਦੀਸ ਸਿੰਘ ਵੀ ਇੱਥੇ ਬਿਮਾਰ ਹੋ ਰਹੇ ਲੋਕਾਂ ਦੀ ਮਦਦ ਲਈ ਅੱਗੇ ਆਏ ਹਨ। ਉਨ੍ਹਾਂ ਵੱਲੋਂ ਆਪਣੀ ਟੀਮ ਸਮੇਤ ਹੜ੍ਹ ਪ੍ਰਭਾਵਤ ਪਿੰਡਾਂ ਦੇ ਨਾਲ-ਨਾਲ ਢਾਣੀਆਂ ਤੇ ਘਰਾਂ 'ਚ ਜਾ ਕੇ ਬਿਮਾਰ ਪਏ ਲੋਕਾਂ ਨੂੰ ਮੁਫ਼ਤ ਦਵਾਈਆਂ ਵੀ ਵੰਡੀਆਂ ਜਾ ਰਹੀਆਂ ਹਨ। ਡਾਕਟਰ ਜਗਦੀਸ ਦਾ ਕਹਿਣਾ ਹੈ ਕਿ ਉਹ ਹੜ੍ਹ ਪ੍ਰਭਾਵਤ ਪਿੰਡ ਰਾਮ ਸਿੰਘ ਭੈਣੀ ਵਿੱਚ ਰਹਿੰਦੇ ਸਨ। ਇਸ ਤੋਂ ਬਾਅਦ ਹੁਣ ਉਹ ਪਿੰਡ ਘੁਬਾਇਆ ਵਿੱਚ ਗੁਰੂ ਕ੍ਰਿਪਾ ਹਸਪਤਾਲ ਨਾਮ ਦਾ ਪ੍ਰਾਈਵੇਟ ਹਸਪਤਾਲ ਚਲਾ ਰਹੇ ਹਨ। ਡਾ. ਜਗਦੀਸ਼ ਨੇ ਦੱਸਿਆ ਕਿ ਉਹ ਹੁਣ ਤੱਕ 1400 ਦੇ ਕਰੀਬ ਲੋਕਾਂ ਦੀ ਜਾਂਚ ਕਰਨ ਤੋਂ ਇਲਾਵਾ ਦਵਾਈਆਂ ਵੀ ਵੰਡ ਚੁੱਕੇ ਹਨ। ਇਸ ਤੋਂ ਇਲਾਵਾ ਭਵਿੱਖ ਵਿੱਚ ਵੀ ਸਮੇਂ-ਸਮੇਂ 'ਤੇ ਚੈੱਕਅਪ ਕੈਂਪ ਲਾ ਕੇ ਉਨ੍ਹਾਂ ਦੀ ਜਾਂਚ ਕਰਨ ਦੇ ਨਾਲ-ਨਾਲ ਉਨ੍ਹਾਂ ਨੂੰ ਦਵਾਈਆਂ ਵੀ ਦਿੱਤੀਆਂ ਜਾਣਗੀਆਂ। ਦੂਜੇ ਪਾਸੇ ਪਿੰਡ ਵਾਸੀਆਂ ਦਲੀਪ ਸਿੰਘ, ਹੁਸ਼ਿਆਰ ਸਿੰਘ ਤੇ ਹੋਰਨਾਂ ਨੇ ਡਾਕਟਰ ਜਗਦੀਸ਼ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਹੋਰਨਾਂ ਡਾਕਟਰਾਂ ਨੂੰ ਵੀ ਉਨ੍ਹਾਂ ਤੋਂ ਨਸੀਹਤ ਲੈਣ ਲਈ ਕਿਹਾ।

## ਕੁਲਾਰ ਪੰਜਾਬੀ ਸਾਹਿਤ ਸਭਾ ਭੁਮੱਦੀ ਦੇ ਸਰਬਸੰਮਤੀ ਨਾਲ ਪ੍ਰਧਾਨ ਚੁਣੇ



**ਖੰਨਾ, (ਪੱਤਰ ਪ੍ਰੇਰਕ)** ਪੰਜਾਬੀ ਸਾਹਿਤ ਸਭਾ ਭੁਮੱਦੀ ਦੀ ਮਹੀਨਾਵਾਰ ਮੀਟਿੰਗ ਪਿੰਡ ਦੀ ਸੱਥ ਵਿਚ ਸਭਾ ਦੇ ਪ੍ਰਧਾਨ ਪ੍ਰਗਟ ਸਿੰਘ ਭੁਮੱਦੀ ਦੀ ਪ੍ਰਧਾਨਗੀ ਹੇਠ ਹੋਈ। ਸਭਾ ਦੀ ਸ਼ੁਰੂਆਤ ਬਾਣੀ ਦੇ ਸ਼ਬਦ 'ਮੋਰੀ ਰੁਣ ਝੁਣ ਲਾਇਆ ਭੈਣੇ ਸਾਵਣੁ ਆਇਆ' ਦੀ ਵਿਆਖਿਆ ਕਰਕੇ ਕੀਤੀ ਗਈ। ਉਸ ਤੋਂ ਬਾਅਦ ਹਾਜ਼ਰ ਸਾਹਿਤਕਾਰਾਂ ਵੱਲੋਂ ਪੰਜਾਬੀ ਪੰਜਾਬੀ ਲੋਕ ਗਾਇਕ ਸੁਰਿੰਦਰ ਸ਼ਿੰਦਾ, ਗੀਤਕਾਰ ਕਿਰਪਾਲ ਸਿੰਘ ਨਾਜ, ਨਾਵਲਕਾਰ ਅਸ਼ੋਕ ਵਸ਼ਿਸ਼ਟ ਦੀ ਹੋਈ ਬੇਵਕਤ ਮੌਤ 'ਤੇ ਦੋ ਮਿੰਟ ਦਾ ਮੌਨ ਧਾਰ ਕੇ ਸ਼ਰਧਾਂਜਲੀ ਦਿੱਤੀ ਗਈ। ਰਚਨਾਵਾਂ ਦੇ ਦੌਰ ਵਿੱਚ ਸਭ ਤੋਂ ਪਹਿਲਾਂ ਸਨੀ ਵਰਮਾ, ਕਵਿਤਾ ਕ੍ਰਿਸ਼ਨ ਨਹੀਂ ਆਇਆ, ਨਰੇਸ਼ ਨਿਮਾਣਾ ਗੀਤ 'ਫੱਟ ਮੇਰੇ', ਗੁਰੀ ਤੁਰਮਰੀ ਗੀਤ 'ਬਲੱਡ ਬੈਂਕ', ਹਰਬੰਸ ਸਿੰਘ ਰਾਏ ਕਵਿਤਾ 'ਰੁੱਤਾਂ', ਗਾਇਕ ਤੇ ਗੀਤਕਾਰ ਸੌਂਕੀ ਭੁਮੱਦੀ ਵੱਲੋਂ ਆਪਣਾ ਲਿਖਿਆ ਗੀਤ ਸੁਣਾਇਆ ਗੀਤ।

ਕਮਲਜੀਤ ਨੀਲੋਂ ਕਹਾਣੀ 'ਸੰਤਾਪ', ਐਡਵੋਕੇਟ ਹਰਦੀਪ ਸਿੰਘ ਭੱਟੀ ਵੱਲੋਂ ਮਿੰਨੀ ਕਹਾਣੀ 'ਜ਼ੋਰ', ਰਵਿੰਦਰ ਸਿੰਘ ਰੁਪਾਲ ਕੌਲਗੜ੍ਹ ਕਹਾਣੀ 'ਮੈਂ ਹਾਰਨ ਵਾਲੀ ਨਹੀਂ', ਸਾਹਿਤ ਸਭਾ ਭੈਣੀ ਸਾਹਿਬ ਦੇ ਪ੍ਰਧਾਨ ਸੇਵਕ ਸਿੰਘ ਢਿੱਲੋਂ ਵੱਲੋਂ ਕਵਿਤਾ, ਅਵਤਾਰ ਸਿੰਘ ਓਟਾਲਾ ਕਵਿਤਾ 'ਮਾਂ ਦੀ ਬੁੱਕਲ ਦਾ ਨਿੱਘ' ਨੇਤਰ ਸਿੰਘ ਮੋਤਿਉ ਮਿੰਨੀ ਕਹਾਣੀ 'ਕਣੀਆਂ', ਅਵਤਾਰ ਸਿੰਘ ਖਾਲਸਾ ਭੁਮੱਦੀ, ਰਜਤ ਰੌਣੀਵਾਲ ਕਵਿਤਾ, ਕਰਮਜੀਤ ਸਿੰਘ ਢਿੱਲੋਂ ਵੱਲੋਂ ਆਪਣੀ ਰਚਨਾ ਚੌਕੜੀ ਛੰਦ , ਬਲਜੀਤ ਸਿੰਘ ਲਾਹਿਲ ਗੀਤ 'ਜੋ ਹੱਕ ਬਣਦਾ', ਪੰਜਾਬੀ ਲਿਖਾਰੀ ਸਭਾ ਖੰਨਾ ਦੇ ਪ੍ਰਧਾਨ ਮਨਜੀਤ ਸਿੰਘ ਧੰਜਲ ਵੱਲੋਂ 'ਮਿਠਾ ਮਿਠਾ ਮਾਂ ਘੂਰਦੀ', ਸੁਖਵਿੰਦਰ ਸਿੰਘ ਭਾਦਲਾ ਵੱਲੋਂ ਲੇਖ, ਕਿਰਨਦੀਪ ਸਿੰਘ ਕੁਲਾਰ ਵੱਲੋਂ ਗੀਤ, ਸੁਰਜਨ ਸਿੰਘ ਲਿਬੜਾ ਵੱਲੋਂ ਜੋਸ਼ ਭਰੇ ਲਹਿਜ਼ੇ ਵਿੱਚ ਗੀਤ, ਰਣਜੋਧ ਸਿੰਘ ਭੁਮੱਦੀ ਵੱਲੋਂ ਸ਼ੇਅਰ, ਗੀਤਕਾਰ ਹਰਨੇਕ ਸਿੰਘ ਭੰਡਾਲ ਕਾਵਿਤਾ ਮਾਨਵਤਾ, ਸੇਵਕ ਸਿੰਘ ਭੁਮੱਦੀ ਵੱਲੋਂ ਉੱਚੀ ਹੇਕ ਵਿੱਚ ਹਰ ਵਾਰ ਦੀ ਤਰ੍ਹਾਂ ਇਸ ਵਾਰ ਵੀ ਗੀਤ ਗਾ ਕੇ ਵਾਹ-ਵਾਹ ਖੱਟੀ, ਅਖੀਰ ਵਿੱਚ ਸਭਾ ਦੇ ਪ੍ਰਧਾਨ ਪ੍ਰਗਟ ਸਿੰਘ ਭੁਮੱਦੀ ਵੱਲੋਂ ਆਪਣੀ ਰਚਨਾ ਸੁਣਾਈ। ਰਚਨਾਵਾਂ ਦੀ ਚਰਚਾ ਵਾਲੇ ਦੌਰ ਸ਼ਿੰਦਰ ਸਿੰਘ ਭੁਮੱਦੀ, ਟਹਿਲ ਸਿੰਘ ਭੁਮੱਦੀ ਵੱਲੋਂ ਵਿਸ਼ੇਸ਼ ਤੌਰ 'ਤੇ ਭਾਗ ਲਿਆ।

ਸਭਾ ਦੀ ਕਾਰਵਾਈ ਸੁਖਵਿੰਦਰ ਸਿੰਘ ਭਾਦਲਾ ਵੱਲੋਂ ਬਾਖ਼ੂਬੀ ਨਿਭਾਈ ਗਈ। ਹਰਨੇਕ ਸਿੰਘ ਭੰਡਾਲ ਵੱਲੋਂ ਆਏ ਸਾਰੇ ਸਾਹਿਤਕਾਰਾਂ ਦਾ ਧੰਨਵਾਦ ਕੀਤਾ ਗਿਆ। ਸਭਾ ਦੀ ਮੀਟਿੰਗ ਦੇ ਦੂਜੇ ਦੌਰ ਵਿੱਚ ਪੰਜਾਬੀ ਸਾਹਿਤ ਸਭਾ ਭੁਮੱਦੀ ਸਾਲਾਨਾ ਚੋਣ ਹਾਜ਼ਰ ਮੈਂਬਰਾਂ ਦੀ ਹਾਜ਼ਰੀ ਵਿੱਚ ਕੀਤੀ ਗਈ। ਸਰਬਸੰਮਤੀ ਨਾਲ ਚੋਣ ਵਿੱਚ ਸਭਾ ਦੇ ਪੁਰਾਣੇ ਅਹੁਦੇਦਾਰਾਂ ਨਾਲ ਕੁਝ ਨਵੇਂ ਅਹੁਦੇਦਾਰ ਚੁਣੇ ਗਏ। ਸਭਾ ਦੇ ਨਵੇਂ ਚੁਣੇ ਗਏ ਪ੍ਰਧਾਨ ਕਿਰਨਦੀਪ ਸਿੰਘ ਕੁਲਾਰ, ਸੀਨੀਅਰ ਮੀਤ ਪ੍ਰਧਾਨ ਕਮਲਜੀਤ ਸਿੰਘ ਨੀਲੋਂ, ਗੀਤਕਾਰ ਹਰਨੇਕ ਸਿੰਘ ਭੰਡਾਲ, ਮਾਸਟਰ ਹਰਦੀਪ ਸਿੰਘ ਭੁਮੱਦੀ, ਮੀਤ ਪ੍ਰਧਾਨ ਸਨੀ ਚਕੋਹੀ, ਗੁਰੀ ਤੁਰਮਰੀ, ਸੌਂਕੀ ਭੁਮੱਦੀ, ਉਪ ਪ੍ਰਧਾਨ ਕਰਮਜੀਤ ਸਿੰਘ ਢਿੱਲੋਂ, ਸਟੇਜ ਸਕੱਤਰ ਅਵਤਾਰ ਸਿੰਘ ਖਾਲਸਾ ਭੁਮੱਦੀ, ਖ਼ਜ਼ਾਨਚੀ ਰਜਤ ਰੌਣੀਵਾਲ, ਕਾਨੂੰਨੀ ਸਲਾਹਕਾਰ ਅਡਵੋਕੇਟ ਹਰਦੀਪ ਸਿੰਘ ਭੱਟੀ ਆਦਿ ਅਹੁਦੇਦਾਰ ਸਰਬਸੰਮਤੀ ਨਾਲ ਚੁਣੇ ਗਏ।

## ਕਿਸਾਨ ਆਗੂ ਨੇ ਆਪਣੇ ਪੁੱਤਰ ਦਾ ਜਨਮ ਦਿਨ ਪੌਦੇ ਲਾ ਕੇ ਮਨਾਇਆ

**ਮਾਛੀਵਾੜਾ ਸਾਹਿਬ, (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)** ਕੁੱਲ ਹਿੰਦ ਕਿਸਾਨ ਸਭਾ ਦੇ ਤਹਿਸੀਲ ਪ੍ਰਧਾਨ ਨਿੱਕਾ ਸਿੰਘ ਖੇੜਾ ਵਲੋਂ ਆਪਣੇ ਪੁੱਤਰ ਦਾ ਜਨਮ ਦਿਨ ਪੌਦੇ ਲਾ ਕੇ ਮਨਾਇਆ। ਉਨ੍ਹਾਂ ਕਿਹਾ ਕਿ ਅੱਜ ਸਮੇਂ ਦੀ ਜ਼ਰੂਰਤ ਹੈ ਕਿ ਪ੍ਰਦੂਸ਼ਤ ਹੋ ਰਹੇ ਵਾਤਾਵਰਣ ਨੂੰ ਬਚਾਉਣ ਲਈ ਹਰੇਕ ਵਿਅਕਤੀ ਆਪਣੇ ਜਾਂ ਧੀ-ਪੁੱਤਰ ਦੇ ਜਨਮ ਦਿਨ 'ਤੇ ਪੌਦਾ ਜ਼ਰੂਰ ਲਾਵੇ। ਉਨ੍ਹਾਂ ਕਿਹਾ ਕਿ ਇਹ ਮਨੁੱਖ ਵਲੋਂ ਲਾਇਆ ਪੌਦਾ ਉਸ ਦੀਆਂ ਆਉਣ ਵਾਲੀਆਂ ਪੀੜ੍ਹੀਆਂ ਲਈ ਲਾਹੇਵੰਦ ਸਾਬਿਤ ਹੋਵੇਗਾ।

## ਸਰਪੰਚ ਸਮੇਤ ਪੰਚਾਇਤ ਮੈਂਬਰਾਂ ਨੇ 'ਆਪ' ਦਾ ਝਾੜੂ ਫੜਿਆ

**ਲੌਂਗੋਵਾਲ, (ਪ੍ਰਦੀਪ ਸਿੰਘ ਸੱਪਲ/ਕੁਲਦੀਪ ਅੱਤਰੀ):** ਸੂਬੇ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਲੋਕਹਿੱਤ ਵਿੱਚ ਕੀਤੀਆਂ ਜਾ ਰਹੀਆਂ ਕਾਰਗੁਜ਼ਾਰੀਆਂ ਦੇ ਚੱਲਦਿਆਂ ਕੈਬਨਿਟ ਮੰਤਰੀ ਪੰਜਾਬ ਅਮਨ ਅਰੋੜਾ ਦੀ ਅਗਵਾਈ ਹੇਠ ਪਿੰਡ ਦਿਆਲਗੜ੍ਹ ਦੇ ਮੌਜੂਦਾ ਅਤੇ ਸਾਬਕਾ ਸਰਪੰਚ ਸਮੇਤ ਸਮੁੱਚੀ ਪੰਚਾਇਤ ਅਤੇ ਮੋਹਤਬਰਾਂ ਨੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ ਹੈ। ਇਸ ਮੌਕੇ ਪਿੰਡ ਦਿਆਲਗੜ੍ਹ ਤੋਂ ਸਰਪੰਚ ਨਾਜਰ ਸਿੰਘ, ਸਾਬਕਾ ਸਰਕਲ ਪ੍ਰਧਾਨ ਅਕਾਲੀ ਦਲ ਮੁਖਤਿਆਰ ਸਿੰਘ, ਸਾਬਕਾ ਸਰਪੰਚ ਜਗਦੀਪ ਸਿੰਘ, ਪੰਚਾਇਤ ਮੈਂਬਰ ਗੁਰਚਰਨ ਸਿੰਘ, ਪੰਚਾਇਤ ਮੈਂਬਰ ਕਾਲਾ ਸਿੰਘ, ਪੰਚ ਮਾਣਾ ਸਿੰਘ, ਬਲਦੇਵ ਸਿੰਘ, ਮੰਗਤ ਰਾਈ, ਗੁਰਸੰਗਤ ਸਿੰਘ, ਦੀਪ ਸਿੰਘ ਜੱਸਲ, ਜਰਨੈਲ ਸਿੰਘ ਸਾਬਕਾ ਮੈਂਬਰ, ਕੁਲਵਿੰਦਰ ਸਿੰਘ, ਪੰਚ ਜਗਦੇਵ ਸਿੰਘ, ਜੱਗਾ ਸਿੰਘ ਜੱਸਲ, ਬਿੰਦਰ ਸਿੰਘ ਦੁੱਲਟ ਸਮੇਤ ਸਮੁੱਚੀ ਪੰਚਾਇਤ ਆਪ ਪਾਰਟੀ ਵਿੱਚ ਸ਼ਾਮਲ ਹੋਏ। ਇਸ ਦੌਰਾਨ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਪਾਰਟੀ ਵਿੱਚ ਸ਼ਾਮਲ ਹੋਣ ਵਾਲਿਆਂ ਦਾ ਭਰਵਾਂ ਸਵਾਗਤ ਕੀਤਾ ਅਤੇ ਕਿਹਾ ਕਿ ਉਨ੍ਹਾਂ ਨੂੰ ਬਣਦਾ ਮਾਣ-ਸਨਮਾਨ ਦਿੱਤਾ ਜਾਵੇਗਾ। ਇਸ ਮੌਕੇ ਸੁੱਖ ਸਾਹੋਕੇ, ਅਵਤਾਰ ਸਿੰਘ ਨੰਬਰਦਾਰ, ਨੀਟੂ ਸ਼ਰਮਾ, ਦਲਜੀਤ ਸਿੰਘ ਦੁੱਲਟ, ਸੀਨੀਅਰ ਆਗੂ ਬਲਵਿੰਦਰ ਸਿੰਘ ਢਿੱਲੋਂ, ਮਨਪ੍ਰੀਤ ਸਿੰਘ ਆਦਿ ਮੌਜੂਦ ਸਨ।

## ਮੁਫਤ ਮੈਡੀਕਲ ਕੈਂਪ ਜ਼ਰੂਰਤਮੰਦ ਲੋਕਾਂ ਲਈ ਸਹਾਇਕ : ਬਾਂਸਲ/ਕਾਕਾ

### ਕੈਂਪ ਦੌਰਾਨ ਕੀਤੀ 90 ਦਿਲ ਦੇ ਮਰੀਜ਼ਾਂ ਦੀ ਮੁਫਤ ਜਾਂਚ

**ਭੀਖੀ, (ਧਰਮਵੀਰ ਸ਼ਰਮਾ)**-ਸ਼੍ਰੀ ਸਨਾਤਨ ਧਰਮ ਪੰਜਾਬ ਮਹਾਂਵੀਰ ਦਲ (ਰਜਿ:) ਹੈੱਡ ਆਫਿਸ ਮਾਇਸਰਖਾਨਾ ਵੱਲੋਂ ਸ਼੍ਰੀ ਪ੍ਰਾਚੀਨ ਦੁਰਗਾ ਮੰਦਰ ਮਾਇਸਰਖਾਨਾ ਵਿਖੇ ਪਹਿਲਾ ਦਿਲ ਦੀਆਂ ਬਿਮਾਰੀਆਂ ਦਾ ਮੁਫਤ ਚੈੱਕਅੱਪ ਕੈਂਪ ਲਾਇਆ ਗਿਆ, ਜਿਸ ਦਾ ਉਦਘਾਟਨ ਸ਼੍ਰੀ ਸਨਾਤਨ ਧਰਮ ਪੰਜਾਬ ਮਹਾਂਵੀਰ ਦਲ ਦੇ ਪ੍ਰਧਾਨ ਪਵਨ ਬਾਂਸਲ, ਸੀਨੀ. ਪ੍ਰਧਾਨ ਜੋਗਿੰਦਰ ਕਾਕਾ ਤੇ ਦਿਲ ਦੀਆਂ ਬਿਮਾਰੀਆਂ ਦੇ ਮਾਹਰ ਡਾ. ਵਿਵੇਕ ਜਿੰਦਲ ਨੇ ਸਾਂਝੇ ਤੌਰ 'ਤੇ ਕੀਤਾ। ਇਸ ਮੌਕੇ ਦਲ ਦੇ ਹੋਰ ਆਗੂ ਵੀ ਮੌਜੂਦ ਸਨ। ਦਲ ਦੇ ਦਫਤਰ ਸਕੱਤਰ ਰਜਿੰਦਰ ਰਾਜੀ ਦੀ ਅਗਵਾਈ ਹੇਠ ਲਾਏ ਗਏ ਇਸ ਕੈਂਪ ਵਿੱਚ ਦਿਲ ਦੀਆਂ ਬਿਮਾਰੀਆਂ ਦੇ ਮਾਹਰ ਡਾ. ਵਿਵੇਕ ਜਿੰਦਲ ਡੀ ਐੱਮ ਕਾਰਡਿਓਲੋਜੀ ਨੇ 90 ਦੇ ਕਰੀਬ ਮਰੀਜ਼ਾਂ ਦੀ ਮੁਫਤ ਜਾਂਚ ਕੀਤੀ। ਇਸ ਮੌਕੇ ਉਨ੍ਹਾਂ ਜਿੱਥੇ ਬੱਲਡ ਪ੍ਰੈਸ਼ਰ, ਬੱਲਡ ਸ਼ੂਗਰ, ਈਸੀਜੀ ਦੇ ਟੈਸਟ ਵੀ ਮੁਫਤ ਕੀਤੇ, ਉੱਥੇ ਜ਼ਰੂਰਤਮੰਦ ਮਰੀਜ਼ਾਂ ਨੂੰ ਦਵਾਈਆਂ ਵੀ ਮੁਫਤ ਦਿੱਤੀਆਂ ਗਈਆਂ। ਇਸ ਮੌਕੇ ਦਲ ਦੇ ਪ੍ਰਧਾਨ ਪਵਨ ਬਾਂਸਲ ਤੇ ਜੋਗਿੰਦਰ ਕਾਕਾ ਨੇ ਕਿਹਾ ਕਿ ਅਜਿਹੇ ਮੁਫਤ ਮੈਡੀਕਲ ਕੈਂਪ ਜ਼ਰੂਰਤਮੰਦ ਮਰੀਜ਼ਾਂ ਲਈ ਸਹਾਇਕ ਸਿੱਧ ਹੁੰਦੇ ਹਨ, ਜਿਨ੍ਹਾਂ ਵਿੱਚ ਚੈੱਕਅੱਪ ਕਰਵਾ ਕੇ ਉਹ ਆਪਣਾ ਇਲਾਜ ਸਸਤਾ ਤੇ ਸਮੇਂ ਸਿਰ ਕਰਵਾ ਕਰਵਾ ਸਕਦੇ ਹਨ। ਉਨ੍ਹਾਂ ਕਿਹਾ ਕਿ ਮੰਦਰ ਕਮੇਟੀ ਨੇ ਮਹੀਨੇ ਦੇ ਆਖਰੀ ਐਤਵਾਰ ਨੂੰ ਮੰਦਰ ਵਿਖੇ ਮੁਫਤ ਮੈਡੀਕਲ ਕੈਂਪ ਲਗਵਾਉਣ ਦਾ ਫੈਸਲਾ ਕੀਤਾ, ਜਿਸ ਦੀ ਸ਼ੁਰੂਆਤ ਕਰ ਦਿੱਤੀ ਗਈ ਹੈ। ਇਸ ਮੌਕੇ ਮੰਦਰ ਕਮੇਟੀ ਵੱਲੋਂ ਡਾ. ਵਿਵੇਕ ਜਿੰਦਲ ਤੇ ਉਨ੍ਹਾਂ ਦੀ ਟੀਮ ਨੂੰ ਸਨਮਾਨਤ ਕਰਨ ਤੋਂ ਇਲਾਵਾ ਹੋਰ ਸਹਿਯੋਗੀ ਸੱਜਣਾਂ ਨੂੰ ਵੀ ਸਨਮਾਨਤ ਕੀਤਾ ਗਿਆ। ਇਸ ਮੌਕੇ ਦਲ ਦੇ ਜਨਰਲ ਸਕੱਤਰ ਮਹਿੰਦਰਪਾਲ ਮੌਂਜੀ, ਦਫਤਰ ਸਕੱਤਰ ਰਾਜਿੰਦਰ ਰਾਜੀ. ਪੰਡਿਤ ਰਾਜਬੀਰ ਸ਼ਾਸਤਰੀ, ਡਾ. ਮਨਪ੍ਰੀਤ ਸਿੱਧੂ ਭੀਖੀ, ਮੈਨੇਜਰ ਗੌਰਵ ਮਿਗਲਾਨੀ, ਸ਼ਾਮ ਸੁੰਦਰ, ਕੁਲਵਿੰਦਰ ਸਿੰਘ ਪੀ ਆਰ ਓ, ਰਾਜਿੰਦਰ ਰਾਜੀ, ਅਮਰਜੀਤ ਗਿਰੀ, ਲਛਮਣ ਸਿੰਘ ਕੰਗ, ਕੈਪਟਨ ਕੇਵਲ ਕ੍ਰਿਸ਼ਨ ਹੈਪੀ, ਸੂਰਜ ਭਾਨ ਬਠਿੰਡਾ, ਭੀਮ ਸੈਨ ਤੇ ਹੋਰ ਹਾਜ਼ਰ ਸਨ।

## ਸਰਕਾਰੀ ਦਫ਼ਤਰਾਂ 'ਚ ਪੱਕੇ ਤੌਰ 'ਤੇ ਅਧਿਕਾਰੀ ਨਿਯੁਕਤ ਨਾ ਹੋਣ ਕਾਰਨ ਲੋਕ ਪ੍ਰੇਸ਼ਾਨ : ਲੱਕੀ

**ਮਾਛੀਵਾੜਾ ਸਾਹਿਬ, (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)** ਸੀਨੀਅਰ ਕਾਂਗਰਸੀ ਆਗੂ ਨਰਿੰਦਰਪਾਲ ਸਿੰਘ ਲੱਕੀ ਨੇ ਕਿਹਾ ਕਿ ਮਾਛੀਵਾੜਾ ਦੇ 2 ਪ੍ਰਮੁੱਖ ਸਰਕਾਰੀ ਦਫ਼ਤਰ ਸਬ ਤਹਿਸੀਲ ਤੇ ਪਾਵਰਕਾਮ ਦਫ਼ਤਰ ਵਿਖੇ ਪੱਕੇ ਤੌਰ 'ਤੇ ਅਧਿਕਾਰੀ ਨਾ ਹੋਣ ਕਾਰਨ ਲੋਕ ਪ੍ਰੇਸ਼ਾਨ ਹੋ ਰਹੇ ਹਨ, ਜਦਕਿ ਸਰਕਾਰ ਇਸ ਵੱਲੋਂ ਬੇਪ੍ਰਵਾਹ ਹੋਈ ਬੈਠੀ ਹੈ। ਕਾਂਗਰਸੀ ਆਗੂ ਲੱਕੀ ਨੇ ਕਿਹਾ ਕਿ ਸਬ-ਤਹਿਸੀਲ ਮਾਛੀਵਾੜਾ ਵਿੱਚ ਪੱਕੇ ਤੌਰ 'ਤੇ ਕੋਈ ਨਾਇਬ ਤਹਿਸੀਲਦਾਰ ਨਹੀਂ, ਜਿਸ ਕਾਰਨ ਇੱਥੇ ਰਜਿਸਟਰੀਆਂ ਦਾ ਕੰਮ ਰੈਗੂਲਰ ਨਹੀਂ ਹੋ ਰਿਹਾ, ਜਿਸ ਕਾਰਨ ਲੋਕਾਂ ਨੂੰ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਮਾਛੀਵਾੜਾ ਸ਼ਹਿਰ ਤੇ ਨਾਲ ਲੱਗਦੇ 100 ਪਿੰਡਾਂ ਨੂੰ ਸਹੂਲਤਾਂ ਦੇਣ ਵਾਲੀ ਸਬ-ਤਹਿਸੀਲ ਵਿਚ ਪੱਕੇ ਤੌਰ 'ਤੇ ਅਧਿਕਾਰੀ ਨਿਯੁਕਤ ਨਾ ਹੋਣਾ ਸਰਕਾਰ ਦੀ ਵੱਡੀ ਨਾਕਾਮੀ ਹੈ। ਇਸ ਤੋਂ ਇਲਾਵਾ ਮਾਛੀਵਾੜਾ ਪਾਵਰਕਾਮ ਦਫ਼ਤਰ ਵਿਚ ਐੱਸਡੀਓ ਦੀ ਨਿਯੁਕਤੀ ਵੀ ਪੱਕੇ ਤੌਰ 'ਤੇ ਨਹੀਂ ਹੈ ਤੇ ਲੋਕ ਦਫ਼ਤਰਾਂ ਦੇ ਗੇੜੇ ਮਾਰਨ ਲਈ ਮਜਬੂਰ ਹਨ। ਕਾਂਗਰਸੀ ਆਗੂ ਨੇ ਕਿਹਾ ਕਿ ਸਰਕਾਰ ਲੋਕਾਂ ਦੀ ਸਮੱਸਿਆ ਨੂੰ ਗੰਭੀਰਤਾ ਨਾਲ ਲੈਂਦਿਆਂ ਸਰਕਾਰੀ ਦਫ਼ਤਰਾਂ ਵਿੱਚ ਪੱਕੇ ਤੌਰ 'ਤੇ ਅਧਿਕਾਰੀ ਨਿਯੁਕਤ ਕਰੇ ਤਾਂ ਜੁ ਉਨ੍ਹਾਂ ਦੀ ਪ੍ਰੇਸ਼ਾਨੀ ਦੂਰ ਹੋ ਸਕੇ।

## ਮੋਦੀ ਦੇਸ਼ ਦੇ ਲੋਕਾਂ ਤੋਂ ਮੁਆਫੀ ਮੰਗਣ : ਆਲ ਇੰਡੀਆ ਵਰਕਿੰਗ ਵੂਮੈਨ ਫੋਰਮ



**ਲੁਧਿਆਣਾ (ਐਮ ਐਸ ਭਾਟੀਆ/ਰੈਕਟਰ ਕਥੂਰੀਆ)**-ਏਟਕ ਨਾਲ ਸਬੰਧਤ ਆਲ ਇੰਡੀਆ ਵਰਕਿੰਗ ਵੂਮੈਨ ਫੋਰਮ (ਏ.ਆਈ.ਡਬਲਿਊ. ਡਬਲਿਊ.ਐਫ) ਮਨੀਪੁਰ ਵਿੱਚ ਹਿੰਸਾ ਅਤੇ ਔਰਤਾਂ 'ਤੇ ਅੱਤਿਆਚਾਰ ਦੀਆਂ ਵਹਿਸ਼ੀ ਕਾਰਵਾਈਆਂ ਦੀ ਡੂੰਘੀ ਨਿੰਦਾ ਕਰਦੀ ਹੈ। ਔਰਤਾਂ ਨੂੰ ਨੰਗਿਆਂ ਕਰ ਦਿੱਤਾ ਗਿਆ, ਬੇਰਹਿਮੀ ਨਾਲ ਹਮਲਾ ਕੀਤਾ ਗਿਆ, ਬਲਾਤਕਾਰ ਕੀਤਾ ਗਿਆ ਅਤੇ ਨਗਨ ਪਰੇਡ ਕੀਤੀ ਗਈ, ਖੂਨ ਨਾਲ ਲਥਪਥ, ਭਿਆਨਕ, ਵਹਿਸ਼ੀਆਨਾ, ਦੁਖਦਾਈ, ਡਰਾਉਣੀ, ਹੈਰਾਨ ਕਰਨ ਵਾਲੀਆਂ ਘਟਨਾਂਵਾਂ ਸਭ ਇੱਕੋ ਸਮੇਂ ਹਨ। ਸਭ ਤੋਂ ਵੱਧ ਘਿਨਾਉਣੀ ਗੱਲ ਇਹ ਹੈ ਕਿ ਕੇਂਦਰ ਅਤੇ ਰਾਜ ਦੀ 'ਡਬਲ ਇੰਜਣ' ਵਾਲੀ ਭਾਜਪਾ ਸਰਕਾਰ ਦੀ ਚੁੱਪੀ ਅਤੇ ਬੇਰੁਖੀ। ਇਹ ਸ਼ਰਮ ਦੀ ਗੱਲ ਹੈ ਕਿ ਸੁਪਰੀਮ ਕੋਰਟ ਦੇ ਦਖਲ ਤੋਂ ਬਾਅਦ ਪ੍ਰਧਾਨ ਮੰਤਰੀ ਆਪਣੀ ਚੁੱਪ ਤੋੜਨ ਲਈ ਮਜਬੂਰ ਹੋਏ ਹਨ। ਸਭ ਤੋਂ ਭੈੜੇ ਅਪਰਾਧ 'ਤੇ 20 ਸਕਿੰਟਾਂ ਲਈ ਚੁੱਪ ਟੁੱਟ ਗਈ।

ਐਫ.ਆਈ.ਆਰ ਦਰਜ ਕੀਤੇ ਜਾਣ ਤੋਂ 70 ਦਿਨਾਂ ਤੋਂ ਵੱਧ ਸਮੇਂ ਬਾਅਦ ਹੈਰਾਨਕੁੰਨ ਤੇ ਰੂਹ ਨੂੰ ਕੰਬਾ ਦੇਣ ਵਾਲੀਆਂ ਘਟਨਾਵਾਂ ਦਾ ਖੁਲਾਸਾ ਹੋਇਆ ਹੈ। 4 ਮਈ ਤੋਂ ਲੈ ਕੇ ਹੁਣ ਤੱਕ ਹਰ ਰੋਜ਼ ਔਰਤਾਂ ਵਿਰੁੱਧ ਵਹਿਸ਼ੀ ਹਿੰਸਾ ਦੀਆਂ ਕਈ ਹੋਰ ਘਟਨਾਵਾਂ ਸਾਹਮਣੇ ਆ ਰਹੀਆਂ ਹਨ। ਇਹ ਸ਼ਰਮ ਦੀ ਗੱਲ ਹੈ ਕਿ ਸੂਬਾ ਸਰਕਾਰ ਤੇ ਮੋਦੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਦੋਵੇਂ ਬੇਸਮਝੀ ਦਾ ਦਾਅਵਾ ਕਰ ਰਹੀਆਂ ਹਨ। ਇਹ ਅਪਰਾਧਿਕ ਅਗਿਆਨਤਾ, ਅਦੁੱਤੀ ਸੂਝ ਹੈ। ਏਟਕ ਦੀ ਆਲ ਇੰਡੀਆ ਵਰਕਿੰਗ ਵੂਮੈਨ ਫੋਰਮ ਸਪੱਸ਼ਟ ਸ਼ਬਦਾਂ ਵਿੱਚ ਮੋਦੀ ਸਰਕਾਰ ਨੂੰ ਮਨੀਪੁਰ ਵਿੱਚ ਜਾਨੀ ਨੁਕਸਾਨ ਅਤੇ ਔਰਤਾਂ 'ਤੇ ਹਿੰਸਾ ਦੇ ਵਹਿਸ਼ੀ ਕਾਰਿਆਂ ਦੁਆਰਾ ਦੇਸ ਨੂੰ ਸ਼ਰਮਸ਼ਾਰ ਕਰਨ ਲਈ ਨਿਖੇਧੀ ਕਰਦਾ ਹੈ। ਏ.ਆਈ.ਡਬਲਿਊ. ਡਬਲਿਊ.ਐਫ-ਏਟਕ ਨੇ ਦੇਸ ਲਈ ਬਦਨਾਮੀ ਲਿਆਉਣ ਲਈ ਮੋਦੀ ਸਰਕਾਰ ਦੀ ਨਿਖੇਧੀ ਕੀਤੀ। ਏ.ਆਈ.ਡਬਲਿਊ. ਡਬਲਿਊ.ਐਫ-ਏਟਕ ਮੰਗ ਕਰਦੀ ਹੈ ਕਿ ਪ੍ਰਧਾਨ ਮੰਤਰੀ ਭਾਰਤ ਦੀਆਂ ਔਰਤਾਂ ਨੂੰ ਸਪੱਸ਼ਟੀਕਰਨ ਦੇਣੇ ਅਤੇ ਬਿਨਾਂ ਸ਼ਰਤ ਮੁਆਫੀ ਮੰਗਣ।

## ਜੌੜੇਮਾਜਰਾ ਨੇ ਬਾਬਾ ਰਾਮ ਸਿੰਘ ਗੰਢੂਆਂ ਡੇਰਾ ਪਿੰਡ ਦੁਫੇੜਾ ਵਿਖੇ ਟੇਕਿਆ ਮੱਥਾ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** -ਪੰਜਾਬ ਦੇ ਸੂਚਨਾ ਤੇ ਲੋਕ ਸੰਪਰਕ ਮੰਤਰੀ ਚੇਤਨ ਸਿੰਘ ਜੌੜੇਮਾਜਰਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਹੜ੍ਹਾਂ ਨਾਲ ਹੋਏ ਨੁਕਸਾਨ ਦਾ ਜਾਇਜ਼ਾ ਲੈਣ ਲਈ ਸਪੈਸ਼ਲ ਗਿਰਦਾਵਰੀਆਂ ਕਰਾਉਣ ਦਾ ਫੈਸਲਾ ਕੀਤਾ ਹੈ ਤਾਂ ਜੁ 15 ਅਗਸਤ ਤੱਕ ਮੁਆਵਜ਼ਾ ਦੇਣ ਲਈ ਪ੍ਰਕਿਰਿਆ ਸ਼ੁਰੂ ਕੀਤੀ ਜਾ ਸਕੇ। ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋਂ ਸਮੂਹ ਡਿਪਟੀ ਕਮਿਸ਼ਨਰਾਂ ਨੂੰ ਆਦੇਸ਼ ਦਿੱਤੇ ਗਏ ਹਨ ਕਿ 15 ਅਗਸਤ ਤੱਕ ਸਪੈਸ਼ਲ ਗਿਰਦਾਵਰੀਆਂ ਕਰਾ ਕੇ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ। ਕੈਬਨਿਟ ਮੰਤਰੀ ਜੌੜੇਮਾਜਰਾ ਬਾਬਾ ਰਾਮ ਸਿੰਘ ਗੰਢੂਆਂ ਡੇਰਾ ਪਿੰਡ ਦੁਫੇੜਾ ਵਿਖੇ ਨਤਮਸਤਕ ਹੋਣ ਲਈ ਆਏ ਸਨ। ਜੌੜੇਮਾਜਰਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਪੰਜਾਬ ਸਰਕਾਰ ਨੇ ਹੜ੍ਹਾਂ ਤੋਂ ਪ੍ਰਭਾਵਤ ਕਿਸਾਨਾਂ ਨੂੰ ਹਰ ਸੰਭਵ ਮਦਦ ਕੀਤੀ ਹੈ ਤੇ ਹੁਣ ਵੀ ਮੁੱਖ ਮੰਤਰੀ ਨੇ ਕਿਹਾ ਹੈ ਕਿ ਉਹ ਕਿਸਾਨਾਂ ਨੂੰ ਕਿਸੇ ਕਿਸਮ ਦੀ ਮੁਸ਼ਕਲ ਨਹੀਂ ਆਉਣ ਦੇਣਗੇ। ਵਿਰੋਧੀ ਪਾਰਟੀਆਂ ਵੱਲੋਂ ਘੱਟ ਮੁਆਵਜ਼ਾ ਦੇਣ ਸਬੰਧੀ ਕੀਤੀ ਜਾ ਰਹੀ ਬਿਆਨਬਾਜ਼ੀ ਤੇ ਕੈਬਨਿਟ ਮੰਤਰੀ ਨੇ ਕਿਹਾ ਕਿ ਸਾਡੀ ਸਰਕਾਰ ਨੇ ਜਦੋਂ ਤੋਂ ਸੱਤਾ ਸੰਭਾਲੀ ਹੈ ਕਿਸਾਨਾਂ ਨੂੰ ਹਰ ਸੰਭਵ ਸਹਾਇਤਾ ਦਿੱਤੀ ਹੈ, ਜਦੋਂ ਕਿ ਵਿਰੋਧੀਆਂ ਵਲੋਂ ਤਾਂ ਮੁਆਵਜ਼ਾ ਦਿੱਤਾ ਹੀ ਨਹੀਂ ਸੀ ਜਾਂਦਾ।

## ਮੋਦੀ ਅੰਮ੍ਰਿਤ ਭਾਰਤ ਰੇਲਵੇ ਸਟੇਸ਼ਨਾਂ ਦਾ ਕਰਨਗੇ ਉਦਘਾਟਨ

**ਮੁਕਤਸਰ (ਸ਼ਮਿੰਦਰਪਾਲ/ਪੂਜਾ)** ਅਮ੍ਰਿਤ ਭਾਰਤ ਰੇਲਵੇ ਸਟੇਸ਼ਨਾਂ ਦਾ ਉਦਘਾਟਨ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ 6 ਅਗਸਤ ਨੂੰ ਡਿਜੀਟਲ ਤਰੀਕੇ ਨਾਲ ਕੀਤਾ ਜਾ ਰਿਹਾ ਹੈ। ਅਮ੍ਰਿਤ ਭਾਰਤ ਸਟੇਸ਼ਨ ਯੋਜਨਾ ਅਧੀਨ ਰੇਲਵੇ ਮੰਡਲ ਫਿਰੋਜ਼ਪੁਰ ਦੇ 14 ਸਟੇਸ਼ਨਾਂ ਨੂੰ ਸ਼ਾਮਲ ਕੀਤਾ ਗਿਆ ਹੈ, ਜਿਸ ਵਿਚ ਕੋਟਕਪੂਰਾ, ਫ਼ਿਰੋਜ਼ਪੁਰ, ਫ਼ਾਜ਼ਿਲਕਾ, ਪਠਾਨਕੋਟ, ਗੁਰਦਾਸਪੁਰ, ਮੋਗਾ, ਫਗਵਾੜਾ, ਕਪੂਰਥਲਾ, ਢੰਡਾਰੀ ਕਲਾਂ, ਸ੍ਰੀ ਮੁਕਤਸਰ ਸਾਹਿਬ, ਜਲੰਧਰ, ਉਦਮਪੁਰ, ਲੁਧਿਆਣਾ, ਜੰਮੂ ਤਵੀ ਦੇ ਨਾਂਅ ਸ਼ਾਮਲ ਹਨ, ਜਿਸ ਤਹਿਤ ਸਾਰੇ ਸਟੇਸ਼ਨਾਂ ਨੂੰ ਆਧੁਨਿਕ ਸਹੂਲਤਾਂ ਦੇ ਨਾਲ-ਨਾਲ ਨਵੀਨੀਕਰਨ ਕਰਕੇ ਨਵਾਂ ਰੂਪ ਦਿੱਤਾ ਜਾਵੇਗਾ। ਸ੍ਰੀ ਮੁਕਤਸਰ ਸਾਹਿਬ ਦੇ ਰੇਲਵੇ ਸਟੇਸ਼ਨ ਨੂੰ ਵੀ ਅਮ੍ਰਿਤ ਭਾਰਤ ਸਟੇਸ਼ਨ ਅਧੀਨ ਲਿਆ ਕੇ ਇਸ ਨੂੰ ਮਾਡਲ ਸਟੇਸ਼ਨ ਦਾ ਰੂਪ ਦਿੱਤਾ ਜਾ ਰਿਹਾ ਹੈ, ਜਿਸ ਦੀ ਉਸਾਰੀ ਜ਼ੋਰਾਂ ਸ਼ੋਰਾਂ ਨਾਲ ਸ਼ੁਰੂ ਹੋ ਗਈ ਹੈ। ਦੂਜੇ ਸਟੇਸ਼ਨਾਂ ਦੇ ਨਾਲ ਨਾਲ 6 ਅਗਸਤ ਨੂੰ ਸ੍ਰੀ ਮੁਕਤਸਰ ਸਾਹਿਬ ਰੇਲਵੇ ਸਟੇਸ਼ਨ 'ਤੇ ਇੱਕ ਵੱਡਾ ਸਮਾਗਮ ਕੀਤਾ ਜਾ ਰਿਹਾ ਹੈ, ਜਿਸ ਵਿੱਚ ਹਲਕੇ ਦੇ ਐਮ.ਪੀ, ਸ਼ਹਿਰ ਦੇ ਐਮ.ਐਲ.ਏ, ਫ਼ਿਰੋਜ਼ਪੁਰ ਰੇਲਵੇ ਮੰਡਲ ਦੇ ਉਚ ਅਧਿਕਾਰੀ ਵੀ ਸ਼ਾਮਲ ਹੋ ਰਹੇ ਹਨ। ਰੇਲਵੇ ਦੇ ਅਫ਼ਸਰ ਸਾਹਿਬਾਨ ਰੇਲਵੇ ਸਟੇਸ਼ਨ ਦੇ ਨਵੀਨੀਕਰਨ ਬਾਰੇ ਸਾਰੀ ਜਾਣਕਾਰੀ ਦੇਣਗੇ। ਸ੍ਰੀ ਮੁਕਤਸਰ ਸਾਹਿਬ ਦੇ ਰੇਲਵੇ ਸਟੇਸ਼ਨ 'ਤੇ ਕਰੀਬ 15 ਕਰੋੜ ਰੁਪਏ ਖਰਚ ਕੀਤੇ ਜਾ ਰਹੇ ਹਨ, ਜਿਸ ਨਾਲ ਮੁੱਖ ਤੌਰ 'ਤੇ 600 ਮੀਟਰ ਲੰਬਾ ਯਾਤਰੀ ਪਲੇਟ ਫਾਰਮ,, 150 ਮੀਟਰ ਲੰਬਾ ਨਵਾਂ ਯਾਤਰੀ ਸ਼ੈੱਡ ਤੇ ਸਟੇਸ਼ਨ ਦੇ ਸਾਹਮਣੇ ਨਵਾਂ ਪਾਰਕ ਤਿਆਰ ਕੀਤਾ ਜਾ ਰਿਹਾ ਹੈ। ਇਸਦੇ ਨਾਲ ਹੀ ਨਵਾਂ ਏ.ਸੀ. ਵੇਟਿੰਗ ਹਾਲ, ਪਖਾਨੇ, ਡਬਲ ਐਂਟਰੀ ਗੇਟ, ਗਾਂਧੀ ਨਗਰ ਪਾਸੇ ਤੋਂ ਐਂਟਰੀ ਗੇਟ ਤਿਆਰ ਹੋਵੇਗਾ। ਇਸ ਤੋਂ ਇਲਾਵਾ ਹੋਰ ਵੀ ਕਾਫ਼ੀ ਸਹੂਲਤਾਂ ਮਿਲਣੀਆਂ ਹਨ। ਇਸ ਦੀ ਜਾਣਕਾਰੀ ਫਿਰੋਜ਼ਪੁਰ ਰੇਲਵੇ ਮੰਡਲ ਯੂਜ਼ਰ ਖਪਤਕਾਰ ਕਮੇਟੀ ਦੇ ਸਲਾਹਕਾਰ ਮੈਂਬਰ ਸ਼ਾਮ ਲਾਲ ਗੋਇਲ ਵੱਲੋਂ ਦਿੱਤੀ ਗਈ ਹੈ।



## ਕਾਂਗਰਸੀ ਆਗੂਆਂ ਨੇ ਹੜ੍ਹ ਪੀੜਤਾਂ ਦੀ ਮਦਦ ਲਈ ਦਿੱਤਾ ਮੰਗ ਪੱਤਰ

**ਸਮਰਾਲਾ, (ਸੁਰਜੀਤ ਸਿੰਘ)** ਪੰਜਾਬ ਵਿੱਚ ਬੀਤੇ ਦਿਨਾਂ ਦੌਰਾਨ ਹੜ੍ਹਾਂ ਕਾਰਨ ਵੱਡੇ ਪੱਧਰ 'ਤੇ ਹੋਈ ਤਬਾਹੀ ਲਈ ਸੁੱਤੀ ਸਰਕਾਰ ਨੂੰ ਜਗਾਉਣ ਲਈ ਕਾਂਗਰਸ ਪਾਰਟੀ ਦੇ ਸੂਬਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੇ ਸੱਦੇ 'ਤੇ ਹਲਕੇ ਦੇ ਕਾਂਗਰਸ ਪਾਰਟੀ ਦੇ ਵਰਕਰਾਂ ਅਤੇ ਅਹੁਦੇਦਾਰਾਂ ਨੇ ਸੰਨੀ ਦੂਆ ਪ੍ਰਧਾਨ ਸ਼ਹਿਰੀ ਅਤੇ ਬਲਾਕ ਸੰਮਤੀ ਦੇ ਚੇਅਰਮੈਨ ਅਜਮੇਰ ਸਿੰਘ ਪੁਰਬਾ ਦੀ ਅਗਵਾਈ ਵਿੱਚ ਮੁੱਖ ਮੰਤਰੀ ਦੇ ਨਾਂਅ ਐਸ ਡੀ ਐਮ ਰਾਹੀਂ ਇੱਕ ਮੰਗ ਪੱਤਰ ਸੌਂਪਿਆ। ਕਾਂਗਰਸ ਆਗੂਆਂ ਨੇ ਕੁਦਰਤੀ ਆਫ਼ਤਾਂ ਕਾਰਨ ਪੰਜਾਬ ਦੇ ਲੋਕਾਂ ਦੇ ਵੱਡੇ ਪੱਧਰ 'ਤੇ ਹੋਏ ਨੁਕਸਾਨ ਲਈ ਸਰਕਾਰ ਨੂੰ ਜ਼ਿੰਮੇਵਾਰ ਠਹਿਰਾਇਆ ਅਤੇ ਕਿਹਾ ਕਿ ਬਰਸਾਤ ਦਾ ਮੌਸਮ ਆਉਣ ਤੋਂ ਪਹਿਲਾਂ ਸਰਕਾਰ ਦਾ ਸੁੱਤੇ ਰਹਿਣਾ ਅਤੇ ਅਗਾਊਂ ਪੁਖਤਾ ਪ੍ਰਬੰਧ ਨਾ ਕਰਨਾ ਪੰਜਾਬ ਦੇ ਲੋਕਾਂ ਉਤੇ ਬਹੁਤ ਭਾਰੀ ਪੈ ਗਿਆ। ਉਨ੍ਹਾਂ ਕਿਹਾ ਕਿ ਪ੍ਰਭਾਵਤ ਕਿਸਾਨਾਂ ਨੂੰ ਘੱਟੋ-ਘੱਟ ਪੰਜਾਹ ਹਜ਼ਾਰ ਰੁਪਏ ਪ੍ਰਤੀ ਏਕੜ ਮੁਆਵਜ਼ਾ ਦਿੱਤਾ ਜਾਵੇ, ਜਿਨ੍ਹਾਂ ਦੇ ਘਰ ਨੁਕਸਾਨੇ ਗਏ ਹਨ, ਉਨ੍ਹਾਂ ਨੂੰ ਪੰਜ ਲੱਖ ਰੁਪਏ ਵਿੱਤੀ ਸਹਾਇਤਾ ਦਿੱਤੀ ਜਾਵੇ। ਜ਼ਖ਼ਮੀ ਹੋਏ ਲੋਕਾਂ ਨੂੰ ਪੰਜ ਲੱਖ ਤੇ ਮ੍ਰਿਤਕਾਂ ਦੇ ਪਰਿਵਾਰਾਂ ਨੂੰ ਦਸ ਲੱਖ ਪ੍ਰਤੀ ਵਿਅਕਤੀ ਦਿੱਤੇ ਜਾਣ, ਦੁਕਾਨਦਾਰਾਂ ਨੂੰ ਦੋ ਲੱਖ ਰੁਪਏ ਦੀ ਵਿੱਤੀ ਸਹਾਇਤਾ ਦਿੱਤੀ ਜਾਵੇ, ਪਸ਼ੂਆਂ ਦੇ ਨੁਕਸਾਨ ਲਈ ਉਸਦੇ ਮਾਲਕ ਨੂੰ ਪੰਜਾਹ ਹਜ਼ਾਰ ਰੁਪਏ ਦਿੱਤੇ ਜਾਣ ਦੀ ਮੰਗ ਕੀਤੀ ਗਈ ਹੈ।

## ਆਪਣੇ ਹਿੱਤਾਂ ਲਈ ਅੰਗਹੀਣਾਂ ਨੂੰ ਇਕਜੁਟ ਹੋਣ ਦਾ ਸੱਦਾ

### ਪੰਜਾਬ ਸਰਕਾਰ 'ਤੇ ਅੰਗਹੀਣਾਂ ਨੂੰ ਅੱਖੋਂ-ਪਰੋਖੇ ਕਰਨ ਦਾ ਦੋਸ਼

**ਮਾਨਸਾ (ਆਤਮਾ ਸਿੰਘ ਪਮਾਰ)**- ਫ਼ਿਜ਼ੀਕਲੀ ਹੈਂਡੀਕੈਪਡ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਅਵਿਨਾਸ਼ ਸ਼ਰਮਾ ਅਤੇ ਸਕੱਤਰ ਸੁਖਜੀਤ ਸਿੰਘ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਉਹ ਸਮਾਜਿਕ ਸੁਰੱਖਿਆ ਸਕੀਮਾਂ ਅਧੀਨ ਅੰਗਹੀਣਾਂ ਨੂੰ ਮਿਲਣ ਵਾਲੀ ਵਿੱਤੀ ਸਹਾਇਤਾ ਰਾਸ਼ੀ 1500 ਰੁਪਏ ਤੋਂ ਵਧਾ ਕੇ 5 ਹਜ਼ਾਰ ਰੁਪਏ ਪ੍ਰਤੀ ਮਹੀਨਾ ਕੀਤੀ ਜਾਵੇ। ਸ਼ਰਮਾ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਵੱਲੋਂ ਧਿਆਨ ਨਾ ਦਿੱਤੇ ਜਾਣ ਕਾਰਨ ਅੰਗਹੀਣਾਂ ਦੀ ਸਥਿਤੀ ਆਰਥਿਕ ਪ੍ਰੇਸ਼ਾਨੀ ਕਾਰਨ ਏਨੀ ਤਰਸਯੋਗ ਬਣ ਚੁੱਕੀ ਹੈ ਕਿ ਉਨ੍ਹਾਂ ਨੂੰ ਆਪਣੀ ਹਰ ਇੱਛਾ ਅਤੇ ਲੋੜਾਂ ਨੂੰ ਮਾਰ ਕੇ ਜਿਉਣ ਲਈ ਮਜਬੂਰ ਹੋਣਾ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਅੰਗਹੀਣਾਂ ਨੂੰ ਹਰ ਮਹੀਨੇ ਪ੍ਰਤੀ ਵਿਅਕਤੀ 1500 ਰੁਪਏ ਪੈਨਸ਼ਨ ਦਿੱਤੀ ਜਾਂਦੀ ਹੈ ਤਾਂ ਜੁ ਸਮਾਜ ਵਿੱਚ ਇਨ੍ਹਾਂ ਦਾ ਮਾਣ-ਸਨਮਾਨ ਬਰਕਰਾਰ ਰਹਿ ਸਕੇ ਅਤੇ ਉਹ ਇਸ ਰਾਸ਼ੀ ਨਾਲ ਆਪਣੀਆਂ ਨਿੱਕੀਆਂ-ਮੋਟੀਆਂ ਜ਼ਰੂਰਤਾਂ ਪੂਰੀਆਂ ਕਰ ਸਕਣ, ਪਰ ਬੇਰੁਜ਼ਗਾਰੀ ਅਤੇ ਵਧਦੀ ਮਹਿੰਗਾਈ ਕਾਰਨ 1500 ਰੁਪਏ ਨਾਲ ਉਨ੍ਹਾਂ ਦੀ ਕੋਈ ਵੀ ਜ਼ਰੂਰਤ ਪੂਰੀ ਨਹੀਂ ਹੋ ਸਕਦੀ। ਇਸ ਲਈ ਪੰਜਾਬ ਸਰਕਾਰ ਪੈਨਸ਼ਨ ਰਾਸ਼ੀ ਵਧਾ ਕੇ 5 ਹਜ਼ਾਰ ਰੁਪਏ ਕਰਨ ਦਾ ਤੁਰੰਤ ਐਲਾਨ ਕਰੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੇ ਵੱਖ-ਵੱਖ ਮਹਿਕਮਿਆਂ ਵਿੱਚ ਹਜ਼ਾਰਾਂ ਦੀ ਗਿਣਤੀ ਵਿੱਚ ਅਸਾਮੀਆਂ ਖਾਲੀ ਪਈਆਂ ਹਨ, ਇਸ ਦੇ ਬਾਵਜੂਦ ਪੜ੍ਹੇ-ਲਿਖੇ ਯੋਗ ਅੰਗਹੀਣ ਰੁਜ਼ਗਾਰ ਦੀ ਭਾਲ ਵਿੱਚ ਦਰ-ਦਰ ਦੀਆਂ ਠੋਕਰਾਂ ਖਾਣ ਲਈ ਮਜਬੂਰ ਹਨ। ਪੰਜਾਬ ਸਰਕਾਰ ਯੋਗ ਅੰਗਹੀਣ ਉਮੀਦਵਾਰਾਂ ਨੂੰ ਸਿੱਧੀ ਭਰਤੀ ਰਾਹੀਂ ਨੌਕਰੀਆਂ ਦੇਣ ਦਾ ਪ੍ਰਬੰਧ ਕਰੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਆਪਣੇ ਅੰਗਹੀਣ ਕ੍ਰਮਚਾਰੀਆਂ ਨੂੰ ਤਰੱਕੀ ਵਿੱਚ 3 ਫ਼ੀਸਦੀ ਅਪੰਗਤਾ ਕੋਟਾ 6-3-2011 ਤੋਂ ਦਿੱਤਾ ਗਿਆ ਹੈ, ਜਦੋਂ ਕਿ ਪੀਡਬਲਯੂਡੀ ਐਕਟ 1-1-1996 ਤੋਂ ਪੂਰੇ ਦੇਸ਼ ਵਿੱਚ ਲਾਗੂ ਹੋ ਗਿਆ ਸੀ। ਇਸੇ ਤਰ੍ਹਾਂ ਹੀ ਤਰੱਕੀ ਤੇ ਸਿੱਧੀ ਭਰਤੀ ਵਿੱਚ 4 ਫ਼ੀਸਦੀ ਅਪੰਗਤਾ ਕੋਟਾ 6-8-2019 ਤੋਂ ਲਾਗੂ ਕੀਤਾ ਗਿਆ ਹੈ। ਜਦੋਂ ਕਿ ਆਰ. ਪੀਡਬਲਯੂਡੀ ਐਕਟ 19-4-2017 ਨੂੰ ਲਾਗੂ ਕੀਤਾ ਗਿਆ ਸੀ। ਆਗੂਆਂ ਨੇ ਮੰਗ ਕੀਤੀ ਹੈ ਕਿ ਪੰਜਾਬ ਸਰਕਾਰ ਅੰਗਹੀਣ ਕ੍ਰਮਚਾਰੀਆਂ ਨੂੰ ਤਰੱਕੀ ਵਿੱਚ 3 ਫ਼ੀਸਦੀ ਕੋਟਾ ਪੀਡਬਲਯੂਡੀ ਐਕਟ ਦੇ ਲਾਗੂ ਹੋਣ ਦੀ ਮਿਤੀ 01.01.1996 ਤੋਂ ਅਤੇ 4 ਫ਼ੀਸਦੀ ਕੋਟਾ ਆਰ ਪੀਡਬਲਯੂਡੀ ਐਕਟ ਦੇ ਲਾਗੂ ਹੋਣ ਦੀ ਮਿਤੀ 19.04.2017 ਤੋਂ ਦਿੱਤਾ ਜਾਵੇ। ਉਨ੍ਹਾਂ ਸਮੂਚੇ ਅੰਗਹੀਣ ਵਰਗ ਨੂੰ ਆਪਣੇ ਹਿੱਤਾਂ ਦੀ ਪੂਰਤੀ ਲਈ ਇਕਜੁਟ ਹੋ ਕੇ ਸੰਘਰਸ਼ ਦੇ ਮੈਦਾਨ ਵਿੱਚ ਆਉਣ ਦਾ ਸੱਦਾ ਦਿੰਦਿਆਂ ਕਿਹਾ ਕਿ ਸੂਬੇ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਰਕਾਰ ਬਨਣ ਤੇ ਆਪਣੇ ਮਸਲਿਆਂ ਦੇ ਹੱਲ ਹੋਣ ਸੰਬੰਧੀ ਜੋ ਉਮੀਦਾਂ ਜਾਗੀਆਂ ਸਨ, ਉਹ ਹੁਣ ਢਹਿ-ਢੇਰੀ ਹੋ ਗਈਆਂ ਹਨ।

## ਜੀਵਨਜੋਤ ਨਰਸਿੰਗ ਇੰਸਟੀਚਿਊਟ 'ਚ 'ਮੇਲਾ ਤੀਆਂ ਦਾ'

**ਜਗਰਾਉਂ (ਸੰਜੀਵ ਅਰੋੜਾ)**-ਜੀਵਨਜੋਤ ਨਰਸਿੰਗ ਇੰਸਟੀਚਿਊਟ ਜਗਰਾਉਂ ਦੇ ਸਮੂਹ ਸਟਾਫ਼ ਅਤੇ ਵਿਦਿਆਰਥਣਾਂ ਨੇ ਸਾਉਣ ਮਹੀਨੇ ਨੂੰ ਮੁੱਖ ਰੱਖਦਿਆਂ 'ਮੇਲਾ ਤੀਆਂ ਦਾ' ਪ੍ਰੋਗਰਾਮ ਕਰਵਾਇਆ, ਜਿਸ 'ਚ ਸੰਸਥਾ ਦੇ ਚੇਅਰਮੈਨ ਡਾ. ਪ੍ਰਮਿੰਦਰ ਸਿੰਘ ਤੇ ਪ੍ਰਿੰ: ਮੈਡਮ ਗਗਨਦੀਪ ਕੌਰ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਉਨ੍ਹਾਂ ਮੇਲਾ ਤੀਆਂ ਦਾ ਪ੍ਰੋਗਰਾਮ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਾਡੇ ਦੇਸ਼ ਦਾ ਮਾਣ ਸਾਡੀਆਂ ਪੰਜਾਬਣ ਲੜਕੀਆਂ ਨੂੰ ਹਮੇਸ਼ਾ ਆਪਣੇ ਪੰਜਾਬ ਦੇ ਸੱਭਿਆਚਾਰਕ ਵਿਰਸੇ ਨਾਲ ਜੁੜ ਕੇ ਰਹਿਣਾ ਚਾਹੀਦਾ ਹੈ। ਇਸੇ ਲਈ ਹੀ ਸੰਸਥਾ ਵੱਲੋਂ ਅਜਿਹੇ ਪ੍ਰੋਗਰਾਮ ਕਰਵਾਏ ਜਾਂਦੇ ਹਨ। ਨਰਸਿੰਗ ਦੀਆਂ ਵਿਦਿਆਰਥਣਾਂ ਨੇ ਪੰਜਾਬੀ ਲੋਕ ਗੀਤ, ਗਿੱਧਾ, ਭੰਗੜਾ ਅਤੇ ਹੋਰ ਵਿਰਾਸਤੀ ਬੋਲੀਆਂ ਪਾ ਕੇ ਪ੍ਰੋਗਰਾਮ 'ਚ ਧੁੰਮਾਂ ਪਾਈਆਂ। ਇਸ ਮੌਕੇ ਮਿਸ ਤੀਜ ਦਾ ਖਿਤਾਬ ਜੀ.ਐਨ.ਐਮ. ਦੂਜੇ ਸਾਲ ਦੀ ਵਿਦਿਆਰਥਣ ਬਲਜੀਤ ਕੌਰ ਨੂੰ ਮਿਲਿਆ ਤੇ ਮਿਸਿਜ਼ ਤੀਜ ਦਾ ਖਿਤਾਬ ਦਿਵਜੋਤ ਕੌਰ ਨੂੰ ਮਿਲਿਆ। ਇਸ ਮੌਕੇ ਸਰਦਾਰਾ ਸਿੰਘ, ਸਤਵੀਰ ਕੌਰ, ਗਗਨਦੀਪ ਕੌਰ, ਦਿਵਜੋਤ ਕੌਰ, ਸੁਖਮੀਤ ਕੌਰ, ਸਿਮਰਨਜੀਤ ਕੌਰ, ਗੁਰਪ੍ਰੀਤ ਕੌਰ ਅਤੇ ਸਿਮਰਨਜੀਤ ਕੌਰ ਆਦਿ ਹਾਜ਼ਰ ਸਨ।

## ਅੱਖਾਂ ਪ੍ਰਤੀ ਵਰਤੀ ਜਾਵੇ ਸਾਵਧਾਨੀ : ਡਾ. ਜਸਦੇਵ

**ਮਾਛੀਵਾੜਾ ਸਾਹਿਬ, (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)** ਮਾਛੀਵਾੜਾ ਇਲਾਕੇ ਵਿੱਚ ਵੀ ਆਈ ਫਲੂ ਫੈਲਣ ਲੱਗ ਪਿਆ ਹੈ ਤੇ ਇਹ ਬਿਮਾਰੀ ਬੱਚਿਆਂ ਵਿੱਚ ਜ਼ਿਆਦਾ ਦੇਖਣ ਨੂੰ ਮਿਲ ਰਹੀ ਹੈ। ਮੁੱਢਲੇ ਸਿਹਤ ਕੇਂਦਰ ਦੇ ਸੀਨੀਅਰ ਮੈਡੀਕਲ ਅਫ਼ਸਰ ਡਾ. ਜਸਦੇਵ ਸਿੰਘ ਨੇ ਕਿਹਾ ਕਿ ਚੱਲ ਰਹੀ ਆਈ ਫਲੂ ਤੋਂ ਸਾਵਧਾਨੀ ਵਰਤਣ ਦੀ ਲੋੜ ਹੈ। ਐੱਸਐੱਮਓ ਡਾ. ਜਸਦੇਵ ਸਿੰਘ ਦੱਸਿਆ ਕਿ ਅੱਖਾਂ ਵਿੱਚ ਲਾਲੀ ਦਾ ਵਧ ਜਾਣਾ, ਅੱਖਾਂ ਵਿੱਚ ਸੋਜ, ਰੜਕ, ਜਲਣ, ਖਾਜ ਹੋਣਾ ਤੇ ਪਾਣੀ ਆਉਣਾ ਆਈ ਫਲੂ ਦੀਆਂ ਨਿਸ਼ਾਨੀਆਂ ਹਨ। ਇਸ ਤੋਂ ਇਲਾਵਾ ਬੱਚਿਆਂ ਨੂੰ ਬੁਖਾਰ ਤੇ ਹੱਡ ਭੰਨਵੀਂ ਵੀ ਇਸ ਦੇ ਮੁੱਖ ਲੱਛਣ ਹਨ। ਉਨ੍ਹਾਂ ਕਿਹਾ ਕਿ ਅੱਖਾਂ ਨੂੰ ਵਾਰ-ਵਾਰ ਨਾ ਛੂਹੋ, ਸਾਬਣ ਨਾਲ ਹੱਥ ਧੋਵੋ, ਕਿਸੇ ਨਾਲ ਵੀ ਆਪਣਾ ਤੌਲੀਆ ਸਾਂਝਾ ਨਾ ਕਰੋ, ਮਰੀਜ ਨਾਲ ਆਈ ਕੰਟੈਕਟ ਨਾ ਕਰੋ, ਅੱਖਾਂ ਸਾਫ਼ ਕਰਨ ਲਈ ਟਿਸ਼ੂ ਪੇਪਰ ਜਾਂ ਸਾਫ਼ ਕੱਪੜੇ ਦੀ ਵਰਤੋਂ ਕਰੋ ਅਤੇ ਅੱਖਾਂ ਸਬੰਧੀ ਕੋਈ ਵੀ ਸਮੱਸਿਆ ਹੋਣ ਤੇ ਡਾਕਟਰ ਕੋਲ ਜ਼ਰੂਰ ਜਾਓ। ਇਨ੍ਹਾਂ ਸਾਵਧਾਨੀਆਂ ਦੀ ਵਰਤੋਂ ਕਰਕੇ ਅਸੀਂ ਆਈ ਫਲੂ ਤੋਂ ਬਚਾਅ ਕਰ ਸਕਦੇ ਹਾਂ। ਇਸ ਮੌਕੇ ਸੁੱਖ ਸਾਗਰ ਸਿੰਘ, ਪਰਦੀਪ ਸਿੰਘ, ਸੁਖਦੇਵ ਸ਼ਰਮਾ ਤੇ ਸਰਬਜੀਤ ਸਿੰਘ ਆਦਿ ਹਾਜ਼ਰ ਸਨ।

# 25 ਕਰੋੜ ਦੀ ਲਾਗਤ ਨਾਲ ਬਣੇਗੀ ਮਾਹਿਲਪੁਰ-ਜੇਜੋਂ ਤੇ ਮਾਹਿਲਪੁਰ-ਫਗਵਾੜਾ ਸੜਕ : ਈ ਟੀ ਓ




**ਮਾਹਿਲਪੁਰ (ਨਿਰਮਲ ਸਿੰਘ ਮੁੱਗੋਵਾਲ, ਸਫਰੀ)**-ਲੋਕ ਨਿਰਮਾਣ ਤੇ ਬਿਜਲੀ ਮੰਤਰੀ ਪੰਜਾਬ ਹਰਭਜਨ ਸਿੰਘ ਈ ਟੀ ਓ ਨੇ ਅੱਜ ਡਿਪਟੀ ਸਪੀਕਰ ਪੰਜਾਬ ਵਿਧਾਨ ਸਭਾ ਜੈ ਕ੍ਰਿਸ਼ਨ ਸਿੰਘ ਰੌੜੀ ਦੀ ਮੌਜੂਦਗੀ 'ਚ ਮਾਹਿਲਪੁਰ 'ਚ ਕਰੀਬ 25 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੀਆਂ ਦੋ ਮਹੱਤਵਪੂਰਨ ਸੜਕਾਂ ਦੇ ਨਿਰਮਾਣ ਕਾਰਜ ਦੀ ਸ਼ੁਰੂਆਤ ਕਰਵਾਈ। ਇਨ੍ਹਾਂ 'ਚ 13.05 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੀ ਮਾਹਿਲਪੁਰ-ਜੇਜੋਂ ਸੜਕ ਅਤੇ 11.25 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੀ ਮਾਹਿਲਪੁਰ-ਫਗਵਾੜਾ ਸੜਕ ਸ਼ਾਮਲ ਹੈ। ਇਸ ਦੌਰਾਨ ਉਨ੍ਹਾ ਨਾਲ ਡਿਪਟੀ ਕਮਿਸ਼ਨਰ ਕੋਮਲ ਮਿੱਤਲ ਅਤੇ ਪੰਜਾਬ ਅਨੁਸੂਚਿਤ ਜਾਤੀਆਂ ਭੌਂ ਵਿਕਾਸ ਤੇ ਵਿੱਤ ਨਿਗਮ ਦੇ ਚੇਅਰਮੈਨ ਹਰਮਿੰਦਰ ਸਿੰਘ ਸੰਧੂ ਵੀ ਮੌਜੂਦ ਸਨ। ਲੋਕ ਨਿਰਮਾਣ ਮੰਤਰੀ ਨੇ ਦੱਸਿਆ ਕਿ ਮਾਹਿਲਪੁਰ-ਜੇਜੋਂ ਸੜਕ ਬਹੁਤ ਮਹੱਤਵਪੂਰਨ ਸੜਕ ਹੈ, ਜੋ ਕਿ ਪੰਜਾਬ ਨੂੰ ਹਿਮਾਚਲ ਪ੍ਰਦੇਸ਼ ਨਾਲ ਜੋੜਦੀ ਹੈ। ਉਨ੍ਹਾ ਕਿਹਾ ਕਿ ਪਿਛਲੇ ਕਾਫ਼ੀ ਸਮੇਂ ਤੋਂ ਸੜਕ ਦੀ ਹਾਲਤ ਜ਼ਿਆਦਾ ਚੰਗੀ ਨਹੀਂ ਸੀ ਅਤੇ ਇਸ ਦੀ ਆਖਰੀ ਮੁਰੰਮਤ ਮਈ 2015 'ਚ ਹੋਈ ਸੀ। ਉਨ੍ਹਾ ਦੱਸਿਆ ਕਿ 15.12 ਕਿਲੋਮੀਟਰ ਲੰਬੀ ਇਸ ਸੜਕ ਦਾ ਨਿਰਮਾਣ ਕਾਰਜ ਸ਼ੁਰੂ ਹੋ ਚੁੱਕਾ ਹੈ ਅਤੇ ਜਲਦ ਹੀ ਇਸ ਸੜਕ ਨੂੰ ਮਜ਼ਬੂਤ ਕਰਨ ਦਾ ਕੰਮ ਪੂਰਾ ਕਰ ਲਿਆ ਜਾਵੇਗਾ। ਉਨ੍ਹਾ ਦੱਸਿਆ ਕਿ ਏਜੰਸੀ ਵੱਲੋਂ ਸੜਕ ਨਿਰਮਾਣ ਪੂਰਾ ਹੋਣ ਤੋਂ ਬਾਅਦ 5 ਸਾਲ ਲਈ ਇਸ ਸੜਕ ਦਾ ਰੱਖ-ਰਖਾਅ ਵੀ ਕੀਤਾ ਜਾਵੇਗਾ। ਇਸੇ ਤਰ੍ਹਾਂ ਮਾਹਿਲਪੁਰ ਨੂੰ ਫਗਵਾੜਾ ਨਾਲ ਜੋੜਨ ਵਾਲੀ ਸੜਕ ਵੀ ਕਾਫ਼ੀ ਮਹੱਤਵਪੂਰਨ ਹੈ ਅਤੇ ਇਸ ਸੜਕ ਦੀ ਵੀ ਆਖਰੀ ਮੁਰੰਮਤ ਮਈ 2015 'ਚ ਹੋਈ ਸੀ। ਉਨ੍ਹਾ ਕਿਹਾ ਕਿ 14.34 ਕਿਲੋਮੀਟਰ ਲੰਬੀ ਇਸ ਸੜਕ ਦਾ ਨਿਰਮਾਣ ਕਾਰਜ ਸ਼ੁਰੂ ਕੀਤਾ ਜਾ ਚੁੱਕਾ ਹੈ, ਜੋ ਕਿ ਜਲਦ ਹੀ ਮੁਕੰਮਲ ਹੋ ਜਾਵੇਗੀ ਅਤੇ ਇਸ ਸੜਕ ਨੂੰ ਵੀ ਬਣਾਉਣ ਵਾਲੀ ਏਜੰਸੀ ਵੱਲੋਂ ਸੜਕ ਨਿਰਮਾਣ ਪੂਰਾ ਹੋਣ ਤੋਂ ਬਾਅਦ 5 ਸਾਲ ਲਈ ਸੜਕ ਦੀ ਸਾਂਭ-ਸੰਭਾਲ ਕੀਤੀ ਜਾਵੇਗੀ। ਇਸ ਦੌਰਾਨ ਉਨ੍ਹਾ ਗੜ੍ਹਸ਼ੰਕਰ ਤੋਂ ਨੰਗਲ ਅਤੇ ਗੜ੍ਹਸ਼ੰਕਰ ਤੋਂ ਨਵਾਂਸ਼ਹਿਰ ਨੂੰ ਜਾਣ ਵਾਲੀ ਸੜਕ ਨੂੰ 33 ਫੁੱਟ ਚੌੜਾ ਕਰਨ ਦੀ ਘੋਸ਼ਣਾ ਵੀ ਕੀਤੀ। ਹਰਭਜਨ ਸਿੰਘ ਈ ਟੀ ਓ ਨੇ ਸੂਬਾ ਵਾਸੀਆਂ ਨੂੰ ਦਿੱਤੀ ਜਾ ਰਹੀ ਨਿਰਵਿਘਨ ਬਿਜਲੀ ਸਪਲਾਈ ਦੇ ਸੰਬੰਧ 'ਚ ਬੋਲਦਿਆਂ ਕਿਹਾ ਕਿ ਸੂਬਾ ਵਾਸੀਆਂ ਨੂੰ 600 ਯੂਨਿਟ ਮਿਲ ਰਹੀ ਮੁਫ਼ਤ ਬਿਜਲੀ ਕਾਰਨ ਪੰਜਾਬ ਦੇ 90 ਫੀਸਦੀ ਖਪਤਕਾਰਾਂ ਨੂੰ ਬਿਜਲੀ ਦਾ ਬਿੱਲ ਜ਼ੀਰੋ ਆ ਰਿਹਾ ਹੈ। ਉਨ੍ਹਾ ਕਿਹਾ ਕਿ 2015 ਤੋਂ ਬੰਦ ਪਈ ਪਿਛਵਾੜਾ ਕੋਲੇ ਦੀ ਖਾਣ ਨੂੰ ਸਾਡੀ ਸਕਾਰ ਨੇ ਆਉਂਦੇ ਹੀ ਖੁੱਲ੍ਹਵਾਇਆ ਹੈ, ਜਿਸ ਨਾਲ ਸੂਬੇ ਨੂੰ 1500 ਕਰੋੜ ਦੀ ਸਲਾਨਾ ਆਮਦਨ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਵਜ੍ਹਾ ਨਾਲ ਪੰਜਾਬ ਦੇ ਥਰਮਲ ਪਲਾਂਟਾਂ ਵਿਚ 45 ਦਿਨ ਦਾ ਕੋਲਾ ਰਿਜ਼ਰਵ ਪਿਆ ਹੈ। ਉਨ੍ਹਾਂ ਕਿਹਾ ਕਿ ਮਹਿਜ਼ ਸਵਾ ਸਾਲ ਦੇ ਅਰਸੇ 'ਚ ਹੀ ਪੰਜਾਬ ਸਰਕਾਰ ਨੇ ਪੰਜਾਬ ਦੀ ਆਰਥਕਤਾ ਦੀ ਗੱਡੀ ਨੂੰ ਪਟੜੀ 'ਤੇ ਲਿਆ ਦਿੱਤਾ ਹੈ। ਇਸ ਦੌਰਾਨ ਡਿਪਟੀ ਸਪੀਕਰ ਪੰਜਾਬ ਵਿਧਾਨ ਸਭਾ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਗੜ੍ਹਸ਼ੰਕਰ ਵਿਧਾਨ ਸਭਾ ਹਲਕਾ ਅਤੇ ਚੱਬੇਵਾਲ 'ਚ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਲਈ ਮੁੱਖ ਮੰਤਰੀ ਭਗਵੰਤ ਮਾਨ ਅਤੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ ਟੀ ਓ ਦਾ ਧੰਨਵਾਦ ਕੀਤਾ। ਉਨ੍ਹਾ ਕਿਹਾ ਕਿ ਪਿਛਲੇ ਦਿਨੀਂ ਹੜ੍ਹਾਂ ਕਾਰਨ ਵਿਧਾਨ ਸਭਾ ਹਲਕਾ ਚੱਬੇਵਾਲ ਦੇ ਪਿੰਡ ਹੱਲੂਵਾਲ ਅਤੇ ਹੋਰ ਇਲਾਕਿਆਂ ਵਿਚ ਜਿਨ੍ਹਾਂ ਸੜਕਾਂ ਅਤੇ ਪੁਲਾਂ ਦਾ ਨੁਕਸਾਨ ਹੋਇਆ ਸੀ, ਉਸ ਦਾ ਨਿਰਮਾਣ ਕਾਰਜ ਵੀ ਜਲਦ ਸ਼ੁਰੂ ਕਰਵਾ ਦਿੱਤਾ ਜਾਵੇਗਾ। ਇਸ ਸੰਬੰਧ 'ਚ ਕੈਬਨਿਟ ਮੰਤਰੀ ਨੇ ਮਨਜ਼ੂਰੀ ਦੇ ਦਿੱਤੀ ਹੈ। ਇਸ ਮੌਕੇ ਚਰਨਜੀਤ ਸਿੰਘ ਚੰਨੀ, ਪਰਵਿੰਦਰ ਮਾਹਿਲਪੁਰੀ, ਸਤਵੀਰ ਸਿੰਘ ਸੰਤਾ, ਐਮ ਸੀ ਸ਼ਸ਼ੀ ਬੰਗੜ, ਸੋਮ ਨਾਥ ਬੰਗੜ, ਜਸਪ੍ਰੀਤ ਫਲੋਰਾ, ਹਰਜੋਤ ਬੰਗਾ, ਲੋਕ ਸਭਾ ਇੰਚਾਰਜ ਹਰਵਿੰਦਰ ਸਿੰਘ ਬਖਸ਼ੀ, ਮੋਹਨ ਲਾਲ, ਐਸ ਈ ਲੋਕ ਨਿਰਮਾਣ ਵਿਭਾਗ ਇੰਦਰਜੀਤ ਸਿੰਘ, ਐਕਸੀਅਨ ਤਜਿੰਦਰ ਸਿੰਘ, ਐਸ ਡੀ ਓ ਬਲਜਿੰਦਰ ਸਿੰਘ, ਜੇ ਈ ਗੁਰਤੇਜ, ਰੇਖਾ ਰਾਣੀ ਤੋਂ ਇਲਾਵਾ ਹੋਰ ਪਤਵੰਤੇ ਵੀ ਮੌਜੂਦ ਸਨ।

# ਗਿਲਜੀਆਂ ਵਿਖੇ ਆਮ ਆਦਮੀ ਪਾਰਟੀ ਦੇ ਦਫਤਰ ਦਾ ਹੋਇਆ ਉਦਘਾਟਨ



**ਟਾਂਡਾ ਉੜਮੁੜ, ( ਉਂਕਾਰ ਸਿੰਘ ਜਸਵਿੰਦਰ ਸੰਧੂ )** ਪੰਜਾਬ ਦੀ ਮੌਜੂਦਾ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਕੀਤੇ ਜਾ ਰਹੇ ਇਤਿਹਾਸਿਕ ਵਿਕਾਸ ਕਾਰਜਾਂ ਦੀ ਬਦੌਲਤ ਅੱਜ ਹਰੇਕ ਪਾਰਟੀ ਦਾ ਸਾਥ ਦੇ ਰਿਹਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਸੂਬਾ ਉਪ ਪ੍ਰਧਾਨ ਹਲਕਾ ਟਾਂਡਾ ਦੇ ਵਿਧਾਇਕ ਜਸਵੀਰ ਸਿੰਘ ਰਾਜਾ ਅਤੇ ਹਲਕਾ ਵਿਧਾਇਕ ਦਸੂਹਾ ਕਰਮਵੀਰ ਸਿੰਘ ਘੁੰਮਣ ਨੇ ਪਿੰਡ ਗਿਲਜੀਆਂ ਵਿਖੇ ਆਮ ਆਦਮੀ ਪਾਰਟੀ ਦੇ ਦਫਤਰ ਦਾ ਉਦਘਾਟਨ ਕਰਨ ਸਮੇਂ ਕੀਤਾ। ਉਨ੍ਹਾਂ ਨੇ ਸੂਬਾ ਸਰਕਾਰ ਦੀਆਂ ਪ੍ਰਾਪਤੀਆਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੀ ਯੋਗ ਅਗਵਾਈ ਹੇਠ ਸੂਬਾ ਸਰਕਾਰ ਹਰੇਕ ਵਰਗ ਦੀ ਭਲਾਈ ਵਾਸਤੇ ਯਤਨਸ਼ੀਲ ਹੈ ਅਤੇ ਸਰਕਾਰ ਵੱਲੋਂ ਹਰੇਕ ਵਰਗ ਦੀ ਸਹੂਲਤ ਲਈ ਵੱਖ-ਵੱਖ ਸਕੀਮਾਂ ਵੀ ਚਲਾਈਆਂ ਗਈਆਂ ਹਨ। ਉਕਤ ਵਿਧਾਇਕਾਂ ਹੋਰ ਕਿਹਾ ਕਿ ਪਿਛਲੇ ਦਿਨੀਂ ਮੁੱਖ ਮੰਤਰੀ ਪੰਜਾਬ ਵੱਲੋਂ ਸਮੁੱਚੇ ਪੰਜਾਬ ਵਿੱਚ ਸਿੱਖਿਆ ਦੇ ਮਿਆਰ ਨੂੰ ਉੱਚਾ ਚੁੱਕਣ ਲਈ 12,500 ਅਧਿਆਪਕਾਂ ਨੂੰ ਪੱਕਿਆਂ ਕਰਕੇ ਜਿੱਥੇ ਸਿੱਖਿਆ ਪ੍ਰਤੀ ਆਪਣੀ ਬਣਦੀ ਜ਼ੁੰਮੇਵਾਰੀ ਨਿਭਾਈ ਹੈ ਵੱਖ-ਵੱਖ ਸਰਕਾਰਾਂ ਦੀ ਅਣਦੇਖੀ ਦਾ ਸ਼ਿਕਾਰ ਹੋਏ ਅਧਿਆਪਕਾਂ ਨੂੰ ਇਨਸਾਫ ਦਿਵਾਇਆ ਹੈ। ਉਕਤ ਵਿਧਾਇਕਾਂ ਨੇ ਵੱਖ-ਵੱਖ ਪਿੰਡਾਂ ਤੋਂ ਆਏ ਲੋਕਾਂ ਦੀਆਂ ਸਮੱਸਿਆਵਾਂ ਵੀ ਸੁਣੀਆਂ ਤੇ ਹੀ ਮੌਕੇ 'ਤੇ ਹੀ ਹੱਲ ਕੀਤਾ।

ਇਸ ਮੌਕੇ ਸਰਪੰਚ ਬਲਕਾਰ ਸਿੰਘ ਜੋੜੀਆ, ਮਸਤਾਨ ਸਿੰਘ ਗਿਲਜੀਆਂ , ਸਰਪੰਚ ਨਵਦੀਪ ਪਾਲ ਸਿੰਘ ਰਿੰਪਾ, ਕੇਸਵ ਸਿੰਘ ਸੈਣੀ ਬਲਾਕ ਪ੍ਰਧਾਨ ਟਾਂਡਾ,ਗੁਰਦੇਵ ਸਿੰਘ, ਗੁਰਦੀਪ ਸਿੰਘ ਹੈਪੀ,ਸੁਖਦੇਵ ਸਿੰਘ ਮੁਲਤਾਨੀ, ਨਿਰਮਲ ਸਿੰਘ, ਅਜੀਤ ਸਿੰਘ, ਸੱਤਿਆਪਾਲ ਸਿੰਘ, ਦਿਲਬਾਗ ਸਿੰਘ, ਬਿੱਟੂ ਮੁਲਤਾਨੀ, ਮਹਿੰਦਰ ਸਿੰਘ ਬਲੜਾ,ਬਲਦੇਵ ਸਿੰਘ ਬਿੱਲੂ, ਸੈਮੀ ਗਿਲਜੀਆਂ, ਸਰਨਜੀਤ ਕੌਰ, ਰਾਜ ਕੌਰ, ਬਲਬੀਰ ਸਿੰਘ, ਸਵਰਨ ਸਿੰਘ ,ਪੰਮਾ ਹਵੇਲੀ ਵਾਲਾ,ਲਵਪ੍ਰੀਤ ਸਿੰਘ ਕੋਟਲਾ, ਰਵਿੰਦਰ ਕਮਾਲਪੁਰ,ਸਰਪੰਚ ਲਖਵੀਰ ਸਿੰਘ ਬੀਰਾ,ਮਹਿੰਦਰ ਸਿੰਘ ਬਲੜਾ,ਦਲਜੀਤ ਸਿੰਘ ਲਾਲੇਵਾਲ, ਗੁਰਦੀਪ ਸਿੰਘ ਸੋਨੂੰ ਲੰਬੜਦਾਰ, ਸੋਨੂੰ ਮੁਲਤਾਨੀ ,ਆਸੂ ਆਲਮਪੁਰ , ਹਰਜਿੰਦਰ ਸਿੰਘ ਕੋਟਲਾ, ਗੁਰਦੀਪ ਸਿੰਘ , ਕਾਲਾ ਇਬਰਾਹੀਮਪੁਰ ਆਦਿ ਵੀ ਮੌਜੂਦ ਸਨ।

# ਰੌੜੀ ਗੁਰੂ ਗੋਬਿੰਦ ਸਿੰਘ ਸਟੇਡੀਅਮ 'ਚ ਲਹਿਰਾਉਣਗੇ ਤਿਰੰਗਾ



**ਜਲੰਧਰ ( ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)** - : 77ਵੇਂ ਸਵਤੰਤਰਤਾ ਦਿਵਸ ਮੌਕੇ 15 ਅਗਸਤ ਨੂੰ ਸਥਾਨਕ ਗੁਰੂ ਗੋਬਿੰਦ ਸਿੰਘ ਸਟੇਡੀਅਮ ਵਿਖੇ ਹੋਣ ਵਾਲੇ ਜ਼ਿਲ੍ਹਾ ਪੱਧਰੀ ਸਮਾਗਮ ਦੌਰਾਨ ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਜੈ ਕਿਸ਼ਨ ਰੋੜੀ ਕੌਮੀ ਝੰਡਾ ਲਹਿਰਾਉਣਗੇ। ਜ਼ਿਲ੍ਹਾ ਪੱਧਰੀ ਸਮਾਗਮ ਦੀਆਂ ਤਿਆਰੀਆਂ ਨੂੰ ਲੈ ਕੇ ਵਧੀਕ ਡਿਪਟੀ ਕਮਿਸ਼ਨਰ (ਜ) ਮੇਜਰ ਅਮਿਤ ਮਹਾਜਨ ਵਲੋਂ ਜ਼ਿਲ੍ਹਾ ਪ੍ਰਸ਼ਾਸਕੀ ਕੰਪਲੈਕਸ ਵਿਖੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਦੌਰਾਨ ਆਜ਼ਾਦੀ ਦਿਹਾੜੇ ਦੇ ਜਸ਼ਨਾਂ ਦੌਰਾਨ ਟਰੈਫਿਕ ਵਿਵਸਥਾ, ਸੜਕਾਂ ਤੇ ਚੌਕਾਂ ਦੀ ਸੁਚੱਜੀ ਸਾਫ਼-ਸਫ਼ਾਈ ਅਤੇ ਸੁੰਦਰੀਕਰਨ ਸਬੰਧੀ ਨਿਰਦੇਸ਼ ਦਿੱਤੇ ਗਏ।ਉਨ੍ਹਾਂ ਨੇ ਆਜ਼ਾਦੀ ਦਿਹਾੜੇ ਦੇ ਸਮਾਗਮ ਨੂੰ ਪੂਰੀ ਦੇਸ਼ ਭਗਤੀ ਦੀ ਭਾਵਨਾ ਨਾਲ ਮਨਾਉਣ ਦੀ ਤਾਕੀਦ ਕਰਦਿਆਂ ਕਿਹਾ ਕਿ ਸਕੂਲੀ ਵਿਦਿਆਰਥੀਆਂ ਅਤੇ ਆਮ ਲੋਕਾਂ ਦੀ ਆਮਦ ਦੇ ਮੱਦੇਨਜ਼ਰ ਲੋੜੀਂਦੇ ਪ੍ਰਬੰਧ ਯਕੀਨੀ ਬਣਾਏ ਜਾਣ। ਸਿੱਖਿਆ ਵਿਭਾਗ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਸਕੂਲੀ ਵਿਦਿਆਰਥੀਆਂ ਦੀਆਂ ਪੇਸ਼ਕਾਰੀਆਂ ਨੂੰ ਸਮੇਂ ਸਿਰ ਅੰਤਿਮ ਰੂਪ ਦਿੱਤਾ ਜਾਵੇ।

ਉਨ੍ਹਾਂ ਦੱਸਿਆ ਕਿ 5 ਅਗਸਤ ਤੋਂ ਰਿਹਰਸਲਾਂ ਸ਼ੁਰੂ ਹੋ ਜਾਣਗੀਆਂ ਅਤੇ ਫੁੱਲ ਡਰੈਸ ਰਿਹਰਸਲ 12 ਅਗਸਤ ਨੂੰ ਗੁਰੂ ਗੋਬਿੰਦ ਸਿੰਘ ਸਟੇਡੀਅਮ ਵਿਖੇ ਹੋਵੇਗੀ। ਉਨ੍ਹਾਂ ਕਿਹਾ ਕਿ ਰਿਹਰਸਲਾਂ ਦੌਰਾਨ ਬੱਚਿਆਂ ਅਤੇ ਹੋਰ ਸਟਾਫ਼ ਲਈ ਸਾਫ਼ ਪੀਣ ਵਾਲੇ ਪਾਣੀ ਦਾ ਵੀ ਵਿਸ਼ੇਸ਼ ਪ੍ਰਬੰਧ ਰੱਖਿਆ ਜਾਵੇ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਐਸ.ਡੀ.ਐਮਜ਼. ਬਲਬੀਰ ਰਾਜ ਸਿੰਘ ਤੇ ਵਿਕਾਸ ਹੀਰਾ, ਆਰ.ਟੀ.ਏ. ਬਲਜਿੰਦਰ ਸਿੰਘ, ਸਹਾਇਕ ਕਮਿਸ਼ਨਰ ਰਾਜਦੀਪ ਸਿੰਘ, ਏ.ਡੀ.ਸੀ.ਪੀ.(ਟਰੈਫਿਕ) ਕੰਵਲਪ੍ਰੀਤ ਸਿੰਘ ਚਾਹਲ, ਸਹਾਇਕ ਕਮਿਸ਼ਨਰ ਗੁਰਸਿਮਰਨਜੀਤ ਕੌਰ ਤੇ ਸਹਾਇਕ ਕਮਿਸ਼ਨਰ (ਟਰੇਨਿੰਗ) ਡਾ.ਇਰਵਿਨ ਕੌਰ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।।

# ਪੀ ਸੀ ਐੱਮ ਐੱਸ ਡੀ ਕਾਲਜ 'ਚ ਕੁਇੱਜ਼ ਮੁਕਾਬਲਾ




**ਜਲੰਧਰ (ਇਕਬਾਲ ਸਿੰਘ ਉੱਭੀ)**- ਪੀ.ਸੀ.ਐਮ.ਐਸ.ਡੀ ਕਾਲਜ ਫਾਰ ਵੂਮੈਨ ਦੇ ਪੀ ਜੀ ਡਿਪਾਰਟਮੈਂਟ ਆਫ ਕਾਮਰਸ ਐਂਡ ਮੈਨੇਜਮੈਂਟ ਨੇ ਇਨਕਮ ਟੈਕਸ ਦਿਵਸ ਮਨਾਉਣ ਲਈ "ਆਯਕਰ ਦਿਵਸ 2023-ਏ ਜਰਨੀ ਟੂਵਾਰਡਜ਼ ਨੇਸ਼ਨ ਬਿਲਡਿੰਗ" ਵਿਸ਼ੇ 'ਤੇ ਇੱਕ ਓਪਨ ਕੁਇਜ਼ ਮੁਕਾਬਲਾ ਕਰਵਾਇਆ

। ਇਨਕਮ ਟੈਕਸ ਦਿਵਸ, ਜਿਸ ਨੂੰ ਆਮਦਨ ਦਿਵਸ ਵੀ ਕਿਹਾ ਜਾਂਦਾ ਹੈ, ਹਰ ਸਾਲ 24 ਜੁਲਾਈ ਨੂੰ ਆਮਦਨ ਕਰ ਵਿਭਾਗ ਦੁਆਰਾ ਮਨਾਇਆ ਜਾਂਦਾ ਹੈ। ਇਹ ਦਿਨ 24 ਜੁਲਾਈ ਨੂੰ ਮਨਾਇਆ ਜਾਂਦਾ ਹੈ ਕਿਉਂਕਿ 1860 'ਚ ਇਸ ਦਿਨ ਹੀ ਸਰ ਜੇਮਸ ਵਿਲਸਨ ਨੇ ਭਾਰਤ 'ਚ ਪਹਿਲੀ ਵਾਰ ਆਮਦਨ ਕਰ ਲਾਗੂ ਕੀਤਾ ਸੀ। ਇਹ ਕਦਮ ਬ੍ਰਿਟਿਸ਼ ਸਰਕਾਰ ਨੂੰ 1857 ਵਿੱਚ ਅਜ਼ਾਦੀ ਦੀ ਪਹਿਲੀ ਜੰਗ ਦੌਰਾਨ ਹੋਏ ਨੁਕਸਾਨ ਦੀ ਭਰਪਾਈ ਕਰਨ ਲਈ ਚੁੱਕਿਆ ਗਿਆ ਸੀ। ਭਾਰਤ 'ਚ ਪਹਿਲਾ ਇਨਕਮ ਟੈਕਸ ਦਿਵਸ 24 ਜੁਲਾਈ 2010 ਨੂੰ ਮਨਾਇਆ ਗਿਆ ਸੀ। ਇਨਕਮ ਟੈਕਸ ਦਿਵਸ ਟੈਕਸ ਭੁਗਤਾਨਾਂ ਨੂੰ ਉਤਸ਼ਾਹਿਤ ਕਰਨ ਅਤੇ ਭਵਿੱਖ ਦੇ ਟੈਕਸਦਾਤਿਆਂ ਨੂੰ ਟੈਕਸ ਭੁਗਤਾਨਾਂ ਦੀ ਮਹੱਤਤਾ ਬਾਰੇ ਸਿੱਖਿਅਤ ਕਰਨ ਲਈ ਮਨਾਇਆ ਜਾਂਦਾ ਹੈ। ਇਸ ਨੂੰ ਧਿਆਨ 'ਚ ਰੱਖਦੇ ਹੋਏ ਇਨਕਮ ਟੈਕਸ ਬਾਰੇ ਕੁਇਜ਼ ਦਾ ਆਯੋਜਨ ਕੀਤਾ ਗਿਆ ਤਾਂ ਜੋ ਵਿਦਿਆਰਥੀਆਂ 'ਚ ਆਮਦਨ ਕਰ ਅਤੇ ਭਾਰਤੀ ਟੈਕਸ ਪ੍ਰਣਾਲੀ ਬਾਰੇ ਜਾਗਰੂਕਤਾ ਵਧ ਸਕੇ। ਬੀ.ਕਾਮ ਸਮੈਸਟਰ ਤੀਜੇ ਦੀ ਖਵਾਹਿਸ, ਦਾਮਿਨੀ, ਵੈਸ਼ਨਵੀ, ਬੀ.ਕਾਮ ਸੈਮੇਸਟਰ ਤੀਜੇ ਦੀ ਦੀਕਸ਼ਾ, ਸੋਨੀਆ, ਈਸਾ, ਸਾਚੀ, ਰਜਨੀ ਅਤੇ ਬੀ.ਕਾਮ (ਔਫ. ਐਸ.) ਸਮੈਸਟਰ ਪੰਜਵੇਂ ਦੀ ਗਾਰਗੀ, ਰੋਸ਼ਨੀ ਅਤੇ ਹਰਸਿਮਰ ਨੇ ਇਨਾਮ ਜਿੱਤੇ। ਕੁਇਜ਼ 'ਚ ਲਗਭਗ 58 ਵਿਦਿਆਰਥੀਆਂ ਨੇ ਭਾਗ ਲਿਆ। ਇਸ ਮੌਕੇ ਪ੍ਰਧਾਨ ਨਰੇਸ਼ ਬੁਧੀਆ, ਸੀਨੀਅਰ ਮੀਤ ਪ੍ਰਧਾਨ ਵਿਨੋਦ ਦਾਦਾ, ਪ੍ਰਬੰਧਕ ਕਮੇਟੀ ਦੇ ਹੋਰ ਮਾਣਯੋਗ ਮੈਂਬਰਾਂ ਅਤੇ ਕਾਲਜ ਦੇ ਯੋਗ ਪ੍ਰਿੰਸੀਪਲ ਡਾ. ਪੂਜਾ ਪਰਾਸ਼ਰ ਨੇ ਕਾਮਰਸ ਵਿਭਾਗ ਦੇ ਯਤਨਾਂ ਦੀ ਸ਼ਲਾਘਾ ਕੀਤੀ।

# ਇਨਸਾਨ ਨੂੰ ਜ਼ਿੰਦਗੀ 'ਚ ਚੰਗੇ ਕੰਮ ਕਰਨੇ ਚਾਹੀਦੇ : ਸਾਈਂ ਉਮਰੇ ਸ਼ਾਹ



**ਮੇਹਲੀ (ਗੁਰਨਾਮ)**:-ਇਥੋਂ ਥੋੜੀ ਦੂਰ ਰੋਜਾ ਸ਼ਰੀਫ ਮੰਢਾਲੀ ਦੇ ਗੱਦੀਨਸ਼ੀਨ ਸਾਈਂ ਉਮਰੇ ਸ਼ਾਹ ਕਾਦਰੀ ਨੇ ਸੰਗਤਾਂ ਨੂੰ ਪ੍ਰਵਚਨ ਕਰਦਿਆਂ ਕਿਹਾ "ਪ੍ਰਭੂ ਦੀ ਭਗਤੀ ਕਰਨ ਨਾਲ ਹਰ ਪ੍ਰਾਣੀ ਦੁੱਖਾਂ ਤੋਂ ਮੁਕਤ ਹੋ ਜਾਂਦਾ ਹੈ। ਉਸ ਰਚਨਹਾਰੇ ਦੇ ਉਪਦੇਸਾਂ ਤੇ ਚੱਲ ਕੇ ਆਪਣਾ ਜੀਵਨ ਸਫਲ ਬਣਾਉਣਾ ਚਾਹੀਦਾ ਹੈ।। 84 ਲੱਖ ਜੂਨ ਭੁਗਤ ਕੇ ਬੜੇ ਭਾਗਾਂ ਨਾਲ ਇਨਸਾਨੀ ਜਾਮਾ ਮਿਲਦਾ ਹੈ ਤੇ ਇਨਸਾਨ ਨੂੰ ਜਿੰਦਗੀ ਵਿੱਚ ਚੰਗੇ ਕੰਮ ਕਰਨੇ ਚਾਹੀਦੇ ਹਨ। ਦੁਨਿਆਵੀ ਕੰਮਾਂ ਨੂੰ ਛੱਡ ਕੇ ਪਰਮਾਤਮਾ ਦੀ ਬੰਦਗੀ ਕਰਨ ਦਾ ਕੋਈ ਵੱਖਰਾ ਹੀ ਨਜਾਰਾ ਹੈ।"

# ਤੀਆਂ ਦਾ ਤਿਉਹਾਰ ਧੂਮਧਾਮ ਨਾਲ ਮਨਾਇਆ



**ਮਾਹਿਲਪੁਰ, (ਨਿਰਮਲ ਸਿੰਘ ਮੁੱਗੋਵਾਲ)**-ਲਾਗਲੇ ਪਿੰਡ ਮਹਿਮਦਵਾਲ ਕਲਾਂ 'ਚ ਤੀਆਂ ਦਾ ਤਿਉਹਾਰ ਬੜੀ ਧੂਮਧਾਮ ਨਾਲ ਮਨਾਇਆ ਗਿਆ। ਮੁੱਖ ਪ੍ਰਬੰਧਕ ਰੀਟਾ ਰਾਣੀ ਦੀ ਅਗਵਾਈ ਹੇਠ ਪ੍ਰਬੰਧਕ ਕਮੇਟੀ ਨੇ ਸ਼ਾਨਦਾਰ ਬੰਦੋਬਸਤ ਕੀਤਾ। ਇਸ ਮੌਕੇ ਨਿੱਕੀਆਂ ਬੱਚੀਆਂ, ਮੁਟਿਆਰਾਂ ਅਤੇ ਬਜ਼ੁਰਗ ਔਰਤਾਂ ਨੇ ਗਿੱਧੇ ਦੀ ਰੌਣਕ 'ਚ ਵਾਧਾ ਕੀਤਾ। ਵੱਖ-ਵੱਖ ਗੀਤਾਂ ਨਾਲ ਸ਼ਾਨਦਾਰ ਅਦਾਕਾਰੀ ਕਰਕੇ ਬੱਚੀਆਂ ਗੀਤਿਕਾ, ਰਵਨੀਤ, ਹਰਮਨਪ੍ਰੀਤ ਆਦਿ ਨੇ ਸਟੇਜ 'ਤੇ ਆਪਣੀਆਂ ਅਦਾਵਾਂ ਨਾਲ ਸਭ ਦਾ ਮਨ ਮੋਹ ਲਿਆ। ਔਰਤਾਂ ਨੇ ਪੀਂਘਾਂ ਝੂਟ ਕੇ ਵੀ ਮਨਪ੍ਰਚਾਵਾ ਕੀਤਾ। ਨਿੱਕੀਆਂ ਬੱਚੀਆਂ ਰਵਨੀਤ ਕੌਰ, ਰੀਤ, ਸੁੱਖੀ-ਸਿੰਮੀ, ਰੋਜ਼ੀ, ਹਰਮਨਪ੍ਰੀਤ, ਖੁਸ਼ੀ, ਐਸ਼ਵੀਨ ਅਤੇ ਹਰਪ੍ਰੀਤ ਨੇ ਖੂਬ ਧਮਾਲਾਂ ਪਾਈਆਂ। ਇਸ ਮੌਕੇ ਖੀਰ ਪੂੜੇ ਅਤੇ ਲੰਗਰ ਦਾ ਵੀ ਪ੍ਰਬੰਧ ਕੀਤਾ ਗਿਆ। ਦੂਰ ਨੇੜੇ ਤੋਂ ਪਹੁੰਚੀਆਂ ਮੁਟਿਆਰਾਂ ਨੇ ਵੀ ਖੂਬ ਰੌਣਕਾਂ ਲਾਈਆਂ। ਕਮਲਜੀਤ ਕੌਰ, ਪਰਮਜੀਤ ਕੌਰ, ਸੀਤਾ ਦੇਵੀ, ਸੁਖਵਿੰਦਰ , ਜਸਬੀਰ ਕੌਰ, ਬਲਜੀਤ ਕੌਰ, ਰਸ਼ਪਾਲ , ਮਨਜੀਤ ਕੌਰ ਆਦਿ ਨੇ ਪ੍ਰਬੰਧ ਵਿੱਚ ਅਹਿਮ ਭੂਮਿਕਾ ਅਦਾ ਕੀਤੀ। ਇਸ ਮੌਕੇ ਧੀਆਂ ਦਾ ਸਨਮਾਨ ਸਰਪੰਚ ਅਮਰਜੀਤ ਸਿੰਘ ਅਤੇ ਪ੍ਰਧਾਨ ਰੀਟਾ ਰਾਣੀ ਵੱਲੋਂ ਕੀਤਾ ਗਿਆ। ਨਿੱਕੀਆਂ ਕਰੂਬਲਾਂ ਦੇ ਸੰਪਾਦਕ ਬਲਜਿੰਦਰ ਮਾਨ ਨੇ ਇਨ੍ਹਾਂ ਯਤਨਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅੱਜ ਧੀਆਂ ਅਤੇ ਪੁੱਤ ਬਰਾਬਰ ਹਨ। ਧੀਆਂ ਆਪਣੀਆਂ ਸ਼ਾਨਦਾਰ ਪ੍ਰਾਪਤੀਆਂ ਨਾਲ ਮਾਪਿਆਂ ਅਤੇ ਦੇਸ਼ ਕੌਮ ਦਾ ਮਾਣ ਵਧਾ ਰਹੀਆਂ ਹਨ। ਮੰਚ ਸੰਚਾਲਨ ਦੀ ਜ਼ਿੰਮੇਵਾਰੀ ਰੋਜ਼ੀ ਕਪੂਰ ਵੱਲੋਂ ਨਿਭਾਈ ਗਈ।

# ਭਾਈ ਘਨੱਈਆ ਚੈਰੀਟੇਬਲ ਟਰੱਸਟ ਵੱਲੋਂ ਸਾਲਾਨਾ ਰਿਪੋਰਟ ਜਾਰੀ



**ਟਾਂਡਾ ਉੜਮੁੜ, ( ਉਂਕਾਰ ਸਿੰਘ ਜਸਵਿੰਦਰ )**- ਪਿਛਲੇ ਤਿੰਨ ਦਹਾਕਿਆਂ ਤੋਂ ਟਾਂਡਾ ਇਲਾਕੇ ਵਿਚ ਸਮਾਜ ਸੇਵੀ ਮਿਸ਼ਨ ਚਲਾ ਰਹੀ ਸਮਾਜ ਸੇਵੀ ਸੰਸਥਾ ਭਾਈ ਘਨੱਈਆ ਚੈਰੀਟੇਬਲ ਟਰੱਸਟ ਨੇ 2022 - 23 ਵਰ੍ਹੇ ਦੀ ਸਾਲਾਨਾ ਰਿਪੋਰਟ ਜਾਰੀ ਕਰਦੇ ਹੋਏ ਟਰੱਸਟ ਵੱਲੋਂ ਕੀਤੇ ਸਮਾਜ ਸੇਵੀ ਕੰਮਾਂ ਅਤੇ ਉਨ੍ਹਾਂ ਤੇ ਹੋਏ ਖਰਚ ਦਾ ਲੇਖਾ ਜੋਖਾ ਜਨਤਕ ਕੀਤਾ। ਰਿਪੋਰਟ ਨੂੰ ਪ੍ਰਧਾਨ ਡਾ.ਬਲਬੀਰ ਸਿੰਘ,ਡਾ.ਡੀ.ਐੱਲ.ਬੜਵਾਲ,ਆਗਿਆ ਰਾਮ ਸੈਣੀ ਅਤੇ ਅਰਜਨ ਸਿੰਘ ਨੇ ਜਾਰੀ ਕੀਤਾ। ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਪ੍ਰਵਾਸੀ ਪੰਜਾਬੀ ਅਤੇ ਸਥਾਨਕ ਦਾਨੀਆਂ ਦੀ ਮਦਦ ਨਾਲ ਟਰੱਸਟ ਵੱਲੋਂ ਵੱਖ ਵੱਖ ਸਮਾਜ ਸੇਵੀ ਪ੍ਰੋਜੈਕਟ ਚਲਾਏ ਜਾ ਰਹੇ ਹਨ। ਹੁਣ ਤੱਕ ਟਰੱਸਟ ਵੱਲੋਂ ਇਨ੍ਹਾਂ ਪ੍ਰੋਜੈਕਟਾ 'ਤੇ ਲਗਭਗ 3 ਕਰੋੜ ਰੁਪਏ ਖਰਚੇ ਜਾ ਚੁੱਕੇ ਹਨ। 2022 - 23 ਵਰ੍ਹੇ ਦੌਰਾਨ ਟਰੱਸਟ ਵੱਲੋਂ ਚੈਰੀਟੇਬਲ ਲੈਬੋਰਟਰੀ 'ਤੇ ਲਗਭਗ 3 ਲੱਖ 95 ਹਜ਼ਾਰ ਰੁਪਏ, ਡਿਸਪੈਂਸਰੀਆਂ 'ਤੇ ਲਗਭਗ 26 ਲੱਖ ਰੁਪਏ, ਬਜ਼ੁਰਗਾਂ ਦੇ ਡੇ ਕੇਅਰ ਸੈਂਟਰ 'ਤੇ ਲਗਭਗ 94 ਹਜ਼ਾਰ ਰੁਪਏ, ਕੈਂਸਰ ਕੈਂਪ 'ਤੇ ਲਗਭਗ 11 ਹਜ਼ਾਰ,ਜ਼ਰੂਰਤਮੰਦ ਲੋਕਾਂ ਲਈ ਵੱਖ ਵੱਖ ਪੈਨਸ਼ਨ ਸਕੀਮਾਂ 'ਤੇ ਲਗਭਗ 1 ਲੱਖ 17 ਹਜ਼ਾਰ ਰੁਪਏ ਅਤੇ ਐਂਬੂਲੈਂਸ ਸੇਵਾ ਅਤੇ ਹੋਰਨਾਂ ਸਮਾਜ ਸੇਵੀ ਕੰਮਾਂ 'ਤੇ ਕੁੱਲ 27 ਲੱਖ 8 ਹਜ਼ਾਰ 715 ਰੁਪਏ ਖਰਚ ਕੀਤੇ ਗਏ। ਇਸ ਮੌਕੇ ਰਜਿੰਦਰ ਪ੍ਰਸਾਦ,ਸੁਖਵੀਰ ਸਿੰਘ,ਕਿਰਪਾਲ ਸਿੰਘ,ਵਰਿੰਦਰ ਪੁੰਜ, ਜਸਪ੍ਰੀਤ ਸਿੰਘ ਆਦਿ ਮੌਜੂਦ ਸਨ।

# ਮਾਂ ਦੇ ਦੁੱਧ ਦੀ ਮਹੱਤਤਾ ਸਪਤਾਹ ਅਧੀਨ ਆਂਗਣਵਾੜੀ ਵਰਕਰਾਂ ਨੂੰ ਕੀਤਾ ਜਾਗਰੂਕ



**ਹੁਸ਼ਿਆਰਪੁਰ,, (ਬਲਵੀਰ ਸਿੰਘ ਸੈਣੀ)**- ਡਾਇਰੈਕਟਰ, ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ ਅਤੇ ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਕੋਮਲ ਮਿੱਤਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅਤੇ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਹੁਸ਼ਿਆਰਪੁਰ ਹਰਦੀਪ ਕੌਰ ਦੀ ਅਗਵਾਈ ਹੇਠ ਬਾਲ ਵਿਕਾਸ ਪ੍ਰੋਜੈਕਟ ਅਫ਼ਸਰ ਮੁਕੇਰੀਆਂ ਮੰਜੂ ਬਾਲਾ ਵਲੋਂ ਪਿੰਡ ਕਲਸਾਂ ਵਿਖੇ 1 ਅਗਸਤ ਤੋਂ 7 ਅਗਸਤ ਤੱਕ ਮਨਾਏ ਜਾ ਰਹੇ ਮਾਂ ਦੇ ਦੁੱਧ ਦੀ ਮਹੱਤਤਾ ਸਪਤਾਹ ਅਧੀਨ ਬਲਾਕ ਦੀਆਂ ਆਂਗਣਵਾੜੀ ਵਰਕਰਾਂ ਨੂੰ ਇਸ ਸਬੰਧੀ ਬਲਾਕ ਪੱਧਰੀ ਟ੍ਰੇਨਿੰਗ ਕੈਂਪ ਲਗਾ ਕੇ ਜਾਗਰੂਕ ਕੀਤਾ ਗਿਆ। ਸੀ.ਡੀ.ਪੀ.ਓ ਕੁਮਾਰੀ ਮੰਜੂ ਬਾਲਾ ਵਲੋਂ ਆਂਗਣਵਾੜੀ ਵਰਕਰਾਂ ਨੂੰ ਦੱਸਿਆ ਗਿਆ ਕਿ ਬੱਚੇ ਦੇ ਜਨਮ ਦੇ ਇਕ ਘੰਟੇ ਦੇ ਅੰਦਰ-ਅੰਦਰ ਹਰ ਹਾਲਤ ਵਿਚ ਮਾਂ ਦਾ ਦੁੱਧ ਪਿਲਾਉਣਾ ਜ਼ਰੂਰੀ ਹੈ, ਭਾਵੇਂ ਡਿਲੀਵਰੀ ਨਾਰਮਲ ਹੋਵੇ ਜਾਂ ਸਿਜੇਰੀਅਨ ਹੋਵੇ ਅਤੇ ਇਸ ਦੇ ਨਾਲ ਮਾਂ ਦਾ ਪਹਿਲਾ ਗਾੜ੍ਹਾ ਦੁੱਧ ਵੀ ਹਰ ਹਾਲ ਵਿਚ ਬੱਚੇ ਨੂੰ ਪਿਲਾਉਣਾ ਹੈ, ਕਿਉਂਕਿ ਇਹ ਬੱਚੇ ਨੂੰ ਇਨਫੈਕਸ਼ਨ ਤੋਂ ਬਚਾਉਂਦਾ ਹੈ ਅਤੇ ਉਸ ਦੀ ਰੋਗਾਂ ਨਾਲ ਲੜਨ ਦੀ ਸ਼ਕਤੀ ਵੱਧਦੀ ਹੈ ਅਤੇ ਮਾਂ ਤੇ ਬੱਚੇ ਵਿਚ ਭਾਵਨਾਤਮਕ ਰਿਸ਼ਤਾ ਕਾਇਮ ਹੁੰਦਾ ਹੈ।

ਇਸ ਤੋਂ ਇਲਾਵਾ ਆਂਗਣਵਾੜੀ ਵਰਕਰਾਂ ਨੂੰ ਮਾਂ ਦਾ ਦੁੱਧ ਪਿਲਾਉਂਦੇ ਹੋਏ ਮਾਂ ਤੇ ਬੱਚੇ ਦੀ ਸਹੀ ਪੋਜ਼ੀਸ਼ਨ ਬਾਰੇ ਵੀ ਜਾਣੂ ਕਰਵਾਇਆ ਗਿਆ ਅਤੇ ਦੱਸਿਆ ਗਿਆ ਕਿ ਇਹ ਸਭ ਗਰਭਕਾਲ ਦੌਰਾਨ ਹੀ ਔਰਤਾਂ ਨੂੰ ਸਮਝਾ ਦੇਣਾ ਹੈ। ਖਾਸ ਕਰਕੇ ਪ੍ਰਾਈਵੇਟ ਹਸਪਤਾਲਾਂ ਵਿਚ ਜਾ ਕੇ ਜਾਗਰੂਕ ਕਰਨ ਲਈ ਕਿਹਾ ਗਿਆ ਕਿ ਉਹ ਬੱਚੇ ਦੇ ਜਨਮ ਸਮੇਂ ਡੱਬਾਬੰਦ ਦੁੱਧ ਨਾ ਦੇਣ। ਆਂਗਣਵਾੜੀ ਵਰਕਰਾਂ ਨੂੰ 6 ਮਹੀਨੇ ਸਿਰਫ ਮਾਂ ਦਾ ਦੁੱਧ ਪਿਲਾਉਣ ਬਾਰੇ ਵੀ ਜਾਗਰੂਕ ਕੀਤਾ ਗਿਆ ਅਤੇ 6 ਮਹੀਨੇ ਤੋਂ ਬਾਅਦ 2 ਸਾਲ ਤੱਕ ਮਾਂ ਦੇ ਦੁੱਧ ਦੇ ਨਾਲ-ਨਾਲ ਓਪਰੀ ਖੁਰਾਕ ਬਾਰੇ ਵੀ ਜਾਣਕਾਰੀ ਦਿੱਤੀ ਗਈ। ਇਸ ਦੇ ਨਾਲ ਪਰਿਵਾਰ ਦੇ ਬਾਕੀ ਮੈਂਬਰ ਜਿਵੇਂ ਪਤੀ, ਸੱਸ, ਨਣਦ ਆਦਿ ਨੂੰ ਨਰਸਿੰਗ ਮਾਂ ਦਾ ਸਹਿਯੋਗ ਦੇਣ ਲਈ ਸਮਾਜ ਨੂੰ ਜਾਗਰੂਕ ਕਰਨ ਬਾਰੇ ਕਿਹਾ ਗਿਆ। ਇਸ ਤੋਂ ਇਲਾਵਾ ਅਨੀਮੀਆ ਮੁਕਤ ਪੰਜਾਬ ਮਾਹ ਅਧੀਨ ਆਂਗਣਵਾੜੀ ਸੈਂਟਰਾਂ ਵਿਚ ਆਯੁਰਵੈਦਿਕ ਪੌਦੇ ਲਗਾਏ ਤੇ ਪੋਸ਼ਣ ਵਾਟਿਕਾ ਬਣਾਈ ਗਈ ਅਤੇ ਸੁਹਾਂਜਣਾਂ, ਕੜ੍ਹੀ ਪੱਤਾ, ਨਿੰਬੂ ਆਦਿ ਦੇ ਪੌਦੇ ਆਂਗਣਵਾੜੀ ਵਰਕਰਾਂ ਨੂੰ ਆਂਗਣਵਾੜੀ ਸੈਂਟਰਾਂ ਵਿਚ ਲਗਾਉਣ ਲਈ ਵੰਡੇ ਗਏ।

# ਜਲੰਧਰ ਰੋਡ ਦੀ ਖਸਤਾ ਹਾਲਤ ਨੂੰ ਜਲਦੀ ਠੀਕ ਕੀਤਾ ਜਾਵੇ : ਭਾਜਪਾ ਆਗੂ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਭਾਜਪਾ ਆਗੂ ਸਾਬਕਾ ਕੈਬਨਿਟ ਮੰਤਰੀ ਤੀਕਸ਼ਣ ਸੂਦ, ਵਿਜੇ ਪਠਾਨੀਆ, ਜ਼ਿਲ੍ਹਾ ਜਨਰਲ ਸਕੱਤਰ ਸੁਰੇਸ਼ ਭਾਟੀਆ ਬਿੱਟੂ, ਜ਼ਿਲ੍ਹਾ ਸਕੱਤਰ ਅਸ਼ਵਨੀ ਗੈਂਦ, ਯਸ਼ਪਾਲ ਸ਼ਰਮਾ, ਰਾਜ ਕੁਮਾਰ ਵੱਲੋਂ ਜਾਰੀ ਸਾਂਝੇ ਪ੍ਰੈਸ ਨੋਟ ਵਿੱਚ ਕਿਹਾ ਗਿਆ ਹੈ ਕਿ ਸੜਕ ਦੀ ਹਾਲਤ ਖਸਤਾ ਹੈ। ਹੁਸ਼ਿਆਰਪੁਰ ਤੋਂ ਜਲੰਧਰ ਤੱਕ ਦੀ ਹਾਲਤ ਕਾਫੀ ਸਮੇਂ ਤੋਂ ਖਰਾਬ ਚੱਲ ਰਹੀ ਹੈ, ਬੇਸ਼ੱਕ ਇਸ ਦਾ ਨੀਂਹ ਪੱਥਰ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਕਰੋੜਾਂ ਰੁਪਏ ਜਾਰੀ ਕਰਕੇ ਰੱਖਿਆ ਗਿਆ ਹੈ। ਹੁਸ਼ਿਆਰਪੁਰ ਬਾਈਪਾਸ ਤੋਂ ਜਲੰਧਰ ਨੂੰ ਜਾਣ ਵਾਲੀ ਸੜਕ ਦੀ ਹਾਲਤ ਇੰਨੀ ਮਾੜੀ ਹੈ ਕਿ ਹਰ ਰੋਜ਼ ਕੋਈ ਨਾ ਕੋਈ ਹਾਦਸਾ ਵਾਪਰ ਰਿਹਾ ਹੈ ਅਤੇ ਲੋਕਾਂ ਨੂੰ ਪ੍ਰੇਸ਼ਾਨੀ ਝੱਲਣੀ ਪੈ ਰਹੀ ਹੈ, ਖਾਸ ਕਰਕੇ ਸੋਨਾਲੀਕਾ ਟਰੈਕਟਰ ਫੈਕਟਰੀ ਦੇ ਆਸ-ਪਾਸ ਜਿੱਥੇ ਹਜ਼ਾਰਾਂ ਲੋਕ ਕੰਮ ਕਰਨ ਲਈ ਆਉਂਦੇ ਹਨ, ਉੱਥੇ ਹੀ ਸੜਕ ਦੀ ਹਾਲਤ ਬਹੁਤ ਤਰਸਯੋਗ ਬਣੀ ਹੋਈ ਹੈ। ਫੈਕਟਰੀ ਮਜ਼ਦੂਰਾਂ ਦਾ ਵੀ ਕਹਿਣਾ ਹੈ ਕਿ ਉਹ ਪ੍ਰਸ਼ਾਸਨ ਕੋਲ ਮਿੰਨਤਾਂ-ਤਰਲੇ ਕਰਕੇ ਥੱਕ ਚੁੱਕੇ ਹਨ, ਪਰ ਅਜੇ ਤੱਕ ਸੜਕ ਦੀ ਹਾਲਤ ਵਿੱਚ ਕੋਈ ਸੁਧਾਰ ਨਹੀਂ ਹੋਇਆ। ਸੂਦ ਨੇ ਕਿਹਾ ਕਿ ਸਰਕਾਰ ਵੱਲੋਂ ਮੁਰੰਮਤ ਲਈ 14 ਕਰੋੜ ਰੁਪਏ ਜਾਰੀ ਕੀਤੇ ਜਾਣ ਦੀ ਕਾਫੀ ਚਰਚਾ ਹੋਈ ਹੈ ਪਰ ਸੋਨਾਲੀਕਾ ਦੇ ਆਲੇ-ਦੁਆਲੇ ਸੜਕ ਕਦੋਂ ਬਣੇਗੀ, ਇਸ ਬਾਰੇ ਕਿਸੇ ਨੂੰ ਕੁਝ ਨਹੀਂ ਪਤਾ। ਭਾਜਪਾ ਆਗੂਆਂ ਨੇ ਕਿਹਾ ਕਿ ਮੌਜੂਦਾ ਸਰਕਾਰ ਵਿਕਾਸ ਦੇ ਕਈ ਦਾਅਵੇ ਕਰਦੀ ਹੈ ਪਰ ਜਲੰਧਰ-ਚਿੰਤਪੁਰਨੀ ਸੜਕ ਉਨ੍ਹਾਂ ਸਾਰੇ ਦਾਅਵਿਆਂ ਦੀ ਪੋਲ ਖੋਲ੍ਹ ਰਹੀ ਹੈ ਅਤੇ ਸਰਕਾਰ ਦੀ ਕਾਰਗੁਜ਼ਾਰੀ ਦਾ ਪਰਦਾਫਾਸ਼ ਕਰ ਰਹੀ ਹੈ।

# ਆਦਮਪੁਰ ਹਵਾਈ ਅੱਡੇ ਦਾ ਨਾਂਅ ਸ੍ਰੀ ਗੁਰੂ ਰਵਿਦਾਸ ਜੀ ਏਅਰਪੋਰਟ ਰੱਖਿਆ ਜਾਵੇ : ਰਿੰਕੂ



**ਜਲੰਧਰ ( ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)** - : ਜਲੰਧਰ ਤੋਂ ਲੋਕ ਸਭਾ ਮੈਂਬਰ ਸੁਸ਼ੀਲ ਕੁਮਾਰ ਰਿੰਕੂ ਨੇ ਕੇਂਦਰ ਸਰਕਾਰ ਨੂੰ ਆਦਮਪੁਰ ਹਵਾਈ ਅੱਡੇ ਦੇ ਨਵੇਂ ਬਣੇ ਘਰੇਲੂ ਟਰਮੀਨਲ ਦਾ ਨਾਂਅ ਸ੍ਰੀ ਗੁਰੂ ਰਵਿਦਾਸ ਜੀ ਦੇ ਨਾਂਅ 'ਤੇ ਰੱਖਣ ਦੀ ਅਪੀਲ ਕੀਤੀ ਹੈ।। ਕੇਂਦਰੀ ਸ਼ਹਿਰੀ ਹਵਾਬਾਜ਼ੀ ਮੰਤਰੀ ਜੋਤੀਰਾਦਿੱਤਿਆ ਐਮ ਸਿੰਧੀਆ ਨੂੰ ਲਿਖੇ ਪੱਤਰ ਵਿੱਚ ਉਨ੍ਹਾਂ ਕਿਹਾ ਕਿ ਪੰਜਾਬ ਵਿਧਾਨ ਸਭਾ ਨੇ ਆਦਮਪੁਰ ਹਵਾਈ ਅੱਡੇ, ਜ਼ਿਲ੍ਹਾ ਜਲੰਧਰ ਦੇ ਘਰੇਲੂ ਟਰਮੀਨਲ ਦਾ ਇਹ ਨਾਂਅ ਰੱਖਣ ਦਾ ਮਤਾ ਪਾਸ ਕੀਤਾ ਹੈ। ਟਰਮੀਨਲ ਤੋਂ ਏਅਰਲਾਈਨ ਸੇਵਾਵਾਂ ਨੂੰ ਤੁਰੰਤ ਬਹਾਲ ਕਰਨ 'ਤੇ ਜ਼ੋਰ ਦਿੰਦਿਆਂ ਉਨ੍ਹਾਂ ਕਿਹਾ ਕਿ ਖੇਤਰ ਨੂੰ ਹਵਾਈ ਸੰਪਰਕ ਪ੍ਰਦਾਨ ਕਰਨਾ ਸਮੇਂ ਦੀ ਲੋੜ ਹੈ । ਉਨ੍ਹਾਂ ਕਿਹਾ ਕਿ ਪੰਜਾਬ ਦੇ ਦੋਆਬਾ ਖੇਤਰ ਲਈ ਹਵਾਈ ਸੰਪਰਕ ਦੀ ਸੰਭਾਵਨਾ ਅਤੇ ਲੋੜ ਨੂੰ ਦੇਖਦੇ ਹੋਏ ਭਾਰਤ ਸਰਕਾਰ ਨੇ ਪਿਛਲੇ ਸਮੇਂ ਵਿੱਚ ਉਡਾਨ ਸਕੀਮ ਤਹਿਤ ਘੱਟ ਕੀਮਤ ਵਾਲੀ ਏਅਰਲਾਈਨ ਸਪਾਈਸ ਜੈੱਟ ਨੂੰ ਦਿੱਲੀ-ਆਦਮਪੁਰ ਸੈਕਟਰ ਵਿੱਚ ਉਡਾਣਾਂ ਚਲਾਉਣ ਦੀ ਇਜਾਜ਼ਤ ਦਿੱਤੀ ਸੀ। ਨਾਲ ਹੀ ਮੁੰਬਈ-ਆਦਮਪੁਰ-ਮੁੰਬਈ ਉਡਾਣ ਸ਼ੁਰੂ ਹੋਈ ਅਤੇ ਇਹ ਉਡਾਣਾਂ ਅਪ੍ਰੈਲ 2021 ਤੱਕ ਸਫਲਤਾਪੂਰਵਕ ਚਲਾਈਆਂ ਗਈਆਂ। ਉਨ੍ਹਾਂ ਕਿਹਾ ਕਿ ਹਵਾਈ ਆਵਾਜਾਈ ਦੇ ਸਕਾਰਾਤਮਕ ਹੁੰਗਾਰੇ ਅਤੇ ਸੈਕਟਰ ਦੀਆਂ ਮੰਗਾਂ ਨੂੰ ਪੂਰਾ ਕਰਦੇ ਹੋਏ, ਸਰਕਾਰ ਨੇ ਭਾਰਤ ਦੇ ਹੋਰ ਸੈਕਟਰਾਂ ਨੂੰ ਜੋੜਨ ਦੇ ਇਰਾਦੇ ਨਾਲ ਇੱਕ ਨਵੀਂ ਟਰਮੀਨਲ ਇਮਾਰਤ ਦੇ ਨਿਰਮਾਣ ਨੂੰ ਮਨਜ਼ੂਰੀ ਦਿੱਤੀ ਗਈ ਸੀ । ਉਨ੍ਹਾਂ ਕਿਹਾ ਕਿ 300 ਯਾਤਰੀਆਂ (150 ਅਰਾਈਵਲ ਅਤੇ 150 ਰਵਾਨਗੀ) ਦੀ ਪੀਕ ਆਵਰ ਸਮਰੱਥਾ ਵਾਲੀ ਸਾਰੀਆਂ ਆਧੁਨਿਕ ਸਹੂਲਤਾਂ ਵਾਲੀ ਨਵੀਂ ਟਰਮੀਨਲ ਬਿਲਡਿੰਗ ਪਹਿਲਾਂ ਹੀ ਮੁਕੰਮਲ ਹੋ ਚੁੱਕੀ ਹੈ। ਪਰ ਅਜੇ ਤੱਕ ਕੋਈ ਵੀ ਉਡਾਣ ਸ਼ੁਰੂ ਨਹੀਂ ਕੀਤੀ ਗਈ ਜਿਸ ਕਾਰਨ ਦੁਆਬਾ ਖੇਤਰ (ਜਿਸ ਵਿੱਚ ਵੱਡੀ ਗਿਣਤੀ ਵਿੱਚ ਐਨਆਰਆਈ ਆਬਾਦੀ ਹੈ ਅਤੇ ਅਕਸਰ ਦੁਨੀਆ ਭਰ ਵਿੱਚ ਘੁੰਮਦੀ ਰਹਿੰਦੀ ਹੈ) ਦੇ ਯਾਤਰੀਆਂ, ਸੈਲਾਨੀਆਂ ਅਤੇ ਵਸਨੀਕਾਂ ਨੂੰ ਭਾਰੀ ਅਸੁਵਿਧਾ ਹੋ ਰਹੀ ਹੈ ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਕਿਸੇ ਵੀ ਫਲਾਈਟ ਦੀ ਅਣਹੋਂਦ ਵਿੱਚ, ਮੁਰੰਮਤ ਦੀ ਸਾਰੀ ਪ੍ਰੋਜੈਕਟ ਦੀ ਲਾਗਤ ਰੁ. 125 ਕਰੋੜ ਸਮੇਤ ਨਵੀਂ ਟਰਮੀਨਲ ਬਿਲਡਿੰਗ ਦੇ ਨਿਰਮਾਣ ਦੇ ਕੰਮ, ਐਪਰਨ ਅਤੇ ਸੰਬੰਧਿਤ ਕੰਮ, ਸੰਚਾਲਨ ਅਤੇ ਰੱਖ-ਰਖਾਅ ਦੇ ਖਰਚੇ ਵਿਅਰਥ ਜਾ ਰਹੇ ਹਨ । ।ਉਨ੍ਹਾਂ ਇਹ ਵੀ ਕਿਹਾ ਕਿ ਕੇਂਦਰੀ ਪੰਜਾਬ (ਦੋਆਬਾ ਖੇਤਰ) ਦੇ ਲੋਕਾਂ ਦੀ ਅੰਤਰਰਾਸ਼ਟਰੀ ਮੰਜ਼ਿਲਾਂ ਲਈ ਸਿੱਧੀਆਂ ਉਡਾਨਾਂ ਦੀ ਲੰਬੇ ਸਮੇਂ ਤੋਂ ਮੰਗ ਹੈ। ।

# ਸੇਂਟ ਸੋਲਜਰ ਇੰਟਰ ਕਾਲਜ 'ਚ ਬੈਚ ਸੈਰੇਮਨੀ



**ਜਲੰਧਰ (ਇਕਬਾਲ ਸਿੰਘ ਉੱਭੀ)**- ਵਿਦਿਆਰਥੀਆਂ ਨੂੰ ਉਨ੍ਹਾਂ ਦੀਆਂ ਸੰਸਥਾ ਪ੍ਰਤੀ ਜਿੰਮੇਦਾਰੀਆਂ ਸਮਝਾਉਣ ਦੇ ਮੰਤਵ ਨਾਲ ਸੇਂਟ ਸੋਲਜਰ ਇੰਟਰ ਕਾਲਜ, ਫਰੈਂਡਸ ਕਲੋਨੀ ਬ੍ਰਾਂਚ 'ਚ ਸਹੁੰ ਚੁੱਕ ਅਤੇ ਬੈਚ ਸੈਰੇਮਨੀ ਕਰਵਾਈ ਗਈ। ਪ੍ਰਿੰਸੀਪਲ ਮਨਗਿੰਦਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ 'ਤੇ ਗੁਰੂ ਗੋਬਿੰਦ ਸਿੰਘ ਹਾਊਸ 'ਚ ਕਨਿਕਾ, ਸਿਧਾਂਤ ਨੂੰ ਕੈਪਟਨ, ਮੋਹਿਤ, ਕਰਨ ਨੂੰ ਵਾਇਸ ਕੈਪਟਨ, ਮਹਾਰਾਜਾ ਰਣਜੀਤ ਸਿੰਘ ਹਾਊਸ 'ਚ ਕਸ਼ਿਸ਼, ਹਿਮਾਂਸ਼ੂ ਨੂੰ ਕੈਪਟਨ, ਬਬੀਤਾ, ਨਰਮਦਾ ਨੂੰ ਵਾਇਸ ਕੈਪਟਨ, ਛਤਰਪਤੀ ਸ਼ਿਵਾਜੀ ਹਾਊਸ ਵਿੱਚ ਮੁਸਕਾਨ, ਵਿਸ਼ੂ ਨੂੰ ਕੈਪਟਨ ਅਦਿਤੀ, ਅਮਿਤ ਨੂੰ ਵਾਇਸ ਕੈਪਟਨ, ਮਹਾਰਾਣਾ ਪ੍ਰਤਾਪ ਹਾਊਸ 'ਚ ਕਾਰਤਿਕ, ਤਾਨਿਆ ਨੂੰ ਕੈਪਟਨ, ਗਰਿਮਾ, ਦੀਆ ਨੂੰ ਵਾਇਸ ਕੈਪਟਨ ਚੁਣਿਆ ਗਿਆ।

ਇਸ ਮੌਕੇ ਵੱਖ-ਵੱਖ ਕਲਾਸਾਂ ਦੇ ਮਾਨਿਟਰ ਵੀ ਚੁਣੇ ਗਏ। ਸਭ ਚੁਣੇ ਗਏ ਵਿਦਿਆਰਥੀਆਂ ਨੂੰ ਸਟਾਫ ਮੈਂਬਰਾਂ ਵੱਲੋਂ ਸੰਸਥਾ 'ਚ ਅਨੁਸ਼ਾਸਨ ਬਣਾਏ ਰੱਖਣ ਲਈ ਯਤਨਸ਼ੀਲ ਰਹਿਣ ਲਈ ਸਹੁੰ ਚੁੱਕੀ। ਪ੍ਰਿੰਸੀਪਲ ਮਨਗਿੰਦਰ ਸਿੰਘ ਵੱਲੋਂ ਵਿਦਿਆਰਥੀਆਂ ਨੂੰ ਬੈਚੇਸ ਅਤੇ ਸੈਸ਼ੇ ਵੱਲੋਂ ਸਨਮਾਨਤ ਕੀਤਾ ਗਿਆ ਅਤੇ ਉਨ੍ਹਾਂ ਦੀ ਸੰਸਥਾ ਦੇ ਪ੍ਰਤੀ ਜਿੰਮੇਦਾਰੀ ਦੇ ਬਾਰੇ ਦੱਸਿਆ। ਵਾਇਸ ਚੇਅਰਪਰਸਨ ਸੰਗੀਤਾ ਚੋਪੜਾ ਨੇ ਵਿਦਿਆਰਥੀਆਂ ਨੂੰ ਸ਼ੁੱਭਕਾਮਨਾਵਾਂ ਦਿੱਤੀਆਂ।

# ਡੀ ਸੀ ਨੇ ਸੇਵਾ ਕੇਂਦਰ ਦਾ ਦੌਰਾ ਕਰਕੇ ਜ਼ਿਲ੍ਹਾ ਵਾਸੀਆਂ ਨਾਲ ਕੀਤੀ ਮੁਲਾਕਾਤ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਡਿਪਟੀ ਕਮਿਸ਼ਨਰ ਨਵਜੋਤ ਪਾਲ ਸਿੰਘ ਰੰਧਾਵਾ ਨੇ ਸੇਵਾ ਕੇਂਦਰ ਦਾ ਦੌਰਾ ਕੀਤਾ। ਇਸ ਦੌਰਾਨ ਦੇ ਨਾਲ ਵਧੀਕ ਡਿਪਟੀ ਕਮਿਸ਼ਨਰ (ਜ) ਰਾਜੀਵ ਵਰਮਾ ਵੀ ਮੌਜੂਦ ਸਨ ਡਿਪਟੀ ਕਮਿਸ਼ਨਰ ਨੇ ਸੇਵਾ ਕੇਂਦਰ ਵਿੱਚ ਕੰਮ ਕਰਵਾਉਣ ਆਏ ਜ਼ਿਲ੍ਹਾ ਵਾਸੀਆਂ ਦੇ ਨਾਲ ਮੁਲਾਕਾਤ ਕਰਕੇ ਉਨ੍ਹਾਂ ਨੂੰ ਕੰਮ ਕਰਵਾਉਣ ਦੌਰਾਨ ਆਉਣ ਵਾਲੀਆਂ ਸਮੱਸਿਆਵਾਂ ਬਾਰੇ ਵੀ ਪੁੱਛਿਆ। ਉਨ੍ਹਾਂ ਦਿੱਸਿਆ ਕਿ ਸੇਵਾ ਕੇਂਦਰਾਂ ਵਲੋਂ ਸਰਕਾਰ ਵਲੋਂ ਜਾਰੀ ਦਿਸ਼ਾ-ਨਿਰਦੇਸ਼ਾਂ ਤਹਿਤ ਵੱਖ-ਵੱਖ ਵਿਭਾਗਾਂ ਨਾਲ ਸਬੰਧਤ ਸੇਵਾਵਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਸੇਵਾ ਕੇਂਦਰਾਂ ਵਿੱਚ ਮੌਜੂਦ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਆਮ ਜਨਤਾ ਦੇ ਨਾਲ ਸਹਿਯੋਗ ਕਰਦੇ ਹੋਏ ਹਰ ਤਰ੍ਹਾਂ ਦੀ ਜਾਣਕਾਰੀ ਮੁਹੱਈਆ ਕਰਵਾਉਣ ਸਬੰਧੀ ਨਿਰਦੇਸ਼ ਦਿੱਤੇ ਗਏ ਹਨ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਨੂੰ ਸੇਵਾ ਕੇਂਦਰ ਦੇ ਵਿੱਚ ਆਪਣਾ ਕੰਮ ਕਰਵਾਉਣ ਸਬੰਧੀ ਕੋਈ ਸਮੱਸਿਆ ਆਉਂਦੀ ਹੈ ਤਾਂ ਉਹ ਸੇਵਾ ਕੇਂਦਰ ਇੰਚਾਰਜ ਨਾਲ ਸਿੱਧੇ ਤੌਰ 'ਤੇ ਮਿਲ ਕੇ ਵੀ ਦੱਸ ਸਕਦੇ ਹਨ।

# ਹਲਕੇ ਦੇ ਮੁੱਖ ਸੇਵਾਦਾਰ ਹੋਏ ਆਂਸਲ ਧਰਨੇ 'ਚ ਸ਼ਾਮਲ




**ਮੋਹਾਲੀ ( ਗੁਰਜੀਤ ਬਿੱਲਾ )**- ਆਂਸਲ ਪ੍ਰਾਪਰਟੀਜ ਐਂਡ ਇਨਫਰਾਸਟਰੱਕਚਰ ਲਿਮਟਿਡ ਦੇ ਸੈਕਟਰ-114 ਐਸ ਏ ਐਸ ਨਗਰ (ਮੋਹਾਲੀ) ਅੰਦਰ ਮੁੱਢਲੀਆਂ ਸਹੂਲਤਾਂ ਦੀ ਪੂਰਤੀ ਲਈ ਵਸਨੀਕਾਂ ਦੇ ਲਗਾਤਾਰ ਚਲ ਰਹੇ ਧਰਨੇ ਵਿੱਚ ਸ਼੍ਰੋਮਣੀ ਅਕਾਲੀ ਦਲ ਹਲਕਾ ਮੁਹਾਲੀ ਦੇ ਮੁੱਖ ਸੇਵਾਦਾਰ ਪਰਵਿੰਦਰ ਸਿੰਘ ਸੋਹਾਣਾ ਸ਼ਾਮਲ ਹੋਏ। ਪਰਵਿੰਦਰ ਸਿੰਘ ਸੋਹਾਣਾ ਨੇ ਧਰਨਾਕਾਰੀਆਂ ਨੂੰ ਅਕਾਲੀ ਦਲ ਵੱਲੋਂ ਪੂਰਨ ਹਮਾਇਤ ਦਾ ਐਲਾਨ ਕਰਦਿਆਂ ਕਿਹਾ ਕਿ ਉਹ ਆਂਸਲ ਦੇ ਵਸਨੀਕਾਂ ਦੀਆਂ ਬੁਨਿਆਦੀ ਸੁਵਿਧਾਵਾਂ ਦੀ ਪੂਰਤੀ ਲਈ ਪੰਜਾਬ ਦੀ ਗੂੰਗੀ ਬੋਲੀ ਸਰਕਾਰ ਤੱਕ ਆਵਾਜ ਪਹੁੰਚਾਉਣਗੇ। ਪਰਵਿੰਦਰ ਸਿੰਘ ਸੋਹਾਣਾ ਨੇ ਕਿਹਾ ਕਿ ਇਹ ਬੜੇ ਹੀ ਦੁੱਖ ਦੀ ਗੱਲ ਹੈ ਕਿ ਕਈ ਦਿਨਾਂ ਤੋਂ ਵਸਨੀਕ ਲਗਾਤਾਰ ਧਰਨਾ ਦੇ ਰਹੇ ਹਨ ਪਰ ਨਾ ਤਾਂ ਗਮਾਡਾ ਅਤੇ ਨਾ ਹੀ ਮੋਹਾਲੀ ਪ੍ਰਸ਼ਾਸਨ ਨੇ ਉਹਨਾਂ ਦੀ ਗੱਲ ਸੁਣੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਆਂਸਲ ਦੇ ਪ੍ਰਬੰਧਕਾਂ ਖਿਲਾਫ ਸਖਤ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ ਅਤੇ ਆਂਸਲ ਦੇ ਵਸਨੀਕਾਂ ਨੂੰ ਬੁਨਿਆਦੀ ਸੁਵਿਧਾਵਾਂ ਉਪਲਬਧ ਕਰਵਾਉਣ ਦੀਆਂ ਹਦਾਇਤਾਂ ਕੀਤੀਆਂ ਜਾਣੀਆਂ ਚਾਹੀਦੀਆਂ ਹਨ। ਸੋਹਾਣਾ ਨੇ ਕਿਹਾ ਕਿ ਇੱਥੋਂ ਦੇ ਵਸਨੀਕਾਂ ਨੇ ਆਪਣੇ ਖੂਨ ਪਸੀਨੇ ਦੀ ਕਮਾਈ ਦੇ ਪੈਸੇ ਇਸ ਸੁਸਾਇਟੀ ਵਿੱਚ ਲਗਾਏ ਹਨ ਤਾਂ ਜੋ ਉਹ ਚੈਨ ਦੀ ਜਿੰਦਗੀ ਜੀਉ ਸਕਣ ਪਰ ਉਲਟਾ ਉਨ੍ਹਾਂ ਲਈ ਇਸ ਸੋਸਾਇਟੀ ਦੇ ਪ੍ਰਬੰਧਕਾਂ ਨੇ ਬੁਨਿਆਦੀ ਸੁਵਿਧਾਵਾਂ ਉਪਲੱਬਧ ਨਾ ਕਰਾ ਕੇ ਉਨ੍ਹਾਂ ਦਾ ਜੀਉਣਾ ਹਰਾਮ ਕਰ ਦਿੱਤਾ ਹੈ।

ਸੋਹਾਣਾ ਨੇ ਧਰਨਾ-ਪ੍ਰਦਰਸ਼ਨ ਕਰ ਰਹੇ ਪੀੜਤ ਲੋਕਾਂ ਹਰ ਸੰਭਵ ਸਹਿਯੋਗ ਦੇਕੇ ਉਹਨਾਂ ਦੀਆਂ ਸਮੱਸਿਆਵਾਂ ਦੀ ਆਵਾਜ ਗੂੰਗੀ ਬੋਲੀ ਸਰਕਾਰ ਦੇ ਕੰਨਾਂ ਤੱਕ ਪਹੁੰਚਾਉਣ ਦਾ ਭਰੋਸਾ ਦਿੱਤਾ। ਉਨ੍ਹਾਂ ਕਿਹਾ ਕਿ ਆਮ ਆਦਮੀ ਦੀਆਂ ਵੋਟਾਂ ਲੈ ਕੇ ਸਰਕਾਰ ਬਣਾਉਣ ਵਾਲੀ ਆਮ ਆਦਮੀ ਪਾਰਟੀ ਹੁਣ ਖਾਸ ਲੋਕਾਂ ਦੀ ਪਾਰਟੀ ਬਣ ਕੇ ਰਹਿ ਗਈ ਹੈ ਅਤੇ ਪੰਜਾਬ ਦੇ ਲੋਕ ਇਸ ਦਾ ਬਦਲਾ ਆਉਂਦੀਆਂ ਲੋਕ ਸਭਾ ਚੋਣਾਂ ਵਿੱਚ ਲੈਣਗੇ। ਇਸ ਮੌਕੇ ਪਾਲ ਸਿੰਘ ਰੱਤੂ ਮੀਤ ਪ੍ਰਧਾਨ, ਅਚਿਨ ਗਾਬਾ ਜਨਰਲ ਸਕੱਤਰ, ਨਿਹਾਲ ਸਿੰਘ ਸੈਣੀ, ਗੁਰਮੀਤ ਸਿੰਘ ਸੰਯੁਕਤ ਸਕੱਤਰ, ਹਰਦੀਪ ਸਿੰਘ ਜਥੇਬੰਦਕ ਸਕੱਤਰ ਅਤੇ ਵੱਡੀ ਗਿਣਤੀ ਵਿੱਚ ਸੈਕਟਰ ਦੇ ਵਸਨੀਕ ਹਾਜਰ ਸਨ।

# ਟਰੈਵਲ ਏਜੰਟ ਤੋਂ ਏ ਡੀ ਜੀ ਪੀ ਦੇ ਨਾਂਅ 'ਤੇ ਠੱਗੀ ਮਾਰਨ ਵਾਲੇ ਗ੍ਰਿਫਤਾਰ

**ਜਲੰਧਰ (ਸੁਰਿੰਦਰ ਕੁਮਾਰ)**- ਜਲੰਧਰ ਦੇ ਟਰੈਵਲ ਏਜੰਟ ਨੇ ਏਡੀਜੀਪੀ ਅਲੋਕ ਕੁਮਾਰ ਦਾ ਨਾਂਅ ਲੈ ਕੇ 5 ਲੱਖ 76 ਹਜਾਰ ਰੁਪਏ ਦੀ ਠੱਗੀ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਅਲੋਕ ਕੁਮਾਰ ਕਦੇ ਚੰਡੀਗੜ੍ਹ ਵਿੱਚ ਏਡੀਜੀਪੀ ਨਹੀਂ ਰਹੇ ਸਨ, ਉਹ ਚੰਡੀਗੜ੍ਹ ਵਿੱਚ ਡੀ ਆਈ ਜੀ ਵਜੋਂ ਤਾਇਨਾਤ ਸਨ ਪਰ ਹੁਣ ਉਨ੍ਹਾਂ ਦੀ ਤਾਇਨਾਤੀ ਦਿੱਲੀ ਵਿੱਚ ਹੈ। ਆਲੋਕ ਕੁਮਾਰ ਦਾ ਨਾਂਏ ਏਡੀਜੀਪੀ ਚੰਡੀਗੜ੍ਹ ਦੇ ਤੌਰ 'ਤੇ ਇਸਤੇਮਾਲ ਕਰ ਕੇ ਜਲੰਧਰ ਦੇ ਇੱਕ ਟਰੈਵਲ ਏਜੰਟ ਨੇ ਘਰੇਲੂ ਉਡਾਣਾਂ ਅਤੇ ਹੋਟਲਾਂ ਦੀ ਬੁਕਿੰਗ ਕਰਵਾ ਕੇ 5 ਲੱਖ 76 ਹਜਾਰ ਰੁਪਏ ਦੀ ਠੱਗੀ ਮਾਰੀ ਹੈ।

ਥਾਣਾ ਫੇਜ-8 ਦੀ ਪੁਲਸ ਨੇ ਜਲੰਧਰ ਦੇ ਰਹਿਣ ਵਾਲੇ ਵਿਜੇ ਸਿੰਘ ਡੋਗਰਾ ਦੀ ਸ਼ਿਕਾਇਤ 'ਤੇ ਅਣਪਛਾਤੇ ਵਿਅਕਤੀਆਂ ਖਿਲਾਫ ਧਾਰਾ 419 ਅਤੇ ਧਾਰਾ 420 ਤਹਿਤ ਕੇਸ ਦਰਜ ਕਰ ਕੇ ਦੋ ਵਿਅਕਤੀਆਂ ਨੂੰ ਗ੍ਰਿਫਤਾਰ ਵੀ ਕੀਤਾ ਹੈ। ਮੁਲਜ਼ਮਾਂ ਦੀ ਪਛਾਣ ਨਿਰਨਾਥ ਸਿੰਘ ਉਰਫ ਮ੍ਰਿਨਾਕ ਸੈਕਟਰ-17 ਫਰੀਦਾਬਾਦ ਅਤੇ ਰਾਘਵ ਗੋਇਲ ਵਾਸੀ ਪਾਨੀਪਤ ਵਜੋਂ ਹੋਈ ਹੈ। ਵਿਜੇ ਸਿੰਘ ਡੋਗਰਾ ਨੇ ਪੁਲਸ ਨੂੰ ਦਿੱਤੀ ਸ਼ਿਕਾਇਤ ਵਿੱਚ ਦੱਸਿਆ ਹੈ ਕਿ ਉਸ ਦਾ ਬੀਐਮਸੀ ਚੌਕ ਜਲੰਧਰ ਵਿੱਚ ਟਰੈਵਲ ਐਕਸਪਰਟ ਵੈਕੇਸਨਜ ਪ੍ਰਾਈਵੇਟ ਲਿਮਟਿਡ ਦੇ ਨਾਂਅ 'ਤੇ ਦਫਤਰ ਹੈ। 24 ਜੁਲਾਈ ਨੂੰ ਉਨ੍ਹਾਂ ਨੂੰ ਫੋਨ ਆਇਆ ਅਤੇ ਫੋਨ ਕਰਨ ਵਾਲੇ ਨੇ ਕਿਹਾ ਕਿ ਉਹ ਚੰਡੀਗੜ੍ਹ ਤੋਂ ਏਡੀਜੀਪੀ ਆਲੋਕ ਕੁਮਾਰ ਬੋਲ ਰਹੇ ਹਨ। ਅਜਿਹਾ ਕਰਕੇ ਉਸਨੇ ਕਈ ਵਾਰ ਦਿੱਲੀ ਲਈ ਹਵਾਈ ਟਿਕਟਾਂ ਅਤੇ ਹੋਟਲ ਦੇ ਕਮਰੇ ਬੁੱਕ ਕਰਵਾਏ, ਇੰਨਾ ਹੀ ਨਹੀਂ, ਪਾਲਿਸੀ ਵਾਲੇ ਕੰਮ ਲਈ ਵੀ ਉਸ ਨੇ ਕਈ ਵਾਰ ਆਨਲਾਈਨ ਪੇਮੈਂਟ ਕਰਵਾ ਲਈ ਅਤੇ ਉਸ ਨੂੰ ਕਿਹਾ ਕਿ ਉਹ ਇੱਕ ਵਾਰ ਵਿੱਚ ਸਾਰੀ ਪੇਮੈਂਟ ਕਰ ਦੇਵੇਗਾ। ਜਦੋਂ ਲੱਖਾਂ ਰੁਪਏ ਦੀ ਅਦਾਇਗੀ ਬਕਾਇਆ ਸੀ ਤਾਂ ਟਰੈਵਲ ਏਜੰਟ ਵਿਜੇ ਸਿੰਘ ਡੋਗਰਾ ਨੇ ਉਸ ਕੋਲੋਂ ਪੈਸੇ ਮੰਗੇ ਤਾਂ ਉਸ ਨੇ ਫੇਜ-9 ਦੇ ਕ੍ਰਿਕਟ ਸਟੇਡੀਅਮ ਨੇੜੇ ਬੁਲਾਇਆ ਅਤੇ ਸਾਰੀ ਅਦਾਇਗੀ ਉਥੋਂ ਲੈ ਲੈਣ ਲਈ ਕਿਹਾ। ਪਰ ਜਦੋਂ ਉਹ ਕ੍ਰਿਕਟ ਸਟੇਡੀਅਮ ਪਹੁੰਚਿਆ ਤਾਂ ਆਪਣੀ ਜਾਣ-ਪਛਾਣ ਏਡੀਜੀਪੀ ਆਲੋਕ ਕੁਮਾਰ ਵਜੋਂ ਕਰਾਉਣ ਵਾਲੇ ਵਿਅਕਤੀ ਨੇ ਕਿਹਾ ਕਿ ਉਹ ਕੇਸ ਲੈ ਕੇ ਨਹੀਂ ਆਏ, ਪਰ ਅਜੇ ਵੀ ਕੋਈ ਉਸ ਦੀ ਉਡੀਕ ਕਰ ਰਿਹਾ ਹੈ। ਉਸ ਨੇ 50 ਹਜਾਰ ਰੁਪਏ ਦੇਣੇ ਹਨ, ਉਹ ਉਸ ਨੂੰ 50 ਹਜਾਰ ਰੁਪਏ ਹੋਰ ਦੇ ਦੇਵੇ ਅਤੇ ਉਹ ਸਾਰੀ ਅਦਾਇਗੀ ਇਕੱਠੇ ਕਰ ਦੇਵੇਗਾ।

ਇਸ ਤਰ੍ਹਾਂ ਵਿਜੇ ਸਿੰਘ ਡੋਗਰਾ ਨੇ ਉਸ ਨੂੰ ਹੋਰ 50 ਹਜਾਰ ਰੁਪਏ ਦਿੱਤੇ, ਜਦੋਂ ਉਹ ਵਾਪਸ ਨਾ ਆਇਆ ਤਾਂ ਟਰੈਵਲ ਏਜੰਟ ਨੇ ਚੰਡੀਗੜ੍ਹ ਸਥਿਤ ਏ.ਡੀ.ਜੀ.ਪੀ ਚੰਡੀਗੜ੍ਹ ਅਲੋਕ ਕੁਮਾਰ ਨੂੰ ਪਤਾ ਕੀਤਾ, ਜਿਸ ਤੋਂ ਬਾਅਦ ਉਸ ਨੂੰ ਪਤਾ ਲੱਗਾ ਕਿ ਉਹ ਧੋਖਾਧੜੀ ਦਾ ਸ਼ਿਕਾਰ ਹੋਇਆ ਹੈ।

ਏਡੀਜੀਪੀ ਚੰਡੀਗੜ੍ਹ ਅਲੋਕ ਕੁਮਾਰ ਦਾ ਨਾਂਅ ਲੈ ਕੇ ਜਲੰਧਰ ਦੇ ਟਰੈਵਲ ਏਜੰਟ ਨੂੰ 5.76 ਲੱਖ ਰੁਪਏ ਦੀ ਠੱਗੀ ਕਰਨ ਵਾਲੇ ਮੁਲਜ਼ਮ ਮ੍ਰਿਅੰਕ ਸਿੰਘ ਨੇ ਪਹਿਲਾਂ ਭਾਰਤੀ ਕ੍ਰਿਕਟ ਟੀਮ ਦੇ ਵਿਕਟਕੀਪਰ ਰਿਸ਼ਭ ਪੰਤ ਨਾਲ 1.63 ਕਰੋੜ ਰੁਪਏ ਦੀ ਠੱਗੀ ਮਾਰੀ ਹੈ। ਇਸ ਮਾਮਲੇ ਵਿੱਚ ਮੁਲਜ਼ਮ ਖਿਲਾਫ ਮੁੰਬਈ ਵਿੱਚ ਧੋਖਾਧੜੀ ਦੇ ਦੋਸ਼ ਵਿੱਚ ਐਫਆਈਆਰ ਦਰਜ ਕੀਤੀ ਗਈ ਹੈ ਅਤੇ ਉਹ ਜਮਾਨਤ 'ਤੇ ਬਾਹਰ ਹੈ।

# ਸ਼ਿਕਾਇਤ ਨਿਵਾਰਨ ਪ੍ਰਣਾਲੀ ਨੂੰ ਮਜ਼ਬੂਤ ਕਰਨ ਲਈ ਸੂਬਾ ਪੱਧਰੀ ਵਰਕਸ਼ਾਪ

**ਚੰਡੀਗੜ੍ਹ (ਗੁਰਜੀਤ ਬਿੱਲਾ)**-ਪੰਜਾਬ ਪ੍ਰਸ਼ਾਸਨਿਕ ਸੁਧਾਰ ਅਤੇ ਜਨਤਕ ਸ਼ਿਕਾਇਤ ਨਿਵਾਰਣ ਵਿਭਾਗ ਨੇ ਅੱਜ ਮਹਾਤਮਾ ਗਾਂਧੀ ਸਟੇਟ ਇੰਸਟੀਚਿਊਟ ਆਫ ਪਬਲਿਕ ਐਡਮਿਨਿਸਟ੍ਰੇਸ਼ਨ (ਮੈਗਸੀਪਾ) ਵਿਖੇ ਸਾਰੇ ਸਟੇਟ ਨੋਡਲ ਅਫਸਰਾਂ ਲਈ ਜਨਤਕ ਸ਼ਿਕਾਇਤ ਪ੍ਰਣਾਲੀ ਬਾਰੇ ਇੱਕ ਰੋਜ਼ਾ ਸੂਬਾ ਪੱਧਰੀ ਵਰਕਸ਼ਾਪ ਕਰਵਾਈ ਗਈ। ਇਹ ਸਿਖਲਾਈ ਪ੍ਰੋਗਰਾਮ ਵੱਖ-ਵੱਖ ਵਿਭਾਗਾਂ ਦੇ ਨੋਡਲ ਅਫਸਰਾਂ ਨੂੰ ਜਨਤਕ ਸ਼ਿਕਾਇਤ ਨਿਵਾਰਣ ਪ੍ਰਣਾਲੀ (ਪੀ.ਜੀ.ਆਰ.ਐਸ.) ਦੀ ਵਰਤੋਂ ਕਰਨ ਵਿੱਚ ਉਨ੍ਹਾਂ ਦੀ ਕੁਸ਼ਲਤਾ ਨੂੰ ਵਧਾਉਣ ਲਈ ਲੋੜੀਂਦੇ ਹੁਨਰਾਂ ਨਾਲ ਲੈਸ ਕਰਨ 'ਤੇ ਕੇਂਦਰਿਤ ਸੀ। ਇਸ ਵਰਕਸ਼ਾਪ 'ਚ ਸੂਬੇ ਦੇ 100 ਤੋਂ ਵੱਧ ਨੋਡਲ ਅਫਸਰਾਂ ਨੇ ਹਿੱਸਾ ਲਿਆ। ਇਹ ਵਰਕਸ਼ਾਪ ਪ੍ਰਸ਼ਾਸਨਿਕ ਸੁਧਾਰ ਅਤੇ ਜਨਤਕ ਸ਼ਿਕਾਇਤਾਂ ਬਾਰੇ ਮੰਤਰੀ ਅਮਨ ਅਰੋੜਾ ਦੇ ਦਿਸ਼ਾ-ਨਿਰਦੇਸ਼ਾਂ 'ਤੇ ਵਿਭਾਗ ਵੱਲੋਂ ਸੂਬੇ ਵਿੱਚ ਸ਼ਿਕਾਇਤ ਨਿਵਾਰਣ ਪ੍ਰਣਾਲੀ 'ਚ ਸੁਧਾਰ ਲਈ ਕੀਤੀਆਂ ਜਾ ਰਹੀਆਂ ਪਹਿਲਕਦਮੀਆਂ ਦੇ ਹਿੱਸੇ ਵਜੋਂ ਕਰਵਾਈ ਗਈ। ਇਸ ਵਿਆਪਕ ਸਿਖਲਾਈ ਸੈਸ਼ਨ ਵਿੱਚ ਪੀ.ਜੀ.ਆਰ.ਐਸ. ਪਲੇਟਫਾਰਮ ਦੀ ਪ੍ਰਭਾਵੀ ਵਰਤੋਂ ਨਾਲ ਸੰਬੰਧਤ ਸਿਧਾਂਤਕ ਸੂਝ ਅਤੇ ਵਿਹਾਰਕ ਗਿਆਨ ਦੋਵਾਂ ਨੂੰ ਸ਼ਾਮਲ ਕੀਤਾ ਗਿਆ। ਵਰਕਸ਼ਾਪ ਦੌਰਾਨ ਸ਼ਿਕਾਇਤ ਨਿਵਾਰਣ ਵਿੱਚ ਸ਼ਾਮਲ ਨੀਤੀਆਂ ਅਤੇ ਪ੍ਰਕਿਰਿਆਵਾਂ ਬਾਰੇ ਜਾਣਕਾਰੀ ਪ੍ਰਦਾਨ ਕਰਕੇ ਨੋਡਲ ਅਫਸਰਾਂ ਨੂੰ ਇਸ ਪ੍ਰਣਾਲੀ ਦੀ ਸੰਪੂਰਨ ਸਮਝ ਪ੍ਰਦਾਨ ਕੀਤੀ ਗਈ। ਇਸ ਦੌਰਾਨ ਅਮਨ ਅਰੋੜਾ ਨੇ ਦੱਸਿਆ ਕਿ ਸੂਬਾ ਸਰਕਾਰ ਪ੍ਰਸ਼ਾਸਨ ਪ੍ਰਤੀ ਨਾਗਰਿਕ ਕੇਂਦਰਿਤ ਪਹੁੰਚ ਪ੍ਰਦਾਨ ਕਰਨ ਲਈ ਵਚਨਬੱਧ ਹੈ। ਉਨ੍ਹਾ ਅੱਗੇ ਕਿਹਾ ਕਿ ਪੀ.ਜੀ.ਆਰ.ਐਸ. ਇਕ ਮਹੱਤਵਪੂਰਨ ਸਾਧਨ ਹੈ ਜਿਸ ਨਾਲ ਨਾਗਰਿਕ ਆਪਣੀਆਂ ਸ਼ਿਕਾਇਤਾਂ ਨੂੰ ਰਜਿਸਟਰ ਕਰਵਾਉਣ ਦੇ ਨਾਲ ਨਾਲ ਉਨ੍ਹਾਂ ਨੂੰ ਟਰੈਕ ਕਰ ਸਕਦੇ ਹਨ। ਕੈਬਨਿਟ ਮੰਤਰੀ ਨੇ ਕਿਹਾ ਕਿ ਇਹ ਵਰਕਸ਼ਾਪ ਨੋਡਲ ਅਫਸਰਾਂ ਨੂੰ ਪਲੇਟਫਾਰਮ ਦੀ ਪ੍ਰਭਾਵੀ ਵਰਤੋਂ ਕਰਨ 'ਚ ਮਦਦ ਕਰੇਗੀ, ਜਿਸ ਨਾਲ ਸ਼ਿਕਾਇਤਾਂ ਦਾ ਸਮਾਬੱਧ ਅਤੇ ਕੁਸ਼ਲ ਢੰਗ ਨਾਲ ਨਿਪਟਾਰਾ ਯਕੀਨੀ ਬਣਾਇਆ ਜਾ ਸਕੇਗਾ।

# ਨਵੀਂ ਨੀਤੀ ਦੇ ਲਾਗੂ ਹੋਣ ਨਾਲ ਪੰਜਾਬ ਖੇਡਾਂ 'ਚ ਦੇਸ਼ ਦਾ ਨੰਬਰ ਇਕ ਸੂਬਾ ਬਣੇਗਾ : ਮੀਤ ਹੇਅਰ



**ਐੱਸ ਏ ਐੱਸ ਨਗਰ (ਗੁਰਜੀਤ ਬਿੱਲਾ)**-ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਖੇਡਾਂ ਤੇ ਖਿਡਾਰੀਆਂ ਪੱਖੀ ਮਾਹੌਲ ਸਿਰਜਣ ਲਈ ਬਣਾਈ ਨਿਵੇਕਲੀ ਤੇ ਵਿਆਪਕ ਖੇਡ ਨੀਤੀ ਦੇ ਲਾਗੂ ਹੋਣ ਨਾਲ ਪੰਜਾਬ ਜਲਦ ਹੀ ਮੁੜ ਦੇਸ਼ ਦਾ ਨੰਬਰ ਇਕ ਸੂਬਾ ਬਣੇਗਾ। ਇਹ ਗੱਲ ਖੇਡ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਨੇ ਇੱਥੇ ਏ.ਐਮ.ਅਕੈਡਮੀ ਵੱਲੋਂ ਸੀਨੀਅਰ ਤੇ ਜੂਨੀਅਰ ਵਰਗ ਦੇ ਕਰਵਾਏ ਪੰਜਾਬ ਸਟੇਟ ਬੈਡਮਿੰਟਨ ਰੈਂਕਿੰਗ ਟੂਰਨਾਮੈਂਟ ਦੇ ਫਾਈਨਲ ਦੌਰਾਨ ਬੋਲਦਿਆਂ ਕਹੀ। ਮੀਤ ਹੇਅਰ ਨੇ ਸੀਨੀਅਰ ਪੁਰਸ਼ ਫਾਈਨਲ ਦੇ ਖਿਡਾਰੀਆਂ ਚਿਰਾਗ ਸ਼ਰਮਾ ਤੇ ਅਭਿਨਵ ਠਾਕੁਰ ਨਾਲ ਹੱਥ ਮਿਲਾ ਕੇ ਮੈਚ ਦੀ ਸ਼ੁਰੂਆਤ ਕਰਵਾਈ। ਇਸ ਮੌਕੇ ਖੇਡ ਮੰਤਰੀ ਨੇ ਸੰਕੇਤਕ ਤੌਰ ਉੱਤੇ ਕੋਰਟ ਉੱਤੇ ਬੈਡਮਿੰਟਨ ਖੇਡ ਕੇ ਫਾਈਨਲ ਦਾ ਰਸਮੀ ਉਦਘਾਟਨ ਕੀਤਾ। ਮੀਤ ਹੇਅਰ ਨੇ ਬੈਡਮਿੰਟਨ ਖੇਡ ਦਾ ਜ਼ਿਕਰ ਕਰਦਿਆਂ ਕਿਹਾ ਕਿ ਪਹਿਲੀ ਵਾਰ ਥੌਮਸ ਕੱਪ, ਓਬੇਰ ਕੱਪ ਅਤੇ ਵਿਸ਼ਵ ਬੈਡਮਿੰਟਨ ਫੈਡਰੇਸ਼ਨ ਦੇ ਵਰਲਡ ਟੂਰ ਫਾਈਨਲਜ਼ ਦੇ ਤਮਗਾ ਜੇਤੂਆਂ ਨੂੰ ਨਗਦ ਇਨਾਮ ਰਾਸ਼ੀ ਦੇ ਦਾਇਰੇ ਵਿੱਚ ਲਿਆਂਦਾ ਗਿਆ ਹੈ। ਇਨ੍ਹਾਂ ਖੇਡਾਂ ਦੇ ਸੋਨੇ, ਚਾਂਦੀ ਤੇ ਕਾਂਸੀ ਦੇ ਤਮਗੇ ਜੇਤੂ ਪੰਜਾਬੀ ਖਿਡਾਰੀਆਂ ਨੂੰ ਕ੍ਰਮਵਾਰ 75 ਲੱਖ, 40 ਲੱਖ ਤੇ 30 ਲੱਖ ਰੁਪਏ ਦੀ ਨਗਦ ਇਨਾਮ ਰਾਸ਼ੀ ਨਾਲ ਸਨਮਾਨਤ ਕੀਤਾ ਜਾਵੇਗਾ। ਸੂਬੇ ਦੇ ਹਰ ਪਿੰਡ ਵਿੱਚ ਖੇਡ ਨਰਸਰੀ ਬਣਾਉਣ ਤੋਂ ਲੈ ਕੇ ਸਟੇਟ ਪੱਧਰ ਦੇ ਅਤਿ-ਆਧੁਨਿਕ ਸਹੂਲਤਾਂ ਨਾਲ ਲੈਸ ਸੈਂਟਰ ਬਣਨਗੇ ਉਨ੍ਹਾਂ ਦੱਸਿਆ ਕਿ ਤਮਗਾ ਜੇਤੂ ਖਿਡਾਰੀਆਂ ਨੂੰ ਨੌਕਰੀਆਂ ਦੇਣ ਲਈ 500 ਪੋਸਟਾਂ ਦਾ ਵਿਸ਼ੇਸ਼ ਕਾਡਰ ਬਣਾਇਆ ਗਿਆ ਹੈ। ਹੁਣ ਖਿਡਾਰੀਆਂ ਨੂੰ ਸਿੱਧੀਆਂ ਨੌਕਰੀ ਮਿਲਣਗੀਆਂ। ਕੌਮਾਂਤਰੀ ਪੱਧਰ ਦੇ ਖੇਡ ਮੁਕਾਬਲਿਆਂ ਦੀ ਸਿਰਫ ਤਿਆਰੀ ਲਈ ਪਹਿਲੀ ਵਾਰ ਨਗਦ ਇਨਾਮ ਰਾਸ਼ੀ ਰੱਖੀ ਗਈ ਹੈ ਜਿਵੇਂ ਕਿ ਓਲੰਪਿਕ ਖੇਡਾਂ ਤੇ ਪੈਰਾਲੰਪਿਕਸ ਲਈ 15 ਲੱਖ ਰੁਪਏ, ਵਿਸ਼ਵ ਚੈਂਪੀਅਨਸ਼ਿਪ ਤੇ ਵਿਸ਼ਵ ਕੱਪ (ਚਾਰ ਸਾਲਾਂ), ਏਸ਼ੀਅਨ ਗੇਮਜ, ਪੈਰਾ ਏਸ਼ੀਅਨ ਤੇ ਡੈਫ ਏਸ਼ੀਅਨ ਗੇਮਜ, ਕਾਮਨਵੈਲਥ, ਪੈਰਾ ਤੇ ਡੈਫ ਕਾਮਨਵੈਲਥ ਗੇਮਜ ਲਈ 8-8 ਲੱਖ ਰੁਪਏ ਮਿਲਣਗੇ। ਹੋਰ ਵੀ ਸਾਰੀਆਂ ਕੌਮਾਂਤਰੀ ਖੇਡਾਂ ਦੀ ਤਿਆਰੀ ਲਈ ਰਾਸ਼ੀ ਰੱਖੀ ਗਈ ਹੈ। ਬਲਬੀਰ ਸਿੰਘ ਸੀਨੀਅਰ ਵਜੀਫਾ ਸਕੀਮ ਤਹਿਤ ਸੀਨੀਅਰ ਪੱਧਰ ਉਤੇ ਨੈਸ਼ਨਲ ਮੈਡਲ ਜੇਤੂ ਨੂੰ ਇਕ ਸਾਲ ਲਈ 16 ਹਜਾਰ ਰੁਪਏ ਵਜੀਫਾ ਅਤੇ ਜੂਨੀਅਰ ਪੱਧਰ ਉਤੇ ਨੈਸ਼ਨਲ ਮੈਡਲ ਜੇਤੂ ਨੂੰ ਇਕ ਸਾਲ ਲਈ 12 ਹਜਾਰ ਰੁਪਏ ਵਜੀਫਾ ਦਿੱਤਾ ਜਾਵੇਗਾ। ਇਸ ਮੌਕੇ ਪੰਜਾਬ ਬੈਡਮਿੰਟਨ ਐਸੋਸੀਏਸ਼ਨ ਦੇ ਮੀਤ ਪ੍ਰਧਾਨ ਮਹਿੰਦਰ ਚੋਪੜਾ, ਨਿਗਰਾਨ ਚਿਤਰੰਜਨ ਬਾਂਸਲ, ਮੁਹਾਲੀ ਜ਼ਿਲ੍ਹਾ ਬੈਡਮਿੰਟਨ ਐਸੋਸੀਏਸ਼ਨ ਦੇ ਪ੍ਰਧਾਨ ਅਸ਼ੋਕ ਕੌਸ਼ਲ ਅਤੇ ਏ.ਐਮ.ਅਕੈਡਮੀ ਤਰਫੋਂ ਜਤਿੰਦਰ ਮਹਾਜਨ, ਮਨੋਜ ਕੁਮਾਰ ਤੇ ਸੰਦੀਪ ਮਹਾਜਨ ਵੀ ਹਾਜਰ ਸਨ।

# ਡਾ. ਬਲਜੀਤ ਕੌਰ ਵੱਲੋਂ ਆਂਗਣਵਾੜੀ ਵਰਕਰ ਦੇ ਸਿਆਸੀ ਪਾਰਟੀ 'ਚ ਸ਼ਾਮਲ ਹੋਣ 'ਤੇ ਇਤਰਾਜ਼

**ਚੰਡੀਗੜ੍ਹ (ਗੁਰਜੀਤ ਬਿੱਲਾ)**- ਸਮਾਜਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ.ਬਲਜੀਤ ਕੌਰ ਵੱਲੋਂ ਪੰਜਾਬ ਦੇ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿਖੇ ਆਂਗਣਵਾੜੀ ਵਰਕਰ ਵੱਲੋਂ ਰਾਜਨੀਤਕ ਪਾਰਟੀ 'ਚ ਸ਼ਾਮਲ ਹੋਣ 'ਤੇ ਗੰਭੀਰ ਨੋਟਿਸ ਲੈਂਦਿਆਂ ਜ਼ਿਲ੍ਹਾ ਪ੍ਰੋਗਰਾਮ ਅਫਸਰ ਸ੍ਰੀ ਮੁਕਤਸਰ ਸਾਹਿਬ ਨੂੰ ਕਾਰਵਾਈ ਕਰਨ ਲਈ ਹਦਾਇਤ ਕੀਤੀ ਗਈ ਹੈ। ਵਧੇਰੇ ਜਾਣਕਾਰੀ ਦਿੰਦੇ ਹੋਏ ਸਮਾਜਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ.ਬਲਜੀਤ ਕੌਰ ਨੇ ਦੱਸਿਆ ਕਿ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿਖੇ ਤਾਇਨਾਤ ਆਂਗਣਵਾੜੀ ਵਰਕਰ ਹਰਗੋਬਿੰਦ ਕੌਰ ਦੇ ਰਾਜਨੀਤਕ ਪਾਰਟੀ ਵਿੱਚ ਸ਼ਾਮਲ ਹੋਣ ਦਾ ਮਾਮਲਾ ਧਿਆਨ 'ਚ ਆਇਆ ਹੈ। ਉਨ੍ਹਾ ਕਿਹਾ ਕਿ ਸਰਕਾਰ ਦੇ ਨਿਯਮਾਂ ਅਨੁਸਾਰ ਸਰਕਾਰੀ ਖਜ਼ਾਨੇ 'ਚੋਂ ਤਨਖਾਹ/ਮਾਣਭੱਤਾ ਲੈਣ ਵਾਲੇ ਵਿਅਕਤੀ ਦਾ ਕਿਸੇ ਵੀ ਰਾਜਨੀਤਿਕ ਪਾਰਟੀ 'ਚ ਸ਼ਾਮਿਲ ਹੋਣਾ ਸਰਕਾਰੀ ਨਿਯਮਾਂ ਦੀ ਉਲੰਘਣਾ ਹੈ। ਮੰਤਰੀ ਨੇ ਦੱਸਿਆ ਕਿ ਸਮਾਜਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਵਿਭਾਗ ਦੀ ਆਂਗਣਵਾੜੀ ਵਰਕਰ ਹਰਗੋਬਿੰਦ ਕੌਰ ਵੱਲੋਂ ਰਾਜਨੀਤਕ ਪਾਰਟੀ 'ਚ ਸ਼ਾਮਲ ਹੋਣ 'ਤੇ ਬਣਦੀ ਕਾਰਵਾਈ ਕਰਨ ਲਈ ਜ਼ਿਲ੍ਹਾ ਪ੍ਰੋਗਰਾਮ ਅਫਸਰ ਸ੍ਰੀ ਮੁਕਤਸਰ ਸਾਹਿਬ ਨੂੰ ਹਦਾਇਤ ਕੀਤੀ ਗਈ ਹੈ। ਉਨ੍ਹਾ ਦੱਸਿਆ ਕਿ ਆਂਗਣਵਾੜੀ ਵਰਕਰ ਦੀ ਡਿਊਟੀ ਅਤੇ ਜ਼ਿੰਮੇਵਾਰੀ ਆਂਗਣਵਾੜੀ ਸਰਵਿਸਿਜ਼ ਸਕੀਮ ਅਧੀਨ ਵਿਭਾਗ ਵੱਲੋਂ ਔਰਤਾਂ ਅਤੇ ਬੱਚਿਆਂ ਦੀ ਭਲਾਈ ਲਈ ਚਲਾਈਆਂ ਜਾ ਰਹੀਆਂ ਸਕੀਮਾਂ ਦਾ ਲਾਭ ਆਮ ਲੋਕਾਂ ਤੱਕ ਪਹੁੰਚਾਉਣਾ ਹੁੰਦਾ ਹੈ। ਉਨ੍ਹਾ ਇਹ ਵੀ ਕਿਹਾ ਕਿ ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਨੂੰ ਆਂਗਣਵਾੜੀ ਸੈਂਟਰਾਂ ਦੇ ਨਿਰਧਾਰਤ ਸਮੇਂ ਦੌਰਾਨ ਜ਼ਰੂਰੀ ਕੰਮਾਂ ਦਾ ਭੁਗਤਾਨ ਕਰਨ ਲਈ ਆਪਣੀ ਡਿਊਟੀ ਨਿਭਾਉਣੀ ਲਾਜ਼ਮੀ ਹੁੰਦੀ ਹੈ। ਇਸ ਤਰ੍ਹਾਂ ਆਂਗਣਵਾੜੀ ਵਰਕਰ ਵੱਲੋਂ ਕਿਸੇ ਵੀ ਰਾਜਨੀਤਿਕ ਪਾਰਟੀ ਨਾਲ ਜੁੜਨ ਕਾਰਨ ਵਿਭਾਗ ਵੱਲੋਂ ਸੌਂਪੀਆਂ ਗਈਆਂ ਸੇਵਾਵਾਂ ਦਾ ਲਾਭ ਆਮ ਲੋਕਾਂ ਤੱਕ ਸਹੀ ਢੰਗ ਨਾਲ ਨਹੀਂ ਪਹੁੰਚਿਆ ਜਾ ਸਕੇਗਾ।

# ਰਾਸਾ ਪੰਜਾਬ ਵੱਲੋਂ ਪ੍ਰਾਈਵੇਟ ਸਕੂਲਾਂ ਪ੍ਰਤੀ ਨੀਤੀ ਦੇ ਵਿਰੋਧ 'ਚ ਸੰਘਰਸ਼ ਦਾ ਐਲਾਨ



**ਮੋਹਾਲੀ ( ਗੁਰਜੀਤ ਬਿੱਲਾ )** ਪੰਜਾਬ ਸਕੂਲ ਰੈਕੋਨਾਇਜਡ ਅਤੇ ਐਫੀਲੀਏਟਿਡ ਸਕੂਲ ਐਸੋਸੀਏਸ਼ਨ ਪੰਜਾਬ ( ਰਾਸਾ ) ਪ੍ਰਾਈਵੇਟ ਸਕੂਲਾਂ ਪ੍ਰਤੀ ਸਿੱਖਿਆ ਬੋਰਡ ਅਤੇ ਸਿੱਖਿਆ ਵਿਭਾਗ ਵੱਲੋਂ ਅਦਿੱਖ ਢੰਗਾਂ ਨਾਲ ਬੰਦ ਕਰਨ ਦੀਆਂ ਚਾਲਾਂ, ਕਰੜੀਆਂ ਤੇ ਬੇਲੋੜੀਆਂ ਸ਼ਰਤਾਂ ਲਾਗਉਣ ਅਤੇ ਪ੍ਰਾਈਵੇਟ ਸਕੂਲਾਂ ਦੀਆਂ ਸਮੁੱਚੀਆਂ ਜੱਥੇਬੰਦੀਆਂ ਨੂੰ ਗੱਲਬਾਤ ਲਈ ਸਮਾਂ ਨਾ ਦੇਣ ਵਿਰੁੱਧ ਰਾਜ ਪੱਧਰੀ ਸੰਘਰਸ਼ ਵਿੱਢਣ ਦਾ ਐਲਾਨ ਕੀਤਾ ਗਿਆ। ਇਹ ਫੈਸਲਾ ਪੰਜਾਬ ਸਕੂਲ ਰੈਕੋਨਾਇਜਡ ਅਤੇ ਐਫੀਲੀਏਟਿਡ ਸਕੂਲ ਐਸੋਸੀਏਸ਼ਨ ਪੰਜਾਬ ( ਰਾਸਾ ) ਦੇ ਪ੍ਰਧਾਨ ਜਗਤਪਾਲ ਮਹਾਜਨ, ਜਨਰਲ ਸਕੱਤਰ ਸੁਜੀਤ ਸ਼ਰਮਾ ਬਬਲੂ ਨੇ ਅਜ ਫੂਡ ਗਰੇਨ ਹੋਟਲ ਫੇਜ਼ 9 ਮੋਹਾਲੀ ਵਿਖੇ ਮੀਟਿੰਗ ਤੋਂ ਬਾਅਦ ਕੀਤਾ । ਉਨਾਂ ਨੇ ਕਿਹਾ ਕਿ ਐਫੀਲੀਏਟਿਡ ਸਕੂਲਾਂ ਤੋਂ ਜਬਰੀ ਪ੍ਰਫਾਮੈ ਭਰਾਇਆ ਜਾ ਰਿਹਾ ਜਦੋਂ ਸਕੂਲ ਸਬੰਧੀ ਸਾਰੀ ਜਾਣਕਾਰੀ ਪਹਿਲਾਂ ਹੀ ਸਿੱਖਿਆ ਬੋਰਡ ਪਾਸ ਉਪਲਬੱਧ ਹੈ। ਜਦੋਂ ਸਿੱਖਿਆ ਬੋਰਡ ਦੀ ਚੇਅਰਪਰਸ਼ਨ ਐਸੋਇਏਸ਼ਨ ਨਾਲ ਮੀਟਿੰਗ ਕਰਕੇ ਉਨਾਂ ਦੇ ਸ਼ੰਕੇ ਦੂਰ ਨਹੀਂ ਕਰਦੀ ਉਦੋਂ ਤਕ ਉਹ ਪ੍ਰਫਾਰਮਾ ਨਹੀਂ ਭਰਨਗੇ। ਸੀਨੀਅਰ ਮੀਤ ਪ੍ਰਧਾਨ ਸਕੱਤਰ ਸੰਧੂ ਨੇ ਕਿਹਾ ਕਿ ਸਿੱਖਿਆ ਬੋਰਡ ਦੀ ਨਵੀਂ ਨੀਤੀ ਦਾ ਸਖਤ ਵਿਰੋਧ ਕੀਤਾ ਗਿਆ। ਉਨਾਂ ਮੰਗ ਕੀਤੀ ਕਿ ਸਿੱਖਿਆ ਬੋਰਡ ਹਰ ਆਦੇਸ਼ ਸੈਸ਼ਨ ਦੇ ਆਰੰਭ ਵਿੱਚ ਕਰੇ। ਉਨਾਂ ਕਿਹਾ ਕਿ ਸਿੱਖਿਆ ਬੋਰਡ ਵੱਲੋਂ 9ਵੀਂ ਅਤੇ ਗਿਆਰਵੀਂ ਜਮਾਤ ਵਿੱਚ ਦਾਖਲ ਕੀਤੇ ਬੱਚਿਆਂ ਨੂੰ ਰਜਿਸਟਰਡ ਨੰਬਰ ਲਗਾਉਣ ਦੇ ਬਾਵਜੂਦ ਪੀਖਿਆਵਾਂ ਵਿੱਚ ਬੈਠਣ ਦੀ ਆਗਿਆ ਨਹੀਂ ਦੇ ਰਿਹਾ।

ਆਗੂਆਂ ਨੇ ਦੋਸ਼ ਲਾਇਆ ਕਿ ਸਿੱਖਿਆ ਬੋਰਡ ਮਾਈਗਰੇਸ਼ਨ ਦੇ ਨਾਮ ਤੇ ਬੱਚਿਆਂ ਤੋਂ 500 ਰੁਪਏ ਵਾਧੂ ਫੀਸ ਲੈਣ ਦੀ ਮੰਗ ਕਰ ਰਿਹਾ ਹੈ ਕਿ ਜਦੋਂ ਕਿ ਪਹਿਲਾਂ ਦਾਖਲਾ ਫੀਸ ਦੇ ਨਾਲ ਹੀ ਵਿਦਿਆਰਥੀਆਂ ਪਾਸੋਂ 100 ਰੁਪਏ ਫੀਸ ਲੈ ਕੇ ਸਰਟੀਫਿਕੇਟਾਂ ਦੇ ਨਾਲ ਹੀ ਮਾਈਗਰੇਸ਼ਨ ਦਿੰਦਾ ਸੀ। ਮੀਟਿੰਗ ਵਿੱਚ ਉਕਤ ਆਗੂਆਂ ਤੋਂ ਇਲਾਵਾ ਚਰਨਜੀਤ ਸਿੰਘ ਪਾਰੋਵਾਲ, ਹਰਸਬੀਰ ਸਿੰਘ ਰੰਧਾਵਾ, ਸਚਿਨ ਕੌਸ਼ਲ, ਅਮਨ ਅਰੋੜਾ, ਸੋਹਣ ਸਿੰਘ, ਨਰਿੰਦਰਪਾਲ ਸਿੰਘ , ਜਗਜੀਤ ਸਿੰਘ, ਬਲਬੀਰ ਸਿੰਘ, ਰਜਿੰਦਰ ਕੁਮਾਰ, ਅਮਨਦੀਪ ਸਿੰਘ ਮਲਹੋਤਰਾ, ਅਰਨ ਮਨਸੋਤਰਾ, ਯਾਦਵਿੰਦਰ ਸਿੰਘ, ਸੁਮਨ ਸ਼ਾਹ, ਅਜੀਤ ਰਾਮ ਧਮਣ, ਸ਼ਾਮ ਲਾਲ ਅਰੋੜਾ, ਨਵਜੋਤ ਸਿੰਘ ਭੰਗੂ, ਸੁਖਪਿੰਦਰ ਸਿੰਘ, ਨਿਰਪਿੰਦਰ ਸਿੰਘ, ਅਤੇ ਦਰਸਪ੍ਰੀਤ ਸਿੰਘ ਧਾਰੋਵਾਲ ਹਾਜਰ ਸਨ ।

# ਆਮ ਚੋਣਾਂ 'ਚ ਫਾਸ਼ੀਵਾਦੀ ਭਾਜਪਾ ਨੂੰ ਹਰਾਉਣ ਦੇ ਮੌਕੇ ਵਧੇਰੇ ਰੌਸ਼ਨ-ਕਮਿਊਨਿਸਟ ਕੋਆਰਡੀਨੇਸ਼ਨ ਕਮੇਟੀ

**ਜਲੰਧਰ-(ਰਾਜੇਸ਼ ਥਾਪਾ)** ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰਐਮਪੀਆਈ) ਅਤੇ ਮਾਰਕਸਿਸਟ ਕਮਿਊਨਿਸਟ ਪਾਰਟੀ ਆਫ ਇੰਡੀਆ-ਯੂਨਾਈਟਿਡ ( ਐਮ.ਸੀ.ਪੀ.ਆਈ.-ਯੂ.) 'ਤੇ ਆਧਾਰਿਤ "ਕਮਿਊਨਿਸਟ ਕੋਆਰਡੀਨੇਸ਼ਨ ਕਮੇਟੀ" (ਸੀਸੀਸੀ) ਦੀ ਤਿੰਨ ਰੋਜਾ ਮੀਟਿੰਗ ਸਾਥੀ ਬੀ ਐਨ ਰੈੱਡੀ ਹਾਲ, ਕਾਮਰੇਡ ਓਮਕਾਰ ਭਵਨ ਹੈਦਰਾਬਾਦ (ਤਿਲੰਗਾਣਾ) ਵਿਖੇ ਫਿਰਕੂ-ਫਾਸ਼ੀਵਾਦੀ ਏਜੰਡੇ ਅਤੇ ਮੋਦੀ-ਸ਼ਾਹ ਸਰਕਾਰ ਦੀਆਂ ਕਾਰਪੋਰੇਟ ਪੱਖੀ ਨੀਤੀਆਂ ਖਿਲਾਫ਼ ਦੇਸ਼ ਵਿਆਪੀ ਲੋਕ ਲਾਮਬੰਦੀ ਅਤੇ ਪੜਾਅ ਵਾਰ ਸੰਘਰਸ਼ ਤੇਜ ਕਰਨ ਦਾ ਸੰਕਲਪ ਲੈਣ ਨਾਲ ਸਫਲਤਾ ਸਹਿਤ ਸੰਪੰਨ ਹੋਈ। ਸਾਥੀ ਕੇ. ਗੰਗਾਧਰਨ ਅਤੇ ਸਾਥੀ ਕਿਰਨਜੀਤ ਸਿੰਘ ਸੇਖੋਂ ਦੀ ਸਾਂਝੀ ਪ੍ਰਧਾਨਗੀ ਹੇਠ ਹੋਈ ਇਸ ਮੀਟਿੰਗ ਵਿੱਚ ਦੋਹਾਂ ਪਾਰਟੀਆਂ ਦੇ 50 ਕੌਮੀ ਆਗੂਆਂ ਨੇ ਭਾਗ ਲਿਆ।

ਮੀਟਿੰਗ ਵੱਲੋਂ, ਪਿਛਲੀ 3 ਮਈ ਤੋਂ ਲਗਾਤਾਰ ਜਾਰੀ ਮਨੀਪੁਰ ਦੀ ਭਿਆਨਕ ਅਵਸਥਾ ਅਤੇ ਸੂਬਾ ਸਰਕਾਰ ਅਤੇ ਕੇਂਦਰੀ ਪ੍ਰਸ਼ਾਸ਼ਨ ਦੀ ਗੁਪਤ ਮਿਲੀਭੁਗਤ ਨਾਲ ਘੱਟ ਗਿਣਤੀਆਂ, ਖਾਸ ਕਰਕੇ ਕੁੱਕੀ ਭਾਈਚਾਰੇ ਦੇ ਲੋਕਾਂ ਦੀਆਂ ਜ਼ਿੰਦਗੀਆਂ ਅਤੇ ਜਾਇਦਾਦਾਂ 'ਤੇ ਕੀਤੇ ਜਾ ਰਹੇ ਹੌਲਨਾਕ ਹਮਲਿਆਂ ਦਾ ਗੰਭੀਰ ਨੋਟਿਸ ਲਿਆ ਗਿਆ ਹੈ। ਸੀਸੀਸੀ ਮਹਿਸੂਸ ਕਰਦੀ ਹੈ ਕਿ ਦੇਸ਼ ਦੀ ਸਰਵ ਉੱਚ ਅਦਾਲਤ ਵੱਲੋਂ ਸੂਬੇ ਦੀ ਖਤਰਨਾਕ ਅਵਸਥਾ ਦਾ ਸੰਗਿਆਨ ਲੈ ਕੇ ਪ੍ਰਸ਼ਾਸਨਿਕ ਹਾਲਾਤ ਸੁਧਾਰਨ ਲਈ ਦਖਲ ਦੇਣ ਦੇ ਬਾਵਜੂਦ ਇਸ ਭਿਆਨਕ ਸੰਕਟ ਵਿਸ਼ੇਸ਼ ਕਰਕੇ ਔਰਤਾਂ ਨੂੰ ਬੇਪਰਦ ਕਰਕੇ ਉਨ੍ਹਾਂ ਦੀ ਨਗਨ ਪਰੇਡ ਕਰਨ, ਉਨ੍ਹਾਂ ਦੀਆਂ ਇੱਜ਼ਤਾਂ ਬਰਾਨ ਕਰਨ ਅਤੇ ਉਨ੍ਹਾਂ 'ਤੇ ਢਾਹੇ ਜਾ ਰਹੇ ਅਣਕਿਆਸੇ ਅੱਤਿਆਚਾਰਾਂ ਪ੍ਰਤੀ ਪ੍ਰਧਾਨ ਮੰਤਰੀ ਦਾ ਅਪਰਾਧਿਕ ਬੇਧਿਆਨੀ ਵਾਲਾ ਸਿਰੇ ਦੀ ਬੇਸ਼ਰਮੀ ਭਰਿਆ ਰਵੱਈਆ ਅਤਿ ਨਿੰਦਣਯੋਗ ਹੈ। ਸੀਸੀਸੀ ਨੇ ਇਕ ਮਤੇ ਰਾਹੀਂ ਸੂਬੇ ਅੰਦਰ ਇਨਸਾਫ ਦਾ ਰਾਜ ਅਤੇ ਸ਼ਾਤੀ ਬਹਾਲ ਕਰਨ ਲਈ ਮਨੀਪੁਰ ਦੇ ਮੁੱਖ ਮੰਤਰੀ ਨੂੰ ਫੌਰਨ ਬਰਖ਼ਾਸਤ ਕਰਨ ਦੀ ਮੰਗ ਕੀਤੀ ਹੈ। ਮੀਟਿੰਗ ਨੇ "ਇੰਡੀਆ" ਦੇ ਝੰਡੇ ਹੇਠ ਦੇਸ਼ ਦੀਆਂ ਵਿਰੋਧੀ ਪਾਰਟੀਆਂ ਦਰਮਿਆਨ ਕਾਇਮ ਹੋਈ ਏਕਤਾ ਦੀ ਸ਼ਲਾਘਾ ਕੀਤੀ ਹੈ ਕਿਉਂਕਿ ਇਸ ਕਦਮ ਨਾਲ ਆਉਣ ਵਾਲੀਆਂ ਆਮ ਚੋਣਾਂ 'ਚ ਫਾਸ਼ੀਵਾਦੀ ਭਾਜਪਾ ਨੂੰ ਹਰਾਉਣ ਦੇ ਮੌਕੇ ਵਧੇਰੇ ਰੌਸ਼ਨ ਹੋ ਗਏ ਹਨ।

ਸੀਸੀਸੀ ਨੇ ਭਾਰਤੀ ਸੰਵਿਧਾਨ ਵਿਚਲੇ ਜਮਹੂਰੀ, ਧਰਮ ਨਿਰਪੱਖ ਅਤੇ ਫੈਡਰਲ ਸਰੋਕਾਰਾਂ ਦੀ ਰਾਖੀ ਲਈ ਭਾਜਪਾ ਸਰਕਾਰ ਨੂੰ ਸੱਤਾ ਤੋਂ ਲਾਂਭੇ ਕਰਨ ਦੇ ਕਾਰਜ ਨੂੰ ਆਪਣੀ ਪੂਰੀ ਸ਼ਕਤੀ ਨਾਲ ਸਮਰਥਨ ਦੇਣ ਦਾ ਨਿਰਣਾ ਦ੍ਰਿੜਾਇਆ ਹੈ। ਸੀਸੀਸੀ ਨੇ ਅਗਲੇ ਤਿੰਨ ਮਹੀਨਿਆਂ ਦੌਰਾਨ ਸਾਰੇ ਸੂਬਿਆਂ ਅੰਦਰ ਕਨਵੈਨਸ਼ਨਾਂ, ਜਨਤਕ ਇਕੱਠਾਂ, ਸੈਮੀਨਾਰਾਂ ਆਦਿ ਰਾਹੀਂ ਵਿਸ਼ਾਲ ਲੋਕ ਲਾਮਬੰਦੀ ਕਰਨ ਦਾ ਨਿਰਣਾ ਲਿਆ ਹੈ ਅਤੇ ਇਸ ਮੁਹਿੰਮ ਦਾ ਸਮਾਪਨ 7 ਨਵੰਬਰ ਦੇ ਇਤਿਹਾਸਕ ਦਿਹਾੜੇ 'ਤੇ ਵਿਸ਼ਾਲ ਸੂਬਾਈ ਇਕੱਠ ਕਰਕੇ ਕੀਤਾ ਜਾਵੇਗਾ। ਉਕਤ ਪ੍ਰੋਗਰਾਮ ਮੋਦੀ ਸਰਕਾਰ ਦੀ ਸਰਪ੍ਰਸਤੀ ਨਾਲ ਕੀਤੀ ਜਾ ਰਹੀ ਬੇਕਿਰਕ ਲੁੱਟ ਅਤੇ ਨਤੀਜੇ ਵਜੋਂ ਛਾਲਾਂ ਮਾਰ ਕੇ ਵਧ ਰਹੀ ਬੇਰੁਜ਼ਗਾਰੀ ਤੇ ਮਹਿੰਗਾਈ ਤੋਂ ਲੋਕਾਈ ਨੂੰ ਜਾਗਰੂਕ ਕਰਨ ਵੱਲ ਸੇਧਤ ਹੋਵੇਗਾ। ਇਹ ਮੁਹਿੰਮ ਰਾਸ਼ਟਰੀ ਸੋਇਮ ਸੇਵਕ ਸੰਘ (ਆਰ.ਐਸ.ਐਸ) ਦੇ ਸ਼ਿਸ਼ਕਾਰੇ ਖਰੂਦੀ ਗਰੋਹਾਂ ਵੱਲੋਂ ਦੇਸ਼ ਭਰ ਵਿੱਚ ਘੱਟ ਗਿਣਤੀਆਂ, ਦਲਿਤਾਂ ਅਤੇ ਇਸਤਰੀਆਂ ਉੱਪਰ ਕੀਤੇ ਜਾ ਰਹੇ ਘਾਤਕ ਹਮਲਿਆਂ ਨੂੰ ਵੀ ਬੇਪਰਦ ਕਰੇਗੀ। ਸਾਥੀ ਮੰਗਤ ਰਾਮ ਪਾਸਲਾ ਅਤੇ ਸਾਥੀ ਅਸ਼ੋਕ ਓਮਕਾਰ ਦੀ ਸੀਸੀਸੀ ਦੇ ਕਨਵੀਨਰਾਂ ਵਜੋਂ ਚੋਣ ਵੀ ਕੀਤੀ ਗਈ। ਮੀਟਿੰਗ ਦੇ ਸ਼ੁਰੂ ਵਿੱਚ ਮਨੀਪੁਰ, ਹਰਿਆਣਾ ਅਤੇ ਦੇਸ਼ ਦੇ ਦੂਜੇ ਹਿੱਸਿਆਂ ਵਿੱਚ ਫਿਰਕੇਦਾਰਾਨਾ ਹਿੰਸਾ ਵਿੱਚ ਮਾਰੇ ਗਏ ਲੋਕਾਂ ਨੂੰ ਸ਼ਰਧਾਂਜਲੀ ਭੇਂਟ ਕੀਤੀ ਗਈ। ਐਮ.ਸੀ.ਪੀ.ਆਈ.-ਯੂ ਦੀ ਤਿਲੰਗਾਨਾ ਰਾਜ ਕਮੇਟੀ ਦੇ ਸਕੱਤਰ ਸਾਥੀ ਰਵੀ ਗਦਾਗੋਨੀ ਨੇ ਸੁਆਗਤੀ ਭਾਸ਼ਣ ਪੜ੍ਹਿਆ।

# ਗੁਰੂ ਹਰਿ ਰਾਇ ਸਾਹਿਬ ਅਕੈਡਮੀ ਵਿਖੇ ਮੋਬਾਈਲ ਤੇ ਇੰਟਰਨੈੱਟ ਦੀ ਵਰਤੋਂ ਬਾਰੇ ਕੀਤਾ ਜਾਗਰੂਕ




**ਕਾਲਾ ਸੰਘਿਆਂ (ਮਨਜੀਤ ਮਾਨ)** ਬਾਬਾ ਗੁਰਮੇਜ ਸਿੰਘ ਪ੍ਰਧਾਨ ਗੁਰਦੁਆਰਾ ਸ੍ਰੀ ਸੈਦਰਾਣਾ ਸਾਹਿਬ ਪਾਤਸ਼ਾਹੀ ਸੱਤਵੀਂ , ਚੇਅਰਮੈਨ ਨਿਰਮਲ ਸਿੰਘ ਨੰਬਰਦਾਰ ਕਾਹਲਵਾਂ ਦੋਨਾਂ ਦੀ ਦੇਖ ਰੇਖ ਅਤੇ ਸਹਿਯੋਗ ਸਦਕਾ ਚੱਲ ਰਹੀ ਸੰਸਥਾ ਗੁਰੂ ਹਰਿ ਰਾਇ ਸਾਹਿਬ ਅਕੈਡਮੀ ਕਾਹਲਵਾਂ ਦੋਨਾਂ ਜ਼ਿਲ੍ਹਾ ਕਪੂਰਥਲਾ ਵਿਖੇ ਪ੍ਰਿੰਸੀਪਲ ਮੈਡਮ ਪਰਮਿੰਦਰ ਕੌਰ ਅਤੇ ਸਮੂਹ ਸਟਾਫ ਦੇ ਉਦਮ ਸਦਕਾ ਅਕੈਡਮੀ ਵਿਖੇ ਵਿਦਿਆਰਥੀਆਂ ਲਈ ਜਾਗਰੂਕਤਾ ਕੈਂਪ ਲਗਾਇਆ ਗਿਆ। ਜਿਸ ਵਿਚ ਵਿਦਿਆਰਥੀਆਂ ਨੂੰ ਮੋਬਾਈਲ ਫੋਨ ਅਤੇ ਇੰਟਰਨੈੱਟ ਦੀ ਗਲਤ ਅਤੇ ਦੁਰਵਰਤੋਂ ਕਰਨ ਤੇ ਹੋਣ ਵਾਲੇ ਹਾਨੀਕਾਰਕ ਨੁਕਸਾਨ ਸਬੰਧੀ ਜਾਗਰੂਕ ਕੀਤਾ ਗਿਆ। ਇਸਦੇ ਨਾਲ ਹੀ ਕਲਾਸ ਪੰਜਵੀਂ ਤੋਂ ਲੈ ਕੇ ਬਾਕੀ ਸਾਰੀਆਂ ਕਲਾਸਾਂ ਦੇ ਵਿਦਿਆਰਥੀਆਂ ਵੱਲੋਂ ਨਸ਼ਾ ਰਹਿਤ ਸਮਾਜ ਸਿਰਜਣ ਲਈ ਯਤਨਸ਼ੀਲ ਗਤੀਵਿਧੀਆਂ ਕਰਵਾਈਆਂ ਗਈਆਂ। ਵਿਦਿਆਰਥੀਆਂ ਵਲੋਂ ਇਹਨਾਂ ਗਤੀਵਿਧੀਆਂ ਨੂੰ ਬਹੁਤ ਹੀ ਰੌਚਿਕ ਢੰਗ ਨਾਲ ਪੇਸ਼ ਕੀਤਾ ਗਿਆ। ਇਹਨਾਂ ਗਤੀਵਿਧੀਆਂ ਦੌਰਾਨ ਵਿਦਿਆਰਥੀਆਂ ਵੱਲੋਂ ਵੱਖ ਵੱਖ ਢੰਗਾਂ ਨਾਲ ਸੰਦੇਸ਼ ਬਿਆਨ ਕੀਤਾ ਗਿਆ । ਇਸ ਮੌਕੇ ਮੈਡਮ ਪਰਮਿੰਦਰ ਕੌਰ ਵਲੋਂ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅਕੈਡਮੀ ਦਾ ਮੁੱਖ ਉਦੇਸ ਹੀ ਇਹ ਹੈ ਕਿ ਨਸ਼ਾ ਮੁਕਤ ਸਮਾਜ ਸਿਰਜਣਾ। ਪਰ ਅੱਜ ਸਾਡਾ ਪੰਜਾਬ ਅਤੇ ਪੰਜਾਬ ਦੀ ਜਵਾਨੀ ਨਸ਼ਿਆਂ ਦੀ ਦਲਦਲ ਵਿੱਚ ਪੂਰੀ ਤਰ੍ਹਾਂ ਫਸ ਚੁੱਕੀ ਹੈ। ਉਹਨਾਂ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦਿਆਂ ਆਖਿਆ ਕਿ ਇੱਕ ਚੰਗਾ ਵਿਦਿਆਰਥੀ ਹੀ ਚੰਗਾ ਸਮਾਜ ਸਿਰਜਕ ਹੈ। ਸੋ ਆਉ ਆਪਾਂ ਆਪਣਾ ਫਰਜ ਨਿਭਾਉਂਦੇ ਹੋਏ ਪੰਜਾਬ ਨੂੰ ਨਸ਼ਾ ਮੁਕਤ ਕਰਨ ਲਈ ਪਹਿਲ ਕਦਮ ਕਰੀਏ ਅਤੇ ਸੇ ਨੋ ਟੂ ਡਰੱਗਜ ਸੇਵ ਪੰਜਾਬ। ਇਸ ਮੌਕੇ 'ਤੇ ਮੈਡਮ ਮਨਦੀਪ ਕੌਰ ਮੈਡਮ ਨੇਹਾ ਸਰਮਾ ਮੈਡਮ ਰਜਨੀ ਰਾਣੀ ਮੈਡਮ ਸੰਗੀਤਾ ਸ਼ਰਮਾ ਮੈਡਮ ਰਜਨੀ ਮੈਡਮ ਰਜਿੰਦਰ ਕੌਰ ਮੈਡਮ ਰਮਨਪ੍ਰੀਤ ਕੌਰ ਮੈਡਮ ਸੰਦੀਪ ਕੌਰ ਮੈਡਮ ਅਮਨ ਹਾਜਰ ਸਨ।

# ਭੱਠਿਆਂ ਨੂੰ 20 ਫੀਸਦੀ ਪਰਾਲੀ ਦੀਆਂ ਪੈਲੇਟਸ ਦੀ ਵਰਤੋਂ ਯਕੀਨੀ ਬਣਾਉਣ ਦੀਆਂ ਹਦਾਇਤਾਂ

**ਜਲੰਧਰ, (ਸੁਰਿੰਦਰ ਕੁਮਾਰ)**-ਪਰਾਲੀ ਦੇ ਸੁਚੱਜੇ ਪ੍ਰਬੰਧਨ ਲਈ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਵਰਿੰਦਰਪਾਲ ਸਿੰਘ ਬਾਜਵਾ ਨੇ ਭੱਠਾ ਮਾਲਕਾਂ ਨੂੰ ਆਪਣੇ ਭੱਠਿਆਂ ਵਿੱਚ ਬਾਲਣ ਵਜੋਂ ਕੋਲੇ ਦੀ ਥਾਂ 20 ਫੀਸਦੀ ਪਰਾਲੀ ਦੀਆਂ ਪੈਲੇਟਸ ਦੀ ਵਰਤੋਂ ਨੂੰ ਯਕੀਨੀ ਬਣਾਉਣ ਲਈ ਕਿਹਾ। ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਅਧਿਕਾਰੀਆਂ ਅਤੇ ਭੱਠਾ ਮਾਲਕਾਂ ਨਾਲ ਮੀਟਿੰਗ ਦੌਰਾਨ ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਸਬੰਧੀ ਸੂਬਾ ਸਰਕਾਰ ਵੱਲੋਂ ਨੋਟੀਫਿਕੇਸ਼ਨ ਜਾਰੀ ਕੀਤਾ ਗਿਆ ਹੈ। ਉਨ੍ਹਾਂ ਭੱਠਾ ਮਾਲਕਾਂ ਨੂੰ ਕਿਹਾ ਕਿ ਸਰਕਾਰ ਦੇ ਨਿਰਦੇਸ਼ਾਂ ਅਨੁਸਾਰ ਇੱਟ ਭੱਠਿਆਂ ਵਿੱਚ 20 ਫੀਸਦੀ ਪਰਾਲੀ ਦੀਆਂ ਪੈਲੇਟਸ ਦੀ ਬਾਲਣ ਵਜੋਂ ਵਰਤੋਂ ਯਕੀਨੀ ਬਣਾਈ ਜਾਵੇ। ਉਨ੍ਹਾਂ ਕਿਹਾ ਕਿ ਭੱਠਿਆਂ ਵਿੱਚ ਪਰਾਲੀ ਦੀ ਬਾਲਣ ਦੇ ਤੌਰ 'ਤੇ ਵਰਤੋਂ ਹੋਣ ਨਾਲ ਪਰਾਲੀ ਪ੍ਰਬੰਧਨ ਨੂੰ ਹੁਲਾਰਾ ਮਿਲਣ ਦੇ ਨਾਲ-ਨਾਲ ਵਾਤਾਵਰਣ ਵੀ ਪ੍ਰਦੂਸ਼ਿਤ ਹੋਣ ਤੋਂ ਬਚੇਗਾ। ਵਧੀਕ ਡਿਪਟੀ ਕਮਿਸ਼ਨਰ ਨੇ ਇਸ ਮੌਕੇ ਇੱਟ ਭੱਠਾ ਮਾਲਕਾਂ ਨੂੰ ਵਾਜਬ ਮੁੱਲ 'ਤੇ ਪਰਾਲੀ ਦੀਆਂ ਪੈਲੇਟਸ ਮੁਹੱਈਆ ਕਰਵਾਉਣ ਤੋਂ ਇਲਾਵਾ ਇਸ ਸਬੰਧੀ ਲੋੜੀਂਦੀ ਹਰ ਸੰਭਵ ਮਦਦ ਉਪਲਬਧ ਕਰਾਉਣ ਦਾ ਵੀ ਭਰੋਸਾ ਦਿਵਾਇਆ। ਮੀਟਿੰਗ ਵਿੱਚ ਮੌਜੂਦ ਭੱਠਾ ਮਾਲਕਾਂ ਨੇ ਪੰਜਾਬ ਸਰਕਾਰ ਵੱਲੋਂ ਜਾਰੀ ਨੋਟੀਫਿਕੇਸ਼ਨ ਦੀ ਪਾਲਣਾ ਕਰਨ ਦਾ ਭਰੋਸਾ ਦਿੱਤਾ। ਐਸੋਸੀਏਸ਼ਨ ਦੇ ਪ੍ਰਧਾਨ ਜਸਵਿੰਦਰ ਸਿੰਘ ਮੱਕੜ ਨੇ ਦੱਸਿਆ ਕਿ ਮੌਜੂਦਾ ਸਮੇਂ ਬਰਸਾਤ ਕਾਰਨ ਜ਼ਿਲ੍ਹੇ ਵਿੱਚ ਭੱਠੇ ਬੰਦ ਪਏ ਹਨ। ਬਰਸਾਤ ਉਪਰੰਤ ਭੱਠੇ ਖੁੱਲ੍ਹਣ 'ਤੇ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਯਕੀਨੀ ਬਣਾਈ ਜਾਵੇਗੀ। ਇਸ ਮੌਕੇ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਤੋਂ ਵਾਤਾਵਰਣ ਇੰਜੀਨੀਅਰ ਸੰਦੀਪ ਕੁਮਾਰ ਅਤੇ ਹੋਰ ਅਧਿਕਾਰੀ ਵੀ ਮੌਜੂਦ ਸਨ।

# ਖੁੰਬਾਂ ਦੀ ਕਾਸ਼ਤ ਸਬੰਧੀ ਮੁਫ਼ਤ ਕੋਰਸ 10 ਤੋਂ

**ਹੁਸ਼ਿਆਰਪੁਰ,, (ਬਲਵੀਰ ਸਿੰਘ ਸੈਣੀ)**-ਜ਼ਿਲ੍ਹਾ ਪ੍ਰੀਸ਼ਦ ਕੰਪਲੈਕਸ, ਸਿਵਲ ਲਾਈਨਜ਼, ਹੁਸ਼ਿਆਰਪੁਰ ਵਿਖੇ ਸਥਿਤ ਪੀ.ਐਨ.ਬੀ. ਆਰ. ਸੇਟੀ (ਪੇਂਡੂ ਸਵੈ ਰੋਜ਼ਗਾਰ ਸਿਖਲਾਈ ਸੰਸਥਾ) ਵਲੋਂ 10 ਦਿਨ ਦਾ ਖੁੰਬਾਂ ਦੀ ਕਾਸ਼ਤ ਸਬੰਧੀ ਮੁਫ਼ਤ ਸਿਖਲਾਈ ਕੋਰਸ 10 ਅਗਸਤ 2023 ਤੋਂ ਸ਼ੁਰੂ ਕੀਤਾ ਜਾ ਰਿਹਾ ਹੈ। ਇਹ ਜਾਣਕਾਰੀ ਦਿੰਦਿਆਂ ਸੰਸਥਾ ਦੇ ਡਾਇਰੈਕਟਰ ਰਜਿੰਦਰ ਕੁਮਾਰ ਭਾਟੀਆ ਨੇ ਦੱਸਿਆ ਕਿ ਚਾਹਵਾਨ ਉਮੀਦਵਾਰ ਆਧਾਰ ਕਾਰਡ ਦੀ ਕਾਪੀ, 2 ਪਾਸਪੋਰਟ ਸਾਈਜ਼ ਫੋਟੋ, ਵਿਦਿਅਕ ਯੋਗਤਾ ਸਰਟੀਫਿਕੇਟਾਂ ਦੀਆਂ ਕਾਪੀਆਂ ਅਤੇ ਐਸ.ਸੀ/ ਬੀ.ਪੀ.ਐਲ ਸਰਟੀਫਿਕੇਟ, ਜੇਕਰ ਕੋਈ ਹੋਵੇ ਤਾਂ 5 ਅਗਸਤ 2023 ਤੱਕ ਇੰਸਟੀਚਿਊਟ ਵਿਖੇ ਆ ਕੇ ਜਾਂ ਵਟਸਐਪ ਨੰਬਰ 9463284447 'ਤੇ ਰਜਿਸਟ੍ਰੇਸ਼ਨ ਕਰਵਾ ਸਕਦੇ ਹਨ। ਉਨ੍ਹਾਂ ਦੱਸਿਆ ਕਿ ਇਹ ਸਿਖਲਾਈ ਬਿਲਕੁਲ ਮੁਫ਼ਤ ਹੈ, ਸਗੋਂ ਇੰਸਟੀਚਿਊਟ ਵਿਚ ਬਿਨਾਂ ਕਿਸੇ ਫੀਸ ਦੇ ਦੁਪਹਿਰ ਦਾ ਖਾਣਾ ਅਤੇ ਚਾਹ ਦਿੱਤੀ ਜਾਂਦੀ ਹੈ। ਸਿਖਲਾਈ ਤੋਂ ਬਾਅਦ ਸਿਖਿਆਰਥੀਆਂ ਨੂੰ ਇਕ ਸਰਟੀਫਿਕੇਟ ਜਾਰੀ ਕੀਤਾ ਜਾਂਦਾ ਹੈ ਅਤੇ ਸਿਖਿਆਰਥੀਆਂ ਨੂੰ ਕਰਜ਼ੇ ਦੀ ਸਹੂਲਤ ਮੁਹੱਈਆ ਕਰਵਾਉਣ ਲਈ ਹਰ ਸੰਭਵ ਮਦਦ ਦਿੱਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਇਸ ਸਬੰਧੀ ਵਧੇਰੇ ਜਾਣਕਾਰੀ ਲਈ ਟੈਲੀਫੋਨ ਨੰਬਰ 01882-295880 ਜਾਂ 9872759614, 9463284447 ਉਤੇ ਸੰਪਰਕ ਕੀਤਾ ਜਾ ਸਕਦਾ ਹੈ।

# ਜਲ ਸਪਲਾਈ ਸੈਨੀਟੇਸ਼ਨ ਯੂਨੀਅਨ ਵੱਲੋਂ ਨਿਗਰਾਨ ਇੰਜੀਨੀਅਰ ਦਾ ਸਨਮਾਨ



**ਕਾਲਾ ਸੰਘਿਆਂ (ਮਨਜੀਤ ਮਾਨ)** ਜਲ ਸਪਲਾਈ ਸੈਨੀਟੇਸ਼ਨ ਮਸਟਰੋਲ ਇੰਪਲਾਈਜ ਯੂਨੀਅਨ ਜਲੰਧਰ ਵਲੋਂ ਜ਼ਿਲ੍ਹਾ ਪ੍ਰਧਾਨ ਸੰਜੀਵ ਕੌਂਡਲ ਦੀ ਪ੍ਰਧਾਨਗੀ ਹੇਠ ਇਕ ਨਵੀਂ ਰੀਤ ਦਾ ਅਗਾਜ ਕੀਤਾ ਗਿਆ। ਪੰਜਾਬ ਵਿੱਚ ਪਹਿਲਾ ਮੌਕਾ ਹੈ ਕਿ ਇਕ ਫੀਲਡ ਮੁਲਾਜਮਾਂ ਦੀ ਜਥੇਬੰਦੀ ਵਲੋਂ ਮਹਿਕਮੇ ਦੇ ਉੱਚ ਅਧਿਕਾਰੀ ਵਾਟਰ ਸਪਲਾਈ ਸੈਨੀਟੇਸ਼ਨ ਦੇ ਨਿਗਰਾਨ ਇੰਜੀਨੀਅਰ ਨਰਿੰਦਰ ਪਾਲ ਸਿੰਘ ਦਾ ਸੇਵਾ ਮੁਕਤ ਹੋਣ ਤੋਂ ਬਾਅਦ ਸਨਮਾਨ ਸਮਾਗਮ ਕੀਤਾ ਗਿਆ। ਸੰਜੀਵ ਕੌਂਡਲ ਨੇ ਕਿਹਾ ਕਿ ਸਾਡੇ ਮਹਿਕਮੇ ਦੇ ਨਿਗਰਾਨ ਇੰਜੀਨੀਅਰ ਨਰਿੰਦਰ ਪਾਲ ਸਿੰਘ ਬਹੁਤ ਵਧੀਆ ਅਫਸਰ ਦੇ ਨਾਲ ਨਾਲ ਬਹੁਤ ਵਧੀਆ ਸ਼ਖਸੀਅਤ ਦੇ ਵੀ ਮਾਲਕ ਵੀ ਹਨ ਅਤੇ ਇਨ੍ਹਾਂ ਨੂੰ ਮਹਿਕਮੇ ਵਿੱਚ ਐਨ ਪੀ ਸਰ ਦੇ ਨਾਂਅ ਨਾਲ ਜਾਣਿਆ ਜਾਂਦਾ ਹੈ। ਇਨ੍ਹਾਂ ਨੇ ਹਮੇਸ਼ਾ ਆਪਣੇ ਮੁਲਾਜਮਾਂ ਨਾਲ ਪਰਵਾਰਕ ਰਿਸ਼ਤਾ ਬਣਾ ਕੇ ਰੱਖਿਆ ਅਤੇ ਹਰੇਕ ਮੁਲਾਜਮ ਨੂੰ ਬਣਦਾ ਪੂਰਾ ਪੂਰਾ ਮਾਣ ਸਤਿਕਾਰ ਵੀ ਦਿੱਤਾ। ਇਸ ਲਈ ਯੂਨੀਅਨ ਦੇ ਹਰੇਕ ਵਰਕਰ ਦੇ ਦਿਲ ਵਿਚ ਇੰਨਾਂ ਪ੍ਰਤੀ ਬਹੁਤ ਜਿਆਦਾ ਇੱਜਤ ਤੇ ਮਾਣ ਸਤਿਕਾਰ ਹੈ। ਇਸ ਮੌਕੇ ਐਕਸੀਅਨ ਨਿਤਿਨ ਕਾਲੀਆ ,ਐਕਸੀਅਨ ਪੁਨੀਤ ਭਸੀਨ ,ਐਸ ਡੀ ਓ ਅਲੋਕ ਅਰੋੜਾ, ਸਾਹਿਲ ਠਾਕੁਰ, ਜੇਈ ਕਿਸ਼ੋਰ ਕੁਮਾਰ, ਰਾਜੀਵ ਖੰਡਵਾਲ, ਮਨਰਾਜ ਸਿੰਘ, ਰਈਸ ਆਜ਼ਮ, ਮੁਕੇਸ਼ ਕਿਸ਼ੋਰ, ਦਿਨਕਰ ਗਿੱਲ ਯੂਨੀਅਨ ਦੇ ਸੈਕਟਰੀ ਰਾਜਨ ਕੁਮਾਰ ਕੈਸ਼ੀਅਰ ਨਰਿੰਦਰ ਸਿੰਘ, ਰਾਮ ਲਾਲ, ਭੁਪਾਲ ਸਿੰਘ, ਜਸਵੰਤ ਸਿੰਘ, ਰੌਸ਼ਨ ਲਾਲ, ਸੁਖਵਿੰਦਰ ਸਿੰਘ, ਸੁੱਚਾ ਰਾਮ, ਸੁਨੀਲ ਕੁਮਾਰ ,ਰਵੀ ਕੁਮਾਰ, ਮਨੋਜ ਕੁਮਾਰ ਅਤੇ ਰਾਜਿੰਦਰ ਕੁਮਾਰ ਆਦਿ ਮੈਂਬਰ ਸ਼ਾਮਲ ਹੋਏ।

# ਪ੍ਰਾਈਵੇਟ ਕਾਲਜ ਨਾਨ-ਟੀਚਿੰਗ ਇੰਪਲਾਈਜ਼ ਯੂਨੀਅਨ ਵੱਲੋਂ ਧਰਨਾ



**ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**-ਛੇਵੇਂ ਤਨਖਾਹ ਕਮਿਸ਼ਨ ਦੀਆਂ ਸਿਫਾਰਸਾਂ ਲਾਗੂ ਨਾ ਕਰਨ ਕਰਕੇ ਪੰਜਾਬ ਸਰਕਾਰ ਦੇ ਵਿਰੁੱਧ ਪ੍ਰਾਈਵੇਟ ਕਾਲਜ ਨਾਨ ਟੀਚਿੰਗ ਇੰਪਲਾਈਜ ਯੂਨੀਅਨ ਪੰਜਾਬ ਦੇ ਸੱਦੇ 'ਤੇ ਸਥਾਨਕ ਯੂਨਿਟ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਅਨੰਦਪੁਰ ਸਾਹਿਬ ਦੇ ਪ੍ਰਧਾਨ ਸੋਹਣ ਸਿੰਘ ਅਤੇ ਕਾਲਜ ਨਾਨ ਟੀਚਿੰਗ ਸਟਾਫ ਨੇ ਦੱਸ ਵਜੇ ਤੋਂ ਇੱਕ ਵਜੇ ਤੱਕ ਧਰਨਾ ਲਗਾਇਆ ਅਤੇ ਸਾਰਾ ਦਿਨ ਦੀ ਕਲਮ ਛੋੜ ਹੜਤਾਲ ਕੀਤੀ ਗਈ। ਆਗੂਆਂ ਨੇ ਸਰਕਾਰ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਜੇ ਸਾਡੀਆਂ ਹੱਕੀ ਮੰਗਾਂ ਛੇਵੇਂ ਤਨਖਾਹ ਕਮਿਸ਼ਨ ਦੀਆਂ ਸਿਫਾਰਸ਼ਾਂ ਲਾਗੂ ਨਾ ਕੀਤੀਆਂ ਗਈਆਂ ਤਾਂ ਸਰਕਾਰ ਮੁਲਾਜਮਾਂ ਦੇ ਹੋਰ ਤਿੱਖੇ ਵਿਰੋਧ ਲਈ ਤਿਆਰ ਰਹੇ। ਇਸ ਲਈ ਮਿਤੀ ਸੱਤ ਅਗਸਤ ਨੂੰ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੇ ਹਲਕੇ ਅਨੰਦਪੁਰ ਸਾਹਿਬ ਵਿਖੇ ਵਿਸਾਲ ਧਰਨੇ ਤੋਂ ਬਾਅਦ ਰੈਲੀ ਰੂਪ ਵਿੱਚ ਪੂਰੇ ਪੰਜਾਬ ਦੀ ਯੂਨੀਅਨ ਵੱਲੋਂ ਹੱਥਾਂ ਵਿੱਚ ਬੈਨਰ ਅਤੇ ਤਖਤੀਆਂ ਲੈ ਕੇ ਬਜਾਰ ਵਿੱਚੋਂ ਲੰਘ ਕੇ ਆਪਣਾ ਵਿਰੋਧ ਦਰਜ ਕਰਵਾਉਂਦੇ ਹੋਏ ਐਸ ਡੀ ਐਮ ਅਨੰਦਪੁਰ ਸਾਹਿਬ ਨੂੰ ਮੁੱਖ ਮੰਤਰੀ ਪੰਜਾਬ ਅਤੇ ਸਿੱਖਿਆ ਮੰਤਰੀ ਪੰਜਾਬ ਦੇ ਨਾਂਅ ਆਪਣਾ ਮੰਗ ਪੱਤਰ ਸੌਂਪਿਆ ਜਾਵੇਗਾ। ਇਸ ਮੌਕੇ ਪ੍ਰੇਮ ਸਿੰਘ, ਜਗਜੀਤ ਸਿੰਘ, ਮਨਦੀਪ ਸਿੰਘ,ਨਵੀਨ ਕੁਮਾਰ,ਪ੍ਰਦੀਪ ਸਿੰਘ, ਦਵਿੰਦਰ ਸਿੰਘ, ਲਖਵੀਰ ਸਿੰਘ, ਦਲਜੀਤ ਕੌਰ, ਪਰਮਜੀਤ ਸਿੰਘ, ਗੁਰਦੀਪ ਸਿੰਘ,ਰਾਮ ਸਿੰਘ, ਤੇਜਿੰਦਰ ਸਿੰਘ ਸੀਨੀਅਰ ਲੈਕਚਰਾਰ ਸਹਾਇਕ ਅਤੇ ਸਟਾਫ ਹਾਜਰ ਸੀ।

# ਮੁਫਤ ਡੇਅਰੀ ਸਿਖਲਾਈ ਕੋਰਸ ਦਾ ਦੂਸਰਾ ਬੈਚ 14 ਤੋਂ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਡੇਅਰੀ ਵਿਕਾਸ ਵਿਭਾਗ, ਪੰਜਾਬ ਵਲੋਂ ਐਸ.ਸੀ ਸਿਖਿਆਰਥੀਆਂ ਲਈ ਮੁਫਤ ਡੇਅਰੀ ਸਿਖਲਾਈ ਕੋਰਸ ਚਲਾਇਆ ਜਾ ਰਿਹਾ ਹੈ। ਡਿਪਟੀ ਡਾਇਰੈਕਟਰ ਡੇਅਰੀ ਹਰਵਿੰਦਰ ਸਿੰਘ ਨੇ ਦੱਸਿਆ ਕਿ ਡੇਅਰੀ ਵਿਕਾਸ ਵਿਭਾਗ ਵਲੋਂ ਅਨੁਸੂਚਿਤ ਜਾਤੀ ਨਾਲ ਸੰਬੰਧਤ ਉਮੀਦਵਾਰਾਂ ਲਈ ਮੁਫਤ 2 ਹਫਤੇ ਡੇਅਰੀ ਸਿਖਲਾਈ ਕੋਰਸ ਦਾ ਦੂਜਾ ਬੈਚ 14 ਅਗਸਤ 2023 ਤੋਂ ਡੇਅਰੀ ਸਿਖਲਾਈ ਕੇਂਦਰ, ਫਗਵਾੜਾ ਵਿਖੇ ਸ਼ੁਰੂ ਕੀਤਾ ਜਾ ਰਿਹਾ ਹੈ। ਇਸ ਸਿਖਲਾਈ ਦੌਰਾਨ ਸਿਖਿਆਰਥੀਆਂ ਨੂੰ 3500 ਰੁਪਏ ਵਜੀਫਾ ਵੀ ਦਿੱਤਾ ਜਾਵੇਗਾ। ਇਸ ਸਿਖਲਾਈ ਪ੍ਰੋਗਰਾਮ ਵਿੱਚ ਦੁਧਾਰੂ ਪਸ਼ੂਆਂ ਦੀ ਖਰੀਦ ਤੋਂ ਲੈ ਕੇ ਰੱਖ ਰਖਾਅ, ਖਾਧ ਖੁਰਾਕ, ਨਸਲ ਸੁਧਾਰ, ਸਾਂਭ-ਸੰਭਾਲ ਅਤੇ ਸੁਚੱਜੇ ਮੰਡੀਕਰਨ ਦੀਆਂ ਨਵੀਨਤਮ ਤਕਨੀਕਾਂ ਬਾਰੇ ਜਾਣਕਾਰੀ ਦਿੱਤੀ ਜਾਵੇਗੀ ਅਤੇ ਲਿਟਰੇਚਰ ਮੁਫਤ ਦਿੱਤਾ ਜਾਵੇਗਾ। ਇਨ੍ਹਾਂ ਸਿਖਿਆਰਥੀਆਂ ਦੀ ਚੋਣ ਜ਼ਿਲ੍ਹਾ ਲੈਵਲ ਕਮੇਟੀ ਵਲੋਂ ਕੀਤੀ ਜਾਵੇਗੀ। ਇਸ ਸੰਬੰਧੀ ਅਨੁਸੂਚਿਤ ਜਾਤੀ ਦੇ ਵਿਅਕਤੀ (ਮਰਦ/ਔਰਤ) ਜਿਨ੍ਹਾਂ ਦੀ ਉਮਰ 18 ਤੋਂ 50 ਸਾਲ ਦੇ ਵਿੱਚ ਹੋਵੇ, ਪੰਜਵੀਂ ਪਾਸ ਹੋਵੇ, ਪੇਂਡੂ ਪਿਛੋਕੜ ਨਾਲ ਸੰਬੰਧ ਰੱਖਦਾ ਹੋਵੇ 11 ਅਗਸਤ 2023 ਤੱਕ ਦਫਤਰ ਡਿਪਟੀ ਡਾਇਰੈਕਟਰ ਡੇਅਰੀ, ਮਿੰਨੀ ਸਕੱਤਰੇਤ, ਚੌਥੀ ਮੰਜ਼ਿਲ, ਕਮਰਾ ਨੰਬਰ 439 ਵਿਖੇ ਆਪਣਾ ਆਧਾਰ ਕਾਰਡ, ਯੋਗਤਾ ਸਰਟੀਫਿਕੇਟ, ਅਨੁਸੂਚਿਤ ਜਾਤੀ ਸਰਟੀਫਿਕੇਟ ਲੈ ਕੇ ਫਾਰਮ ਭਰ ਸਕਦੇ ਹਨ। ਟ੍ਰੇਨਿੰਗ ਉਪਰੰਤ ਉਮੀਦਵਾਰਾਂ ਨੂੰ 2, 5, 10 ਦੁਧਾਰੂ ਪਸ਼ੂਆਂ ਦੀ ਖਰੀਦ 'ਤੇ 33 ਫੀਸਦੀ ਵਿੱਤੀ ਸਹਾਇਤਾ ਦਿੱਤੀ ਜਾਵੇਗੀ। ਵਧੇਰੇ ਜਾਣਕਾਰੀ ਲਈ ਫੋਨ ਨੰ: 01882-220025 'ਤੇ ਸੰਪਰਕ ਕੀਤਾ ਜਾ ਸਕਦਾ ਹੈ।

# ਸਿਵਲ ਸਰਜਨ ਵਲੋਂ ਜ਼ਿਲ੍ਹਾ ਵਾਸੀਆਂ ਨੂੰ ਡੇਂਗੂ ਤੋਂ ਬਚਾਅ ਦੀ ਅਪੀਲ



**ਮੋਹਾਲੀ, ( ਗੁਰਜੀਤ ਬਿੱਲਾ )** : ਜ਼ਿਲ੍ਹਾ ਸਿਹਤ ਵਿਭਾਗ ਨੇ ਲੋਕਾਂ ਨੂੰ ਮੁੜ ਅਪੀਲ ਕੀਤੀ ਹੈ ਕਿ ਉਹ ਅਪਣੇ ਘਰਾਂ ਅਤੇ ਆਲੇ-ਦੁਆਲੇ ਕਿਤੇ ਵੀ ਪਾਣੀ ਜਮ੍ਹਾਂ ਨਾ ਹੋਣ ਦੇਣ ਅਤੇ ਸਰੀਰ ਨੂੰ ਪੂਰੀ ਤਰ੍ਹਾਂ ਢੱਕਣ ਵਾਲੇ ਕੱਪੜੇ ਪਾਉਣ। ਸਿਵਲ ਸਰਜਨ ਡਾ. ਮਹੇਸ਼ ਕੁਮਾਰ ਆਹੂਜਾ ਅਤੇ ਜ਼ਿਲ੍ਹਾ ਐਪੀਡੀਮੋਲੋਜਿਸਟ ਡਾ. ਸ਼ਲਿੰਦਰ ਕੌਰ ਨੇ ਕਿਹਾ ਕਿ ਡੇਂਗੂ ਜਿਹੇ ਮਾਰੂ ਬੁਖ਼ਾਰ ਤੋਂ ਬਚਾਅ ਲਈ ਸਾਰਿਆਂ ਨੂੰ ਜਾਗਰੂਕ ਹੋਣ ਅਤੇ ਸਾਵਧਾਨੀਆਂ ਵਰਤਣ ਦੀ ਲੋੜ ਹੈ। ਸਿਵਲ ਸਰਜਨ ਨੇ ਡੇਂਗੂ ਦੀ ਰੋਕਥਾਮ ਲਈ ਜ਼ਿਲ੍ਹਾ ਵਾਸੀਆਂ ਨੂੰ ਸਹਿਯੋਗ ਦੇਣ ਦੀ ਅਪੀਲ ਕਰਦਿਆਂ ਕਿਹਾ ਕਿ ਲੋਕਾਂ ਦੀ ਮਦਦ ਨਾਲ ਹੀ ਜ਼ਿਲ੍ਹੇ ਨੂੰ ਡੇਂਗੂ-ਮੁਕਤ ਬਣਾਇਆ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਸਿਹਤ ਵਿਭਾਗ ਡੇਂਗੂ ਦੀ ਰੋਕਥਾਮ ਲਈ ਲਈ ਅਪਣੀ ਪੂਰੀ ਵਾਹ ਲਾ ਰਿਹਾ ਹੈ ਪਰ ਲੋਕਾਂ ਨੂੰ ਵੀ ਇਸ ਮੁਹਿੰਮ ਵਿਚ ਵਿਭਾਗ ਦਾ ਸਾਥ ਦੇਣ ਦੀ ਲੋੜ ਹੈ। ਕਿਸੇ ਤਰ੍ਹਾਂ ਦੀ ਜਾਣਕਾਰੀ ਲਈ ਸਿਹਤ ਵਿਭਾਗ ਦੇ ਹੈਲਪਲਾਈਨ ਨੰਬਰ 104 'ਤੇ ਸੰਪਰਕ ਕੀਤਾ ਜਾ ਸਕਦਾ ਹੈ।

# ਮਨੀਪੁਰ ਦੀਆਂ ਔਰਤਾਂ 'ਤੇ ਜਿਸਮਾਨੀ ਜ਼ੁਲਮਾਂ ਖਿਲਾਫ ਕੈਂਡਲ ਮਾਰਚ ਕੱਢਿਆ



**ਖਰੜ : (ਹਰਨਾਮ ਸਿੰਘ ਡੱਲਾ)**ਮਨੀਪੁਰ ਰਾਜ ਵਿੱਚ ਫੈਲੀ ਬਦਅਮਨੀ ਅਤੇ ਆਦਿਵਾਸੀ ਔਰਤਾਂ ਨੂੰ ਮੈਤਈ ਅਤੇ ਆਰ ਐਸ ਦੇ ਐੱਸ ਦਵੰਗਾਂ ਵਲੋਂ ਨਿਰਵਸਤਰ ਕਰਕੇ ਸੜਕਾਂ ਉੱਤੇ ਘੁਮਾਉਣ, ਬਲਾਤਕਾਰਾਂ ਅਤੇ ਕਤਲੇਆਮ ਖਿਲਾਫ ਸ੍ਰੀ ਗੁਰੂ ਰਵਿਦਾਸ ਸਭਾ ਰਜਿ: ਖਰੜ ਵਲੋਂ ਕੈਂਡਲ ਮਾਰਚ ਕੀਤਾ ਗਿਆ। ਜਿਸ ਦੀ ਅਗਵਾਈ ਸਭਾ ਦੇ ਪ੍ਰਧਾਨ ਹਰਕਾਦਾਸ ਧਾਲੀਵਾਲ ਵਲੋਂ ਕੀਤੀ ਗਈ। ਸ੍ਰੀ ਗੁਰੂ ਰਵਿਦਾਸ ਸਭਾ ਰਜਿ: ਅਤੇ ਖਰੜ ਦੀਆਂ ਕੁਝ ਹੋਰ ਸਮਾਜਿਕ ਜਥੇਬੰਦੀਆਂ ਦੇ ਆਗੂਆਂ ਨੇ ਕਿਹਾ ਕਿ ਕੇਂਦਰ ਦੀ ਬੀ ਜੇ ਪੀ ਸਰਕਾਰ ਇੱਕ ਪਾਸੇ 'ਬੇਟੀ ਬਚਾਓ ਬੇਟੀ ਪੜ੍ਹਾਓ' ਦਾ ਨਾਹਰਾ ਦੇ ਰਹੀ ਹੈ ਅਤੇ ਦੂਜੇ ਪਾਸੇ ਉਹਨਾਂ ਦੀ ਪਾਰਟੀ ਦੇ ਦਵੰਗੀ ਭੇੜੀਏ ਸੈਂਕੜਿਆਂ ਦੀ ਗਿਣਤੀ ਵਿੱਚ ਇਕੱਠੇ ਹੋ ਕੇ ਆਦਿਵਾਸੀ ਔਰਤਾਂ ਨੂੰ ਨੰਗਾ ਕਰਕੇ ਸੜਕਾਂ ਉੱਤੇ ਘੁਮਾ ਰਹੇ ਹਨ। ਇਹਨਾਂ ਘਟਨਾਵਾਂ ਨੇ ਭਾਰਤੀ ਲੋਕਾਂ ਨੂੰ ਦੁਨੀਆਂ ਵਿੱਚ ਸ਼ਰਮਸਾਰ ਕੀਤਾ ਹੈ। ਅਫਸੋਸ ਦੀ ਗੱਲ ਹੈ ਕਿ ਦੇਸ਼ ਦਾ ਪ੍ਰਧਾਨ ਮੰਤਰੀ ਇਹਨਾਂ ਘਟਨਾਵਾਂ ਬਾਰੇ ਇੱਕ ਵੀ ਸ਼ਬਦ ਨਹੀਂ ਬੋਲ ਰਿਹਾ। ਆਗੂਆਂ ਨੇ ਕਿਹਾ ਕਿ ਭਾਰਤ ਦੀ ਰਾਸ਼ਟਰਪਤੀ ਵੀ ਇੱਕ ਔਰਤ ਹੈ ਅਤੇ ਔਰਤ ਹੋਣ ਦੇ ਨਾਲ ਨਾਲ ਆਦਿਵਾਸੀ ਸਮੁਦਾਇ ਵਿੱਚੋਂ ਆਉਂਦੀ ਹੈ। ਪਰ ਅਫਸੋਸ ਕਿ ਰਾਸ਼ਟਰਪਤੀ ਵਲੋਂ ਵੀ ਪ੍ਰਧਾਨ ਮੰਤਰੀ ਵਾਂਗ ਇਹਨਾਂ ਘਟਨਾਵਾਂ ਉੱਤੇ ਮੂੰਹ ਨਹੀਂ ਖੋਲ੍ਹਿਆ ਗਿਆ। ਇਹ ਵੀ ਦੱਸਣਾ ਬਣਦਾ ਹੈ ਕਿ ਪੀੜਤ ਔਰਤਾਂ ਦੇ ਹੱਕ ਵਿੱਚ ਆਵਾਜ ਬੁਲੰਦ ਕਰਨ ਵਾਲੀ ਜਥੇਬੰਦੀ ਇੰਡੀਅਨ ਟਰਾਇਵਲ ਲੀਡਰ ਫੋਰਮ (ਆਈ.ਟੀ.ਐੱਲ.ਐੱਫ.) ਦੇ ਬੁਲਾਰੇ ਗਿੰਜਾ ਵੁਅਲਜੋਗੇ ਖਿਲਾਫ ਐੱਫ ਆਈ ਆਰ ਦਰਜ ਕਰ ਦਿੱਤੀ ਗਈ ਹੈ। ਜੋ ਇਸ ਗੱਲ ਦੀ ਗਵਾਹੀ ਹੈ ਕਿ ਬੀ ਜੇ ਪੀ ਸਰਕਾਰ ਗੁੰਡਿਆਂ ਦੀ ਸਰਪ੍ਰਸਤੀ ਕਰ ਰਹੀ ਹੈ ਅਤੇ ਅਮਨ ਪਸੰਦ ਲੋਕਾਂ ਨੂੰ ਝੂਠੇ ਕੇਸਾਂ ਵਿੱਚ ਉਲਝਾ ਕੇ ਉਨ੍ਹਾਂ ਨੂੰ ਜੇਲ੍ਹਾਂ ਵਿੱਚ ਸੜਨ ਲਈ ਮਜਬੂਰ ਕਰ ਰਹੀ ਹੈ। ਇਸ ਕੈਂਡਲ ਮਾਰਚ ਵਿੱਚ ਮਦਨ ਲਾਲ ਜਨਾਗਲ,ਚਰਨ ਸਿੰਘ ਕੰਗ, ਜਗਪਾਲ ਸਿੰਘ,ਜੇ ਆਰ ਮਾਹੀ,ਐੱਸ ਆਰ ਮੱਲ, ਹਰਭਜਨ ਸਿੰਘ,ਜੰਗ ਸਿੰਘ ਭੱਟੀ,ਗੁਰਮੇਲ ਸਿੰਘ ਧਾਲੀਵਾਲ, ਗੁਰਮੀਤ ਸਿੰਗਲ,ਪਾਲ ਸਿੰਘ ਘੇੜਾ, ਧਰਮਪਾਲ ਸਿੰਘ,ਮੇਵਾ ਸਿੰਘ ਪੁਰਖਾਲੀ, ਰਾਮ ਸਿੰਘ, ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਦੇ ਪ੍ਰਧਾਨ ਹਰਨੇਕ ਸਿੰਘ ਦੇਵਪੁਰੀ, ਦਲਜੀਤ ਸਿੰਘ ਸੈਣੀ, ਨਰੇਗਾ ਫਰੰਟ ਪੰਜਾਬ ਵਲੋਂ ਬਲਜੀਤ ਸਿੰਘ ਕਕਰਾਲੀ, ਅਵਤਾਰ ਸਿੰਘ ਸੈਂਪਲਾ, ਬਲਜੀਤ ਸਿੰਘ ਬਘੌਰੀਆ ਅੰਬੇਡਕਰ ਭਲਾਈ ਮੰਚ ਦੇ ਪ੍ਰਧਾਨ ਸ੍ਰੀ ਕਿਰਪਾਲ ਸਿੰਘ ਮੁੰਡੀ ਖਰੜ, ਕ੍ਰਿਸਚੀਅਨ ਭਾਈਚਾਰੇ ਵਲੋਂ ਜੌਨ ਪੀਟਰ, ਸੈਮਸੰਗ, ਤਰਕਸ਼ੀਲ ਸੁਸਾਇਟੀ ਖਰੜ ਵਲੋਂ ਗੁਰਮੀਤ ਖਰੜ, ਜਮਹੂਰੀ ਕਿਸਾਨ ਸਭਾ ਵਲੋਂ ਰਾਮ ਕਿਸਨ ਧੁਨਕੀਆ, ਨਗਰ ਕੌਂਸਲ ਖਰੜ ਦੀ ਸੀਨੀਅਰ ਮੀਤ ਪ੍ਰਧਾਨ ਗੁਰਦੀਪ ਕੌਰ,ਆਮ ਆਦਮੀ ਪਾਰਟੀ ਦੇ ਕੌਂਸਲਰ ਰਾਮ ਸਰੂਪ ਸ਼ਰਮਾ, ਨਗਰ ਕੌਂਸਲ ਖਰੜ ਦੇ ਵਾਰਡ ਨੰਬਰ ਇੱਕ ਅਤੇ ਪੰਜ ਦੀ ਨੁਮਾਇੰਦਗੀ ਕਰਦੇ ਨਵਦੀਪ ਸਿੰਘ ਬੱਬੂ ਅਤੇ ਅਮਨਦੀਪ ਸਿੰਘ, ਸੀਟੂ ਮਜਦੂਰਾਂ ਦੇ ਸਥਾਨਕ ਆਗੂ ਸੁਰਿੰਦਰ ਸਿੰਘ ਬਡਾਲਾ ਅਤੇ ਸ਼ਹਿਰ ਦੀਆਂ ਬਹੁਤ ਸਾਰੀਆਂ ਸਨਮਾਨ ਯੋਗ ਸ਼ਖਸੀਅਤਾਂ ਨੇ ਸਮੂਲੀਅਤ ਕੀਤੀ। ਇਹ ਕੈਂਡਲ ਮਾਰਚ 'ਜੈਨ ਮੰਦਿਰ ਡਿਸਪੈਂਸਰੀ' ਤੋਂ ਚੱਲ ਕੇ ਬੱਸ ਸਟੈਂਡ ਖਰੜ ਵਿਖੇ ਸਮਾਪਤ ਹੋਇਆ।

# ਯੋਜਨਾ ਕਮੇਟੀ ਦੇ ਚੇਅਰਮੈਨ ਨੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ



**ਜਲੰਧਰ, (ਸੁਰਿੰਦਰ ਕੁਮਾਰ)** ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਅੰਮ੍ਰਿਤਪਾਲ ਸਿੰਘ ਨੇ ਯੋਜਨਾ ਕਮੇਟੀ ਦੇ ਦਫਤਰ ਵਿਖੇ ਜ਼ਿਲ੍ਹੇ ਦੇ ਲੋਕਾਂ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ। ਚੇਅਰਮੈਨ ਨੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਲੋਕਾਂ ਦੀਆਂ ਸਮੱਸਿਆਵਾਂ ਦਾ ਮੌਕੇ 'ਤੇ ਹੀ ਨਿਪਟਾਰਾ ਕਰਨ ਦੀਆਂ ਹਦਾਇਤਾਂ ਜਾਰੀ ਕੀਤੀਆਂ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਲੋਕਾਂ ਦੀ ਸਹੂਲਤ ਲਈ ਸਰਕਾਰ ਆਪ ਦੇ ਦੁਆਰ ਮੁਹਿੰਮ ਸ਼ੁਰੂ ਕੀਤੀ ਗਈ ਹੈ। ਇਸ ਮੁਹਿੰਮ ਤਹਿਤ ਸਮੂਹ ਅਧਿਕਾਰੀ ਪਿੰਡਾਂ ਦਾ ਦੌਰਾ ਕਰ ਕੇ ਕੈਂਪ ਲਗਾ ਕੇ ਲੋਕਾਂ ਦੀਆਂ ਸਮੱਸਿਆਵਾਂ ਸੁਣ ਕੇ ਮੌਕੇ 'ਤੇ ਹੀ ਹੱਲ ਕਰ ਰਹੇ ਹਨ। ਚੇਅਰਮੈਨ ਨੇ ਅੱਗੇ ਦੱਸਿਆ ਕਿ ਲੋਕਾਂ ਦੀਆਂ ਸਮੱਸਿਆਵਾਂ ਦੇ ਜਲਦੀ ਨਿਪਟਾਰੇ ਲਈ ਸਬੰਧਤ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਲੋਕਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦਿੱਤੀ ਜਾ ਰਹੀ ਹੈ ਤਾਂ ਜੋ ਉਨ੍ਹਾਂ ਨੂੰ ਆਪਣੇ ਕੰਮਾਂ ਲਈ ਵਾਰ-ਵਾਰ ਸਰਕਾਰੀ ਦਫਤਰਾਂ ਦੇ ਚੱਕਰ ਨਾ ਲਾਉਣੇ ਪੈਣ।

# ਹਰਿਆਣਾ ਕੈਬਨਿਟ ਦੀ ਮੀਟਿੰਗ ਭਲਕੇ

**ਚੰਡੀਗੜ੍ਹ, (ਕ੍ਰਿਸ਼ਨ ਗਰਗ)** - ਹਰਿਆਣਾ ਕੈਬੀਨੇਟ ਦੀ ਮੀਟਿੰਗ ਮੁੱਖ ਮੰਤਰੀ ਮਨੋਹਰ ਲਾਲ ਦੀ ਅਗਵਾਈ ਹੇਠ ਸ਼ੁੱਕਰਵਾਰ 4 ਅਗਸਤ, 2023 ਨੂੰ ਦੁਪਹਿਰ 3 ਵਜੇ ਹਰਿਆਣਾ ਸਿਵਲ ਸਕੱਤਰੇਤ ਦੀ ਚੌਥੀ ਮੰਜਿਲ ਸਥਿਤ ਮੁੱਖ ਕਮੇਟੀ ਰੂਮ ਵਿਚ ਹੋਵੇਗੀ।

# ਬੈਚਲਰ ਆਫ ਫਿਜੀਓਥੈਰੇਪੀ ਦੇ ਵਿਦਿਆਰਥੀਆਂ ਨੂੰ ਮਿਲੇਗਾ ਵਜ਼ੀਫਾ - ਸਿਹਤ ਮੰਤਰੀ

**ਚੰਡੀਗੜ੍ਹ (ਕ੍ਰਿਸ਼ਨ ਗਰਗ)** - ਹਰਿਆਣਾ ਦੇ ਸਿਹਤ ਅਤੇ ਪਰਵਾਰ ਭਲਾਈ ਮੰਤਰੀ ਅਨਿਲ ਵਿਜ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਕਲਪਨਾ ਚਾਵਲਾ ਸਰਕਾਰੀ ਮੈਡੀਕਲ ਕਾਲਜ, ਕਰਨਾਲ ਦੇ ਬੈਚਲਰ ਆਫ ਫਿਜੀਓਥੈਰੇਪੀ ਦੇ ਵਿਦਿਆਰਥੀਆਂ ਨੂੰ ਪੰਜ ਹਜਾਰ ਰੁਪਏ ਹਰ ਮਹੀਨੇ ਦੀ ਦਰ ਨਾਲ ਇੰਟਰਨ ਵਜੀਫਾ ਦੇਣ ਦੀ ਮੰਜੂਰੀ ਪ੍ਰਦਾਨ ਕੀਤੀ ਗਈ ਹੈ। ਇਸ ਸਬੰਧ ਵਿਚ ਮੁੱਖ ਮੰਤਰੀ ਮਨੋਹਰ ਲਾਲ ਨੇ ਇਕ ਪ੍ਰਸਤਾਵ ਨੂੰ ਆਪਣੀ ਮਨਜੂਰੀ ਪ੍ਰਦਾਨ ਕੀਤੀ ਹੈ। ਵਿਜ ਨੇ ਦੱਸਿਆ ਕਿ ਕਲਪਨਾ ਚਾਵਲਾ ਸਰਕਾਰੀ ਮੈਡੀਕਲ ਕਾਲਜ, ਕਰਨਾਲ ਵਿਚ ਬੈਚਲਰ ਆਫ ਫਿਜੀਓਥੈਰੇਪੀ ਦੀਆਂ ਕੁੱਲ 30 ਸੀਟਾਂ ਹਨ, ਜਿਨ੍ਹਾਂ 'ਤੇ ਡੇਢ ਲੱਖ ਰੁਪਏ ਪ੍ਰਤੀ ਮਹੀਨਾ ਅਨੁਸਾਰ ਛੇ ਮਹੀਨੇ ਦੇ ਲਈ 9 ਲੱਖ ਰੁਪਏ ਖਰਚ ਆਵੇਗਾ।

# ਮੋਦੀ-ਸ਼ਾਹ ਸਰਕਾਰ ਨੂੰ ਚਲਦਿਆਂ ਕਰਕੇ ਦੇਸ਼ 'ਚੋਂ ਬਦਅਮਨੀ ਦਾ ਖਾਤਮਾ ਕੀਤਾ ਜਾਣਾ ਸੰਭਵ-ਪਾਸਲਾ

**ਜਲੰਧਰ (ਕੇਸਰ)**- ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ(ਆਰ.ਐਮ.ਪੀ.ਆਈ.) ਨੇ ਹਰਿਆਣਾ ਦੇ ਮੇਵਾਤ ਇਲਾਕੇ ਦੇ ਕਸਬੇ ਨੂਹ ਵਿਖੇ ਲੰਘੇ ਸੋਮਵਾਰ ਨੂੰ ਭੜਕੀ ਫਿਰਕੂ ਹਿੰਸਾ ਦੀ ਪੁਰਜੋਰ ਨਿੰਦਾ ਕਰਦਿਆਂ ਇਸ ਹਿੰਸਾ ਵਿੱਚ ਮਾਰੇ ਗਿਆਂ ਦੇ ਪਰਵਾਰਾਂ ਪ੍ਰਤੀ ਸੰਵੇਦਨਾਵਾਂ ਪ੍ਰਗਟ ਕੀਤੀਆਂ ਹਨ।

ਇੱਥੋਂ ਇੱਕ ਬਿਆਨ ਜਾਰੀ ਕਰਦਿਆਂ ਪਾਰਟੀ ਦੇ ਜਨਰਲ ਸਕੱਤਰ ਕਾਮਰੇਡ ਮੰਗਤ ਰਾਮ ਪਾਸਲਾ ਨੇ ਕਿਹਾ ਹੈ ਕਿ ਨੂਹ ਤੋਂ ਭੜਕੀ ਇਹ ਕੁਲਹਿਣੀ ਹਿੰਸਾ ਗੁਰੂਗ੍ਰਾਮ ਤੱਕ ਫੈਲ ਗਈ ਹੈ ਅਤੇ ਜੇ ਇਸ 'ਤੇ ਦਿਆਨਤਦਾਰੀ ਅਤੇ ਨੇਕ ਨੀਅਤੀ ਨਾਲ ਕਾਬੂ ਨਾ ਪਾਇਆ ਗਿਆ ਤਾਂ ਇਸ ਅੱਗ ਦੇ ਨਾ ਕੇਵਲ ਸਮੁੱਚੇ ਹਰਿਆਣਾ ਬਲਕਿ ਉੱਤਰ ਭਾਰਤ ਦੇ ਅਨੇਕਾਂ ਖਿੱਤਿਆਂ ਤੀਕ ਫੈਲ ਜਾਣ ਦਾ ਖਦਸ਼ਾ ਹੈ।

ਸਾਥੀ ਪਾਸਲਾ ਨੇ ਕਿਹਾ ਹੈ ਕਿ ਹਾਲੀਆ ਹਿੰਸਾ ਲਈ ਸੰਘ ਪਰਵਾਰ ਦੇ ਖਰੂਦੀ ਟੋਲੇ ਅਤੇ ਸੂਬੇ ਦੀ ਭਾਜਪਾ ਸਰਕਾਰ ਦਾ ਸਾਜ਼ਿਸ਼ੀ ਤੇ ਪੱਖਪਾਤੀ ਰਵੱਈਆ ਜ਼ਿੰਮੇਵਾਰ ਹੈ, ਕਿਉਂਕਿ ਵਿਸ਼ਵ ਹਿੰਦੂ ਪ੍ਰੀਸ਼ਦ ਅਤੇ ਬਜਰੰਗ ਦਲ ਜਿਹੇ ਸੰਗਠਨਾਂ ਨੇ ਇੱਕ ਧਾਰਮਿਕ ਯਾਤਰਾ ਦੀ ਤਿਆਰੀ ਦੇ ਨਾਂਅ 'ਤੇ ਬਹੁਤ ਹੀ ਨਫ਼ਰਤ ਭਰਪੂਰ ਪ੍ਰਚਾਰ ਮੁਹਿੰਮ ਵਿੱਢੀ ਸੀ ਜਿਸ ਨੂੰ ਸੂਬੇ ਦੀ ਖੱਟਰ ਸਰਕਾਰ ਸਭ ਕੁੱਝ ਦੇਖਦੀ-ਸੁਣਦੀ ਹੋਈ ਵੀ ਜਾਣ-ਬੁੱਝ ਕੇ ਅਣਜਾਣ ਬਣੀ ਦੇਖਦੀ ਰਹੀ ਸੀ। ਇਹੋ ਨਹੀਂ ਪਿਛੇ ਜਿਹੇ ਦੋ ਮੁਸਲਿਮ ਨੌਜਵਾਨਾਂ ਨੂੰ ਬੜੀ ਬੇਦਰਦੀ ਨਾਲ ਕਤਲ ਕਰਨ ਲਈ ਨਾਮਜ਼ਦ ਮੁਜਰਿਮ ਮੋਨੂੰ ਮਾਨੇਸਰ ਉਕਤ ਨਾਮ ਨਿਹਾਦ ਧਾਰਮਿਕ ਯਾਤਰਾ 'ਚ ਵੱਧ ਚੜ੍ਹ ਕੇ ਸ਼ਾਮਲ ਹੋਣ ਦੇ ਸੱਦੇ ਦਿੰਦਾ ਰਿਹਾ ਅਤੇ ਹਰਿਆਣਾ ਸਰਕਾਰ ਆਪਣੀ ਸੰਦਿਗਧ ਚੁੱਪੀ ਰਾਹੀਂ ਉਸ ਦੀ ਮਦਦਗਾਰ ਬਣੀ ਰਹੀ।

ਉਨ੍ਹਾਂ ਕਿਹਾ ਹੈ ਕਿ ਪਾਰਟੀ ਦੀ ਇਹ ਸਪੱਸ਼ਟ ਰਾਇ ਹੈ ਕਿ ਸੰਘ-ਭਾਜਪਾ ਅਤੇ ਕੇਂਦਰੀ ਤੇ ਸੂਬਾਈ ਸਰਕਾਰਾਂ ਵੱਲੋਂ ਉਕਤ ਸਾਰਾ ਕੁੱਝ ਨੇੜ ਭਵਿੱਖ 'ਚ ਹੋਣ ਵਾਲੀਆਂ ਵਿਧਾਨ ਸਭਾਈ ਅਤੇ 2024 ਦੀਆਂ ਆਮ ਚੋਣਾਂ 'ਚ ਲਾਭ ਖੱਟਣ ਲਈ ਫਿਰਕੂ ਵੰਡ ਤਿੱਖੀ ਕਰਨ ਦੇ ਕੋਝੇ ਮਨਸੂਬਿਆਂ ਤਹਿਤ ਕੀਤਾ ਜਾ ਰਿਹਾ ਹੈ। ਪਾਰਟੀ ਪ੍ਰਾਂਤ ਦੇ ਲੋਕਾਂ ਨੂੰ ਅਮਨ-ਸ਼ਾਂਤੀ ਕਾਇਮ ਰੱਖਣ, ਭਾਈਚਾਰਕ ਸਾਂਝ ਦੇ ਵੈਰੀਆਂ ਦੀ ਪਛਾਣ ਕਰਨ ਅਤੇ ਇਨ੍ਹਾਂ ਨੂੰ ਲੋਕਾਂ 'ਚੋਂ ਨਿਖੇੜਨ ਦੀ ਅਪੀਲ ਕਰਦੀ ਹੋਈ ਸਮੂਹ ਨਰੋਈਆਂ ਸ਼ਕਤੀਆਂ ਨੂੰ ਇਸ ਖਤਰਨਾਕ ਹਕੂਮਤੀ ਸਾਜ਼ਿਸ਼ ਵਿਰੁੱਧ ਸਾਂਝੀ ਮੁਜ਼ਾਹਮਤ ਉਸਾਰਨ ਦਾ ਸੱਦਾ ਦਿੰਦੀ ਹੈ। ਪਾਰਟੀ ਜੋਰ ਦੇ ਕੇ ਕਹਿਣਾ ਚਾਹੁੰਦੀ ਹੈ ਸੰਘ ਦੇ ਫਿਰਕੂ-ਫਾਸਿਸਟ ਏਜੰਡੇ ਦੀ ਸੂਤਰਧਾਰ ਮੋਦੀ-ਸ਼ਾਹ ਸਰਕਾਰ ਨੂੰ ਸੱਤਾ ਤੋਂ ਲਾਂਭੇ ਕੀਤਿਆਂ ਹੀ ਪੂਰੇ ਦੇਸ਼ 'ਚੋਂ ਬਦਅਮਨੀ ਦਾ ਖਾਤਮਾ ਕੀਤਾ ਜਾਣਾ ਸੰਭਵ ਹੈ।

# ਲੋਕ ਨਿਰਮਾਣ ਵਿਭਾਗ ਦੀਆਂ ਜਾਇਦਾਦਾਂ ਦੀ ਸਰਵੋਤਮ ਵਰਤੋਂ ਲਈ ਰਣਨੀਤੀ ਤਿਆਰ : ਈ ਟੀ ਓ



**ਚੰਡੀਗੜ੍ਹ, (ਗੁਰਜੀਤ ਬਿੱਲਾ)**-ਪੰਜਾਬ ਦੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈਟੀਓ ਨੇ ਇਥੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਲੋਕ ਨਿਰਮਾਣ ਵਿਭਾਗ ਦੀਆਂ ਜਾਇਦਾਦਾਂ ਦੀ ਸਰਵੋਤਮ ਵਰਤੋਂ ਨੂੰ ਯਕੀਨੀ ਬਣਾਉਣ ਲਈ ਰਣਨੀਤੀ ਉਲੀਕੀ ਹੈ ਤਾਂ ਜੋ ਇੰਨ੍ਹਾਂ ਤੋਂ ਪ੍ਰਾਪਤ ਹੁੰਦੇ ਮਾਲੀਏ ਨੂੰ ਵਧਾਉਣ ਦੇ ਨਾਲ-ਨਾਲ ਸੈਲਾਨੀਆਂ ਦੀ ਸਹੂਲਤ ਲਈ ਸੈਰ-ਸਪਾਟਾ ਕੇਂਦਰਾਂ ਵਿਖੇ ਨਵੇਂ ਗੈਸਟ ਹਾਊਸਾਂ ਦੀ ਉਸਾਰੀ ਅਤੇ ਮੌਜੂਦਾ ਦੀ ਮੁਰੰਮਤ, ਪੇਂਡੂ ਖੇਤਰਾਂ ਵਿੱਚ ਹਰੇ ਮੈਦਾਨ ਵਿਕਸਤ ਕਰਨ, ਅਤੇ ਵਿਭਾਗ ਦੇ ਕਰਮਚਾਰੀਆਂ ਲਈ ਸਰਕਾਰੀ ਰਿਹਾਇਸਾਂ ਦੇ ਨਿਰਮਾਣ ਵਰਗੇ ਕਦਮ ਪੁੱਟੇ ਜਾ ਸਕਣ। ਇੱਥੇ ਲੋਕ ਨਿਰਮਾਣ ਵਿਭਾਗ ਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਹਰਭਜਨ ਸਿੰਘ ਈ.ਟੀ.ਓ ਨੇ ਕਿਹਾ ਕਿ ਲੋਕ ਨਿਰਮਾਣ ਵਿਭਾਗ ਦੀਆਂ ਦੇਹਰਾਦੂਨ, ਹਰਿਦੁਆਰ, ਵਰਿੰਦਾਵਨ, ਦਿੱਲੀ ਅਤੇ ਪੰਜਾਬ ਤੋਂ ਬਾਹਰ ਕਈ ਥਾਵਾਂ 'ਤੇ ਜਾਇਦਾਦਾਂ ਹਨ। ਉਨ੍ਹਾਂ ਨਿਰਦੇਸ਼ ਦਿੱਤੇ ਕਿ ਦੂਜੇ ਰਾਜਾਂ ਵਿੱਚ ਵਿਭਾਗ ਦੀਆਂ ਜਾਇਦਾਦਾਂ ਦੀ ਮੌਜੂਦਾ ਸਥਿਤੀ ਦੀ ਸਮੀਖਿਆ ਅਤੇ ਰਿਪੋਰਟ ਕਰਨ ਲਈ ਵਿਭਾਗੀ ਕਮੇਟੀਆਂ ਬਣਾਈਆਂ ਜਾਣ। ਸੂਬੇ ਅੰਦਰ ਸਥਿਤ ਵਿਭਾਗ ਦੀਆਂ ਜਾਇਦਾਦਾਂ ਦੀ ਸਥਿਤੀ ਦਾ ਜਾਇਜ਼ਾ ਲੈਂਦਿਆਂ, ਲੋਕ ਨਿਰਮਾਣ ਮੰਤਰੀ ਨੇ ਸਾਰੀਆਂ ਅਣਵਰਤੀਆਂ ਜਾਂ ਘੱਟ ਵਰਤੋਂ ਵਾਲੀਆਂ ਜਾਇਦਾਦਾਂ ਨੂੰ ਲੋਕ ਹਿੱਤ ਵਿੱਚ ਵਰਤਣ ਲਈ ਇੱਕ ਸੰਪੂਰਨ ਯੋਜਨਾ ਬਣਾਉਣ ਲਈ ਕਿਹਾ। ਉਨ੍ਹਾਂ ਕਿਹਾ ਕਿ ਸੈਲਾਨੀਆਂ ਨੂੰ ਆਕਰਸ਼ਿਤ ਕਰਨ ਲਈ ਅੰਮ੍ਰਿਤਸਰ, ਪਠਾਨਕੋਟ ਅਤੇ ਰੂਪਨਗਰ ਆਦਿ ਜ਼ਿਲ੍ਹਿਆਂ ਵਿੱਚ ਲੋਕ ਨਿਰਮਾਣ ਵਿਭਾਗ ਦੇ ਗੈਸਟ ਹਾਊਸਾਂ ਦੀ ਉਸਾਰੀ ਜਾਂ ਮੌਜੂਦਾ ਗੈਸਟ ਹਾਊਸਾਂ ਦੀ ਮੁਰੰਮਤ ਕਰਨ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਵੇ। ਉਨ੍ਹਾਂ ਇਹ ਵੀ ਹਦਾਇਤਾਂ ਦਿੱਤੀਆਂ ਕਿ ਜੇਕਰ ਕੋਈ ਸਰਕਾਰੀ ਕਰਮਚਾਰੀ ਜਾਂ ਅਧਿਕਾਰੀ ਪੀ.ਡਬਲਯੂ.ਡੀ ਗੈਸਟ ਹਾਊਸ ਵਿੱਚ ਬਿਨਾਂ ਕਿਰਾਇਆ ਦਿੱਤਿਆਂ ਠਹਿਰ ਰਿਹਾ ਹੈ, ਤਾਂ ਸਬੰਧਤ ਵਿਭਾਗ ਤੋਂ ਕਿਰਾਇਆ ਵਸੂਲਿਆ ਜਾਵੇ। ਲੋਕ ਨਿਰਮਾਣ ਮੰਤਰੀ ਨੇ ਅੱਗੇ ਕਿਹਾ ਕਿ ਵੱਖ-ਵੱਖ ਸ਼ਹਿਰਾਂ ਵਿੱਚ ਵਿਭਾਗ ਦੀਆਂ ਖਾਲੀ ਪਈਆਂ ਜ਼ਮੀਨਾਂ ਦੀ ਵਰਤੋਂ ਵਿਭਾਗ ਦੇ ਕਰਮਚਾਰੀਆਂ ਅਤੇ ਅਧਿਕਾਰੀਆਂ ਲਈ ਲੋੜ ਅਨੁਸਾਰ ਸਰਕਾਰੀ ਰਿਹਾਇਸ਼ਾਂ ਵਿਕਸਤ ਕਰਨ ਲਈ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਪੇਂਡੂ ਖੇਤਰਾਂ ਵਿੱਚ ਪੀ.ਡਬਲਯੂ.ਡੀ ਦੀਆਂ ਜ਼ਮੀਨਾਂ ਨੂੰ ਵਾਤਾਵਰਣ ਦੀ ਰੱਖਿਆ ਲਈ ਹਰੇ ਮੈਦਾਨ ਵਿਕਸਤ ਕਰਨ ਲਈ ਵਰਤਿਆ ਜਾ ਸਕਦਾ ਹੈ ਅਤੇ ਵਾਹੀਯੋਗ ਜ਼ਮੀਨਾਂ ਦੀ ਵਰਤੋਂ ਬਾਗਬਾਨੀ ਨਰਸਰੀਆਂ ਨੂੰ ਵਿਕਸਤ ਕਰਨ ਲਈ ਕੀਤੀ ਜਾ ਸਕਦੀ ਹੈ। ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਵਿਭਾਗ ਦੀਆਂ ਉਹ ਜ਼ਮੀਨਾਂ ਜਿੰਨ੍ਹਾਂ 'ਤੇ ਖੇਤੀਬਾੜੀ ਹੋ ਰਹੀ ਹੈ, ਤੋਂ ਵਾਜਬ ਮਾਲੀਆ ਪ੍ਰਾਪਤ ਕਰਨ ਲਈ ਕਰਵਾਈ ਜਾਣ ਵਾਲੀ ਬੋਲੀ ਦੀ ਪ੍ਰਣਾਲੀ ਵਿੱਚ ਪਾਰਦਰਸ਼ਤਾ ਲਿਆਉਣਾ ਵੀ ਯਕੀਨੀ ਬਣਾਇਆ ਜਾਵੇ।

# ਗੁਰੂ ਨਾਨਕ ਕਾਲਜ ਸੁਖਚੈਨਆਣਾ ਦੇ ਨਾਨ-ਟੀਚਿੰਗ ਸਟਾਫ਼ ਵੱਲੋਂ ਕਲਮ ਛੋੜ ਹੜਤਾਲ




**ਫਗਵਾੜਾ ( ਡਾ. ਰਮਨ, ਜਸਵਿੰਦਰ ਢੱਡਾ )** ਪ੍ਰਾਈਵੇਟ ਕਾਲਜ ਨਾਨ ਟੀਚਿੰਗ ਇਪਲਾਈਜ਼ ਯੂਨੀਅਨ ਪੰਜਾਬ ਵਲੋਂ ਦਿੱਤੇ ਸੱਦੇ ਅਨੁਸਾਰ ਵਲੋਂ ਯੂਨੀਅਨ ਦੇ ਜ਼ਿਲ੍ਹਾ ਕਪੂਰਥਲਾ ਦੇ ਸਕੱਤਰ ਜਤਿੰਦਰ ਸਿੰਘ ਖਾਲਸਾ ਦੀ ਪ੍ਰਧਾਨਗੀ ਹੇਠ ਗੁਰੂ ਨਾਨਕ ਕਾਲਜ ਸੁਖਚੈਨਆਣਾ ਸਾਹਿਬ ਫਗਵਾੜਾ ਵਿਖੇ ਪੂਰਾ ਦਿਨ ਪੰਜਾਬ ਸਰਕਾਰ ਖਿਲਾਫ ਕਲਮ ਛੋੜ ਹੜਤਾਲ ਅਤੇ ਧਰਨਾ ਦਿੱਤਾ ਗਿਆ । ਇਸ ਧਰਨੇ ਵਿੱਚ ਜੋਧਨ ਸਿੰਘ, ਬਲਜੀਤ ਸਿੰਘ , ਸ੍ਰੀਮਤੀ ਰਜ਼ਨੀ ਸ਼ਰਮਾ, ਜਸਪ੍ਰੀਤ ਸਿੰਘ, ਕਮਲਜੀਤ, ਹਰਕੇਵਲ ਸਿੰਘ, ਹਰਿੰਦਰ ਸਿੰਘ,ਸ੍ਰੀਮਤੀ ਅਨੀਤਾ, ਸ਼੍ਰੀਮਤੀ ਕਾਜਲ, ,ਅਮਰਜੀਤ ਸਿੰਘ ,ਨਿਆਜ ਅਹਿਮਦ ਆਦਿ ਸ਼ਾਮਿਲ ਹੋਏ । ਜਿਸ ਵਿੱਚ ਪੰਜਾਬ ਸਰਕਾਰ ,ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਉਚੇਰੀ ਸਿਖਿਆ ਮੰਤਰੀ ਹਰਜੋਤ ਸਿੰਘ ਬੈਂਸ ਅਤੇ ਖਜ਼ਾਨਾ ਮੰਤਰੀ ਹਰਪਾਲ ਸਿੰਘ ਚੀਮਾ ਤੋਂ ਪੁਰਜ਼ੋਰ ਸਬਦਾਂ ਵਿਚ ਮੰਗ ਕੀਤੀ ਗਈ ਕਿ ਸਹਾਇਤਾ ਪ੍ਰਾਪਤ ਪ੍ਰਾਈਵੇਟ ਕਾਲਜਾਂ ਵਿੱਚ ਲੰਮੇ ਸਮੇਂ ਤੋਂ ਕੰਮ ਕਰਦੇ ਅਨਏਡਿਡ ਨਾਨ ਟੀਚਿੰਗ ਕਰਮਚਾਰੀਆਂ ਨੂੰ ਪਹਿਲ ਦੇ ਆਧਾਰ 'ਤੇ ਪੂਰੇ ਗਰੇਡ 'ਤੇ ਕਵਰਡ ਪੋਸਟਾਂ ਦੇ ਅਧੀਨ ਲਿਆਂਦਾਂ ਜਾਵੇ , ਕਾਲਜਾਂ ਵਿੱਚ ਨਾਨ ਟੀਚਿੰਗ ਸਟਾਫ ਨੂੰ 6ਵੇਂ ਪੇ ਕਮਿਸ਼ਨ ਨੂੰ ਲਾਗੂ ਕਰਨ ਦਾ ਨੋਟੀਫਿਕੇਸ਼ਨ ਜਾਰੀ ਕੀਤਾ ਜਾਵੇ । ਇਸ ਦੇ ਨਾਲ ਹੋਰ ਰਹਿੰਦੀਆਂ ਬਕਾਇਆ ਰਹਿੰਦੀਆਂ ਮੰਗਾਂ 1-12-2011 ਤੋਂ ਸੋਧੇ ਹੋਏ ਗ੍ਰੇਡ-ਪੇ ਦੀ ਨੋਟੀਫਿਕੇਸ਼ਨ ਨੂੰ ਜਾਰੀ ਕਰਨਾ,1-8-2009 ਤੋ ਵਧੀ ਹੋਈ ਦਰ ਨਾਲ ਐਚ.ਆਰ.ਏ,ਮੈਡੀਕਲ ਭੱਤਾ 350 ਤੋਂ 500 ਕਰਨਾ ਦੀ ਨੋਟੀਫਿਕੇਸ਼ਨ ਜਾਰੀ ਕਰਨਾ ,1-1-07 ਤੋਂ 5% ਅੰਤਰਿਮ ਰਾਹਤ ਦਾ ਨੋਟੀਫਿਕੇਸ਼ਨ ਜਾਰੀ ਕਰਨਾ ਆਦਿ ਮੰਗਾਂ ਪਹਿਲ ਦੇ ਆਧਾਰ 'ਤੇ ਪੂਰੀਆਂ ਕੀਤੀਆਂ ਜਾਣ ।ਧਰਨੇ ਨੂੰ ਸੰਬੋਧਨ ਕਰਦਿਆਂ ਬਲਜੀਤ ਸਿੰਘ,ਜੋਧਨ ਸਿੰਘ ਅਤੇ ਸ. ਜਤਿੰਦਰ ਸਿੰਘ ਖਾਲਸਾ ਨੇ ਕਿਹਾ ਕਿ ਪੰਜਾਬ ਸਰਕਾਰ ਪ੍ਰਾਈਵੇਟ ਕਾਲਜਾਂ ਵਿੱਚ ਕੰਮ ਕਰਦੇ ਨਾਨ ਟੀਚਿੰਗ ਇਪਲਾਈਜ਼ ਨਾਲ ਬੇਇਨਸਾਫੀ ਕਰ ਰਹੀ ਹੈ। ਇਸ ਮੌਕੇ ਸ੍ਰੀਮਤੀ ਰਜ਼ਨੀ ਸ਼ਰਮਾ ਅਤੇ ਜਸਪ੍ਰੀਤ ਸਿੰਘ ਨੇ ਕਿਹਾ ਕਿ ਜੇਕਰ ਸਰਕਾਰ ਨੇ ਨਾਨ ਟੀਚਿੰਗ ਕਰਮਚਾਰੀਆਂ ਦੀਆਂ ਹੱਕੀ ਮੰਗਾਂ ਨਾ ਮੰਨੀਆਂ ਤਾਂ ਆਉਣ ਵਾਲੇ ਸਮੇ ਵਿੱਚ ਸੰਘਰਸ਼ ਹੋਰ ਤਿੱਖਾ ਕੀਤਾ ਜਾਵੇਗਾ ।

# ਦਿੱਲੀ-ਜੰਮੂ-ਕਟੜਾ ਐਕਸਪ੍ਰੈੱਸ ਵੇਅ ਵਿਰੁੱਧ ਧਰਨਾ ਲਗਾਤਾਰ ਜਾਰੀ



ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ) -ਕੇਂਦਰ ਸਰਕਾਰ ਵੱਲੋਂ ਭਾਰਤ ਮਾਲਾ ਪਰਿਯੋਜਨਾ ਤਹਿਤ ਬਣਾਏ ਜਾ ਰਹੇ ਦਿੱਲੀ ਜੰਮੂ ਕੱਟੜਾ ਐਕਸਪ੍ਰੈੱਸ ਵੇਅ ਦੇ ਹਲਕਾ ਸ਼ੁਤਰਾਣਾ ਵਿੱਚ ਉਸਾਰੀ ਅਧੀਨ ਹਿੱਸੇ ਨੂੰ ਘੱਗਰ ਦਰਿਆ ਦੇ ਹੜ੍ਹ ਪੀੜਤ ਇਲਾਕੇ ਵਿੱਚ ਪਿੱਲਰਾਂ ਉੱਤੇ ਬਣਾਏ ਜਾਣ ਦੀ ਮੰਗ ਨੂੰ ਲੈ ਕੇ ਪਿਛਲੇ ਕਈ ਦਿਨਾਂ ਤੋਂ ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਦੀ ਅਗਵਾਈ ਵਿੱਚ ਕਈ ਪਿੰਡਾਂ ਦੇ ਕਿਸਾਨ ਧਰਨੇ ਉੱਤੇ ਬੈਠ ਕੇ ਸੰਘਰਸ਼ ਕਰ ਰਹੇ ਹਨ। ਸੰਘਰਸ਼ ਕਰ ਰਹੇ ਕਿਸਾਨਾਂ ਨੂੰ ਮਿਲਣ ਲਈ ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਧਰਨੇ ਵਾਲੀ ਥਾਂ ਉੱਤੇ ਪੁੱਜੇ। ਇਸ ਦੌਰਾਨ ਉਨ੍ਹਾਂ ਵਿਰੋਧ ਵਿੱਚ ਬੈਠੇ ਲੋਕਾਂ ਦਾ ਦੁੱਖ ਸੁਣਨ ਉਪਰੰਤ ਮਾਮਲੇ ਨੂੰ ਲੈ ਕੇ ਜ਼ਿਲ੍ਹਾ ਪ੍ਰਸ਼ਾਸਨ ਅਤੇ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੇ ਧਿਆਨ ਵਿੱਚ ਲਿਆ ਕੇ ਹੱਲ ਕਰਨ ਦਾ ਭਰੋਸਾ ਦਿੱਤਾ। ਇਸ ਦੌਰਾਨ ਇਕੱਤਰ ਕਿਸਾਨਾਂ ਨੇ ਕੇਂਦਰ ਸਰਕਾਰ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕੀਤੀ। ਲੋਕਾਂ ਇਲਜ਼ਾਮ ਲਾਉਂਦਿਆਂ ਕਿਹਾ ਕਿ ਇਲਾਕੇ ਦੇ ਕਈ ਪਿੰਡਾਂ ਦੇ ਲੋਕਾਂ ਵੱਲੋਂ ਪ੍ਰਸ਼ਾਸਨ ਅਤੇ ਕੰਪਨੀ ਨੂੰ ਲਿਖਤੀ ਤੌਰ 'ਤੇ ਵੀ ਦੱਸਿਆ ਸੀ ਕਿ ਘੱਗਰ ਦੇ ਦੋਵੇਂ ਪਾਸੇ ਤਕਰੀਬਨ ਪੰਜ ਕਿਲੋਮੀਟਰ ਤੱਕ ਸੜਕ ਪਿਲਰਾਂ 'ਤੇ ਬਣਵਾਈ ਜਾਵੇ, ਕਿਉਂਕਿ ਇਥੇ 1993 ਵਿੱਚ ਤਬਾਹਕੁੰਨ ਹੜ੍ਹ ਆ ਚੁੱਕਾ ਹੈ, ਜਿਸ ਵਿਚ ਦੋ ਦਰਜਨ ਦੇ ਕਰੀਬ ਮੌਤਾਂ ਵੀ ਹੋਈਆਂ ਸਨ, ਪਰ ਪ੍ਰਸ਼ਾਸਨ ਅਤੇ ਕੰਪਨੀ ਨੇ ਸਾਡੀ ਕੋਈ ਗੱਲ ਨਹੀਂ ਸੁਣੀ ਅਤੇ ਸੜਕ ਬਣਾਉਣ ਦਾ ਕੰਮ ਜਾਰੀ ਰੱਖਿਆ। ਹੁਣ ਹੜ੍ਹਾਂ ਦਾ ਪਾਣੀ ਘਟਦਿਆਂ ਹੀ ਕੰਪਨੀ ਦੁਬਾਰਾ ਕੰਮ ਸ਼ੁਰੂ ਕਰਨ ਜਾ ਰਹੀ ਸੀ, ਜਿਸ ਨੂੰ ਲੈਣ ਕੇ ਕੰਮ ਰੋਕਿਆ ਗਿਆ ਹੈ। ਜਦਕਿ ਉਥੇ ਮੌਜੂਦ ਕੁਝ ਲੋਕਾਂ ਨੇ ਵਿਧਾਇਕ ਵੱਲੋਂ ਹੜ੍ਹ ਸਮੇਂ ਨਾ ਆਉਣ ਦਾ ਉਲਾਂਭਾ ਵੀ ਦਿੱਤਾ।ਵਿਧਾਇਕ ਸੁਤਰਾਣਾ ਕੁਲਵੰਤ ਸਿੰਘ ਬਾਜੀਗਰ ਨੇ ਕਿਹਾ ਕਿ ਹਲਕਾ ਸੁਤਰਾਣਾ ਦੇ ਮੇਰੇ ਪਿੰਡ ਚਿੱਚੜਵਾਲਾ ਸਣੇ ਰਸੌਲੀ, ਕਰਤਾਰਪੁਰ, ਝੀਲ, ਭੂੰਡਥੇਹ, ਸਧਾਰਨਪੁਰ, ਜਲਾਲਪੁਰ, ਅਰਨੇਟੂ, ਤੇਈਪੁਰ, ਸਾਗਰਾ, ਮਤੌਲੀ ਅਤੇ ਕਾਂਗਥਲਾ ਸਮੇਤ ਬਹੁਤਾਤ ਪਿੰਡ ਡੁੱਬਣ ਦਾ ਕਾਰਨ ਉਸਾਰੀ ਅਧੀਨ ਦਿੱਲੀ ਕੱਟੜਾ ਐਕਸਪ੍ਰੈਕਸ ਵੇਅ ਬਣੀ ਹੈ, ਕਿਉਂਕਿ ਇਹ ਸੜਕ ਬਾਰਾਂ ਤੋਂ ਪੰਦਰਾਂ ਫੁੱਟ ਉੱਚੀ ਬਣ ਰਹੀ ਹੈ ਅਤੇ ਇਸਦੇ ਹੇਠਾਂ ਪਾਣੀ ਨਿਕਾਸੀ ਲਈ ਪੂਰਾ ਪ੍ਰਬੰਧ ਨਹੀਂ ਕੀਤਾ ਗਿਆ, ਜਿਸ ਬਾਬਤ ਉਨ੍ਹਾਂ ਵੱਲੋਂ ਡਿਪਟੀ ਕਮਿਸ਼ਨਰ ਪਟਿਆਲਾ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਜਾਣਕਾਰੀ ਦੇ ਦਿੱਤੀ ਗਈ ਹੈ। ਉਨ੍ਹਾਂ ਧਰਨਾ ਦੇ ਰਹੇ ਲੋਕਾਂ ਨੂੰ ਵਿਸ਼ਵਾਸ ਦਿਵਾਇਆ ਕਿ ਉਹ ਇਸ ਸੜਕ ਹੇਠਾਂ ਪਾਣੀ ਨਿਕਾਸੀ ਵਾਸਤੇ ਪੂਰੇ ਪ੍ਰਬੰਧ ਕਰਾਉਣਗੇ ਤਾਂ ਜੁ ਭਵਿੱਖ ਵਿੱਚ ਕਦੇ ਵੀ ਏਨਾ ਨੁਕਸਾਨ ਨਾ ਹੋਵੇ।

## ਡਬਲ ਇੰਜਣ ਸਰਕਾਰ ਘਾਤਕ ਹੈ : ਸੀ ਪੀ ਆਈ

ਮੁਕਤਸਰ (ਸ਼ਮਿੰਦਰਪਾਲ/ਪੂਜਾ) ਮਨੀਪੁਰ ਦੀਆਂ ਘਟਨਾਵਾਂ ਦੀ ਜੜ੍ਹ ਉਪਜੀਵਕਾ ਦੀ ਅਸੁਰੱਖਿਆ ਵਿੱਚ ਹੈ। ਕੁਕੀ ਅਤੇ ਮੈਤਈ ਕਬੀਲੇ, ਇਕੱਠੇ ਹੋ ਕੇ ਉਪਜੀਵਕਾ ਦੀ ਗਰੰਟੀ ਤੇ ਚੰਗੇ ਭਵਿੱਖ ਲਈ, ਇਸ ਮਾੜੇ ਪ੍ਰਬੰਧ ਵਿਰੁੱਧ ਸਾਂਝਾ ਮੋਰਚਾ ਨਾ ਖੋਲ੍ਹ ਦੇਣ, ਇਸ ਲਈ ਮਨੀਪੁਰ ਸਰਕਾਰ ਨੇ ਇਸ ਨਫ਼ਰਤ ਨੂੰ ਭੜਕਾਇਆ ਹੈ। ਇਸ ਕਰਤੂਤ ਪਿੱਛੇ ਕੇਂਦਰ ਦੀ ਭਾਜਪਾ ਸਰਕਾਰ ਦਾ ਥਾਪੜਾ ਕੰਮ ਕਰਦਾ ਹੈ। ਉਹ ਕਬੀਲਿਆਂ ਵਿੱਚ ਨਫ਼ਰਤ ਪੱਕੀ ਪੈਦਾ ਕਰਨ ਲਈ, ਔਰਤਾਂ ਉਤੇ ਨਮੀਨੇ, ਘਿਰਣਤੀ ਹਮਲੇ ਕਰ, ਕਰਾ ਰਹੇ ਹਨ।

ਇਹ ਨਫ਼ਰਤੀ ਮੁਹਿੰਮ ਭਾਜਪਾ ਦੀਆਂ ਨੀਤੀਆਂ ਅਨੁਸਾਰ ਚੱਲ ਰਹੀ ਹੈ। ਦੇਸ ਦੇ ਲੋਕ ਭਾਜਪਾ ਦੀਆਂ ਇਨ੍ਹਾਂ ਨੀਤੀਆਂ ਨੂੰ ਸਮਝਣ ਲੱਗ ਪਏ ਹਨ। ਦੇਸ਼ ਦੇ ਹਰ ਕੋਨੇ ਵਿੱਚੋਂ ਮਨੀਪੁਰ ਦੀਆਂ ਘਟਨਾਵਾਂ, ਖਾਸ ਤੌਰ 'ਤੇ ਔਰਤਾਂ ਨੂੰ ਜਬਰ ਦਾ ਨਿਸ਼ਾਨਾ ਬਣਾਉਣ ਦੀ ਨਿੰਦਾ ਹੋਣੀ ਤੇ ਸਰਕਾਰ ਵਿਰੁੱਧ ਰੋਹ ਦੀ ਆਵਾਜ਼ ਉੱਠਣੀ, ਇਹ ਸਾਬਤ ਕਰਦਾ ਹੈ ਕਿ ਲੋਕ ਵਿਤਕਰੇਬਾਜ਼ੀ ਅਤੇ ਨਾ ਬਰਾਬਰੀ ਵਿਰੁੱਧ ਅੰਗੜਾਈ ਲੈ ਰਹੇ ਹਨ।।

ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸੀ ਪੀ ਆਈ ਦੇ ਜ਼ਿਲ੍ਹਾ ਆਗੂਆਂ ਕਾਮਰੇਡ ਬੋਹੜ ਸਿੰਘ ਸੁਖਨਾ, ਕਾਮਰੇਡ ਬਿੰਦਰ ਸਿੰਘ ਖੂੰਨਣ ਤੇ ਕਾਮਰੇਡ ਜਗਰੂਪ ਸਿੰਘ ਨੇ ਵੱਖ-ਵੱਖ ਪਿੰਡਾਂ ਵਿੱਚ ਭਰਵੀਆਂ ਮੀਟਿੰਗਾਂ ਨੂੰ ਸੰਬੋਧਨ ਕਰਦਿਆਂ ਕੀਤਾ।

# ਸ਼ਹੀਦ ਊਧਮ ਸਿੰਘ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਤ ਜ਼ੋਨ ਪੱਧਰੀ ਮੋਟਰਸਾਈਕਲ ਮਾਰਚ

ਮੋਗਾ (ਅਮਰਜੀਤ ਬੱਬਰੀ) ਨੌਜਵਾਨ ਭਾਰਤ ਸਭਾ ਵੱਲੋਂ ਫ਼ਿਰੋਜ਼ਪੁਰ ਦੇ ਤੂੜੀ ਬਜ਼ਾਰ ਸਥਿਤ ਸ਼ਹੀਦ ਭਗਤ ਸਿੰਘ ਤੇ ਸਾਥੀਆਂ ਦੇ ਇਤਿਹਾਸਕ ਗੁਪਤ ਟਿਕਾਣੇ ਨੂੰ ਯਾਦਗਾਰ ਤੇ ਲਾਇਬ੍ਰੇਰੀ 'ਚ ਵਿਕਸਿਤ ਕਰਾਉਣ ਲਈ ਸ਼ਹੀਦ ਊਧਮ ਸਿੰਘ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਤ ਲੁਧਿਆਣੇ ਸ਼ਹੀਦ ਸੁਖਦੇਵ ਦੇ ਜੱਦੀ ਘਰ, ਸ਼ਹੀਦ ਊਧਮ ਸਿੰਘ ਦੇ ਪਿੰਡ ਸੁਨਾਮ ਅਤੇ ਸ਼ਹੀਦ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦੀ ਸਮਾਧ ਹੁਸੈਨੀਵਾਲਾ ਤੱਕ ਜ਼ੋਨ ਪੱਧਰੀ ਮੋਟਰਸਾਈਕਲ ਮਾਰਚ ਕੀਤੇ ਗਏ, ਜਿੱਥੇ ਨੌਜਵਾਨਾਂ ਨੇ ਸ਼ਹੀਦਾਂ ਦੀਆਂ ਰੁਲ਼ ਰਹੀਆਂ ਯਾਦਗਾਰੀ ਇਮਾਰਤਾਂ ਨੂੰ ਸਾਂਭਣ ਲਈ ਸੰਘਰਸ਼ ਕਰਨ ਦਾ ਪ੍ਰਣ ਲਿਆ। ਨੌਜਵਾਨ ਭਾਰਤ ਸਭਾ 28 ਸਤੰਬਰ ਨੂੰ ਇਸ ਮੰਗ ਨੂੰ ਲੈ ਕੇ ਸੈਰ ਸਪਾਟਾ ਮੰਤਰੀ ਅਨਮੋਲ ਗਗਨ ਮਾਨ ਦੇ ਘਰ ਦਾ ਘਿਰਾਉ ਕਰਨ ਜਾ ਰਹੀ ਹੈ। ਨੌਜਵਾਨ ਭਾਰਤ ਸਭਾ ਦੇ ਸੂਬਾ ਪ੍ਰਧਾਨ ਰੁਪਿੰਦਰ ਚੌਂਦਾ, ਜਨਰਲ ਸਕੱਤਰ ਮੰਗਾ ਅਜ਼ਾਦ, ਸੂਬਾ ਮੀਤ ਪ੍ਰਧਾਨ ਕਰਮਜੀਤ ਮਾਣੂੰਕੇ ਨੇ ਸੰਬੋਧਨ ਕਰਦਿਆਂ ਕਿਹਾ ਕਿ ਸ਼ਹੀਦ ਊਧਮ ਸਿੰਘ ਨੇ ਜਲ੍ਹਿਆਂਵਾਲਾ ਬਾਗ ਦਾ ਬਦਲਾ ਨਹੀਂ ਲਿਆ। ਜਲ੍ਹਿਆਂਵਾਲਾ ਬਾਗ 'ਚ ਗੋਲੀ ਚਲਾਉਣ ਦਾ ਹੁਕਮ ਜਨਰਲ ਡਾਇਰ ਨੇ ਦਿੱਤਾ ਸੀ, ਪਰ ਊਧਮ ਸਿੰਘ ਨੇ ਗੋਲੀ ਮਾਈਕਲ ਓਡਾਇਰ ਦੇ ਮਾਰੀ ਸੀ। ਜਨਰਲ ਡਾਇਰ ਦੀ ਤਨਖਾਹ ਅੱਧੀ ਕਰਕੇ ਇੰਗਲੈਂਡ ਭੇਜ ਦਿੱਤਾ ਗਿਆ ਸੀ, ਜੋ ਆਪਣੀ ਕੁਦਰਤੀ ਮੌਤ ਮਰਿਆ ਸੀ। ਉਨ੍ਹਾਂ ਕਿਹਾ ਕਿ ਊਧਮ ਸਿੰਘ ਬਦਲੇ ਦੀ ਭਾਵਨਾ



ਤੋਂ ਪਾਰ ਸਮਾਜਿਕ ਤਬਦੀਲੀ ਨੂੰ ਪ੍ਰਨਾਇਆ ਹੋਇਆ ਸੀ, ਜੋ ਗਦਰ ਪਾਰਟੀ ਦਾ ਲੰਬਾ ਸਮਾਂ ਤੱਕ ਮੈਂਬਰ ਰਿਹਾ। ਉਹਨ੍ਹਾਂ ਕਿਹਾ ਕਿ ਊਧਮ ਸਿੰਘ ਦੀ ਸ਼ਹਾਦਤ ਨੂੰ ਪੌਣੀ ਸਦੀ ਬੀਤ ਜਾਣ ਦੇ ਬਾਵਜੂਦ ਵੀ ਸਰਕਾਰਾਂ ਊਧਮ ਸਿੰਘ ਦੀ ਅਸਲ ਤਸਵੀਰ ਨਾਲ ਮੇਲ ਖਾਂਦਾ ਬੁੱਤ ਨਹੀਂ ਬਣਾ ਸਕੀਆਂ। ਸਭਾ ਦੇ ਸੂਬਾ ਵਿੱਤ ਸਕੱਤਰ ਨੌਨਿਹਾਲ ਸਿੰਘ ਦੀਪਸਿੰਘਵਾਲਾ, ਦਵਿੰਦਰ ਸਿੰਘ ਛਬੀਲਪੁਰ ਨੇ ਕਿਹਾ ਕਿ ਬ੍ਰਿਟਿਸ਼ ਸਾਮਰਾਜ ਤੋਂ ਦੇਸ਼ ਨੂੰ ਆਜ਼ਾਦ ਕਰਾ ਕੇ ਬਰਾਬਰੀ ਵਾਲਾ ਸਮਾਜ ਸਿਰਜਣ ਲਈ ਸ਼ਹੀਦ ਭਗਤ ਸਿੰਘ ਤੇ ਸਾਥੀਆਂ ਦੀ ਪਾਰਟੀ ਹਿੰਦੁਸਤਾਨ ਸੋਸ਼ਲਿਸਟ ਰਿਪਬਲਿਕਨ ਐਸੋਸੀਏਸ਼ਨ ਨੇ ਫ਼ਿਰੋਜ਼ਪੁਰ ਦੇ ਤੂੜੀ ਬਜ਼ਾਰ ਵਿੱਚ ਆਪਣਾ ਗੁਪਤ ਟਿਕਾਣਾ ਬਣਾਇਆ ਸੀ। ਗੁਪਤ ਟਿਕਾਣੇ ਲਈ ਦੋ ਮੰਜ਼ਲਾ ਇਮਾਰਤ ਕਿਰਾਏ 'ਤੇ ਲਈ ਸੀ। ਭਗਤ ਸਿੰਘ ਦੇ ਦਾੜੀ ਤੇ ਕੇਸ ਇਸੇ ਟਿਕਾਣੇ 'ਤੇ ਕੱਟੇ ਗਏ, ਲਾਲਾ ਲਾਜਪਤ ਰਾਏ ਦੀ ਮੌਤ ਦਾ ਬਦਲਾ ਲੈਣ ਲਈ ਸਾਂਡਰਸ ਨੂੰ ਮਾਰਨ ਦੀ ਵਿਉਂਤਬੰਦੀ ਇੱਥੇ ਹੀ ਘੜੀ ਗਈ। ਇੱਥੇ ਹੀ ਕ੍ਰਾਂਤੀਕਾਰੀ ਏਅਰ ਪਿਸਟਲ ਨਾਲ ਫਾਇਰ ਕਰਕੇ ਨਿਸ਼ਾਨੇਬਾਜ਼ੀ ਸਿੱਖਦੇ ਰਹੇ। ਸ਼ਿਵ ਵਰਮਾ ਨੇ 53 ਕ੍ਰਾਂਤੀਕਾਰੀਆਂ ਦੀਆਂ ਜੀਵਨੀਆਂ ਇੱਥੇ ਬੈਠ ਕੇ ਹੀ ਲਿਖੀਆਂ ਸਨ। ਪਰ ਅੱਜ ਇਤਿਹਾਸਿਕ ਗੁਪਤ ਟਿਕਾਣੇ 'ਤੇ ਕਿਸੇ ਦਾ ਨਜਾਇਜ਼ ਕਬਜ਼ਾ ਹੈ। ਸੈਰ ਸਪਾਟਾ ਮੰਤਰੀ ਅਨਮੋਲ ਗਗਨ ਦੇ ਵਾਰ ਵਾਰ ਮਸਲਾ ਧਿਆਨ 'ਚ ਲਿਆਉਣ ਦੇ ਬਾਵਜੂਦ ਕੋਈ ਗੌਰ ਨਹੀਂ ਕੀਤੀ ਗਈ।

ਨੌਜਵਾਨ ਭਾਰਤ ਸਭਾ ਮੰਗ ਕਰਦੀ ਹੈ ਕਿ ਇਸ ਗੁਪਤ ਟਿਕਾਣੇ ਨੂੰ ਯਾਦਗਾਰ ਤੇ ਲਾਇਬ੍ਰੇਰੀ ਵਿੱਚ ਵਿਕਸਿਤ ਕੀਤਾ ਜਾਵੇ ਨਹੀਂ ਤਾਂ ਸੰਘਰਸ਼ ਨੂੰ ਤੇਜ਼ ਕਰਾਂਗੇ। ਆਗੂਆਂ ਨੇ ਸ਼ਹੀਦ ਸੁਖਦੇਵ ਦਾ ਜੱਦੀ ਘਰ ਜਾਣਬੁੱਝ ਕੇ ਬੰਦ ਕਰਨ, ਹਾਲੇ ਤੱਕ ਵੀ ਸ਼ਹੀਦ ਊਧਮ ਸਿੰਘ ਦੇ ਅਸਲ ਬੁੱਤ ਨਾਲ ਮੇਲ ਖਾਂਦਾ ਬੁੱਤ ਨਾ ਲਗਾ ਸਕਨ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ।

## ਕਾਤਰਾਂ

### ਕਾਨਵੈਂਟ ਸਕੂਲ ਸਿੱਧਵਾਂ ਬੇਟ ਦੇ ਖਿਡਾਰੀਆਂ ਨੇ ਕਰਵਾਈ ਬੱਲੇ-ਬੱਲੇ

ਜਗਰਾਉਂ (ਸੰਜੀਵ ਅਰੋੜਾ)-ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਬੀ. ਬੀ. ਐੱਸ. ਬੀ. ਕਾਨਵੈਂਟ ਸਕੂਲ ਸਿੱਧਵਾਂ ਬੇਟ ਦੇ ਖਿਡਾਰੀਆਂ ਨੇ ਸੈਕਰਡ ਹਾਰਟ ਕਾਨਵੈਂਟ ਸਕੂਲ ਰਾਏਕੋਟ ਵਿਖੇ ਹੋਏ ਖੋ-ਖੋ ਦੇ ਮੁਕਾਬਲਿਆਂ 'ਚ ਆਪਣੀ ਚੰਗੀ ਖੇਡ ਦਾ ਪ੍ਰਦਰਸ਼ਨ ਕਰਦੇ ਹੋਏ ਅੰਡਰ 19 ਟੀਮ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ ਅਤੇ ਇਸੇ ਲੜੀ 'ਚ ਅੰਡਰ 14 ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਇਨ੍ਹਾਂ ਮੁਕਾਬਲਿਆਂ 'ਚ ਅਲੱਗ-ਅਲੱਗ ਨਾਮਵਾਰ ਸਕੂਲਾਂ ਦੇ ਖਿਡਾਰੀਆਂ ਨੇ ਭਾਗ ਲਿਆ। ਖਿਡਾਰੀਆਂ ਦੀ ਇਸ ਉਪਲਬਧੀ 'ਤੇ ਸਕੂਲ ਪ੍ਰਿੰਸੀਪਲ ਮੈਡਮ ਮੋਨਾ ਠਾਕਰ ਨੇ ਸਭ ਖਿਡਾਰੀਆਂ ਅਤੇ ਅਧਿਆਪਕਾਂ ਨੂੰ ਮੁਬਾਰਕਬਾਦ ਦਿੱਤੀ । ਇਸ ਸਮੇਂ ਸਮੂਹ ਮੈਨੇਜਮੈਂਟ ਨੇ ਸਾਰੇ ਅਧਿਆਪਕਾਂ ਅਤੇ ਬੱਚਿਆਂ ਦੀ ਹੌਸਲਾ ਅਫ਼ਜ਼ਾਈ ਕੀਤੀ ਅਤੇ ਬੱਚਿਆਂ ਨੂੰ ਮਿਹਨਤ ਕਰਦੇ ਰਹਿਣ ਅਤੇ ਅਧਿਆਪਕਾਂ ਨੂੰ ਉਨ੍ਹਾਂ ਦਾ ਮਾਰਗ ਦਰਸ਼ਨ ਕਰਦੇ ਰਹਿਣ ਲਈ ਕਿਹਾ।

### ਵਾਤਾਵਰਨ ਦੀ ਸ਼ੁੱਧਤਾ ਲਈ ਲਾਏ ਬੂਟੇ



ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ/ਕੁਲਦੀਪ ਅੱਤਰੀ) ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬਡਬਰ ਵਿਖੇ ਉਪ-ਜ਼ਿਲ੍ਹਾ ਸਿੱਖਿਆ ਅਫਸਰ (ਸੈਕੰਡਰੀ) ਨੈਸ਼ਨਲ ਅਵਾਰਡੀ ਬਰਜਿੰਦਰਪਾਲ ਸਿੰਘ ਦੀ ਰਹਿਨੁਮਾਈ ਹੇਠ ਪ੍ਰਿੰਸੀਪਲ ਤੇ ਸਮੂਹ ਸਟਾਫ ਦੀ ਅਗਵਾਈ ਹੇਠ ਪੌਦੇ ਲਾਉਣ ਦਾ ਕਾਰਜ ਸ਼ੁਰੂ ਕੀਤਾ ਗਿਆ। ਬੁਲਾਰਿਆਂ ਨੇ ਆਖਿਆ ਕਿ ਮੌਜੂਦਾ ਸਮੇਂ ਵਿੱਚ ਮਨੁੱਖ ਵੱਲੋਂ ਆਪਣੀਆਂ ਜ਼ਰੂਰਤਾਂ ਪੂਰੀਆਂ ਕਰਨ ਦੇ ਚੱਲਦਿਆਂ ਗਲੋਬਲ ਵਾਰਮਿੰਗ ਵਧੀ ਹੈ, ਜਿਸ ਕਾਰਨ ਹੁਣ ਵਾਤਾਵਰਨ ਦੀ ਸ਼ੁੱਧਤਾ ਬਣਾਈ ਰੱਖਣ ਲਈ ਵੱਧ ਤੋਂ ਵੱਧ ਬੂਟੇ ਲਾਉਣ ਦੀ ਲੋੜ ਹੈ ਤਾਂ ਜੁ ਅਸੀਂ ਆਪਣੀਆਂ ਆਉਣ ਵਾਲੀਆਂ ਪੀੜ੍ਹੀਆਂ ਲਈ ਸ਼ੁੱਧ ਵਾਤਾਵਰਣ ਕਾਇਮ ਰੱਖ ਸਕੀਏ।

### ਪੱਕੇ ਕੀਤੇ ਅਧਿਆਪਕਾਂ ਨੂੰ ਵੰਡੇ ਨਿਯੁਕਤੀ ਪੱਤਰ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਤਲਵੰਡੀ ਭਾਈ ਦੇ ਸਭ ਤੋਂ ਪੁਰਾਣੇ ਸਰਕਾਰੀ ਪ੍ਰਾਇਮਰੀ ਸਕੂਲ ਛੱਪੜੀਵਾਲਾ ਵਿਖੇ ਪਿਛਲੇ ਕਾਫੀ ਸਮੇਂ ਤੋਂ ਕੱਚੇ ਤੌਰ 'ਤੇ ਅਧਿਆਪਕ ਦੀਆਂ ਸੇਵਾਵਾਂ ਨਿਭਾਅ ਰਹੇ ਵਿਅਕਤੀਆਂ ਨੂੰ ਵੀ ਹੁਣ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਤੇ ਸਿੱਖਿਆ ਵਿਭਾਗ ਦੇ ਵਿਸ਼ੇਸ਼ ਉਪਰਾਲੇ ਨਾਲ ਪੱਕੇ ਤੌਰ 'ਤੇ ਸਰਕਾਰੀ ਅਧਿਆਪਕ ਵਜੋਂ ਨਿਯੁਕਤ ਕੀਤੇ ਜਾਣ ਦੀ ਖੁਸ਼ੀ ਵਿੱਚ ਸਕੂਲ ਦੇ ਸਟਾਫ ਵੱਲੋਂ ਉਨ੍ਹਾਂ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ ਅਤੇ ਉਨ੍ਹਾਂ ਨੂੰ ਨਿਯੁਕਤੀ ਪੱਤਰ ਸੌਂਪੇ ਗਏ। ਇਸ ਮੌਕੇ ਮੁੱਖ ਅਧਿਆਪਕਾ ਨੀਰੂ ਬਜਾਜ, ਸੇਵਾ ਮੁਕਤ ਅਧਿਆਪਕਾ ਸੁਨੀਤਾ ਸਾਂਡਲ, ਸਮਾਜ ਸੇਵੀ ਨੰਬਰਦਾਰ, ਭੁਪਿੰਦਰ ਸਿੰਘ ਭਿੰਦਾ, ਸਕੂਲ ਦੇ ਅਧਿਆਪਕ ਹਰਪ੍ਰੀਤ ਸਿੰਘ, ਦੀਪਕ ਕੁਮਾਰ, ਦੀਵੇਸ਼ ਲੂਨਾ, ਬਲਵਿੰਦਰ ਸਿੰਘ, ਸਿਮਰਨ ਤੇ ਹੋਰ ਵੀ ਸਟਾਫ ਦੇ ਮੈਂਬਰ ਹਾਜ਼ਰ ਸਨ।

### ਲੜਕੀ ਤੋਂ ਫੋਨ ਖੋਹਣ ਵਾਲੇ ਨੌਜਵਾਨਾਂ ਨੂੰ ਲੋਕਾਂ ਨੇ ਦਬੋਚਿਆ



ਮਲੋਟ, (ਗੁਰਮੀਤ ਸਿੰਘ ਮੱਕੜ):-ਅੱਜ ਕੱਲ੍ਹ ਵੱਧ ਰਹੇ ਨਸ਼ਿਆਂ ਕਾਰਨ ਨੌਜਵਾਨ ਨਸ਼ੇ ਦੀ ਪੂਰਤੀ ਲਈ ਲੁੱਟਾਂ ਖੋਹਾਂ ਨੂੰ ਅੰਜਾਮ ਦਿੰਦੇ ਹਨ, ਇਸ ਦੇ ਚੱਲਦੇ ਦਿਨ ਦਿਹਾੜੇ ਇੱਕ ਬੈਂਕ ਵਿਚ ਨਿਕਲ ਕੇ ਫੋਨ ਸੁਣਦੀ ਜਾ ਰਹੀ ਤਾਂ ਇਸ ਲੜਕੀ ਦਾ ਮੋਟਰਸਾਈਕਲ ਸਵਾਰ ਦੋ ਨੌਜਵਾਨ ਮੋਬਾਈਲ ਖੋਹ ਕੇ ਭੱਜਣ ਲੱਗੇ ਤਾਂ ਰੌਲਾ ਪਾਏ ਜਾਣ 'ਤੇ ਇਨ੍ਹਾਂ ਨੌਜਵਾਨਾਂ ਨੂੰ ਲੋਕਾਂ ਨੇ ਦਬੋਚ ਲਿਆ ਅਤੇ ਲੜਕੀ ਸਮੇਤ ਲੋਕਾਂ ਨੇ ਖੂਬ ਛਿੱਤਰ ਪਰੇਡ ਕੀਤੀ ਅਤੇ ਪੁਲਿਸ ਹਵਾਲੇ ਕਰ ਦਿੱਤੇ। ਇਨ੍ਹਾਂ ਨੌਜਵਾਨਾਂ ਨੇ ਮੰਨਿਆ ਕਿ ਉਹ ਨਸ਼ੇ ਦੇ ਆਦੀ ਹਨ। ਥਾਣਾ ਸਿਟੀ ਪੁਲਿਸ ਦੇ ਥਾਣਾ ਮੁਖੀ ਨਵਪ੍ਰੀਤ ਸਿੰਘ ਨੇ ਕਿਹਾ ਕਿ ਇਹ ਚੋਰ ਉਨ੍ਹਾਂ ਦੇ ਹਵਾਲੇ ਕਰ ਦਿੱਤੇ ਹਨ ਅਤੇ ਲੜਕੀ ਵਲੋਂ ਜੋ ਵੀ ਬਿਆਨ ਲਿਖਵਾਏ ਜਾਣਗੇ, ਉਸ ਤਹਿਤ ਕਾਰਵਾਈ ਕੀਤੀ ਜਾਵੇਗੀ।

# ਸਰਕਾਰ ਹੜ੍ਹਾਂ ਕਾਰਨ ਹੋਈ ਤਬਾਹੀ ਦਾ ਮੁਆਵਜ਼ਾ ਜਲਦ ਜਾਰੀ ਕਰੇ : ਜੱਗਾ



ਜਗਰਾਉਂ (ਸੰਜੀਵ ਅਰੋੜਾ)-ਪੰਜਾਬ ਪ੍ਰਦੇਸ਼ ਕਾਂਗਰਸ ਦੇ ਸੱਦੇ 'ਤੇ ਵਿਧਾਨ ਸਭਾ ਹਲਕਾ ਜਗਰਾਉਂ ਦੇ ਕਾਂਗਰਸੀਆਂ ਵੱਲੋਂ ਹੜ੍ਹਾਂ ਕਾਰਨ ਹੋਈ ਤਬਾਹੀ ਦਾ ਮੁਆਵਜ਼ਾ ਸਰਕਾਰ ਤੋਂ ਜਲਦ ਜਾਰੀ ਕਰਨ ਦੀ ਮੰਗ ਕੀਤੀ। ਬਲਾਕ ਦਿਹਾਤੀ ਦੇ ਪ੍ਰਧਾਨ ਨਵਦੀਪ ਸਿੰਘ ਗਰੇਵਾਲ ਦੀ ਅਗਵਾਈ 'ਚ ਇਕੱਠੇ ਹੋਏ ਕਾਂਗਰਸੀਆਂ ਨੇ ਤਹਿਸੀਲਦਾਰ ਨੂੰ ਮੰਗ ਪੱਤਰ ਸੌਂਪਿਆ, ਜਿਸ 'ਚ ਉਨ੍ਹਾਂ ਜਲਦ ਮੁਆਵਜ਼ੇ ਦੀ ਮੰਗ ਕੀਤੀ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਹਲਕਾ ਇੰਚਾਰਜ ਜਗਤਾਰ ਸਿੰਘ ਜੱਗਾ ਹਿੱਸੋਵਾਲ ਸਾਬਕਾ ਵਿਧਾਇਕ ਨੇ ਕਿਹਾ ਕਿ ਪੰਜਾਬ 'ਚ ਆਏ ਭਿਆਨਕ ਹੜ੍ਹਾਂ ਕਾਰਨ ਪੂਰੇ ਸੂਬੇ 'ਚ ਜੋ ਤਬਾਹੀ ਹੋਈ ਹੈ, ਉਸ ਸਾਰੇ ਨੁਕਸਾਨ ਦੀ ਭਰਪਾਈ ਲਈ ਸਰਕਾਰ ਵੱਲੋਂ ਤੁਰੰਤ ਰਾਹਤ ਦੀ ਲੋੜ ਹੈ। ਉਨ੍ਹਾ ਕਿਹਾ ਕਿ ਸੂਬੇ ਅੰਦਰ 5 ਲੱਖ ਏਕੜ 'ਚ ਫ਼ਸਲਾਂ ਪੂਰੀ ਤਰ੍ਹਾਂ ਤਬਾਹ ਹੋ ਗਈਆਂ ਹਨ, ਜਿਸ ਨਾਲ ਕਿਸਾਨ ਦਾ ਭਾਰੀ ਨੁਕਸਾਨ ਹੋਇਆ ਹੈ। ਉਨ੍ਹਾਂ ਪ੍ਰਭਾਵਿਤ ਹੋਏ ਕਿਸਾਨਾਂ ਨੂੰ ਘੱਟੋ-ਘੱਟ 50 ਹਜ਼ਾਰ ਰੁਪਏ ਪ੍ਰਤੀ ਏਕੜ ਮੁਆਵਜ਼ੇ ਦੀ ਮੰਗ ਕੀਤੀ ਅਤੇ ਜਿਨ੍ਹਾਂ ਦੇ ਘਰ ਨੁਕਸਾਨ ਗਏ ਹਨ, ਉਨ੍ਹਾਂ ਨੂੰ 5 ਲੱਖ ਰੁਪਏ ਦੀ ਵਿੱਤੀ ਸਹਾਇਤਾ ਦਿੱਤੀ ਜਾਵੇ। ਉਨ੍ਹਾ ਕਿਹਾ ਕਿ ਸਰਕਾਰ ਜ਼ਖ਼ਮੀ ਹੋਏ ਲੋਕਾਂ ਨੂੰ 5 ਲੱਖ ਪ੍ਰਤੀ ਵਿਅਕਤੀ ਅਤੇ ਜਿਨ੍ਹਾਂ ਪਰਵਾਰਾਂ ਦੇ ਮੁਖੀ ਦੀ ਮੌਤ ਹੋਈ ਹੈ, ਉਨ੍ਹਾਂ ਨੂੰ 10 ਲੱਖ ਦਿੱਤੇ ਜਾਣ ਅਤੇ ਜਿਨ੍ਹਾਂ ਦੁਕਾਨਦਾਰਾਂ ਦਾ ਭਾਰੀ ਨੁਕਸਾਨ ਹੋਇਆ ਹੈ, ਉਨ੍ਹਾਂ ਨੂੰ 2 ਲੱਖ ਰੁਪਏ ਦੀ ਵਿੱਤੀ ਸਹਾਇਤਾ ਦਿੱਤੀ ਜਾਵੇ। ਉਨ੍ਹਾਂ ਆਖਿਆ ਕਿ ਜਿਨ੍ਹਾਂ ਦੇ ਪਸ਼ੂ ਇਸ ਕੁਦਰਤੀ ਆਫ਼ਤ 'ਚ ਮਾਰੇ ਗਏ ਹਨ, ਉਸ ਮਾਲਕ ਨੂੰ 50 ਹਜ਼ਾਰ ਰੁਪਏ ਦਿੱਤੇ ਜਾਣ। ਇਸ ਮੌਕੇ ਸਰਪੰਚ ਸਰਬਜੀਤ ਸਿੰਘ ਸ਼ੇਰਪੁਰ ਕਲਾਂ, ਪਰਾਸ਼ਰ ਦੇਵ ਸ਼ਰਮਾ, ਸਰਪੰਚ ਨਿਰਮਲ ਸਿੰਘ ਡੱਲਾ, ਸਰਪੰਚ ਬਲਵੀਰ ਸਿੰਘ ਮਲਕ, ਸਰਪੰਚ ਸ਼ੇਰ ਸਿੰਘ, ਜਸਦੇਵ ਸਿੰਘ ਕਾਉਂਕੇ, ਦੇਵੀ ਦਿਆਲ, ਸਰਪੰਚ ਗੁਰਪ੍ਰੀਤ ਸਿੰਘ ਗਾਲਿਬ ਖੁਰਦ, ਹਰਦੀਪ ਜੱਸੀ ਪ੍ਰਧਾਨ ਬੀ. ਸੀ. ਵਿੰਗ, ਸਤਿੰਦਰਜੀਤ ਸਿੰਘ ਤਤਲਾ, ਕੁਲਦੀਪ ਸਿੰਘ, ਦਰਸ਼ਨ ਸਿੰਘ, ਬਲਾਕ ਸੰਮਤੀ ਮੈਂਬਰ ਭਵਨਜੀਤ ਸਿੰਘ ਕਮਾਲਪੁਰਾ, ਮਨਜੀਤ ਸਿੰਘ ਧਾਲੀਵਾਲ, ਅੰਮ੍ਰਿਤਪਾਲ ਸਿੰਘ, ਤੇਜਿੰਦਰ ਸਿੰਘ ਪੰਚ, ਰਾਮ ਸਿੰਘ, ਪ੍ਰਧਾਨ ਭੋਲਾ ਸਿੰਘ ਤੇ ਨਰੇਸ਼ ਘੈਂਟ ਆਦਿ ਹਾਜ਼ਰ ਸਨ।

## ਯੂਰੀਆ ਨਾਲ ਬੇਲੋੜੀਆਂ ਵਸਤਾਂ ਦੇਣ 'ਤੇ ਹੋਵੇਗੀ ਸਖ਼ਤ ਕਾਰਵਾਈ : ਮੁੱਖ ਖੇਤੀਬਾੜੀ ਅਫ਼ਸਰ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)-ਗੁਰਪ੍ਰੀਤ ਸਿੰਘ, ਮੁੱਖ ਖੇਤੀਬਾੜੀ ਅਫ਼ਸਰ ਵੱਲੋਂ ਸਾਉਣੀ ਦੇ ਸੀਜ਼ਨ ਨੂੰ ਮੁੱਖ ਰੱਖਦੇ ਹੋਏ ਵੱਖ ਵੱਖ ਬਲਾਕਾਂ ਦੇ ਸਮੂਹ ਖਾਦ ਵਿਕਰੇਤਾਵਾਂ ਨਾਲ ਅਹਿਮ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ। ਇਨ੍ਹਾਂ ਮੀਟਿੰਗਾਂ ਦੌਰਾਨ ਉਨ੍ਹਾਂ ਸਮੂਹ ਖਾਦ ਡੀਲਰਾਂ ਨੂੰ ਹਦਾਇਤ ਕੀਤੀ ਕਿ ਕਿਸਾਨਾਂ ਨੂੰ ਯੂਰੀਆਂ ਖਾਦ ਸਮੇਂ ਸਿਰ ਦਿੱਤੀ ਜਾਵੇ। ਉਨ੍ਹਾਂ ਸਮੂਹ ਡੀਲਰਾਂ ਨੂੰ ਕਿਹਾ ਕਿ ਕਿਸੇ ਵੀ ਕਿਸਾਨ ਨੂੰ ਯੂਰੀਆ ਖਾਦ ਦੀ ਖਰੀਦ ਸਮੇਂ ਕੋਈ ਅਣਚਾਹੀ ਖੇਤੀ ਸਮੱਗਰੀ ਨਾ ਦਿੱਤੀ ਜਾਵੇ, ਕਿਸਾਨਾਂ ਵੱਲੋਂ ਖੇਤੀ ਇਨਪੁਟਸ ਖਰੀਦਣ ਸਮੇਂ ਪੱਕਾ ਬਿੱਲ ਦਿੱਤਾ ਜਾਵੇ, ਬਿੱਲ ਉਪਰ ਕਿਸਾਨ ਦਾ ਨਾਂਅ, ਪਿੰਡ ਤੇ ਮੋਬਾਇਲ ਨੰਬਰ ਲਿਖਿਆ ਜਾਵੇ। ਖਾਦ ਦੀ ਵਿਕਰੀ ਨਿਰਧਾਰਤ ਰੇਟਾਂ 'ਤੇ ਕੀਤੀ ਜਾਵੇ, ਖਾਦ ਦਾ ਭੰਡਾਰਨ ਸਿਰਫ਼ ਮਨਜ਼ੂਰਸ਼ੁਦਾ ਗੁਦਾਮ ਵਿੱਚ ਹੀ ਕੀਤਾ ਜਾਵੇ, ਸਟਾਕ ਰਜਿਸਟਰ ਅਤੇ ਸਟਾਕ ਬੋਰਡ ਹਦਾਇਤਾਂ ਅਨੁਸਾਰ ਭਰਿਆ ਜਾਵੇ। ਚੈਕਿੰਗ ਦੌਰਾਨ ਜੇਕਰ ਕਿਸੇ ਵੀ ਡੀਲਰ ਦੀ ਇਸ ਸਬੰਧ ਵਿੱਚ ਕੋਈ ਊਣਤਾਈ ਪਾਈ ਜਾਂਦੀ ਹੈ ਤਾਂ ਸਬੰਧਤ ਡੀਲਰ ਖਿਲਾਫ ਐਕਟ ਅਨੁਸਾਰ ਬਣਦੀ ਕਾਨੂੰਨੀ ਕਾਰਵਾਈ ਤੁਰੰਤ ਅਮਲ ਵਿੱਚ ਲਿਆਂਦੀ ਜਾਵੇਗੀ। ਉਨ੍ਹਾਂ ਸਮੂਹ ਕਿਸਾਨ ਵੀਰਾਂ ਨੂੰ ਅਪੀਲ ਕੀਤੀ ਕਿ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਲਾਏ ਜਾ ਰਹੇ ਕਿਸਾਨ ਸਿਖਲਾਈ ਕੈਂਪਾਂ ਦੌਰਾਨ ਦਿੱਤੀ ਜਾ ਰਹੀ ਜਾਣਕਾਰੀ ਅਨੁਸਾਰ ਸਿਫਾਰਸ ਕੀਤੀ ਯੂਰੀਆ ਖਾਦ ਹੀ ਫਸਲ ਨੂੰ ਪਾਈ ਜਾਵੇ।

# ਲੌਂਗੋਵਾਲ 'ਚ 50 ਮੈਂਬਰੀ ਨਸ਼ਾ ਰੋਕੋ ਐਕਸ਼ਨ ਕਮੇਟੀ ਦਾ ਗਠਨ

ਲੌਂਗੋਵਾਲ, (ਪ੍ਰਦੀਪ ਸਿੰਘ ਸੱਪਲ/ਕੁਲਦੀਪ ਅੱਤਰੀ) ਨਿਰੰਕਾਰੀ ਭਵਨ ਵਿਖੇ ਇਲਾਕੇ ਦੀਆਂ ਵੱਖ-ਵੱਖ ਜਨਤਕ ਜਮਹੂਰੀ ਜਥੇਬੰਦੀਆਂ, ਸੰਸਥਾਵਾਂ ਸਮਾਜ ਸੇਵੀ ਸੰਸਥਾਵਾਂ, ਪਤਵੰਤਿਆਂ ਤੇ ਆਮ ਲੋਕਾਂ ਵੱਲੋਂ ਨਸ਼ੇ ਦੇ ਖ਼ਾਤਮੇ ਲਈ ਵਿਸ਼ੇਸ਼ ਮੀਟਿੰਗ ਕੀਤੀ ਗਈ ਤੇ ਇਸ ਸਮੇਂ 50 ਮੈਂਬਰੀ ਨਸ਼ਾ ਰੋਕੂ ਐਕਸ਼ਨ ਕਮੇਟੀ ਦਾ ਗਠਨ ਵੀ ਕੀਤਾ ਗਿਆ। ਇਸ ਮੌਕੇ ਕਸਬੇ ਦੇ ਨੰਬਰਦਾਰ, ਕੌਂਸਲਰਾਂ, ਨੌਜਵਾਨਾਂ, ਔਰਤਾਂ, ਮਰਦਾਂ, ਕਿਸਾਨ ਮਜ਼ਦੂਰ ਜਥੇਬੰਦੀਆਂ ਤੇ ਬਜ਼ਾਰ ਦੇ ਦੁਕਾਨਦਾਰਾਂ ਨੇ ਭਰਵੀਂ ਸ਼ਮੂਲੀਅਤ ਕੀਤੀ। ਮੀਟਿੰਗ ਦੌਰਾਨ ਕਸਬੇ ਦੇ ਲੋਕਾਂ ਨੂੰ ਨਸ਼ਿਆਂ ਖਿਲਾਫ਼ ਜਾਗਰੂਕ ਕਰਨ ਲਈ ਮਾਰਚ ਕੱਢਣ ਦਾ ਫੈਸਲਾ ਵੀ ਕੀਤਾ ਗਿਆ, ਜੋ 13 ਅਗਸਤ ਨੂੰ ਸਵੇਰੇ 8 ਵਜੇ ਗੁੱਗਾ ਮਾੜੀ ਤੋਂ ਸ਼ੁਰੂ ਕੀਤਾ ਜਾਵੇਗਾ। ਇਸ ਮੌਕੇ ਤਰਕਸ਼ੀਲ ਸੁਸਾਇਟੀ ਦੇ ਆਗੂ ਕਮਲਜੀਤ ਸਿੰਘ ਵਿੱਕੀ, ਜੁਝਾਰ ਸਿੰਘ, ਤਹਿਸੀਲ ਲੌਂਗੋਵਾਲ ਦੇ ਨੰਬਰਦਾਰ ਯੂਨੀਅਨ ਦੇ ਪ੍ਰਧਾਨ ਪਰਮਜੀਤ ਸਿੰਘ, ਅਵਤਾਰ ਸਿੰਘ, ਮਣੀ ਸਿੰਘ ਨੰਬਰਦਾਰ, ਕਿਰਤੀ ਕਿਸਾਨ ਯੂਨੀਅਨ ਦੇ ਸਿੰਦਾ ਸਿੰਘ, ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਰਣਜੀਤ ਸਿੰਘ, ਕਿਸਾਨ ਯੂਨੀਅਨ ਏਕਤਾ ਆਜਾਦ ਦੇ ਕਰਨੈਲ ਸਿੰਘ, ਅਮਰ ਸਿੰਘ, ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਲਖਵੀਰ ਸਿੰਘ, ਕਿਸਾਨ ਯੂਨੀਅਨ ਡਕੌਂਦਾ ਦੇ ਗੁਰਮੇਲ ਸਿੰਘ, ਕੌਂਸਲਰ ਗੁਰਮੀਤ ਸਿੰਘ ਲੱਲੀ,



ਕੌਂਸਲਰ ਬਲਵਿੰਦਰ ਸਿੰਘ ਕਾਲਾ, ਕੌਂਸਲਰ ਗੁਰਮੀਤ ਸਿੰਘ ਫ਼ੌਜੀ, ਗੁਰਮੇਲ ਸਿੰਘ ਚੋਟੀਆਂ, 'ਆਪ' ਆਗੂ ਕਮਲ ਬਰਾੜ, ਹਰਜੀਤ ਸਿੰਘ ਪ੍ਰਧਾਨ ਟੈਕਸੀ ਸਟੈਂਡ, ਬਲਕਾਰ ਦੁੱਲਟ, ਪੰਮੀ ਅੰਬੇਦਕਰ ਮੰਚ ਲੌਂਗੋਵਾਲ, ਸਤਿਗੁਰ ਸਿੰਘ ਯੋਗ ਅਚਾਰੀਆ, ਖੁਸ਼ਪ੍ਰੀਤ ਕੌਰ, ਭੋਲੀ ਕੌਰ, ਬਲਵਿੰਦਰ ਕੌਰ, ਬਿੱਟਾ ਸਿੰਘ ਮਿਸਤਰੀ, ਕੁਲਵੀਰ ਸਿੰਘ, ਹਰਨੈਬ ਸਿੰਘ ਪਿੰਡੀ ਕੇਹਰ ਸਿੰਘ ਵਾਲੀ, ਹਰਵਿੰਦਰ ਸਿੰਘ ਢੀਂਡਸਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਇਲਾਕੇ ਦੇ ਲੋਕ ਮੌਜੂਦ ਸਨ। ਸਟੇਜ ਸਕੱਤਰ ਦੀ ਕਾਰਵਾਈ ਮਜ਼ਦੂਰ ਆਗੂ ਪ੍ਰਿਥੀ ਸਿੰਘ ਲੌਂਗੋਵਾਲ ਨੇ ਬਾਖੂਬੀ ਨਿਭਾਈ।

# ਭਾਰਤੀ ਕਿਸਾਨ ਯੂਨੀਅਨ (ਦੋਆਬਾ) ਦੇ ਪ੍ਰਧਾਨ ਮਨਜੀਤ ਰਾਏ ਸਨਮਾਨਤ

ਸਮਰਾਲਾ, (ਸੁਰਜੀਤ ਸਿੰਘ)-ਭਾਰਤੀ ਕਿਸਾਨ ਯੂਨੀਅਨ (ਦੋਆਬਾ) ਦੇ ਪ੍ਰਧਾਨ ਮਨਜੀਤ ਸਿੰਘ ਰਾਏ ਨੂੰ ਕਿਸਾਨਾਂ ਅਤੇ ਦੱਬੇ ਕੁਚਲੇ ਲੋਕਾਂ ਦੇ ਮਾਮਲੇ ਚੁੱਕਣ ਅਤੇ ਉਨ੍ਹਾਂ ਦੇ ਹੱਕਾਂ ਲਈ ਅਵਾਜ਼ ਬੁਲੰਦ ਕਰਕੇ ਸਰਕਾਰੇ ਦਰਬਾਰੇ ਪਹੁੰਚਾਉਣ ਬਦਲੇ ਉਨ੍ਹਾਂ ਦੇ ਚਹੇਤੇ ਵਰਕਰਾਂ ਨੇ ਜਸਬੀਰ ਸਿੰਘ ਮੱਕੜ ਖਜ਼ਾਨਚੀ ਦੇ ਘਰ ਬੁਲਾ ਕੇ ਸਨਮਾਨਤ ਕੀਤਾ। ਉਨ੍ਹਾ ਨਾਲ ਆਏ ਜਥੇਬੰਦਕ ਅਗੂਆਂ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਜ਼ਿਲ੍ਹਾ ਲੁਧਿਆਣਾ ਦੇ ਪ੍ਰਧਾਨ ਬਲਬੀਰ ਸਿੰਘ ਖੀਰਨੀਆਂ ਅਤੇ ਜਸਬੀਰ ਸਿੰਘ ਮੱਕੜ ਖਜ਼ਾਨਚੀ ਨੇ ਕਿਹਾ ਕਿ ਭਾਰਤੀ ਕਿਸਾਨ ਯੂਨੀਅਨ (ਦੋਆਬਾ) ਪ੍ਰਧਾਨ ਮਨਜੀਤ ਸਿੰਘ ਰਾਏ ਦੀ ਰਹਿਨੁਮਾਈ ਹੇਠ ਕਿਸਾਨਾਂ ਅਤੇ ਸਮਾਜ ਦੇ ਹੋਰ ਦੱਬੇ-ਕੁਚਲੇ ਲੋਕਾਂ ਦੀ ਅਵਾਜ਼ ਬੁਲੰਦ ਕਰਦੀ ਹੈ। ਇਸ ਮੌਕੇ ਮਨਜੀਤ ਸਿੰਘ ਰਾਏ ਪ੍ਰਧਾਨ ਭਾਰਤੀ ਕਿਸਾਨ ਯੂਨੀਅਨ (ਦੋਆਬਾ) ਨੇ ਹਾਜ਼ਰ ਜਥੇਬੰਦੀ ਦੇ ਵਰਕਰਾਂ ਨੂੰ ਅਪੀਲ ਕੀਤੀ ਜਿ ਉਹ ਜਥੇਬੰਦੀ ਨੂੰ ਤਕੜੀ ਕਰਨ। ਉਨ੍ਹਾਂ ਕਿਹਾ ਕਿ ਜੇਕਰ ਜਥੇਬੰਦੀ ਮਜ਼ਬੂਤ ਹੋਵੇਗੀ ਤਾਂ ਹੀ ਭਾਰਤੀ ਕਿਸਾਨ ਯੂਨੀਅਨ (ਦੋਆਬਾ) ਲੋਕ ਹਿਤਾਂ ਲਈ ਸਰਕਾਰ ਨਾਲ ਆਢਾ ਲੈ ਸਕੇਗੀ। ਜਸਬੀਰ ਸਿੰਘ ਮੱਕੜ ਨੇ ਕਿਹਾ ਕਿ ਉਹ ਜਥੇਬੰਦੀ ਦੀ ਮਜ਼ਬੂਤੀ ਲਈ ਕਾਫੀ ਸਾਲਾਂ ਤੋਂ ਕੰਮ



ਕਰ ਰਿਹਾ ਹੈ। ਉਨ੍ਹਾ ਕਿਹਾ ਕਿਸਾਨ ਯੂਨੀਅਨ (ਦੋਆਬਾ) ਹੀ ਇੱਕ ਅਜਿਹੀ ਜਥੇਬੰਦੀ ਹੈ ਜੋ ਮਨਜੀਤ ਸਿੰਘ ਰਾਏ ਦੀ ਰਹਿਨੁਮਾਈ 'ਚ ਲੋਕਾਂ ਦੀ ਨਿਸ਼ਕਾਮ ਸੇਵਾ ਕਰਦੀ ਹੈ। ਇਸ ਮੌਕੇ ਇੰਦਰਵੀਰ ਸਿੰਘ ਕਾਦੀਆਂ ਪ੍ਰਧਾਨ ਮਾਲਵਾ ਜ਼ੋਨ (ਪੰਜਾਬ), ਹਰਭਜਨ ਸਿੰਘ ਬਾਜਵਾ ਮੀਤ ਪ੍ਰਧਾਨ ਪੰਜਾਬ, ਬਿੰਦਰ ਭਾਜੀ ਫਰਾਲਾ ਅਤੇ ਜਰਨੈਲ ਸਿੰਘ ਜਨਰਲ ਸਕੱਤਰ ਸਮਰਾਲਾ ਬਲਾਕ ਉਚੇਚੇ ਤੌਰ 'ਤੇ ਪਹੁੰਚੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬਲਬੀਰ ਸਿੰਘ ਖੀਰਨੀਆਂ ਪ੍ਰਧਾਨ ਜ਼ਿਲ੍ਹਾ ਲੁਧਿਆਣਾ, ਜਸਬੀਰ ਸਿੰਘ ਮੱਕੜ ਖਜ਼ਾਨਚੀ, ਹਰਜੀਤ ਸਿੰਘ ਸੋਨੂੰ ਮੱਕੜ, ਜੇ ਪੀ ਮੱਕੜ, ਸਤਨਾਮ ਸਿੰਘ ਮੱਕੜ, ਭਜਨ ਸਿੰਘ ਬਾਜਵਾ ਮੀਤ ਪ੍ਰਧਾਨ, ਸਿਮਰਨਜੀਤ ਸਿੰਘ ਜਿੰਮੀ, ਸੰਨੀ ਦੂਆ ਸ਼ਹਿਰੀ ਪ੍ਰਧਾਨ ਕਾਂਗਰਸ, ਬਿੱਟੂ ਬੇਦੀ, ਗੋਗਾ ਸਮਰਾਲਾ ਹਾਜ਼ਰ ਸਨ।

# 'ਆਪ' ਨੇ ਮਨਾਇਆ ਤੀਆਂ ਦਾ ਮੇਲਾ

ਮਾਛੀਵਾੜਾ ਸਾਹਿਬ (ਜਗਦੀਸ਼ ਰਾਏ, ਸ਼ੈਂਕੀ ਸ਼ਰਮਾ) ਤੀਆਂ ਦਾ ਮੇਲਾ ਆਮ ਆਦਮੀ ਪਾਰਟੀ ਦੀ ਮਹਿਲਾ ਵਿੰਗ ਬਲਾਕ ਮਾਛੀਵਾੜਾ ਸਾਹਿਬ ਵੱਲੋਂ ਬੜੀ ਹੀ ਧੂਮ-ਧਾਮ ਨਾਲ ਮਨਾਇਆ ਗਿਆ। ਮੇਲੇ ਦਾ ਉਦਘਾਟਨ ਕਰਨ ਹਲਕਾ ਸਮਰਾਲਾ ਦੇ ਵਿਧਾਇਕ ਜਗਤਾਰ ਸਿੰਘ ਦਿਆਲਪੁਰ, ਪਿੰਦਰਜੀਤ ਕੌਰ ਧਰਮ ਪਤਨੀ ਐਮ.ਐਲ.ਏ ਤੇ ਬਲਾਕ ਪ੍ਰਧਾਨ ਸੁਖਵਿੰਦਰ ਸਿੰਘ ਗਿੱਲ ਉਚੇਚੇ ਤੌਰ 'ਤੇ ਪਹੁੰਚੇ। ਤੀਆਂ ਦੇ ਮੇਲੇ ਮੌਕੇ ਐਮ.ਐਲ.ਏ ਧਰਮ ਪਤਨੀ ਪਿੰਦਰਜੀਤ ਕੌਰ ਤੇ ਬੀਬੀ ਗੁਰਮੀਤ ਕੌਰ ਗਿੱਲ ਹਲਕਾ ਕੋਆਰਡੀਨੇਟਰ ਮਹਿਲਾ ਵਿੰਗ ਨੇ ਦੱਸਿਆ ਕਿ ਜਦੋਂ ਕੁੜੀਆਂ ਸਾਵਣ ਦੇ ਮਹੀਨੇ 'ਚ ਪੇਕੇ ਘਰ ਛੁੱਟੀਆਂ ਕੱਟਣ ਆਉਂਦੀਆਂ ਸਨ, ਤਾਂ ਸਾਰੀਆਂ ਸਹੇਲੀਆਂ ਪਿੰਡਾਂ ਦੀ ਸਾਂਝੀ ਜਗ੍ਹਾ 'ਤੇ ਇਕੱਠੀਆਂ ਹੋ ਕੇ ਰਲ-ਮਿਲ ਕੇ ਚੂੜੀਆਂ ਪਾਉਂਦੀਆਂ, ਪੀਂਘਾਂ ਝੂਟਦੀਆਂ, ਗਿੱਧਾ ਪਾਉਂਦੀਆਂ



ਪੂਰਾ ਮੌਜ ਮਸਤੀ ਕਰਦੀਆਂ ਸਨ। ਆਪਣੇ ਵਿਰਸੇ ਨੂੰ ਸੰਭਾਲ ਕੇ ਰੱਖਣ ਲਈ ਇਸ ਤਰ੍ਹਾਂ ਦੇ ਤਿਉਹਾਰ ਜਿਹੜੇ ਅਲੋਪ ਹੁੰਦੇ ਜਾ ਰਹੇ ਹਨ, ਨੂੰ ਮਨਾਉਣਾ ਜ਼ਰੂਰੀ ਹੈ ਤਾਂ ਜੁ ਪੰਜਾਬੀ ਸੱਭਿਆਚਾਰ ਨੂੰ ਕਾਇਮ ਰੱਖ ਸਕੀਏ। ਸਟੇਜ ਸੈਕਟਰੀ ਦੀ ਭੂਮਿਕਾ ਮੀਨਾ ਰਾਣੀ ਨੇ ਨਿਭਾਈ। ਇਸ ਮੌਕੇ ਵਾਰਡ ਨੰ. 7 ਤੋਂ ਸਾਬਕਾ ਕੌਂਸਲਰ ਬਿਮਲਾ ਦੇਵੀ, ਬਲਜਿੰਦਰ ਕੌਰ, ਚਰਨਜੀਤ ਕੌਰ, ਸੁਸ਼ਮਾ ਰਾਣੀ, ਨਿਰਮਲ ਕੌਰ, ਅਨਮੋਲ ਕੌਰ, ਸਰੋਜ ਰਾਣੀ, ਕਮਲਜੀਤ ਕੌਰ, ਰਮਨ ਕੌਰ, ਰਿੰਪੀ ਬੌਂਦਲੀ ਤੇ ਹੋਰ ਸ਼ਾਮਲ ਸਨ।

## ਬੇਸਹਾਰਾ ਗਊਧਨ ਦੇ ਮਸਲੇ ਸੰਬੰਧੀ ਪੰਜਾਬ ਗਊਸ਼ਾਲਾ ਮਹਾਂਸੰਘ ਵੱਲੋਂ ਵਿਚਾਰ-ਗੋਸ਼ਟੀ



ਖੰਨਾ (ਸੁਖਵਿੰਦਰ ਸਿੰਘ ਭਾਦਲਾ, ਪਰਮਿੰਦਰ ਸਿੰਘ ਮੋਨੂੰ)-ਪੰਜਾਬ ਭਰ ਵਿੱਚ ਵਿਕਰਾਲ ਰੂਪ ਧਾਰ ਚੁੱਕੀ ਬੇਸਹਾਰਾ ਗਊਧਨ ਦੀ ਸਮੱਸਿਆ ਦਾ ਪੰਜਾਬ ਸਰਕਾਰ ਵੱਲੋਂ ਹੱਲ ਕੀਤੇ ਜਾਣ ਨੂੰ ਲੈ ਕੇ ਪੰਜਾਬ ਗਊਸ਼ਾਲਾ ਮਹਾਂਸੰਘ ਵੱਲੋਂ ਸੂਬਾ ਜਨਰਲ ਸਕੱਤਰ ਡਾ. ਭਗਵਾਨ ਸਿੰਘ ਦੀ ਅਗਵਾਈ ਹੇਠ ਵਿਸ਼ਾਲ ਵਿਚਾਰ ਗੋਸ਼ਟੀ ਕੀਤੀ ਗਈ, ਜਿਸ ਵਿੱਚ ਇਲਾਕੇ ਦੀਆਂ ਵੱਖ-ਵੱਖ ਸਮਾਜਸੇਵੀ ਸੰਸਥਾਵਾਂ ਦੇ ਆਗੂਆਂ, ਗਊ ਰੱਖਿਅਕਾਂ ਅਤੇ ਬੁੱਧੀਜੀਵੀਆਂ ਵੱਲੋਂ ਸ਼ਮੂਲੀਅਤ ਕੀਤੀ ਗਈ। ਇਸ ਦੌਰਾਨ ਗਊਸ਼ਾਲਾ ਮਹਾਂਸੰਘ ਦੇ ਸੂਬਾ ਪ੍ਰਧਾਨ ਸ਼ਿੰਗਾਰਾ ਸਿੰਘ ਬੈਂਸ ਵੱਲੋਂ ਵੀ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ ਗਈ। ਇਸ ਮੌਕੇ ਸਮਾਜ ਸੇਵੀ ਅਨੁਜ ਛਾਹੜੀਆ, ਸੰਤ ਬਾਬਾ ਕਰਨੈਲ ਸਿੰਘ ਤੇ ਚੰਦਨ ਨੇਗੀ ਵੱਲੋਂ ਗਊਧਨ ਦੀ ਸੰਭਾਲ ਸਬੰਧੀ ਆਪੋ ਆਪਣੇ ਵਿਚਾਰ ਰੱਖੇ ਗਏ ਅਤੇ ਇਸ ਸਮੱਸਿਆ ਦੇ ਹੱਲ ਲਈ ਕਈ ਅਹਿਮ ਸੁਝਾਅ ਦਿੱਤੇ। ਇਸ ਮੌਕੇ ਉਨ੍ਹਾਂ ਵੱਲੋਂ ਪੰਜਾਬ ਗਊਸ਼ਾਲਾ ਮਹਾਂਸੰਘ ਨੂੰ ਹਰ ਪ੍ਰਕਾਰ ਦਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ ਗਿਆ। ਪੰਜਾਬ ਪ੍ਰਧਾਨ ਸ਼ਿੰਗਾਰਾ ਸਿੰਘ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਬੇਸਹਾਰਾ ਗਊਧਨ ਪੰਜਾਬ ਦੀ ਸਭ ਤੋਂ ਵੱਡੀ ਸਮੱਸਿਆ ਬਣ ਚੁੱਕੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਦਾ ਖੂਨ ਚਿੱਟਾ ਹੋ ਚੁੱਕਾ ਹੈ। ਜਦੋਂ ਤੱਕ ਤਾਂ ਇਹ ਗਊਧਨ ਉਨ੍ਹਾਂ ਨੂੰ ਦੁੱਧ ਦਿੰਦਾ ਹੈ, ਉਦੋਂ ਤੱਕ ਇਸ ਦੀ ਸੇਵਾ ਕਰਦੇ ਹਨ ਅਤੇ ਬਾਅਦ ਵਿੱਚ ਸੜਕਾਂ 'ਤੇ ਰੁਲਣ ਲਈ ਛੱਡ ਦਿੰਦੇ ਹਨ। ਇਸ ਮੌਕੇ ਸੰਬੋਧਨ ਕਰਦਿਆਂ ਡਾ. ਭਗਵਾਨ ਸਿੰਘ ਵੱਲੋਂ ਆਈਆਂ ਹੋਈਆਂ ਸਾਰੀਆਂ ਸ਼ਖ਼ਸੀਅਤਾਂ ਦਾ ਧੰਨਵਾਦ ਵੀ ਕੀਤਾ ਗਿਆ। ਉਨ੍ਹਾਂ ਕਿਹਾ ਕਿ ਆਮ ਲੋਕਾਂ ਅਤੇ ਕਿਸਾਨਾਂ ਨੂੰ ਬੇਸਹਾਰਾ ਪਸ਼ੂਆਂ ਰਾਹੀਂ ਹੋਣ ਵਾਲੀਆਂ ਸਮੱਸਿਆਵਾਂ ਤੋਂ ਬਚਾਉਣ ਅਤੇ ਇਸ ਦਾ ਸਾਰਥਕ ਹੱਲ ਕੱਢਣ ਲਈ ਭਵਿੱਖ ਵਿੱਚ ਹਰ ਵਿਧਾਨ ਸਭਾ ਹਲਕੇ ਵਿਚ ਅਜਿਹੇ ਵਿਚਾਰ ਗੋਸ਼ਟੀ ਸਮਾਗਮ ਕਰਾਏ ਜਾਣਗੇ।

## 24 ਨੂੰ ਸਿਹਤ ਡਾਇਰੈਕਟਰਨ ਦੇ ਦਫਤਰ ਰੋਸ ਰੈਲੀ ਦਾ ਐਲਾਨ

ਸੰਗਰੂਰ (ਪ੍ਰਵੀਨ ਸਿੰਘ)-ਮਲਟੀਪਰਪਜ਼ ਹੈਲਥ ਇੰਪਲਾਈਜ ਯੂਨੀਅਨ ਪੰਜਾਬ ਵੱਲੋਂ ਮਲਟੀਪਰਪਜ਼ ਕੇਡਰ ਦੀਆਂ ਭਖਦੀਆਂ ਮੰਗਾਂ ਸੰਬੰਧੀ ਸਰਕਾਰ ਵੱਲੋਂ ਅਪਣਾਈ ਜਾ ਰਹੀ ਟਾਲ-ਮਟੋਲ ਦੀ ਨੀਤੀ ਤੋਂ ਤੰਗ ਆ ਕੇ 24 ਅਗਸਤ ਨੂੰ ਡਾਇਰੈਕਟਰ ਸਿਹਤ ਤੇ ਪਰਵਾਰ ਭਲਾਈ ਵਿਭਾਗ ਪੰਜਾਬ ਦੇ ਚੰਡੀਗੜ੍ਹ ਦਫ਼ਤਰ ਅੱਗੇ ਰੋਸ ਰੈਲੀ ਦਾ ਐਲਾਨ ਕਰ ਦਿੱਤਾ ਗਿਆ ਹੈ। ਜਥੇਬੰਦੀ ਦੇ ਸੂਬਾ ਪ੍ਰਧਾਨ ਕੁਲਬੀਰ ਸਿੰਘ ਮੋਗਾ ਨੇ ਦੱਸਿਆ ਕਿ ਇਸੇ ਦਿਨ ਰੋਸ ਰੈਲੀ ਉਪਰੰਤ ਸਿਹਤ ਮੰਤਰੀ ਡਾ. ਬਲਵੀਰ ਸਿੰਘ ਦੀ ਕੋਠੀ ਵੱਲ ਰੋਸ ਮਾਰਚ ਵੀ ਕੀਤਾ ਜਾਵੇਗਾ, ਜਿਸ ਵਿੱਚ ਸੂਬੇ ਭਰ ਦੇ ਸਿਹਤ ਕਾਮੇ ਸ਼ਮੂਲੀਅਤ ਕਰਨਗੇ। ਉਨ੍ਹਾਂ ਅੱਗੇ ਦੱਸਿਆ ਕਿ ਜਥੇਬੰਦੀ ਵੱਲੋਂ ਪਿਛਲੇ ਸਮੇਂ ਤੋਂ ਹੀ ਮਲਟੀਪਰਪਜ਼ ਕੇਡਰ ਦਾ ਨਾਮ ਬਦਲੀ ਕਰਨ, ਨਜਾਇਜ਼ ਕੀਤੀਆਂ ਬਦਲੀਆਂ ਨੂੰ ਰੱਦ ਕਰਨ, ਕੱਟੇ ਗਏ ਭੱਤੇ ਬਹਾਲ ਕਰਨ, ਮਲਟੀਪਰਪਜ਼ ਦੇ ਬੰਦ ਪਏ ਟ੍ਰੇਨਿੰਗ ਸਕੂਲ ਚਾਲੂ ਕਰਨ, ਵਰਦੀ ਭੱਤਾ, ਐਫ.ਟੀ.ਏ ਭੱਤਾ ਚਾਲੂ ਕਰਨ, ਸੀਨੀਆਰਤਾ ਸੂਚੀਆਂ ਸੋਧ ਕੇ ਤਰੱਕੀਆਂ ਕਰਨ, ਕੱਚੇ ਸਿਹਤ ਕਾਮੇ ਪੱਕੇ ਕਰਨ, ਸਮੇਤ ਕਈ ਮੰਗਾਂ ਤੇ ਮੰਗ ਪੱਤਰ ਦਿੱਤੇ ਗਏ। ਇਨ੍ਹਾਂ ਮੰਗਾਂ 'ਤੇ ਹੀ ਸਿਹਤ ਮੰਤਰੀ ਵੱਲੋਂ ਜਥੇਬੰਦੀ ਨਾਲ ਮੀਟਿੰਗ ਕਰਕੇ ਜਲਦੀ ਹੀ ਮੰਗਾਂ ਪੂਰੀਆਂ ਕਰਨ ਦਾ ਭਰੋਸਾ ਦਿੱਤਾ ਗਿਆ ਸੀ, ਪਰ ਅਜੇ ਤੱਕ ਇਨ੍ਹਾਂ ਮੰਗਾਂ ਨੂੰ ਗੰਭੀਰਤਾ ਨਾਲ ਨਹੀਂ ਲਿਆ ਜਾ ਰਿਹਾ।

# ਮਿਸ਼ਨ ਫ਼ਤਿਹ ਤਹਿਤ ਸਕਾਲਰਸ਼ਿਪ ਲੈਣ ਲਈ ਰਜਿਸਟ੍ਰੇਸ਼ਨ ਸ਼ੁਰੂ

ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)-ਆਪਣਾ ਪੰਜਾਬ ਫਾਊਂਡੇਸ਼ਨ ਵੱਲੋਂ ਅੰਤਰਰਾਸ਼ਟਰੀ ਮਾਂ ਬੋਲੀ ਦਿਵਸ ਦੇ ਮੌਕੇ ਮਿਸ਼ਨ ਫ਼ਤਹਿ ਦਾ ਆਗਾਜ਼ ਕੀਤਾ ਗਿਆ, ਜਿਸ ਤਹਿਤ ਪੰਜਾਬ ਦੇ ਹੋਣਹਾਰ ਪ੍ਰੰਤੂ ਆਰਥਿਕ ਤੌਰ 'ਤੇ ਪਛੜੇ ਵਿਦਿਆਰਥੀਆਂ ਨੂੰ ਦੋ ਲੱਖ ਰੁਪਏ ਤੱਕ ਪ੍ਰਤੀ ਵਿਦਿਆਰਥੀ ਸਕਾਲਰਸ਼ਿਪ ਦੇਣ ਦੀ ਤਜਵੀਜ਼ ਹੈ।



ਆਪਣਾ ਪੰਜਾਬ ਫਾਊਂਡੇਸ਼ਨ ਦੇ ਡਾਇਰੈਕਟਰ ਡਾ ਅੰਮ੍ਰਿਤਪਾਲ ਸਿੰਘ ਕਾਲੇਕਾ ਨੇ ਦੱਸਿਆ ਕਿ ਪੰਜਾਬ ਕਿਸੇ ਸਮੇਂ ਮਿਲਟਰੀ ਤੇ ਸਿਵਲ ਸਰਵਿਸਜ਼ ਸੇਵਾਵਾਂ ਲਈ ਜਾਣਿਆ ਜਾਂਦਾ ਸੀ। ਇੱਥੋਂ ਦੇ ਨੌਜਵਾਨ ਮਿਲਟਰੀ ਅਤੇ ਸਿਵਲ ਸਰਵਿਸਜ਼ ਵਿੱਚ ਉਚ ਅਹੁਦਿਆਂ 'ਤੇ ਬਿਰਾਜਮਾਨ ਹੁੰਦੇ ਸਨ। ਪਿਛਲੇ ਕੁਝ ਦਹਾਕਿਆਂ ਵਿੱਚ ਬਾਹਰਲੇ ਦੇਸ਼ਾਂ ਵੱਲ ਹੋਏ ਰੁਝਾਨ ਕਾਰਨ ਪੰਜਾਬ ਦੀ ਪ੍ਰਤੀਨਿਧਤਾ ਇਨ੍ਹਾਂ ਸੇਵਾਵਾਂ ਵਿੱਚ ਘਟੀ ਹੈ। ਆਪਣਾ ਪੰਜਾਬ ਫਾਊਂਡੇਸ਼ਨ ਦੀ ਟੀਮ ਵੱਲੋਂ ਪੰਜਾਬ ਦੇ ਹੋਣਹਾਰ ਵਿਦਿਆਰਥੀਆਂ ਨੂੰ ਮੁੜ ਇਨ੍ਹਾਂ ਸੇਵਾਵਾਂ ਵੱਲ ਪ੍ਰੇਰਤ ਕਰਨ ਲਈ ਮਿਸ਼ਨ ਫਤਹਿ ਸ਼ੁਰੂ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਇਸ ਸਕਾਲਰਸ਼ਿਪ ਲਈ ਰਜਿਸਟ੍ਰੇਸ਼ਨ ਸ਼ੁਰੂ ਹੈ। ਜਿਹੜੇ ਉਮੀਦਵਾਰ ਯੂ.ਪੀ.ਐਸ.ਸੀ, ਪੀ ਪੀ ਐਸ ਸੀ, ਐਨ.ਡੀ.ਏ, ਸੀ.ਡੀ.ਐਸ. (ਆਈ.ਐਮ.ਏ), ਐਸ.ਐਸ.ਸੀ. (ਓ.ਟੀ.ਏ) ਪ੍ਰੀਖਿਆਵਾਂ ਦੇਣ ਦੇ ਇੱਛੁਕ ਹਨ, ਉਨ੍ਹਾਂ ਨੂੰ ਇਸ ਸਕਾਲਰਸ਼ਿਪ ਲੈਣ ਲਈ ਫਾਊਂਡੇਸ਼ਨ ਵੱਲੋਂ ਕਰਾਏ ਜਾਣ ਵਾਲਾ ਲਿਖਤੀ ਟੈਸਟ ਤੇ ਇੰਟਰਵਿਊ ਦਾ ਸਾਹਮਣਾ ਕਰਨਾ ਪਵੇਗਾ। ਕੁੱਲ 30 ਵਿਦਿਆਰਥੀਆਂ ਨੂੰ ਇਹ ਸਕਾਲਰਸ਼ਿਪ ਜਾਰੀ ਹੋਵੇਗਾ, ਜਿਸ ਨਾਲ ਉਹ ਆਪਣੇ ਮਨਪਸੰਦ ਕੋਚਿੰਗ ਸੈਂਟਰ ਤੋਂ ਤਿਆਰੀ ਕਰ ਕੇ ਇਹ ਪ੍ਰੀਖਿਆ ਦੇ ਸਕਦੇ ਹਨ। ਜ਼ਿਕਰਯੋਗ ਹੈ ਕਿ ਮਿਸ਼ਨ ਫਤਹਿ ਤਹਿਤ ਇਹ ਸਕਾਲਰਸ਼ਿਪ ਪ੍ਰੀਖਿਆ ਡਾ. ਜਗਜੀਤ ਸਿੰਘ ਧੂਰੀ ਦੀ ਅਗਵਾਈ ਹੇਠ ਹਰ ਸਾਲ ਹੋਵੇਗੀ। ਇਸ ਸਬੰਧੀ ਸਾਰੀਆਂ ਤਿਆਰੀਆਂ ਮੁਕੰਮਲ ਹਨ। ਰਜਿਸਟਰੇਸ਼ਨ ਲਈ ਪੰਜਾਬ ਦੇ ਫੈਡਰੇਸ਼ਨ ਦੇ ਮੈਂਬਰ ਸਕੂਲਾਂ ਦੀਆਂ ਮੈਨੇਜਮੈਂਟ ਜਾਂ ਪ੍ਰਿੰਸੀਪਲ ਨੂੰ ਸੰਪਰਕ ਕੀਤਾ ਜਾ ਸਕਦਾ ਹੈ। ਰਜਿਸਟਰੇਸ਼ਨ ਲਈ ਫਾਊਂਡੇਸ਼ਨ ਦੀ ਵੈਬਸਾਇਟ 'ਤੇ ਗੂਗਲ ਲਿੰਕ ਵੀ ਦਿੱਤਾ ਗਿਆ ਹੈ ਜਿਸ ਦੀ ਆਖਰੀ ਮਿਤੀ 13 ਅਗਸਤ ਹੈ।

# ਫ਼ਤਿਹਗੜ੍ਹ ਸਾਹਿਬ ਪੁਲਸ ਨੇ ਸਕੂਲੀ ਬੱਚਿਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਕੀਤਾ ਜਾਗਰੂਕ

ਫਤਿਹਗੜ੍ਹ ਅਗਸਤ (ਪ੍ਰਮੋਦ ਭਾਰਦਵਾਜ)- ਪੰਜਾਬ ਪੁਲਸ ਵੱਲੋਂ ਨਸ਼ਿਆਂ ਵਿਰੁੱਧ ਸ਼ੁਰੂ ਕੀਤੀ ਘੇਰਾਬੰਦੀ ਅਤੇ ਤਲਾਸ਼ੀ ਮੁਹਿੰਮ ਦੇ ਚੱਲਦਿਆਂ ਫ਼ਤਹਿਗੜ੍ਹ ਸਾਹਿਬ ਪੁਲਸ ਨੇ ਅੱਜ ਸਕੂਲੀ ਬੱਚਿਆਂ ਨੂੰ ਨਸ਼ਿਆਂ ਅਤੇ ਇਸ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਨ ਲਈ ਵਿਸ਼ੇਸ਼ ਮੁਹਿੰਮ ਦੀ ਸ਼ੁਰੂਆਤ ਕੀਤੀ। ਘੇਰਾਬੰਦੀ ਅਤੇ ਤਲਾਸ਼ੀ ਮੁਹਿੰਮ ਦੇ ਪੰਜਵੇਂ ਦਿਨ ਡਾਇਰੈਕਟਰ ਜਨਰਲ ਆਫ ਪੁਲਸ (ਡੀ ਜੀ ਪੀ) ਪੰਜਾਬ ਗੌਰਵ ਯਾਦਵ ਦੇ ਦਿਸ਼ਾ ਨਿਰਦੇਸ਼ਾਂ 'ਤੇ ਰੋਪੜ ਰੇਂਜ ਦੇ ਦੋ ਜ਼ਿਲ੍ਹਿਆਂ ਐਸ ਏ ਐਸ ਨਗਰ ਅਤੇ ਫ਼ਤਿਹਗੜ੍ਹ ਸਾਹਿਬ 'ਚ ਇਹ ਮੁਹਿੰਮ ਚਲਾਈ ਗਈ। ਇਹ ਮੁਹਿੰਮ ਇੰਸਪੈਕਟਰ ਜਨਰਲ ਆਫ਼ ਪੁਲਸ (ਆਈ ਜੀ ਪੀ) ਰੋਪੜ ਰੇਂਜ ਗੁਰਪ੍ਰੀਤ ਸਿੰਘ ਭੁੱਲਰ ਦੀ ਸਮੁੱਚੀ ਨਿਗਰਾਨੀ ਹੇਠ ਚਲਾਈ ਗਈ ਅਤੇ ਐਸ ਐਸ ਪੀ ਸੰਦੀਪ ਗਰਗ (ਐਸ.ਏ.ਐਸ. ਨਗਰ) ਅਤੇ ਐਸ ਐਸ ਪੀ ਡਾ. ਰਵਜੋਤ ਕੌਰ ਗਰੇਵਾਲ (ਫ਼ਤਿਹਗੜ੍ਹ ਸਾਹਿਬ) ਨੂੰ ਭਾਰੀ ਪੁਲਸ ਫੋਰਸ ਤਾਇਨਾਤ ਕਰਕੇ ਸੁਚੱਜੇ ਢੰਗ ਨਾਲ ਯੋਜਨਾ ਬਣਾਉਣ ਲਈ ਕਿਹਾ ਗਿਆ ਸੀ। ਸਪੈਸ਼ਲ ਡੀ ਜੀ ਪੀ ਲਾਅ ਐਂਡ ਆਰਡਰ ਅਰਪਿਤ ਸ਼ੁਕਲਾ ਨੇ ਫ਼ਤਿਹਗੜ੍ਹ ਸਾਹਿਬ ਪੁਲਸ ਵੱਲੋਂ ਇਸ ਵਿਲੱਖਣ ਮੁਹਿੰਮ ਨੂੰ ਸ਼ੁਰੂ ਕਰਨ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਮੁਹਿੰਮ ਸਕੂਲੀ ਬੱਚਿਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਨ 'ਚ ਸਹਾਈ ਹੋਵੇਗੀ ਜਿਸ ਨਾਲ ਉਨ੍ਹਾਂ ਨੂੰ ਨਸ਼ਿਆਂ ਦਾ ਸ਼ਿਕਾਰ ਹੋਣ ਤੋਂ ਬਚਾਇਆ ਜਾ ਸਕੇਗਾ। ਸਕੂਲੀ ਬੱਚਿਆਂ ਨੂੰ ਨਸ਼ਿਆਂ ਵਿਰੁੱਧ ਲੜਾਈ ਲਈ ਜਾਗਰੂਕ ਕਰਨ ਦਾ



ਵਿਚਾਰ ਐਸ ਐਸ ਪੀ ਫਤਿਹਗੜ੍ਹ ਸਾਹਿਬ ਡਾ. ਰਵਜੋਤ ਕੌਰ ਗਰੇਵਾਲ ਦਾ ਸੀ। ਉਨ੍ਹਾ ਕਿਹਾ ਕਿ ਪੁਲਸ ਨੂੰ ਲਗਾਤਾਰ ਲੋਕਾਂ ਦਾ ਸਹਿਯੋਗ ਮਿਲ ਰਿਹਾ ਹੈ। ਅੱਜ ਦੀ ਕਾਰਵਾਈ ਦੇ ਨਤੀਜਿਆਂ ਬਾਰੇ ਦੱਸਦਿਆਂ ਵਿਸ਼ੇਸ਼ ਡੀ ਜੀ ਪੀ ਨੇ ਕਿਹਾ ਕਿ ਪੁਲਸ ਟੀਮਾਂ ਨੇ 13 ਐਫ ਆਈ ਆਰਜ਼ ਦਰਜ ਕਰਕੇ 12 ਸਮਾਜ ਵਿਰੋਧੀ ਅਨਸਰਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਪੁਲਿਸ ਟੀਮਾਂ ਨੇ ਇਨ੍ਹਾਂ ਦੇ ਕਬਜ਼ੇ 'ਚੋਂ 2.5 ਲੱਖ ਰੁਪਏ ਦੀ ਡਰੱਗ ਮਨੀ, 40 ਗ੍ਰਾਮ ਹੈਰੋਇਨ, 12 ਕਿਲੋ ਗਾਂਜਾ, 2 ਕਿਲੋ ਸੁਲਫਾ ਅਤੇ 1 ਕਿਲੋ ਭੁੱਕੀ ਵੀ ਬਰਾਮਦ ਕੀਤੀ ਹੈ। ਇਹ ਮੁਹਿੰਮ ਸਪੈਸ਼ਲ ਟਾਸਕ ਫੋਰਸ ਦੇ ਸਹਿਯੋਗ ਨਾਲ ਚਲਾਈ ਗਈ। ਇਸ ਦੌਰਾਨ ਆਈ ਜੀ ਪੀ ਗੁਰਪ੍ਰੀਤ ਸਿੰਘ ਭੁੱਲਰ ਨੇ ਐਸ ਐਸ ਪੀ ਡਾ. ਰਵਜੋਤ ਕੌਰ ਗਰੇਵਾਲ ਦੇ ਨਾਲ ਫਤਹਿਗੜ੍ਹ ਸਾਹਿਬ ਦੇ ਸਰਕਾਰੀ ਮਿਡਲ ਸਕੂਲ ਮਹਾਦੀਆਂ ਤੋਂ ਸਕੂਲੀ ਵਿਦਿਆਰਥੀਆਂ ਨਾਲ ਗੱਲਬਾਤ ਕਰਕੇ ਮੁਹਿੰਮ ਦੀ ਸ਼ੁਰੂਆਤ ਕੀਤੀ।

# ਸਾਹਿਤ ਸਭਾ ਰਜਿ: ਧੂਰੀ (ਸੇਖੋਂ) ਦਾ ਸਮਾਗਮ ਤੀਆਂ ਨੂੰ ਸਮਰਪਤ ਕੀਤਾ

ਧੂਰੀ (ਸੁਖਦੇਵ ਧੂਰੀ)-ਸਾਹਿਤ ਸਭਾ ਦਾ ਮਹੀਨਾਵਾਰ ਸਮਾਗਮ ਸਭਾ ਦੇ ਪ੍ਰਧਾਨ ਸੁਰਿੰਦਰ ਸ਼ਰਮਾ ਨਾਗਰਾ ਦੀ ਪ੍ਰਧਾਨਗੀ ਹੇਠ ਸੰਪੰਨ ਹੋਇਆ, ਜਿਸ ਵਿੱਚ ਮੁੱਖ ਮਹਿਮਾਨ ਵਜੋਂ ਉੱਘੇ ਸਮਾਜ ਸੇਵੀ ਸੁਰੇਸ਼ ਬਾਂਸਲ ਬਾਂਸਲ ਸਵੀਟਸ ਵਾਲੇ ਤੇ ਪਵਨ ਹਰਚੰਦਪੁਰੀ ਪ੍ਰਧਾਨ ਕੇਂਦਰੀ ਪੰਜਾਬੀ ਲੇਖਕ ਸਭਾ ਸੇਖੋਂ ਵਿਸ਼ੇਸ਼ ਮਹਿਮਾਨ ਦੇ ਤੌਰ 'ਤੇ ਹਾਜ਼ਰ ਹੋਏ। ਸਮਾਗਮ ਦਾ ਆਗਾਜ਼ ਅਸ਼ੋਕ ਭੰਡਾਰੀ ਨੇ ਵਾਤਾਵਰਣ ਬਾਰੇ ਭਾਸ਼ਣ ਨਾਲ ਕੀਤਾ। ਸਮਾਜ ਸੇਵੀ ਹੰਸ ਰਾਜ ਗਰਗ ਨੇ 'ਤੀਆਂ ਦੀ ਉਤਪਤੀ ਧੀਆਂ ਸ਼ਬਦ ਤੋਂ ਹੋਈ' ਦੱਸੀ। ਜਗਦੇਵ ਸ਼ਰਮਾ ਨੇ ਆਪਣੇ ਬੈਂਕ ਤਜਰਬੇ ਦੇ ਨਾਲ ਸਾਉਣ ਮਹੀਨੇ ਦੀ ਕਵਿਤਾ, ਚਰਨਜੀਤ ਕੈਂਥ ਨੇ ਵੀ ਛੋਟੀ ਕਵਿਤਾ ਸੁਣਾਈ। ਡਾ. ਕਮਲਜੀਤ ਟਿੱਬਾ ਨੇ ਮਨੀਪੁਰ ਦੀਆਂ ਘਟਨਾਵਾਂ ਬਾਰੇ ਵਿਸ਼ੇਸ਼ ਚਰਚਾ ਕੀਤੀ।



ਮਨੀਪੁਰ ਦੀਆਂ ਦਰਦਨਾਕ ਘਟਨਾਵਾਂ ਵਾਰੇ ਦੋ ਮਿੰਟ ਦਾ ਮੌਨ ਰੱਖਿਆ। ਨਾਹਰ ਮੁਬਾਰਕਪੁਰੀ 'ਜੰਗਲਾਂ ਬਾਰੇ', ਸੱਤਪਾਲ ਪ੍ਰਾਸ਼ਰ' ਵਿਆਹ ਦੇ ਫਾਇਦੇ', ਸੁਖਦੇਵ ਪੇਂਟਰ 'ਕੁੜੀਆਂ ਨੂੰ ਮੁੰਡਿਆਂ ਵੱਲੋਂ ਤੰਗ ਕਰਨਾ',ਰਾਮ ਸਰੂਪ 'ਕੁੜੀਆਂ ਦੀ ਹੋਂਦ',ਗੁਰਮੀਤ ਕੈਂਥ 'ਸੌਣ ਦਾ ਮੀਂਹ', ਰਜਿੰਦਰ ਪਾਲ, ਧੌਲਾ ਜੀ ਦੀ ਗ਼ਜ਼ਲ, ਰਮੇਸ਼ ਜੈਨ, 'ਮੇਰਾ ਦੇਸ਼ ਮਹਾਨ', ਸੁਖਵਿੰਦਰ ਲੋਟੇ 'ਗੱਲਾਂ ਸਾਰੀਆਂ ਉੱਤੋਂ ਉੱਤੋਂ', ਮਹਿੰਦਰਜੀਤ 'ਰਾਤੀਂ ਇਕ ਸੁਫਨਾ', ਦੇਵੀ ਸਰੂਪ ਤੇ ਸ਼ੇਰ ਸਿੰਘ ਵੱਲੋਂ 'ਕੁੜੀਆਂ ਵਾਰੇ ਸੰਵੇਦਨਾ', ਗੁਰਮੀਤ ਆਨੰਦ, ਵਿਜਯ ਸੋਫਤ, ਸੁਖਵਿੰਦਰ ਸੁੱਖੀ ਤੇ ਜਗਮੇਲ ਸਿੰਘ ਨੇ ਗੀਤ ਗਾ ਕੇ ਰੰਗ ਬੰਨ੍ਹ ਦਿੱਤਾ।

ਉਸਤਾਦ ਗ਼ਜ਼ਲਗੋ ਰਣਜੀਤ ਸਿੰਘ ਧੂਰੀ ਨੇ ਗ਼ਜ਼ਲ ਕਹਿ ਕੇ ਆਪਣੀ ਨਵੀਂ ਪੁਸਤਕ 'ਵਿਹਾਰਕ ਪਿੰਗਲ' ਦੀ ਚਰਚਾ ਕੀਤੀ। ਪਵਨ ਹਰਚੰਦਪੁਰੀ ਨੇ ਸਾਉਣ ਮਹੀਨੇ ਵਿੱਚ ਤੀਆਂ ਦੀ ਮਹੱਤਤਾ ਬਾਰੇ ਚਾਨਣਾ ਪਾਇਆ ਤੇ ਸ਼ਹੀਦ ਤਾਰੂ ਦੀ ਵਾਰ ਸੁਣਾਈ। ਭਾਸ਼ਾ ਵਿਭਾਗ ਸੰਗਰੂਰ ਵੱਲੋਂ ਸੁਰਿੰਦਰ ਸ਼ਰਮਾ ਨਾਗਰਾ ਦਾ ਰੂ ਬ ਰੂ ਕਰਾਏ ਜਾਣੇ 'ਤੇ ਸਾਹਿਤ ਸਭਾ ਦੇ ਸਮੁੱਚੇ ਮੈਂਬਰਾਨ ਨੇ ਭਾਸ਼ਾ ਵਿਭਾਗ ਦਾ ਧੰਨਵਾਦ ਕੀਤਾ। ਪਰਸਨ ਸਿੰਘ ਬੀਹਲਾ ਤੇ ਸੰਤ ਸਿੰਘ ਬੀਹਲਾ ਨੇ ਸਟੇਜ ਦਾ ਸੰਚਾਲਨ ਬਾਖੂਬੀ ਕੀਤਾ। ਅੰਤ ਵਿੱਚ ਸਭਾ ਦੀ ਰਸਮ ਅਨੁਸਾਰ ਰਣਜੀਤ ਗ਼ਜ਼ਲਗੋ ਨੂੰ ਜਨਮ ਦਿਨ ਉੱਤੇ ਤੇ ਸਮਾਗਮ ਦੇ ਮੁੱਖ ਮਹਿਮਾਨ ਸੁਰੇਸ਼ ਬਾਂਸਲ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ। ਅੰਤ ਵਿੱਚ ਸੁਰਿੰਦਰ ਸ਼ਰਮਾ ਨਾਗਰਾ ਨੇ ਆਏ ਸਾਹਿਤਕਾਰਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ।

3-Aug-PAGE-11-Majha-23.qxd 8/2/2023 10:40 PM Page 1



# ਬ੍ਰਹਮਪੁਰਾ ਪਿੰਡ ਭੈਲ ਵਿਖੇ ਹੜ੍ਹ ਪ੍ਰਭਾਵਿਤ ਇਲਾਕੇ ਦਾ ਜਾਇਜ਼ਾ ਲੈਣ ਪੁੱਜੇ

## ਧੁੱਸੀ ਬੰਨ੍ਹ ਦੀ ਮਜ਼ਬੂਤੀ ਲਈ ਕਿਸਾਨਾਂ ਨੂੰ ਤਿੰਨ ਡਰੰਮ ਡੀਜ਼ਲ ਕਰਵਾਇਆ ਮੁਹੱਈਆ



ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)-ਸਾਬਕਾ ਵਿਧਾਇਕ ਰਵਿੰਦਰ ਸਿੰਘ ਬ੍ਰਹਮਪੁਰਾ ਨੇ ਪਿੰਡ ਭੈਲ ਢਾਏਵਾਲਾ ਪੁੱਜ ਕੇ ਹੜ੍ਹ ਪ੍ਰਭਾਵਿਤ ਇਲਾਕੇ ਦਾ ਦੌਰਾ ਕੀਤਾ ਅਤੇ ਕਿਸਾਨਾਂ ਨੂੰ ਹਰ ਸੰਭਵ ਮਦਦ ਕਰਨ ਦਾ ਭਰੋਸਾ ਦਿੱਤਾ ਤੇ ਧੁੱਸੀ ਬੰਨ੍ਹ ਦੀ ਮਜ਼ਬੂਤੀ ਲਈ ਤਿੰਨ ਡਰੰਮ ਡੀਜ਼ਲ ਦੀ ਕਿਸਾਨਾਂ ਨੂੰ ਮਦਦ ਦਿੱਤੀ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਾਬਕਾ ਵਿਧਾਇਕ ਰਵਿੰਦਰ ਸਿੰਘ ਬ੍ਰਹਮਪੁਰਾ ਨੇ ਕਿਹਾ ਕਿ ਜਿਥੇ ਪੰਜਾਬ ਭਰ ਦੇ ਵਿੱਚ ਹੜ੍ਹਾਂ ਨੇ ਤਬਾਹੀ ਮਚਾਈ ਹੋਈ ਹੈ ਉਥੇ ਹੀ ਵਿਧਾਨ ਸਭਾ ਹਲਕਾ ਖਡੂਰ ਸਾਹਿਬ ਅਧੀਨ ਆਉਂਦੇ ਦਰਜਨਾਂ ਦੇ ਕਰੀਬ ਪਿੰਡਾਂ ਦੇ ਕਿਸਾਨਾਂ ਦੀਆਂ ਹਜ਼ਾਰਾਂ ਏਕੜ ਫਸਲਾਂ ਬਰਬਾਦ ਹੋ ਗਈਆਂ ਹਨ ਅਤੇ ਕਈਆਂ ਕਿਸਾਨਾਂ ਮਜ਼ਦੂਰਾਂ ਦੇ ਘਰ ਵੀ ਢਹਿ ਗਏ ਹਨ ਸਮੇਂ ਸਮੇਂ ਦੇ ਨਾਲ ਹਾਲਾਤ ਦਾ ਜਾਇਜ਼ਾ ਲੈਣ ਲਈ ਉਹ ਇਨ੍ਹਾਂ ਪਿੰਡਾਂ ਵਿੱਚ ਪੁੱਜਦੇ ਹਨ ਅਤੇ ਕਿਸਾਨਾਂ ਦੀ ਮੰਗ ਅਨੁਸਾਰ ਇਨ੍ਹਾਂ ਦੀ ਮਦਦ ਵੀ ਕਰਦੇ ਹਨ। ਜਦੋਂ ਉਹ ਪਿੰਡ ਭੈਲ ਪੁੱਜੇ ਤਾਂ ਕਿਸਾਨਾਂ ਨੇ ਉਨ੍ਹਾਂ ਪਾਸੋਂ ਇੱਕ ਅਗਨੀ ਬੋਟ ਅਤੇ ਤਿੰਨ ਡਰੰਮ ਡੀਜ਼ਲ ਦੀ ਮੰਗ ਕੀਤੀ। ਉਨ੍ਹਾਂ ਕਿਸਾਨਾਂ ਨੂੰ ਤਿੰਨ ਡਰੰਮ ਡੀਜ਼ਲ ਮੌਕੇ ਤੇ ਹੀ ਮੁਹੱਈਆ ਕਰਵਾ ਦਿੱਤਾ ਅਤੇ ਕਿਸਾਨਾਂ ਨੂੰ ਅਗਨੀਬੋਟ ਮੁਹੱਈਆ ਕਰਵਾਉਣ ਸਬੰਧੀ ਡਿਪਟੀ ਕਮਿਸ਼ਨਰ ਤਰਨ ਤਾਰਨ ਬਲਦੀਪ ਕੌਰ ਦੇ ਨਾਲ ਫੋਨ 'ਤੇ ਗੱਲ ਕੀਤੀ ਗਈ ਅਤੇ ਡਿਪਟੀ ਕਮਿਸ਼ਨਰ ਵੱਲੋਂ ਕਿਸਾਨਾਂ ਨੂੰ ਜਲਦੀ ਅਗਨੀਬੋਟ ਮੁਹੱਈਆ ਕਰਵਾਉਣ ਦਾ ਭਰੋਸਾ ਦਿੱਤਾ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਬ੍ਰਹਮਪੁਰਾ ਨੇ ਕਿਹਾ ਕਿ ਕੁਝ ਤਾਂ ਪੰਜਾਬ ਨੂੰ ਕੁਦਰਤ ਦੀ ਮਾਰ ਪਈ ਹੈ ਅਤੇ ਜ਼ਿਆਦਾਤਰ ਹਾਲਾਤ ਸਰਕਾਰ ਅਤੇ ਪ੍ਰਸ਼ਾਸਨ ਦੀ ਨਾਲਾਇਕੀ ਕਰਕੇ ਖਰਾਬ ਹੋਏ ਹਨ। ਉਨ੍ਹਾਂ ਕਿਹਾ ਕਿ ਹੁਣ ਸਰਕਾਰ ਹੜ੍ਹ ਪ੍ਰਭਾਵਿਤ ਇਲਾਕੇ ਦੇ ਲੋਕਾਂ ਦੀ ਲੋੜੀਂਦੀ ਮਦਦ ਕਰਨ ਤੋਂ ਵੀ ਭੱਜ ਰਹੀ ਹੈ। ਉਨ੍ਹਾਂ ਇਸ ਮੌਕੇ ਕਾਰ ਸੇਵਾ ਵਾਲੇ ਬਾਬਾ ਅਵਤਾਰ ਸਿੰਘ ਸੁਰਸਿੰਘ ਵਾਲੇ, ਸੰਤ ਬਾਬਾ ਸੁੱਖਾ ਸਿੰਘ ਸਰਹਾਲੀ ਸਾਹਿਬ ਵਾਲੇ ਆਦਿ ਸੰਤਾਂ ਮਹਾਪੁਰਸ਼ਾਂ ਦਾ ਵਿਸ਼ੇਸ਼ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਅੱਜ ਪੰਜਾਬ ਦੇ ਮੁਸ਼ਕਿਲ ਹਾਲਾਤ ਵਿੱਚ ਵੱਖ-ਵੱਖ ਕਾਰ ਸੇਵਾ ਵਾਲੇ ਸੰਤਾਂ ਮਹਾਪੁਰਸ਼ਾਂ ਵੱਲੋਂ ਲੋਕਾਂ ਦੀ ਬਾਂਹ ਫੜੀ ਜਾ ਰਹੀ ਹੈ ਅਤੇ ਥਾਂ ਥਾਂ ਬੰਨ੍ਹ ਬੰਨ੍ਹਣ ਲਈ ਮੋਰਚੇ ਸੰਭਾਲੇ ਜਾ ਰਹੇ ਹਨ। ਉਨ੍ਹਾਂ ਪੰਜਾਬ ਸਰਕਾਰ ਪਾਸੋਂ ਤੁਰੰਤ ਬਰਬਾਦ ਹੋਈਆਂ ਕਿਸਾਨਾਂ ਦੀਆਂ ਫਸਲਾਂ ਦਾ 50 ਹਜ਼ਾਰ ਰੁਪਏ ਪ੍ਰਤੀ ਏਕੜ ਮੁਆਵਜ਼ਾ ਦੇਣ ਦੀ ਮੰਗ ਕੀਤੀ ਅਤੇ ਮਜ਼ਦੂਰਾਂ ਨੂੰ ਵੀ ਪੰਜ ਪੰਜ ਹਜ਼ਾਰ ਮੁਆਵਜ਼ਾ ਦੇਣ ਦੀ ਗੱਲ ਆਖੀ। ਇਸ ਮੌਕੇ ਯੂਥ ਆਗੂ ਮਨਪ੍ਰੀਤ ਸਿੰਘ ਭੈਲ, ਕਾਬਲ ਸਿੰਘ, ਸੁਲੱਖਣ ਸਿੰਘ ਸਾਬਕਾ ਸਰਪੰਚ, ਚੰਦ ਸਿੰਘ ਸਾਬਕਾ ਸਰਪੰਚ, ਜਥੇਦਾਰ ਮੋਹਨ ਸਿੰਘ, ਸਰਵਣ ਸਿੰਘ ਪੰਚ, ਸੁੱਖਾ ਸਿੰਘ ਪੰਚ, ਹਰਦੇਵ ਸਿੰਘ, ਜਗੀਰ ਸਿੰਘ ਭੋਜੋਵਾਲੀਆ ਆਦਿ ਆਗੂ ਮੌਜੂਦ ਸਨ।

# ਬਾਰਸ਼ਾਂ/ਦਰਿਆਵਾਂ ਦੇ ਪਾਣੀ ਕਾਰਨ ਪ੍ਰਭਾਵਿਤ ਖੇਤਰਾਂ 'ਚ ਸਪੈਸ਼ਲ ਗਿਰਦਾਵਰੀ ਦੇ ਹੁਕਮ

## ਗਿਰਦਾਵਰੀ ਦਾ ਕੰਮ 15 ਤੋਂ ਪਹਿਲਾਂ-ਪਹਿਲਾਂ ਮੁਕੰਮਲ ਹੋਣਾ ਚਾਹੀਦਾ: ਡੀ ਸੀ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਡਿਪਟੀ ਕਮਿਸ਼ਨਰ ਗੁਰਦਾਸਪੁਰ ਡਾ. ਹਿਮਾਂਸ਼ੂ ਅਗਰਵਾਲ ਨੇ ਬੀਤੇ ਦਿਨੀਂ ਹੋਈ ਭਾਰੀ ਬਾਰਸ਼ ਅਤੇ ਦਰਿਆਵਾਂ ਦੇ ਨਾਲ ਲੱਗਦੇ ਖੇਤਰ ਵਿੱਚ ਪਾਣੀ ਆਉਣ ਕਾਰਨ ਪ੍ਰਭਾਵਿਤ ਹੋਏ ਖੇਤਰਾਂ ਵਿਚ ਨੁਕਸਾਨ ਦਾ ਪਤਾ ਲਗਾਉਣ ਲਈ ਵਿਸ਼ੇਸ਼ ਗਿਰਦਾਵਰੀ ਦੇ ਹੁਕਮ ਜਾਰੀ ਕੀਤੇ ਹਨ। ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਹੈ ਕਿ ਇਹ ਵਿਸ਼ੇਸ਼ ਗਿਰਦਾਵਰੀ 15 ਅਗਸਤ ਤੋਂ ਪਹਿਲਾਂ ਹਰ ਹਾਲ ਵਿੱਚ ਮੁਕੰਮਲ ਕੀਤੀ ਜਾਵੇ ਤਾਂ ਜੋ ਸਰਕਾਰ ਵੱਲੋਂ ਪ੍ਰਭਾਵਿਤ ਲੋਕਾਂ ਨੂੰ ਬਣਦਾ ਮੁਆਵਜ਼ਾ ਦਿੱਤਾ ਜਾ ਸਕੇ।

ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਹੁਕਮਾਂ ਅਨੁਸਾਰ ਹੜ੍ਹ ਪੀੜਤਾਂ ਦੇ ਹੋਏ ਨੁਕਸਾਨ ਦੇ ਅੰਦਾਜ਼ੇ ਲਈ ਵਿਸ਼ੇਸ਼ ਗਿਰਦਾਵਰੀ ਕਰਵਾਉਣ ਦੇ ਹੁਕਮ ਦਿੱਤੇ ਗਏ ਹਨ, ਜਿਨ੍ਹਾਂ ਵਿਚ ਕਿਸੇ ਵੀ ਕਿਸਮ ਦਾ ਨੁਕਸਾਨ ਜਿਵੇਂ ਕਿ ਘਰ, ਟਿਊਬਵੈੱਲ, ਫਸਲ ਜਾਂ ਪਸ਼ੂ ਆਦਿ ਸ਼ਾਮਲ ਹਨ ਤਾਂ ਜੋ ਪ੍ਰਭਾਵਿਤ ਖੇਤਰਾਂ ਅੰਦਰ ਕੋਈ ਵੀ ਵਿਅਕਤੀ ਮੁਆਵਜ਼ੇ ਤੋਂ ਵਾਂਝਾ ਨਾ ਰਹੇ। ਉਨ੍ਹਾਂ ਨੇ ਐੱਸ. ਡੀ. ਐੱਮਜ਼ ਨੂੰ ਨਿੱਜੀ ਤੌਰ 'ਤੇ ਪ੍ਰਭਾਵਿਤ ਖੇਤਰਾਂ ਦਾ ਦੌਰਾ ਕਰਕੇ ਗਿਰਦਾਵਰੀ ਦੇ ਕੰਮ ਨੂੰ ਜਲਦ ਮੁਕੰਮਲ ਕਰਨ ਦੀਆਂ ਹਦਾਇਤਾਂ ਦਿੰਦਿਆਂ ਕਿਹਾ ਕਿ ਗਿਰਦਾਵਰੀ ਦਾ ਸਾਰਾ ਕੰਮ ਪੂਰੀ ਤਰ੍ਹਾਂ ਪਾਰਦਰਸ਼ੀ ਹੋਣਾ ਚਾਹੀਦਾ ਹੈ। ਉਨ੍ਹਾਂ ਹੜ੍ਹ ਕਾਰਨ ਸਰਕਾਰੀ ਜਾਇਦਾਦ ਨੂੰ ਹੋਏ ਨੁਕਸਾਨ ਜਿਵੇਂ ਕਿ ਵਾਟਰ ਸਪਲਾਈ, ਸੜਕਾਂ, ਬਿਜਲੀ ਦੀ ਸਪਲਾਈ, ਟਿਊਬਵੈੱਲ, ਡਰੇਨੇਜ ਪ੍ਰਣਾਲੀ, ਪੰਚਾਇਤੀ ਰਾਜ, ਵਿੱਦਿਅਕ ਅਦਾਰੇ, ਪੰਚਾਇਤ ਵਿਭਾਗ, ਡਿਸਪੈਂਸਰੀ ਆਦਿ ਦੀ ਰਿਪੋਰਟ ਤਿਆਰ ਕਰਨ ਦੇ ਹੁਕਮ ਵੀ ਦਿੱਤੇ ਹਨ। ਡਿਪਟੀ ਕਮਿਸ਼ਨਰ ਨੇ ਪਾਣੀ ਨਾਲ ਪ੍ਰਭਾਵਤ ਖੇਤਰਾਂ ਦੇ ਵਸਨੀਕਾਂ ਨੂੰ ਕਿਹਾ ਹੈ ਕਿ ਉਹ ਗਿਰਦਾਵਰੀ ਸਬੰਧੀ ਕਿਸੇ ਵੀ ਜਾਣਕਾਰੀ ਲਈ ਸਬੰਧਤ ਤਹਿਸੀਲਦਾਰ ਦੇ ਦਫ਼ਤਰ ਵਿਖੇ ਸੰਪਰਕ ਕਰ ਸਕਦੇ ਹਨ।

# ਧਾਰਮਿਕ ਏਕਤਾ ਸਮੇਂ ਦੀ ਮੁੱਖ ਲੋੜ: ਇਕਬਾਲ ਕੌਰ ਸੌਂਦ/ਰਜਿੰਦਰਪਾਲ ਕੌਰ



ਭਿਖੀਵਿੰਡ (ਨਜ਼ਸ)—ਨਾਰੀ ਚੇਤਨਾ ਮੰਚ ਦੇ ਸਾਬਕਾ ਪ੍ਰਧਾਨ ਅਤੇ ਸਰਪ੍ਰਸਤ ਡਾਕਟਰ ਇਕਬਾਲ ਕੌਰ ਸੌਂਦ ਅਤੇ ਪੰਜਾਬ ਇਸਤਰੀ ਸਭਾ ਦੇ ਸੂਬਾ ਜਨਰਲ ਸਕੱਤਰ ਰਜਿੰਦਰਪਾਲ ਕੌਰ ਨੇ ਰਣਜੀਤ ਐਵੇਨਿਊ ਵਿੱਚ ਧੱਕਾ ਕਲੋਨੀ ਵਿਖੇ ਇਕ ਮੀਟਿੰਗ ਨੂੰ ਸੰਬੋਧਨ ਕੀਤਾ। ਮੀਟਿੰਗ ਨੂੰ ਸੰਬੋਧਨ ਕਰਦਿਆਂ ਡਾਕਟਰ ਇਕਬਾਲ ਕੌਰ ਨੇ ਅੱਜ ਦੇ ਹਾਲਾਤ ਦਾ ਜ਼ਿਕਰ ਕਰਦਿਆ ਡੂੰਘੀ ਚਿੰਤਾ ਪ੍ਰਗਟ ਕੀਤੀ ਕਿ ਸਾਡਾ ਦੇਸ਼ ਕਿਹੜੇ ਪਾਸੇ ਜਾ ਰਿਹਾ ਹੈ। ਇਕ ਪਾਸੇ ਤਾਂ ਅਸੀਂ ਚੰਦਰਮਾ ਅਤੇ ਮੰਗਲ ਗ੍ਰਹਿਆਂ ਨੂੰ ਗਾਹ ਰਹੇ ਹਾਂ ਪਰ ਆਪਣੇ ਹੀ ਦੇਸ਼ ਵਿੱਚ ਅਨਪੜ੍ਹਤਾ, ਬੇਰੁਜ਼ਗਾਰੀ ਅਤੇ ਗਰੀਬੀ ਦੀ ਮਾਰੀ ਜਨਤਾ ਦਾ ਦੁੱਖ ਨਹੀਂ ਦਿਸ ਰਿਹਾ। ਔਰਤਾਂ ਦੀ ਥਾਂ-ਥਾਂ ਰੁਲ ਰਹੀ ਇੱਜ਼ਤ ਵੇਖ ਕੇ ਕਿਉਂ ਸਰਕਾਰਾਂ ਨੂੰ ਨਮੋਸ਼ੀ ਨਹੀਂ ਆਉਂਦੀ।

ਇਹ ਇਲਾਕਾ ਗਰੀਬੀ ਅਤੇ ਨਸ਼ਿਆਂ ਦਾ ਡੰਬਿਆ ਹੋਇਆ ਹੈ। ਇਹੋ ਜਿਹੇ ਇਲਾਕਿਆਂ ਵੱਲ ਸਰਕਾਰ ਧਿਆਨ ਦੇਣ ਦੀ ਬਜਾਏ ਲੋਕਾਂ ਨੂੰ ਆਪਸ ਵਿੱਚ ਲੜਾ ਕੇ ਮੁੱਢਲੀਆਂ ਸਮੱਸਿਆਵਾਂ ਤੋਂ ਧਿਆਨ ਪਾਸੇ ਕਰਨਾ ਚਾਹੁੰਦੀ ਹੈ। ਪੰਜਾਬ ਇਸਤਰੀ ਸਭਾ ਦੀ ਸੂਬਾਈ ਜਨਰਲ ਸਕੱਤਰ ਰਾਜਿੰਦਰਪਾਲ ਕੌਰ ਨੇ ਮਨੀਪੁਰ ਵਿੱਚ ਦੋ ਫਿਰਕਿਆਂ ਦੇ ਟਕਰਾ ਦਾ ਵਰਨਣ ਕੀਤਾ ਅਤੇ ਦੱਸਿਆ ਕਿ ਬਹੁਗਿਣਤੀ ਮੈਤੇਈ ਭਾਈਚਾਰੇ ਵੱਲੋਂ ਕੁੱਕੀ ਕਬੀਲੇ ਦੇ ਪਿੰਡ ਸਾੜ ਦਿੱਤੇ ਗਏ, ਕਤਲੇਆਮ ਕੀਤਾ ਗਿਆ ਅਤੇ ਔਰਤਾਂ ਨਾਲ ਜਿੰਨਾ ਜ਼ੁਲਮ ਕੀਤਾ ਗਿਆ ਉਸਦਾ ਵਰਨਣ ਕਰਨਾ ਵੀ ਸੂਝਵਾਨ ਲੋਕਾਂ ਲਈ ਮੁਸ਼ਕਿਲ ਹੈ। ਇਹੋ ਹੀ ਹਥਿਆਰ ਹੁਣ ਹਰਿਆਣੇ ਵਿੱਚ ਵਰਤਿਆ ਜਾ ਰਿਹਾ ਹੈ, ਗੁਜਰਾਤ ਵਿਚ ਵਾਪਰੀ ਘਟਨਾ ਵੀ ਦੱਸਦੀ ਹੈ ਕਿ ਮਨੁੱਖ ਵਿਚੋਂ ਸੰਵੇਦਨਸ਼ੀਲਤਾ ਖਤਮ ਕਰਕੇ ਉਸਨੂੰ ਦਰਿੰਦੇ ਬਣਾਇਆ ਜਾ ਰਿਹਾ ਹੈ। ਅਸੀਂ ਰਲ ਕੇ ਆਪਸੀ ਪਿਆਰ, ਹਮਦਰਦੀ ਅਤੇ ਮਨੁੱਖਤਾ ਦਾ ਹੋਕਾ ਦੇਈਏ ਤਾਂ ਕਿ ਅਸੀਂ ਆਪਣੇ ਦੇਸ਼ ਨੂੰ ਬਚਾ ਸਕੀਏ। ਦੋਵਾਂ ਆਗੂਆਂ ਨੇ ਘਟਨਾਵਾਂ ਦੀ ਨਿਰਪੱਖ ਜਾਂਚ ਦੀ ਮੰਗ ਕੀਤੀ।

ਇਸ ਮੀਟਿੰਗ ਵਾਸਤੇ ਬੀਨਾ ਅਤੇ ਪਾਸ਼ੋ ਨੇ ਇਲਾਕੇ ਦੇ ਲੋਕਾਂ ਨੂੰ ਇਕੱਠਾ ਕੀਤਾ ਅਤੇ ਉਹ ਗਵਾਂਢ ਵਿੱਚ ਚਲ ਰਹੇ ਇਕ ਸਕੂਲ ਵਿਚ ਵੀ ਗਏ ਅਤੇ ਅਧਿਆਪਕਾਂ ਅਤੇ ਵਿਦਿਆਰਥੀਆਂ ਨਾਲ ਗੱਲਬਾਤ ਕੀਤੀ।

ਇਸ ਸਕੂਲ ਦੇ ਸੰਚਾਲਕ ਰੇਖਾ ਭੱਟੀ ਅਤੇ ਪਵਨ ਕੁਮਾਰ ਭੱਟੀ ਹਨ ਜਿਨ੍ਹਾਂ ਗੁਰਬਤ ਦੇ ਮਾਰੇ ਬੱਚਿਆਂ ਨੂੰ ਪੜ੍ਹਾਉਣਾ ਸ਼ੁਰੂ ਕੀਤਾ। ਕੁਝ ਸਾਲਾਂ ਬਾਅਦ ਹੈਲਪ ਏ ਚਾਈਲਡ ਆਫ ਇੰਡੀਆ (ਐਨ ਜੀ ਓ) ਨੇ ਅਪਣਾ ਲਿਆ। ਇਥੇ ਹੁਣ ਪਹਿਲੀ ਤੋਂ +2 ਤੱਕ ਦੇ ਬੱਚੇ ਪੜ੍ਹਦੇ ਹਨ। ਇਹ ਇਲਾਕਾ ਇਸਾਈ ਭਾਈਚਾਰੇ ਨਾਲ ਸਬੰਧਤ ਹੈ। ਉਨ੍ਹਾਂ ਨੇ ਵਾਅਦਾ ਕੀਤਾ ਕਿ ਉਹ ਭਾਈਚਾਰਕ ਏਕਤਾ ਬਣਾਈ ਰੱਖਣਗੇ।

# ਸਤਲੁਜ ਪਬਲਿਕ ਸੀਨੀਅਰ ਸੈਕੰਡਰੀ ਸਕੂਲ 'ਚ ਪਈਆਂ ਤੀਆਂ ਦੀਆਂ ਧਮਾਲਾਂ





ਪੱਟੀ, ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)—ਪੱਟੀ ਇਲਾਕੇ ਅੰਦਰ ਬੀਤੇ ਲੰਮੇ ਸਮੇ ਤੋਂ ਪਿੰਡ ਠੱਕਰਪੁਰਾ 'ਚ ਸਤਲੁਜ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿੱਦਿਆ ਨੂੰ ਲੈ ਕੇ ਲੰਮੀਆਂ ਪੁਲਾਂਘਾਂ ਪੁੱਟਣ 'ਚ ਮੋਹਰੀ ਸੰਸਥਾ ਹੋਣ ਦਾ ਨਾਮਣਾ ਖੱਟ ਰਹੀ ਹੈ। ਇਹ ਸੰਸਥਾ ਸੱਭਿਆਚਾਰਕ ਵਿਰਸੇ ਤੋਂ ਜਾਣੂ ਕਰਵਾਉਣ ਲਈ ਵੀ ਪਿੱਛੇ ਨਹੀਂ ਹੈ। ਬੱਚਿਆਂ ਨਾਲ ਪੁਰਾਤਨ ਤਿਉਹਾਰਾਂ ਨੂੰ ਮਨਾ ਕੇ ਜਿਥੇ ਸਕੂਲ ਸਟਾਫ ਆਪਣੇ ਆਪ ਵਿਚ ਖੁਸ਼ੀ ਮਹਿਸੂਸ ਕਰ ਰਿਹਾ ਹੈ ਉਥੇ ਇਨ੍ਹਾਂ ਤਿਉਹਾਰਾਂ ਨੂੰ ਲੈ ਕੇ ਬੱਚਿਆਂ 'ਚ ਵੱਡੀ ਰੁਚੀ ਦਿਖਾਈ ਜਾ ਰਹੀ ਹੈ। ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸਾਉਣ ਦੇ ਮਹੀਨੇ ਦਾ ਮੁੱਖ ਤਿਉਹਾਰ ਤੀਆਂ ਸਤਲੁਜ ਸਕੂਲ ਦੇ ਵਿਹੜੇ ਵਿਚ ਮਨਾਉਣ ਲਈ ਰੰਗਾ-ਰੰਗ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਕੁੜੀਆਂ ਤੇ ਮੈਡਮਾਂ ਵੱਲੋਂ ਰਲ-ਮਿਲ ਕੇ ਗਿੱਧਾ ਪਾਇਆ ਗਿਆ। ਬੱਚਿਆਂ 'ਚ ਗਿੱਧੇ ਦੇ ਨਾਲ-ਨਾਲ ਰੱਖੜੀ ਤੇ ਮਹਿੰਦੀ ਲਗਾਉਣ ਦੇ ਮੁਕਾਬਲੇ ਵੀ ਕਰਵਾਏ ਗਏ। ਅਹਿਮ ਪੁਜੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆ ਨੂੰ ਇਨਾਮ ਵੰਡ ਕੇ ਉਨ੍ਹਾਂ ਦੀ ਹੌਸਲਾ ਅਫਜ਼ਾਈ ਕੀਤੀ ਗਈ। ਸਕੂਲ ਮੈਨੇਜਮੈਂਟ ਕਮੇਟੀ ਦੇ ਮੈਂਬਰ ਹਰਬੀਰ ਸਿੰਘ ਗਿੱਲ ਨੇ ਬੱਚਿਆਂ ਨੂੰ ਪੁਰਾਤਨ ਤਿਉਹਾਰਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਅੱਜ ਦੇ ਪਦਾਰਥਵਾਦੀ ਯੁੱਗ ਵਿਚ ਆਪਣੇ ਤਿਉਹਾਰਾ ਨੂੰ ਭੁੱਲ ਕੇ ਪੈਸੇ ਦੀ ਦੌੜ ਲੱਗੀ ਹੈ। ਨਵੀਂ ਪੀੜ੍ਹੀ ਆਪਣੇ ਅਮੀਰ ਸੱਭਿਆਚਾਰਕ ਵਿਰਸੇ ਨੂੰ ਭੁੱਲਦੀ ਜਾ ਰਹੀ ਹੈ। ਅਜੋਕੀ ਪੀੜ੍ਹੀ ਮੋਬਾਇਲਾਂ ਦੀਆਂ ਸਕਰੀਨਾਂ ਵਿਚ ਕੈਦ ਹੋ ਰਹਿ ਗਈ। ਸਕੂਲ ਪ੍ਰਿੰਸੀਪਲ ਮੈਡਮ ਰਾਜਬੀਰ ਕੌਰ ਨੇ ਆਪਣੇ ਭਾਸ਼ਨ ਦੌਰਾਨ ਦੱਸਿਆ ਕਿ ਸਾਡਾ ਵਿਰਸਾ ਬੜਾ ਅਮੀਰ ਹੈ। ਉਨ੍ਹਾਂ ਸੱਭਿਆਚਾਰ ਨੂੰ ਭੁੱਲਣ 'ਤੇ ਚਿੰਤਾ ਜ਼ਾਹਰ ਕੀਤੀ ਗਈ। ਰਾਜਬੀਰ ਕੌਰ ਨੇ ਦੱਸਿਆ ਕਿ ਜੇਕਰ ਇਸੇ ਤਰ੍ਹਾਂ ਸਿਲਸਿਲਾ ਚੱਲਦਾ ਰਿਹਾ ਤਾ ਉਹ ਦਿਨ ਦੂਰ ਨਹੀਂ ਜਦੋਂ ਸਾਡੇ ਬੱਚੇ ਆਪਣੇ ਰੀਤੀ ਰਿਵਾਜ, ਸੱਭਿਆਚਾਰਕ ਕਦਰਾਂ-ਕੀਮਤਾਂ, ਪੁਰਾਤਨ ਖੇਡਾਂ ਅਤੇ ਤਿਉਹਾਰਾਂ ਤੋਂ ਦੂਰ ਹੋ ਜਾਣਗੇ। ਉਨ੍ਹਾਂ ਬੱਚਿਆਂ ਦੇ ਮਾਪਿਆਂ ਨੂੰ ਵੀ ਅਪੀਲ ਕੀਤੀ ਕਿ ਵਿਹਲੇ ਸਮੇਂ ਦੌਰਾਨ ਬੱਚਿਆਂ ਨੂੰ ਰਵਾਇਤੀ ਖੇਡਾਂ ਤੇ ਪੁਰਾਤਨ ਤਿਉਹਾਰਾਂ ਸਬੰਧੀ ਜਾਣੂ ਕਰਵਾਉਣ। ਇਸ ਮੌਕੇ ਹਰਨੂਰ ਸਿੰਘ ਗਿੱਲ, ਮੈਡਮ ਪਰਮਿੰਦਰ ਕੌਰ ਸਮੇਤ ਸਾਰਾ ਸਕੂਲ ਦਾ ਸਟਾਫ ਹਾਜ਼ਰ ਸੀ।

# ਵਿਧਾਇਕ ਸ਼ੈਰੀ ਕਲਸੀ ਗੁਰਦੁਆਰਾ ਸ੍ਰੀ ਅੱਚਲ ਸਾਹਿਬ ਵਿਖੇ ਹੋਏ ਨਤਮਸਤਕ

ਬਟਾਲਾ (ਡਾ. ਮਲਵਿੰਦਰ ਸਿੰਘ)-ਸ੍ਰੀ ਗੁਰੂ ਨਾਨਕ ਦੇਵ ਜੀ ਦੀ ਚਰਨ ਛੋਹ ਪ੍ਰਾਪਤ ਧਰਤੀ ਗੁਰਦੁਆਰਾ ਸ੍ਰੀ ਅੱਚਲ ਸਾਹਿਬ ਵਿਖੇ ਹਲਕਾ ਬਟਾਲਾ ਦੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਸਾਥੀਆਂ ਸਮੇਤ ਨਤਮਸਤਕ ਹੋਏ ਅਤੇ ਸਰਬੱਤ ਦੇ ਭਲੇ ਲਈ ਅਰਦਾਸ ਬੇਨਤੀ ਕਰਨ ਤੋਂ ਬਾਅਦ ਪੰਥ ਰਤਨ ਸੱਚਖੰਡ ਵਾਸੀ ਬਾਬਾ ਹਰਬੰਸ ਸਿੰਘ ਕਾਰ ਸੇਵਾ ਦਿੱਲੀ ਵਾਲਿਆਂ ਦੇ ਸੇਵਾਦਾਰ ਬਾਬਾ ਮਲਕੀਤ ਸਿੰਘ ਕੋਲੋਂ ਅਸ਼ੀਰਵਾਦ ਲਿਆ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਕਲਸੀ ਨੇ ਕਿਹਾ ਕਿ ਬਾਬਾ ਮਲਕੀਤ ਸਿੰਘ ਵੱਲੋਂ ਜੋ ਸੰਗਤਾਂ ਦੇ ਰਹਿਣ ਲਈ ਸਰਾਵਾਂ, ਦਰਸ਼ਨੀ ਡਿਓਢੀ, ਜੋੜਾ ਘਰ ਅਤੇ ਬਾਥਰੂਮ ਜੋ ਕਿ ਤਿਆਰ ਹੋ ਚੁੱਕੇ ਹਨ ਅਤੇ ਹੁਣ ਸੰਗਤਾਂ ਦੇ ਲਈ ਵਿਸ਼ਾਲ ਲੰਗਰ ਹਾਲ ਤਿਆਰ ਕੀਤਾ ਜਾ ਰਿਹਾ ਹੈ ਬਹੁਤ ਹੀ ਸ਼ਲਾਘਾਯੋਗ ਕੰਮ ਹੈ।

ਉਨਾਂ ਕਿਹਾ ਕਿ ਦੀਵਾਲੀ ਤੋਂ ਨੌਂ ਦਿਨ ਬਾਅਦ ਗੁਰਦੁਆਰਾ ਸ੍ਰੀ ਅਚਲ ਸਾਹਿਬ ਅਤੇ ਅਚਲੇਸ਼ਵਰ ਧਾਮ ਵਿਖੇ ਨੌਮੀ ਅਤੇ ਦਸਵੀਂ ਦਾ ਮੇਲਾ ਲੱਗਦਾ ਹੈ, ਜਿਸ ਸਮੇਂ ਵੱਡੀ ਗਿਣਤੀ ਵਿੱਚ ਸੰਗਤਾਂ ਗੁਰਦੁਆਰਾ ਸਾਹਿਬ ਨਤਮਸਤਕ ਹੁੰਦੀਆਂ ਹਨ।

ਉਨ੍ਹਾਂ ਸੰਗਤਾਂ ਨੂੰ ਅਪੀਲ ਕਰਦਿਆਂ ਹੋਇਆਂ ਕਿਹਾ ਕਿ ਸਾਡਾ ਵੀ ਸਾਰਿਆਂ ਦਾ ਫਰਜ਼ ਬਣਦਾ ਹੈ ਕਿ ਗੁਰੂ ਘਰਾਂ ਵਿੱਚ ਚੱਲ ਰਹੀਆਂ ਸੇਵਾਵਾਂ ਵਿੱਚ ਤਨ ਮਨ ਧਨ ਨਾਲ ਸੇਵਾ ਕਰਕੇ ਆਪਣਾ ਜੀਵਨ ਸਫਲਾ ਕਰੀਏ। ਇਸ ਮੌਕੇ ਵਿੱਕੀ ਚੌਹਾਨ. ਬੀ. ਐਮ. ਮਾਸਟਰ ਨਵਦੀਪ ਸਿੰਘ ਆਦਿ ਹਾਜ਼ਰ ਸਨ।

# ਕਿਸਾਨ ਜਥੇਬੰਦੀ ਨੇ ਗਰੀਬ ਪਰਿਵਾਰ ਦੇ ਘਰ ਦੀ ਬਿਜਲੀ ਸਪਲਾਈ ਚਾਲੂ ਕਰਵਾਈ



ਮਜੀਠਾ (ਸੋਇਮ ਆਨੰਦ)-ਕਿਸਾਨ ਤੇ ਜਵਾਨ ਭਲਾਈ ਯੂਨੀਅਨ ਪੰਜਾਬ ਦੇ ਪ੍ਰਧਾਨ ਸੁਖਦੇਵ ਸਿੰਘ ਭੋਜਰਾਜ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ੍ਰੀ ਅੰਮ੍ਰਿਤਸਰ ਸਾਹਿਬ ਜ਼ਿਲੇ ਦੀ ਸਾਡੀ ਜਥੇਬੰਦੀ ਦੇ ਪ੍ਰਧਾਨ ਨਿਸ਼ਾਨ ਸਿੰਘ ਬਾਬੋਵਾਲ ਨੂੰ ਮਿਲ ਕੇ ਪਿੰਡ ਬੱਗਾ ਦੇ ਵਸਨੀਕ ਮਨਜੀਤ ਸਿੰਘ ਜੋ ਮਜ਼ਦੂਰੀ ਕਰਕੇ ਆਪਣਾ ਪਰਿਵਾਰ ਪਾਲਦਾ ਹੈ, ਆਪਣੇ ਘਰੇ ਨਵਾਂ ਕੁਨੈਕਸ਼ਨ ਲਗਾਉਣ ਲਈ ਮਹਿਕਮਾ ਪਾਵਰਕੌਮ ਕੋਲ ਚਾਰ ਮਹੀਨੇ ਪਹਿਲਾਂ ਸਿਕਿਓਰਟੀ ਭਰੀ ਸੀ ਜਿਸ ਤੇ ਕਾਰਵਾਈ ਕਰਦਿਆਂ ਮਹਿਕਮਾ ਸਮਾਰਟ ਮੀਟਰ ਲਗਾਉਣ ਆਇਆ ਜਿਸ ਦਾ ਪਰਿਵਾਰ ਨੇ ਵਿਰੋਧ ਕਰਦਿਆਂ ਕਿਹਾ ਕਿ ਅਸੀਂ ਸਮਾਰਟ ਮੀਟਰ ਨਹੀਂ ਲਗਾਉਣਾ ਜਿਸ ਦੇ ਚਲਦੇ ਸਾਰਾ ਪਰਿਵਾਰ ਅੱਤ ਦੀ ਗਰਮੀ ਵਿੱਚ ਬਿਨਾਂ ਬਿਜਲੀ ਦੇ ਹੀ ਦਿਨ ਕੱਟ ਰਿਹਾ ਸੀ।

ਇਹ ਮਾਮਲਾ ਸੂਬਾ ਪ੍ਰਧਾਨ ਸੁਖਦੇਵ ਸਿੰਘ ਭੋਜਰਾਜ ਦੇ ਧਿਆਨ ਵਿੱਚ ਆਉਂਦਿਆਂ ਹੀ ਪਾਵਰਕੌਮ ਦੀ ਸਬ ਡਵੀਜ਼ਨ ਉਦੋਕੇ ਦੇ ਐੱਸਡੀਓ ਦੇ ਧਿਆਨ ਵਿੱਚ ਰੱਖਣ ਤੋਂ ਬਾਅਦ ਸਾਦਾ ਮੀਟਰ ਲਗਾ ਕੇ ਗਰੀਬ ਮਜ਼ਦੂਰ ਪਰਿਵਾਰ ਦੇ ਘਰ ਦੀ ਬਿਜਲੀ ਸਪਲਾਈ ਚਾਲੂ ਕਰ ਦਿੱਤੀ ਗਈ।

ਇਸ ਮੌਕੇ ਕਿਸਾਨ ਆਗੂ ਸੁਖਦੇਵ ਸਿੰਘ ਭੋਜਰਾਜ ਨੇ ਕਿਹਾ ਕਿ ਪੰਜਾਬ ਸਰਕਾਰ ਕੇਂਦਰ ਸਰਕਾਰ ਦੇ ਨਕਸ਼ੇ ਕਦਮਾਂ ਉੱਤੇ ਚਲਦੇ ਹੋਏ ਕਾਰਪੋਰੇਟ ਪੱਖੀ ਅਤੇ ਲੋਕ ਵਿਰੋਧੀ ਫੈਸਲੇ ਕਰ ਰਹੀ ਹੈ। ਚਿੱਪ ਵਾਲੇ ਮੀਟਰ ਲਗਾਉਣੇ ਵੀ ਇਸੇ ਕਵਾਇਦ ਦਾ ਹਿੱਸਾ ਹੈ ਜਿਸ ਨੂੰ ਸਾਡੀ ਜਥੇਬੰਦੀ ਕਿਸੇ ਵੀ ਕੀਮਤ ਤੇ ਲਾਗੂ ਨਹੀਂ ਹੋਣ ਦੇਵੇਗੀ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਚਿੱਪ ਵਾਲੇ ਮੀਟਰ ਲਗਾਉਣ ਵਾਲਾ ਫੈਸਲਾ ਤੁਰੰਤ ਵਾਪਿਸ ਲੈਣਾ ਚਾਹੀਦਾ ਹੈ।

ਇਸ ਮੌਕੇ ਪ੍ਰਧਾਨ ਦਰਸਨ ਸਿੰਘ ਭੰਬੋਈ ਗੁਰਦਾਸਪੁਰ, ਪਾਲ ਸਿੰਘ, ਸੁਖਵਿੰਦਰ ਸਿੰਘ ਘੁੰਮਣ, ਜੋਗਿੰਦਰ ਸਿੰਘ ਰੰਧਾਵਾ, ਨਿਸ਼ਾਨ ਸਿੰਘ ਬਾਬੋਵਾਲ, ਭੁਪਿੰਦਰ ਸਿੰਘ ਬੱਗਾ, ਅਮ੍ਰਿਤਪਾਲ ਸਿੰਘ ਅਬਦਾਲ, ਤਜਿੰਦਰ ਸਿੰਘ ਦਾਬਾਂਵਾਲ, ਗੁਰਜਿੰਦਰ ਸਿੰਘ ਸਿਧਵਾਂ, ਬਲਬੀਰ ਸਿੰਘ ਮਰੜੀ ਕਲਾਂ, ਹਰਮਨਪ੍ਰੀਤ ਸਿੰਘ ਮਰੜੀ ਕਲਾਂ, ਮਨਜੀਤ ਸਿੰਘ, ਹਰਮੀਤ ਕੌਰ, ਪਰਵੀਨ ਕੌਰ, ਰਣਜੀਤ ਕੌਰ, ਬਲਵਿੰਦਰ ਕੌਰ, ਪਰਮਜੀਤ ਕੌਰ, ਜਸਵਿੰਦਰ, ਤਲਵਿੰਦਰ ਕੌਰ, ਹਰਦੇਵ ਸਿੰਘ, ਪਰਮਜੀਤ ਸਿੰਘ, ਕੇਵਲ ਸਿੰਘ, ਰਣਜੀਤ ਸਿੰਘ, ਗੁਰਪ੍ਰੀਤ ਸਿੰਘ, ਸਿਮਰਜੀਤ ਸਿੰਘ, ਸਰਬਜੀਤ ਸਿੰਘ, ਜਸਵੰਤ ਸਿੰਘ, ਗੁਰਮੇਜ ਸਿੰਘ ਆਦਿ ਕਿਸਾਨ, ਮਜ਼ਦੂਰ ਤੇ ਬੀਬੀਆਂ ਹਾਜ਼ਰ ਸਨ।

# ਪੰਜਾਬ 'ਚ ਲੋਜਪਾ (ਰਾਮ ਵਿਲਾਸ) ਵੀ ਬਣੇਗੀ ਐੱਨਡੀਏ ਦਾ ਹਿੱਸਾ : ਚਿਰਾਗ ਪਾਸਵਾਨ



ਬੁਤਾਲਾ (ਨਿਰਮਲ ਸਿੰਘ ਸੰਘਾ)—ਘੱਟ ਗਿਣਤੀਆਂ ਲੋਕ ਭਲਾਈ ਸੰਸਥਾ ਦੇ ਸੁਪਰੀਮੋ ਸਤਨਾਮ ਸਿੰਘ ਗਿੱਲ ਨੇ ਲੋਕ ਜਨ ਸ਼ਕਤੀ ਪਾਰਟੀ ਦੇ ਦਿੱਲੀ ਸਥਿਤ ਪਾਰਟੀ ਦਫਤਰ ਵਿਖੇ ਲੋਜਪਾ ਦੇ ਪ੍ਰਧਾਨ ਅਤੇ ਮੈਂਬਰ ਲੋਕ ਸਭਾ ਚਿਰਾਗ ਪਾਸਵਾਨ ਨਾਲ ਰਸਮੀ ਤੌਰ 'ਤੇ ਮੀਟਿੰਗ ਕੀਤੀ। ਇਸ ਮੌਕੇ ਗਿੱਲ ਨੇ ਚਿਰਾਗ ਪਾਸਵਾਨ ਅੱਗੇ ਪੰਜਾਬ ਸੂਬੇ ਦੇ ਦਲਿਤਾਂ ਦਾ ਮੁੱਦਾ ਉਠਾਇਆ ਅਤੇ ਉਨ੍ਹਾਂ ਨੂੰ ਅਪੀਲ ਕੀਤੀ ਕਿ ਉਹ ਦਲਿਤ ਭਾਈਚਾਰੇ ਦੇ ਹਿੱਤਾਂ ਦੀ ਰਾਖੀ ਅਤੇ ਠੋਸ ਤਰੀਕੇ ਨਾਲ ਪੈਰਵਾਈ ਕਰਨ। ਇਸ ਮੌਕੇ ਸਤਨਾਮ ਸਿੰਘ ਗਿੱਲ ਨੇ ਚਿਰਾਗ ਪਾਸਵਾਨ ਨੂੰ ਭਰੋਸਾ ਦਿਵਾਇਆ ਕਿ ਉਹ ਰਿਪਬਲਿਕਨ ਪਾਰਟੀ ਆਫ ਇੰਡੀਆ ਅਠਾਵਲੇ ਦੀ ਪੁਰਾਣੀ ਟੀਮ ਨੂੰ ਨਾਲ ਲੈ ਕੇ ਪੰਜਾਬ ਵਿਚ ਲੋਜਪਾ ਦੀ ਮਜ਼ਬੂਤੀ ਲਈ ਬੂਥ ਪੱਧਰ 'ਤੇ ਸੰਗਠਨ ਨੂੰ ਮਜਬੂਤ ਕਰਨ ਲਈ ਰਾਤ-ਦਿਨ ਇੱਕ ਕਰਨਗੇ।

ਸਰਦਾਰ ਗਿੱਲ ਨੇ ਦਿੱਲੀ ਵਿੱਚ ਪੰਜਾਬ ਦੀ ਨੁਮਾਇੰਦਗੀ ਕਰਦੇ ਹੋਏ ਕਿਹਾ ਕਿ 2024 ਦੀਆਂ ਪਾਰਲੀਮਾਨੀ ਚੋਣਾਂ ਵਿੱਚ ਲੋਜਪਾ (ਰਾਮ ਵਿਲਾਸ) ਪੰਜਾਬ ਵਿੱਚ ਗਠਜੋੜ ਨੂੰ ਹੋਰ ਮਜ਼ਬੂਤ ਕਰੇਗੀ। ਸਤਨਾਮ ਸਿੰਘ ਗਿੱਲ ਨੇ ਚਿਰਾਗ ਪਾਸਵਾਨ ਨਾਲ ਗੱਲਬਾਤ ਕਰਦੇ ਕਿਹਾ ਕਿ ਪੰਜਾਬ ਵਿੱਚ ਸਥਾਨਕ ਅਤੇ ਗੁਰਦੁਆਰਾ ਚੋਣਾਂ ਵਿੱਚ ਲੋਜਪਾ ਪਾਰਟੀ ਹਿੱਸਾ ਲਵੇਗੀ। ਉਨ੍ਹਾਂ ਨੇ ਚਿਰਾਗ ਪਾਸਵਾਨ ਨਾਲ ਹੱਥ ਮਿਲਾਉਂਦੇ ਹੋਏ ਕਿਹਾ ਕਿ ਲੋਜਪਾ ਰਾਮ ਵਿਲਾਸ ਨੂੰ ਮਜ਼ਬੂਤ ਕਰਨ ਲਈ ਜ਼ਮੀਨੀ ਪੱਧਰ 'ਤੇ ਕੰਮ ਕੀਤਾ ਜਾਵੇਗਾ। ਗਿੱਲ ਨੇ ਇਸ ਮੌਕੇ ਚਿਰਾਗ ਪਾਸਵਾਨ ਨੂੰ ਦੱਸਿਆ ਕਿ 13 ਸੰਸਦੀ ਹਲਕਿਆਂ ਵਿੱਚੋਂ ਪੰਜ ਸੀਟਾਂ ਤੇ ਚੋਣਾਂ ਲੜਨ ਦੇ ਚਾਹਵਾਨ ਉਮੀਦਵਾਰ ਉਨ੍ਹਾਂ ਦੇ ਸੰਪਰਕ ਵਿੱਚ ਹਨ। ਉਨ੍ਹਾਂ ਸ਼੍ਰੋਮਣੀ ਗੁਰਦਵਾਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਵਿੱਚ ਲੋਜਪਾ ਦੇ ਵਲੰਟੀਅਰਾਂ ਨੂੰ ਚੋਣ ਮੈਦਾਨ ਵਿੱਚ ਉਤਾਰਨ ਦੇ ਮੁੱਦੇ ਤੇ ਚਿਰਾਗ ਪਾਸਵਾਨ ਨਾਲ ਵਿਚਾਰ-ਵਟਾਂਦਰਾ ਕੀਤਾ। ਇਸ ਮੌਕੇ ਪੀਏ ਗੁਰਪ੍ਰੀਤ ਸਿੰਘ, ਸੁਖਵਿੰਦਰ ਸਿੰਘ ਅਤੇ ਗੁਰਜੀਤ ਸਿੰਘ ਸਠਿਆਲਾ ਆਦਿ ਵੀ ਹਾਜ਼ਰ ਸਨ।

# ਅਧਿਆਪਕਾਂ ਨੇ ਭਗਵੰਤ ਮਾਨ ਸਰਕਾਰ ਦਾ ਕੀਤਾ ਧੰਨਵਾਦ



ਅਜਨਾਲਾ (ਸੁਖਤਿੰਦਰ ਸਿੰਘ ਰਾਜੂ)-ਸਰਕਾਰੀ ਐਲੀਮੈਂਟਰੀ ਸਕੂਲ ਦੂਜੋਵਾਲ ਵਿਖੇ ਡਿਊਟੀ ਨਿਭਾਅ ਰਹੇ ਅਧਿਆਪਕਾਂ ਨੇ ਪੰਜਾਬ ਸਰਕਾਰ ਤੇ ਸਿੱਖਿਆ ਮੰਤਰੀ ਵੱਲੋਂ ਉਨ੍ਹਾਂ ਨੂੰ ਪੱਕੇ ਕਰਨ ਤੇ ਤਨਖਾਹਾਂ 'ਚ ਵਾਧਾ ਕਰਨ ਦੇ ਲਏ ਗਏ ਸ਼ਲਾਘਾਯੋਗ ਫੈਸਲੇ ਦਾ ਸਵਾਗਤ ਕਰਦੇ ਹੋਏ ਧੰਨਵਾਦ ਕੀਤਾ।

ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਅਧਿਆਪਕ ਸਰਬਿੰਦਰ ਸਿੰਘ ਦੂਜੋਵਾਲ ਨੇ ਪੱਕੇ ਹੋਣ ਵਾਲੇ ਅਧਿਆਪਕਾਂ ਵੱਲੋਂ ਪੰਜਾਬ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਭਗਵੰਤ ਮਾਨ ਸਰਕਾਰ ਦੁਆਰਾ ਉਨ੍ਹਾਂ ਦੀਆਂ ਮੁਸ਼ਕਿਲਾਂ ਨੂੰ ਸੁਣਦੇ ਹੋਏ ਲੰਬੇ ਸਮੇਂ ਤੋਂ ਲਟਕਦੀ ਮੰਗ ਨੂੰ ਪੂਰਾ ਕੀਤਾ ਹੈ ਅਤੇ ਉਨ੍ਹਾਂ ਨੂੰ ਮਿਲਦੀਆਂ ਬਹੁਤ ਹੀ ਘੱਟ ਤਨਖਾਹਾਂ ਵਿੱਚ ਵਾਧਾ ਕਰ ਕੇ ਉਨ੍ਹਾਂ ਦੀਆਂ ਸੇਵਾਵਾਂ ਨੂੰ ਪੱਕਾ ਕੀਤਾ ਹੈ ਜਿਸ ਦੇ ਲਈ ਉਹ ਆਪਣੇ ਪਰਿਵਾਰਾਂ ਸਣੇ ਹਮੇਸ਼ਾ ਭਗਵੰਤ ਮਾਨ ਸਰਕਾਰ ਦੇ ਸਦਾ ਰਿਣੀ ਰਹਿਣਗੇ। ਇਸ ਮੌਕੇ ਕੁਲਵਿੰਦਰ ਸਿੰਘ, ਹਰਪ੍ਰੀਤ ਸਿੰਘ, ਸੁਨੀਤਾ ਰਾਣੀ, ਹਰਦੀਪ ਸਿੰਘ, ਵਿਨੇ ਕੁਮਾਰ, ਗੁਰਨਾਮ ਸਿੰਘ, ਸੁਨੀਤਾ, ਤੇਜਵਿੰਦਰ ਸਿੰਘ, ਹਰਮੀਤ ਸਿੰਘ, ਜੋਤੀ ਆਦਿ ਹਾਜ਼ਰ ਸਨ।

# ਰਿਆੜਕੀ ਕਾਲਜ ਤੁਗਲਵਾਲਾ ਵਿਖੇ ਮਨਾਇਆ 47ਵਾਂ ਸ਼ਹੀਦ ਊਧਮ ਸਿੰਘ ਵਣ-ਮਹਾਂਉਤਸਵ



ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਪੰਜਾਬ ਦੇ ਸ਼ਾਂਤੀ ਨਿਕੇਤਨ ਵਜੋਂ ਜਾਣੇ ਜਾਂਦੇ ਬਾਬਾ ਆਇਆ ਸਿੰਘ ਰਿਆੜਕੀ ਕਾਲਜ ਤੁਗਲਵਾਲਾ ਵਿਖੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਵਿਰਸੇ ਤੋਂ ਜਾਣੂ ਕਰਾਉਣ, ਦੇਸ਼ ਦੀ ਖਾਤਰ ਹੱਸ-ਹੱਸ ਜਾਨਾਂ ਵਾਰਨ ਵਾਲੇ ਦੇਸ਼ ਭਗਤਾਂ ਦੀ ਸੋਚ ਨੂੰ ਸਮਝਣ ਅਤੇ ਵਿਚਾਰਨ ਦੇ ਮੰਤਵ ਨਾਲ ਸ਼ਹੀਦ ਊਧਮ ਸਿੰਘ ਦੀ ਸ਼ਹੀਦੀ ਨੂੰ ਸਮਰਪਿਤ 47ਵਾਂ ਸ਼ਹੀਦ ਊਧਮ ਸਿੰਘ ਵਣ-ਮਹਾਂਉਤਸਵ' ਮਨਾਇਆ ਗਿਆ ਜਿਸ ਦੀ ਪ੍ਰਧਾਨਗੀ ਪਰਮਜੀਤ ਸਿੰਘ ਵਣ ਬਲਾਕ ਅਫਸਰ ਕਾਦੀਆਂ ਨੇ ਆਪਣੇ ਹੱਥੀਂ ਯਾਦਗਾਰੀ ਪੌਦੇ ਲਾ ਕੇ ਕੀਤੀ। ਉਨ੍ਹਾਂ ਨਾਲ ਕਵਲਜੀਤ ਸਿੰਘ ਵਣ ਗਾਰਡ ਕਾਹਨੂੰਵਾਨ, ਤੇਜਬੀਰ ਸਿੰਘ ਵਣ ਇੰਚਾਰਜ ਬਿੰਦ ਬੀੜ ਅਤੇ ਸ਼ਕਤੀ ਕਪੂਰ ਵਣ ਗਾਰਡ ਹਰਚੋਵਾਲ ਨੇ ਵੀ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਪ੍ਰਿੰਸੀਪਲ ਸਵਰਨ ਸਿੰਘ ਵਿਰਕ ਨੇ ਸੰਬੋਧਿਤ ਹੁੰਦੇ ਹੋਏ ਕਿਹਾ ਕਿ ਇਨਾਂ ਇਤਿਹਾਸਕ ਦਿਨਾਂ ਨੂੰ ਮਨਾਉਣ ਦਾ ਮਕਸਦ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਵਿਰਸੇ ਤੋਂ ਜਾਣੂ ਕਰਵਾਉਣਾ ਹੈ। ਕਿਸੇ ਦਿਨ ਤਿਓਹਾਰ ਤੇ ਛੁੱਟੀ ਕਰਨ ਨਾਲ ਵਿਦਿਆਰਥੀ ਸੌੜੀ ਸੋਚ ਦੇ ਮਾਲਕ ਬਣ ਜਾਂਦੇ ਹਨ, ਇਸ ਲਈ ਇਸ ਸੰਸਥਾ 'ਚ ਕੋਈ ਛੁੱਟੀ ਨਹੀਂ ਕੀਤੀ ਜਾਂਦੀ ਬਲਕਿ ਤਿਉਹਾਰ ਨੂੰ ਪੂਰੀ ਸ਼ਿੱਦਤ ਤੇ ਭਾਵਨਾ ਨਾਲ ਮਨਾਇਆ ਜਾਂਦਾ ਹੈ। ਸ੍ਰ. ਪਰਮਜੀਤ ਸਿੰਘ ਨੇ ਵਿਦਿਅਰਥੀਆਂ ਨਾਲ ਵਿਚਾਰਾਂ ਦੀ ਸਾਂਝ ਪਾਉਂਦੇ ਹੋਏ ਕਿਹਾ ਕਿ ਉਨ੍ਹਾਂ ਦੀ ਬੜੀ ਦਿਲੀ ਇੱਛਾ ਸੀ ਕਿ ਉਹ ਇਸ ਸੰਸਥਾ ਵਿੱਚ ਆਉਣ ਅਤੇ ਅੱਖੀਂ ਏਥੋਂ ਦੇ ਸਵਰਗ ਵਰਗੇ ਮਾਹੌਲ ਦਾ ਆਨੰਦ ਲੈਣ ਅਤੇ ਅੱਜ ਉਨ੍ਹਾਂ ਦੀ ਖਵਾਹਿਸ਼ ਪੂਰੀ ਹੋਈ ਹੈ। ਉਨ੍ਹਾਂ ਕਿਹਾ ਕਿ ਏਥੋਂ ਦੇ ਵਿਦਿਆਰਥੀਆਂ ਦਾ ਵਿੱਦਿਅਕ ਮਾਹੌਲ, ਅਨੁਸ਼ਾਸਨ, ਨਕਲ ਨਾ ਮਾਰਨਾ ਆਦਿ ਕਾਬਿਲ ਏ ਤਾਰੀਫ਼ ਹੈ। ਕਵਲਜੀਤ ਸਿੰਘ ਨੇ ਕਿਹਾ ਕਿ ਹਰ ਕੰਮ ਨੂੰ ਨਿਵੇਕਲੇ ਢੰਗ ਨਾਲ ਕਰਨਾ ਇਸੇ ਸੰਸਥਾ ਦੇ ਹਿੱਸੇ ਆਇਆ ਹੈ। ਸੰਸਥਾ ਵਿੱਚ ਲੱਗੇ ਹੋਏ ਵੱਧ ਤੋਂ ਵੱਧ ਰੁੱਖਾਂ ਤੇ ਪੌਦਿਆਂ ਨੂੰ ਵੇਖਦੇ ਹੋਏ ਤੇਜਬੀਰ ਸਿੰਘ ਨੇ ਕਿਹਾ ਕਿ ਇਸ ਸੰਸਥਾ ਦੇ ਵਿਦਿਆਰਥੀ ਜੋ ਕਹਿੰਦੇ ਹਨ ਉਹ ਕਰਦੇ ਵੀ ਹਨ। ਇਸ ਮੌਕੇ ਵਿਦਿਆਰਥੀਆਂ ਦੇ ਵੱਖ-ਵੱਖ ਵਿੰਗਾਂ ਵਿਚਕਾਰ ਸ਼ਹੀਦ ਊਧਮ ਸਿੰਘ ਦੀ ਸ਼ਹਾਦਤ ਅਤੇ ਰੁੱਖਾਂ ਤੇ ਕਵਿਤਾ, ਲੈਕਚਰ, ਗੀਤ, ਕਵੀਸ਼ਰੀ, ਪੇਂਟਿੰਗ ਅਤੇ ਪੋਸਟਰ ਮੇਕਿੰਗ ਮੁਕਾਬਲੇ ਕਰਵਾਏ ਗਏ ਜਿਨ੍ਹਾਂ ਵਿਚੋਂ ਕੰਪਿਊਟਰ ਵਿਭਾਗ ਦੀ ਵਿਦਿਆਰਥਣ ਨਵਜੋਤ ਕੌਰ ਲੀਲ੍ਹ ਕਲਾਂ ਨੇ ਲੈਕਚਰ ਮੁਕਾਬਲੇ ਵਿੱਚੋਂ ਪਹਿਲਾ ਸਥਾਨ ਹਾਸਲ ਕੀਤਾ। ਖੁਸ਼ਵਿੰਦਰ ਅਤੇ ਜਸ਼ਨਪ੍ਰੀਤ ਦੁਆਰਾ ਪੇਸ਼ ਕੀਤਾ "ਮੈਂ ਵਤਨ ਦਾ ਸ਼ਹੀਦ ਹਾਂ" ਗੀਤ ਨੇ ਪਹਿਲਾ ਸਥਾਨ ਹਾਸਲ ਕਰਕੇ ਵਿਸ਼ੇਸ਼ ਇਨਾਮ ਪ੍ਰਾਪਤ ਕੀਤਾ। ਸੰਸਥਾ ਦੇ ਹਰੇਕ ਵਿਦਿਆਰਥੀ ਨੇ ਸ਼ਹੀਦ ਊਧਮ ਸਿੰਘ ਨੂੰ ਸਮਰਪਿਤ ਇੱਕ ਇੱਕ ਯਾਦਗਾਰੀ ਪੌਦਾ ਲਗਾਇਆ ਤੇ "ਹਰ ਮਨੁੱਖ ਲਾਵੇ ਰੁੱਖ" ਨਾਹਰੇ ਨੂੰ ਪ੍ਰਫੁੱਲਿਤ ਕੀਤਾ। ਅਖੀਰ ਪ੍ਰਿੰਸੀਪਲ ਵਿਰਕ ਅਤੇ ਸਟੂਡੈਂਟ ਕਮੇਟੀ ਦੁਆਰਾ ਬਾਹਰੋਂ ਆਏ ਗੈਸਟ ਸਾਹਿਬਾਨ ਦਾ ਸਿਰੋਪਾਉ ਤੇ ਸਨਮਾਨ ਪੱਤਰ ਨਾਲ ਸਨਮਾਨ ਕੀਤਾ।

# ਸਿਵਲ ਡਿਸਪੈਂਸਰੀ ਸਿੰਘੋਵਾਲ 'ਚ ਬਣਿਆ 'ਆਯੂਸ਼ਮਾਨ ਕਾਰਡ'



ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਸੂਬੇ ਦੇ ਲੋਕਾਂ ਨੂੰ ਚੰਗੀਆਂ ਸਿਹਤ ਸੇਵਾਵਾਂ ਦੇਣ ਦੇ ਉਪਰਾਲੇ ਤਹਿਤ ਪੰਜਾਬ ਸਰਕਾਰ ਵੱਲੋਂ ਇਲਾਕੇ ਦੇ ਲੋਕਾਂ ਲਈ ਆਯੂਸ਼ਮਾਨ ਕਾਰਡ ਬਣਾਏ ਜਾ ਰਹੇ ਹਨ। ਇਸ ਸਕੀਮ ਤਹਿਤ ਆਯੂਸ਼ਮਾਨ ਭਾਰਤ ਵੈਨ ਆਪਣੀਆਂ ਸੇਵਾਵਾਂ ਦੇਣ ਲਈ ਸਿਵਲ ਡਿਸਪੈਂਸਰੀ ਸਿੰਘੋਵਾਲ ਦੀਨਾਨਗਰ ਵਿਖੇ ਹਾਜ਼ਰ ਹੋਈ। ਸੀਨੀਅਰ ਮੈਡੀਕਲ ਅਫਸਰ ਅਰਵਿੰਦ ਮਹਾਜਨ ਦੀ ਪ੍ਰਧਾਨਗੀ ਹੇਠ ਆਯੂਸ਼ਮਾਨ ਕਾਰਡ ਬਣਾਉਣ ਸਬੰਧੀ ਕਾਰਵਾਈ ਕੀਤੀ ਗਈ। ਮੈਡੀਕਲ ਅਫਸਰ ਡਾ: ਇੰਦਰਜੀਤ ਸਿੰਘ ਰਾਣਾ ਨੇ ਕਿਹਾ ਕਿ ਸਿਹਤ ਸੇਵਾਵਾਂ ਨੂੰ ਆਮ ਲੋਕਾਂ ਤੱਕ ਪਹੁੰਚਾਉਣ ਅਤੇ ਸਿਹਤ 'ਤੇ ਹੋਣ ਵਾਲੇ ਵਾਧੂ ਖਰਚੇ ਨੂੰ ਘਟਾਉਣ ਲਈ ਸਰਕਾਰ ਵੱਲੋਂ ਆਯੂਸ਼ਮਾਨ ਕਾਰਡ ਬਣਾਉਣ ਦੀ ਯੋਜਨਾ ਬਹੁਤ ਹੀ ਲਾਹੇਵੰਦ ਸਾਬਤ ਹੋ ਰਹੀ ਹੈ। ਡਾ: ਰਾਣਾ ਨੇ ਕਾਰਡ ਬਣਵਾਉਣ ਲਈ ਆਏ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਸੰਪਰਕ ਵਿੱਚ ਆਏ ਹੋਰ ਲੋਕਾਂ ਨੂੰ ਵੀ ਇਹ ਕਾਰਡ ਬਣਵਾਉਣ ਲਈ ਪ੍ਰੇਰਿਤ ਕਰਨ ਤਾਂ ਜੋ ਵੱਧ ਤੋਂ ਵੱਧ ਲੋਕ ਇਸ ਸਕੀਮ ਦਾ ਲਾਭ ਲੈ ਸਕਣ ਅਤੇ ਪੰਜਾਬ ਇੱਕ ਸਿਹਤਮੰਦ ਸੂਬਾ ਬਣ ਸਕੇ। ਇਸ ਮੌਕੇ ਕਾਬਲ ਸਿੰਘ ਹੈਲਥ ਏਐਨਐਮ ਨਰਿੰਦਰ ਕੌਰ, ਬਲਵਿੰਦਰ ਕੌਰ, ਹੈਲਥ ਵਰਕਰ ਸੁਖਵਿੰਦਰ ਸਿੰਘ, ਹਰਿੰਦਰਪਾਲ ਸਿੰਘ ਰਾਜ ਅਤੇ ਰਾਜਨ ਨੇ ਕਾਰਡ ਬਣਾਉਣ ਵਿੱਚ ਯੋਗਦਾਨ ਪਾਇਆ।

# ਲੋੜਵੰਦ ਵਿਦਿਆਰਥੀਆਂ ਨੂੰ ਦਿੱਤੀ ਜਾਵੇਗੀ ਆਈਏਐੱਸ/ਪੀਸੀਐੱਸ ਦੀ ਮੁਫ਼ਤ ਸਿੱਖਿਆ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਸ਼ਹੀਦ ਭਾਈ ਫੌਜਾ ਸਿੰਘ ਚੈਰੀਟੇਬਲ ਟਰੱਸਟ ਦੇ ਅਹੁਦੇਦਾਰਾਂ ਅਤੇ ਮੈਂਬਰ ਸਾਹਿਬਾਨ ਦੀ ਮੀਟਿੰਗ ਬੀਬੀ ਅਮਰਜੀਤ ਕੌਰ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਮੌਜੂਦਾ ਹਾਲਾਤ 'ਤੇ ਵਿਸਥਾਰਪੂਰਵਕ ਵਿਚਾਰ ਚਰਚਾ ਕੀਤੀ ਗਈ। ਸ਼ਹੀਦ ਭਾਈ ਫੌਜਾ ਸਿੰਘ ਚੈਰੀਟੇਬਲ ਟਰੱਸਟ ਉਨ੍ਹਾਂ ਗਰੀਬ ਬੱਚਿਆਂ ਨੂੰ ਆਪਣੀ ਗੋਦ ਵਿਚ ਲਵੇਗਾ ਜਿਨ੍ਹਾਂ ਦੇ ਮਾਪੇ ਉਨ੍ਹਾਂ ਨੂੰ ਉਚੇਰੀ ਸਿੱਖਿਆ ਦਿਵਾਉਣ ਵਿੱਚ ਅਸਮਰਥ ਹਨ ਪਰ ਉਨ੍ਹਾਂ ਨੇ ਪੜ੍ਹਾਈ ਵਿੱਚ ਅੱਵਲ ਦਰਜੇ ਦੇ ਨੰਬਰ ਪ੍ਰਾਪਤ ਕੀਤੇ ਹਨ ਤੇ ਉਨ੍ਹਾਂ ਦਾ ਟੀਚਾ ਆਈਏਐੱਸ ਅਤੇ ਪੀਸੀਐੱਸ ਕਰਨ ਦਾ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਉਤਸ਼ਾਹਤ ਕਰਨ ਲਈ ਟਰੱਸਟ ਹਰ ਤਰੀਕੇ ਨਾਲ ਮਦਦ ਕਰੇਗਾ।

ਇੱਕਤਰਤਾ ਉਪਰੰਤ ਟਰੱਸਟ ਦੇ ਉਪ ਚੇਅਰਮੈਨ ਇੰਦਰਜੀਤ ਬਾਗੀ ਨੇ ਦਸਿਆ ਕਿ ਟਰੱਸਟ ਵਿਚ ਸਰਬਸੰਮਤੀ ਨਾਲ ਮੈਂਬਰਾਂ ਨੇ ਬਾਰ੍ਹਵੀਂ ਕਲਾਸ ਵਿੱਚੋਂ ਪਹਿਲੇ, ਦੂਜੇ ਦਰਜੇ ਤੇ 85 ਤੋਂ 95% ਨੰਬਰ ਪ੍ਰਾਪਤ ਕਰਨ ਅਤੇ ਆਈਏਐੱਸ, ਪੀਸੀਐੱਸ ਦੀ ਪੜ੍ਹਾਈ ਕਰਨ ਵਾਲੇ ਵਿਦਿਆਰੀਥਆਂ ਨੂੰ ਮੁਫਤ ਵਿੱਦਿਆ, ਰਿਹਾਇਸ਼, ਖਾਣ ਪੀਣ ਅਤੇ ਕੱਪੜੇ ਆਦਿ ਦੇਣ ਦਾ ਫੈਸਲਾ ਲਿਆ ਹੈ। ਸ. ਬਾਗੀ ਨੇ ਦੱਸਿਆ ਕਿ ਇਸ ਵੇਲੇ ਟਰੱਸਟ ਵੱਲੋਂ ਚਾਰ ਵਿਦਿਆਰਥਣਾਂ ਆਈਏਐੱਸ ਦੀ ਸਿੱਖਿਆ ਖਾਲਸਾ ਕਾਲਜ ਅੰਮ੍ਰਿਤਸਰ ਤੋਂ ਪ੍ਰਾਪਤ ਕਰ ਰਹੀਆਂ ਹਨ, ਇਨ੍ਹਾਂ ਲਈ ਹੋਸਟਲ ਤੇ ਆਉਣ ਜਾਣ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸੱਠ ਦੇ ਕਰੀਬ ਵਿਦਿਆਰਥੀਆਂ ਨੂੰ ਟਰੱਸਟ ਵੱਲੋਂ ਉਚੇਰੀ ਸਿੱਖਿਆ ਪ੍ਰਦਾਨ ਕਰਨ ਦਾ ਟੀਚਾ ਹੈ। ਉਨ੍ਹਾਂ ਹੋਰ ਦੱਸਿਆ ਕਿ ਇਨ੍ਹਾਂ ਤੋਂ ਇਲਾਵਾ ਟਰੱਸਟ ਵੱਲੋਂ ਹੀ ਪ੍ਰਾਇਮਰੀ ਤੋਂ ਬਾਰ੍ਹਵੀਂ ਤੀਕ ਸਮਾਜਿਕ ਰਵਾਇਤੀ ਪੜ੍ਹਨ ਵਾਲੀਆਂ 40 ਦੇ ਕਰੀਬ ਬੱਚੀਆਂ ਵੱਖ-ਵੱਖ ਸਕੂਲਾਂ ਤੋਂ ਸਿੱਖਿਆ ਪ੍ਰਾਪਤ ਕਰ ਰਹੀਆਂ ਹਨ। ਟਰੱਸਟ ਤੋਂ ਸਕੂਲ ਤੀਕ ਆਉਣ ਜਾਣ ਲਈ ਵਿਸ਼ੇਸ਼ ਵਾਹਨਾਂ ਦਾ ਪ੍ਰਬੰਧ ਹੈ। ਅੱਜ ਦੀ ਇੱਕਤਰਤਾ ਵਿੱਚ ਉਪ ਚੇਅਰਮੈਨ ਇੰਦਰਜੀਤ ਸਿੰਘ ਬਾਗੀ, ਰਘੁਬੀਰ ਸਿੰਘ ਸਕੱਤਰ, ਦਿਲਜੀਤ ਸਿੰਘ ਬੇਦੀ, ਸੁਖਚੈਨ ਸਿੰਘ, ਭਾਈ ਭੁਪਿੰਦਰ ਸਿੰਘ ਗੱਦਲੀ, ਅਵਤਾਰ ਸਿੰਘ ਦਿਓਲ ਸਾਰੇ ਮੈਂਬਰ ਸਾਹਿਬਾਨ ਆਦਿ ਹਾਜ਼ਰ ਸਨ।

# ਈ ਟੀ ਓ ਨੇ ਬਲਾਕ ਤਰਸਿੱਕਾ ਦੇ ਪਿੰਡ ਦਸਮੇਸ਼ ਨਗਰ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦਾ ਕੀਤਾ ਦੌਰਾ



ਤਰਸਿੱਕਾ (ਤਰਸੇਮ ਸਿੰਘ ਸਾਧਪੁਰ) -ਸਾਡੀ ਸਰਕਾਰ ਦਾ ਮੁੱਖ ਉਦੇਸ਼ ਸਿਖਿਆ ਨੂੰ ਬੜ੍ਹਾਵਾ ਦੇਣਾ ਹੈ ਅਤੇ ਇਸੇ ਹੀ ਤਹਿਤ ਪੂਰੇ ਸੂਬੇ ਵਿੱਚ ਸਕੂਲ ਆਫ ਐਮੀਨੈਂਸ ਬਣਾਏ ਜਾ ਰਹੇ ਹਨ ਜਿਥੇ ਬੱਚਿਆਂ ਨੂੰ ਨਵੇਂ ਢੰਗਾਂ ਨਾਲ ਸਿਖਿਆ ਦੇ ਕੇ ਪ੍ਰਤੀਯੋਗੀ ਮੁਕਾਬਲਿਆਂ ਲਈ ਤਿਆਰ ਕੀਤਾ ਜਾਵੇਗਾ। ਇਨ੍ਹਾਂ ਸ਼ਬਦਾ ਦਾ ਪ੍ਰਗਟਾਵਾ ਹਰਭਜਨ ਸਿੰਘ ਈ:ਟੀ:ਓ ਕੈਬਨਿਟ ਮੰਤਰੀ ਪੰਜਾਬ ਨੇ ਅੱਜ ਬਲਾਕ ਤਰਸਿੱਕਾ ਦੇ ਪਿੰਡ ਦਸ਼ਮੇਸ਼ ਨਗਰ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦਾ ਦੌਰਾ ਕਰਨ ਉਪਰੰਤ ਕੀਤਾ।

ਸ੍ਰ ਈ:ਟੀ:ਓ ਨੇ ਇਸ ਮੌਕੇ ਸਕੂਲ ਦੇ ਸਟਾਫ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਦੀਆਂ ਮੁਸ਼ਕਲਾਂ ਨੂੰ ਸੁਣਿਆ। ਉਨ੍ਹਾਂ ਭਰੋਸਾ ਦਿਵਾਇਆ ਕਿ ਸਕੂਲ ਨੂੰ ਕਿਸੇ ਕਿਸਮ ਦੀ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਪਹਿਲ ਦੇ ਅਧਾਰ ਤੇ ਸਕੂਲ ਦੀਆਂ ਸਾਰੀਆਂ ਮੁਸ਼ਕਲਾਂ ਦਾ ਨਿਪਟਾਰਾ ਕੀਤਾ ਜਾਵੇਗਾ। ਈ:ਟੀ:ਓ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਮੁੱਖ ਉਦੇਸ਼ ਸਿਖਿਆ ਪੱਖੋਂ ਪੰਜਾਬ ਨੂੰ ਨੰਬਰ ਇਕ ਸੂਬਾ ਬਣਾਉਣਾ ਹੈ ਅਤੇ ਇਸੇ ਹੀ ਮੰਤਵ ਤਹਿਤ ਖਾਲੀ ਪਈਆਂ ਸਕੂਲ ਅਧਿਆਪਕਾਂ ਦੀਆਂ ਅਸਾਮੀਆਂ ਨੂੰ ਪੁਰ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸਰਕਾਰੀ ਸਕੂਲਾਂ ਦੇ ਬੱਚਿਆਂ ਨੂੰ ਪ੍ਰਾਈਵੇਟ ਸਕੂਲਾਂ ਦੇ ਬੱਚਿਆਂ ਨਾਲੋਂ ਵਧੀਆ ਸਿਖਿਆ ਮੁਹੱਈਆ ਕਰਵਾਈ ਜਾਵੇਗੀ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਸਿਖਿਆ ਵਰਗੇ ਖੇਤਰਾਂ ਨੂੰ ਪੂਰੀ ਤਰ੍ਹਾਂ ਅਣਗੌਲਿਆਂ ਕੀਤਾ ਜਿਸ ਨਾਲ ਸਾਡੇ ਹਜਾਰਾਂ ਬੱਚਿਆਂ ਨੂੰ ਪੜ੍ਹਾਈ ਲਈ ਅੱਗੇ ਵੱਧਣ ਦੇ ਮੌਕੇ ਨਸੀਬ ਨਹੀਂ ਹੋਏ। ਉਨ੍ਹਾਂ ਕਿਹਾ ਕਿ ਇਨ੍ਹਾਂ ਸਕੂਲਾਂ ਵਿੱਚੋਂ ਹੀ ਪੰਜਾਬ ਦਾ ਭਵਿੱਖ ਨਿਕਲਣਾ ਹੈ ਅਤੇ ਸਾਡਾ ਫਰਜ ਬਣਦਾ ਹੈ ਕਿ ਅਸੀਂ ਆਪਣੇ ਬੱਚਿਆਂ ਨੂੰ ਚੰਗੀ ਸਿਖਿਆ ਪ੍ਰਦਾਨ ਕਰੀਏ। ਇਸ ਮੌਕੇ ਸ੍ਰੀਮਤੀ ਸੁਦੀਪ ਕੌਰ ਤੋਂ ਇਲਾਵਾ ਸਾਰਾ ਸਟਾਫ ਹਾਜਰ ਸੀ।

# ਹੜ੍ਹ ਪ੍ਰਭਾਵਿਤ ਇਲਾਕਿਆਂ 'ਚ ਬਿਮਾਰੀਆਂ ਤੋਂ ਬਚਾਅ ਲਈ ਲਗਾਏ ਜਾ ਰਹੇ ਵਿਸ਼ੇਸ਼ ਮੈਡੀਕਲ ਕੈਂਪ: ਡੀਸੀ



ਪੱਟੀ, (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)-ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਲੋਕਾਂ ਨੂੰ ਚਮੜੀ ਦੇ ਰੋਗਾਂ, ਆਈ ਫਲੂ ਅਤੇ ਖੜ੍ਹੇ ਪਾਣੀ ਤੋਂ ਪੈਦਾ ਹੋਣ ਵਾਲੀਆਂ ਬਿਮਾਰੀਆਂ ਜਿਵੇਂ ਡੇਂਗੂ, ਮਲੇਰੀਆ ਆਦਿ ਤੋਂ ਬਚਾਉਣ ਲਈ ਸਿਹਤ ਵਿਭਾਗ ਤਰਨ ਤਾਰਨ ਵੱਲੋਂ ਵਿਸ਼ੇਸ਼ ਮੈਡੀਕਲ ਕੈਂਪ ਲਗਾਏ ਜਾ ਰਹੇ ਹਨ ਤਾਂ ਜੋ ਲੋਕਾਂ ਨੂੰ ਇਨ੍ਹਾਂ ਬਿਮਾਰੀਆਂ ਤੋਂ ਸੁਰੱਖਿਅਤ ਰੱਖਿਆ ਜਾ ਸਕੇ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਤਰਨ ਤਾਰਨ ਬਲਦੀਪ ਕੌਰ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਤੇ ਸਿਹਤ ਵਿਭਾਗ ਦੀਆਂ ਟੀਮਾਂ ਮਿਲ ਕੇ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਦਿਨ ਰਾਤ ਮੈਡੀਕਲ ਸੁਵਿਧਾਵਾਂ ਪ੍ਰਦਾਨ ਕਰ ਰਹੀਆਂ ਹਨ। ਉਨਾਂ ਕਿਹਾ ਕਿ ਆਈ ਫਲੂ, ਚਮੜੀ ਦੇ ਰੋਗਾਂ, ਡੇਂਗੂ, ਮਲੇਰਆ ਆਦਿ ਖੜ੍ਹੇ ਪਾਣੀ ਤੋਂ ਪੈਦਾ ਹੋਣ ਵਾਲੀਆਂ ਨੂੰ ਰੋਕਣ ਲਈ ਵੱਡੇ ਪੱਧਰ 'ਤੇ ਮੈਡੀਕਲ ਟੀਮਾਂ ਕੰਮ ਕਰ ਰਹੀਆਂ ਹਨ। ਉਨ੍ਹਾਂ ਕਿਹਾ ਕਿ ਇਸ ਦੌਰਾਨ ਇੰਡੀਅਨ ਮੈਡੀਕਲ ਐਸੋਸੀਏਸ਼ਨ ਦੀਆਂ ਟੀਮਾਂ ਵੱਲੋਂ ਵੀ ਸਹਿਯੋਗ ਦਿੱਤਾ ਜਾ ਰਿਹਾ ਹੈ ਤੇ ਮੈਡੀਕਲ ਟੀਮਾਂ ਪੂਰੀ ਤਰ੍ਹਾਂ ਸਰਗਰਮ ਹੋ ਕੇ ਲੋਕਾਂ ਨੂੰ ਸਿਹਤ ਸੁਵਿਧਾਵਾਂ ਪ੍ਰਦਾਨ ਕਰ ਰਹੀਆਂ ਹਨ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਹੜ੍ਹ ਪ੍ਰਭਾਵਿਤ ਮਰੀਜ਼ਾਂ ਦੇ ਇਲਾਜ ਲਈ ਸਰਕਾਰ ਵੱਲੋਂ ਵੱਡੀ ਮਾਤਰਾ 'ਚ ਦਵਾਈਆਂ ਦਾ ਪ੍ਰਬੰਧ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਬਰਸਾਤ ਦੇ ਮੱਦੇਨਜ਼ਰ ਹੜ੍ਹ ਪ੍ਰਭਾਵਿਤ ਇਲਾਕਿਆਂ 'ਚ ਲੋਕਾਂ ਨੂੰ ਦੂਸ਼ਿਤ ਪਾਣੀ ਪੀਣ ਨਾਲ ਹੋਣ ਵਾਲੀਆਂ ਬਿਮਾਰੀਆਂ ਜਿਵੇਂ ਦਸਤ, ਉਲਟੀਆਂ, ਹੈਜ਼ਾ ਆਦਿ ਤੋਂ ਬਚਾਅ ਬਾਰੇ ਵੱਧ ਤੋਂ ਵੱਧ ਜਾਗਰੂਕ ਕੀਤਾ ਜਾ ਰਿਹਾ ਹੈ।

ਉਨ੍ਹਾਂ ਦੱਸਿਆ ਕਿ ਟੀਮਾਂ ਵੱਲੋਂ ਪਿੰਡਾਂ ਵਿਚ ਲੋਕਾਂ ਨੂੰ ਬਿਮਾਰੀਆਂ ਤੋਂ ਬਚਾਓ ਲਈ ਦਵਾਈਆਂ ਮੁਫਤ ਦੇਣ ਦੇ ਨਾਲ-ਨਾਲ ਡਾਇਰੀਆ ਆਦਿ ਤੋਂ ਬਚਾਓ ਲਈ ਓ. ਆਰ. ਐੱਸ ਦੇ ਪੈਕੇਟ ਵੰਡੇ ਜਾ ਰਹੇ ਹਨ ਤਾਂ ਜੋ ਇਸ ਗੰਭੀਰ ਸਥਿਤੀ ਵਿਚ ਲੋਕਾਂ ਦੀ ਸਿਹਤ ਸਥਿਰ ਬਣੀ ਰਹਿ ਸਕੇ ਅਤੇ ਲੋਕ ਬਿਮਾਰੀਆਂ ਤੋਂ ਮੁਕਤ ਰਹਿ ਕੇ ਇਸ ਆਫਤ ਦਾ ਮੁਕਾਬਲਾ ਕਰ ਸਕਣ।

ਸਿਵਲ ਸਰਜਨ ਤਰਨ ਤਾਰਨ ਡਾ. ਗੁਰਪ੍ਰੀਤ ਸਿੰਘ ਰਾਏ ਨੇ ਕਿਹਾ ਕਿ ਲੋਕਾਂ ਨੂੰ ਡੇਂਗੂ ਬੁਖਾਰ ਤੋਂ ਬਚਾਅ ਇਸ ਦੇ ਲੱਛਣ ਇਲਾਜ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਸਾਂਝੀ ਕੀਤੀ ਜਾ ਰਹੀ ਹੈ ਕਿ ਡੇਂਗੂ ਦਾ ਮੱਛਰ ਸਾਫ ਪਾਣੀ ਵਿਚ ਪੈਦਾ ਹੁੰਦਾ ਹੈ ਅਤੇ ਦਿਨ ਵੇਲੇ ਕੱਟਦਾ ਹੈ, ਜੇਕਰ ਕਿਸੇ ਨੂੰ ਵੀ ਬੁਖਾਰ ਹੁੰਦਾ ਹੈ ਤਾਂ ਉਹ ਆਪਣਾ ਡੇਂਗੂ ਟੈਸਟ ਅਤੇ ਇਲਾਜ ਸਰਕਾਰੀ ਹਸਪਤਾਲਾਂ ਵਿਚ ਮੁਫਤ ਕਰਵਾ ਸਕਦਾ ਹੈ।

ਉਨ੍ਹਾਂ ਨੇ ਕਿਹਾ ਕਿ ਆਪਣੇ ਘਰ ਦੇ ਆਲੇ-ਦੁਆਲੇ ਦੀ ਸਫਾਈ ਰੋਜ਼ਾਨਾ ਕੀਤੀ ਜਾਵੇ। ਘਰਾਂ ਵਿਚ ਪਏ ਵਾਧੂ ਦੇ ਕਬਾੜ ਨੂੰ ਛੱਤ ਥੱਲੇ ਰੱਖ ਦਿੱਤਾ ਜਾਵੇ ਕੋਈ ਵੀ ਕਬਾੜ ਖੁੱਲ੍ਹੇ ਵਿਹੜੇ ਵਿੱਚ ਨਾ ਰੱਖਿਆ ਜਾਵੇ। ਘਰ ਵਿੱਚ ਕੂਲਰਾਂ, ਫਰਿੱਜ ਦੀ ਟਰੇਅ, ਗਮਲਿਆਂ ਆਦਿ ਦੀ ਹਫਤੇ ਵਿੱਚ ਇੱਕ ਵਾਰ ਸਫਾਈ ਜ਼ਰੂਰ ਕੀਤੀ ਜਾਵੇ।

# ਪਾਰਟੀ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਲੋਕਾਂ 'ਆਪ' ਵੱਲ ਮੁਹਾਰਾਂ ਮੋੜੀਆਂ : ਈਟੀਓ



ਤਰਸਿੱਕਾ (ਤਰਸੇਮ ਸਿੰਘ ਸਾਧਪੁਰ)—ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਵੱਲੋਂ ਪੰਜਾਬ ਦੇ ਹਰੇਕ ਵਰਗ ਨੂੰ ਬਿਨਾਂ ਕਿਸੇ ਪੱਖਪਾਤ ਦੇ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ ਅਤੇ ਆਮ ਲੋਕ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਵੱਡੀ ਗਿਣਤੀ ਵਿੱਚ ਲੋਕ ਸ਼ਾਮਲ ਹੋ ਰਹੇ ਹਨ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਹਰਭਜਨ ਸਿੰਘ ਈਟੀਓ ਕੈਬਨਿਟ ਮੰਤਰੀ ਪੰਜਾਬ ਨੇ ਬਲਾਕ ਤਰਸਿੱਕਾ ਦੇ ਪਿੰਡ ਦਸਮੇਸ਼ ਨਗਰ ਵਿਖੇ ਰਾਮ ਸਿੰਘ ਬਲਾਕ ਸੰਮਤੀ ਮੈਂਬਰ ਪਿੰਡ ਦਸਮੇਸ਼ ਨਗਰ ਨੂੰ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਕਰਨ ਸਮੇਂ ਕੀਤਾ। ਉਨ੍ਹਾਂ ਦੱਸਿਆ ਕਿ ਇਨ੍ਹਾਂ ਦਾ ਪੂਰਾ ਪਰਿਵਾਰ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਕਾਂਗਰਸ ਪਾਰਟੀ ਨੂੰ ਛੱਡ ਕੇ ਸਾਡੀ ਪਾਰਟੀ ਵਿੱਚ ਸ਼ਾਮਲ ਹੋਇਆ ਹੈ। ਉਨ੍ਹਾਂ ਦੱਸਿਆ ਕਿ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਲੋਕਾਂ ਨੂੰ ਪੂਰਾ ਬਣਦਾ ਮਾਣ ਸਤਿਕਾਰ ਦਿੱਤਾ ਜਾਵੇਗਾ। ਸਾਡੀ ਪਾਰਟੀ ਲੋਕਾਂ ਦੀ ਭਲਾਈ ਲਈ ਵਚਨਬੱਧ ਹੈ ਅਤੇ ਪੰਜਾਬ ਨੂੰ ਵਿਕਾਸ ਪੱਖੋਂ ਇਕ ਨੰਬਰ ਦਾ ਸੂਬਾ ਬਣਾਇਆ ਜਾਵੇਗਾ।ਸਾਡੀ ਸਰਕਾਰ ਦਾ ਮੁੱਖ ਉਦੇਸ਼ ਸਿੱਖਿਆ ਅਤੇ ਸਿਹਤ ਵਿੱਚ ਸੁਧਾਰ ਕਰਨਾ ਹੈ ਅਤੇ ਨੌਜਵਾਨਾਂ ਨੂੰ ਰੁਜ਼ਗਾਰ ਮੁਹੱਈਆ ਕਰਵਾਉਣਾ ਹੈ। ਇਸ ਮੌਕੇ ਸੁਖਦੇਵ ਸਿੰਘ, ਸਤਿੰਦਰ ਸਿੰਘ, ਸੁਖਵਿੰਦਰ ਸਿੰਘ, ਚੇਅਰਮੈਨ ਸ਼ਨਾਖ ਸਿੰਘ, ਸਰਪੰਚ ਜਗਰੂਪ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਆਮ ਆਦਮੀ ਪਾਰਟੀ ਦੇ ਵਰਕਰ ਹਾਜ਼ਰ ਸਨ।

# ਸਾਵਧਾਨੀਆਂ ਵਰਤਣ ਨਾਲ ਆਈ ਫਲੂ ਤੋਂ ਬਚਾਅ ਸੰਭਵ: ਡਾ. ਸੰਦੀਪ ਰਾਣਾ



ਸਰਾਏ ਅਮਾਨਤ ਖਾਂ (ਮੱਖਣ ਮਨੋਜ)-ਬਾਬਾ ਬੁੱਢਾ ਜੀ ਹਸਪਤਾਲ ਬੀੜ ਸਾਹਿਬ ਜੀ ਦੇ ਅੱਖਾ ਦੇ ਮਾਹਿਰ ਡਾਕਟਰ ਸੰਦੀਪ ਰਾਣਾ ਨੇ ਕਿਹਾ ਕਿ ਜਿਸ ਤਰ੍ਹਾਂ ਅਸੀਂ ਦੂਸਰੀਆਂ ਬਿਮਾਰੀਆਂ ਵਿੱਚ ਸਾਵਧਾਨੀਆਂ ਵਰਤੀਆਂ ਜਾਂਦੀਆਂ ਹਨ, ਠੀਕ ਉਸੇ ਤਰਾਂ ਆਈ ਫਲੂ 'ਚ ਵੀ ਸਾਵਧਾਨੀ ਵਰਤਣਾ ਜ਼ਰੂਰੀ ਹੈ। ਅਜਿਹਾ ਨਾ ਹੋਣ ਤੇ ਇਨਫੈਕਸ਼ਨ ਤੇ ਰਿਸਕ ਦਾ ਖਤਰਾ ਵੱਧ ਜਾਂਦਾ ਹੈ। ਉਨ੍ਹਾਂ ਕਿਹਾ ਕਿ ਸਭ ਤੋਂ ਪਹਿਲਾਂ ਸਾਨੂੰ ਜਦੋਂ ਅਸੀਂ ਆਈ ਫਲੂ ਦੀ ਲਪੇਟ ਵਿੱਚ ਆਉਂਦੇ ਹਾਂ ਤਾਂ ਪਹਿਲਾਂ ਬੁਖਾਰ ਚੈਕ ਕਰਵਾਉਣਾ ਚਾਹੀਦਾ ਹੈ। ਅੱਖਾਂ ਤੇ ਕਾਲੀ ਐਨਕ ਲਗਾਉ, ਬਿਮਾਰੀ ਦੀ ਹਾਲਤ ਵਿੱਚ ਕਿਸੇ ਨਾਲ ਵੀ ਹੱਥ ਨਾ ਮਿਲਾਉ, ਆਪਣਾ ਤੌਲੀਆ ਵੱਖਰਾ ਰੱਖੋ। ਅੱਖਾਂ ਤੇ ਪਾਣੀ ਦੇ ਛਿੱਟੇ ਨਹੀਂ ਮਾਰਨੇ, ਸਟੀਰਾਇਡਸ ਡੈਕਸਾ ਟੈਬਲੇਟਸ ਤੇ ਡਰੋਪਸ ਇਸਤਮਾਲ ਨਾ ਕਰੋ, ਇਸ ਬਿਮਾਰੀ ਦੌਰਾਨ ਪ੍ਰੇਸ਼ਾਨ ਨਹੀਂ ਹੋਣਾ, ਇਹ ਬਿਮਾਰੀ ਚਾਰ ਪੰਜ ਦਿਨਾਂ ਬਾਅਦ ਠੀਕ ਹੋ ਜਾਵੇਗੀ, ਅੱਖਾਂ ਉੱਤੇ ਬਰਫ ਦੀ ਟਕੋਰ ਕਰੋ ਅਤੇ ਹਲਕਾ ਹਲਕਾ ਸੇਕ ਦਿਉ। ਜੇਕਰ ਇਹ ਬੀਮਾਰੀ ਹੋ ਗਈ ਹੈ ਤਾਂ ਹੱਥ ਵਾਰ ਵਾਰ ਧੋਵੋ, ਅੱਖਾਂ ਨੂੰ ਨਾ ਰਗੜੋ ਇਹ ਬੀਮਾਰੀ ਉਦੋਂ ਫੈਲਦੀ ਹੈ ਜਦੋਂ ਪੀੜਤ ਵਿਅਕਤੀ ਕਿਸੇ ਨੂੰ ਛੂਹਦਾ ਹੈ ਜਾਂ ਉਸ ਵਲੋਂ ਵਰਤੇ ਸਾਮਾਨ, ਕੱਪੜੇ, ਰੁਮਾਲ ਜਾਂ ਤੌਲੀਏ ਨੂੰ ਛੂਹਦਾ ਹੈ। ਬਿਮਾਰੀ ਦੌਰਾਨ ਕਿਸੇ ਮਾਹਿਰ ਡਾਕਟਰ ਦੀ ਸਲਾਹ ਲੈ ਕੇ ਆਪਣਾ ਇਲਾਜ ਸ਼ੁਰੂ ਕਰਵਾਉ।

# ਬੜੇ ਸ਼ਾਨਦਾਰ ਹੋਣਗੇ ਆਜ਼ਾਦੀ ਦਿਹਾੜੇ ਨਾਲ ਸਬੰਧਿਤ ਪ੍ਰੋਗਰਾਮ: ਗੁਰਬਚਨ ਸਿੰਘ ਲਾਲੀ



ਤਰਨ ਤਾਰਨ (ਪ੍ਰਿਤਪਾਲ ਸਿੰਘ)- ਇਸ ਸਮੇਂ ਸਰਕਾਰੀ ਸਕੂਲਾਂ ਅੰਦਰ ਵਿਦਿਆਰਥੀਆਂ ਵੱਲੋਂ ਆਜ਼ਾਦੀ ਦਿਹਾੜੇ ਨੂੰ ਸਮਰਪਿਤ ਸਮਾਗਮ ਦੀਆਂ ਤਿਆਰੀਆਂ ਲਗਾਤਾਰ ਚੱਲ ਰਹੀਆਂ ਹਨ। ਇਨ੍ਹਾਂ ਤਿਆਰੀਆਂ ਦਾ ਜਾਇਜ਼ਾ ਲੈਣ ਸਬੰਧੀ ਉੱਪ ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਗੁਰਬਚਨ ਸਿੰਘ, ਸਿਵਲ ਪ੍ਰਸ਼ਾਸਨ ਦੇ ਅਧਿਕਾਰੀਆਂ ਅਤੇ ਵੱਖ-ਵੱਖ ਸਕੂਲਾਂ ਦੇ ਪ੍ਰਿੰਸੀਪਲ ਸਹਿਬਾਨ ਨੇ ਸ੍ਰੀ ਗੁਰੂ ਅਰਜਨ ਦੇਵ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਤਰਨ ਤਾਰਨ ਲੜਕੀਆਂ ਵਿਖੇ ਮੀਟਿੰਗ ਕੀਤੀ। ਇਸ ਮੀਟਿੰਗ ਵਿੱਚ ਸਕੂਲੀ ਵਿਦਿਆਰਥੀਆਂ ਵੱਲੋਂ ਕੀਤੀ ਜਾ ਰਹੀ ਪਰੇਡ ਅਤੇ ਦੇਸ਼ ਭਗਤੀ ਦੇ ਗੀਤਾਂ ਦੇ ਨਾਲ ਨਾਲ ਗਿੱਧਾ ਭੰਗੜਾ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ ਗਿਆ। ਇਸ ਮੌਕੇ ਗੱਲਬਾਤ ਕਰਦਿਆਂ ਉੱਪ ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਗੁਰਬਚਨ ਸਿੰਘ ਨੇ ਕਿਹਾ ਕਿ ਡਿਪਟੀ ਕਮਿਸ਼ਨਰ ਤਰਨ ਤਾਰਨ ਬਲਦੀਪ ਕੌਰ ਦੀ ਯੋਗ ਅਗਵਾਈ ਅਤੇ ਅਧਿਆਪਕਾਂ ਦੀ ਮਿਹਨਤ ਸਦਕਾ ਇਸ ਵਰ੍ਹੇ ਆਜ਼ਾਦੀ ਦਿਹਾੜੇ ਦੇ ਸਮਾਗਮ ਸ਼ਾਨਦਾਰ ਹੋਣਗੇ। ਇਸ ਮੌਕੇ ਜ਼ਿਲ੍ਹਾ ਗਾਈਡੈਂਸ ਕੈਰੀਅਰ ਸੁਖਬੀਰ ਸਿੰਘ, ਪ੍ਰਿੰਸੀਪਲ ਮੈਡਮ ਰਵਿੰਦਰ ਕੌਰ, ਡੀਐਸਐਸਓ ਕਿਰਤਪ੍ਰੀਤ ਕੌਰ, ਨਹਿਰੂ ਯੁਵਾ ਕੇਂਦਰ ਅਫਸਰ ਮੈਡਮ ਜਸਲੀਨ ਕੌਰ, ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਜੁਗਰਾਜ ਸਿੰਘ ਆਦਿ ਹਾਜ਼ਰ ਸਨ।

3-Aug-PAGE- 12 qxd.qxd 8/2/2023 10:39 PM Page 1



# ਰੈਗੂਲਰ ਹੋਏ ਅਧਿਆਪਕਾਂ ਨੂੰ ਪ੍ਰਿੰਸੀਪਲ ਪ੍ਰੇਮ ਕੁਮਾਰ ਨੇ ਨਿਯੁਕਤੀ ਪੱਤਰ ਦਿੱਤੇ



**ਫਿਲੌਰ (ਨਿਰਮਲ)**- ਸਕੂਲ ਸਿੱਖਿਆ ਵਿਭਾਗ, ਪੰਜਾਬ ਵੱਲੋਂ 12,500 ਅਧਿਆਪਕਾਂ ਦੇ ਰੈਗੂਲਰ ਆਰਡਰ ਕੀਤੇ ਜਾਣ 'ਤੇ ਸਮੂਹ ਅਧਿਆਪਕ ਵਰਗ ਬਲਾਕ ਫਿਲੌਰ ਵੱਲੋਂ ਕਮਿਊਨਿਟੀ ਹਾਲ ਫਿਲੌਰ ਵਿਖੇ ਸਨਮਾਨ ਸਮਾਰੋਹ ਕਰਵਾਇਆ ਗਿਆ। ਜਿਸ 'ਚ ਮੁੱਖ ਮਹਿਮਾਨ ਆਮ ਆਦਮੀ ਪਾਰਟੀ ਦੇ ਜੁਆਇੰਟ ਸਕੱਤਰ ਪੰਜਾਬ ਅਤੇ ਹਲਕਾ ਇੰਚਾਰਜ ਫਿਲੌਰ ਪ੍ਰਿੰਸੀਪਲ ਪ੍ਰੇਮ ਕੁਮਾਰ ਆਪਣੇ ਸਾਥੀਆਂ ਨਾਲ ਪਹੁੰਚੇ ਅਤੇ ਰੈਗੂਲਰ ਹੋਏ ਅਧਿਆਪਕਾਂ ਨੂੰ ਨਿਯੁਕਤੀ ਪੱਤਰ ਦਿੱਤੇ ਗਏ। ਇਸ ਮੌਕੇ ਪੰਜਾਬ ਦੇ ਮੁੱਖ ਮੰਤਰੀ. ਭਗਵੰਤ ਮਾਨ ਅਤੇ ਸਿੱਖਿਆ ਮੰਤਰੀ ਪੰਜਾਬ ਹਰਜੋਤ ਸਿੰਘ ਬੈਂਸ ਦਾ ਪੱਕੇ ਹੋਏ ਅਧਿਆਪਕਾਂ ਨੇ ਧੰਨਵਾਦ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਦਾ ਬਹੁਤ ਹੀ ਸ਼ਲਾਘਾਯੋਗ ਕਦਮ ਹੈ। ਪ੍ਰੇਮ ਕੁਮਾਰ ਨੇ ਸਬੰਧੋਨ ਕਰਦਿਆ ਕਿਹਾ ਕਿ ਪੰਜਾਬ ਸਰਕਾਰ ਬੱਚਿਆਂ ਦਾ ਸੁਨਹਿਰੀ ਭਵਿੱਖ ਬਣਾਉਣ ਲਈ ਹਰ ਯਤਨ ਕਰ ਰਹੀ ਹੈ, ਪੰਜਾਬ ਨੂੰ ਰੰਗਲਾ ਬਣਾਉਣ ਤੇ ਬੱਚਿਆਂ ਨੂੰ ਸਕੂਲਾਂ 'ਚ ਉਚੇਰੀ ਵਿੱਦਿਆ ਦੇਣਾ ਹੀ ਪੰਜਾਬ ਸਰਕਾਰ ਦਾ ਸੁਪਨਾ ਹੈ। ਉਨ੍ਹਾਂ ਇਹ ਵੀ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਕਿਸੇ ਗੱਲ ਦੀ ਘਾਟ ਨਹੀਂ ਰਹਿਣ ਦਿੱਤੀ ਜਾਵੇਗੀ।

ਇਸ ਮੌਕੇ 'ਤੇ ਜਸਵੀਰ ਸਿੰਘ ਬੀ.ਪੀ.ਈ.ਓ ਗੁਰਾਇਆ, ਗੁਰਦੀਪ ਸਿੰਘ ਬੀ.ਪੀ.ਈ.ਓ ਗੁਰਾਇਆ, ਕੌਂਸਲਰ ਵੈਭਵ ਸ਼ਰਮਾ, ਹਰਕਮਲ ਸਿੰਘ ਸੰਧੂ, ਸੁਖਵਿੰਦਰ ਸਿੰਘ, ਸੁਖਵਿੰਦਰ ਰਾਮ, ਬਲਵਿੰਦਰ ਸਿੰਘ, ਵਿਸ਼ਾਲ ਸੈਣੀ, ਵਿਕਾਸ ਸੈਣੀ, ਬਲਾਕ ਫਿਲੌਰ, ਬਲਾਕ ਗੁਰਾਇਆ ਦੇ ਅਧਿਆਪਕ ਹਾਜਰ ਸਨ।

# ਸਿਲਵਰ ਓਕ ਸਕੂਲ ਦੀਆਂ ਹੋਣਹਾਰ ਖਿਡਾਰਨਾਂ ਨੇ ਜਿੱਤੇ ਗੋਲਡ ਮੈਡਲ



**ਟਾਂਡਾ ਉੜਮੁੜ ( ਜਸਵਿੰਦਰ ਸੰਧੂ, ਉਂਕਾਰ ਸਿੰਘ )**-ਟਾਂਡਾ ਇਲਾਕੇ ਦੀ ਪ੍ਰਮੁੱਖ ਸਿੱਖਿਆ ਸੰਸਥਾ ਸਿਲਵਰ ਓਕ ਸਕੂਲ ਸ਼ਾਹਬਾਜਪੁਰ ਦੀਆਂ ਦੋ ਹੋਣਹਾਰ ਖਿਡਾਰਨਾਂ ਜਸਨੂਰ ਕੌਰ ਅਤੇ ਨਾਇਰਾ ਨੇ 26ਵੀਂ ਪੰਜਾਬ ਸਟੇਟ ਜੂਨੀਅਰ ਵੁਸ਼ੂ ਚੈਂਪੀਅਨਸ਼ਿਪ ਵਿੱਚ ਵਧੀਆ ਪ੍ਰਦਰਸ਼ਨ ਕਰਦੇ ਹੋਏ ਦੋ ਗੋਲਡ ਮੈਡਲ ਹਾਸਿਲ ਕੀਤੇ। ਸੰਸਥਾ ਦੇ ਚੇਅਰਮੈਨ ਤਰਲੋਚਨ ਸਿੰਘ ਅਤੇ ਪ੍ਰਿੰਸਿਪਲ ਮਨੀਸ਼ਾ ਸੰਗਰ ਨੇ ਦੱਸਿਆ ਕਿ ਇਹ ਬੱਚੀਆਂ ਪਹਿਲਾਂ ਵੀ ਸਕੂਲ ਦੇ ਲਈ ਬਹੁਤ ਮੈਡਲ ਹਾਸਿਲ ਕਰ ਚੁੱਕੀਆਂ ਹਨ।

ਇਹ ਇਹਨਾਂ ਬੱਚਿਆਂ ਅਤੇ ਇਨ੍ਹਾਂ ਦੇ ਕੋਚ ਦੀ ਅਣਥੱਕ ਮਿਹਨਤ ਦਾ ਨਤੀਜਾ ਹੈ। ਸਕੂਲ ਪ੍ਰਸ਼ਾਸਨ ਨੇ ਬੱਚਿਆਂ ਦੇ ਕੋਚ ਅਤੇ ਉਹਨਾਂ ਦੇ ਮਾਤਾ-ਪਿਤਾ ਨੂੰ ਬਹੁਤ ਮੁਬਾਰਕਬਾਦ ਦਿੱਤੀ ਅਤੇ ਸਮੂਹ ਸਟਾਫ ਦਾ ਮੂੰਹ ਮਿੱਠਾ ਕਰਵਾਇਆ। ਸਕੂਲ ਦੇ ਖੇਡ ਵਿਭਾਗ ਦੇ ਮੁਖੀ ਸੰਜੀਵ ਕੁਮਾਰ ਸ਼ਰਮਾ ਨੇ ਉਮੀਦ ਜਤਾਈ ਕਿ ਇਹ ਖਿਡਾਰਨਾਂ ਭਵਿੱਖ ਵਿੱਚ ਵੀ ਵਧੀਆ ਪ੍ਰਦਰਸਨ ਕਰਕੇ ਆਪਣੇ ਸਕੂਲ ਨੂੰ ਮਾਣ ਦਿਵਾਉਂਦੀਆਂ ਰਹਿਣਗੀਆਂ।

ਇਸ ਮੌਕੇ 'ਤੇ ਗਜਿੰਦਰ ਪਾਲ ਸਿੰਘ, ਬਿਕਰਮਜੀਤ ਸਿੰਘ ਭੇਲਾ, ਸੁਮੀਤ ਕੌਰ, ਕੰਚਨ ਖੁਰਾਨਾ, ਰਾਜਵਿੰਦਰ ਕੌਰ, ਰਾਜਬੀਰ ਕੌਰ, ਪਰਮਜੀਤ ਕੌਰ, ਗੁਰਪ੍ਰੀਤ ਕੌਰ, ਨੇਹਾ ਜੈਨ, ਸੁਮਨ ਚੋਪੜਾ, ਅਰਚਨਾ ਸੈਣੀ, ਪਰਮਿੰਦਰ ਕੌਰ, ਕੁਲਵਿੰਦਰ ਕੌਰ, ਹਰਮਿੰਦਰ ਕੌਰ, ਅਨੁਰਾਧਾ, ਸੁਖਜਿੰਦਰ, ਨੀਨਾ, ਪੂਜਾ, ਰੁਪਿੰਦਰ ਅਤੇ ਬਾਕੀ ਸਟਾਫ ਵੀ ਮੌਜੂਦ ਸੀ।

# ਮਜ਼ਦੂਰਾਂ ਨੇ ਸਹਾਇਕ ਲੇਬਰ ਕਮਿਸ਼ਨਰ ਤੇ ਲੇਬਰ ਇੰਸਪੈਕਟਰ ਨੂੰ ਦਿੱਤਾ ਮੰਗ ਪੱਤਰ

**ਹੁਸ਼ਿਆਰਪੁਰ,, (ਬਲਵੀਰ ਸਿੰਘ ਸੈਣੀ)**-

ਪੰਜਾਬ ਬਿਲਡਿੰਗ ਅਦਰ ਕੰਸਟ੍ਰਕਸ਼ਨ ਵਰਕਰਜ ਵੈਲਫੇਅਰ ਬੋਰਡ ਚੰਡੀਗੜ੍ਹ ਪੰਜਾਬ ਦੁਆਰਾ ਰਜਿਸਟਰ ਮਜਦੂਰਾਂ ਦੀਆਂ ਸਮੱਸਿਆਂਵਾਂ ਦਾ ਹੱਲ ਕਰਵਾਉਣ ਸਬੰਧੀ, ਜ਼ਿਲ੍ਹਾ ਹੁਸ਼ਿਆਰਪੁਰ ਦੇ ਲੇਬਰ ਵਿਭਾਗ ਦਫਤਰ ਵਿਖੇ ਮਜਦੂਰ ਜਥੇਬੰਦੀਆਂ ਦੇ ਆਗੂਆਂ ਅਤੇ ਮਜਦੂਰਾਂ ਵਲੋਂ ਮੰਗ ਪੱਤਰ ਸਹਾਇਕ ਲੇਬਰ ਕਮਿਸ਼ਨਰ ਬਲਜੀਤ ਸਿੰਘ ਅਤੇ ਲੇਬਰ ਇੰਸਪੈਕਟਰ ਰਜਨੀ ਕਾਸਲ ਦਿੱਤਾ ਗਿਆ। ਆਗੂ ਸੰਜੀਵ ਕੁਮਾਰ ਦੁਆਰਾ ਮਜਦੂਰਾਂ ਦੀਆਂ ਸਮੱਸਿਆਂਵਾਂ ਬਾਰੇ ਉਪਰੋਕਤ ਸਮੂਹ ਅਧਿਕਾਰੀਆਂ ਨੂੰ ਜਾਣੂੰ ਕਰਵਾਇਆ ਗਿਆ ਕਿ ਪਿਛਲੇ ਕਾਫੀ ਲੰਮੇ ਸਮੇਂ ਤੋਂ ਮਜਦੂਰਾਂ ਵੱਲੋਂ ਆਪਣੀਆਂ ਸਕੀਮਾਂ ਸਬੰਧੀ ਐਪਲੀਕੇਸ਼ਨ ਦਿੱਤੀਆਂ ਹੋਈਆਂ ਸਨ, ਜਿਵੇਂ ਸਗਨ ਸਕੀਮ, ਵਜੀਫਾ ਸਕੀਮ, ਐਲ ਟੀ ਸੀ ਸਕੀਮ , ਮੈਡੀਕਲ ਸਕੀਮ , ਬੁਢਾਪਾ ਪੈਨਸ਼ਨ ਸਕੀਮ, ਵਿਧਵਾ ਪੈਨਸ਼ਨ ਸਕੀਮ, ਐਕਸੀਗਰੇਸ਼ੀਆ ਸਕੀਮ ਆਦਿ ਸਕੀਮਾਂ ਦੀਆਂ ਫਾਇਲਾਂ ਕਾਫੀ ਲੰਮੇ ਸਮੇਂ ਤੋਂ ਲਟਕ ਰਹੀਆਂ ਨੇ, ਜਿਨ੍ਹਾਂ ਨੂੰ ਮੀਟਿੰਗ ਵਿੱਚ ਪਾਸ ਕਰਕੇ ਚੰਡੀਗੜ੍ਹ ਬੋਰਡ ਵਿੱਚ ਭੇਜਿਆ ਨਹੀਂ ਗਿਆ। ਉਨ੍ਹਾਂ ਕਿਹਾ ਕਿ ਆਉਣ ਵਾਲੀਆਂ ਪੰਚਾਇਤ ਚੋਣਾਂ ਅਤੇ 2024 ਵਿੱਚ ਆਮ ਚੋਣਾਂ ਦਾ ਜਾਬਤਾ ਲਗਣ ਤੋਂ ਪਹਿਲਾਂ ਪਹਿਲਾਂ ਮਜਦੂਰਾਂ ਦੀਆਂ ਅਪਲਾਈ ਹੋਈਆਂ ਫਾਇਲਾਂ ਨੂੰ ਮੀਟਿੰਗ ਵਿੱਚ ਪਾਸ ਕਰਕੇ ਚੰਡੀਗੜ੍ਹ ਬੋਰਡ ਜਲਦ ਤੋਂ ਜਲਦ ਭੇਜਿਆ ਜਾਵੇ ਤਾਂ ਜੋ ਚੋਣ ਜਾਬਤਾ ਦੇ ਸਮੇਂ ਤੋਂ ਪਹਿਲਾਂ ਮਜਦੂਰਾਂ ਨੂੰ ਉਹਨਾਂ ਦਾ ਬਣਦਾ ਲਾਭ ਉਹਨਾਂ ਦੇ ਬੈਂਕ ਖਾਤਿਆਂ ਵਿਚ ਪੈ ਸਕੇ। ਇਸ ਦੇ ਨਾਲ ਤਕਰੀਬਨ ਦੋ ਢਾਈ ਸਾਲ ਤੋਂ ਵਿਧਵਾ ਪੈਨਸ਼ਨ ਸਕੀਮ ਅਤੇ ਮੈਡੀਕਲ ਸਕੀਮ ਆਨਲਾਈਨ ਅਪਲਾਈ ਨਹੀਂ ਹੋ ਰਹੀਆਂ, ਇਨ੍ਹਾਂ ਸਕੀਮਾਂ ਨੂੰ ਚੰਡੀਗੜ੍ਹ ਬੋਰਡ ਵਿੱਚ ਮਹਿਕਮੇ ਨਾਲ ਗੱਲਬਾਤ ਕਰਨ ਦੌਰਾਨ ਆਫ ਲਾਇਨ ਵਿਧਵਾ ਪੈਨਸ਼ਨ ਸਕੀਮ ਦੀਆਂ ਫਾਈਲਾਂ ਲਈਆਂ ਜਾਣ। ਉਪਰੋਕਤ ਸਮੂਹ ਅਧਿਕਾਰੀਆਂ ਵੱਲੋਂ ਇਹਨਾਂ ਸਾਰੀਆਂ ਸਮੱਸਿਆਂਵਾਂ ਦਾ ਹੱਲ ਜਲਦ ਤੋਂ ਜਲਦ ਕਰਨ ਲਈ ਵਿਸ਼ਵਾਸ ਦਿਵਾਇਆ ਗਿਆ ।



ਇਸ ਮੌਕੇ ਕ੍ਰਿਸ਼ਨ ਦਿਆਲ ਸਿੰਬਲੀ, ਰਵਿੰਦਰ ਸਿੰਘ, ਹਰਮੋਇਆ, ਰਜਿੰਦਰ ਕੁਮਾਰ ਪਿੰਡ ਡਗਾਣਾ, ਗੁਰਜੀਤ ਸਿੰਘ, ਬਿਸਨ ਦਾਸ ਪਿੰਡ ਮੋਨਾ ਕਲਾਂ, ਸਰਵਣ ਸਿੰਘ ਪਿੰਡ ਫੁਗਲਾਣਾ ਆਦਿ ਹਾਜਰ ਸਨ।

# ਜਗਦੇਵ ਸ਼ਰਮਾ ਬੁਗਰਾ ਦੁਆਰਾ ਹੋਣਹਾਰ ਬੱਚਿਆਂ ਦਾ ਸਨਮਾਨ



**ਧੂਰੀ (ਸੁਖਦੇਵ ਸ਼ਰਮਾ)**-ਸਰਕਾਰੀ ਹਾਈ ਸਕੂਲ ਬੁਗਰਾ ਵਿਖੇ ਪੰਜਾਬੀ ਦੇ ਲੇਖਕ ਜਗਦੇਵ ਸ਼ਰਮਾ ਬੁਗਰਾ ਦੁਆਰਾ ਸਕੂਲ ਦੇ ਹੋਣਹਾਰ ਬੱਚਿਆਂ ਦਾ ਸਨਮਾਨ ਕੀਤਾ ਗਿਆ। ਪੰਜਵੀਂ , ਅੱਠਵੀਂ ਅਤੇ ਦਸਵੀਂ ਜਮਾਤ ਵਿੱਚੋਂ ਪਿਛਲੇ ਸੈਸ਼ਨ ਦੌਰਾਨ ਫਸਟ ਆਏ ਬੱਚਿਆਂ ਨੂੰ ਕੈਸ਼ ਪ੍ਰਾਇਜ਼ ਦੇ ਕੇ ਸਨਮਾਨਿਆ ਗਿਆ। ਰਿਟਾਇਰਡ ਸੀਨੀਅਰ ਮੈਨੇਜਰ ਜਗਦੇਵ ਸ਼ਰਮਾ ਦੀ ਸੰਘਰਸ਼ ਪੂਰਨ ਜਿੰਦਗੀ ਬਾਰੇ ਇਲਾਕੇ ਦੇ ਉੱਘੇ ਸਾਹਿਤਕਾਰ ਅਤੇ ਨਾਮਵਰ ਅਧਿਆਪਕ ਗਗਨਦੀਪ ਸਿੰਘ ਨੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ । ਬੱਚਿਆਂ ਨੇ ਕਵਿਤਾਵਾਂ ਅਤੇ ਗੀਤ ਸੁਣਾ ਕੇ ਖੂਬ ਰੰਗ ਬੰਨ੍ਹਿਆ। ਜਗਦੇਵ ਸ਼ਰਮਾ ਨੇ ਆਪਣੀਆਂ ਲਿਖੀਆਂ ਦੋ ਪੁਸਤਕਾਂ ਵੀ ਸਕੂਲ ਮੁਖੀ ਨੂੰ ਭੇਂਟ ਕੀਤੀਆਂ ।

ਅਖੀਰ ਵਿੱਚ ਮੁੱਖ ਅਧਿਆਪਕਾ ਸ੍ਰੀਮਤੀ ਕਮਲਪ੍ਰੀਤ ਕੌਰ ਨੇ ਆਏ ਹੋਏ ਪਤਵੰਤਿਆਂ ਦਾ ਧੰਨਵਾਦ ਕੀਤਾ। ਇਸ ਸਮੇਂ ਸਕੂਲ ਦਾ ਸਮੁੱਚਾ ਸਟਾਫ, ਪ੍ਰਾਇਮਰੀ ਸੈਕਸ਼ਨ ਦੇ ਮੁਖੀ ਉਮਾ ਸ਼ੰਕਰ ਤੋਂ ਇਲਾਵਾ ਸਨਮਾਨਤ ਬੱਚਿਆਂ ਦੇ ਮਾਪੇ ਅਤੇ ਪਿੰਡ ਦੇ ਮੋਹਤਬਰ ਵਿਅਕਤੀ ਹਾਜਰ ਸਨ। ਸਟੇਜ ਸਕੱਤਰ ਦੀ ਭੂਮਿਕਾ ਗਗਨਦੀਪ ਸਿੰਘ ਨੇ ਨਿਭਾਈ ।

# ਪੰਜਾਬ ਗੌਰਮਿੰਟ ਟਰਾਂਸਪੋਰਟ ਵਰਕਰਜ਼ ਯੂਨੀਅਨ ਦੇ ਪ੍ਰਧਾਨ ਚੀਮਾ ਦੀ ਸੇਵਾਮੁਕਤੀ 'ਤੇ ਸਨਮਾਨ ਸਮਾਰੋਹ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਪੰਜਾਬ ਗੌਰਮਿੰਟ ਟਰਾਂਸਪੋਰਟ ਵਰਕਰਜ ਯੂਨੀਅਨ ਰੋਡਵੇਜ ਜਲੰਧਰ-1 ਡਿਪੂ ਦੀ ਬ੍ਰਾਂਚ ਵਲੋਂ ਹਰਿੰਦਰ ਸਿੰਘ ਚੀਮਾ ਦੀ ਦੀ ਸੇਵਾ ਮੁਕਤੀ ਮੌਕੇ ਕਾ. ਜਸਵੰਤ ਸਿੰਘ ਸਮਰਾ ਯਾਦਗਾਰ ਹਾਲ ਜਲੰਧਰ ਵਿਖੇ ਸਨਮਾਨ ਸਮਾਰੋਹ ਦਾ ਅਯੋਜਨ ਕੀਤਾ ਗਿਆ । ਚੀਮਾ ਪੰਜਾਬ ਰੋਡਵੇਜ ਵਿੱਚ ਕੋਈ ਚਾਲੀ ਕੁ ਸਾਲ ਦੀ ਸੇਵਾ ਕਰਕੇ ਬਤੌਰ ਸੀਨੀ. ਸਹਾਇਕ ਸੇਵਾ ਮੁਕਤ ਹੋਏ ਹਨ। ਇਸ ਮੌਕੇ ਬ੍ਰਾਂਚ ਵੱਲੋਂ ਚੀਮਾ ਨੂੰ ਹਾਰ ਪਹਿਨਾਏ ਗਏ ਅਤੇ ਯਾਦਗਾਰੀ ਚਿੰਨ ਦੇ ਕੇ ਸਨਮਾਨਤ ਕਰਨ ਮੌਕੇ ਸੂਬੇ ਦੇ ਜਥੇਬੰਦਕ ਸਕੱਤਰ ਅਵਤਾਰ ਸਿੰਘ ਤਾਰੀ , ਬ੍ਰਾਂਚ ਦੇ ਮੀਤ ਪ੍ਰਧਾਨ ਸੰਦੀਪ ਕੁਮਾਰ,ਜਨਰਲ ਸਕੱਤਰ ਪਰਮਜੀਤ ਸਿੰਘ ਨਡਾਲੋਂ, ਮੀਤ ਪ੍ਰਧਾਨ ਕ

ਕਸ਼ਮੀਰ ਚੰਦ ਅਤੇ ਹੋਰ ਸਾਥੀਆਂ ਵੱਲੋਂ ਮੋਟਰ ਸਾਈਕਲ ਦੀਆਂ ਚਾਬੀਆਂ ਭੇਂਟ ਕੀਤੀ ਗਈਆਂ ਅਤੇ ਉਨ੍ਹਾਂ ਦੀ ਧਰਮ ਪਤਨੀ ਸ੍ਰੀਮਤੀ ਹਰਨੀਤ ਕੌਰ ਚੀਮਾ ਨੂੰ ਸ਼ਾਲ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਵੱਖ ਵੱਖ ਭ੍ਰਾਤਰੀ ਜਥੇਬੰਦੀਆਂ ਦੇ ਆਗੂ ,ਸਾਬਕਾ ਜਨਰਲ ਮੈਨੇਜਰ ਰਾਜਿੰਦਰ ਕੁਮਾਰ ਸ਼ਰਮਾਂ, ਮਿੱਤਰ ਅਤੇ ਰਿਸ਼ਤੇਦਾਰ ਵੱਡੀ ਗਿਣਤੀ ਵਿੱਚ ਹਾਜਰ ਸਨ। ਇਸ ਮੌਕੇ ਐਚ ਐਸ ਵੀਰ ਵਰਕਿੰਗ ਪ੍ਰਧਾਨ ਬੈਂਕ ਇੰਪਲਾਈਜ ਫੈਡਰੇਸ਼ਨ ਜਲੰਧਰ ਯੂਨਿਟ , ਜਗਪ੍ਰੀਤ ਸਿੰਘ ਸੈਕਟਰੀ ਪੀ ਐਸ ਬੀ ਐਸ ਓ ਪੰਜਾਬ, ਜਸਵਿੰਦਰ ਸਿੰਘ ਪੰਜਾਬ ਨੈਸ਼ਨਲ ਬੈਂਕ ਵੀ ਹਾਜਰ ਸਨ। ਮਾ.ਹਰੀ ਸਿੰਘ ਧੂਤ ਦੇ ਟਰਸਟੀ ਐਡਵੋਕੇਟ ਰਾਜਿੰਦਰ ਸਿੰਘ ਮੰਡ ਨੇ ਅਪਣੇ ਸੰਬੋਧਨ ਵਿੱਚ ਚੀਮਾ ਨੂੰ ਵਧਾਈ ਦਿੱਤੀ ਅਤੇ ਪ੍ਰਾਈਵੇਟੇਸ਼ਨ 'ਤੇ ਚਿੰਤਾ ਜਾਹਰ ਕੀਤੀ। ਇਸ ਮੌਕੇ ਦੇਸ਼ ਭਗਤ ਯਾਦਗਾਰ ਹਾਲ ਦੇ ਟਰੱਸਟੀ ਜਨਰਲ ਸਕੱਤਰ ਕਾ. ਪ੍ਰਿਥੀਪਾਲ ਮਾੜੀਮੇਘਾ ਅਤੇ ਨਾਲ ਆਏ ਰਣਜੀਤ ਸਿੰਘ ਔਲਖ ਵਲੋਂ ਚੀਮਾ ਨੂੰ ਮੁਬਾਰਕਬਾਦ ਦਿੱਤੀ। ਪੰਜਾਬ ਰੋਡਵੇਜ ਡਿਪੂ ਨੰਬਰ ਦੋ ਯੂਨੀਅਨ ਬ੍ਰਾਂਚ ਵੱਲੋਂ ਵੀ ਚੀਮਾ ਅਤੇ ਉਨ੍ਹਾਂ ਦੀ ਪਤਨੀ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਪੰਜਾਬ ਪੈਂਨਸ਼ਨ ਯੂਨੀਅਨ ਸੂਬਾ ਕਮੇਟੀ ਪ੍ਰਧਾਨ ਗੁਰਮੇਲ ਸਿੰਘ ਮੈਲਡੇ , ਸੀਨੀਅਰ ਮੀਤ ਪ੍ਰਧਾਨ ਜਗਤਾਰ ਸਿੰਘ ,ਕੈਸ਼ੀਅਰ ਪ੍ਰਿਤਪਾਲ ਸਿੰਘ ਨੇ ਸਨਮਾਨ ਦਿੱਤਾ । ਦੋਆਬਾ ਜਨਰਲ ਕੈਟਾਗਰੀ ਫਰੰਟ ਪੰਜਾਬ ਦੇ ਪ੍ਰਧਾਨ ਬਲਵੀਰ ਸਿੰਘ ਫੁਗਲਾਣਾ ਵਲੋਂ ਹਰਿੰਦਰ ਸਿੰਘ ਚੀਮਾ ਦੇ ਜਥੇਬੰਦੀ ਵਿੱਚ ਕੀਤੇ ਘੋਲਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਹੁਣ ਤੁਸੀਂ ਵੀ ਪੈਨਸ਼ਨਰ ਹੋ ਗਏ ਹੋ , ਫਰੰਟ ਪਹਿਲਾਂ ਵੀ ਪੈਨਸ਼ਨਰਾਂ ਦੇ ਸੰਘਰਸ਼ਾਂ ਵਿੱਚ ਸ਼ਾਮਲ ਹੁੰਦਾ ਰਿਹਾ ਹੈ ਅਤੇ ਉਸੇ ਤਰ੍ਹਾਂ ਹੁੰਦਾ ਰਹੇਗਾ।



ਜਸਵਿੰਦਰ ਸਿੰਘ ਸੰਘਾ ,ਗੁਰਦਿਅਲ ਸਿੰਘ ਜਲਵੇਹੜਾ , ਜਗਦੇਵ ਸਿੰਘ ਕੁਕੋਵਾਲ , ਮਾ.ਅਵਤਾਰਸਿੰਘ , ਵੱਲੋਂ ਚੀਮਾ ਨੂੰ ਲੋਈ ਅਤੇ ਗਿਫਟ ਨਾਲ ਸਨਮਾਨਤ ਕੀਤਾ ਗਿਆ । ਇਸ ਮੌਕੇ ਪੰਜਾਬ ਪੈਨਸ਼ਨ ਯੂਨੀਅਨ ਜ਼ਿਲ੍ਹਾ ਜਲੰਧਰ ਦੇ ਜਨਰਲ ਸਕੱਤਰ ਵਿਜੇ ਸ਼ਰਮਾ,ਮੀਤ ਪ੍ਰਧਾਨ ਦਿਲਜੀਤ ਸਿੰਘ ਸੁੱਜੋ , ਚੇਅਰਮੈਨ ਉੱਤਮ ਚੰਦ, ਕੈਸ਼ੀਅਰ ਸੰਤੋਖ ਸਿੰਘ ,ਦਵਿੰਦਰਪਾਲ ਸਿੰਘ,ਬਲਵਿੰਦਰ ਸਿੰਘ ਮੁਲਤਾਨੀ ਮਨਿਸਟੀਰੀਅਲ ਸਟਾਫ ਮੀਤ ਪ੍ਰਧਾਨ ਵਿਨੋਦ ਸਾਗਰ ,ਸੁਰਜੀਤ ਸਿੰਘ ਸਿੰਘ , ਦਫਤਰੀ ਸਟਾਫ ਰੋਡਵੇਜ ਜਲੰਧਰ ,ਇੰਸਪੈਕਟਰ,ਸਟਾਫ,ਕੰਡਕਟਰ ਸਟਾਫ ਅਤੇ ਹੋਰ ਦੋਸਤਾਂ ਮਿੱਤਰਾਂ ਵਲੋ ਵੀ ਸਨਮਾਨ ਦਿੱਤੇ ਗਏ।

# ਲੋੜਵੰਦ ਲੜਕੀਆਂ ਨੂੰ ਦੇਵਾਂਗੇ ਸਿਲਾਈ ਮਸ਼ੀਨਾਂ : ਪੱਪਲ ਸ਼ਾਹ



**ਬਹਿਰਾਮ (ਅਵਤਾਰ ਕਲੇਰ)** ਵਿਸ਼ਵ ਪ੍ਰਸਿੱਧ ਸੱਤੇ ਰਹਿਮਤਾਂ ਦਰਬਾਰ ਮਾਂ ਮਈਆ ਭਗਵਾਨ ਜੀ ਫਿਲੌਰ ਵਾਲਿਆਂ ਦੇ ਸਾਲਾਨਾ ਜੋੜ ਮੇਲੇ ਦੌਰਾਨ ਲੋੜਵੰਦ ਲੜਕੀਆਂ ਨੂੰ ਸੂਫੀਆਨਾ ਦਰਗਾਹ ਪ੍ਰਬੰਧਕ ਕਮੇਟੀ ਪੰਜਾਬ ਵਲੋਂ ਸਿਲਾਈ ਮਸ਼ੀਨਾਂ ਵੰਡੀਆਂ ਜਾਣਗੀਆਂ ਤਾਂ ਜੋ ਬੱਚੀਆਂ ਆਪਣੀ ਮਿਹਨਤ ਕਰਕੇ ਆਪਣੇ ਘਰਾਂ ਦਾ ਗੁਜਾਰਾ ਕਰ ਸਕਣ।

ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਪੰਜਾਬ ਪ੍ਰਧਾਨ ਸਾਈਂ ਪੱਪਲ ਸ਼ਾਹ ਭਰੋਮਜਾਰਾ ਵਾਲਿਆਂ ਨੇ ਦੱਸਿਆ ਕਿ ਸਾਰੇ ਫਕੀਰਾਂ ਵਲੋਂ ਹਰ ਸਾਲ ਮੇਲੇ ਦੌਰਾਨ ਤੇ ਵੱਖ ਵੱਖ ਸਮੇਂ ਤੇ ਸਮਾਜ ਭਲਾਈ ਦੇ ਕਾਰਜ ਕੀਤੇ ਜਾਂਦੇ ਹਨ ਤੇ ਹਰ ਸਾਲ ਵਿਸ਼ਾਲ ਖੂਨਦਾਨ ਕੈਂਪ ਵੀ ਲਗਾਇਆ ਜਾਂਦਾ ਹੈ। ਇਸ ਮੌਕੇ ਚੇਅਰਮੈਨ ਬਾਬਾ ਮਨਜੀਤ ਸਾਬਰੀ,ਵਾਈਸ ਚੇਅਰਮੈਨ ਬਾਬਾ ਸੰਭੂ ਰਾਮ, ਸੀਨੀਅਰ ਮੀਤ ਪ੍ਰਧਾਨ ਸਾਈਂ ਅਵਿਨਾਸ਼ ਸ਼ਾਹ,ਜਨਰਲ ਸਕੱਤਰ ਸਾਈਂ ਕੁਲਰਾਜ ਮੁਹੰਮਦ, ਮੁੱਖ ਖਜਾਨਚੀ ਧਲਵਿੰਦਰ ਰਾਜ, ਬਾਬਾ ਜਸਵੀਰ ਦਾਸ ਸਾਬਰੀ, ਸਾਈਂ ਸੋਮੇ ਸ਼ਾਹ, ਸਾਈਂ ਰਮੇਸ਼ ਅਲੀ ਸਾਬਰੀ, ਬਾਬਾ ਮਦਨ ਲਾਲ, ਬੀਬੀ ਪਿਆਰੀ, ਬੀਬੀ ਮੋਬੀਨਾ ਸਾਬਰੀ,ਬੀਬੀ ਸਰਬਜੀਤ ਕੌਰ, ਬੀਬੀ ਮਨਜੀਤ ਕੌਰ, ਸਾਈਂ ਕਾਲੇ ਸ਼ਾਹ,ਸਾਈਂ ਬਿੰਦਰ ਸ਼ਾਹ ,ਸਾਈਂ ਵਰੁਣ ਸੋਬਤੀ ਤੇ ਸਾਈਂ ਮਹਿਤਾਬ ਅਹਿਮਦ ਕਾਦਰੀ , ਬੀਬੀ ਵਿਦਿਆ , ਬਾਬਾ ਪਾਨੀ ਸ਼ਾਹ ਆਦਿ ਮੈਂਬਰ ਵੀ ਹਾਜਰ ਸਨ।

# ਵਡਾਲਾ 'ਚ ਹੋਇਆ ਦੋਆਬਾ ਕਿਸਾਨ ਕਮੇਟੀ ਪੰਜਾਬ ਦੀ ਇਕਾਈ ਦਾ ਗਠਨ



**ਅੱਡਾ ਸਰਾਂ (ਕਾਜਲ )**- ਦੋਆਬਾ ਕਿਸਾਨ ਕਮੇਟੀ ਪੰਜਾਬ ਦੀ ਮੀਟਿੰਗ ਪਿੰਡ ਵਡਾਲਾ ਵਿਚ ਹੋਈ। ਕਿਸਾਨ ਆਗੂ ਦਲਜੀਤ ਮੋਹਣ ਸਿੰਘ ਦੀ ਅਗਵਾਈ ਵਿਚ ਹੋਈ। ਇਸ ਮੀਟਿੰਗ ਦੌਰਾਨ ਵਿਸ਼ੇਸ਼ ਰੂਪ ਵਿਚ ਪਹੁੰਚੇ ਜਥੇਬੰਦੀ ਦੇ ਸੂਬਾ ਪ੍ਰਧਾਨ ਜੰਗਵੀਰ ਸਿੰਘ ਚੌਹਾਨ ਕਿਸਾਨੀ ਮਸਲਿਆਂ ਦੇ ਹੱਲ ਲਈ ਅਵਾਜ ਬੁਲੰਦ ਕੀਤੀ। ਇਸ ਮੌਕੇ ਕਿਸਾਨਾਂ ਨੂੰ ਦਰਪੇਸ਼ ਮੁਸ਼ਕਿਲਾਂ ਦੀ ਚਰਚਾ ਕੀਤੀ ਗਈ। ਸੂਬਾ ਪ੍ਰਧਾਨ ਚੌਹਾਨ ਨੇ ਦੱਸਿਆ ਕਿ ਯੂਰੀਆ ਖਾਦ ਦੀ ਘਾਟ ਕਾਰਨ ਇਕ ਪਾਸੇ ਜਿੱਥੇ ਕਿਸਾਨ ਪ੍ਰੇਸ਼ਾਨ ਹਨ, ਉੱਥੇ ਕੁਝ ਦੁਕਾਨਦਾਰਾਂ ਵੱਲੋਂ ਕਿਸਾਨਾਂ ਦਾ ਸ਼ੋਸ਼ਣ ਕੀਤਾ ਜਾ ਰਿਹਾ ਹੈ । ਉਨ੍ਹਾਂ ਦੱਸਿਆ ਕਿ ਕੁਝ ਦੁਕਾਨਦਾਰਾਂ ਕੋਲ ਯੂਰੀਅ ਖਾਦ ਆਉਂਦੀ ਹੈ ਉਹ ਵੀ ਛੋਟੇ ਕਿਸਾਨਾਂ ਨੂੰ ਬੋਰੇ ਨਾਲ ਟੈਗਿੰਗ ਕਰਕੇ ਨੈਨੋ ਯੂਰੀਆ,ਜਿੰਕ ਆਦਿ ਲੈਣ ਲਈ ਮਜ਼ਬੂਰ ਕਰਦੇ ਹਨ।

ਉਨ੍ਹਾਂ ਇਸ ਦੌਰਾਨ ਅੱਡਾ ਸਰਾਂ ਇਲਾਕੇ ਦੇ ਇਕ ਦੁਕਾਨਦਾਰ ਦਾ ਅਜਿਹਾ ਮਾਮਲਾ ਚੀਫ ਖੇਤੀਬਾੜੀ ਅਫਸਰ ਹੁਸ਼ਿਆਰਪੁਰ ਗੁਰਦੇਵ ਸਿੰਘ ਦੇ ਧਿਆਨ ਵਿਚ ਲਿਆਂਦਾ, ਜਿਸ 'ਤੇ ਖੇਤੀ ਅਫਸਰ ਨੇ ਜਲਦ ਇਸ ਵਰਤਾਰੇ ਨੂੰ ਬੰਦ ਕਰਵਾਉਣ ਦਾ ਭਰੋਸਾ ਦਿੱਤਾ। ਇਸ ਮੌਕੇ ਚੌਹਾਨ ਨੇ ਜਨਰਲ ਸਕੱਤਰ ਪ੍ਰਿਥਪਾਲ ਸਿੰਘ ਗੁਰਾਇਆ,ਜਗਜੀਤ ਸਿੰਘ ਸੋਢੀ ਇਕਾਈ ਪ੍ਰਧਾਨ ਨਰਿਆਲਾਦੀ ਮੌਜੂਦਗੀ ਵਿਚ ਪਿੰਡ ਵਡਾਲਾ (ਧੁੱਗਾ) ਦਾ ਇਕਾਈ ਦਾ ਗਠਨ ਕਰਦੇ ਹੋਏ ਸਰਬਸੰਮਤੀ ਨਾਲ ਰਜਿੰਦਰ ਸਿੰਘ ਨੂੰ ਇਕਾਈ ਦਾ ਪ੍ਰਧਾਨ ਬਣਾਇਆ, ਦਲਜੀਤ ਮੋਹਣ ਸਿੰਘ ਅਤੇ ਅੰਮ੍ਰਿਤਪਾਲ ਸਿੰਘ ਨੂੰ ਮੀਤ ਪ੍ਰਧਾਨ, ਮੋਹਨ ਸਿੰਘ ਨੂੰ ਜਨਰਲ ਸਕੱਤਰ, ਜਸਪਾਲ ਸਿੰਘ ਅਤੇ ਸੰਦੀਪ ਸਿੰਘ ਨੂੰ ਸਲਾਹਕਾਰ, ਕਮਲਜੀਤ ਸਿੰਘ ਸਕੱਤਰ, ਗੁਰਦੀਪ ਸਿੰਘ, ਮਨਜਿੰਦਰ ਸਿੰਘ, ਬਲਵੀਰ ਸਿੰਘ,ਤਜਿੰਦਰ ਸਿੰਘ ਆਦਿ ਨੂੰ ਕਾਰਜਕਾਰਨੀ ਮੈਂਬਰ ਚੁਣਿਆ ਗਿਆ।

# ਕੇਂਦਰੀ ਸਿੱਖਿਆ ਮੰਤਰੀ ਵੱਲੋਂ ਐੱਲ ਪੀ ਯੂ ਦੇ ਵਿਦਿਆਰਥੀਆਂ ਦੇ ਸੱਭਿਆਚਾਰਕ ਪ੍ਰਦਰਸ਼ਨ ਦੀ ਸ਼ਲਾਘਾ



**ਜਲੰਧਰ ( ਸ਼ੈਲੀ ਐਲਬਰਟ)** - ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐਲਪੀਯੂ) ਦੇ ਉੱਘੇ ਕਲਾਕਾਰਾਂ ਨੇ ਨਵੀਂ ਦਿੱਲੀ ਦੇ ਪ੍ਰਗਤੀ ਮੈਦਾਨ ਵਿੱਚ ਨਵੇਂ ਲਾਂਚ ਕੀਤੇ ਗਏ ਭਾਰਤ ਦੇ ਸਭ ਤੋਂ ਵੱਡੇ ਆਡੀਟੋਰੀਅਮ -ਭਾਰਤ ਮੰਡਪ ਵਿੱਚ ਸਭ ਤੋਂ ਪਹਿਲਾਂ ਸੱਭਿਆਚਾਰਕ ਪ੍ਰਦਰਸ਼ਨ ਕੀਤਾ । ਇਹ ਪ੍ਰਦਰਸ਼ਨ ਕੇਂਦਰੀ ਸਿੱਖਿਆ ਮੰਤਰੀ ਰਮਿੰਦਰ ਪ੍ਰਧਾਨ ਅਤੇ ਸਿੱਖਿਆ ਡੋਮੇਨ ਦੇ ਕਈ ਹੋਰ ਦਿੱਗਜਾਂ ਦੀ ਮੌਜੂਦਗੀ ਵਿੱਚ ਕੀਤਾ ਗਿਆ ਸੀ।। ਉਨ੍ਹਾਂ ਸਾਰਿਆਂ ਨੇ ਪੰਜਾਬ ਦੀ ਸਰਵੋਤਮ ਸੱਭਿਆਚਾਰਕ ਵਿਰਾਸਤ ਦੇ ਐਲਪੀਯੂ ਦੇ ਵਿਦਿਆਰਥੀਆਂ ਦੇ ਪ੍ਰਦਰਸ਼ਨ ਦੀ ਸ਼ਲਾਘਾ ਕੀਤੀ। ਭੰਗੜੇ ਦੀ ਪੇਸ਼ਕਾਰੀ ਦੌਰਾਨ ਮਨਮੋਹਕ ਤਾਲ ਅਤੇ ਢੋਲ ਦੀ ਧੁਨ ਨੂੰ ਦੇਖ ਅਤੇ ਸੁਣ ਕੇ ਮੰਤਰੀ ਬਹੁਤ ਖੁਸ਼ ਨਜ਼ਰ ਆਏ।ਯੁਵਾ ਸੰਗਮ ਏਕ ਭਾਰਤ ਸ੍ਰੇਸ਼ਠ ਭਾਰਤ ਦੀ ਭਾਵਨਾ ਦੇ ਤਹਿਤ ਉੱਤਰ ਪੂਰਬੀ ਖੇਤਰ ਦੇ ਨੌਜਵਾਨਾਂ ਅਤੇ ਬਾਕੀ ਭਾਰਤ ਦੇ ਵਿਚਕਾਰ ਨਜ਼ਦੀਕੀ ਸਬੰਧ ਬਣਾਉਣ ਲਈ ਭਾਰਤ ਸਰਕਾਰ ਦੀ ਇੱਕ ਪਹਿਲ ਹੈ । ਇਸ ਦੇ ਤਹਿਤ ਹਜ਼ਾਰਾਂ ਨੌਜਵਾਨ ਭਾਰਤ ਭਰ ਦੀ ਯਾਤਰਾ ਕਰਦੇ ਹਨ ਅਤੇ ਅੰਤਰ ਸੱਭਿਆਚਾਰਕ ਸਿੱਖਿਆ ਦਾ ਵਿਲੱਖਣ ਮੌਕਾ ਪ੍ਰਾਪਤ ਕਰਦੇ ਹਨ। ਇਹ ਵਿਆਪਕ ਸੱਭਿਆਚਾਰਕ ਆਦਾਨ-ਪ੍ਰਦਾਨ ਪ੍ਰੋਗਰਾਮ ਭਾਰਤੀ ਨੌਜਵਾਨਾਂ ਨੂੰ ਭਾਰਤ ਦੀ ਪ੍ਰਾਚੀਨ ਸੰਸਕ੍ਰਿਤੀ ਅਤੇ ਕੁਦਰਤੀ ਵਿਭਿੰਨਤਾ ਦਾ ਜਸ਼ਨ ਮਨਾਉਣ ਦਾ ਮੌਕਾ ਪ੍ਰਦਾਨ ਕਰਨਾ ਅਤੇ ਆਪਸੀ ਸਮਝ ਨੂੰ ਹੋਰ ਵਧਾਉਣਾ ਹੈ।।

# ਚਾਰ ਧਾਮ ਦੀ ਯਾਤਰਾ ਤੋਂ ਪਰਤੇ ਜਥੇ ਦਾ ਭਰਵਾਂ ਸਵਾਗਤ

**ਟਾਂਡਾ ਉੜਮੁੜ ( ਜਸਵਿੰਦਰ ਸੰਧੂ , ਉਂਕਾਰ ਸਿੰਘ)**-ਸ਼ਿਵ ਸੈਨਾ ਪੰਜਾਬ ਦੇ ਉੱਤਰੀ ਭਾਰਤ ਪ੍ਰਧਾਨ ਮਿੱਕੀ ਪੰਡਿਤ ਦੀ ਅਗਵਾਈ ਵਿਚ ਚਾਰ ਧਾਮ ਦੀ ਯਾਤਰਾ ਕਰਨ ਗਏ ਜੱਥੇ ਦੇ ਵਾਪਸ ਮਹਾਦੇਵ ਮੰਦਿਰ ਉੜਮੁੜ ਪਹੁੰਚਣ 'ਤੇ ਸਨਾਤਨ ਧਰਮ ਸਭਾ ਟਾਂਡਾ ਉੜਮੁੜ ਦੇ ਪ੍ਰਧਾਨ ਦੀਪਕ ਬਹਿਲ ਅਤੇ ਸਮੂਹ ਕਮੇਟੀ ਮੈਂਬਰਾਂ ਤੋਂ ਇਲਾਵਾ ਇਲਾਕੇ ਦੀਆਂ ਵੱਖ-ਵੱਖ ਸੰਸਥਾਵਾਂ ਦੇ ਆਗੂਆਂ ਨੇ ਮਿੱਕੀ ਪੰਡਿਤ, ਸ਼ਿਵਮ ਵੈਦ, ਜਿੰਦਰ ਬਣਿਆਲ, ਹਰਜੀਤ ਸਿੰਘ ਅਤੇ ਹੋਰ ਸ਼ਿਵ ਸੈਨਾ ਵਰਕਰਾਂ ਦਾ ਭਰਵਾਂ ਸਵਾਗਤ ਕਰਦੇ ਹੋਏ ਉਨ੍ਹਾਂ 'ਤੇ ਫੁੱਲਾਂ ਦੀ ਵਰਖਾ ਕੀਤੀ। ਉਨ੍ਹਾਂ ਨਾਲ ਦੋਆਬਾ ਪ੍ਰਧਾਨ ਰਾਹੁਲ ਖੰਨਾ, ਜ਼ਿਲ੍ਹਾ ਚੇਅਰਮੈਨ ਵਿਕਾਸ ਜਸਰਾ, ਚੈਅਰਮੈਨ ਮਹਾਂਵੀਰ



ਯੂਥ ਚਿੰਤਪੁਰਨੀ ਸੇਵਾ ਦਲ ਨਿੱਖਲੇਸ਼ ਜਸਰਾ ਨੈਨੂ, ਗਊਸ਼ਾਲਾ ਸੇਵਾ ਦਲ ਦੇਵ ਸ਼ਰਮਾ, ਜੀਵਨ ਬਬਲੀ, ਜਤਿੰਦਰ ਖੰਨਾ ਅਤੇ ਹੋਰ ਮੌਜੂਦ ਸਨ। ਚਾਰ ਧਾਮ ਦੀ ਯਾਤਰਾ ਤੋਂ ਆਏ ਜੱਥੇ ਵੱਲੋਂ ਗੰਗੋਤਰੀ ਧਾਮ ਤੋਂ ਲਿਆਂਦੇ ਗਏ ਜਲ ਨੂੰ ਸ਼ਿਵਲਿੰਗ 'ਤੇ ਅਭਿਸ਼ਕ ਕਰਦੇ ਹੋਏ ਵਿਧੀ ਪੂਰਵਕ ਮੰਤਰ ਉਚਾਰਨ ਕਰਦੇ ਹੋਏ ਪੂਜਾ ਅਰਚਨਾ ਕੀਤੀ। ਇਸ ਮੌਕੇ 'ਤੇ ਸੁਧਾਂਸ਼ ਮਲਹੋਤਰਾ, ਜੋਬਨ, ਗੌਰਵ, ਗਗਨ ਪਰੋਜ, ਸ਼ੁੱਭਮ ਮਲਹੋਤਰਾ, ਗਿੰਦਾ ਪਰੋਜ, ਸਾਬੀ ਅਤੇ ਹੋਰ ਹਾਜਰ ਸਨ।

# ਕਿਸਾਨਾਂ ਨੇ ਹਰਪਾਲ ਚੀਮਾ ਤੇ ਮੀਤ ਹੇਅਰ ਨੂੰ ਦਿੱਤਾ ਮੰਗ ਪੱਤਰ

**ਫਿਲੌਰ (ਨਿਰਮਲ)**- ਬੀਤੇ ਦਿਨੀਂ ਪੰਜਾਬ ਵਿੱਚ ਆਏ ਹੜ੍ਹਾਂ ਕਾਰਨ ਵੱਡੀ ਗਿਣਤੀ 'ਚ ਕਿਸਾਨਾਂ ਦੀਆ ਫਸਲਾਂ ਤਬਾਹ ਹੋ ਗਈਆਂ। ਜਿਸ ਤਹਿਤ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਵਰਿੰਦਰ ਸਿੰਘ ਸੈਣੀ, ਪਰਮਿੰਦਰ ਸਿੰਘ ਮਾਹਲ, ਸੁਖਵੰਤ ਸਿੰਘ, ਲਖਵੀਰ ਸਿੰਘ ਪੰਚ, ਸਤਨਾਮ ਸਿੰਘ ਦੁਆਬਾ ਸਵੀਟ ਸ਼ਾਪ ਵਾਲਿਆਂ ਵੱਲੋਂ ਸਤਲੁਜ ਬੰਨ ਦੇ ਨਾਲ ਲੱਗਦੇ 8 ਪਿੰਡਾਂ ਦੇ ਸਰਪੰਚਾਂ ਵੱਲੋਂ ਦਿੱਤੀਆਂ ਮੰਗਾਂ ਨੂੰ ਲੈ ਕੇ ਚੰਡੀਗੜ੍ਹ ਵਿਖੇ ਖਜਾਨਾ ਮੰਤਰੀ ਹਰਪਾਲ ਸਿੰਘ ਚੀਮਾ ਅਤੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਹੇਅਰ ਨੂੰ ਮਿਲੇ। ਉਨ੍ਹਾਂ ਨੂੰ ਫਿਲੌਰ ਵਿਖੇ ਬੰਨ ਟੁੱਟਣ ਕਾਰਨ ਹੋਏ ਫਸਲਾਂ ਦੇ ਨੁਕਸਾਨ ਅਤੇ ਬੰਨ ਦੇ ਟੁੱਟਣ ਦੇ ਕਾਰਨਾਂ ਸਬੰਧੀ ਜਾਣਕਾਰੀ ਦਿੱਤੀ। ਉਨ੍ਹਾਂ ਮੰਗ ਕੀਤੀ ਕਿ ਹਰ ਸਾਲ ਬੰਨ੍ਹ ਟੁੱਟਣ ਨਾਲ ਕਿਸਾਨਾਂ ਦੀਆਂ ਫਸਲਾਂ ਤਬਾਹ ਹੋ ਜਾਦੀਆ ਹਨ, ਉਨ੍ਹਾਂ ਬੰਨ੍ਹ ਪੱਕਾ ਕਰਨ ਅਤੇ ਪੰਜਾਬ ਪੁਲਸ ਅਕੈਡਮੀ ਫਿਲੌਰ ਕੋਲੋਂ ਬੰਨ ਸਿੱਧਾ ਕਰਨ ਦੀ ਮੰਗ ਕੀਤੀ। ਜਿਸ 'ਤੇ ਉਨ੍ਹਾਂ ਭਰੋਸਾ ਦਿੱਤਾ ਕਿ ਉਨ੍ਹਾਂ ਦੀਆਂ ਮੰਗਾਂ ਜਲਦੀ ਪੂਰੀਆਂ ਕੀਤੀਆਂ ਜਾਣਗੀਆਂ ਅਤੇ ਜਲਦ ਹੀ ਕਿਸਾਨਾਂ ਦੀਆਂ ਖਰਾਬ ਹੋਈਆਂ ਫਸਲਾਂ ਦੀ ਗਿਰਦਾਵਰੀ ਕਰਕੇ ਜਲਦ ਮੁਆਵਜਾ ਦਿੱਤਾ ਜਾਵੇਗਾ।

# ਭਾਰਤੀ ਸਟੇਟ ਬੈਂਕ ਨੇ ਲੜਕੀਆਂ ਦੇ ਕਾਲਜ 'ਚ ਲਗਾਏ ਬੂਟੇ




**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**-ਸ੍ਰੀ ਗੁਰੂ ਹਰਿ ਰਾਇ ਸਾਹਿਬ ਕਾਲਜ ਫਾਰ ਵਿਮੈਂਨ ਚੱਬੇਵਾਲ ਜੋ ਕਿ ਸੰਤ ਬਾਬਾ ਨਿਹਾਲ ਸਿੰਘ ਜੀ ਹਰੀਆਂ ਵੇਲਾਂ ਜੀ ਦੀ ਸਰਪ੍ਰਸਤੀ ਹੇਠ ਚੱਲ ਰਿਹਾ ਹੈ ਵਿਖੇ ਭਾਰਤੀ ਸਟੇਟ ਬੈਂਕ ਦੀ ਚੱਬੇਵਾਲ ਸ਼ਾਖਾ ਵਲੋਂ 'ਰੁੱਖ ਲਗਾਓ ਰੁੱਖ ਬਚਾਓ' ਮੁਹਿੰਮ ਤਹਿਤ ਬੂਟੇ ਲਗਾਏ ਗਏ। ਕਾਲਜ ਵਿਚ ਬੂਟੇ ਲਗਾਉਣ ਦੀ ਇਸ ਮੁਹਿੰਮ ਦੀ ਸ਼ੁਰੂਆਤ ਸ਼ਾਖਾ ਪ੍ਰਬੰਧਕ ਸ਼ੁੱਭਮ ਭਨੋਟ ਨੇ ਕੀਤਾ।

ਕਾਲਜ ਪ੍ਰਿੰਸੀਪਲ ਡਾ. ਮਨਜੀਤ ਕੌਰ ਅਤੇ ਸਕੂਲ ਪਿੰਸੀਪਲ ਡਾ. ਅਨੀਤਾ ਕੁਮਾਰੀ ਮੌਜੂਦ ਰਹੇ। ਭਨੋਟ ਨੇ ਦੱਸਿਆ ਕਾਲਜ ਕੰਪਲੈਕਸ ਵਿਚ 200 ਤੋਂ ਵੱਧ ਬੂਟੇ ਲਗਾਏ ਜਾਣਗੇ। ਇਹਨਾਂ ਵਿਚ ਫਲਦਾਰ, ਛਾਂ-ਦਾਰ ਅਤੇ ਫੁੱਲਦਾਰ ਬੂਟਿਆਂ ਵੱਖ-ਵੱਖ ਕਿਸਮਾਂ ਦਾ ਪ੍ਰਬੰਧ ਕੀਤਾ ਗਿਆ। ਉਹਨਾਂ ਕਿਹਾ ਵਾਤਾਵਰਣ ਨੂੰ ਬਚਾਉਣ ਲਈ ਹਰ ਮਨੱਖ ਨੂੰ ਇਕ ਰੁੱਖ ਜਰੂਰ ਲਗਾਉਣਾ ਚਾਹੀਦਾ ਹੈ। ਇਸ ਮੌਕੇ ਭਾਰਤੀ ਸਟੇਟ ਬੈਂਕ ਦੇ ਗ੍ਰਾਹਕ ਮਿੱਤਰ ਸੂਰਜ ਕੁਮਾਰ, ਪਰਮਜੀਤ ਸਿੰਘ ਅਤੇ ਸਮੂਹ ਕਾਲਜ ਸਟਾਫ ਹਾਜਰ ਸੀ।

# ਕਿਸਾਨਾਂ ਨੇ ਐੱਸ ਡੀ ਐੱਮ ਨੂੰ ਦਿੱਤਾ ਮੰਗ ਪੱਤਰ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)** ਮੀਂਹ ਕਾਰਨ ਆਏ ਹੜ੍ਹਾਂ ਨੇ ਕਿਸਾਨਾਂ ਦੀਆਂ ਫਸਲਾਂ ਨੂੰ ਤਬਾਹ ਕਰਕੇ ਰੱਖ ਦਿੱਤਾ ਹੈ। ਇਸ ਸਬੰਧ 'ਚ ਪੰਜਾਬ ਪ੍ਰਦੇਸ਼ ਕਾਂਗਰਸ ਵਲੋਂ ਐਸ ਡੀ ਐਮ ਨੂੰ ਮੰਗ ਪੱਤਰ ਦਿੱਤਾ ਗਿਆ। ਜਥੇਬੰਦੀ ਦੇ ਆਗੂ ਪ੍ਰਧਾਨ ਸਰਬਜੀਤ ਸਿੰਘ ਜੋਗਿੰਦਰ ਸਿੰਘ ਮਨਦੀਪ ਸਿੰਘ ਥਾਂਦੀ ਲਵਲੀ ਮੋਹਣ ਸਿੰਘ ਰਾਹੋ ਮੱਖਣ ਸਿੰਘ ਤਾਜੋਵਾਲ ਪਾਲਾਰਾਮ ਸਰਪੰਚ ਅਐਮ ਸੀ ਬੰਟੀ ਪ੍ਰੇਮ ਸਿੰਘ ਛੋਕਰ ਨੇ ਦੱਸਿਆ ਕਿ ਕਿਸਾਨ ਉਦਾਸੀ ਦੇ ਆਲਮ 'ਚ ਹਨ। ਪਾਣੀ ਖੜਨ ਕਰਕੇ ਪੂਰੀ ਦੀ ਪੂਰੀ ਫਸਲ ਬਰਬਾਦ ਹੋ ਚੁੱਕੀ ਹੈ। ਕਿਸਾਨ ਆਪਣੇ ਤੌਰ 'ਤੇ ਫਸਲਾਂ ਵਿਚਲਾ ਪਾਣੀ ਕੱਢਣ ਦੀ ਕੋਸ਼ਿਸ਼ ਕਰ ਰਹੇ ਹਨ, ਪਰ ਅਸਫਲ ਹੋ ਜਾਂਦੇ ਹਨ।

ਫਸਲਾਂ ਦੇ ਹੋਏ ਨੁਕਸਾਨ ਬਾਰੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਕੋਲੋਂ ਮੰਗ ਕੀਤੀ ਹੈ ਕਿ ਛੇਤੀ ਗਿਰਦਾਵਰੀ ਕਰਵਾ ਕੇ ਸਮਾਂ ਰਹਿੰਦੇ ਕਿਸਾਨਾਂ ਦੇ ਅੱਲੇ ਜ਼ਖਮਾਂ 'ਤੇ ਮੱਲ੍ਹਮ ਲਗਾਈ ਜਾਵੇ।



# ਜੀ ਆਰ ਡੀ ਇੰਟਰਨੈਸ਼ਨਲ ਸਕੂਲ ਵਿਖੇ ਕੁਇੱਜ਼ ਮੁਕਾਬਲੇ ਕਰਵਾਏ



**ਟਾਂਡਾ ਉੜਮੁੜ ( ਉਂਕਾਰ ਸਿੰਘ, ਜਸਵਿੰਦਰ ਸੰਧੂ )** ਸ੍ਰੀ ਗੁਰੂ ਰਾਮਦਾਸ ਜੀ ਸੇਵਾ-ਸਿਮਰਨ ਸੁਸਾਇਟੀ ਵੱਲੋਂ ਚਲਾਏ ਜਾ ਰਹੇ ਜੀ.ਆਰ.ਡੀ ਇੰਟਰਨੈਸ਼ਨਲ ਸਕੂਲ ਟਾਂਡਾ ਵਿਖੇ ਸੋਸ਼ਲ ਸਾਇੰਸ ਦੇ ਵਿਸ਼ੇ ਨੂੰ ਲੈ ਕੇ ਵਿਦਿਆਰਥੀਆਂ ਦੇ ਕੁਇੱਜ ਮੁਕਾਬਲੇ ਕਰਵਾਏ ਗਏ।

ਜੀ.ਆਰ.ਡੀ ਸਿੱਖਿਆ ਸੰਸਥਾਵਾਂ ਦੀ ਚੇਅਰ ਪਰਸਨ ਪ੍ਰਦੀਪ ਕੌਰ ਦੇ ਦਿਸ਼ਾ ਨਿਰਦੇਸਾਂ , ਮੈਨੇਜਿੰਗ ਡਾਇਰੈਕਟਰ ਬਿਕਰਮ ਸਿੰਘ ਦੀ ਅਗਵਾਈ ਵਿੱਚ, ਮੈਨੇਜਰ ਸਰਬਜੀਤ ਸਿੰਘ ਮੋਮੀ ਤੇ ਪ੍ਰਿੰਸੀਪਲ ਅਮਨਦੀਪ ਕੌਰ ਢਿੱਲੋਂ ਦੀ ਦੇਖ-ਰੇਖ ਵਿੱਚ ਕਰਵਾਏ ਗਏ ਮੁਕਾਬਲੇ ਵਿਚ ਸਕੂਲ ਦੇ ਵੱਖ-ਵੱਖ ਹਊਸਾਂ ਦੇ ਵਿਦਿਆਰਥੀਆਂ ਨੇ ਭਾਗ ਲਿਆ।

ਮੁਕਾਬਲੇ ਵਿੱਚ ਕੀਰਤੀ ਰੈੱਡ ਹਊਸ ਨੇ ਪਹਿਲਾ ਸਥਾਨ, ਸ਼ਕਤੀ ਬਲਿਊ ਹਾਊਸ ਨੇ ਦੂਸਰਾ ਸਥਾਨ , ਜਾਗ੍ਰਿਤੀ ਗ੍ਰੀਨ ਹਾਊਸ ਨੇ ਤੀਸਰਾ ਸਥਾਨ ਤੇ ਜੋਤੀ ਯੇਲੋ ਹਊਸ ਚੌਥਾ ਸਥਾਨ ਹਾਸਲ ਕੀਤਾ। ਜੇਤੂ ਰਹੇ ਵਿਦਿਆਰਥੀਆਂ ਨੂੰ ਪ੍ਰਿੰਸੀਪਲ ਅਮਨਦੀਪ ਕੌਰ ਢਿੱਲੋਂ ਨੇ ਯਾਦਗਾਰੀ ਚਿੰਨ ਭੇਂਟ ਕਰਕੇ ਸਨਮਾਨਤ ਕੀਤਾ। ਇਸ ਮੌਕੇ ਦਲਜਿੰਦਰ ਕੌਰ, ਤਜਿੰਦਰ ਕੌਰ, ਬਲਜੀਤ ਕੌਰ, ਗੁਰਪ੍ਰੀਤ ਕੌਰ, ਮੈਡਮ ਮਨਦੀਪ ਕੌਰ, ਮਨਜੀਤ ਕੌਰ,ਮਨਪ੍ਰੀਤ ਕੌਰ, ਰਾਜਵਿੰਦਰ ਕੌਰ, ਕਸਮੀਰ ਕੌਰ, ਰਜਨੀ ਸੈਣੀ, ਸਿਮਰਨਜੀਤ ਕੌਰ,ਹਰਜੀਤ ਕੌਰ ਆਦਿ ਵੀ ਹਾਜਰ ਸਨ।

# ਮੀਤ ਹੇਅਰ ਨੇ 23 ਕੋਚਾਂ ਨੂੰ ਨਿਯੁਕਤੀ ਪੱਤਰ ਸੌਂਪੇ



**ਚੰਡੀਗੜ (ਗੁਰਜੀਤ ਬਿੱਲਾ)**— ਪੰਜਾਬ ਦੇ ਖੇਡ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਨੇ ਨਵੇਂ ਭਰਤੀ 23 ਕੋਚਾਂ ਨੂੰ ਨਿਯੁਕਤੀ ਪੱਤਰ ਸੌਂਪੇ। ਇਥੇ ਪੰਜਾਬ ਸਿਵਲ ਸਕੱਤਰੇਤ ਵਿਖੇ ਆਪਣੇ ਦਫਤਰ ਵਿੱਚ ਖੇਲੋ ਇੰਡੀਆ ਸੈਂਟਰ ਲਈ ਭਰਤੀ ਕੀਤੇ ਕੋਚਾਂ ਨੂੰ ਨਿਯੁਕਤੀ ਪੱਤਰ ਸੌਂਪਦਿਆਂ ਮੀਤ ਹੇਅਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਪੰਜਾਬ ਨੂੰ ਖੇਡਾਂ ਵਿੱਚ ਦੇਸ਼ ਦਾ ਨੰਬਰ ਇਕ ਸੂਬਾ ਬਣਾਉਣ ਲਈ ਨਵੀਂ ਖੇਡ ਨੀਤੀ ਬਣਾਈ ਗਈ ਹੈ। ਇਸ ਖੇਡ ਨੀਤੀ ਨੂੰ ਲਾਗੂ ਕਰਨ ਦੀ ਜ਼ਿੰਮੇਵਾਰੀ ਵਿਭਾਗ ਦੇ ਕੋਚਾਂ ਸਿਰ ਹੈ ਜਿਨ੍ਹਾਂ ਨਵੀਂ ਪਨੀਰੀ ਤਿਆਰ ਕਰ ਕੇ ਖਿਡਾਰੀਆਂ ਨੂੰ ਕੌਮੀ ਤੇ ਕੌਮਾਂਤਰੀ ਪੱਧਰ ਦੇ ਮੁਕਾਬਲਿਆਂ ਲਈ ਤਿਆਰ ਕਰਨਾ ਹੈ। ਉਨ੍ਹਾਂ ਕੋਚਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਹ ਆਪਣੇ ਅਲਾਟ ਸੈਂਟਰਾਂ ਵਿੱਚ ਤਨਦੇਹੀ ਤੇ ਮਿਹਨਤ ਨਾਲ ਕੰਮ ਕਰਨ ਅਤੇ ਚੰਗੇ ਨਤੀਜੇ ਸਾਹਮਣੇ ਲਿਆਉਣ। ਨਿਯੁਕਤੀ ਪੱਤਰ ਹਾਸਲ ਕਰਨ ਵਾਲੇ ਕੋਚਾਂ ਵਿੱਚ ਅਥਲੈਟਿਕਸ ਖੇਡ ਦੇ ਸੱਤ, ਕੁਸ਼ਤੀ ਦੇ ਪੰਜ, ਫੁੱਟਬਾਲ ਦੇ ਚਾਰ, ਹਾਕੀ ਦੇ ਦੋ ਅਤੇ ਬੈਡਮਿੰਟਨ, ਮੁੱਕੇਬਾਜ਼ੀ, ਸਾਈਕਲਿੰਗ ਤੇ ਤਲਵਾਰਬਾਜ਼ੀ ਦੇ ਇਕ-ਇਕ ਕੋਚ ਹਨ। ਇਸ ਮੌਕੇ ਖੇਡ ਵਿਭਾਗ ਦੇ ਵਿਸ਼ੇਸ਼ ਮੁੱਖ ਸਕੱਤਰ ਸਰਵਜੀਤ ਸਿੰਘ, ਡਾਇਰੈਕਟਰ ਹਰਪ੍ਰੀਤ ਸਿੰਘ ਸੂਦਨ, ਡਿਪਟੀ ਡਾਇਰੈਕਟਰ ਪਰਮਿੰਦਰ ਸਿੰਘ ਸੰਧੂ ਤੇ ਸਹਾਇਕ ਡਾਇਰੈਕਟਰ ਰਣਵੀਰ ਸਿੰਘ ਭੰਗੂ ਵੀ ਹਾਜ਼ਰ ਸਨ।

# ਪਿੰਡਾਂ ਨੂੰ ਤੰਬਾਕੂ ਮੁਕਤ ਬਣਾਉਣ ਲਈ ਜਾਗਰੂਕਤਾ ਮੁਹਿੰਮ ਚਲਾਈ

**ਫਗਵਾੜਾ (ਡਾ. ਰਮਨ)**-ਜੀ ਐਸ ਏ ਟੈਕਨੀਕਲ ਸਪੋਰਟ ਟੀਮ (ਤੰਬਾਕੂ ਕੰਟਰੋਲ, ਸਿਹਤ ਵਿਭਾਗ ਪੰਜਾਬ) ਤੇ ਤੰਬਾਕੂ ਕੰਟਰੋਲ ਸੈੱਲ ਕਪੂਰਥਲਾ ਵੱਲੋਂ ਪਿੰਡਾਂ ਨੂੰ ਤੰਬਾਕੂ ਮੁਕਤ ਬਣਾਉਣ ਲਈ ਜਾਗਰੂਕਤਾ ਮੁਹਿੰਮ ਚਲਾਈ ਗਈ। ਇਸ ਮੁਹਿੰਮ ਦੌਰਾਨ ਪਿੰਡ ਅਲੀਪੁਰ ਅਤੇ ਤਰਖਾਣਾਂ ਵਾਲੇ ਵਿਖੇ ਵਿਜਟ ਕੀਤੀ ਗਈ ਅਤੇ ਪਿੰਡ ਵਾਸੀਆਂ ਨੂੰ ਤੰਬਾਕੂ ਦੇ ਦੁਸ਼ਪ੍ਰਭਾਵਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਸਾਂਝੀ ਕੀਤਾ। ਇਸ ਉਪਰੰਤ ਜੀਐਸਏ ਟੈਕਨੀਕਲ ਸਪੋਰਟ ਟੀਮ (ਤੰਬਾਕੂ ਕੰਟਰੋਲ,ਸਿਹਤ ਵਿਭਾਗ ਪੰਜਾਬ) ਵੱਲੋਂ ਅਤੇ ਤੰਬਾਕੂ ਕੰਟਰੋਲ ਸੈੱਲ ਕਪੂਰਥਲਾ ਵੱਲੋਂ ਸਿਵਲ ਸਰਜਨ ਕਪੂਰਥਲਾ ਡਾ. ਰਾਜਵਿੰਦਰ ਕੌਰ ਅਤੇ ਡੀਐਚਓ ਡਾ. ਰਾਜੀਵ ਪਰਾਸਰ ਦੀ ਰਹਿਨੁਮਾਈ ਹੇਠ ਜ਼ਿਲ੍ਹਾ ਟ੍ਰੈਨਿੰਗ ਹਾਲ ਸਰਕਾਰੀ ਹਸਪਤਾਲ ਕਪੂਰਥਲਾ ਵਿੱਚ ਤੰਬਾਕੂ ਵਿਕ੍ਰੇਤਾਵਾਂ ਦੀ ਵਰਕਸ਼ਾਪ ਕੀਤੀ ਗਈ। ਜਿਸ ਵਿੱਚ ਉਹਨਾਂ ਨੂੰ 2003 ਬਾਰੇ ਜਾਗਰੂਕ ਕੀਤਾ ਗਿਆ। ਇਸ ਮੌਕੇ ਡੀਐਫਪੀਓ ਡਾ. ਅਸ਼ੋਕ ਕੁਮਾਰ,ਡਾ.ਪਰਮਿੰਦਰ ਬੈਂਸ, ਡਿਪਟੀ ਮਾਸ ਮੀਡੀਆ ਅਫਸਰ ਸ਼ਰਨਦੀਪ ਸਿੰਘ, ਡਿਪਟੀ ਮਾਸ ਮੀਡੀਆ ਅਫਸਰ ਸੁਖਦਿਆਲ ਸਿੰਘ, ਬੀਸੀਸੀ ਕੁਆਰਡੀਨੇਟਰ ਜੋਤੀ ਅਨੰਦ, ਬੀਈਈ ਰਵਿੰਦਰ ਜੱਸਲ, ਐਸ ਆਈ ਗੁਰਬੀਰ ਸਿੰਘ,ਬਲਜੀਤ ਸਿੰਘ ਆਦਿ ਹਾਜਰ ਸਨ।



*ਐੱਨ ਐੱਚ ਪੀ ਸੀ ਅਤੇ ਐੱਨ ਐੱਚ ਪੀ ਸੀ ਅਧਿਕਾਰੀ ਕਾਰਪੋਰੇਸ਼ਨ (ਏ ਐੱਲ ਆਈ ਐੱਮ ਸੀ ਓ) ਉੱਤਮ ਲਾਲ, ਡਾਇਰੈਕਟਰ (ਪਰਸੋਨਲ) ਦੀ ਮੌਜੂਦਗੀ ਵਿੱਚ ਉੱਤਰੀ ਅਤੇ ਉੱਤਰ ਪੂਰਬੀ ਰਾਜਾਂ ਵਿੱਚ ਸਥਿਤ ਪ੍ਰੋਜੈਕਟਾਂ ਦੇ ਆਲੇ-ਦੁਆਲੇ ਲਗਭਗ 1000 ਦਿਵਿਆਂਗਜਨਾਂ ਨੂੰ ਸਹਾਇਕ ਉਪਕਰਣਾਂ ਦੀ ਵੰਡ ਲਈ ਯੋਜਨਾ ਦੇ ਤਹਿਤ ਅਤੇ ਭਾਰਤੀ ਪ੍ਰੋਸਥੈਟਿਕ ਅੰਗ ਨਿਰਮਾਣ ਵਿਚਕਾਰ ਸਮਝੌਤੇ 'ਤੇ ਦਸਤਖਤ ਕਰਨ ਦੌਰਾਨ।*

# ਦੌਲਤਪੁਰ ਢੱਡਾ 'ਚ ਸਾਲਾਨਾ ਮਾਂ ਭਗਵਤੀ ਦਾ ਜਾਗਰਣ ਕਰਵਾਇਆ



**ਕਾਲਾ ਸੰਘਿਆਂ (ਮਨਜੀਤ ਮਾਨ)** ਪਿੰਡ ਦੌਲਤਪੁਰ ਜ਼ਿਲ੍ਹਾ ਜਲੰਧਰ ਵਿਖੇ ਨੌਜਵਾਨ ਸਭਾ ਵੱਲੋਂ 13ਵਾਂ ਮਾਂ ਭਗਵਤੀ ਦਾ ਸਾਲਾਨਾ ਜਾਗਰਣ ਬਹੁਤ ਉਤਸ਼ਾਹ ਤੇ ਸ਼ਾਨੋ-ਸ਼ੌਕਤ ਨਾਲ ਕਰਵਾਇਆ ਗਿਆ। ਜੋਤ ਪ੍ਰਚੰਡ ਦੀ ਰਸਮ ਸਰਪੰਚ ਗੁਰਨਾਮ ਸਿੰਘ ਸ਼ਾਹ , ਜਾਗਰਣ ਕਮੇਟੀ ਦੇ ਪ੍ਰਧਾਨ ਬਲਜਿੰਦਰ ਸਿੰਘ ਜੱਜ , ਬਾਬਾ ਤਫੈਲ ਖਾਨ , ਬੀਬੀ ਸਰਜੀਤ ਕੌਰ ਬੀਬੀ ਦਰਸ਼ੋ , ਗੁਰਬਖਸ਼ ਕੌਰ ,ਬੀਬੀ ਸੀਤੋ ਹਨੀ ਮਹਿਰਾ ,ਬੀਬੀ ਬਖਸ਼ੋ ਗੁਰਮੀਤ ਕੌਰ ਰਮਨ ਸ਼ਰਮਾ , ਜਸਪ੍ਰੀਤ ਜੋਸ਼ਨ ਸੋਨੀ ਸੈਕਟਰੀ , ਬੱਬੂ ਰਾਜਬਿੰਦਰ ਸਿੰਘ ਯੂ:ਕੇ ਜਗਤਾਰ ਖਾਨ , ਕਰਨ ਸ਼ਰਮਾ , ਕੁਲਦੀਪ ਸਿੰਘ ਰਿੰਕੂ ਰਾਜਾ ਸ਼ੇਖੂਪੁਰ ਵਲੋਂ ਸਾਂਝੇ 'ਤੇ ਪੂਰੇ ਰੀਤੀ ਰਿਵਾਜਾਂ ਨਾਲ ਕੀਤੀ ਗਈ। ਉਪਰੰਤ ਪ੍ਰਸਿਧ ਗਾਇਕ ਕਰਮਜੀਤ ਸਾਬਰ , ਗੁਰਸਿਰਜ ਗਿੱਲ ਵੱਲੋਂ ਸਾਰੀ ਰਾਤ ਮਾਂ ਭਗਵਤੀ ਦੀ ਮਹਿਮਾ ਦਾ ਗੁਣਗਾਨ ਕੀਤਾ ਗਿਆ। ਮਹੰਤ ਭੋਲਾ ਸ਼ੇਖੂਪੁਰ ਵੱਲੋ ਤਾਰਾ ਰਾਣੀ ਦੀ ਕਥਾ ਕੀਤੀ ਗਈ।

# ਸ਼ਾਨਦਾਰ ਰਹੇ ਭਾਸ਼ਾ ਵਿਭਾਗ ਵੱਲੋਂ ਕਰਵਾਏ ਸਾਹਿਤ ਸਿਰਜਣ ਤੇ ਕਵਿਤਾ ਗਾਇਨ ਮੁਕਾਬਲੇ

**ਹੁਸ਼ਿਆਰਪੁਰ (ਓ ਪੀ ਰਾਣਾ, ਬਲਵੀਰ ਸਿੰਘ ਸੈਣੀ )**ਸਕੱਤਰ ਉਚੇਰੀ ਸਿੱਖਿਆ ਅਤੇ ਭਾਸ਼ਾਵਾਂ ਦੀਆਂ ਹਦਾਇਤਾਂ, ਡਾਇਰੈਕਟਰ ਭਾਸ਼ਾ ਵਿਭਾਗ ਪੰਜਾਬ, ਪਟਿਆਲਾ ਡਾ. ਵੀਰਪਾਲ ਕੌਰ ਦੇ ਦਿਸ਼ਾ-ਨਿਰਦੇਸ਼ਾਂ ਅਤੇ ਡਾ. ਜਸਵੰਤ ਰਾਏ ਖੋਜ ਅਫ਼ਸਰ ਭਾਸ਼ਾ ਵਿਭਾਗ ਦੀ ਅਗਵਾਈ ਵਿਚ ਵਿਦਿਆਰਥੀਆਂ ਵਿਚ ਸਿਰਜਣਾਤਮਕ ਰੁਚੀਆਂ ਵਿਕਸਤ ਕਰਨ ਖਾਤਰ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਸ਼ੇਰਗੜ੍ਹ ਵਿਖੇ ਪੰਜਾਬੀ ਭਾਸ਼ਾ ਸਾਹਿਤ ਸਿਰਜਣ ਅਤੇ ਕਵਿਤਾ ਗਾਇਨ ਮੁਕਾਬਲੇ ਕਰਵਾਏ ਗਏ। ਵਿਦਿਆਰਥੀਆਂ ਨੂੰ ਕਵਿਤਾ, ਕਹਾਣੀ ਅਤੇ ਲੇਖ ਲਿਖਣ ਲਈ ਮੌਕੇ 'ਤੇ ਹੀ ਵਿਸ਼ੇ ਦਿੱਤੇ ਗਏ ਜਦ ਕਿ ਕਵਿਤਾ ਗਾਇਨ ਮੁਕਾਬਲੇ ਵਿੱਚ ਵਿਦਿਆਰਥੀਆਂ ਨੂੰ ਕਾਵਿ ਰਚਨਾਵਾਂ ਵਾਲੇ ਕਵੀਆਂ ਦੇ ਨਾਂ ਪਹਿਲਾਂ ਹੀ ਦਿੱਤੇ ਜਾ ਚੁੱਕੇ ਸਨ। ਇਸ ਮੁਕਾਬਲੇ ਦੇ ਅਗਾਜ਼ ਤੋਂ ਪਹਿਲਾਂ ਡਾ. ਜਸਵੰਤ ਰਾਏ ਨੇ ਆਏ ਹੋਏ ਸਾਰੇ ਪ੍ਰਤੀਯੋਗੀਆਂ ਅਤੇ ਅਧਿਆਪਕਾਂ ਲਈ ਜੀ ਆਇਆਂ ਸ਼ਬਦ ਆਖੇ। ਉਪਰੰਤ ਭਾਸ਼ਾ ਵਿਭਾਗ ਦੇ ਕੰਮਾਂ, ਪ੍ਰਕਾਸ਼ਨਾਵਾਂ ਬਾਰੇ ਗੱਲ ਸਾਂਝੀ ਕਰਦਿਆਂ ਵਿਭਾਗ ਵਲੋਂ ਪੰਜਾਬੀ ਭਾਸ਼ਾ ਤੇ ਸਭਿਆਚਾਰ ਦੇ ਪ੍ਰਚਾਰ ਤੇ ਪ੍ਰਸਾਰ ਲਈ ਕੀਤੇ ਜਾ ਰਹੇ ਤਰੱਦਦ ਬਾਰੇ ਦੱਸਿਆ। ਸਭ ਤੋਂ ਔਖੀ ਚਾਰ ਘੰਟੇ ਤੱਕ ਚੱਲੀ ਵਿਧਾ ਕਵਿਤਾ ਗਾਇਨ ਮੁਕਾਬਲੇ ਵਿੱਚ ਜ਼ਿਲ੍ਹੇ 'ਚੋਂ ਪਹਿਲਾ ਸਥਾਨ ਨਿਪੁੰਨ ਟੋਡਲਰ ਹੋਮ ਸਕੂਲ, ਦੂਜਾ ਸਥਾਨ ਕਵਿਤਾਪਾਲ ਸਰਕਾਰੀ ਰੇਲਵੇ ਮੰਡੀ ਸਕੂਲ, ਤੀਜਾ ਸਥਾਨ ਜਸਮਨਪ੍ਰੀਤ ਕੌਰ ਹਾਈ ਸਕੂਲ਼ ਬਹਾਦਰਪੁਰ ਬਾਹੀਆਂ, ਇਵੇਂ ਕਵਿਤਾ ਲਿਖਣ ਮੁਕਾਬਲੇ 'ਚ ਕ੍ਰਮਵਾਰ ਹਰਲੀਨ ਕੌਰ ਜੀ.ਐਮ.ਏ. ਪਬਲਿਕ ਸਕੂਲ ਸਿੰਗੜੀਵਾਲਾ, ਬੰਸ਼ਿਕਾ ਸਰਕਾਰੀ ਸੈਕੰਡਰੀ ਸਕੂਲ ਤਲਵਾੜਾ, ਏਕਾਂਕਸ਼ਾ ਸਰਕਾਰੀ ਸਕੂਲ ਰੇਲਵੇ ਮੰਡੀ, ਕਹਾਣੀ ਲਿਖਣ ਮੁਕਾਬਲੇ ਵਿੱਚ ਨੈਨਸੀ ਸਰਕਾਰੀ ਸੈਕੰਡਰੀ ਸਕੂਲ ਬੋੜਾ, ਅੰਸ਼ਿਕਾ ਵਿਦਿਆ ਮੰਦਰ ਮਾਡਲ ਸਕੂਲ, ਤਰੁਣਪ੍ਰੀਤ ਕੌਰ ਸ਼੍ਰੀ ਗੁਰੂ ਹਰਿ ਕ੍ਰਿਸ਼ਨ ਪਬਲਿਕ ਸਕੂਲ, ਲੇਖ ਲਿਖਣ ਮੁਕਾਬਲੇ ਵਿੱਚ ਹਰਸ਼ਿਤਾ ਸ਼ਰਮਾ ਵਿਦਿਆ ਮੰਦਰ ਸਕੂਲ, ਨਵਦੀਪ ਸਰਕਾਰੀ ਸੈਕੰਡਰੀ ਸਕੂਲ ਲਾਂਬੜਾ, ਦੀਆ ਸਰਕਾਰੀ ਸਕੂਲ ਰੇਲਵੇ ਮੰਡੀ ਨੇ ਪ੍ਰਾਪਤ ਕੀਤਾ। ਜੇਤੂ ਵਿਦਿਆਰਥੀਆਂ ਨੂੰ ਹਰ ਵਿਧਾ ਵਿੱਚ ਪਹਿਲਾ, ਦੂਜਾ, ਤੀਜਾ ਸਥਾਨ ਨੂੰ 1000/-, 750/-, 500/- ਰੁਪਏ ਦੀਆਂ ਭਾਸ਼ਾ ਵਿਭਾਗ ਦੀਆਂ ਦੁਰਲੱਭ ਪ੍ਰਕਾਸ਼ਨਾਵਾਂ ਦੇ ਸੈੱਟ ਅਤੇ ਪ੍ਰਮਾਣ ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ। ਸਨਮਾਨ ਸਮਾਰੋਹ 'ਤੇ ਵਿਦਿਆਰਥੀਆਂ ਤੇ ਅਧਿਆਪਕਾਂ ਨੂੰ ਵਧਾਈ ਦਿੰਦਿਆਂ ਸਕੂਲ ਦੇ ਪ੍ਰਿੰਸੀਪਲ ਰਾਜਨ ਅਰੋੜਾ ਨੇ ਕਿਹਾ ਕਿ ਭਾਸ਼ਾ ਵਿਭਾਗ ਵਲੋਂ ਕਰਵਾਏ ਜਾਂਦੇ ਇਹ ਮੁਕਾਬਲੇ ਵਿਦਿਆਰਥੀਆਂ ਦੀ ਮੌਲਿਕਤਾ ਨੂੰ ਨਿਖਾਰਨ ਵਿੱਚ ਕਮਾਲ ਦਾ ਵਾਧਾ ਕਰਦੇ ਹਨ। ਇਹ ਮੁਕਾਬਲੇ ਸਾਡੇ ਸਕੂਲ ਵਿੱਚ ਹੋਣੇ ਹੋਰ ਵੀ ਮਾਣ ਵਾਲੀ ਗੱਲ ਹੈ। ਮੁਕਾਬਲਿਆਂ ਦੌਰਾਨ ਜੱਜਮੈਂਟ ਦੀ ਭੂਮਿਕਾ ਪ੍ਰੋ. ਹਰਜਿੰਦਰ ਅਮਨ ਸਰਕਾਰੀ ਕਾਲਜ ਹੁਸ਼ਿਆਰਪੁਰ, ਡਾ. ਸ਼ਮਸ਼ੇਰ ਮੋਹੀ ਅਤੇ ਲੈਕਚਰਾਰ ਨਰਿੰਦਰ ਕੁਮਾਰ ਨੇ ਬਾਖੂਬੀ ਨਿਭਾਈ। ਭਾਸ਼ਾ ਵਿਭਾਗ ਵਲੋਂ ਸਕੂਲ ਮੁਖੀ, ਜੱਜਾਂ ਦਾ ਵੀ ਵਿਸ਼ੇਸ਼ ਸਨਮਾਨ ਕੀਤਾ ਗਿਆ।



ਸਟੇਜ ਸਕੱਤਰ ਅਤੇ ਟਾਈਮ ਕੀਪਰ ਦੀ ਸੇਵਾ ਜਸਵੀਰ ਸਿੰਘ ਅਤੇ ਲੈਕ. ਪੂਰਨ ਸਿੰਘ ਨੇ ਨਿਭਾਈ। ਇਸ ਮੌਕੇ ਜੁਗਲ ਕਿਸ਼ੋਰ, ਪਵਨ ਕੁਮਾਰ, ਸੁਰਿੰਦਰ ਪਾਲ, ਵਰਿੰਦਰ ਨਿਮਾਣਾ, ਗੁਰਪ੍ਰੀਤ ਸਿੰਘ, ਵੱਖ-ਵੱਖ ਸਕੂਲਾਂ ਦੇ ਅਧਿਆਪਕ ਅਤੇ ਵਿਦਿਆਰਥੀ ਹਾਜ਼ਰ ਸਨ।